16-OCT-PAGE-1.qxd 10/15/2025 8:51 PM Page 1

ਵੀਰਵਾਰ, 16 ਅਕਤੂਬਰ, 2025
31 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 136

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 16 OCTOBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮੋਦੀ ਦੇ 'ਹਨੂੰਮਾਨ' ਕਾਰਨ ਐੱਨ ਡੀ ਏ 'ਚ ਘੜਮੱਸ

## ਨਿਤੀਸ਼ ਨੇ ਚਿਰਾਗ ਲਈ ਛੱਡੀਆਂ ਪੰਜ ਸੀਟਾਂ 'ਤੇ ਆਪਣੇ ਉਮੀਦਵਾਰ ਐਲਾਨੇ



**ਪਟਨਾ** : ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਜਨਤਾ ਦਲ (ਯੂ) ਨੇ 243 ਮੈਂਬਰੀ ਅਸੈਂਬਲੀ ਦੀਆਂ ਦੋ ਗੇੜਾਂ ਵਿੱਚ ਹੋਣ ਵਾਲੀਆਂ ਚੋਣਾਂ ਦੇ ਪਹਿਲੇ ਗੇੜ ਲਈ ਬੁੱਧਵਾਰ 57 ਉਮੀਦਵਾਰਾਂ ਦਾ ਐਲਾਨ ਕਰ ਦਿੱਤਾ, ਜਿਨ੍ਹਾਂ ਵਿੱਚ ਪੰਜ ਸੀਟਾਂ ਅਜਿਹੀਆਂ ਹਨ, ਜਿਹੜੀਆਂ ਐੱਨ ਡੀ ਏ ਭਾਈਵਾਲਾਂ ਵਿਚਾਲੇ ਹੋਏ ਸਮਝੌਤੇ ਤਹਿਤ ਖੁਦ ਨੂੰ ਮੋਦੀ ਦਾ ਹਨੂੰਮਾਨ ਦੱਸਣ ਵਾਲੇ ਚਿਰਾਗ ਪਾਸਵਾਨ ਦੀ ਲੋਕ ਜਨਸ਼ਕਤੀ ਪਾਰਟੀ (ਰਾਮਵਿਲਾਸ) ਨੂੰ ਜਾਣੀਆਂ ਸਨ। ਇਹ ਸੀਟਾਂ ਮੋਰਵਾ, ਗਾਇਘਾਟ, ਰਾਜਗੀਰ, ਸੋਨਬਰਸਾ ਤੇ ਏਕਮਾ ਹਨ। ਸਮਝੌਤੇ ਤਹਿਤ 101-101 ਸੀਟਾਂ ਜਨਤਾ ਦਲ (ਯੂ) ਤੇ ਭਾਜਪਾ ਦੇ ਹਿੱਸੇ ਵਿੱਚ ਆਈਆਂ ਹਨ। 29 ਸੀਟਾਂ ਚਿਰਾਗ ਪਾਸਵਾਨ ਅਤੇ 6-6 ਜੀਤਨ ਰਾਮ ਮਾਂਝੀ ਦੇ ਹਿੰਦੁਸਤਾਨੀ ਆਵਾਮ ਮੋਰਚਾ ਤੇ ਉਪਿੰਦਰ ਕੁਸ਼ਵਾਹਾ ਦੇ ਰਾਸ਼ਟਰੀ ਲੋਕ ਮੋਰਚਾ ਦੇ ਹਿੱਸੇ।

ਨਿਤੀਸ਼ ਕੁਮਾਰ ਆਪਣੀਆਂ ਮਜ਼ਬੂਤ ਸੀਟਾਂ ਚਿਰਾਗ ਪਾਸਵਾਨ ਲਈ ਛੱਡਣ ਨੂੰ ਤਿਆਰ ਨਹੀਂ, ਇਸੇ ਕਰਕੇ ਉਨ੍ਹਾ ਪਾਸਵਾਨ ਵਾਲੀਆਂ ਸੀਟਾਂ 'ਤੇ ਵੀ ਉਮੀਦਵਾਰ ਐਲਾਨ ਦਿੱਤੇ ਹਨ। ਇਸ ਨਾਲ ਸੀਟਾਂ ਦੀ ਵੰਡ ਦਾ ਫਾਰਮੂਲਾ ਗੜਬੜਾ ਗਿਆ ਹੈ। ਮਾਂਝੀ ਨੇ ਵੀ ਚਿਰਾਗ ਦੀ ਮਖਦੂਮਪੁਰ ਸੀਟ ਨੂੰ ਆਪਣੀ ਦੱਸ ਕੇ ਉੱਥੇ ਉਮੀਦਵਾਰ ਖੜ੍ਹਾ ਕਰਨ ਦਾ ਐਲਾਨ ਕੀਤਾ ਹੈ। ਚਿਰਾਗ ਨੂੰ ਜਿਹੜੀਆਂ 29 ਸੀਟਾਂ ਛੱਡੀਆਂ ਗਈਆਂ ਹਨ, ਉਨ੍ਹਾਂ ਵਿੱਚ ਇਸ ਵੇਲੇ ਚਾਰ 'ਤੇ ਭਾਜਪਾ, ਤਿੰਨ 'ਤੇ ਜਨਤਾ ਦਲ (ਯੂ) ਤੇ ਇੱਕ 'ਤੇ ਮਾਂਝੀ ਦੀ ਪਾਰਟੀ ਦਾ ਕਬਜ਼ਾ ਹੈ। ਭਾਜਪਾ ਨੇ ਤਾਂ ਚਿਰਾਗ ਲਈ ਸੀਟਾਂ ਖਾਲੀ ਕਰ ਦਿੱਤੀਆਂ ਹਨ, ਪਰ ਜਨਤਾ ਦਲ (ਯੂ) ਤੇ ਮਾਂਝੀ ਛੱਡਣ ਲਈ ਤਿਆਰ ਨਹੀਂ। ਜਨਤਾ ਦਲ (ਯੂ) ਵਾਲਿਆਂ ਦਾ ਕਹਿਣਾ ਹੈ ਕਿ ਪਟਨਾ ਵਿੱਚ ਸੀਟਾਂ ਦੀ ਵੰਡ ਲਈ ਹੋਈ ਗੱਲਬਾਤ ਵਿੱਚ ਚਿਰਾਗ ਨੂੰ 22 ਸੀਟਾਂ ਦੇਣ ਦੀ ਗੱਲ ਹੋਈ ਸੀ, ਪਰ ਦਿੱਲੀ ਦੀ ਮੀਟਿੰਗ ਵਿੱਚ ਪਤਾ ਨਹੀਂ 29 ਕਿਵੇਂ ਛੱਡ ਦਿੱਤੀਆਂ ਗਈਆਂ। ਜਨਤਾ ਦਲ (ਯੂ) ਦਾ ਇਹ ਵੀ ਕਹਿਣਾ ਹੈ ਕਿ ਚਿਰਾਗ, ਮਾਂਝੀ ਤੇ ਕੁਸ਼ਵਾਹਾ ਦਾ ਗੱਠਜੋੜ ਭਾਜਪਾ ਨਾਲ ਹੈ, ਉਸ ਨਾਲ ਨਹੀਂ।

ਕੁਸ਼ਵਾਹਾ ਵੀ ਚਿਰਾਗ ਨੂੰ ਛੱਡੀ ਮਹੂਆ ਸੀਟ ਆਪਣੇ ਬੇਟੇ ਲਈ ਚਾਹੁੰਦੇ ਸਨ ਤੇ ਕਿਹਾ ਸੀ ਕਿ ਐੱਨ ਡੀ ਏ ਵਿੱਚ ਸਭ ਠੀਕ ਨਹੀਂ, ਪਰ ਬੁੱਧਵਾਰ ਦਿੱਲੀ ਵਿੱਚ ਅਮਿਤ ਸ਼ਾਹ ਨਾਲ ਮੁਲਾਕਾਤ ਤੋਂ ਬਾਅਦ ਕਿਹਾ ਕਿ ਸਭ ਠੀਕ ਹੈ ਤੇ ਐੱਨ ਡੀ ਏ ਜਿੱਤੇਗਾ। ਦੱਸਿਆ ਜਾਂਦਾ ਹੈ ਕਿ ਦਿੱਲੀ ਵਿੱਚ ਇਹ ਸੌਦਾ ਹੋਇਆ ਕਿ ਕੁਸ਼ਵਾਹਾ ਨੂੰ ਫਿਰ ਰਾਜ ਸਭਾ ਦਾ ਮੈਂਬਰ ਬਣਾਇਆ ਜਾਵੇਗਾ। ਉਨ੍ਹਾ ਦੀ ਰਾਜ ਸਭਾ ਦੀ ਮਿਆਦ ਅਗਲੇ ਸਾਲ ਅਪ੍ਰੈਲ ਵਿੱਚ ਖਤਮ ਹੋ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾ ਦੀ ਪਾਰਟੀ ਦੇ ਇੱਕ ਮੈਂਬਰ ਨੂੰ ਵਿਧਾਨ ਪ੍ਰੀਸ਼ਦ ਮੈਂਬਰ ਬਣਾਇਆ ਜਾਵੇਗਾ।

ਨਿਤੀਸ਼ ਦੀ ਪਾਰਟੀ ਵੱਲੋਂ ਐਲਾਨੇ ਗਏ ਉਮੀਦਵਾਰਾਂ 'ਚ 23 ਓ ਬੀ ਸੀ, 9 ਅੱਤ ਪੱਛੜਾ ਵਰਗ ਤੇ 12 ਦਲਿਤਾਂ 'ਚੋਂ ਹਨ। ਬੀਬੀਆਂ ਸਿਰਫ ਚਾਰ ਹਨ। 27 ਨਵੇਂ ਚਿਹਰੇ ਹਨ, ਜਦਕਿ 11 ਉਹ ਹਨ, ਜਿਹੜੇ ਪਿਛਲੀ ਵਾਰ ਹਾਰ ਗਏ ਸਨ। ਪਾਰਟੀ ਨੇ ਬਾਹੂਬਲੀਆਂ ਨੂੰ ਵੀ ਟਿਕਟਾਂ ਦਿੱਤੀਆਂ ਹਨ, ਜਿਨ੍ਹਾਂ ਵਿੱਚ ਮੋਕਾਮਾ ਤੋਂ ਅਨੰਤ ਸਿੰਘ, ਏਕਮਾ ਤੋਂ ਧੂਮਲ ਸਿੰਘ ਤੇ ਕੁਚਾਇਕੋਟ ਤੋਂ ਅਮਰਿੰਦਰ ਪਾਂਡੇ ਸ਼ਾਮਲ ਹਨ। ਪਹਿਲੀ ਲਿਸਟ ਵਿੱਚ ਕਿਸੇ ਮੁਸਲਮਾਨ ਦਾ ਨਾਂਅ ਨਹੀਂ ਹੈ। ਪਿਛਲੀ ਵਾਰ ਪਾਰਟੀ ਨੇ 115 ਸੀਟਾਂ ਲੜੀਆਂ ਸਨ ਤੇ 11 ਮੁਸਲਮਾਨਾਂ ਨੂੰ ਟਿਕਟਾਂ ਦਿੱਤੀਆਂ ਸਨ। ਇਸ ਨੇ ਸਮਾਜੀ ਨਿਆਂ ਦੀ ਗੱਲ ਕਰਨ ਵਾਲੇ ਨਿਤੀਸ਼ ਕੁਮਾਰ ਦੇ ਨਵੇਂ ਪੈਂਤੜੇ ਨੂੰ ਸਾਹਮਣੇ ਲਿਆਂਦਾ ਹੈ। ਪਿਛਲੇ ਦਿਨੀਂ ਪਾਰਟੀ ਦੇ ਆਗੂ ਲੱਲਨ ਸਿੰਘ ਨੇ ਕਿਹਾ ਵੀ ਸੀ ਕਿ ਨਿਤੀਸ਼ ਸਰਕਾਰ ਨੇ ਮੁਸਲਮਾਨਾਂ ਲਈ ਕਾਫੀ ਕੁਝ ਕੀਤਾ, ਪਰ ਉਨ੍ਹਾਂ ਦੀਆਂ ਵੋਟਾਂ ਨਹੀਂ ਮਿਲਦੀਆਂ।

ਉਧਰ, ਏ ਆਈ ਐੱਮ ਆਈ ਐੱਮ ਦੇ ਬਿਹਾਰ ਦੇ ਪ੍ਰਧਾਨ ਅਖਤਰੁਲ ਈਮਾਨ ਨੇ ਕਿਹਾ ਹੈ ਕਿ ਉਨ੍ਹਾ ਆਜ਼ਾਦ ਸਮਾਜ ਪਾਰਟੀ ਤੇ ਅਪਨੀ ਜਨਤਾ ਪਾਰਟੀ ਨਾਲ ਗੱਠਜੋੜ ਕੀਤਾ ਹੈ ਤੇ ਗੱਠਜੋੜ ਦਾ ਨਾਂਅ ਗਰੈਂਡ ਡੈਮੋਕਰੇਟਿਕ ਅਲਾਇੰਸ (ਜੀ ਡੀ ਏ) ਰੱਖਿਆ ਗਿਆ ਹੈ। ਤਿੰਨੋਂ ਪਾਰਟੀਆਂ 64 ਸੀਟਾਂ ਲੜਨਗੀਆਂ।

## ਪੀ ਕੇ ਨਹੀਂ ਲੜਨਗੇ



**ਪਟਨਾ** : ਐੱਨ ਡੀ ਏ ਤੇ ਮਹਾਂ ਗੱਠਬੰਧਨ ਦੇ ਮੁਕਾਬਲੇ ਸਾਰੀਆਂ 243 ਸੀਟਾਂ 'ਤੇ ਉਮੀਦਵਾਰ ਖੜ੍ਹੇ ਕਰਨ ਵਾਲੀ ਜਨ ਸੁਰਾਜ ਪਾਰਟੀ ਦੇ ਬਾਨੀ ਪ੍ਰਸ਼ਾਂਤ ਕੁਮਾਰ ਉਰਫ ਪੀ ਕੇ ਨੇ ਕਿਹਾ ਹੈ ਕਿ ਉਹ ਪਾਰਟੀ ਦੇ ਵਡੇਰੇ ਹਿੱਤਾਂ ਵਿੱਚ ਖੁਦ ਚੋਣ ਨਹੀਂ ਲੜਨਗੇ। ਉਨ੍ਹਾ ਕਿਹਾ, "ਜੇ ਮੈਂ ਚੋਣ ਲੜੀ ਤਾਂ ਮੇਰਾ ਧਿਆਨ ਸਮੁੱਚੇ ਸੂਬੇ ਤੋਂ ਭਟਕ ਜਾਵੇਗਾ।" ਪਹਿਲਾਂ ਉਨ੍ਹਾ ਦੇ ਰਾਘੋਪੁਰ ਤੋਂ ਲੜਨ ਦੇ ਚਰਚੇ ਸਨ, ਜਿੱਥੇ ਰਾਜਦ ਦੇ ਤੇਜਸਵੀ ਯਾਦਵ ਨੇ ਬੁੱਧਵਾਰ ਕਾਗਜ਼ ਦਾਖਲ ਕੀਤੇ।

## ਸਾਬਕਾ ਫੌਜੀਆਂ ਨੂੰ ਮਿਲਦੀਆਂ 3 ਗ੍ਰਾਂਟਾਂ 'ਚ ਦੁੱਗਣਾ ਵਾਧਾ

**ਨਵੀਂ ਦਿੱਲੀ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਾਬਕਾ ਫੌਜੀਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਐਕਸ ਸਰਵਿਸਮੈਨ ਵੈੱਲਫੇਅਰ ਵਿਭਾਗ ਵੱਲੋਂ ਕੇਂਦਰੀ ਸੈਨਿਕ ਬੋਰਡ ਰਾਹੀਂ ਲਾਗੂ ਵੱਖ-ਵੱਖ ਸਕੀਮਾਂ ਤਹਿਤ ਮਿਲਦੀ ਵਿੱਤੀ ਸਹਾਇਤਾ ਦੁੱਗਣੀ ਕਰ ਦਿੱਤੀ ਹੈ। ਰੱਖਿਆ ਮੰਤਰਾਲੇ ਨੇ ਬੁੱਧਵਾਰ ਨੂੰ ਵਧੇ ਹੋਏ ਲਾਭਾਂ ਦੀ ਸੂਚੀ ਜਾਰੀ ਕੀਤੀ ਹੈ। ਜੰਗੀ ਜਗੀਰ ਨੂੰ ਪ੍ਰਤੀ ਲਾਭਪਾਤਰੀ 4,000 ਰੁਪਏ ਤੋਂ ਵਧਾ ਕੇ 8,000 ਰੁਪਏ ਪ੍ਰਤੀ ਮਾਸਿਕ ਕੀਤਾ ਗਿਆ ਹੈ। ਇਹ ਗ੍ਰਾਂਟ ਉਨ੍ਹਾਂ ਬਜ਼ੁਰਗ ਸਾਬਕਾ ਸੈਨਿਕਾਂ ਨੂੰ ਮਿਲਦੀ ਹੈ, ਜੋ ਪੈਨਸ਼ਨ ਲਈ ਯੋਗ ਨਹੀਂ ਹਨ। ਇਹ ਗ੍ਰਾਂਟ 65 ਸਾਲ ਤੋਂ ਵੱਧ ਉਮਰ ਦੀਆਂ ਉਨ੍ਹਾਂ ਦੀਆਂ ਵਿਧਵਾਵਾਂ 'ਤੇ ਵੀ ਲਾਗੂ ਹੋਵੇਗੀ। ਇਸੇ ਤਰ੍ਹਾਂ ਪਹਿਲੀ ਜਮਾਤ ਤੋਂ ਲੈ ਕੇ ਗਰੈਜੂਏਸ਼ਨ ਤੱਕ ਦੋ ਆਸ਼ਰਿਤ ਬੱਚਿਆਂ ਲਈ ਪ੍ਰਤੀ ਵਿਅਕਤੀ ਮਿਲਦੀ 'ਸਿੱਖਿਆ ਗ੍ਰਾਂਟ' ਨੂੰ 1,000 ਰੁਪਏ ਤੋਂ ਵਧਾ ਕੇ 2,000 ਰੁਪਏ ਮਾਸਿਕ ਕੀਤਾ ਗਿਆ ਹੈ। ਸੈਨਿਕਾਂ ਦੀਆਂ ਵਿਧਵਾਵਾਂ ਲਈ ਦੋ ਸਾਲਾ ਪੋਸਟ ਗਰੈਜੂਏਟ ਕੋਰਸ ਲਈ ਵੀ ਇਹ ਰਾਸ਼ੀ ਵਧਾਈ ਜਾਵੇਗੀ।' ਮੈਰਿਜ ਗ੍ਰਾਂਟ ਵੀ ਪ੍ਰਤੀ ਲਾਭਪਾਤਰੀ 50,000 ਰੁਪਏ ਤੋਂ ਵਧਾ ਕੇ 1,00,000 ਰੁਪਏ ਕਰ ਦਿੱਤੀ ਗਈ ਹੈ। ਇਹ ਸਾਬਕਾ ਸੈਨਿਕਾਂ ਦੀਆਂ ਦੋ ਧੀਆਂ ਤੱਕ ਅਤੇ ਵਿਧਵਾ ਪੁਨਰ-ਵਿਆਹ ਲਈ ਲਾਗੂ ਹੈ। ਸੋਧੀਆਂ ਦਰਾਂ 1 ਨਵੰਬਰ, 2025 ਤੋਂ ਜਮ੍ਹਾਂ ਕਰਵਾਈਆਂ ਗਈਆਂ।

## ਕਾਂਗਰਸ ਉਮੀਦਵਾਰ ਵੱਲੋਂ ਨਾਮਜ਼ਦਗੀ ਕਾਗਜ਼ ਦਾਖਲ

**ਤਰਨ ਤਾਰਨ** : ਤਰਨ ਤਾਰਨ ਜ਼ਿਮਨੀ ਚੋਣ ਲਈ ਕਾਂਗਰਸ ਦੇ ਉਮੀਦਵਾਰ ਕਰਨਵੀਰ ਸਿੰਘ ਬੁਰਜ ਨੇ ਬੁੱਧਵਾਰ ਨਾਮਜ਼ਦਗੀ ਪੱਤਰ ਰਿਟਰਨਿੰਗ ਅਫਸਰ ਕਮ ਐੱਸ ਡੀ ਐੱਮ ਤਰਨ ਤਾਰਨ ਗੁਰਮੀਤ ਸਿੰਘ ਕੋਲ ਦਾਖਲ ਕਰਵਾਏ।

ਇਸ ਮੌਕੇ ਭੂਪੇਸ਼ ਬਘੇਲ, ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ, ਚਰਨਜੀਤ ਸਿੰਘ ਚੰਨੀ ਵੀ ਮੌਜੂਦ ਸਨ।

# ਪੋਸਟ-ਮਾਰਟਮ ਮਗਰੋਂ ਪੂਰਨ ਕੁਮਾਰ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

**ਚੰਡੀਗੜ੍ਹ** : ਹਰਿਆਣਾ ਦੇ ਸੀਨੀਅਰ ਆਈ ਪੀ ਐੱਸ ਅਧਿਕਾਰੀ ਮਰਹੂਮ ਵਾਈ ਪੂਰਨ ਕੁਮਾਰ ਦਾ ਪੋਸਟਮਾਰਟਮ ਤੋਂ ਬਾਅਦ 25 ਸੈਕਟਰ ਸਥਿਤ ਸ਼ਮਸ਼ਾਨ ਘਾਟ ਵਿੱਚ ਸਰਕਾਰੀ ਸਨਮਾਨਾਂ ਨਾਲ ਸਸਕਾਰ ਕਰ ਦਿੱਤਾ ਗਿਆ। ਸਸਕਾਰ ਨੂੰ ਲੈ ਕੇ ਚੰਡੀਗੜ੍ਹ ਪੁਲਸ ਵੱਲੋਂ ਸੈਕਟਰ 24 ਸਥਿਤ ਘਰ ਅਤੇ ਸੈਕਟਰ 25 ਸ਼ਮਸ਼ਾਨ ਘਾਟ ਵਿੱਚ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਸਨ।

ਇਸ ਤੋਂ ਪਹਿਲਾਂ ਬੁੱਧਵਾਰ ਸਵੇਰੇ ਪੁਲਸ ਅਧਿਕਾਰੀ ਦੀ ਆਈ ਏ ਐੱਸ ਪਤਨੀ ਅਮਨੀਤ ਪੀ.ਕੁਮਾਰ ਤੇ ਦੋ ਧੀਆਂ ਨੇ ਪੀ ਜੀ ਆਈ ਦੇ ਐਡਵਾਂਸ ਐਨਾਟੋਮੀ ਸੈਂਟਰ ਪਹੁੰਚ ਕੇ ਲਾਸ਼ ਦੀ ਸ਼ਨਾਖਤ ਕੀਤੀ, ਜਿਸ ਮਗਰੋਂ ਪੋਸਟ ਮਾਰਟਮ ਕੀਤਾ ਗਿਆ।

ਹਰਿਆਣਾ ਬੈਚ ਦੇ ਆਈ ਪੀ ਐੱਸ ਅਧਿਕਾਰੀ ਵਾਈ.ਪੂਰਨ ਕੁਮਾਰ ਨੇ 7 ਅਕਤੂਬਰ ਨੂੰ ਚੰਡੀਗੜ੍ਹ ਵਿਚਲੀ ਰਿਹਾਇਸ਼ 'ਤੇ ਖ਼ੁਦਕੁਸ਼ੀ ਕਰ ਲਈ ਸੀ। ਉਸ ਨੇ ਖ਼ੁਦਕੁਸ਼ੀ ਨੋਟ ਵਿਚ ਹਰਿਆਣਾ ਦੇ ਡੀ ਜੀ ਪੀ ਸ਼ਤਰੂਜੀਤ ਕਪੂਰ ਤੇ ਰੋਹਤਕ ਦੇ ਐੱਸ ਪੀ 'ਤੇ ਗੰਭੀਰ ਦੋਸ਼ ਲਾਏ ਸਨ।

## ਸੰਦੀਪ ਕੁਮਾਰ ਦਾ ਪਰਵਾਰ ਐੱਫ ਆਈ ਆਰ 'ਤੇ ਅੜਿਆ

**ਰੋਹਤਕ** : ਹਰਿਆਣਾ ਪੁਲਸ ਦੇ ਏ ਐੱਸ ਆਈ ਸੰਦੀਪ ਕੁਮਾਰ ਦੀ ਖੁਦਕੁਸ਼ੀ ਤੋਂ ਬਾਅਦ, ਪੋਸਟਮਾਰਟਮ ਨੂੰ ਲੈ ਕੇ ਖੜੋਤ ਬਣੀ ਹੋਈ ਹੈ। ਪਰਵਾਰ ਨੇ ਸਾਫ਼ ਕਰ ਦਿੱਤਾ ਹੈ ਕਿ ਜਦੋਂ ਤੱਕ ਸੰਦੀਪ ਦੇ ਖ਼ੁਦਕੁਸ਼ੀ ਨੋਟ ਵਿੱਚ ਨਾਮਜ਼ਦ ਵਿਅਕਤੀਆਂ ਵਿਰੁੱਧ ਐੱਫ ਆਈ ਆਰ ਦਰਜ ਨਹੀਂ ਕੀਤੀ ਜਾਂਦੀ, ਲਾਸ਼ ਪੁਲਸ ਨੂੰ ਨਹੀਂ ਸੌਂਪੀ ਜਾਵੇਗੀ। ਸੰਦੀਪ ਦੀ ਲਾਸ਼ ਇਸ ਸਮੇਂ ਲਾਢੌਤ ਪਿੰਡ ਵਿੱਚ ਉਸ ਦੇ ਮਾਮੇ ਦੇ ਘਰ ਰੱਖੀ ਗਈ ਹੈ, ਜਿੱਥੇ ਪਿੰਡ ਵਾਸੀ ਵੀ ਪਰਵਾਰ ਦੇ ਸਮਰਥਨ ਵਿੱਚ ਇਕੱਠੇ ਹੋ ਰਹੇ ਹਨ। ਪਰਵਾਰ ਦਾ ਦੋਸ਼ ਹੈ ਕਿ ਖ਼ੁਦਕੁਸ਼ੀ ਕਰਨ ਤੋਂ ਪਹਿਲਾਂ ਸੰਦੀਪ ਨੇ ਚਾਰ ਪੰਨਿਆਂ ਦੇ ਖ਼ੁਦਕੁਸ਼ੀ ਨੋਟ ਵਿੱਚ ਮਰਹੂਮ ਆਈ ਪੀ ਐੱਸ ਅਧਿਕਾਰੀ ਵਾਈ. • ਬਾਕੀ ਸਫਾ 2 'ਤੇ

# ਦਲਿਤਾਂ ਦੇ ਮੁੱਦੇ 'ਤੇ 'ਆਪ' ਦੇ ਵਫ਼ਦ ਵੱਲੋਂ ਰਾਜਪਾਲ ਨਾਲ ਮੁਲਾਕਾਤ

## ਨਿਆਂ ਨਾ ਮਿਲਿਆ ਤਾਂ ਵੱਡਾ ਅੰਦੋਲਨ ਵਿੱਢਿਆ ਜਾਵੇਗਾ : ਚੀਮਾ



**ਚੰਡੀਗੜ੍ਹ** : ਆਮ ਆਦਮੀ ਪਾਰਟੀ ਦਾ ਵਫ਼ਦ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ 'ਚ ਦਲਿਤਾਂ 'ਤੇ ਅੱਤਿਆਚਾਰ ਦੇ ਮਾਮਲੇ 'ਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਮਿਲਿਆ। ਵਫ਼ਦ ਨੇ ਏ ਡੀ ਜੀ ਪੀ ਵਾਈ ਪੂਰਨ ਕੁਮਾਰ ਦੀ ਖ਼ੁਦਕੁਸ਼ੀ ਦਾ ਮਾਮਲਾ ਉਠਾਇਆ ਅਤੇ ਹਰਿਆਣਾ ਸਰਕਾਰ ਨੂੰ ਕਟਹਿਰੇ 'ਚ ਖੜ੍ਹਾ ਕੀਤਾ। ਵਿੱਤ ਮੰਤਰੀ ਨੇ ਦੱਸਿਆ ਕਿ ਭਾਜਪਾ ਸਰਕਾਰ ਨੇ ਦੇਸ਼ ਭਰ 'ਚ ਦਲਿਤਾਂ ਖ਼ਿਲਾਫ਼ ਮੁਹਿੰਮ ਵਿੱਢੀ ਹੋਈ ਹੈ ਅਤੇ ਭਾਜਪਾ ਦੀ ਹਕੂਮਤ ਵਾਲੇ ਸੂਬਿਆਂ 'ਚ ਦਲਿਤਾਂ 'ਤੇ ਅੱਤਿਆਚਾਰ ਵਧੇ ਹਨ। ਉਨ੍ਹਾਂ ਕਿਹਾ ਕਿ ਹਰਿਆਣਾ 'ਚ ਵੀ ਦਲਿਤਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਚੀਮਾ ਨੇ ਕਿਹਾ ਕਿ ਭਾਜਪਾ ਸਰਕਾਰ ਦੀ ਇਸ ਮੁਹਿੰਮ ਦੇ ਖ਼ਿਲਾਫ਼ ਆਮ ਆਦਮੀ ਪਾਰਟੀ ਵੱਲੋਂ ਲਹਿਰ ਚਲਾਈ ਜਾਵੇਗੀ। ਉਨ੍ਹਾਂ ਏ ਡੀ ਜੀ ਪੀ ਦੀ ਖ਼ੁਦਕੁਸ਼ੀ ਦੇ ਮਾਮਲੇ 'ਚ ਇਨਸਾਫ਼ ਮੰਗਿਆ ਅਤੇ ਗਵਰਨਰ ਨੂੰ ਮੈਮੋਰੰਡਮ ਦੇ ਕੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ। ਚੀਮਾ ਨੇ ਕਿਹਾ ਕਿ ਜੇਕਰ ਨਿਆਂ ਨਾ ਮਿਲਿਆ ਤਾਂ ਭਾਜਪਾ ਸਰਕਾਰ ਖ਼ਿਲਾਫ਼ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ।

## ਮਹਾਂਭਾਰਤ ਨਾਲ ਪ੍ਰਸਿੱਧ ਹੋਏ ਪੰਕਜ ਧੀਰ ਦਾ ਦੇਹਾਂਤ



**ਮੁੰਬਈ** : ਬੀ.ਆਰ. ਚੋਪੜਾ ਦੇ 'ਮਹਾਭਾਰਤ' ਵਿੱਚ ਕਰਨ ਦੀ ਭੂਮਿਕਾ ਅਤੇ ਲੜੀਵਾਰ 'ਚੰਦਰਕਾਂਤਾ' ਵਿੱਚ ਰਾਜਾ ਸ਼ਿਵਦੱਤ ਦਾ ਕਿਰਦਾਰ ਨਿਭਾਉਣ ਲਈ ਮਕਬੂਲ ਪੰਕਜ ਧੀਰ ਦਾ ਕੈਂਸਰ ਨਾਲ ਲੰਬੀ ਲੜਾਈ ਤੋਂ ਬਾਅਦ 68 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਹੈ। ਨਿਰਮਾਤਾ ਅਤੇ ਧੀਰ ਦੇ ਦੋਸਤ ਅਸ਼ੋਕ ਪੰਡਿਤ ਨੇ ਦੱਸਿਆ, "ਉਨ੍ਹਾਂ ਦਾ ਅੱਜ ਸਵੇਰੇ ਕੈਂਸਰ ਕਾਰਨ ਦੇਹਾਂਤ ਹੋ ਗਿਆ। ਉਹ ਪਿਛਲੇ ਮਹੀਨਿਆਂ ਤੋਂ ਹਸਪਤਾਲ ਆ-ਜਾ ਰਹੇ ਸਨ।" ਪੰਜਾਬ ਨਾਲ ਸੰਬੰਧਤ ਪੰਕਜ ਧੀਰ ਨੇ 1980 ਦੇ ਦਹਾਕੇ ਵਿੱਚ ਇੱਕ ਅਦਾਕਾਰ ਵਜੋਂ ਆਪਣਾ ਕਰੀਅਰ ਸ਼ੁਰੂ ਕੀਤਾ ਅਤੇ ਕਈ ਫਿਲਮਾਂ ਵਿੱਚ ਛੋਟੀਆਂ ਭੂਮਿਕਾਵਾਂ ਨਿਭਾਈਆਂ। ਉਨ੍ਹਾਂ ਨੂੰ ਵੱਡਾ ਬ੍ਰੇਕ 1988 ਵਿੱਚ ਮਿਲਿਆ ਜਦੋਂ ਉਨ੍ਹਾਂ ਨੂੰ ਸੀਰੀਅਲ 'ਮਹਾਭਾਰਤ' ਵਿੱਚ ਕਰਨ ਦੀ ਭੂਮਿਕਾ ਲਈ ਚੁਣਿਆ ਗਿਆ। ਇਸ ਤੋਂ ਬਾਅਦ ਉਨ੍ਹਾਂ ਦੀ ਪ੍ਰਸਿੱਧੀ ਸਿਖਰ 'ਤੇ ਪਹੁੰਚ ਗਈ ਅਤੇ ਉਨ੍ਹਾਂ ਨੇ 'ਸੜਕ', 'ਸਨਮ ਬੇਵਫਾ' ਅਤੇ 'ਆਸ਼ਿਕ ਆਵਾਰਾ' ਵਰਗੀਆਂ ਕਈ ਫਿਲਮਾਂ ਵਿੱਚ ਕੰਮ ਕੀਤਾ।

## ਰਾਜਸਥਾਨ ਬੱਸ ਹਾਦਸੇ 'ਚ ਮਰਨ ਵਾਲਿਆਂ ਦੀ ਗਿਣਤੀ 21 ਹੋਈ

**ਜੋਧਪੁਰ** : ਰਾਜਸਥਾਨ ਬੱਸ ਹਾਦਸੇ ਵਿਚ ਮਰਨ ਵਾਲਿਆਂ ਦੀ ਗਿਣਤੀ 21 ਹੋ ਗਈ ਹੈ। ਜਦੋਂ ਕਿ ਚਾਰ ਜ਼ਖਮੀ ਵੈਂਟੀਲੇਟਰ 'ਤੇ ਹਨ। ਅਧਿਕਾਰੀਆਂ ਨੇ ਦੱਸਿਆ ਕਿ ਲਾਸ਼ਾਂ ਦੀ ਪਛਾਣ ਲਈ ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਤੋਂ ਡੀ.ਐਨ.ਏ. ਸੈਂਪਲ ਇਕੱਠੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜੋਧਪੁਰ ਹਸਪਤਾਲ ਵਿੱਚ ਇਸ ਸਮੇਂ 14 ਜਣਿਆਂ ਦਾ ਇਲਾਜ ਚੱਲ ਰਿਹਾ ਹੈ। ਹਸਪਤਾਲ ਦੇ ਇੱਕ ਡਾਕਟਰ ਨੇ ਕਿਹਾ ਕਿ ਪਛਾਣ ਤੋਂ ਬਾਅਦ ਲਾਸ਼ਾਂ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ। ਇਹ ਪਤਾ ਲੱਗਿਆ ਹੈ ਕਿ ਬੱਸ ਦਾ ਦਰਵਾਜ਼ਾ ਜਾਮ ਹੋਣ ਕਾਰਨ ਹਾਦਸੇ ਦੌਰਾਨ ਜ਼ਿਆਦਾ ਮੌਤਾਂ ਹੋਈਆਂ ਹਨ। ਸਿਹਤ ਮੰਤਰੀ ਗਜੇਂਦਰ ਸਿੰਘ ਖਿਮਸਰ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਬੱਸ ਵਿੱਚ ਇੱਕੋ ਦਰਵਾਜ਼ਾ ਸੀ, ਕੋਈ ਐਮਰਜੈਂਸੀ ਐਗਜ਼ਿਟ ਨਹੀਂ ਸੀ, ਖਿੜਕੀਆਂ/ਸ਼ੀਸ਼ਿਆਂ ਨੂੰ ਤੋੜਨ ਲਈ ਕੋਈ ਔਜ਼ਾਰ ਨਹੀਂ ਸੀ, ਸੀਟਾਂ ਵਿਚਕਾਰ ਇੱਕ ਤੰਗ ਰਸਤਾ ਸੀ, ਜਿਸ ਕਾਰਨ ਯਾਤਰੀ ਉੱਥੇ ਹੀ ਫ਼ਸੇ ਰਹਿ ਗਏ।

# ਪਾਕਿਸਤਾਨ ਤੇ ਅਫ਼ਗਾਨਿਸਤਾਨ ਵਿਚਾਲੇ ਮੁੜ ਝੜਪਾਂ, 50 ਮੌਤਾਂ

## 48 ਘੰਟਿਆਂ ਦੀ ਜੰਗਬੰਦੀ ਲਈ ਸਹਿਮਤੀ



**ਇਸਲਾਮਾਬਾਦ** : ਅਫ਼ਗਾਨਿਸਤਾਨ ਵਿੱਚ ਤਾਜ਼ਾ ਲੜਾਈ ਦੌਰਾਨ ਬੁੱਧਵਾਰ ਨੂੰ ਅਫ਼ਗਾਨ ਅਤੇ ਪਾਕਿਸਤਾਨੀ ਫੌਜਾਂ ਵਿਚਕਾਰ ਮੁੜ ਝੜਪਾਂ ਹੋਣ ਕਾਰਨ 50 ਮੌਤਾਂ ਹੋਣ ਦੀ ਖਬਰ ਹੈ। ਮ੍ਰਿਤਕਾਂ 'ਚ ਦੋਵਾਂ ਪਾਸਿਆਂ ਦੇ ਫੌਜੀ ਤੇ ਆਮ ਲੋਕ ਸ਼ਾਮਲ ਹਨ। ਤਾਲਿਬਾਨ ਨੇ ਇਹ ਜਾਣਕਾਰੀ ਸਾਂਝੀ ਕੀਤੀ। ਇਸ ਲੜਾਈ ਨਾਲ ਪਿਛਲੇ ਹਫ਼ਤੇ ਦੇ ਅੰਤ ਵਿੱਚ ਦੋਵਾਂ ਦੇਸ਼ਾਂ ਵਿਚਾਲੇ ਹੋਏ ਝਗੜਿਆਂ ਤੋਂ ਬਾਅਦ ਬਣੀ ਨਾਜ਼ੁਕ ਸ਼ਾਂਤੀ ਭੰਗ ਹੋ ਗਈ। ਤਾਲਿਬਾਨ ਅਫ਼ਗਾਨਿਸਤਾਨ ਵਿੱਚ ਪਾਕਿਸਤਾਨੀ ਅੱਤਵਾਦੀਆਂ ਦੀ ਮੌਜੂਦਗੀ ਤੋਂ ਇਨਕਾਰ ਕਰਦਾ ਹੈ। ਅਫ਼ਗਾਨ ਤਾਲਿਬਾਨ ਦੇ ਬੁਲਾਰੇ ਜ਼ਬੀਹੁੱਲਾ ਮੁਜਾਹਿਦ ਨੇ ਐਕਸ 'ਤੇ ਕਿਹਾ, "ਅੱਜ ਸਵੇਰੇ, ਪਾਕਿਸਤਾਨੀ ਫ਼ੌਜਾਂ ਨੇ ਹਮਲੇ ਕੀਤੇ... 12 ਤੋਂ ਵੱਧ ਨਾਗਰਿਕ ਸ਼ਹੀਦ ਹੋ ਗਏ ਅਤੇ 100 ਤੋਂ ਵੱਧ ਜ਼ਖਮੀ ਹੋ ਗਏ।" ਤਾਲਿਬਾਨ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਪਾਕਿਸਤਾਨੀ ਫੌਜੀਆਂ ਨੂੰ ਮਾਰਿਆ ਹੈ। ਉਨ੍ਹਾਂ ਦੀਆਂ ਚੌਕੀਆਂ ਅਤੇ ਕੇਂਦਰਾਂ 'ਤੇ ਕਬਜ਼ਾ ਕਰ ਲਿਆ ਹੈ ਅਤੇ ਹਥਿਆਰ ਅਤੇ ਟੈਂਕ ਜ਼ਬਤ ਕਰ ਲਏ ਹਨ। ਪਾਕਿਸਤਾਨੀ ਅਧਿਕਾਰੀਆਂ ਨੇ ਝੜਪਾਂ ਲਈ ਤਾਲਿਬਾਨ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਕਿਹਾ ਕਿ ਸਰਹੱਦ ਦੇ ਉਨ੍ਹਾਂ ਦੇ ਪਾਸੇ ਚਾਰ ਨਾਗਰਿਕ ਜ਼ਖਮੀ ਹੋਏ ਹਨ। ਝੜਪਾਂ ਉਪਰੰਤ ਦੋਵੇਂ ਧਿਰਾਂ 48 ਘੰਟਿਆਂ ਦੀ ਜੰਗਬੰਦੀ ਲਈ ਸਹਿਮਤ ਹੋ ਗਈਆਂ।

## ਰੋਪੜ ਅਦਾਲਤ ਵੱਲੋਂ ਨਵਨੀਤ ਚਤੁਰਵੇਦੀ ਦੀ ਗ੍ਰਿਫ਼ਤਾਰੀ ਦੇ ਹੁਕਮ

**ਚੰਡੀਗੜ੍ਹ** : ਚੰਡੀਗੜ੍ਹ ਪੁਲੀਸ ਵੱਲੋਂ ਹੁਣ ਕਿਸੇ ਵੀ ਸਮੇਂ ਨਵਨੀਤ ਚਤੁਰਵੇਦੀ ਨੂੰ ਪੰਜਾਬ ਪੁਲੀਸ ਹਵਾਲੇ ਕੀਤਾ ਜਾ ਸਕਦਾ ਹੈ। ਹਾਈ ਕੋਰਟ ਚੋਂ ਚਤੁਰਵੇਦੀ ਨੂੰ ਫ਼ੌਰੀ ਕੋਈ ਰਾਹਤ ਨਹੀਂ ਮਿਲੀ ਹੈ। ਰੋਪੜ ਅਦਾਲਤ ਨੇ ਲੰਘੇ ਕੱਲ੍ਹ ਚਤੁਰਵੇਦੀ ਦੇ ਗ੍ਰਿਫ਼ਤਾਰੀ ਵਰੰਟ ਜਾਰੀ ਕੀਤੇ ਸਨ ਪ੍ਰੰਤੂ ਚੰਡੀਗੜ੍ਹ ਪੁਲੀਸ ਵੱਲੋਂ ਪਾਏ ਅੜਿੱਕੇ ਕਾਰਨ ਇਨ੍ਹਾਂ ਹੁਕਮਾਂ ਦੀ ਤਾਮੀਲ ਨਹੀਂ ਹੋ ਸਕੀ ਸੀ। ਬੁੱਧਵਾਰ ਨੂੰ ਰੋਪੜ ਦੇ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਨੇ ਚੰਡੀਗੜ੍ਹ ਦੇ ਐੱਸ ਐੱਸ ਪੀ ਨੂੰ ਲਿਖਤੀ ਨਿਰਦੇਸ਼ ਦਿੱਤੇ ਹਨ ਕਿ ਉਹ ਅਦਾਲਤ ਦੇ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ। ਪਤਾ ਲੱਗਿਆ ਹੈ ਕਿ ਹੁਣ ਕਿਸੇ ਵੀ ਸਮੇਂ ਚੰਡੀਗੜ੍ਹ ਪੁਲੀਸ ਚਤੁਰਵੇਦੀ ਨੂੰ ਰੋਪੜ ਪੁਲੀਸ ਨੂੰ ਸੌਂਪ ਸਕਦੀ ਹੈ। ਇਸ ਤੋਂ ਪਹਿਲਾਂ ਪੰਜਾਬ ਦੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦਾ ਸਮਰਥਨ ਪ੍ਰਾਪਤ ਹੋਣ ਦਾ ਦਾਅਵਾ ਕਰਨ ਵਾਲੇ ਨਵਨੀਤ ਚਤੁਰਵੇਦੀ ਨੇ ਪੰਜਾਬ ਪੁਲਿਸ ਵਲੋਂ ਆਪਣੇ ਖਿਲਾਫ ਦਰਜ ਐਫ ਆਈ ਆਰਜ਼ ਨੂੰ ਹਾਈ ਕੋਰਟ ਵਿਚ ਚੁਣੌਤੀ ਦਿੱਤੀ। ਪੰਜਾਬ ਸਰਕਾਰ ਨੇ ਵੀ ਇਕ ਅਰਜ਼ੀ ਦਾਇਰ ਕਰਕੇ ਮੰਗ ਕੀਤੀ ਹੈ ਕਿ ਚੰਡੀਗੜ੍ਹ ਪੁਲਿਸ ਨੂੰ ਇਸ ਮਾਮਲੇ ਵਿਚ ਦਖਲ ਨਾ ਦੇਣ ਦੇ ਹੁਕਮ ਦਿੱਤੇ ਜਾਣ। ਦੋਵਾਂ ਧਿਰਾਂ ਨੂੰ ਸੁਣਨ ਤੋਂ ਬਾਅਦ ਹਾਈ ਕੋਰਟ ਨੇ ਸਬੰਧਤ ਧਿਰਾਂ ਨੂੰ 4 ਨਵੰਬਰ ਲਈ ਨੋਟਿਸ ਜਾਰੀ ਕੀਤਾ ਹੈ।

## ਫੈਸਲੇ ਤੋਂ ਨਰਾਜ਼ ਵਿਅਕਤੀ ਨੇ ਜੱਜ ਵੱਲ ਸੁੱਟੀ ਜੁੱਤੀ

**ਅਹਿਮਦਾਬਾਦ** : ਗੁਜਰਾਤ ਦੇ ਅਹਿਮਦਾਬਾਦ ਵਿੱਚ ਫੈਸਲੇ ਤੋਂ ਨਰਾਜ਼ ਇੱਕ ਵਿਅਕਤੀ ਵੱਲੋਂ ਜੱਜ ਵੱਲ ਜੁੱਤੀ ਸੁੱਟਣ ਦੀ ਖਬਰ ਹੈ। ਇਹ ਘਟਨਾ ਅਹਿਮਦਾਬਾਦ ਸੈਸ਼ਨ ਅਦਾਲਤ ਵਿੱਚ ਵਾਪਰੀ। ਸੁਰੱਖਿਆ ਕਰਮਚਾਰੀਆਂ ਨੇ ਤੁਰੰਤ ਉਸ ਨੂੰ ਹਿਰਾਸਤ ਵਿੱਚ ਲੈ ਲਿਆ। ਹਾਲਾਂਕਿ ਜ਼ਿਲ੍ਹਾ ਜੱਜ ਨੇ ਉਸ ਨੂੰ ਜਾਣ ਦਿੱਤਾ ਅਤੇ ਕੋਈ ਕਾਰਵਾਈ ਕਰਨ ਤੋਂ ਇਨਕਾਰ ਕਰ ਦਿੱਤਾ। ਜਾਣਕਾਰੀ ਅਨੁਸਾਰ, ਜ਼ਿਲ੍ਹਾ ਜੱਜ 'ਤੇ ਚੱਪਲ ਸੁੱਟਣ ਵਾਲਾ ਵਿਅਕਤੀ ਆਪਣੇ ਦਾਇਰ ਕੀਤੇ ਇੱਕ ਮਾਮਲੇ ਵਿੱਚ ਚਾਰ ਮੁਲਜ਼ਮਾਂ ਨੂੰ ਬਰੀ ਕੀਤੇ ਜਾਣ ਤੋਂ ਨਾਰਾਜ਼ ਸੀ। ਕਰੰਜ ਪੁਲਸ ਸਟੇਸ਼ਨ ਦੇ ਇੰਸਪੈਕਟਰ ਪੀ ਐਚ ਭਾਟੀ ਨੇ ਇਹ ਜਾਣਕਾਰੀ ਦਿੱਤੀ ਹੈ।

## ਕਿਸਾਨ ਆਗੂ ਚੜੂਨੀ ਨੇ ਅਧਿਕਾਰੀ ਨੂੰ ਥੱਪੜ ਜੜਿਆ, ਹਿਰਾਸਤ 'ਚ ਲਿਆ

**ਕੁਰੂਕਸ਼ੇਤਰ** : ਕੁਰੂਕਸ਼ੇਤਰ ਦੇ ਮਿੰਨੀ ਸਕੱਤਰੇਤ ਵਿਚ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ (ਡੀ ਐੱਫ ਐੱਸ ਸੀ) ਨੂੰ ਥੱਪੜ ਮਾਰਨ ਤੋਂ ਬਾਅਦ ਕੁਰੂਕਸ਼ੇਤਰ ਪੁਲਸ ਨੇ ਭਾਰਤੀ ਕਿਸਾਨ ਯੂਨੀਅਨ (ਚੜੂਨੀ) ਦੇ ਪ੍ਰਧਾਨ ਗੁਰਨਾਮ ਸਿੰਘ ਚੜੂਨੀ ਅਤੇ ਉਨ੍ਹਾਂ ਦੀ ਯੂਨੀਅਨ ਦੇ ਕੁਝ ਮੈਂਬਰਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਕਿਸਾਨ ਸੁਚਾਰੂ ਖਰੀਦ ਪ੍ਰਕਿਰਿਆ ਦੀ ਮੰਗ ਕਰਦੇ ਹੋਏ ਮਿੰਨੀ ਸਕੱਤਰੇਤ ਵਿੱਚ ਧਰਨਾ ਦੇ ਰਹੇ ਸਨ। ਗੁਰਨਾਮ ਸਿੰਘ ਚੜੂਨੀ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਅਤੇ ਜ਼ਿਲ੍ਹਾ ਅਧਿਕਾਰੀਆਂ 'ਤੇ ਝੋਨੇ ਦੀ ਖਰੀਦ ਵਿੱਚ ਭ੍ਰਿਸ਼ਟਾਚਾਰ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਲਗਾਇਆ। ਇਸ ਦੌਰਾਨ ਕਿਸਾਨਾਂ ਨੂੰ ਸ਼ਾਂਤ ਕਰਨ ਲਈ ਡੀ ਐੱਸ ਪੀ ਰਾਮ ਕੁਮਾਰ ਅਤੇ ਕਈ ਜ਼ਿਲ੍ਹਾ ਅਧਿਕਾਰੀ ਮੌਕੇ 'ਤੇ ਪਹੁੰਚੇ, ਪਰ ਕੋਈ ਫਾਇਦਾ ਨਹੀਂ ਹੋਇਆ। ਪ੍ਰਦਰਸ਼ਨ ਦੌਰਾਨ ਡੀ ਐੱਫ ਐੱਸ ਸੀ ਰਾਜੇਸ਼ ਕੁਮਾਰ ਵੀ ਕਿਸਾਨ ਆਗੂਆਂ ਨਾਲ ਗੱਲਬਾਤ ਕਰਨ ਲਈ ਮੌਕੇ 'ਤੇ ਪਹੁੰਚੇ, ਹਾਲਾਂਕਿ ਖਰੀਦ ਵਿੱਚ ਦੇਰੀ ਕਾਰਨ ਕਿਸਾਨਾਂ ਨੂੰ ਨੁਕਸਾਨ ਹੋਣ ਤੋਂ ਗੁੱਸੇ ਵਿੱਚ ਆਏ ਗੁਰਨਾਮ ਸਿੰਘ ਚੜੂਨੀ ਨੇ ਡੀ ਐੱਫ ਐੱਸ ਸੀ ਨੂੰ ਥੱਪੜ ਮਾਰ ਦਿੱਤਾ। ਇਸ ਘਟਨਾ ਤੋਂ ਬਾਅਦ ਕਿਸਾਨ ਆਗੂ ਨੂੰ ਹੋਰਨਾਂ ਯੂਨੀਅਨ ਮੈਂਬਰਾਂ ਸਣੇ ਮਿੰਨੀ ਸਕੱਤਰੇਤ ਤੋਂ ਪੁਲਸ ਵੈਨ ਵਿੱਚ ਲਿਜਾਇਆ ਗਿਆ।

# ਅਮਨ ਅਰੋੜਾ ਨੇ ਹੜ੍ਹ ਪੀੜਤਾਂ ਨੂੰ 49 ਲੱਖ ਦੇ ਮੁਆਵਜ਼ਾ ਮਨਜ਼ੂਰੀ ਪੱਤਰ ਵੰਡੇ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਬੁੱਧਵਾਰ ਰਾਜਪੁਰਾ ਵਿਧਾਨ ਸਭਾ ਹਲਕੇ 'ਚ ਪੈਂਦੇ ਪਿੰਡ ਰਾਮਪੁਰ ਕਲਾਂ ਤੋਂ ਭਗਵੰਤ ਸਿੰਘ ਮਾਨ ਸਰਕਾਰ ਦੀ ਵਚਨਬੱਧਤਾ ਤਹਿਤ ਹੜ੍ਹ ਪ੍ਰਭਾਵਤਾਂ ਨੂੰ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕੀਤੀ। ਉਹਨਾ ਇਸ ਮੌਕੇ 49 ਲੱਖ ਰੁਪਏ ਦੇ ਮੁਆਵਜ਼ਾ ਮਨਜ਼ੂਰੀ ਪੱਤਰਾਂ ਦੀ ਕਰੀਬ 30 ਪਰਵਾਰਾਂ ਨੂੰ ਵੰਡ ਕੀਤੀ। ਉਨ੍ਹਾ ਕਿਹਾ, 'ਹੜ੍ਹ ਪੀੜਤਾਂ ਨੂੰ ਦੀਵਾਲੀ ਤੋਂ ਪਹਿਲਾਂ ਰਾਹਤ ਪ੍ਰਦਾਨ ਕਰਨ ਦਾ ਪੰਜਾਬ ਸਰਕਾਰ ਨੇ ਵਾਅਦਾ ਪੂਰਾ ਕਰਦਿਆਂ ਸਿਰਫ਼ 30 ਦਿਨਾਂ ਵਿੱਚ ਹੀ ਹੜ੍ਹ ਪੀੜਤਾਂ ਨੂੰ ਸਭ ਤੋਂ ਵੱਡੀ ਮੁਆਵਜ਼ਾ ਰਕਮ ਦੇਣੀ ਸ਼ੁਰੂ ਕਰ ਦਿੱਤੀ ਹੈ। ਅੱਜ ਸਮੁੱਚੇ ਪੰਜਾਬ ਵਿੱਚ ਉਨ੍ਹਾ ਸਮੇਤ 13 ਮੰਤਰੀ 'ਮਿਸ਼ਨ ਪੁਨਰਵਾਸ' ਤਹਿਤ ਰਾਹਤ ਫੰਡ ਵੰਡਣ ਲਈ ਹੜ੍ਹ ਪ੍ਰਭਾਵਤ ਲੋਕਾਂ ਨੂੰ ਮੁਆਵਜ਼ਾ ਦੇ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤਿੰਨ ਦਿਨ ਪਹਿਲਾਂ ਅਜਨਾਲਾ ਵਿੱਚ 631 ਕਿਸਾਨਾਂ ਨੂੰ 5.70 ਕਰੋੜ ਰੁਪਏ ਦੇ ਚੈੱਕ ਵੰਡ ਕੇ ਮਿਸ਼ਨ ਪੁਨਰਵਾਸ ਦੀ ਸ਼ੁਰੂਆਤ ਕੀਤੀ ਸੀ, ਜਿਸ ਨੂੰ ਅੱਜ ਸਮੁੱਚੇ ਪੰਜਾਬ ਵਿੱਚ ਅੱਗੇ ਵਧਾਇਆ ਗਿਆ ਹੈ।'

ਉਹਨਾ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ ਕਿਸਾਨਾਂ ਨੂੰ ਪ੍ਰਤੀ ਏਕੜ 20,000 ਰੁਪਏ ਮੁਆਵਜ਼ਾ ਦਿੱਤਾ ਗਿਆ ਹੈ, ਜਦ ਕਿ ਪਹਿਲੀਆਂ ਸਰਕਾਰਾਂ ਮੌਕੇ ਮੁਆਵਜ਼ੇ ਦੇ ਨਾਂਅ 'ਤੇ ਹੜ੍ਹ ਪੀੜਤਾਂ ਅਤੇ ਕਿਸਾਨਾਂ ਨਾਲ ਕੋਝਾ ਮਜ਼ਾਕ ਹੀ ਹੁੰਦਾ ਸੀ। ਇਹ ਪੰਜਾਬ ਦੀ ਲੋਕਾਂ ਦੀ ਆਪਣੀ ਮਾਨ ਸਰਕਾਰ ਹੀ ਹੈ, ਜਿਸ ਨੇ • ਬਾਕੀ ਸਫਾ 2 'ਤੇ

## ਐਡਮਿੰਟਨ 'ਚ ਪੋਸਤ ਦੀ ਖੇਤੀ ਕਰਦੇ 4 ਪੰਜਾਬੀ ਕਾਬੂ

**ਵੈਨਕੂਵਰ** : ਅਲਬਰਟਾ ਸੂਬੇ ਦੀ ਰਾਜਧਾਨੀ ਐਡਮਿੰਟਨ ਦੇ ਉੱਤਰੀ ਪਾਸੇ ਪੋਸਤ ਦੀ ਖੇਤੀ ਕਰਦੇ ਚਾਰ ਪੰਜਾਬੀਆਂ ਨੂੰ ਪੁਲਸ ਨੇ ਕਾਬੂ ਕੀਤਾ ਹੈ। ਪੁਲਸ ਨੇ ਇਨ੍ਹਾਂ ਦੇ ਖੇਤਾਂ 'ਚੋਂ ਪੋਸਤ ਦੇ ਪਲੇ ਹੋਏ 60 ਹਜ਼ਾਰ ਬੂਟੇ ਵੀ ਜ਼ਬਤ ਕੀਤੇ ਹਨ। ਇਹ ਪੂਰਾ ਮਾਮਲਾ ਉਦੋਂ ਪੁਲਸ ਦੇ ਧਿਆਨ ਵਿੱਚ ਆਇਆ, ਜਦੋਂ ਬੂਟਿਆਂ ਨੂੰ ਫੁੱਲ ਲੱਗਣ ਤੋਂ ਬਾਅਦ ਉਨ੍ਹਾਂ ਦੇ ਡੋਡੇ ਬਣਨ ਲੱਗੇ। ਪੁਲਸ ਨੇ ਫਾਰਮ ਹਾਊਸ ਦੀ ਤਲਾਸ਼ੀ ਲਈ ਤਾਂ ਉਥੋਂ ਡੋਡੇ ਪੀਸ ਕੇ ਬਣਾਈ ਭੁੱਕੀ ਅਤੇ ਖਸਖਸ ਦੀਆਂ ਪੁੜੀਆਂ ਵੱਡੀ ਮਾਤਰਾ ਵਿੱਚ ਮਿਲੀਆਂ। ਪੁਲਸ ਨੇ ਸੁਖਦੀਪ ਧਨੋਆ (42), ਸੰਦੀਪ ਦੰਦੀਵਾਲ (33), ਗੁਰਪ੍ਰੀਤ ਸਿੰਘ (30) ਅਤੇ ਕੁਲਵਿੰਦਰ ਸਿੰਘ (40) ਖਿਲਾਫ਼ ਨਸ਼ਾ ਵਿਰੋਧੀ ਵੱਖ-ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕੀਤਾ ਹੈ। ਐ ਡ ਮਿੰ ਟ ਨ • ਬਾਕੀ ਸਫਾ 2 'ਤੇ

## ਅੱਜ-ਨਾਮਾ

ਆਈ ਦੀਵਾਲੀ ਤਾਂ ਛਿੜੀ ਹੈ ਫੇਰ ਚਰਚਾ,
ਮਿਲਾਵਟ ਵਾਲੀ ਆ ਹੋਈ ਅਖੀਰ ਮੀਆਂ।
ਉੱਪਰ-ਉੱਪਰ ਦੀ ਮੀਡੀਆ ਬਾਤ ਆਖੇ,
ਹੇਠਾਂ ਭੱਦੀ ਇਹ ਬਹੁਤ ਤਸਵੀਰ ਮੀਆਂ।
ਆਈ ਮੁਕੇਰੀਆਂ ਦੀ ਤਾਜ਼ਾ ਖਬਰ ਆਖੇ,
ਫੜਿਆ ਨਕਲੀ ਹੈ ਬਹੁਤ ਪਨੀਰ ਮੀਆਂ।
ਪਿੱਛੋਂ ਗੱਡੀ ਹਰਿਆਣੇ ਦੀ ਆਈ ਸੀਗੀ,
ਲੰਘੇ ਪਹਿਰੇ ਕਈ ਰਾਹ ਦੇ ਚੀਰ ਮੀਆਂ।
ਝਲਕ ਮਾਇਆ ਦੀ ਰਾਹ ਦਿਵਾਈ ਜਾਵੇ,
ਪਈ ਨਾਕਿਆਂ ਉੱਪਰ ਨਹੀਂ ਰੋਕ ਮੀਆਂ।
ਥੋੜ੍ਹਾ ਫੜਿਆ ਤੇ ਲੰਘਿਆ ਹੋਊ ਬਹੁਤਾ,
ਖਾਣਾ ਜਿਨ੍ਹਾਂ ਨੇ, ਭੁਗਤਣਗੇ ਲੋਕ ਮੀਆਂ।

-ਤੀਸ ਮਾਰ ਖਾਂ

# ਵਧਦੀਆਂ ਨਫਰਤੀ ਘਟਨਾਵਾਂ 'ਤੇ ਡੂੰਘੀ ਚਿੰਤਾ ਪ੍ਰਗਟ




**ਲੁਧਿਆਣਾ** : ਸੋਸ਼ਲ ਥਿੰਕਰਜ਼ ਫੋਰਮ ਵੱਲੋਂ ਪੰਜਾਬੀ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ 'ਚੀਫ ਜਸਟਿਸ 'ਤੇ ਹਮਲਾ :ਪਿਛੋਕੜ ਅਤੇ ਪ੍ਰਭਾਵ' ਵਿਸ਼ੇ 'ਤੇ ਕਰਵਾਈ ਗਈ ਵਿਚਾਰ-ਚਰਚਾ ਦੌਰਾਨ ਇਸ ਘਟਨਾ ਦੀ ਤਿੱਖੀ ਨਿਖੇਧੀ ਕੀਤੀ ਗਈ ਅਤੇ ਦਲਿਤ ਪੁਲਸ ਅਫਸਰ ਵਾਈ. ਪੂਰਨ ਕੁਮਾਰ ਦੀ ਮੌਤ 'ਤੇ ਡੂੰਘਾ ਦੁੱਖ ਜ਼ਾਹਰ ਕੀਤਾ ਗਿਆ ਅਤੇ ਇਸ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਨੂੰ ਸਖਤ ਸਜ਼ਾ ਦੇਣ ਦੀ ਮੰਗ ਕੀਤੀ ਗਈ।

ਫੋਰਮ ਦੇ ਕਨਵੀਨਰ ਡਾ. ਅਰੁਣ ਮਿੱਤਰਾ ਨੇ ਵਿਚਾਰ-ਚਰਚਾ ਨੂੰ ਸ਼ੁਰੂ ਕਰਦੇ ਹੋਏ ਕਿਹਾ ਕਿ ਚੀਫ ਜਸਟਿਸ ਬੀ ਆਰ ਗਵਈ ਵੱਲ ਜੁੱਤੀ ਸੁੱਟਣਾ ਸਿਰਫ਼ ਕਿਸੇ ਇੱਕ ਵਿਅਕਤੀ ਦਾ ਨਿਰਾਦਰ ਨਹੀਂ, ਸਗੋਂ ਸੰਵਿਧਾਨਕ ਅਹੁਦੇ ਦਾ ਅਪਮਾਨ ਹੈ ਅਤੇ ਇਸੇ ਤਰ੍ਹਾਂ ਪੁਲਸ ਅਫਸਰ ਪੂਰਨ ਕੁਮਾਰ ਵੱਲੋਂ ਕੀਤੀ ਗਈ ਆਤਮ ਹੱਤਿਆ ਆਰ ਐੱਸ ਐਸ ਵੱਲੋਂ ਲਗਾਤਾਰ ਘੱਟ ਗਿਣਤੀਆਂ ਪ੍ਰਤੀ ਫੈਲਾਈ ਜਾ ਰਹੀ ਨਫ਼ਰਤ ਦਾ ਨਤੀਜਾ ਹੈ।ਇਹ ਨਫ਼ਰਤਪੂਰਨ ਘਟਨਾਵਾਂ ਸੰਵਿਧਾਨਕ ਕਦਰਾਂ 'ਤੇ ਹਮਲਾ ਹੈ ਅਤੇ ਦੇਸ਼ ਨੂੰ ਸ਼ਰਮਸਾਰ ਕਰਦੀਆਂ ਹਨ।ਇਹ ਮੋਦੀ ਸਰਕਾਰ ਦੀ ਹਿੰਦੂਤਵਵਾਦੀ ਵਿਚਾਰਧਾਰਾ ਹੇਠ ਧਰਮ ਨਿਰਪੱਖ ਤਾਣੇਬਾਣੇ ਨੂੰ ਖਤਮ ਕਰਨ ਦੀ ਸਾਜ਼ਿਸ਼ ਦਾ ਹਿੱਸਾ ਹਨ।ਇਹ ਕਾਰਵਾਈ ਸਾਡੇ ਲੋਕਤੰਤਰ ਦੀਆਂ ਨੀਹਾਂ ਅਤੇ ਕਾਨੂੰਨ ਦੇ ਰਾਜ 'ਤੇ ਹਮਲਾ ਹੈ। ਭਾਰਤ ਦੀ ਸੁਪਰੀਮ ਕੋਰਟ, ਨਿਆਂ ਦਾ ਮੰਦਰ , ਸੰਵਿਧਾਨ ਅਤੇ ਹਰੇਕ ਨਾਗਰਿਕ ਦੇ ਅਧਿਕਾਰਾਂ ਦੀ ਸਰਵਉਚ ਰੱਖਿਅਕ ਹੈ। ਚੀਫ ਜਸਟਿਸ ਦੇ ਵਿਅਕਤੀਤਵ 'ਤੇ ਹਮਲਾ, ਅਸਲ ਵਿੱਚ ਇਸ ਦੀ ਸੰਸਥਾ ਅਤੇ ਨਿਆਂਇਕ ਪ੍ਰਕਿਰਿਆ ਦੀ ਪਵਿੱਤਰਤਾ 'ਤੇ ਹਮਲਾ ਹੈ।ਸੁਪਰੀਮ ਕੋਰਟ ਨੂੰ ਬੇਮਿਸਾਲ ਬਦਨਾਮੀ, ਬੇਅਦਬੀ ਅਤੇ ਹੇਠੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਨਾਤਨ ਧਰਮ ਦੇ ਨਾਂਅ ਦੀ ਦੁਰਵਰਤੋਂ ਕਰਕੇ ਖੁੱਲ੍ਹੇਆਮ ਕੀਤਾ ਜਾ ਰਿਹਾ, ਇਹ ਕੰਮ ਨਫ਼ਰਤ ਭਰਪੂਰ ਜਾਤੀਵਾਦੀ ਵਿਤਕਰੇ ਨੂੰ ਹੋਰ ਵਧਾਉਂਦਾ ਹੈ। ਹਿੰਸਾ, ਨਿਰਾਦਰ ਅਤੇ ਗੁੰਡਾਗਰਦੀ ਨੂੰ ਜਾਇਜ਼ ਠਹਿਰਾਉਣ ਲਈ ਕਦੇ ਵੀ ਕਿਸੇ ਵੀ ਧਾਰਮਕ ਵਿਸ਼ਵਾਸ, ਫਿਲਾਸਫੀ ਜਾਂ ਵਿਚਾਰਧਾਰਾ ਦਾ ਸਹਾਰਾ ਨਹੀਂ ਲਿਆ ਜਾ ਸਕਦਾ। ਅਜਿਹੀਆਂ ਕਾਰਵਾਈਆਂ ਸਿਰਫ ਲੋਕਾਂ ਦੀ ਸਮਝ ਨੂੰ ਗੰਧਲਾ ਕਰਨ ਅਤੇ ਫਿਰਕੂ ਤਣਾਅ ਪੈਦਾ ਕਰਨ ਦਾ ਕੰਮ ਕਰਦੀਆਂ ਹਨ। ਜਦੋਂ ਤੋਂ ਮੋਦੀ ਪ੍ਰਧਾਨ ਮੰਤਰੀ ਬਣੇ ਹਨ, ਆਰ ਐੱਸ ਐੱਸ-ਬੀਜੇਪੀ ਗੱਠਜੋੜ ਭਾਰਤ ਦੀ ਧਰਮ ਨਿਰਪੱਖਤਾ ਨੂੰ ਤਬਾਹ ਕਰਨ ਲਈ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਸਾਜ਼ਿਸ਼ਾਂ ਘੜ ਰਹੇ ਹਨ। ਪ੍ਰਧਾਨ ਮੰਤਰੀ ਵੱਲੋਂ ਕੋਈ ਸਪੱਸ਼ਟ ਨਿੰਦਾ ਨਾ ਕਰਨਾ ਅਤੇ ਦਿੱਲੀ ਪੁਲਸ ਵੱਲੋਂ ਜੁੱਤੀ ਸੁੱਟਣ ਵਾਲੇ ਦੋਸ਼ੀ ਨਾਲ ਨਰਮੀ ਵਾਲਾ ਵਿਹਾਰ ਸ਼ੱਕ ਪੈਦਾ ਕਰਦਾ ਹੈ ਕਿ ਇਹ ਸਾਰੀ ਘਟਨਾ ਸਰਕਾਰੀ ਪੁਸ਼ਤਪਨਾਹੀ ਨਾਲ ਕੀਤੀ ਗਈ ਹੈ। ਦੋਸ਼ੀ ਦਾ ਇਹ ਕਹਿਣਾ ਕਿ ਉਸ ਨੂੰ ਕੋਈ ਪਛਤਾਵਾ ਨਹੀਂ, ਇਸ ਦੀ ਗੰਭੀਰਤਾ ਵਧਾਉਂਦਾ ਹੈ।ਆਰ ਐੱਸ ਐੱਸ ਨਾਲ ਜੁੜੀਆਂ ਸੰਸਥਾਵਾਂ ਵੱਲੋਂ ਘਟਨਾ ਦੇ ਬਾਅਦ ਜਿਸ ਢੰਗ ਦੇ ਨਾਲ ਜਾਤੀ ਸੂਚਕ ਘਟੀਆ ਵਿਖਾਵੇ ਸੋਸ਼ਲ ਮੀਡੀਆ 'ਤੇ ਕੀਤੇ ਗਏ ਉਹ ਇਸ ਗੱਲ ਦਾ ਸਾਫ ਪ੍ਰਤੀਕ ਹਨ ਕਿ ਇਹ ਇੱਕ ਡੂੰਘੀ ਸਾਜਿਸ਼ ਦਾ ਨਤੀਜਾ ਹੈ।

ਸੁਪਰੀਮ ਕੋਰਟ ਦੇ ਰਜਿਸਟਰਾਰ ਦੁਆਰਾ ਉਸ ਦੋਸ਼ੀ ਵਿਰੁੱਧ ਕੋਈ ਦੋਸ਼ ਦਾਇਰ ਨਹੀਂ ਕੀਤਾ ਗਿਆ, • ਬਾਕੀ ਸਫਾ 2 'ਤੇ

CMYK

16-OCT-PAGE-1.qxd 10/15/2025 8:53 PM Page 2




## 'ਵੋਟ ਚੋਰ, ਗੱਦੀ ਛੋੜ' ਮੁਹਿੰਮ ਨੂੰ ਭਰਵਾਂ ਹੁੰਗਾਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਵੱਲੋਂ ਕੇਂਦਰ ਸਰਕਾਰ ਅਤੇ ਭਾਜਪਾ ਖਿਲਾਫ ਸ਼ੁਰੂ ਕੀਤੀ ਗਈ 'ਵੋਟ ਚੋਰ, ਗੱਦੀ ਛੋੜ' ਮੁਹਿੰਮ ਨੂੰ ਵਿਧਾਨ ਸਭਾ ਹਲਕਾ ਸਨੌਰ 'ਚ ਵੱਡਾ ਹੁੰਗਾਰਾ ਮਿਲ ਰਿਹਾ ਹੈ।ਹਲਕਾ ਸਨੌਰ ਦੇ ਟਕਸਾਲੀ ਆਗੂ, ਪੰਜਾਬ ਕਾਂਗਰਸ ਦੇ ਜਨਰਲ ਸਕੱਤਰ, ਬੈਕਫਿੰਕੋ ਦੇ ਇਨਫ੍ਰਾਸਟਰਕਚਰ ਡਿਵੈਲਪਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਭੱਟੀਆਂ ਨੇ 5 ਹਜ਼ਾਰ ਫਾਰਮ ਭਰਵਾ ਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਸਪੁਰਦ ਕੀਤੇ। ਭੱਟੀਆਂ ਨਾਲ ਖਾਸ ਤੌਰ 'ਤੇ ਆਗੂ ਰਜਿੰਦਰ ਮਲਿਕ (ਰੋਬਟ) ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪੰਜਾਬ ਪ੍ਰਧਾਨ ਅਤੇ ਐਮ. ਪੀ. ਰਾਜਾ ਵੜਿੰਗ ਨੇ ਨਿਰਮਲ ਸਿੰਘ ਭੱਟੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਿਰਮਲ ਭੱਟੀਆਂ ਟਕਸਾਲੀ ਕਾਂਗਰਸੀ ਹਨ। ਉਹ ਕਈ ਦਹਾਕਿਆਂ ਤੋਂ ਕਾਂਗਰਸ ਪਾਰਟੀ ਦੀ ਨਿਸ਼ਕਾਮ ਸੇਵਾ ਕਰ ਰਹੇ ਹਨ। ਕਾਂਗਰਸ ਦਾ ਹਰ ਲੀਡਰ ਅਤੇ ਵਰਕਰ ਇਸ ਮੁਹਿੰਮ 'ਚ ਬਹੁਤ ਵੱਡਾ ਯੋਗਦਾਨ ਪਾ ਰਿਹਾ ਹੈ। ਬੇਸ਼ੱਕ ਇਹ ਮੁਹਿੰਮ ਰਾਹੁਲ ਗਾਂਧੀ ਨੇ ਸ਼ੁਰੂ ਕੀਤੀ ਸੀ ਪਰ ਹੁਣ ਇਹ ਲੋਕ ਲਹਿਰ ਬਣ ਗਈ ਹੈ ਅਤੇ ਲੋਕ ਆਪਣੇ ਆਪ ਫਾਰਮ ਭਰ ਰਹੇ ਹਨ।ਇਸ ਮੌਕੇ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਉਨ੍ਹਾਂ ਵਲੋਂ ਇਸ ਮੁਹਿੰਮ ਪ੍ਰਤੀ ਜਿਥੇ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ, ਉਥੇ ਹੀ ਉਨ੍ਹਾਂ ਦੀ ਟੀਮ ਨੇ ਪਿੰਡਾਂ 'ਚ ਵਿਸ਼ੇਸ਼ ਕੈਂਪ ਲਾ ਕੇ ਇਹ ਫਾਰਮ ਭਰੇ। ਲੋਕਾਂ ਨੂੰ ਵਿਸ਼ਵਾਸ ਹੋ ਗਿਆ ਹੈ ਕਿ ਭਾਜਪਾ ਅਤੇ ਕੇਂਦਰ ਸਰਕਾਰ ਲੰਬੇ ਸਮੇਂ ਤੋਂ ਵੋਟਾਂ ਦੀ ਚੋਰੀ ਕਰ ਰਹੀ ਹੈ। ਚੋਰੀ ਦੀਆਂ ਵੋਟਾਂ ਦੇ ਨਾਲ ਹੀ ਸਰਕਾਰ ਬਣ ਰਹੀ ਹੈ, ਜਿਸ ਕਰ ਕੇ ਹੀ ਉਹ ਫੈਸਲੇ ਲੈਂਦੇ ਹੋਏ ਲੋਕਾਂ ਦੀਆਂ ਭਾਵਨਾਵਾਂ ਦੀ ਕਦਰ ਨਹੀਂ ਕਰਦੀ।

## ਦਸਮੇਸ਼ ਸਕੂਲ 100 ਤਗਮੇ ਜਿੱਤ ਕੇ ਬਣਿਆ ਜ਼ਿਲ੍ਹੇ ਦਾ ਮੋਹਰੀ ਸਕੂਲ

### 100 ਖਿਡਾਰੀ ਪੰਜਾਬ ਸਟੇਟ ਖੇਡਾਂ ਲਈ ਚੁਣੇ ਗਏ



**ਸਰਦੂਲਗੜ੍ਹ (ਅਵਤਾਰ ਜਟਾਣਾ)**- ਕੈਪਟਨ ਸੁਰਜੀਤ ਸਿੰਘ ਸੁਸਾਇਟੀ ਅਧੀਨ ਚੱਲ ਰਹੇ ਦਸਮੇਸ਼ ਕਾਨਵੈਂਟ ਸਕੂਲ ਤੇ ਦਸਮੇਸ਼ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ 69ਵੀਆਂ ਜ਼ਿਲ੍ਹਾ ਪੱਧਰੀ ਸਕੂਲੀ ਖੇਡਾਂ 'ਚ ਸਰਦੂਲਗੜ੍ਹ ਜ਼ੋਨ ਵੱਲੋਂ ਖੇਡਦਿਆਂ ਵੱਖ-ਵੱਖ ਖੇਡਾਂ ਚ ਲੜਕੇ-ਲੜਕੀਆਂ ਨੇ 41 ਸੋਨ ਤਗਮੇ, 39 ਚਾਂਦੀ, 20 ਕਾਂਸੇ ਤਗਮਿਆਂ ਨਾਲ ਕੁੱਲ 100 ਤਗਮੇ ਜਿੱਤ ਕੇ ਜ਼ਿਲ੍ਹਾ ਚੈਂਪੀਅਨ ਬਣੇ ਤੇ 100 ਦੇ ਕਰੀਬ ਖਿਡਾਰੀ ਪੰਜਾਬ ਸਟੇਟ ਲਈ ਚੁਣੇ ਗਏ, ਜੋ ਸਰਦੂਲਗੜ੍ਹ ਏਰੀਏ ਲਈ ਬਹੁਤ ਮਾਣ ਵਾਲੀ ਗੱਲ ਹੈ।ਸਭ ਤੋਂ ਵੱਡੀ ਪ੍ਰਾਪਤੀ ਇਹ ਰਹੀ ਕਿ ਸਿਰਫ਼ ਮਾਰਸ਼ਲ ਆਰਟ ਖੇਡਾਂ ਵਿੱਚ ਹੀ ਨਹੀਂ, ਸਗੋਂ ਗਰੁੱਪ ਖੇਡਾਂ ਵਾਲੀਬਾਲ, ਰੱਸਾਕਸ਼ੀ, ਬੈਡਮਿੰਟਨ, ਗੱਤਕਾ, ਹੈਂਡਬਾਲ, ਤੈਰਾਕੀ ਖੇਡਾਂ 'ਚ ਦਸਮੇਸ਼ੀਅਨ ਖਿਡਾਰੀਆਂ ਨੇ ਸੋਨ ਤਗਮੇ ਜਿੱਤੇ ਜਿਵੇਂ ਕਿ ਅੰਡਰ-19 ਲੜਕੀਆਂ ਤੇ ਅੰਡਰ-19 ਲੜਕਿਆਂ ਦੀਆਂ ਹੈਂਡਬਾਲ ਟੀਮਾਂ ਨੇ ਮਾਨਸਾ ਵਿਖੇ ਫਾਈਨਲ ਮੁਕਾਬਲੇ ਜਿੱਤਕੇ ਜ਼ਿਲ੍ਹੇ ਵਿਚੋਂ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਗਮੇ ਜਿੱਤੇ, ਜਿਨ੍ਹਾਂ ਵਿੱਚ 13 ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ।ਇਸੇ ਤਰ੍ਹਾਂ ਵਾਲੀਬਾਲ ਅੰਡਰ-19 ਲੜਕੇ-ਲੜਕੀਆਂ ਦੀਆਂ ਟੀਮਾਂ ਨੇ ਜ਼ਿਲ੍ਹੇ ਵਿੱਚੋਂ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਗਮੇ ਜਿੱਤੇ ਤੇ 10 ਵਾਲੀਬਾਲ ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ, ਗੱਤਕਾ ਅੰਡਰ-19 ਲੜਕੇ-ਲੜਕੀਆਂ ਨੇ ਸਿੰਗਲ ਸੋਟੀ ਤੇ ਫਰੀ ਸੋਟੀ ਵਿੱਚ ਸੋਨ ਤਗਮੇ ਜਿੱਤੇ, ਅੰਡਰ -17 ਲੜਕਿਆ ਨੇ ਚਾਂਦੀ ਤਗਮੇ ਜਿੱਤੇ ਤੇ 13 ਗੱਤਕਾ ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ। ਇਸੇ ਤਰ੍ਹਾਂ ਰੱਸਾਕਸ਼ੀ ਅੰਡਰ-19 ਲੜਕੇ-ਲੜਕੀਆਂ ਨੇ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਗਮੇ ਜਿੱਤੇ ਤੇ 12 ਰੱਸਾਕਸ਼ੀ ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ।ਬੈਡਮਿੰਟਨ ਅੰਡਰ-14 ਲੜਕੀਆਂ ਨੇ ਸੋਨ ਤਗਮਾ ਜਿੱਤਿਆ, 2 ਖਿਡਾਰਨਾਂ ਦੀ ਸਟੇਟ ਲਈ ਚੋਣ ਹੋਈ।ਯੋਗਾ ਅੰਡਰ-17 ਲੜਕੀਆਂ ਨੇ ਚਾਂਦੀ ਤਗਮੇ ਜਿੱਤੇ ਤੇ ਅੰਡਰ-19 ਲੜਕੇ-ਲੜਕੀਆਂ ਨੇ ਕਾਂਸੇ ਦੇ ਤਗਮੇ ਜਿੱਤੇ।ਸਕੇਟਿੰਗ ਅੰਡਰ-19, ਅੰਡਰ-17 ਤੇ ਅੰਡਰ-11 ਦੇ ਖਿਡਾਰੀਆਂ ਨੇ 9 ਤਗਮੇ ਜਿੱਤੇ ਜਿਸ ਵਿੱਚ 3 ਸੋਨ ਤਗਮੇ, 3 ਚਾਂਦੀ ਤਗਮੇ, 3 ਕਾਂਸੇ ਦੇ ਤਗਮੇ ਜਿੱਤੇ ਤੇ 3 ਖਿਡਾਰੀ ਸਟੇਟ ਲਈ ਚੁਣੇ ਗਏ।ਫੈਨਸਿੰਗ ਅੰਡਰ -17 ਵਿੱਚ ਆਸਥਾ ਸੋਨੀ ਨੇ ਸੋਨ ਤਗਮਾ ਜਿੱਤਿਆ। ਮਾਰਸ਼ਲ ਆਰਟ ਖੇਡਾਂ ਜੂਡੋ, ਕਰਾਟੇ, ਕਿੱਕ ਬਾਕਸਿੰਗ, ਬਾਕਸਿੰਗ, ਤਾਈਕਵਾਡੋ ਦੇ ਮੁਕਾਬਲਿਆਂ ਵਿੱਚ 17 ਸੋਨ ਤਗਮੇ 20 ਚਾਂਦੀ ਤੇ 5 ਕਾਂਸੇ ਦੇ ਤਗਮੇ ਜਿੱਤ ਕੇ 26 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ।ਕੈਪਟਨ ਸੰਧੂ ਸਵਿਮਿੰਗ ਪੂਲ ਦੇ ਪਹਿਲੇ ਸਾਲ ਦੇ ਤੈਰਾਕੀ ਖਿਡਾਰੀਆਂ ਨੇ ਜ਼ਿਲ੍ਹੇ ਵਿੱਚੋਂ 7 ਸੋਨ, 8 ਚਾਂਦੀ ਤੇ 8 ਕਾਂਸੇ ਤਗਮਿਆਂ ਨਾਲ 23 ਤਗਮੇ ਜਿੱਤੇ ਤੇ 15 ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ।ਚੈਸ ਵਿੱਚ ਲੜਕੀਆਂ ਨੇ ਚਾਂਦੀ ਤਗਮਾ ਜਿੱਤਿਆ ਤੇ ਲੜਕਿਆ ਨੇ ਕਾਂਸੇ ਤਗਮਾ ਜਿੱਤਿਆ।ਜ਼ਿਲ੍ਹਾ ਅਥਲੈਟਿਕ ਮੁਕਾਬਲਿਆਂ ਵਿੱਚ ਪੋਲ-ਵਾਲਟ ਅੰਡਰ-19 ਵਿੱਚ ਜਸਪ੍ਰੀਤ ਸਿੰਘ ਨੇ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਗਮਾ ਜਿੱਤਿਆ।ਹੈਮਰ-ਥਰੋ ਵਿੱਚ ਗੁਰਵਿੰਦਰ ਸਿੰਘ ਤੇ ਨਿਸ਼ਾ ਨੇ ਚਾਂਦੀ ਤਗਮੇ ਜਿੱਤੇ, 110 ਮੀਟਰ ਹਰਡਲ ਵਿੱਚ ਪ੍ਰਭਦੀਪ ਨੇ ਸੋਨ ਤਗਮਾ ਜਿੱਤਿਆ ਤੇ ਅਰਮਾਨਦੀਪ ਸਿੰਘ ਤੇ ਜਸ਼ਨ ਨੇ ਚਾਂਦੀ ਤਗਮੇ ਜਿੱਤੇ, ਹਾਈ ਜੰਪ ਵਿੱਚ ਲਖਵਿੰਦਰ ਸਿੰਘ ਨੇ ਸੋਨ ਤਗਮਾ ਜਿੱਤਿਆ, ਟਰਿਪਲ-ਜੰਪ ਵਿੱਚ ਕਾਂਸੇ ਤਗਮਾ ਜਿੱਤਿਆ ਤੇ 5 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ।ਏਨੀ ਵੱਡੀ ਗਿਣਤੀ ਵਿੱਚ ਸਕੂਲ ਵੱਲੋ ਤਗਮੇ ਜਿੱਤਣ ਤੇ ਸਕੂਲ ਦੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਜੇਤੂ ਖਿਡਾਰੀਆਂ ਅਤੇ ਅਲੱਗ-ਅਲੱਗ ਖੇਡਾਂ ਦੇ ਕੋਚਾਂ ਡੀ.ਪੀ.ਈ. ਮਨਦੀਪ ਸਿੰਘ, ਗੁਰਸੇਵਕ ਸਿੰਘ, ਗੁਰਜੀਤ ਸਿੰਘ, ਹਰਜਿੰਦਰ ਕੌਰ, ਅਮਨਦੀਪ ਸਿੰਘ, ਰਮਨਦੀਪ ਸਿੰਘ, ਇਕਬਾਲ ਕੌਰ, ਰਮਨਦੀਪ ਕੌਰ, ਜਸਵੀਰ ਕੌਰ, ਕਿਰਨਦੀਪ ਕੌਰ ਨੂੰ ਵਧਾਈ ਦਿੰਦਿਆਂ ਸਟੇਟ ਲਈ ਚੁਣੇ ਗਏ ਵੱਡੀ ਗਿਣਤੀ ਖਿਡਾਰੀਆਂ ਨੂੰ ਹੋਰ ਮਿਹਨਤ ਕਰਾਉਣ ਲਈ ਪ੍ਰੇਰਿਆ।

## ਦਲਬੀਰ ਸਿੰਘ ਰੰਧਾਵਾ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਜਨਤਾ ਪਾਰਟੀ ਨੂੰ ਬਹੁਤ ਵੱਡੀ ਤਾਕਤ ਮਿਲੀ, ਜਦੋਂ ਫੁੱਟਬਾਲ ਕੋਚ ਤੇ ਸਾਬਕਾ ਡਾਇਰੈਕਟਰ ਖੇਡ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਲਵੀਰ ਸਿੰਘ ਰੰਧਾਵਾ ਨੇ ਰਿਟਾਇਰਮੈਂਟ ਤੋਂ ਬਾਅਦ ਸਿਆਸਤ ਦੀ ਪੌੜੀਆਂ ਚੜ੍ਹਦੇ ਹੋਏ ਬੀਜੇਪੀ ਵਿੱਚ ਹਜ਼ਾਰਾਂ ਸਾਥੀਆਂ ਸਮੇਤ ਸ਼ਾਮਲ ਹੋ ਗਏ।ਰੰਧਾਵਾ ਨੂੰ ਪਾਰਟੀ ਚ ਸ਼ਾਮਲ ਕਰਨ ਲਈ ਵਿਸ਼ੇਸ਼ ਤੌਰ 'ਤੇ ਪਾਰਟੀ ਦੇ ਸੀਨੀਅਰ ਲੀਡਰ ਮਹਾਰਾਣੀ ਪ੍ਰਨੀਤ ਕੌਰ ਤੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਫ਼ਤਿਹਜੰਗ ਸਿੰਘ ਬਾਜਵਾ ਵਿਸ਼ੇਸ਼ ਤੌਰ 'ਤੇ ਪਟਿਆਲਾ ਪਹੁੰਚੇ ਸਨ।ਫੋਰਟ ਪੈਲਸ ਪਟਿਆਲਾ ਦੇ ਖਚਾਖਚ ਭਰੇ ਨੌਜਵਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬਾਜਵਾ ਨੇ ਕਿਹਾ ਕਿ ਪੰਜਾਬ ਦੇ ਲੋਕ 2027 'ਚ ਬੀਜੇਪੀ ਦੀ ਸਰਕਾਰ ਬਣਾਉਣ ਦਾ ਮਨ ਬਣਾ ਚੁੱਕੇ ਹਨ । ਪਾਰਟੀ 2027 ਸਰਕਾਰ ਬਣਾ ਕੇ ਪੰਜਾਬ ਦੇ ਲੋਕਾਂ ਦੀ ਸੇਵਾ ਕਰੇਗੀ। ਬਾਜਵਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਲੋਕਾਂ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵਰਗਾ ਰਾਜ ਦੇਣਾ ਚਾਹੁੰਦੀ ਹੈ ਤੇ ਪੰਜਾਬ ਦੇ ਲੋਕ ਹੁਣ ਤੱਕ ਦੀਆਂ ਸਰਕਾਰਾਂ ਦੇ ਬਦਲਾਖੋਰੀ ਭਰੇ ਰਵੱਈਏ ਤੋਂ ਅੱਕ ਚੁੱਕੇ ਹਨ ਤੇ ਪੰਜਾਬ ਦੇ ਲੋਕ ਵੀ ਸਾਫ਼ ਸੁਥਰਾ ਰਾਜ ਭਾਗ ਚਾਹੁੰਦੇ ਹਨ। ਇਸ ਸਮੇਂ ਮਹਾਰਾਣੀ ਪ੍ਰਨੀਤ ਕੌਰ ਜੀ ਨੇ ਨੌਜਵਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ 'ਚ ਜੰਗਲ ਰਾਜ ਚੱਲ ਰਿਹਾ ਹੈ। ਪੰਜਾਬ ਦੇ ਲੋਕਾਂ ਉੱਤੇ ਝੂਠੇ ਪਰਚੇ ਦਰਜ ਕੀਤੇ ਜਾ ਰਹੇ ਹਨ ਤੇ ਵਿਕਾਸ ਨਾਂਅ ਦੀ ਥਾਂ ਸਿਆਸੀ ਬਦਲਾਖੋਰੀ ਨੇ ਲੈ ਲਈ ਹੈ।

## ਝਾੜ ਸਾਹਿਬ ਕਾਲਜ 'ਚ ਮਾਨਸਿਕ ਸਿਹਤ ਸੰਬੰਧੀ ਸੈਮੀਨਾਰ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵਿਖੇ ਉੱਚ ਸਿੱਖਿਆ ਵਿੱਚ ਮਾਨਸਿਕ ਸਿਹਤ ਨੂੰ ਉਤਸ਼ਾਹਿਤ ਕਰਨਾ ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਦਾ ਆਯੋਜਨ ਉਤਥਾਨ ਫਾਊਂਡੇਸ਼ਨ ਦਿੱਲੀ ਦੇ ਸਹਿਯੋਗ ਨਾਲ ਗੂਗਲ ਮੀਟ ਰਾਹੀਂ ਕੀਤਾ ਗਿਆ। ਜਿਸ ਦਾ ਮੁੱਖ ਉਦੇਸ਼ ਉੱਚ ਸਿੱਖਿਆ ਦੇ ਖੇਤਰ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਮਾਨਸਿਕ ਸਿਹਤ ਅਤੇ ਭਾਵਨਾਤਮਕ ਖੁਸ਼ਹਾਲੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਸੈਮੀਨਾਰ ਦੌਰਾਨ ਵਿਦਿਆਰਥਣਾਂ ਨੇ ਮਾਨਸਿਕ ਸਿਹਤ ਸਬੰਧੀ ਚੁਣੌਤੀਆਂ ਅਤੇ ਉਨ੍ਹਾਂ ਦੇ ਹੱਲ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਸੈਮੀਨਾਰ ਦੀ ਅਗਵਾਈ ਮੁੱਖ ਸਰਪ੍ਰਸਤ ਉਤਕਰਸ਼ ਕੁਮਾਰ ਸਿੰਘ, ਸੰਸਥਾਪਕ ਤੇ ਪ੍ਰਧਾਨ ਉਤਥਾਨ ਫਾਊਂਡੇਸ਼ਨ ਦਿੱਲੀ ਵੱਲੋਂ ਕੀਤੀ ਗਈ।ਸੈਮੀਨਾਰ ਆਯੋਜਕ ਕਮੇਟੀ ਵਿੱਚ ਡਾ. ਰਣਜੀਤ ਕੌਰ ਸਹਾਇਕ ਪ੍ਰੋਫੈਸਰ ਹੋਮ ਸਾਇੰਸ ਵਿਭਾਗ ਅਤੇ ਡਾ. ਸ਼ਿਲਪੀ ਚੌਹਾਨ, ਸੰਕੇਤਕ ਉਤਥਾਨ ਫਾਊਂਡੇਸ਼ਨ ਦਿੱਲੀ ਸ਼ਾਮਲ ਸਨ।ਡਾ. ਰਾਮ ਕੁਮਾਰ ਗਰਗ, ਚੇਅਰਪਰਸਨ ਨੇ ਸਬੰਧਤ ਵਿਸ਼ੇ 'ਤੇ ਵਿਚਾਰ ਪ੍ਰਗਟ ਕੀਤੇ।ਤਕਨੀਕੀ ਸੈਸ਼ਨ ਦੌਰਾਨ ਪ੍ਰਸਿੱਧ ਵਿਦਵਾਨ ਡਾ. ਤਮੰਨਾ ਸਕਸੈਨਾ 'ਤੇ ਡਾ. ਰਿਸ਼ੀ ਮਿਸ਼ਰਾ ਨੇ ਮਾਨਸਿਕ ਸਿਹਤ ਪ੍ਰੋਤਸਾਹਨ ਦੇ ਵੱਖ-ਵੱਖ ਪਹਿਲੂਆਂ 'ਤੇ ਵਿਸਤ੍ਰਿਤ ਵਿਚਾਰ ਪੇਸ਼ ਕੀਤੇ।ਕਾਲਜ ਪ੍ਰੋਫ਼ੈਸਰਾਂ ਵੱਲੋਂ ਆਪੋ-ਆਪਣੇ ਖੋਜ ਪੱਤਰ ਵੀ ਪੇਸ਼ ਕੀਤੇ ਗਏ।ਇਸ ਮੌਕੇ ਸਾਰੇ ਵਿਦਵਾਨਾਂ, ਆਯੋਜਕਾਂ ਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਮਾਨਸਿਕ ਸਿਹਤ ਨੂੰ ਸਿੱਖਿਆ ਦਾ ਅਟੁੱਟ ਹਿੱਸਾ ਮੰਨਿਆ ਜਾਣਾ ਚਾਹੀਦਾ ਹੈ।ਇਸ ਤਰ੍ਹਾਂ ਦੇ ਸੈਮੀਨਾਰ ਵਿਦਿਆਰਥੀਆਂ ਤੇ ਅਧਿਆਪਕਾਂ ਦੋਹਾਂ ਨੂੰ ਸੰਵੇਦਨਸ਼ੀਲ ਅਤੇ ਮਾਨਸਿਕ ਤੌਰ 'ਤੇ ਸੁਰੱਖਿਅਤ ਵਾਤਾਵਰਣ ਬਣਾਉਣ ਲਈ ਪ੍ਰੇਰਿਤ ਕਰਦੇ ਹਨ।ਇਹ ਸੈਮੀਨਾਰ ਉੱਚ ਸਿੱਖਿਆ ਦੇ ਖੇਤਰ ਵਿੱਚ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਤੇ ਉਪਰਾਲਿਆਂ ਨੂੰ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਇਆ।

## ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ 'ਚ ਸਹਿ-ਪਾਠਕ੍ਰਮ ਗਤੀਵਿਧੀਆਂ ਕਰਾਈਆਂ



**ਦੋਰਾਹਾ (ਹਰਮਿੰਦਰ ਸੇਠ)** ਸਹਿ-ਪਾਠਕ੍ਰਮ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ, ਕਿਉਂਕਿ ਇਹ ਵਿਦਿਆਰਥੀਆਂ ਦੇ ਸਵੈ-ਵਿਸ਼ਵਾਸ ਤੇ ਮਨੋਬਲ ਨੂੰ ਪਕੇਰਾ ਬਣਾਉਣ ਵਿੱਚ ਸਹਾਇਕ ਸਿੱਧ ਹੁੰਦੀਆਂ ਹਨ।ਇਨ੍ਹਾਂ ਗੱਲਾਂ ਨੂੰ ਧਿਆਨ ਵਿੱਚ ਰੱਖਦਿਆਂ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ 15 ਅਕਤੂਬਰ ਨੂੰ ਸਕੂਲ ਪੱਧਰੀ ਗਤੀਵਿਧੀਆਂ ਕਰਾਈਆਂ ਗਈਆਂ।ਸਾਰੇ ਸਕੂਲ ਦੇ ਵਿਦਿਆਰਥੀ ਚਾਰ ਹਾਊਸਾਂ ਵਿੱਚ ਵੰਡੇ ਹੋਏ ਹਨ, ਜਿਵੇਂ ਮਾਰਸ ਹਾਊਸ, ਸੈਚਰਨ ਹਾਊਸ, ਜੂਪੀਟਰ ਹਾਊਸ ਅਤੇ ਅਰਥ ਹਾਊਸ। ਜਮਾਤ ਨਰਸਰੀ ਤੋਂ ਲੈ ਕੇ ਜਮਾਤ ਬਾਰਵੀਂ ਤੱਕ ਦੇ ਵਿਦਿਆਰਥੀਆਂ ਦੇ ਇੰਟਰ-ਹਾਊਸ ਅਤੇ ਇੰਟਰ ਕਲਾਸ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਇੱਕ ਫੈਂਸੀ ਡਰੈੱਸ ਮੁਕਾਬਲਾ ਆਯੋਜਿਤ ਕੀਤਾ ਗਿਆ।ਨੰਨ੍ਹੇ-ਮੁੰਨ੍ਹੇ ਬੱਚੇ ਵੱਖ-ਵੱਖ ਪੁਸ਼ਾਕਾਂ ਪਹਿਨ ਕੇ ਆਕਰਸ਼ਣ ਦਾ ਕੇਂਦਰ ਬਣੇ ਹੋਏ ਸਨ। ਇਸ ਤੋਂ ਇਲਾਵਾ ਦੀਵਾ ਅਤੇ ਮੋਮਬੱਤੀ ਸਜਾਵਟ, ਤਿਉਹਾਰਾਂ ਦੀ ਮਹੱਤਤਾ 'ਤੇ ਅਧਾਰਿਤ ਸਵਾਲ-ਜਵਾਬ ਮੁਕਾਬਲਾ, ਇੰਟਰ ਹਾਊਸ ਕਠਪੁਤਲੀ ਬਣਾਉਣ ਦਾ ਮੁਕਾਬਲਾ, ਇੰਟਰ ਕਲਾਸ ਦਿਵਾਲੀ ਨਾਲ਼ ਸੰਬੰਧਿਤ ਸਵਾਲ-ਜਵਾਬ ਮੁਕਾਬਲਾ, ਇੰਟਰ ਹਾਊਸ ਰੰਗੋਲੀ ਬਣਾਉਣ ਅਤੇ ਇੰਟਰ ਕਲਾਸ ਦਿਵਾਲੀ ਨਾਲ਼ ਸੰਬੰਧਿਤ ਕਾਰਡ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਅਤੇ ਜੋਸ਼ ਨਾਲ਼ ਭਾਗ ਲਿਆ।ਇਹਨਾਂ ਗਤੀਵਿਧੀਆਂ ਦੁਆਰਾ ਵਿਦਿਆਰਥੀਆਂ ਨੇ ਸਿਰਜਣਾਤਮਕਤਾ, ਸਾਂਝੀਵਾਲਤਾ ਅਤੇ ਤਿਉਹਾਰਾਂ ਦੀ ਭਾਵਨਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਕਿਹਾ ਕਿ ਮੈਂ ਵਿਦਿਆਰਥੀਆਂ ਦੁਆਰਾ ਦਿਖਾਈ ਕਲਾ ਅਤੇ ਹੁਨਰ ਤੋਂ ਬਹੁਤ ਪ੍ਰਭਾਵਿਤ ਹਾਂ।ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਣ ਵਿੱਚ ਸਹਾਇਕ ਸਿੱਧ ਹੁੰਦੀਆਂ ਹਨ।ਸਕੂਲ ਕਾਰਜਕਾਰੀ ਪ੍ਰਸ਼ਾਸ਼ਕ ਰੁਪਿੰਦਰ ਕੌਰ ਬਰਾੜ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਇਸ ਤਰ੍ਹਾਂ ਦੇ ਉਤਸ਼ਾਹ ਅਤੇ ਨਵੀਨਤਾ ਨੂੰ ਦੇਖਣਾ ਬਹੁਤ ਹੀ ਖ਼ੁਸ਼ੀ ਦੀ ਗੱਲ ਹੈ।ਸਕੂਲ ਪ੍ਰਿੰਸੀਪਲ ਡਾ. ਡੀ.ਪੀ.ਠਾਕੁਰ ਨੇ ਕਿਹਾ ਕਿ ਵਿਦਿਆਰਥੀਆਂ ਨੇ ਹਰ ਗਤੀਵਿਧੀ ਵਿੱਚ ਬਹੁਤ ਹੀ ਸ਼ਾਨਦਾਰ ਕਲਾ ਦਾ ਪ੍ਰਦਰਸ਼ਨ ਕੀਤਾ ਹੈ।ਅਜਿਹੀਆਂ ਗਤੀਵਿਧੀਆਂ ਜਿੱਥੇ ਵਿਦਿਆਰਥੀਆਂ ਨੂੰ ਕੁਝ ਨਵਾਂ ਸਿੱਖਣ ਲਈ ਉਤਸ਼ਾਹਿਤ ਕਰਦੀਆਂ ਹਨ ਉੱਥੇ ਹੀ ਇਹ ਉਹਨਾਂ ਵਿੱਚ ਸੱਭਿਆਚਾਰਿਕ ਜਾਗਰੂਕਤਾ ਵੀ ਪੈਦਾ ਕਰਦੀਆਂ ਹਨ। ਡਿਪਟੀ ਹੈੱਡ ਮਿਸਟਰਸ ਪੂਰਵੀ ਮਹਿਤਾ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਂਦੀਆਂ ਹਨ ਅਤੇ ਉਹਨਾਂ ਦੇ ਅੰਦਰੂਨੀ ਹੁਨਰ ਨੂੰ ਨਿਖਾਰਦੀਆਂ ਹਨ।

## ਦਿਨ-ਦਿਹਾੜੇ ਸੋਨੇ-ਚਾਂਦੀ ਦੇ ਗਹਿਣੇ ਤੇ ਨਕਦੀ ਚੋਰੀ

**ਧੂਰੀ (ਮਨੋਹਰ ਸਿੰਘ ਸੱਗੂ)**-ਸਥਾਨਕ ਸ਼ਹਿਰ ਦੇ ਆਰੀਆ ਸਮਾਜ ਬਲਾਕ ਅੰਦਰ ਲੰਘੀ ਕੱਲ੍ਹ ਦਿਨ ਦਿਹਾੜੇ ਚੋਰ ਇੱਕ ਘਰ 'ਚੋਂ ਸੋਨੇ ਤੇ ਚਾਂਦੀ ਦੇ ਗਹਿਣਿਆਂ ਅਤੇ ਨਕਦੀ 'ਤੇ ਹੱਥ ਸਾਫ਼ ਕਰ ਗਏ।ਜਾਣਕਾਰੀ ਅਨੁਸਾਰ ਚੋਰ ਦਿਨ ਦਿਹਾੜੇ ਆਰੀਆ ਸਮਾਜ ਬਲਾਕ ਅੰਦਰ ਆਰੀਆ ਕਾਲਜ ਨੇੜੇ ਸਥਿਤ ਇੱਕ ਘਰੋਂ ਨਾਲ ਲਗਦੇ ਬੇਆਬਾਦ ਮਕਾਨ ਦੀ ਛੱਤ ਉਪਰ ਦੀ ਘਰ ਅੰਦਰ ਦਾਖਲ ਹੋ ਕੇ ਸੋਨੇ ਤੇ ਚਾਂਦੀ ਦੇ ਗਹਿਣੇ ਅਤੇ ਭਾਰੀ ਮਾਤਰਾ 'ਚ ਨਕਦੀ ਚੋਰੀ ਕਰਕੇ ਲੈ ਗਏ। ਪੀੜਤ ਵਿਧਵਾ ਔਰਤ ਰਾਜ ਰਾਣੀ ਨੇ ਦੱਸਿਆ ਕਿ ਦਿਨ ਸਮੇਂ ਉਨ੍ਹਾਂ ਦੇ ਮਕਾਨ ਨੂੰ ਬਾਹਰੋਂ ਤਾਲਾ ਲੱਗਿਆ ਹੋਇਆ ਸੀ ਅਤੇ ਉਹ ਨੇੜੇ ਹੀ ਆਪਣੇ ਬੁਟੀਕ 'ਚ ਕੰਮ ਕਰ ਰਹੀ ਸੀ ਅਤੇ ਜਦੋਂ ਉਹ ਦਿਨ 'ਚ ਘਰ ਗੇੜਾ ਮਾਰਨ ਗਈ ਤਾਂ ਜਿੰਦਾ ਖੋਲ ,ਕੇ ਦੇਖਿਆ ਤਾਂ ਅੰਦਰ ਸਾਮਾਨ ਖਿੱਲਰਿਆ ਪਿਆ ਸੀ ਤੇ ਚੋਰ ਸੋਨੇ ਦੀ ਚੈਨੀ, ਨੱਕ ਦਾ ਕੋਕਾ ਤੇ ਕੰਨਾਂ ਦੇ ਟੌਪਸ, ਚਾਂਦੀ ਦੇ ਸਾਮਾਨ 'ਚ ਤਰਾਗੜੀ, ਤਿੰਨ ਜੋੜੇ ਪੰਜੇਬਾਂ , 7/8 ਸਿੱਕੇ , ਛਾਪਾਂ ਅਤੇ ਬਿੱਛੂਏ ਚੋਰੀ ਕਰਨ ਤੋਂ ਇਲਾਵਾ ਕਰੀਬ 20 ਹਜ਼ਾਰ ਰੁਪਏ ਦੀ ਨਕਦੀ ਚੋਰੀ ਕਰਕੇ ਲੈ ਗਏ। ਉਨ੍ਹਾਂ ਦੱਸਿਆ ਕਿ ਚੋਰੀ ਦੀ ਵਾਰਦਾਤ ਬਾਰੇ ਸਥਾਨਕ ਸਿਟੀ ਪੁਲਸ ਨੂੰ ਸੂਚਿਤ ਕੀਤਾ ਗਿਆ।

## ਏ ਵੀ ਕਕਰਾਲਾ ਦੀਆਂ ਧੀਆਂ ਦਾ ਸੋਨ ਤਮਗੇ ਜਿੱਤਣ 'ਤੇ ਨਕਦ ਇਨਾਮ ਨਾਲ ਸਨਮਾਨ



**ਸਮਾਣਾ (ਇਕਬਾਲ ਸਿੰਘ ਬੱਲ)**-ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਦੀਆਂ ਦੋ ਹੋਣਹਾਰ ਵਿਦਿਆਰਥਣਾਂ ਨੇ ਪਿਛਲੇ ਸਾਲ ਦਸੰਬਰ 2024 ਵਿੱਚ ਆਯੋਜਤ ਰਾਸ਼ਟਰੀ ਪੱਧਰੀ ਡੀ.ਏ.ਵੀ. ਸਪੋਰਟਸ ਰੈਸਲਿੰਗ ਮੁਕਾਬਲੇ (ਨੋਇਡਾ, 1 ਤੋਂ 4 ਦਸੰਬਰ 2024) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨੇ ਦੇ ਤਮਗੇ ਜਿੱਤ ਕੇ ਸਕੂਲ ਅਤੇ ਖੇਤਰ ਦਾ ਨਾਂਅ ਰੌਸ਼ਨ ਕੀਤਾ ਸੀ ।ਇਸ ਮੁਕਾਬਲੇ ਵਿੱਚ ਕਲਾਸ 7ਵੀਂ ਦੀ ਪਰਮੀਤ ਕੌਰ ਨੇ 54 ਕਿਲੋ ਵਰਗ ਵਿੱਚ ਤੇ ਕਲਾਸ 11ਵੀਂ ਦੀ ਰਾਜਨਦੀਪ ਕੌਰ ਨੇ 72 ਕਿਲੋ ਵਰਗ ਵਿੱਚ ਸੋਨੇ ਦਾ ਤਮਗਾ ਆਪਣੇ ਨਾਂਅ ਕੀਤਾ ਸੀ।ਦੋਵੇਂ ਜੇਤੂ ਵਿਦਿਆਰਥਣਾਂ ਨੂੰ ਡੀ.ਏ.ਵੀ. ਕਾਲਜ ਮੈਨੇਜਮੈਂਟ ਕਮੇਟੀ, ਨਵੀਂ ਦਿੱਲੀ ਵੱਲੋਂ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਲਈ ?5100- ?5100 ਦੇ ਨਕਦ ਇਨਾਮ ਦਿੱਤੇ ਗਏ, ਜੋ ਖੇਡਾਂ ਨੂੰ ਪ੍ਰੋਤਸਾਹਨ ਦੇਣ ਵੱਲ ਇੱਕ ਸ਼ਲਾਘਾਯੋਗ ਕਦਮ ਹੈ।ਸਕੂਲ ਵਿੱਚ ਆਯੋਜਤ ਸਨਮਾਨ ਸਮਾਰੋਹ ਦੌਰਾਨ ਇਨ੍ਹਾਂ ਦੋਵੇਂ ਸੋਨ ਤਮਗੇ ਜੇਤੂ ਵਿਦਿਆਰਥਣਾਂ ਨੂੰ ਪ੍ਰਿੰਸੀਪਲ ਸ਼੍ਰੀ ਵਰੁਣ ਸ਼ਰਮਾ ਨੇ ਚੈੱਕ ਦੇ ਰੂਪ ਵਿੱਚ ਇਨਾਮ ਭੇਟ ਕਰਕੇ ਸਨਮਾਨਤ ਕੀਤਾ।ਇਸ ਮੌਕੇ ਵਿਦਿਆਰਥਣਾਂ ਦੇ ਮਾਪੇ ਵੀ ਹਾਜ਼ਰ ਸਨ ।ਪ੍ਰਿੰਸੀਪਲ ਸ਼੍ਰੀ ਵਰੁਣ ਸ਼ਰਮਾ ਨੇ ਕਿਹਾ ਕਿ ਡੀ.ਏ.ਵੀ. ਸੰਸਥਾਨ ਸਿਰਫ਼ ਸਿੱਖਿਆ ਤੱਕ ਹੀ ਸੀਮਿਤ ਨਹੀਂ, ਸਗੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਤੇ ਖੇਡਾਂ ਨੂੰ ਵੀ ਬਰਾਬਰ ਮਹੱਤਵ ਦਿੰਦਾ ਹੈ।ਉਨ੍ਹਾਂ ਵਦਿਆਰਥਣਾਂ ਦੀ ਮਿਹਨਤ, ਖੇਡ ਵਿਭਾਗ ਦੀ ਨਿਸ਼ਠਾ ਅਤੇ ਮਾਪਿਆਂ ਦੇ ਸਹਿਯੋਗ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਹ ਬੇਟੀਆਂ ਹੋਰ ਵਿਦਿਆਰਥਣਾਂ ਲਈ ਪ੍ਰੇਰਣਾ ਸਰੂਪ ਬਣਨਗੀਆਂ ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ 'ਚ ਅਧਿਆਪਕ-ਮਾਪੇ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿੱਚ ਪ੍ਰਿੰਸੀਪਲ ਰਪਿੰਦਰ ਪਟਿਆਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅਧਿਆਪਕ-ਮਾਪੇ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਸਕੂਲ ਦੀ ਪ੍ਰੀ-ਪ੍ਰਾਇਮਰੀ, ਪ੍ਰਾਇਮਰੀ ਅਤੇ ਮਿਡਲ ਕਲਾਸਾਂ ਦੇ ਵਿਦਿਆਰਥੀਆਂ ਦੇ ਐਸ ਏ-ਏ ਦੇ ਨਤੀਜੇ ਘੋਸ਼ਿਤ ਕੀਤੇ ਗਏ।ਇਸ ਮੀਟਿੰਗ ਦਾ ਉਦੇਸ਼ ਵਿਦਿਆਰਥੀਆਂ ਦੀ ਵਿੱਦਿਅਕ ਪ੍ਰਗਤੀ ਅਤੇ ਉਨ੍ਹਾਂ ਦੇ ਸਮੁੱਚੇ ਵਿਕਾਸ ਬਾਰੇ ਚਰਚਾ ਕਰਨਾ ਸੀ।ਮੀਟਿੰਗ ਵਿੱਚ ਸਾਰੇ ਮਾਪਿਆਂ ਨਾਲ ਮਿਲ ਕੇ ਸਕੂਲ ਦੀਆਂ ਆਉਣ ਵਾਲੀਆਂ ਯੋਜਨਾਵਾਂ ਅਤੇ ਵਿਦਿਆਰਥੀਆਂ ਲਈ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਪ੍ਰਿੰਸੀਪਲ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਤਾਂ ਜੋ ਅਗਲੀ ਪ੍ਰੀਖਿਆ ਵਿੱਚ ਵਿਦਿਆਰਥੀ ਸ਼ਾਨਦਾਰ ਪ੍ਰਦਰਸ਼ਨ ਕਰ ਸਕਣ।ਇਸ ਮੀਟਿੰਗ ਦੌਰਾਨ ਵਿਦਿਆਰਥੀਆਂ ਦੀ ਅਕਾਦਮਿਕ ਰਿਪੋਰਟ, ਹਾਜ਼ਰੀ ਅਤੇ ਹੋਰ ਮਹੱਤਵਪੂਰਣ ਪਹਿਲੂਆਂ 'ਤੇ ਚਰਚਾ ਕੀਤੀ ਗਈ। ਤੀਜੀ ਤੋਂ ਪੰਜਵੀਂ ਕਲਾਸ ਤੱਕ ਦੇ ਬੱਚਿਆਂ ਵੱਲੋਂ ਆਰਟ ਐਂਡ ਕਰਾਫਟ ਦੀ ਪ੍ਰਦਰਸ਼ਨੀ ਲਗਾਈ ਗਈ ਅਤੇ ਐਨ.ਸੀ.ਸੀ. ਦੇ ਵਿਦਿਆਰਥੀਆਂ ਵੱਲੋਂ ਪੌਦਿਆਂ ਦੀ ਸਟਾਲ ਲਗਾਈ ਗਈ ਅਤੇ ਵਾਤਾਵਰਨ ਸੰਭਾਲ ਸਬੰਧੀ ਜਾਗਰੂਕਤਾ ਪੈਦਾ ਕੀਤੀ ਗਈ।ਮੀਟਿੰਗ ਦੇ ਅੰਤ ਵਿੱਚ ਪ੍ਰਿੰਸੀਪਲ ਨੇ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ ਅਤੇ ਸਕੂਲ ਦੇ ਬਿਹਤਰ ਭਵਿੱਖ ਲਈ ਉਨ੍ਹਾਂ ਦੇ ਸਹਿਯੋਗ ਦੀ ਲੋੜ ਉਤੇ ਜ਼ੋਰ ਦਿੱਤਾ।ਇਸ ਮੌਕੇ ਕੋਆਰਡੀਨੇਟਰ ਜੋਤੀ ਖੁਰਾਨਾ, ਆਸ਼ੂ ਰਾਣੀ, ਅਨਮੋਲ ਕੌਸ਼ਲ, ਨਿਰਮਲਜੀਤ ਕੌਰ ਅਤੇ ਕਲਾਸ ਇੰਚਾਰਜ ਹਾਜ਼ਰ ਰਹੇ।

## ਵਿਕਾਸ ਮਿਸ਼ਨ ਵੱਲੋਂ ਟ੍ਰੈਫ਼ਿਕ ਸੁਧਾਰਾਂ ਲਈ ਡੀ ਐੱਸ ਪੀ (ਐੱਚ) ਨਾਲ ਮੁਲਾਕਾਤ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)** ਸ਼ਹਿਰ ਅੰਦਰ ਦਿਨੋ-ਦਿਨ ਵਹੀਕਲਾਂ ਦੀ ਵਧ ਰਹੀ ਗਿਣਤੀ, ਵਾਹਨ ਚਾਲਕਾਂ ਵੱਲੋਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨਾ, ਗਲਤ ਪਾਰਕਿੰਗ, ਓਵਰ ਸਪੀਡਿੰਗ ਓਵਰ ਲੋਡਿੰਗ ਤੇ ਜੁਗਾੜੂ ਵਾਹਨਾਂ ਆਦਿ ਨਾਲ ਪੁਲਸ ਨੂੰ ਟ੍ਰੈਫਿਕ ਵਿਵਸਥਾ ਸੁਚਾਰੂ ਢੰਗ ਨਾਲ ਚਲਾਉਣ ਵਿਚ ਭਾਰੀ ਮੁਸ਼ਕਲ ਪੇਸ਼ ਆਉਂਦੀ ਹੈ। ਨਾ-ਬਾਲਗਾਂ ਵੱਲੋਂ ਵਹੀਕਲ ਚਲਾਉਣ ਕਾਰਨ ਕਈ ਵਾਰ ਹਾਦਸੇ ਵੀ ਵਾਪਰ ਜਾਂਦੇ ਹਨ।ਟ੍ਰੈਫ਼ਿਕ ਪ੍ਰਤੀ ਲੋਕਾਂ ਨੂੰ ਜਾਗ੍ਰਿਤ ਕਰਨ ਦੇ ਮੰਤਵ ਲਈ ਸ਼ਹਿਰ ਦੀ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਸਥਾਨਕ ਐੱਸ.ਐੱਸ.ਪੀ. ਦਫਤਰ ਵਿਖੇ ਡੀ.ਐੱਸ.ਪੀ. (ਹੈੱਡ ਕੁਆਰਟਰ) ਅਮਨਦੀਪ ਪੀ.ਪੀ.ਐੱਸ. ਨਾਲ ਮੁਲਾਕਾਤ ਕੀਤੀ। ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠਲੇ ਇਸ ਵਫ਼ਦ 'ਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ ਸਮੇਤ ਕੇ.ਐਲ. ਮਹਿੰਦਰਾ, ਨਰਿੰਦਰ ਕਾਕਾ, ਬਲਜੀਤ ਸਿੰਘ ਅਤੇ ਬਲਵਿੰਦਰ ਸਿੰਘ ਚਹਿਲ ਆਦਿ ਸ਼ਾਮਿਲ ਸਨ।ਸ਼ਹਿਰ ਅੰਦਰ ਟ੍ਰੈਫ਼ਿਕ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਮਿਸ਼ਨ ਵੱਲੋਂ ਡੀ.ਐੱਸ.ਪੀ. (ਐੱਚ) ਨਾਲ ਗੰਭੀਰ ਚਰਚਾ ਕੀਤੀ ਗਈ।ਮਿਸ਼ਨ ਵੱਲੋਂ ਇਸ ਸਬੰਧੀ ਪੁਲਸ ਨੂੰ ਕੁਝ ਸੁਝਾਅ ਵੀ ਦਿੱਤੇ ਗਏ।

ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਸ਼ਹਿਰ ਦੀ ਅਨਾਜ ਮੰਡੀ ਵਿੱਚ ਆਉਣ ਵਾਲੇ ਟਰੈਕਟਰਾਂ-ਟਰਾਲੀਆਂ, ਟਰੱਕਾਂ ਤੇ ਹੋਰ ਕਮਰਸ਼ੀਅਲ ਫੋਰ ਵੀਲਰਾਂ ਲਈ ਬਾਈਪਾਸ ਦੀ ਵਰਤੋਂ ਯਕੀਨੀ ਬਣਾਈ ਜਾਵੇ।ਸ਼ਹਿਰ ਅੰਦਰ ਵੰਨ ਵੇ ਟ੍ਰੈਫਿਕ ਵਿਵਸਥਾ ਦਾ ਪੱਕੇ ਤੌਰ 'ਤੇ ਪ੍ਰਬੰਧ ਕੀਤਾ ਜਾਵੇ।ਵਾਹਨਾਂ ਲਈ ਪਾਰਕਿੰਗ ਜ਼ੋਨ ਬਣਾਏ ਜਾਣ।ਟ੍ਰੈਫ਼ਿਕ ਦੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਨਾ ਬਾਲਗਾਂ ਤੇ ਵਿਅਕਤੀਆਂ ਨੂੰ ਪਹਿਲਾਂ ਪਿਆਰ ਨਾਲ ਤੇ ਬਾਅਦ ਵਿੱਚ ਕਾਨੂੰਨੀ ਕਾਰਵਾਈ ਕਰਕੇ ਸਮਝਾਇਆ ਜਾਵੇ।ਸ਼ਹਿਰ ਅੰਦਰ ਹੈਵੀ ਵਹੀਕਲਾਂ ਦੀ ਐਂਟਰੀ ਲਈ ਸਮਾਂ ਸੀਮਾ ਨਿਸ਼ਚਿਤ ਕੀਤੀ ਜਾਵੇ। ਈ-ਰਿਕਸ਼ਾ ਚਾਲਕਾਂ ਲਈ ਟ੍ਰੈਫਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤੇ ਦੁਕਾਨਾਦਾਰਾਂ ਵੱਲੋਂ ਬਾਜ਼ਾਰਾਂ 'ਚ ਕੀਤੇ ਨਜਾਇਜ਼ ਕਬਜ਼ੇ ਛੁਡਵਾਏ ਜਾਣ।ਮਿਸ਼ਨ ਨੇ ਟ੍ਰੈਫ਼ਿਕ ਵਿਵਸਥਾ 'ਚ ਸੁਧਾਰ ਲਈ ਵਪਾਰ ਮੰਡਲ, ਸਮਾਜ ਸੇਵੀ ਸੰਸਥਾਵਾਂ, ਟਰੱਕ, ਟਰੈਕਟਰ-ਟਰਾਲੀ ਯੂਨੀਅਨ, ਈ-ਰਿਕਸ਼ਾ ਯੂਨੀਅਨ ਤੇ ਹੋਰ ਪ੍ਰਮੁੱਖ ਸ਼ਹਿਰੀਆਂ ਦੀ ਸਾਂਝੀ ਮੀਟਿੰਗ ਬੁਲਾ ਕੇ ਇਸ ਨੂੰ ਅਮਲੀ ਰੂਪ ਦਿੱਤਾ ਜਾਵੇ।ਮੁਲਾਕਾਤ ਦੌਰਾਨ ਡੀ.ਐੱਸ.ਪੀ. (ਐੱਚ) ਨੇ ਮਿਸ਼ਨ ਦੀਆਂ ਦਲੀਲਾਂ ਤੇ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਿਆ।ਉਨ੍ਹਾਂ ਨੇ ਕਿਹਾ ਕਿ ਤਿਉਹਾਰੀ ਸੀਜ਼ਨ ਪਿਛੋਂ ਇਸ ਮਾਮਲੇ ਬਾਰੇ ਐੱਸ.ਐੱਸ.ਪੀ. ਡਾ. ਅਖਿਲ ਚੌਧਰੀ ਆਈ.ਪੀ.ਐੱਸ. ਨੂੰ ਬੇਨਤੀ ਕਰਕੇ ਉਨ੍ਹਾਂ ਦੇ ਹੁਕਮਾਂ ਅਨੁਸਾਰ ਵਿਕਾਸ ਮਿਸ਼ਨ ਦੇ ਸੁਝਾਵਾਂ ਸਬੰਧੀ ਕਾਰਵਾਈ ਕੀਤੀ ਜਾਵੇਗੀ।ਮਿਸ਼ਨ ਦੇ ਵਫ਼ਦ ਵੱਲੋਂ ਉਕਤ ਸੁਝਾਵਾਂ ਸਬੰਧੀ ਡੀ.ਐੱਸ.ਪੀ. (ਐੱਚ) ਨੂੰ ਇਕ ਸੁਝਾਅ ਪੱਤਰ ਵੀ ਦਿੱਤਾ ਗਿਆ।

## ਫੂਡ ਸੇਫਟੀ ਟੀਮ ਨੇ ਮਠਿਆਈ ਤੇ ਖੋਏ ਦੇ ਸੈਂਪਲ ਭਰੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਆਦੇਸ਼ਾਂ ਅਨੁਸਾਰ ਫੂਡ ਸੇਫ਼ਟੀ ਟੀਮ ਪਟਿਆਲਾ ਵੱਲੋਂ ਜ਼ਿਲ੍ਹਾ ਸਿਹਤ ਅਫਸਰ ਡਾ. ਗੁਰਪ੍ਰੀਤ ਕੌਰ ਦੀ ਅਗਵਾਈ ਹੇਠ ਤਿਉਹਾਰੀ ਮੌਸਮ ਦੇ ਪ੍ਰਸੰਗ ਵਿੱਚ ਕਈ ਖਾਣ-ਪੀਣ ਸੰਬੰਧੀ ਵਸਤਾਂ ਦੀ ਜਾਂਚ ਕੀਤੀ ਗਈ। ਇਸ ਦੌਰਾਨ ਕੁੱਲ 12 ਸੈਂਪਲ ਲੈਬ ਟੈਸਟ ਲਈ ਇਕੱਤਰ ਕੀਤੇ ਗਏ। ਜਾਂਚ ਦੌਰਾਨ 5 ਸੈਂਪਲ ਮਠਿਆਈਆਂ ਅਤੇ ਖੋਇਆ ਤਿਆਰ ਕਰਨ ਵਾਲੀਆਂ ਇਕਾਈਆਂ ਤੋਂ ਲਏ ਗਏ। ਕੁਝ ਇਕਾਈਆਂ ਵਿੱਚ ਉਤਪਾਦਨ ਪ੍ਰਕਿਰਿਆ ਗੰਦਗੀ ਭਰੇ ਹਾਲਾਤ ਵਿੱਚ ਚੱਲ ਰਹੀ ਸੀ, ਜਿਸ ਕਾਰਨ ਸੰਬੰਧਤ ਇਕਾਈ ਦਾ ਚਲਾਨ ਕੀਤਾ ਗਿਆ। ਮਠਿਆਈ ਇਕਾਈਆਂ ਤੋਂ ਲਏ ਗਏ ਖਾਸ ਸੈਂਪਲਾਂ ਵਿੱਚ ਮਠਿਆਈ, ਖੋਇਆ, ਰਸਗੁੱਲਾ ਅਤੇ ਛੇਣਾ ਸ਼ਾਮਲ ਸਨ। ਜਾਂਚ ਦੌਰਾਨ ਲਗਭਗ 107 ਕਿਲੋਗ੍ਰਾਮ ਸ਼ੱਕੀ ਖੋਇਆ ਅਤੇ 25 ਕਿਲੋਗ੍ਰਾਮ ਸ਼ੱਕੀ ਮਿੱਠਾ ਖੋਇਆ ਜ਼ਬਤ ਕੀਤਾ ਗਿਆ। ਸਾਰੇ 12 ਸੈਂਪਲ ਵਿਸਤ੍ਰਿਤ ਜਾਂਚ ਲਈ ਸਟੇਟ ਫੂਡ ਲੈਬ ਖਰੜ ਭੇਜੇ ਗਏ ਹਨ। ਸਾਰੇ ਫੂਡ ਕਾਰੋਬਾਰੀਆਂ, ਖਾਸਕਰ ਖੋਇਆ ਇਕਾਈਆਂ ਦੇ ਮਾਲਕਾਂ ਨੂੰ ਐਫ.ਐਸ.ਐਸ.ਏ.ਆਈ./ਐਫ.ਐਸ.ਐਮ.ਐਸ ਦੇ ਨਿਯਮਾਂ ਅਨੁਸਾਰ ਗੁੱਡ ਮੈਨੂਫੈਕਚਰਿੰਗ ਪ੍ਰੈਕਟਿਸਜ਼ ਅਤੇ ਗੁੱਡ ਹਾਈਜੀਨਿਕ ਪ੍ਰੈਕਟਿਸਜ਼ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ।ਇਸ ਦੌਰਾਨ ਨਿੱਜੀ ਸਫ਼ਾਈ, ਇਕਾਈ ਦੀ ਸਫ਼ਾਈ, ਰਿਕਾਰਡ ਰੱਖਣ, ਕੀੜੇ-ਮਕੌੜੇ ਨਿਯੰਤਰਣ ਅਤੇ ਪਾਣੀ/ਵੇਸਟ ਨਿਪਟਾਰੇ 'ਤੇ ਖਾਸ ਜ਼ੋਰ ਦਿੱਤਾ ਗਿਆ ਤਾਂ ਜੋ ਤਿਉਹਾਰੀ ਮੌਸਮ ਦੌਰਾਨ ਖਾਣ-ਪੀਣ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਇਸ ਮੌਕੇ ਫੂਡ ਸੇਫਟੀ ਇੰਸਪੈਕਟਰ ਤਰੁਨ ਬਾਂਸਲ, ਜਸਵਿੰਦਰ ਸਿੰਘ ਅਤੇ ਗੌਰਵ ਕੁਮਾਰ ਮੌਜੂਦ ਸਨ।

## ਬਲਾਕ ਅਧੀਨ ਡੇਂਗੂ ਦੇ ਕੇਸਾਂ ਸੰਬੰਧੀ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ : ਡਾ. ਜੀ ਐੱਸ ਭਿੰਡਰ



**ਸ਼ੇਰਪੁਰ (ਰਵੀ ਟਿੱਬਾ)**-ਡੇਂਗੂ ਦੀ ਬਿਮਾਰੀ ਨੂੰ ਲੈ ਕੇ ਬਲਾਕ ਫ਼ਤਿਹਗੜ੍ਹ ਪੰਜਗਰਾਈਆਂ ਅਧੀਨ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ।ਗਰਾਊਂਡ ਤੋਂ ਪ੍ਰਾਪਤ ਰਿਪੋਰਟਾਂ ਦੇ ਅਨੁਸਾਰ ਬਲਾਕ ਵਿੱਚ ਮੌਜੂਦਾ ਸਮੇਂ ਵਿੱਚ ਡੇਂਗੂ ਦਾ ਇੱਕ ਵੀ ਕੇਸ ਨਹੀਂ ਹੈ। ਇਹ ਜਾਣਕਾਰੀ ਸੀਨੀਅਰ ਮੈਡੀਕਲ ਅਫ਼ਸਰ ਪੀ.ਐਚ.ਸੀ.ਫ਼ਤਿਹਗੜ੍ਹ ਪੰਜਗਰਾਈਆਂ ਡਾ. ਗੁਰਪ੍ਰਕਾਸ਼ ਸਿੰਘ ਭਿੰਡਰ ਨੇ ਦਿੱਤੀ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਮਲੇਰਕੋਟਲਾ ਸ਼੍ਰੀ ਵਿਰਾਜ ਐਸ. ਤਿੜਕੇ ਤੇ ਸਿਵਲ ਸਰਜਨ ਮਲੇਰਕੋਟਲਾ ਡਾਕਟਰ ਸੰਜੇ ਗੋਇਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡੇਂਗੂ ਦੀ ਬਿਮਾਰੀ ਨੂੰ ਲੈ ਕੇ ਜਨਤਾ ਵਿਚ ਜਾਗਰੂਕਤਾ ਪੈਦਾ ਕਰਨ ਅਤੇ ਮੱਛਰਾਂ ਦੀ ਪੈਦਾਵਾਰ ਨੂੰ ਰੋਕਣ ਲਈ ਸਿਹਤ ਵਿਭਾਗ ਵੱਲੋਂ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਵਿਭਾਗ ਵੱਲੋਂ ਕੀਤੇ ਜਾ ਰਹੇ ਪ੍ਰਭਾਵਸ਼ਾਲੀ ਉਪਰਾਲਿਆਂ ਕਾਰਨ ਇਸ ਸਮੇਂ ਬਲਾਕ ਫ਼ਤਿਹਗੜ੍ਹ ਪੰਜਗਰਾਈਆਂ ਵਿੱਚ ਡੇਂਗੂ ਦੀ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ।ਸਿਹਤ ਵਿਭਾਗ ਦੀਆਂ ਮੋਬਾਈਲ ਟੀਮਾਂ ਵੱਲੋਂ ਘਰ-ਘਰ ਜਾ ਕੇ ਜਾਂਚ ਕੀਤੀ ਜਾ ਰਹੀ ਹੈ, ਜਿੱਥੇ ਮੱਛਰਾਂ ਦੀ ਪੈਦਾਵਾਰ ਵਾਲੇ ਸਥਾਨਾਂ ਨੂੰ ਤੁਰੰਤ ਨਸ਼ਟ ਕੀਤਾ ਜਾ ਰਿਹਾ ਹੈ, ਉੱਥੇ ਸਮੇਂ-ਸਮੇਂ ਤੇ ਮੱਛਰਾਂ ਦੇ ਖਾਤਮੇ ਲਈ ਫੋਗਿੰਗ ਕਰਾਈ ਜਾ ਰਹੀ ਹੈ।ਡਾਕਟਰ ਭਿੰਡਰ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਆਪਣੇ ਆਸ-ਪਾਸ ਦੀ ਸਫ਼ਾਈ ਬਣਾਈ ਰੱਖਣ, ਪਾਣੀ ਵਾਲੇ ਬਰਤਨਾਂ ਨੂੰ ਢਕ ਕੇ ਰੱਖਣ ਤੇ ਹਫ਼ਤੇ ਵਿੱਚ ਘੱਟੋ-ਘੱਟ ਇੱਕ ਵਾਰ ਪਾਣੀ ਖਾਲੀ ਕਰਨ।ਡੇਂਗੂ ਤੋਂ ਬਚਾਅ ਲਈ ਸਾਵਧਾਨੀਆਂ ਵਰਤਦੇ ਰਹਿਣ ਤੇ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ 'ਤੇ ਵਿਸ਼ਵਾਸ ਨਾ ਕਰਨ।ਸਰਕਾਰ ਤੇ ਸਿਹਤ ਵਿਭਾਗ ਦੀਆਂ ਸਾਂਝੀਆਂ ਕੋਸ਼ਿਸ਼ਾਂ ਨਾਲ ਬਲਾਕ ਅਧੀਨ ਡੇਂਗੂ ਦੀ ਸਥਿਤੀ ਪੂਰੀ ਤਰ੍ਹਾਂ ਨਿਯੰਤਰਣ ਹੇਠ ਹੈ।

## ਪੀ ਜੀ ਆਈ ਦੇ ਪ੍ਰੋ. ਖੈਵਾਲ ਨੇ ਐਟਮੌਸਫੇਰਿਕ ਸਾਇੰਸਿਜ਼ 'ਚ ਕੀਤਾ ਪਹਿਲਾ ਸਥਾਨ ਹਾਸਲ



**ਸਮਰਾਲਾ (ਸੁਰਜੀਤ ਸਿੰਘ)**-ਪੀ ਜੀ ਆਈ ਚੰਡੀਗੜ੍ਹ ਦੇ ਕਮਿਊਨਿਟੀ ਮੈਡੀਸਿਨ ਅਤੇ ਸਕੂਲ ਆਫ਼ ਪਬਲਿਕ ਹੈਲਥ ਵਿਭਾਗ ਵਿੱਚ ਵਾਤਾਵਰਣਕ ਸਿਹਤ ਦੇ ਪ੍ਰੋਫ਼ੈਸਰ ਡਾ. ਰਵਿੰਦਰ ਖੈਵਾਲ ਨੇ ਸਟੈਨਫੋਰਡ ਯੂਨੀਵਰਸਿਟੀ ਅਤੇ ਐਲਸਿਵੀਅਰ ਸਕੋਪਸ ਰੈਂਕਿੰਗ ਵਿੱਚ ਮੌਸਮ ਵਿਗਿਆਨ ਅਤੇ ਐਟਮੌਸਫੇਰਿਕ ਸਾਇੰਸਿਜ਼ ਦੇ ਖੇਤਰ ਵਿੱਚ ਭਾਰਤੀ ਵਿਗਿਆਨੀਆਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਮੌਸਮ ਵਿਗਿਆਨ ਅਤੇ ਐਟਮੌਸਫੇਰਿਕ ਸਾਇੰਸਿਜ਼ ਵਿੱਚ ਪ੍ਰੋ. ਖੈਵਾਲ ਨੇ ਭਾਰਤ ਦੇ 16 ਵਿਗਿਆਨੀਆਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਸਿਰਫ਼ 2024 ਦੇ ਇੱਕ ਸਾਲ ਦੇ ਮੁਲਾਂਕਣ ਵਿੱਚ ਉਹ ਭਾਰਤ ਵਿੱਚ 28 ਵਿਗਿਆਨੀਆਂ ਵਿੱਚੋਂ ਦੂਜੇ ਤੇ ਵਿਸ਼ਵ ਪੱਧਰ 'ਤੇ 2,285 ਵਿਗਿਆਨੀਆਂ ਵਿੱਚੋਂ 133ਵੇਂ ਸਥਾਨ 'ਤੇ ਰਹੇ। ਪੀ ਜੀ ਆਈ ਵਿੱਚ ਡਾ. ਖੈਵਾਲ ਨੇ ਇੱਕ ਸਾਲ ਦੇ ਪ੍ਰਦਰਸ਼ਨ ਵਿੱਚ 49 ਵਿਗਿਆਨੀਆਂ ਵਿੱਚ ਪਹਿਲਾ ਅਤੇ ਪੂਰੇ ਕਰੀਅਰ ਅਧਾਰ 'ਤੇ 25 ਵਿਗਿਆਨੀਆਂ ਵਿੱਚ ਦੂਜਾ ਸਥਾਨ ਹਾਸਲ ਕੀਤਾ ਹੈ। ਇਹ ਰੈਂਕਿੰਗ ਡਾ. ਖੈਵਾਲ ਨੂੰ ਵਿਸ਼ਵ ਦੇ ਉੱਚੇ 2% ਵਿਗਿਆਨੀਆਂ ਵਿੱਚ ਸ਼ਾਮਲ ਕਰਦੀ ਹੈ।

...ਸਫ਼ਾ 1 ਦੇ ਬਾਕੀ

### ਸੰਦੀਪ ਕੁਮਾਰ ਦਾ ਪਰਵਾਰ...

ਪੂਰਨ ਕੁਮਾਰ ਦੇ ਕੁਝ ਸੀਨੀਅਰ ਅਧਿਕਾਰੀਆਂ ਅਤੇ ਸਾਥੀਆਂ ਵਿਰੁੱਧ ਭ੍ਰਿਸ਼ਟਾਚਾਰ ਅਤੇ ਜਾਤੀ ਅਧਾਰਤ ਤੰਗ-ਪ੍ਰੇਸ਼ਾਨ ਕਰਨ ਦੇ ਗੰਭੀਰ ਦੋਸ਼ ਲਗਾਏ ਸਨ। ਪਰਵਾਰ ਨੇ ਮੰਗ ਕੀਤੀ ਹੈ ਕਿ ਫੌਰੀ ਇਨ੍ਹਾਂ ਅਧਿਕਾਰੀਆਂ ਖਿਲਾਫ਼ ਕੇਸ ਦਰਜ ਕਰਕੇ ਉਪਰੋਕਤ ਦੋਸ਼ਾਂ ਦੀ ਨਿਰਪੱਖ ਜਾਂਚ ਕੀਤੀ ਜਾਵੇ। ਸੰਦੀਪ ਦੇ ਚਚੇਰੇ ਭਰਾ ਸੰਜੈ ਨੇ ਕਿਹਾ, "ਅਸੀਂ ਲਾਸ਼ ਪੋਸਟਮਾਰਟਮ ਲਈ ਉਦੋਂ ਤੱਕ ਨਹੀਂ ਸੌਂਪਾਂਗੇ, ਜਦੋਂ ਤੱਕ ਖ਼ੁਦਕੁਸ਼ੀ ਨੋਟ ਵਿੱਚ ਨਾਮਜ਼ਦ ਵਿਅਕਤੀਆਂ ਵਿਰੁੱਧ ਐੱਫ ਆਈ ਆਰ ਦਰਜ ਨਹੀਂ ਹੋ ਜਾਂਦੀ। ਸਾਡੇ ਭਰਾ ਨੇ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਕਰਨ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ।" ਤਣਾਅਪੂਰਨ ਮਾਹੌਲ ਕਾਰਨ ਪਿੰਡ ਵਿੱਚ ਪੁਲਸ ਤਾਇਨਾਤ ਕਰ ਦਿੱਤੀ ਗਈ ਹੈ। ਸੰਦੀਪ ਕੁਮਾਰ ਨੇ ਮੰਗਲਵਾਰ ਦੁਪਹਿਰ ਨੂੰ ਲਾਢੌਤ ਪਿੰਡ ਦੇ ਬਾਹਰਵਾਰ ਇੱਕ ਕਮਰੇ ਵਿੱਚ ਆਪਣੀ ਸਰਵਿਸ ਪਿਸਤੌਲ ਨਾਲ ਆਪਣੇ-ਆਪ ਨੂੰ ਗੋਲੀ ਮਾਰ ਲਈ ਸੀ।

ਖ਼ੁਦਕੁਸ਼ੀ ਕਰਨ ਤੋਂ ਪਹਿਲਾਂ ਸੰਦੀਪ ਨੇ 6 ਮਿੰਟ 28 ਸਕਿੰਟ ਦਾ ਇੱਕ ਵੀਡੀਓ ਰਿਕਾਰਡ ਕੀਤਾ, ਜਿਸ ਵਿੱਚ ਉਸ ਨੇ ਡੀ ਜੀ ਪੀ ਸ਼ਤਰੂਜੀਤ ਕਪੂਰ ਅਤੇ ਰੋਹਤਕ ਦੇ ਸਾਬਕਾ ਪੁਲਸ ਸੁਪਰਡੈਂਟ ਨਰੇਂਦਰ ਬਿਜਾਰਨੀਆ ਦੀ ਇਮਾਨਦਾਰੀ ਦੀ ਪ੍ਰਸ਼ੰਸਾ ਕੀਤੀ ਹੈ।

### ਐਡਮਿੰਟਨ 'ਚ ਪੋਸਤ...

ਪੁਲਸ ਦੇ ਡਰੱਗ ਐਂਡ ਗੈਂਗ ਐਨਫੋਰਸਮੈਂਟ ਟੀਮ ਦੇ ਬੁਲਾਰੇ ਸਾਰਜੈਂਟ ਮਾਰਕੋ ਐਂਟੋਨੀਓ ਨੇ ਦੱਸਿਆ ਕਿ ਸ਼ਹਿਰ ਦੇ ਉੱਤਰ ਪੂਰਬੀ ਖੇਤਰ 'ਚ 195 ਐਵੇਨਿਊ ਅਤੇ 34 ਸਟਰੀਟ ਸਥਿਤ ਫਾਰਮ ਹਾਊਸ ਵਿੱਚ ਨਸ਼ੇ ਵਾਲੇ ਪਾਬੰਦੀਸ਼ੁਦਾ ਬੂਟਿਆਂ ਦੀ ਖੇਤੀ ਬਾਰੇ ਪਤਾ ਲੱਗਾ ਤਾਂ ਉਸ 'ਤੇ ਨਿਗ੍ਹਾ ਰੱਖੀ ਗਈ। ਬੁਲਾਰੇ ਨੇ ਦੱਸਿਆ ਕਿ ਪੋਸਤ ਉਤਪਾਦਨ ਦੀ ਬਾਜ਼ਾਰੀ ਕੀਮਤ ਡੇਢ ਤੋਂ 5 ਲੱਖ ਦੱਸੀ ਜਾਂਦੀ ਹੈ। ਉਸ ਨੇ ਦੱਸਿਆ ਕਿ ਪੋਸਤ ਦੇ ਡੋਡਿਆਂ ਦੇ ਰਸ ਤੋਂ ਅਫੀਮ ਤੇ ਹੈਰੋਇਨ ਬਣਾਈ ਜਾਂਦੀ ਹੈ ਤੇ ਇਸ ਨੂੰ ਗੈਰਕਾਨੂੰਨੀ ਢੰਗ ਨਾਲ ਵੇਚਿਆ ਜਾਂਦਾ ਹੈ। ਬੁਲਾਰੇ ਨੇ ਦੱਸਿਆ ਕਿ ਕੈਨੇਡਾ ਵਿੱਚ ਪੋਸਤ ਦੀ ਨਜਾਇਜ਼ ਖੇਤੀ ਦਾ ਇਹ ਦੂਜਾ ਮਾਮਲਾ ਹੈ।

### ਅਮਨ ਅਰੋੜਾ ਨੇ ਹੜ੍ਹ ਪੀੜਤਾਂ...

ਮੁਆਵਜੇ ਦੀ ਰਾਸ਼ੀ ਵਧਾ ਕੇ 20 ਹਜ਼ਾਰ ਕੀਤੀ ਹੈ।

ਐੱਮ ਐੱਲ ਏ ਰਾਜਪੁਰਾ ਨੀਨਾ ਮਿੱਤਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਉਹਨਾ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਮੁਤਾਬਕ ਦੀਵਾਲੀ ਤੋਂ ਪਹਿਲਾਂ-ਪਹਿਲਾਂ ਉਹਨਾਂ ਦੇ ਹਨੇਰੇ ਘਰਾਂ ਵਿੱਚ ਰੌਸ਼ਨੀ ਦੀ ਚਿਣਗ ਬਾਲੀ ਗਈ ਹੈ। ਭਾਵੇਂ ਨੁਕਸਾਨ ਦੇ ਮੁਕਾਬਲੇ ਮੁਆਵਜ਼ਾ ਪੂਰਾ ਮੁੱਲ ਨਹੀਂ ਮੋੜ ਸਕਦਾ, ਪਰੰਤੂ ਇਸ ਨਾਲ ਸਰਕਾਰ ਵੱਲੋਂ ਇੱਕ ਇਹ ਵਚਨਬੱਤਾ ਜ਼ਾਹਿਰ ਹੋ ਜਾਂਦੀ ਹੈ ਕਿ ਸਰਕਾਰ ਦੁੱਖ ਦੀ ਘੜੀ ਵਿੱਚ ਆਪਣੇ ਲੋਕਾਂ ਦੇ ਨਾਲ ਹੈ। ਉਨ੍ਹਾ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਵੀ ਹੜ੍ਹ ਪ੍ਰਭਾਵਤਾਂ ਨੂੰ ਮੁਆਵਜ਼ੇ ਦੀ ਵੰਡ ਦੀ ਸ਼ੁਰੂਆਤ ਕਰਨ 'ਤੇ ਉਹਨਾ ਦਾ ਧੰਨਵਾਦ ਪ੍ਰਗਟਾਇਆ।

### ਵਧਦੀਆਂ ਨਫਰਤੀ...

ਉਸ ਆਦਮੀ ਵਿਚ ਏਨੀ ਹਿੰਮਤ ਹੈ ਕਿ ਉਸ ਨੇ ਕਿਹਾ ਹੈ ਕਿ ਮੈਨੂੰ ਇਸ ਦਾ ਕੋਈ ਪਛਤਾਵਾ ਨਹੀਂ । ਭਾਰਤ ਦੇ ਚੀਫ ਜਸਟਿਸ 'ਤੇ ਹਮਲੇ ਨੂੰ ਜਾਇਜ਼ ਠਹਿਰਾਉਣ ਵਾਲੇ ਭਾਜਪਾ ਸਮਰਥਕਾਂ ਦੇ ਸਮੂਹ ਵੱਲੋਂ ਜਸ਼ਨਾਂ ਦੀਆਂ ਕਾਰਵਾਈਆਂ ਅੱਤ ਘਿਨੌਣੀਆਂ ਹਨ। ਜਸਟਿਸ ਗਵਈ ਦੀ ਇਹ ਪਛਾਣ ਕਿ ਉਹ ਭਾਰਤ ਦੇ ਇੱਕੋ-ਇੱਕ ਅੰਬੇਡਕਰਵਾਦੀ ਬੋਧੀ ਅਤੇ ਦੂਜੇ ਦਲਿਤ ਚੀਫ਼ ਜਸਟਿਸ ਹਨ, ਇਸ ਹਮਲੇ ਵਿੱਚ ਇੱਕ ਮਹੱਤਵਪੂਰਨ ਪਹਿਲੂ ਜੋੜਦੀ ਹੈ। ਇਹੀ ਤੱਥ ਇਸ ਹਮਲੇ ਨੂੰ ਖਾਸ ਤੌਰ 'ਤੇ ਭਿਆਨਕ ਬਣਾਉਂਦਾ ਹੈ ਅਤੇ ਜਾਤੀ-ਅਧਾਰਤ ਅਪਮਾਨ ਦੇ ਇਤਿਹਾਸਕ ਪਹਿਲੂ ਨੂੰ ਉਜਾਗਰ ਕਰਦਾ ਹੈ। ਫ਼ੋਰਮ ਨੇ ਮੰਗ ਕੀਤੀ ਕਿ ਦੋਸ਼ੀ ਨੂੰ ਕਾਨੂੰਨ ਅਨੁਸਾਰ ਕਠੋਰ ਸਜ਼ਾ ਦਿੱਤੀ ਜਾਵੇ ਅਤੇ ਉਸ ਨੂੰ ਵਕੀਲ ਦੇ ਰੂਪ ਵਿੱਚ ਸਥਾਈ ਤੌਰ 'ਤੇ ਬਰਖਾਸਤ ਕੀਤਾ ਜਾਵੇ। ਗ੍ਰਿਹ ਮੰਤਰੀ ਅਤੇ ਕਾਨੂੰਨ ਮੰਤਰੀ ਦੀ ਚੁੱਪੀ ਵੀ ਸਵਾਲ ਖੜ੍ਹੇ ਕਰਦੀ ਹੈ। ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਜਿਹੀ ਘਟਨਾ ਭਵਿੱਖ ਵਿੱਚ ਦੁਬਾਰਾ ਨਾ ਵਾਪਰੇ। ਵਿਚਾਰ-ਚਰਚਾ ਵਿੱਚ ਪ੍ਰੋਫੈਸਰ ਜਗਮੋਹਨ ਸਿੰਘ, ਡਾਕਟਰ ਮਹਿੰਦਰ ਕੌਰ ਗਰੇਵਾਲ, ਗੁਲਜ਼ਾਰ ਗੋਰੀਆ, ਇੰਦਰਜੀਤ ਸਿੰਘ ਸੋਢੀ ਐਡਵੋਕੇਟ, ਡਾਕਟਰ ਰਣਜੀਤ ਸਿੰਘ, ਡਾਕਟਰ ਪ੍ਰਗਿਆ ਸ਼ਰਮਾ ਤੇ ਐਡਵੋਕੇਟ ਯੋਗੇਸ਼ ਕੁਮਾਰ ਆਦਿ ਨੇ ਭਾਗ ਲਿਆ। ਰਮੇਸ਼ ਰਤਨ, ਨਰੇਸ਼ ਗੌੜ, ਕੇਵਲ ਸਿੰਘ ਬਨਵੈਤ, ਜਗਦੀਸ਼ ਚੰਦ, ਟਾਈਗਰ ਸਿੰਘ, ਬੀ ਐੱਮ ਫਰੈਡਰਿਕ, ਅਜੀਤ ਜਵੱਦੀ, ਵਿਜੇ ਕੁਮਾਰ, ਇੰਦਰਜੀਤਪਾਲ ਕੌਰ, ਸ਼ੁਭਦੀਪ, ਵਿਨੋਦ ਸੂਦ, ਕਮਲੇਸ਼ ਕੁਮਾਰ ਕੌੜਾ, ਅਵਤਾਰ ਛਿੱਬੜ, ਪ੍ਰਵੀਨ ਕੁਮਾਰ ਤੇ ਮਲਕੀਤ ਮਾਲੜਾ ਆਦਿ ਵੀ ਵਿਚਾਰ ਚਰਚਾ 'ਚ ਸ਼ਾਮਲ ਹੋਏ। ਫੋਰਮ ਦੇ ਸਹਿ-ਕਨਵੀਨਰ ਐੱਮ ਐੱਸ ਭਾਟੀਆ ਨੇ ਚਰਚਾ ਦੇ ਮੰਚ ਦਾ ਸੰਚਾਲਨ ਕੀਤਾ। ਡਾ. ਰਜਿੰਦਰ ਪਾਲ ਸਿੰਘ ਔਲਖ ਨੇ ਹੋਈ ਵਿਚਾਰ-ਚਰਚਾ ਨੂੰ ਸਮੇਟਦੇ ਹੋਏ ਆਪਣੇ ਵਿਚਾਰ ਪ੍ਰਗਟ ਕੀਤੇ । ਸਮਾਗਮ ਦੀ ਪ੍ਰਧਾਨਗੀ ਕਰ ਰਹੇ ਡਾਕਟਰ ਗੁਰਚਰਨ ਕੌਰ ਕੋਚਰ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਦੇਸ਼ ਭਗਤ ਗਲੋਬਲ 'ਚ ਬਿਨਾਂ ਅੱਗ ਖਾਣਾ ਬਣਾਉਣ ਦਾ ਮੁਕਾਬਲਾ ਕਰਾਇਆ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਅਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿੱਚ ਜਮਾਤ ਪਹਿਲੀ ਤੋਂ ਅੱਠਵੀਂ ਤੱਕ ਦੇ ਵਿਦਿਆਰਥੀਆਂ ਵਿੱਚ ਬਿਨਾਂ ਅੱਗ ਦੇ ਖਾਣਾ ਬਣਾਉਣ ਦਾ ਮੁਕਾਬਲਾ ਕਰਾਇਆ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਤੇ ਸਿਹਤਮੰਦ ਖੁਰਾਕ ਵੱਲ ਰੁਝਾਨ ਦਿਖਾਇਆ। ਬੱਚਿਆਂ ਨੇ ਵੱਖ-ਵੱਖ ਕਿਸਮਾਂ ਦੇ ਸੈਂਡਵਿਚ, ਫ਼ਲਾਂ ਦੇ ਸਲਾਦ, ਸਪ੍ਰਾਊਟ ਚਾਟ, ਬਿਸਕੁਟ ਡੈਕੋਰੇਸ਼ਨ, ਜੂਸ ਆਦਿ ਬਣਾਏ।ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਬੱਚਿਆਂ ਦੇ ਉਤਸ਼ਾਹ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਵਿੱਚ ਸਿਹਤਮੰਦ ਭੋਜਨ ਦੀ ਜਾਗਰੂਕਤਾ ਪੈਦਾ ਕਰਦੇ ਹਨ ਤੇ ਉਨ੍ਹਾਂ ਵਿੱਚ ਨਵਚੇਤਨਾ ਦਾ ਵਿਕਾਸ ਕਰਦੇ ਹਨ। ਪ੍ਰਿੰਸੀਪਲ ਜਿੰਦਲ ਨੇ ਕਿਹਾ ਕਿ ਇਹ ਮੁਕਾਬਲਾ ਬੱਚਿਆਂ ਵਿੱਚ ਸਿਹਤਮੰਦ ਖੁਰਾਕ ਪ੍ਰਤੀ ਰੁਝਾਨ ਪੈਦਾ ਕਰਨ ਦਾ ਇੱਕ ਸਰਾਹਣਯੋਗ ਯਤਨ ਹੈ।

ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਨੂੰ ਸਿਰਫ਼ ਖਾਣਾ ਬਣਾਉਣ ਦੀ ਕਲਾ ਹੀ ਨਹੀਂ ਸਿਖਾਉਂਦੀਆਂ, ਸਗੋਂ ਉਨ੍ਹਾਂ ਵਿੱਚ ਰਚਨਾਤਮਕਤਾ, ਸਹਿਯੋਗ ਅਤੇ ਸਵੈ-ਨਿਰਭਰਤਾ ਦੇ ਗੁਣ ਵੀ ਵਿਕਸਤ ਕਰਦੀਆਂ ਹਨ। ਉਹਨਾਂ ਸਾਰੇ ਭਾਗੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਬੱਚਿਆਂ ਦਾ ਉਤਸ਼ਾਹ ਤੇ ਨਵੀਂ ਸੋਚ ਸਕੂਲ ਦਾ ਮਾਣ ਵਧਾਉਂਦੀ ਹੈ।ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਬਿਨਾ ਅੱਗ ਦੇ ਖਾਣਾ ਬਣਾਉਣ ਨਾਲ ਬੱਚਿਆਂ ਨੂੰ ਸੁਰੱਖਿਆ ਅਤੇ ਸਵੈ-ਨਿਰਭਰਤਾ ਬਾਰੇ ਵੀ ਸਿੱਖਣ ਦਾ ਮੌਕਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਬਿਨਾਂ ਅੱਗ ਦੇ ਖਾਣਾ ਬਣਾਉਣ ਵਾਲੇ ਮੁਕਾਬਲੇ ਨਾਲ ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਖਾਣਾ ਤਿਆਰ ਕਰਨ ਦੀ ਕਲਾ ਸਿੱਖਣ ਦਾ ਮੌਕਾ ਮਿਲਦਾ ਹੈ। ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਵਿੱਚ ਸਿਹਤਮੰਦ ਖੁਰਾਕ ਪ੍ਰਤੀ ਜਾਗਰੂਕਤਾ ਪੈਦਾ ਕਰਦੀਆਂ ਹਨ ਤੇ ਉਨ੍ਹਾਂ ਦੀ ਸਿਰਜਣਾਤਮਕ ਸੋਚ ਨੂੰ ਉਤਸ਼ਾਹਤ ਕਰਦੀਆਂ ਹਨ।

## ਹੜ੍ਹ ਪ੍ਰਭਾਵਤ ਪਰਵਾਰਾਂ ਨੂੰ ਘਰ ਬਣਾਉਣ ਲਈ ਪ੍ਰਤੀ ਪਰਵਾਰ 1.6 ਲੱਖ ਰੁਪਏ ਦੇਣਾ ਕੇਂਦਰ ਦਾ ਸ਼ਲਾਘਾਯੋਗ ਕਦਮ : ਡਾ. ਸੀਮਾਂਤ ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਾਲ ਹੀ ਵਿੱਚ ਪੰਜਾਬ ਵਿੱਚ ਭਾਰੀ ਬਾਰਸ਼ ਅਤੇ ਹੜ੍ਹਾਂ ਕਾਰਨ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਹੋਇਆ ਹੈ ਤੇ ਉਨ੍ਹਾਂ ਦੇ ਘਰਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ।ਪੰਜਾਬ ਸਰਕਾਰ ਵੱਲੋਂ ਕੇਂਦਰ ਨੂੰ ਭੇਜੀ ਗਈ ਰਿਪੋਰਟ ਅਨੁਸਾਰ ਪੰਜਾਬ ਵਿੱਚ 36,703 ਹੜ੍ਹ ਪ੍ਰਭਾਵਤ ਘਰਾਂ ਨੂੰ ਭਾਰੀ ਨੁਕਸਾਨ ਹੋਇਆ ਹੈ ਅਤੇ ਉਹ ਰਹਿਣ ਯੋਗ ਨਹੀਂ ਹਨ।ਪੰਜਾਬ ਸਰਕਾਰ ਨੇ ਉਨ੍ਹਾਂ ਨੂੰ ਦੁਬਾਰਾ ਬਣਾਉਣ ਲਈ ਕੇਂਦਰ ਤੋਂ ਵਿੱਤੀ ਸਹਾਇਤਾ ਦੀ ਮੰਗ ਕੀਤੀ ਸੀ।ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਸਹਾਇਤਾ ਲਈ ਪੰਜਾਬ ਸਰਕਾਰ ਦੀ ਮੰਗ ਨੂੰ ਸਵੀਕਾਰ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਸਰਕਾਰ ਦੇ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਨੂੰ ਪੰਜਾਬ ਨੂੰ ਇੱਕ ਪੱਤਰ ਭੇਜਿਆ, ਜਿਸ ਵਿੱਚ ਐਲਾਨ ਕੀਤਾ ਗਿਆ ਕਿ ਪੰਜਾਬ ਦੇ 36,803 ਹੜ੍ਹ ਪ੍ਰਭਾਵਿਤ ਪਰਵਾਰਾਂ ਲਈ ਘਰ ਬਣਾਉਣ ਲਈ ਪ੍ਰਤੀ ਘਰ 1.6 ਲੱਖ ਰੁਪਏ ਦਿੱਤੇ ਜਾਣਗੇ।ਇਹ ਪੱਤਰ ਚੰਡੀਗੜ੍ਹ ਵਿੱਚ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਨੇ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਸੌਂਪਿਆ ਤਾਂ ਜੁ ਪ੍ਰਭਾਵਤ ਪਰਵਾਰ ਜਲਦੀ ਤੋਂ ਜਲਦੀ ਆਪਣੇ ਘਰਾਂ ਦੀ ਮੁਰੰਮਤ ਅਤੇ ਮੁੜ ਨਿਰਮਾਣ ਕਰ ਸਕਣ।ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਪਰਵਾਰਾਂ ਲਈ ਘਰ ਬਣਾਉਣ ਦਾ ਐਲਾਨ ਇੱਕ ਬਹੁਤ ਵਧੀਆ ਕਦਮ ਹੈ, ਕਿਉਂਕਿ ਇਹ ਹੜ੍ਹ ਪ੍ਰਭਾਵਤ ਪਰਵਾਰਾਂ ਨੂੰ ਹੋਏ ਨੁਕਸਾਨ ਦੀ ਭਰਪਾਈ ਵਿੱਚ ਮਦਦ ਕਰੇਗਾ।ਡਾ. ਸੀਮੰਤ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਪੰਜਾਬ ਦੇ ਪ੍ਰਭਾਵਤ ਪਰਵਾਰਾਂ ਲਈ ਚਿੰਤਤ ਹਨ ਅਤੇ ਹੜ੍ਹਾਂ ਦੌਰਾਨ ਵੀ ਉਨ੍ਹਾਂ ਨੇ ਹਵਾਈ ਸਰਵੇਖਣ ਕੀਤਾ ਅਤੇ ਤੁਰੰਤ ਪੰਜਾਬ ਸਰਕਾਰ ਨੂੰ 1,600 ਕਰੋੜ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਤਾਂ ਜੁ ਹੜ੍ਹ ਪ੍ਰਭਾਵਤ ਪਰਵਾਰ ਵਿੱਤੀ ਸਹਾਇਤਾ ਪ੍ਰਾਪਤ ਕਰ ਸਕਣ, ਆਪਣੀਆਂ ਫ਼ਸਲਾਂ ਦੁਬਾਰਾ ਬੀਜ ਸਕਣ ਅਤੇ ਆਪਣੇ ਘਰਾਂ ਵਿੱਚ ਰਹਿ ਸਕਣ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

# ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਮੋਦੀ ਸਰਕਾਰ ਖਿਲਾਫ ਪੁਤਲਾ ਫੂਕ ਪ੍ਰਦਰਸ਼ਨ



**ਪਠਾਨਕੋਟ (ਦਵਿੰਦਰ ਸਿੰਘ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਅਤੇ ਮਾਰਕਸਿਸਟ ਕਮਿਊਨਿਸਟ ਪਾਰਟੀ ਆਫ ਇੰਡੀਆ-ਯੂਨਾਈਟਡ (ਐੱਮ ਸੀ ਪੀ ਆਈ ਯੂ) 'ਤੇ ਆਧਾਰਿਤ ਕਮਿਊਨਿਸਟ ਕੋ-ਆਰਡੀਨੇਸ਼ਨ ਕਮੇਟੀ (ਸੀਸੀਆਈ) ਵੱਲੋਂ ਜਾਤੀਵਾਦੀ ਤੇ ਲਿੰਗਕ ਜਬਰ ਤੇ ਵਿਤਕਰੇ ਨੂੰ ਸੰਸਥਾਗਤ ਰੂਪ ਦੇਣ ਵਾਲੀ ਮਨੂੰਵਾਦੀ-ਹਿੰਦੂਤਵੀ ਸੋਚ ਖ਼ਿਲਾਫ਼ ਰੋਸ ਪ੍ਰਗਟਾਉਣ ਦੇ ਸੱਦੇ ਤਹਿਤ 15 ਅਕਤੂਬਰ ਨੂੰ ਜ਼ਿਲ੍ਹਾ ਪਠਾਨਕੋਟ ਦੇ ਪਿੰਡ ਘੋਹ ਵਿਖੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ।ਇਹ ਫੈਸਲਾ ਗਣੇਸ਼ਪੁਰੀ, ਜ਼ਿਲ੍ਹਾ ਥਾਣੇ (ਮਹਾਰਾਸ਼ਟਰਾ) ਵਿਖੇ ਹੋਈ ਦੋਨਾਂ ਪਾਰਟੀਆਂ ਦੀਆਂ ਕੇਂਦਰੀ ਕਮੇਟੀਆਂ ਦੀ ਸਾਂਝੀ ਮੀਟਿੰਗ ਵਿੱਚ ਲਿਆ ਗਿਆ ਸੀ। ਰੋਸ ਪ੍ਰਦਰਸ਼ਨ ਦੌਰਾਨ ਆਰਐੱਮਪੀਆਈ ਦੇ ਆਗੂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ, ਹਰਿਚਰਨ ਸਿੰਘ ਰੰਧਾਵਾ ਅਤੇ ਬਲਵੰਤ ਸਿੰਘ ਘੋਹ ਨੇ ਕਿਹਾ ਕਿ ਸਮਾਜਿਕ ਨਿਆਂ ਦੀ ਪ੍ਰਾਪਤੀ ਅਤੇ ਇਸਤਰੀਆਂ ਦੇ ਸਨਮਾਨ ਦੀ ਰਾਖੀ ਲਈ ਤੇ ਦਲਿਤਾਂ-ਔਰਤਾਂ ਖ਼ਿਲਾਫ਼ ਦੇਸ਼ ਭਰ 'ਚ ਵਧ ਰਹੇ ਜ਼ੁਲਮਾਂ ਤੇ ਵਿਤਕਰਿਆਂ ਖ਼ਿਲਾਫ਼ ਜ਼ੋਰਦਾਰ ਆਵਾਜ਼ ਬੁਲੰਦ ਕੀਤੇ ਜਾਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਆਰਐੱਸਐੱਸ ਨਾਲ ਜੁੜੇ ਇਕ ਸ਼ਖ਼ਸ ਵੱਲੋਂ ਭਾਰਤ ਦੀ ਸਰਬਉੱਚ ਅਦਾਲਤ ਦੇ ਮੁੱਖ ਜੱਜ ਵੱਲ ਜੁੱਤੀ ਵਗਾਹ ਕੇ ਮਾਰਨ ਤੇ ਹਰਿਆਣਾ ਵਿਖੇ ਅਖੌਤੀ ਉੱਚ ਜਾਤੀ ਨਾਲ ਸਬੰਧਤ ਅਧਿਕਾਰੀਆਂ ਦੇ ਜਾਤੀ ਸੂਚਕ ਵਿਵਹਾਰ ਤੋਂ ਤੰਗ ਆਏ ਦਲਿਤ ਆਈਪੀਐੱਸ ਅਧਿਕਾਰੀ ਵੱਲੋਂ ਖ਼ੁਦਕੁਸ਼ੀ ਕਰਨ ਨੂੰ ਸਧਾਰਨ ਜੁਰਮ ਸਮਝਣ ਦੀ ਭੁੱਲ ਨਹੀਂ ਕਰਨੀ ਚਾਹੀਦੀ। ਇਵੇਂ ਹੀ ਤਾਲਿਬਾਨ ਨੁਮਾਇੰਦਿਆਂ ਦੀ ਪੱਤਰਕਾਰ ਵਾਰਤਾ 'ਚ ਮਹਿਲਾ ਨਾਮਾਨਿਗਾਰ ਨੂੰ ਦਾਖ਼ਲ ਨਾ ਹੋਣ ਦੇਣ ਤੇ ਭਾਰਤ ਦੀ ਮੋਦੀ ਸਰਕਾਰ ਵੱਲੋਂ ਇਸ ਵਤੀਰੇ ਦਾ ਬਣਦਾ ਪ੍ਰਤੀਕਰਮ ਨਾ ਕਰਨਾ ਵੀ ਕੋਈ ਮਾਮੂਲੀ ਘਟਨਾ ਨਹੀਂ।ਇਸ ਮੌਕੇ ਉਪਿੰਦਰ ਸਿੰਘ ਘੋਹ, ਰਸ਼ਪਾਲ ਸਿੰਘ, ਰਘਬੀਰ ਸਿੰਘ ਧਲੋਰੀਆਂ, ਬਲਕਾਰ ਚੰਦ ਭਰਿਆਲ ਲਾਹੜੀ, ਦੇਵ ਰਾਜ ਸੁਜਾਨਪੁਰ, ਹਰਜੀਤ ਸਿੰਘ, ਸੁਖਦੇਵ ਸਿੰਘ ਢਢਵਾਲ, ਰਾਮ ਬਿਲਾਸ ਠਾਕੁਰ, ਯਸ਼ਪਾਲ, ਅਸ਼ਵਨੀ ਕੁਮਾਰ, ਰਣਯੋਧ ਸਿੰਘ, ਜਨਕ ਰਾਜ, ਹਰਬੰਸ ਲਾਲ ਘੋਹ, ਸੋਹਣ ਲਾਲ, ਮਨਹਰਨ, ਦਰਸ਼ਨ ਸਿੰਘ ਜਿਆਣੀ ਅਤੇ ਹੋਰ ਆਗੂ ਸਾਥੀਆਂ ਨਾਲ ਹਾਜ਼ਰ ਸਨ।

# ਲਾਇਬ੍ਰੇਰੀ ਰੋਡ ਤੋਂ ਹਨੂੰਮਾਨ ਚੌਕ ਤੱਕ ਸੜਕ ਕੰਢੇ ਹੁੰਦੀ ਗਲਤ ਪਾਰਕਿੰਗ ਖ਼ਿਲਾਫ਼ ਕਾਰਵਾਈ ਦੀ ਮੰਗ



**ਗੁਰਦਾਸਪੁਰ (ਜਨਕ ਮਹਾਜਨ)**- ਹਨੂੰਮਾਨ ਚੌਕ ਤੋਂ ਬਾਜ਼ਾਰਾਂ ਅੰਦਰ ਜਾਣ ਲਈ ਆਪਣੀਆਂ ਕਾਰਾਂ ਅਤੇ ਹੋਰ ਅਜਿਹੇ ਵਹੀਕਲ ਲਾਇਬ੍ਰੇਰੀ ਰੋਡ 'ਤੇ ਲੋਕਾਂ ਦੀਆਂ ਦੁਕਾਨਾਂ ਅੱਗੇ ਬਿਨਾਂ ਸਹਿਮਤੀ ਦੇ ਖੜ੍ਹੇ ਕਰਕੇ ਚਲੇ ਜਾਂਦੇ ਹਨ ਜਿਸ ਕਰਕੇ ਦੁਕਾਨਦਾਰ ਕਾਫੀ ਪ੍ਰੇਸ਼ਾਨ ਹੁੰਦੇ ਹਨ ਕਿਉਂ ਜੋ ਉਨ੍ਹਾਂ ਦੀਆਂ ਦੁਕਾਨਾਂ 'ਤੇ ਆਉਣ ਵਾਲੇ ਗਾਹਕ ਖਾਲੀ ਜਗ੍ਹਾ ਨਾ ਹੋਣ ਕਰਕੇ ਆਪਣੀਆਂ ਗੱਡੀਆਂ ਲੈ ਕੇ ਵਾਪਸ ਜਾਂ ਹੋਰ ਕਿਸੇ ਦੁਕਾਨ ਵੱਲ ਚਲੇ ਜਾਂਦੇ ਹਨ। ਜ਼ਿਕਰਯੋਗ ਹੈ ਕਿ ਪ੍ਰਸ਼ਾਸਨ ਵੱਲੋਂ ਕਾਰਾਂ ਆਉਂਦੇ ਲੋਕਾਂ ਲਈ ਸ਼ਾਪਿੰਗ ਕਰਨ ਸਮੇਂ ਆਪਣੀਆਂ ਕਾਰਾਂ ਆਦਿ ਪਾਰਕ ਕਰਨ ਲਈ ਸੁੱਕੇ ਤਲਾਅ 'ਤੇ ਕਾਫੀ ਖਾਲੀ ਜਗ੍ਹਾ ਰੱਖੀ ਹੋਈ ਹੈ ਪਰ ਇਹ ਲੋਕ ਥੋੜੀ ਅੱਗੇ ਉਥੇ ਨਾ ਜਾ ਕੇ ਲਾਇਬ੍ਰੇਰੀ ਰੋਡ 'ਤੇ ਹੀ ਆਪਣੀਆਂ ਕਾਰਾਂ ਖੜੀਆਂ ਕਰਕੇ ਬਿਨਾਂ ਕਿਸੇ ਨੂੰ ਪੁੱਛਿਆਂ ਅੰਦਰਲੇ ਬਾਜ਼ਾਰ ਵੱਲ ਚਲੇ ਜਾਂਦੇ ਹਨ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਕਾਰ ਚਾਲਕਾਂ ਨੂੰ ਅਜਿਹਾ ਕਰਨ ਨੂੰ ਰੋਕਣ ਲਈ ਟਰੈਫਿਕ ਪੁਲਸ ਦੇ ਕਰਮਚਾਰੀ ਇੱਥੇ ਤੈਨਾਤ ਹੋਣੇ ਚਾਹੀਦੇ ਹਨ। ਪੁਲਸ ਦੀ ਅਣਦੇਖੀ ਕਾਰਨ ਲਾਇਬ੍ਰੇਰੀ ਰੋਡ 'ਤੇ ਦੋ/ਚਾਰ ਪਹੀਆ ਵਾਹਨ ਕੁਲਫੀਆਂ ਵੇਚਣ ਲਈ ਬਾਟਾ ਸ਼ੋਰੂਮ ਨੇੜੇ ਲਗਭਗ ਹਰ ਰੋਜ਼ ਸ਼ਾਮ 5 ਵਜੇ ਅਤੇ ਸੜਕ ਦੇ ਦੂਜੀ ਸਾਈਡ ਆ ਜਾਂਦੇ ਹਨ ਜੋ ਟਰੈਫਿਕ ਜਾਮ ਕਰਨ ਵਿਚ ਹੋਰ ਵਾਧਾ ਕਰ ਦਿੰਦੇ ਹਨ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਜੇਕਰ ਪੁਲਸ ਕੁਝ ਦਿਨ ਲਗਾਤਾਰ ਗਲਤ ਪਾਰਕ ਕੀਤੀਆਂ ਗੱਡੀਆਂ ਦੀ ਚੈਕਿੰਗ ਜਾਰੀ ਰੱਖੇ ਤਾਂ ਕਾਫ਼ੀ ਸੁਧਾਰ ਹੋ ਸਕਦਾ ਹੈ। ਲੋਕਾਂ ਨੇ ਜ਼ਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਅਤੇ ਟਰੈਫਿਕ ਇੰਚਾਰਜ ਪਾਸੋਂ ਮੰਗ ਕੀਤੀ ਕਿ ਲਾਇਬ੍ਰੇਰੀ ਰੋਡ 'ਤੇ ਗਲਤ ਪਾਰਕ ਕੀਤੇ ਵਾਹਨਾਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਾਲ ਨਾਲ ਕੁਲਫੀਆਂ ਵਾਲਿਆਂ ਰੇਹੜੀਆਂ ਆਦਿ ਨੂੰ ਵੀ ਇਥੋਂ ਹਟਾਇਆ ਜਾਵੇ ਤਾਂ ਜੋ ਟਰੈਫ਼ਿਕ ਸੁਚਾਰੂ ਰੂਪ ਵਿਚ ਚਲਦੀ ਰਹੇ।

# ਮੋਹਕਮਪੁਰਾ 'ਚ ਨਸ਼ਾ ਤਸਕਰ ਦੇ ਘਰ 'ਤੇ ਫਿਰਿਆ ਬੁਲਡੋਜ਼ਰ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**- ਪੁਲਸ ਸਟੇਸ਼ਨ ਮੋਹਕਮਪੁਰਾ ਦੇ ਅਧਿਕਾਰ ਖੇਤਰ ਅਧੀਨ ਮੋਹਕਮਪੁਰਾ ਵਿੱਚ ਇੱਕ ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਤੌਰ 'ਤੇ ਬਣਾਈ ਗਈ ਜਾਇਦਾਦ ਨੂੰ ਢਾਹ ਦਿੱਤਾ।ਰੋਹਿਤ ਸਿੰਘ ਉਰਫ਼ ਕਾਲੂ ਪੁੱਤਰ ਜਸਪਾਲ ਸਿੰਘ, ਵਾਸੀ ਪਿਆਰਾ ਸਿੰਘ ਸਰਪੰਚ ਚੌਕ ਮੋਹਕਮਪੁਰਾ ਅੰਮ੍ਰਿਤਸਰ ਉਮਰ 22 ਸਾਲ ਨਸ਼ਾ ਤਸਕਰੀ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਸ਼ਾਮਲ ਰਿਹਾ ਹੈ।ਉਸ ਵਿਰੁੱਧ ਐੱਨਡੀਪੀਐੱਸ ਐਕਟ ਤਹਿਤ 04 ਮਾਮਲੇ ਦਰਜ ਕੀਤੇ ਗਏ ਹਨ।ਇਸ ਵੇਲੇ ਉਹ ਜੇਲ ਵਿਚ ਹੈ।ਉਕਤ ਮੁਲਜ਼ਮ ਦੇ ਮੋਹਕਮਪੁਰਾ ਸਥਿਤ ਘਰ ਨੂੰ ਨਗਰ ਨਿਗਮ ਅੰਮ੍ਰਿਤਸਰ ਨੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਦੀਆਂ ਗੈਰ-ਕਾਨੂੰਨੀ ਤੌਰ 'ਤੇ ਪ੍ਰਾਪਤ ਕੀਤੀਆਂ ਜਾਇਦਾਦਾਂ 'ਤੇ ਚੱਲ ਰਹੀ ਕਾਰਵਾਈ ਦੇ ਹਿੱਸੇ ਵਜੋਂ ਢਾਹ ਦਿੱਤਾ।ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਇਸ ਸਾਲ ਐੱਨਡੀਪੀਐੱਸ ਐਕਟ ਅਧੀਨ 1138 ਮਾਮਲੇ ਦਰਜ ਕੀਤੇ ਹਨ ਅਤੇ 2133 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।ਬਰਾਮਦਗੀਆਂ ਵਿੱਚ 250.521 ਕਿਲੋਗ੍ਰਾਮ ਹੈਰੋਇਨ, 29.652 ਕਿਲੋਗ੍ਰਾਮ ਅਫੀਮ, 325.577 ਕਿਲੋਗ੍ਰਾਮ ਨਸ਼ੀਲਾ ਪਾਊਡਰ ਅਤੇ ਹੋਰ ਨਸ਼ੀਲੇ ਪਦਾਰਥ ਸ਼ਾਮਲ ਹਨ, ਨਾਲ ਹੀ 2.88 ਕਰੋੜ ਰੁਪਏ ਦੀ ਹਵਾਲਾ/ਡਰੱਗ ਮਨੀ ਅਤੇ ਤਸਕਰੀ ਵਿੱਚ ਵਰਤੇ ਗਏ 96 ਵਾਹਨ ਵੀ ਸ਼ਾਮਲ ਹਨ।ਇਹ ਨਿਰੰਤਰ ਕਾਰਵਾਈਆਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਰੋਕਣ ਅਤੇ ਨੌਜਵਾਨਾਂ ਨੂੰ ਇਸਦੇ ਪ੍ਰਭਾਵ ਤੋਂ ਬਚਾਉਣ ਲਈ ਅੰਮ੍ਰਿਤਸਰ ਪੁਲਸ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ।

# 'ਆਪ' ਦੇ ਫਾਊਂਡਰ ਮੈਂਬਰ ਗਿੱਲ ਤੇ ਸੰਧੂ ਨੇ ਮੀਡੀਆ ਕੋਆਰਡੀਨੇਟਰ ਸ਼ਿਵ ਚੋਗਾਵਾਂ ਨੂੰ ਕੀਤਾ ਸਨਮਾਨਿਤ



**ਅਜਨਾਲਾ/ਲੋਪੋਕੇ (ਸੁਖਤਿੰਦਰ ਸਿੰਘ ਰਾਜੂ)**- ਆਮ ਆਦਮੀ ਪਾਰਟੀ ਦੀ ਕੌਮੀ ਲੀਡਰਸ਼ਿਪ ਅਤੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਪਾਰਟੀ ਦੇ ਮਿਹਨਤੀ ਅਤੇ ਪੁਰਾਣੇ ਵਰਕਰ ਸ਼ਿਵ ਕੁਮਾਰ ਚੋਗਾਵਾਂ ਨੂੰ ਹਲਕੇ ਦਾ ਮੀਡੀਆ ਕੋਆਰਡੀਨੇਟਰ ਨਿਯੁਕਤ ਕਰਨ ਤੇ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰ ਗੁਰਜੰਟ ਸਿੰਘ ਗਿੱਲ ਅਤੇ ਗੁਰਸ਼ਰਨਪ੍ਰੀਤ ਸਿੰਘ ਸੰਧੂ ਮਾਨਾਂਵਾਲਾ ਨੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਅਤੇ ਮੂੰਹ ਮਿੱਠਾ ਕਰਵਾਇਆ! ਇਸ ਮੌਕੇ ਗੱਲਬਾਤ ਕਰਦਿਆਂ ਗੁਰਜੰਟ ਸਿੰਘ ਗਿੱਲ ਅਤੇ ਗੁਰਸ਼ਰਨਪ੍ਰੀਤ ਸਿੰਘ ਸੰਧੂ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸ਼ੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ, ਲੋਕ ਸਭਾ ਹਲਕਾ ਇੰਚਾਰਜ ਜਸਕਰਨ ਸਿੰਘ ਬਦੇਸ਼ਾ, ਪਨਸਪ ਪੰਜਾਬ ਦੇ ਚੇਅਰਮੈਨ ਪ੍ਰਭਬੀਰ ਸਿੰਘ ਬਰਾੜ ਅਤੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਹੀ ਇੱਕ ਅਜਿਹੀ ਪਾਰਟੀ ਹੈ ਜੋ ਆਪਣੇ ਮਿਹਨਤੀ ਵਰਕਰਾਂ ਅਤੇ ਆਮ ਘਰਾਂ ਦੇ ਧੀਆਂ ਪੁੱਤਾਂ ਨੂੰ ਅੱਗੇ ਵਧਣ ਦਾ ਮੌਕਾ ਦਿੰਦੀ ਹੈ, ਜਦੋਂ ਕਿ ਪਿਛਲੀਆਂ ਰਵਾਇਤੀ ਪਾਰਟੀਆਂ ਵਿੱਚ ਸਿਰਫ ਤੇ ਸਿਰਫ ਪਰਿਵਾਰਵਾਦ ਨੂੰ ਹੀ ਬੜ੍ਹਾਵਾ ਦਿੱਤਾ ਜਾਂਦਾ ਸੀ।ਉਨ੍ਹਾਂ ਕਿਹਾ ਕਿ ਅੱਜ ਸਾਡਾ ਸਿਰ ਫਖਰ ਨਾਲ ਹੋਰ ਉੱਚਾ ਹੋ ਗਿਆ ਹੈ ਕਿ ਸਾਡੇ ਬਹੁਤ ਹੀ ਨੇੜਲੇ ਪੁਰਾਣੇ ਸਾਥੀ 2014 ਤੋਂ ਸਾਡੇ ਨਾਲ ਦਿਨ ਰਾਤ ਪਾਰਟੀ ਲਈ ਮਿਹਨਤ ਕਰਨ ਵਾਲੇ ਸ਼ਿਵ ਕੁਮਾਰ ਚੋਗਾਵਾਂ ਨੂੰ ਪਾਰਟੀ ਨੇ ਹਲਕਾ ਮੀਡੀਆ ਕੋਆਰਡੀਨੇਟਰ ਦਾ ਮਾਣ ਬਖਸ਼ਿਆ ਤੇ ਅਸੀਂ ਪਾਰਟੀ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਅਸੀਂ ਇਸੇ ਤਰ੍ਹਾਂ ਰਲ ਮਿਲ ਕੇ 2027 ਦੀਆਂ ਚੋਣਾਂ ਵਿੱਚ ਰਾਜਾ ਸਾਂਸੀ ਹਲਕੇ ਦੀ ਸੀਟ ਵੱਡੀ ਲੀਡ ਨਾਲ ਜਿਤਾ ਕੇ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਵਾਂਗੇ!

# ਏਡੀਸੀ (ਜਨਰਲ) ਤੇ ਸਿਹਤ ਵਿਭਾਗ ਨੇ ਦੁਕਾਨਾਂ, ਢਾਬਿਆਂ ਅਤੇ ਡੇਅਰੀਆਂ 'ਤੇ ਖ਼ੁਰਾਕੀ ਵਸਤਾਂ ਦੇ ਸੈਂਪਲ ਭਰੇ



**ਗੁਰਦਾਸਪੁਰ (ਜਨਕ ਮਹਾਜਨ)**- ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਤਿਉਹਾਰੀ ਸੀਜ਼ਨ ਦੌਰਾਨ ਲੋਕਾਂ ਨੂੰ ਖ਼ੁਰਾਕੀ ਪਦਾਰਥਾਂ ਵਿਚ ਮਿਲਾਵਟ ਤੋਂ ਬਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਮੁਹਿੰਮ ਵਿੱਢੀ ਗਈ ਹੈ। ਇਸ ਕੜੀ ਤਹਿਤ ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਤੇ ਵਧੀਕ ਫੂਡ ਕਮਿਸ਼ਨਰ ਡਾ. ਗੁਰਪ੍ਰੀਤ ਸਿੰਘ ਪੰਨੂ ਸਰਹੱਦੀ ਇਲਾਕਿਆਂ, ਪਿੰਡਾਂ ਅਤੇ ਹਾਈਵੇ ਰੋਡਾਂ ਤੇ ਨਾਕਾਬੰਦੀ ਕਰਕੇ ਵਿਆਪਕ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਜ਼ਿਲ੍ਹਾ ਸਿਹਤ ਵਿਭਾਗ ਦੀ ਟੀਮ ਵੀ ਨਾਲ ਸੀ, ਜਿਸ ਨੇ ਵੱਖ-ਵੱਖ ਦੁਕਾਨਾਂ, ਢਾਬਿਆਂ, ਦੁੱਧ ਡੇਅਰੀਆਂ ਅਤੇ ਖ਼ੁਰਾਕ ਸਾਮਾਨ ਵੇਚਣ ਵਾਲਿਆਂ ਤੋਂ ਨਮਕ, ਆਟਾ, ਦੇਸੀ ਘਿਉ, ਰਸ, ਅਚਾਰ, ਦੁੱਧ ਅਤੇ ਪਨੀਰ ਦੇ ਸੈਂਪਲ ਇਕੱਠੇ ਕਰਕੇ ਉਨ੍ਹਾਂ ਨੂੰ ਜਾਂਚ ਲਈ ਫੂਡ ਲੈਬੋਰੇਟਰੀ ਖਰੜ ਭੇਜਿਆ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਤਿਉਹਾਰਾਂ ਦੇ ਸਮੇਂ ਬਾਜ਼ਾਰਾਂ ਵਿਚ ਮਿਲਾਵਟ ਦਾ ਖ਼ਤਰਾ ਵਧ ਜਾਂਦਾ ਹੈ, ਇਸ ਲਈ ਪ੍ਰਸ਼ਾਸਨ ਵਲੋਂ ਕਿਸੇ ਵੀ ਮਿਲਾਵਟੀ ਖ਼ੁਰਾਕ ਪਦਾਰਥ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਬੇਦੀ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਹ ਚੈਕਿੰਗ ਮੁਹਿੰਮ ਤਿਉਹਾਰਾਂ ਦੇ ਸੀਜ਼ਨ ਦੌਰਾਨ ਲਗਾਤਾਰ ਜਾਰੀ ਰਹੇਗੀ ਅਤੇ ਕਿਸੇ ਵੀ ਕਿਸਮ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਪੰਨੂ ਨੇ ਦੁਕਾਨਦਾਰਾਂ ਅਤੇ ਹੋਟਲ ਮਾਲਕਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਸਥਾਨਾਂ ਦੀ ਸਾਫ਼-ਸਫ਼ਾਈ ਤੇ ਵਿਸ਼ੇਸ਼ ਧਿਆਨ ਦੇਣ, ਖਾਣ-ਪੀਣ ਵਾਲੀਆਂ ਵਸਤਾਂ ਨੂੰ ਢੰਗ ਨਾਲ ਸੰਭਾਲ ਕੇ ਰੱਖਣ ਅਤੇ ਆਪਣੇ ਲਾਇਸੰਸ ਅਤੇ ਰਜਿਸਟਰੇਸ਼ਨ ਅਪਡੇਟ ਰੱਖਣ। ਇਸ ਮੌਕੇ ਫੂਡ ਸੇਫਟੀ ਅਫਸਰ ਮੈਡਮ ਰੇਖਾ ਸ਼ਰਮਾ, ਨਿਤੇਸ਼ ਕੁਮਾਰ , ਮੋਹਿਤ ਸ਼ਰਮਾ ਅਤੇ ਏਐੱਸਆਈ ਰਾਜੇਸ਼ ਕੁਮਾਰ ਹਾਜ਼ਰ ਸਨ।

# ਸਵ. ਬਚਨ ਸਿੰਘ ਬੋਟਮੈਨ ਤੇ ਜੁਗਿੰਦਰ ਕੌਰ ਯਾਦਗਾਰੀ ਸੱਭਿਆਚਾਰਕ ਮੇਲਾ ਪਹਿਲੀ ਨਵੰਬਰ ਨੂੰ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸਵਰਗੀ ਬਚਨ ਸਿੰਘ ਬੋਟਮੈਨ ਅਤੇ ਜੋਗਿੰਦਰ ਕੌਰ ਦੀ ਯਾਦ ਵਿੱਚ ਤੀਸਰਾ ਸਾਲਾਨਾ ਸਭਿਆਚਾਰਕ ਮੇਲਾ ਪਹਿਲੀ ਨਵੰਬਰ ਨੂੰ ਗਰੀਨ ਪਾਰਕ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਲੋਕ ਗਾਇਕ ਅਤੇ ਉੱਘੇ ਕਮੇਡੀਅਨ ਕਾਂਸ਼ੀ ਰਾਮ ਚੰਨ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਦੇ ਉੱਘੇ ਲੋਕ ਗਾਇਕ ਅਤੇ ਕਮੇਡੀਅਨ ਆਪਣੀ ਕਲਾ ਦੇ ਜੌਹਰ ਦਿਖਾਉਣਗੇ।ਉਨ੍ਹਾਂ ਦੱਸਿਆ ਕਿ ਗਾਇਕੀ ਦੇ ਖੁੱਲ੍ਹੇ ਪੰਡਾਲ ਵਿੱਚ ਕਰਵਾਏ ਜਾਣ ਵਾਲੇ ਇਸ ਮੇਲੇ ਸਮੇਂ ਪੰਜਾਬ ਦੇ ਮਸ਼ਹੂਰ ਲੋਕ ਗਾਇਕ ਰਣਜੀਤ ਮਣੀ, ਧੀਰਾ ਗਿੱਲ, ਲੋਕ ਗਾਇਕਾ ਸੀਮਾ ਅਨਜਾਣ, ਰਿਹਾਨਾ ਭੱਟੀ, ਕਮੇਡੀਅਨ ਸੁਰਿੰਦਰ ਫਰਿਸ਼ਤਾ ਉਰਫ ਘੁੱਲੇ ਸ਼ਾਹ, ਸੁਖਵੰਤ ਚੇਤਨਪੁਰੀ-ਸੋਨੀਆ ਸੰਧੂ, ਲਖਵਿੰਦਰ ਕੋਟੀਆ, ਸ਼ੰਮੀ ਖਾਨ-ਕਿਰਨ ਰੰਧਾਵਾ, ਬਲਵਿੰਦਰ ਬੰਟੀ, ਗੀਤੀਕਾ ਸੇਠੀ, ਰਾਜੂ ਹਰੀ ਪੁਰੀਆ, ਅਤਰੋ ਚਤਰੋ, ਸ਼ੁਗਲੀ ਮੁਗਲੀ, ਕਸ਼ਮੀਰ ਸਿੰਘ ਸੰਘਾ, ਗੁਰਮੇਜ ਸਹੋਤਾ, ਅਮਰੀਕ ਬੱਲ-ਮਨਜੀਤ ਸੋਨੀਆ, ਜੀਤ ਮੰਡ ਅਤੇ ਅਮਰਜੀਤ ਢੋਟੀਆਂ ਆਦਿ ਕਲਾਕਾਰ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ।ਇਸ ਸਾਰੇ ਪ੍ਰੋਗਰਾਮ ਦੇ ਸੂਤਰਧਾਰ ਮਨੋਹਰ ਧਾਰੀਵਾਲ ਅਤੇ ਕਾਂਸ਼ੀ ਰਾਮ ਚੰਨ ਹੋਣਗੇ।ਸੋਚ ਪੰਜਾਬ ਦੀ ਚੈਨਲ ਵੱਲੋਂ ਸ੍ਰੀ ਅਮਨ ਫੁੱਲਾਂਵਾਲ ਸੱਭਿਆਚਾਰਕ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਨ ਕਰਨਗੇ।ਦਿਲਬਾਗ ਸਿੰਘ ਬੱਗਾ, ਸੁਰਜੀਤ ਲਾਲਕਾ, ਕਾਬਲ ਖਡੂਰ ਸਾਹਿਬ, ਪ੍ਰਦੀਪ ਕੁਮਾਰ ਦੁਬਈ, ਵਰਿੰਦਰ ਬੋਪਾਰਾਏ, ਗੁਰਸ਼ਰਨ ਸਿੰਘ ਰਾਹੁਲ, ਅੰਕੁਸ਼ ਗਿੱਲ, ਡਾ: ਰਜਿੰਦਰ ਸਿੰਘ ਬਿੱਟਾ, ਸਾਬੀ ਅਟਵਾਲ ਹਰਭਜਨ ਸਿੰਘ ਰਠੌਰ ਅਤੇ ਕਸ਼ਮੀਰ ਸਿੰਘ ਸੰਘਾ ਆਦਿ ਮੇਲੇ ਦਾ ਪ੍ਰਬੰਧ ਕਰਨ ਵਿੱਚ ਸਹਿਯੋਗ ਦੇਣਗੇ।ਆਖਰ 'ਤੇ ਸਨਮਾਨ ਸਮਾਰੋਹ ਹੋਵੇਗਾ ਜਿਸ ਵਿੱਚ ਕੁਝ ਸਤਿਕਾਰਤ ਹਸਤੀਆਂ ਅਤੇ ਕਲਾਕਾਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

# ਸਰਕਾਰੀ ਮਿਡਲ ਸਕੂਲ ਕੀੜੀ ਅਫਗਾਨਾਂ 'ਚ ਕਰਵਾਇਆ ਸਾਇੰਸ ਮੇਲਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਮਿਡਲ ਸਕੂਲ ਕੀੜੀ ਅਫਗਾਨਾਂ ਬਲਾਕ ਕਾਹਨੂੰਵਾਨ-2 ਵਿੱਚ ਛੇਵੀਂ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਅਧਿਆਪਕ ਰਮਿੰਦਰ ਸਿੰਘ ਅਤੇ ਅਮਨਦੀਪ ਕੌਰ ਦੀ ਅਗਵਾਈ ਵਿੱਚ ਸਾਇੰਸ ਮੇਲਾ ਲਗਾਇਆ ਗਿਆ। ਮਾਸਟਰ ਰਮਿੰਦਰ ਸਿੰਘ ਨੇ ਕਿਹਾ ਕਿ ਇਨ੍ਹਾਂ ਮੇਲਿਆਂ ਨਾਲ ਵਿਦਿਆਰਥੀਆਂ ਦੀ ਸਿੱਖਣ ਸਮਰੱਥਾ ਵਿੱਚ ਵਾਧਾ ਹੁੰਦਾ ਹੈ।ਸਕੂਲ ਵਿਦਿਆਰਥੀਆਂ ਸਾਹਿਲਪਰੀਤ ਸਿੰਘ, ਸੁਖਵੀਰ, ਨੂਰ, ਮਨਪ੍ਰੀਤ ਕੌਰ, ਚੇਤਨਾ ਕੁਮਾਰੀ, ਮਾਰਥਾ, ਅਨਮੋਲ, ਤਰਨਪ੍ਰੀਤ ਕੌਰ, ਅਰੁਣਜੀਤ, ਸਿਮਰਨ ਨੇ ਬਹੁਤ ਉਤਸ਼ਾਹਿਤ ਹੋ ਕੇ ਕਿਹਾ ਕਿ ਇਨ੍ਹਾਂ ਮੇਲਿਆਂ ਨਾਲ ਸਾਨੂੰ ਬਹੁਤ ਵਧੀਆ ਸਿੱਖਣ ਅਨੁਭਵ ਪ੍ਰਾਪਤ ਹੋਏ ਹਨ।

# ਪਾਵਰਕਾਮ ਪੈਨਸ਼ਨਰ ਭਲਕੇ ਚੰਡੀਗੜ੍ਹ ਦੇ ਮੁਜ਼ਾਹਰੇ ਵਿਚ ਹੋਣਗੇ ਸ਼ਾਮਲ

**ਸਰਕਾਰ ਵੱਲੋਂ 200 ਰੁਪਏ ਜਬਰੀ ਕੀਤੀ ਜਾ ਰਹੀ ਕਟੌਤੀ ਬੰਦ ਕੀਤੀ ਜਾਵੇ : ਬਲਜੀਤ ਸਿੰਘ, ਹਰਭਜਨ ਸਿੰਘ ਝੰਜੋਟੀ**

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਪੰਜਾਬ ਰਾਜ ਬਿਜਲੀ ਆਲਕੇਡਰਜ਼ ਪੈਨਸ਼ਨਰਜ ਐਸੋਸੀਏਸ਼ਨ ਸਬ ਅਰਬਨ ਸਰਕਲ ਅਤੇ ਸਿਟੀ ਸਰਕਲ ਅੰਮ੍ਰਿਤਸਰ ਦੀ ਹੰਗਾਮੀ ਮੀਟਿੰਗ ਸ੍ਰੀ ਜਤਿੰਦਰ ਕੁਮਾਰ ਸ਼ਰਮਾ ਅਤੇ ਮਦਨ ਲਾਲ ਸ਼ਰਮਾ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸ ਵਿਚ 17 ਅਕਤੂਬਰ 2025 ਨੂੰ ਚੰਡੀਗੜ੍ਹ ਦੇ ਮੁਜਾਹਰੇ ਵਿਚ ਸ਼ਾਮਲ ਹੋਣ ਵਾਸਤੇ ਵਿਚਾਰ ਵਟਾਂਦਰਾ ਕੀਤਾ ਗਿਆ। ਅਤੇ ਪੰਜਾਬ ਸਰਕਾਰ ਅਤੇ ਪਾਵਰ ਕਾਮ ਦੀ ਮੈਨੇਜਮੈਂਟ ਵੱਲੋਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕੀਤੀਆਂ ਅਤੇ ਜੱਥੇਬੰਦੀਆਂ ਨੂੰ ਬਾਰ-ਬਾਰ ਮੀਟਿੰਗ ਦੇ ਕੇ ਖੱਜਲ-ਖੁਆਰ ਕੀਤਾ ਜਾ ਰਿਹਾ ਹੈ। ਜਿਸਦੇ ਸਬੰਧ ਵਿਚ ਜੱਥੇਬੰਦੀਆਂ ਨੇ 25/09/2025 ਨੂੰ ਸੈਕਟਰ ਨੰ. 60 ਡਾ. ਅੰਬੇਡਕਰ ਭਵਨ ਸਰਬ ਸੰਮਤੀ ਨਾਲ ਫੈਸਲਾ ਕਰਕੇ 17 ਅਕਤੂਬਰ 2025 ਨੂੰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਰੋਸ਼ ਮਾਰਚ ਕਰਕੇ ਆਪਣਾ ਮੰਗ ਪੱਤਰ ਦਿੱਤਾ ਜਾਵੇਗਾ। ਜਿਵੇਂ ਕਿ 31/12/2015 ਤੋਂ ਪਹਿਲੇ ਦੇ ਪੈਨਸ਼ਨਰਾਂ ਨੂੰ 2.59 ਦੀ ਥਾਂ ਤੇ 2.45 ਦੇ ਫੈਕਟਰ ਨਾਲ ਪੈਨਸ਼ਨ ਦਿੱਤੀ ਜਾ ਰਹੀ ਹੈ। ਜਨਵਰੀ 2016 ਤੋਂ ਬਾਅਦ ਪੈਨਸ਼ਨਰਾਂ ਤੇ ਮੁਲਾਜਮਾਂ ਨੂੰ 2.59 ਦੇ ਫੈਕਟਰ ਨਾਲ ਤਨਖਾਹ ਤੇ ਪੈਨਸ਼ਨ ਦਿੱਤੀ ਜਾ ਰਹੀ ਹੈ। ਜਨਵਰੀ 2016 ਤੋਂ ਡੀ.ਏ. ਦਾ ਪੈਂਡਿੰਗ ਬਕਾਇਆ ਦੇਣ ਦਾ ਪੱਤਰ ਜਾਰੀ ਕੀਤਾ ਜਾਵੇ। ਮੈਡੀਕਲ ਭੱਤਾ 3000 ਰੁਪਏ ਕਰਨ ਬਾਰੇ। ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ। ਕੇਂਦਰ ਸਰਕਾਰ ਆਪਣੇ ਪੈਨਸ਼ਨਰਾਂ ਤੇ ਮੁਲਾਜਮਾਂ ਨੂੰ 58% ਡੀ.ਏ. ਦੇ ਰਹੀ ਹੈ ਪਰ ਪੰਜਾਬ ਸਰਕਾਰ 42% ਡੀ.ਏ. ਦੇ ਰਹੀ ਹੈ। ਜਨਵਰੀ 2004 ਤੋਂ ਰੱਖੇ ਕਾਮੇ ਪੈਨਸ਼ਨ ਸਕੀਮ ਅਧੀਨ ਲਿਆਂਦੇ ਜਾਣ। 200 ਰੁਪਏ ਜਬਰੀ ਕਟੌਤੀ ਬੰਦ ਕੀਤੀ ਜਾਵੇ। ਕੱਚੇ ਕਾਮੇ ਪੱਕੇ ਕੀਤੇ ਜਾਣ ਅਤੇ ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ। ਇਸ ਮੌਕੇ ਤੇ ਬਲਜੀਤ ਸਿੰਘ, ਕੁਲਦੀਪ ਸਿੰਘ ਰਮਦਾਸ, ਦਲਜੀਤ ਸਿੰਘ ਜੇ.ਈ., ਸੋਮਨਾਥ ਮਰਵਾਹਾ, ਰਤਨ ਸਿੰਘ ਘਈ ਐਸ.ਡੀ.ਓ. ਅਸ਼ੋਕ ਪੁਰੀ ਐਸ.ਡੀ.ਓ., ਨਰੇਸ਼ ਕੁਮਾਰ ਐਸ.ਡੀ.ਓ., ਹਰਭਜਨ ਸਿੰਘ ਝੰਜੋਟੀ ਆਦਿ ਪੈਨਸ਼ਨਰ ਹਾਜਰ ਸਨ।

# ਪੰਜਾਬੀ ਸਾਹਿਤ ਸਭਾ ਗੁਰਦਾਸਪੁਰ ਦੀ ਬੈਠਕ 'ਚ ਹੋਈ ਅਹਿਮ ਵਿਚਾਰ-ਚਰਚਾ



**ਗੁਰਦਾਸਪੁਰ (ਦਿਨੇਸ਼ ਕੁਮਾਰ)** ਪੰਜਾਬੀ ਸਾਹਿਤ ਸਭਾ, ਗੁਰਦਾਸਪੁਰ ਦੀ ਬੈਠਕ ਸਭਾ ਦੇ ਮੈਂਬਰ ਕੇ ਪੀ ਸਿੰਘ ਦੀ ਮੇਜ਼ਬਾਨੀ ਹੇਠ ਸਥਾਨਕ ਓਂਕਾਰ ਨਗਰ ਸਥਿਤ ਉਨ੍ਹਾਂ ਦੇ ਗ੍ਰਹਿ ਵਿੱਚ ਹੋਈ । ਮੀਟਿੰਗ ਦਾ ਮੁੱਖ ਏਜੰਡਾ ਸਵਰਗੀ ਪ੍ਰੋਫ਼ੈਸਰ ਕਿਰਪਾਲ ਸਿੰਘ ਯੋਗੀ ਸਲਾਨਾ ਯਾਦਗਾਰੀ ਸਮਾਗਮ ਕਰਾਉਣ ਸਬੰਧੀ ਸੀ । ਸਭਾ ਦੇ ਪ੍ਰਧਾਨ ਤਰਸੇਮ ਸਿੰਘ ਭੰਗੂ ਨੇ ਦੱਸਿਆ ਕਿ ਏਜੰਡੇ ਅਨੁਸਾਰ 26 ਅਕਤੂਬਰ ਦਿਨ ਐਤਵਾਰ ਨੂੰ ਯਾਦਗਾਰੀ ਸਮਾਗਮ ਕਰਵਾਉਣ ਲਈ ਦਿਨ ਨਿਸ਼ਚਿਤ ਕੀਤਾ ਗਿਆ । ਯਾਦਗਾਰੀ ਸਨਮਾਨ ਦੇਣ ਵਾਸਤੇ ਮੈਂਬਰਾਂ ਵੱਲੋਂ ਸੁਝਾਏ ਗਏ ਨਾਵਾਂ ਉੱਤੇ ਵਿਚਾਰ ਵੀ ਹੋਈ । ਸਭਾ ਦੇ ਸਮੁੱਚੇ ਮੈਂਬਰਾਂ ਵੱਲੋਂ ਹਮੇਸ਼ਾ ਵਾਂਗ ਪ੍ਰੋਗਰਾਮ ਵਾਸਤੇ ਵਿੱਤੀ ਸਹਾਇਤਾ ਅਤੇ ਹਰੇਕ ਪੱਖੋਂ ਸਹਿਯੋਗ ਦੇਣ ਦੀ ਹਾਮੀ ਭਰੀ ਗਈ । ਵਿਚਾਰ ਚਰਚਾ ਤੋਂ ਬਾਅਦ ਸੰਖੇਪ ਕਵੀ ਦਰਬਾਰ ਵੀ ਕੀਤਾ ਗਿਆ । ਜਿਸ ਵਿੱਚ ਸਾਰਿਆਂ ਨੇ ਆਪਣਾ-ਆਪਣਾ ਕਲਾਮ ਸਾਂਝਾ ਕੀਤਾ । ਅਸ਼ਵਨੀ ਕੁਮਾਰ ਨੇ ਸੁਪਰੀਮ ਕੋਰਟ ਦੇ ਜੱਜ ਦੀ ਇੱਕ ਜ਼ਿੰਮੇਵਾਰ ਵਿਅਕਤੀ ਵੱਲੋਂ ਬੇਇੱਜ਼ਤੀ ਕਰਨ ਦੀ ਕੋਸ਼ਿਸ਼ ਅਤੇ ਬਹੁਤ ਹੀ ਮਹੱਤਵਪੂਰਨ ਰੁਤਬੇ ਉੱਤੇ ਤਾਇਨਾਤ ਇਕ ਆਈ. ਪੀ. ਐੱਸ. ਅਧਿਕਾਰੀ ਵੱਲੋਂ ਕੀਤੀ ਖ਼ੁਦਕੁਸ਼ੀ ਨੂੰ ਸਮਾਜ ਵਾਸਤੇ ਚਿੰਤਾ ਦਾ ਵਿਸ਼ਾ ਦੱਸਿਆ । ਅਖੀਰ ਵਿੱਚ ਸਭਾ ਦੇ ਮੁੱਖ ਸਲਾਹਕਾਰ ਪ੍ਰੋਫ਼ੈਸਰ ਰਾਜ ਕੁਮਾਰ ਨੇ ਮੀਟਿੰਗ ਨੂੰ ਤਸੱਲੀਬਖ਼ਸ਼ ਦੱਸਦਿਆਂ ਹਾਜ਼ਰ ਮੈਂਬਰਾਂ ਦਾ ਧੰਨਵਾਦ ਕੀਤਾ । ਇਸ ਮੌਕੇ ਸਭਾ ਦੇ ਕਨਵੀਨਰ ਸੁਭਾਸ਼ ਦੀਵਾਨਾ, ਕੇ ਪੀ ਸਿੰਘ, ਗੁਰਦੇਵ ਸਿੰਘ ਭੁੱਲਰ, ਹਰਪਾਲ ਬੈਂਸ, ਸੁਨੀਲ ਕੁਮਾਰ, ਰਜਿੰਦਰ ਸਿੰਘ ਛੀਨਾ, ਰਜਨੀਸ਼ ਵਸ਼ਿਸ਼ਟ, ਮਾਸਟਰ ਨਵਨੀਤ ਕੁਮਾਰ ਹਾਜ਼ਰ ਸਨ ।

# ਮੰਗਾਂ ਨੂੰ ਲੈ ਕੇ ਪੀ ਐੱਸ ਐੱਮ ਐੱਸ ਯੂ ਨੇ ਡੀਸੀ ਦਫਤਰ ਕੀਤੀ ਗੇਟ ਰੈਲੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੀਐੱਸਐੱਮਐੱਸਯੂ ਸੂਬਾ ਕਮੇਟੀ ਦੇ ਸੱਦੇ ਤੇ ਜ਼ਿਲ੍ਹਾ ਇਕਾਈ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਹੱਕੀ ਅਤੇ ਜਾਇਜ਼ ਮੰਗਾਂ ਦੀ ਪੂਰਤੀ ਲਈ ਡਿਪਟੀ ਕਮਿਸ਼ਨਰ ਦਫਤਰ ਅੰਮ੍ਰਿਤਸਰ ਦੇ ਬਾਹਰ ਗੇਟ ਰੈਲੀ ਕੀਤੀ ਗਈ। ਇਸ ਮੌਕੇ ਮਨਜਿੰਦਰ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ, ਜਗਦੀਸ਼ ਠਾਕੁਰ ਜ਼ਿਲ੍ਹਾ ਜਨਰਲ ਸਕੱਤਰ, ਤੇਜਿੰਦਰ ਸਿੰਘ ਢਿੱਲੋਂ ਮੁੱਖ ਬੁਲਾਰਾ, ਅਸ਼ਨੀਲ ਕੁਮਾਰ ਸ਼ਰਮਾ ਮੁੱਖ ਸਲਾਹਕਾਰ, ਗੁਰਮੁੱਖ ਸਿੰਘ ਚਾਹਲ ਜ਼ਿਲ੍ਹਾ ਵਿੱਤ ਸਕੱਤਰ, ਅਮਨ ਥਰੀਏਵਾਲ ਅਤੇ ਮੁਨੀਸ਼ ਕੁਮਾਰ ਸੂਦ ਸੀਨੀਅਰ ਮੀਤ ਪ੍ਰਧਾਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਤੋਂ ਅਤੁਲ ਸ਼ਰਮਾ, ਲਖਵਿੰਦਰ ਸਿੰਘ ਗਿੱਲ, ਵਿਕਾਸ ਜੋਸ਼ੀ, ਅਜੇ ਸ਼ਰਮਾ, ਮਲਕੀਅਤ ਸਿੰਘ, ਦਿਲਬਾਗ ਸਿੰਘ, ਬਿਕਰਮਜੀਤ ਸਿੰਘ ਕਲੇਰ, ਰਜਿੰਦਰ ਸਿੰਘ ਮੱਲ੍ਹੀ, ਪਰਵਿੰਦਰ ਸਿੰਘ, ਪਵਨ ਕੁਮਾਰ, ਸੰਜੀਵ ਕੁਮਾਰ, ਰਕੇਸ਼ ਬਾਬੋਵਾਲ, ਕਮਲਜੀਤ ਸਿੰਘ, ਗੁਰਦੇਵ ਸਿੰਘ, ਕੁਲਦੀਪ ਸਿੰਘ, ਜਗਜੀਵਨ ਸ਼ਰਮਾ, ਬਲਜੀਤ ਸਿੰਘ ਬੱਲੀ, ਮਨਦੀਪ ਸਿੰਘ, ਸ਼ਿਵ ਕੁਮਾਰ, ਹੀਰਾ ਭੁੱਲਰ, ਸ਼ਮਸ਼ੇਰ ਸਿੰਘ, ਰਣਬੀਰ ਸਿੰਘ ਰਾਣਾ, ਸਾਹਿਲ ਚੋਪੜਾ ਅਤੇ ਭਰਾਤਰੀ ਜਥੇਬੰਦੀ ਤੋਂ ਨਰਿੰਦਰ ਸਿੰਘ, ਪੈਨਸ਼ਨਰ ਯੂਨੀਅਨ ਤੋਂ ਨਿਰਮਲ ਸਿੰਘ ਆਨੰਦ ਸੋਮਨਾਥ ਰੌਲੀਆ, ਯੋਗੇਸ਼ ਭਾਟੀਆ ਅਤੇ ਹੋਰ ਅਹੁਦੇਦਾਰ ਹਾਜ਼ਰ ਸਨ।

# ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਤਹਿਤ ਸੈਮੀਨਾਰ




**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਪ੍ਰਿੰਸੀਪਲ ਕਰੁਣ ਸ਼ਰਮਾ ਦੀ ਅਗਵਾਈ ਵਿੱਚ ਸ਼ਿਵਾਲਿਕ ਹਿਲਸ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਅਤੇ ਸੁਸਾਇਟੀ ਫਾਰ ਸਰਵਿਸ ਟੂ ਵਲੰਟਰੀ ਨੌਰਥ ਪੰਜਾਬ ਦੇ ਸਾਂਝੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਵਿਖੇ ਨਸ਼ਾ ਮੁਕਤੀ ਜਾਗਰੂਕਤਾ ਮੁਹਿੰਮ ਤਹਿਤ ਸੈਮੀਨਾਰ ਕਰਾਇਆ ਗਿਆ। ਇਸ ਮੌਕੇ ਸੇਵਾ ਮੁਕਤ ਸਕੱਤਰ ਜਿਲਾ ਰੈੱਡਕ੍ਰਾਸ ਅਮਰਜੀਤ ਹਮਰੋਲ ਚੀਫ ਐਡਵਾਈਜ਼ਰ ਸ਼ਿਵਾਲਿਕ ਹਿਲਸ ਸੁਸਾਇਟੀ, ਹੁਸ਼ਿਆਰਪੁਰ ਉਚੇਚੇ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਉਹਨਾਂ ਨਾਲ ਪ੍ਰਸ਼ਾਂਤ ਆਦੀਆ ਕੌਂਸਲਰ (ਨਸ਼ਾ ਮੁਕਤੀ ਕੇਂਦਰ ਹੁਸ਼ਿਆਰਪੁਰ), ਦਵਿੰਦਰ ਸਿੰਘ ਸੋਸ਼ਲ ਐਕਟਿਵਿਸਟ ਵੀ ਹਾਜ਼ਰ ਹੋਏ। ਇਸ ਮੌਕੇ ਅਮਰਜੀਤ ਹਮਰੋਲ ਅਤੇ ਕਾਊਂਸਲ ਹਰਮਿੰਦਰ ਸਿੰਘ ਨੇ ਦੱਸਿਆ ਕਿ ਜੋ ਪੰਜਾਬ ਸਰਕਾਰ ਵਲੋਂ ਨਸ਼ਿਆਂ ਵਿਰੁੱਧ ਯੁੱਧ ਚੱਲ ਰਿਹਾ ਹੈ ਸਾਨੂੰ ਸਾਰਿਆਂ ਨੂੰ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ। ਇਸ ਮੌਕੇ ਅਮਰਜੀਤ ਹਮਰੋਲ ਨੇ ਦੱਸਿਆ ਕਿ ਨਸ਼ੇ ਸਾਡੇ ਸਮਾਜ ਨੂੰ ਖੋਖਲਾ ਕਰ ਰਹੇ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਕਰੁਨ ਸ਼ਰਮਾ ਨੇ ਬਾਹਰੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ। ਇਸ ਮੌਕੇ ਸ੍ਰੀਮਤੀ ਸੀਮਾ ਸੈਣੀ ਵਾਈਸ ਪ੍ਰਿੰਸੀਪਲ ਅਤੇ ਸ਼੍ਰੀਮਤੀ ਪ੍ਰਵੀਨ ਕੁਮਾਰੀ,ਰਕਸ਼ਾ ਕੁਮਾਰੀ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਭਾਸ਼ਾ ਵਿਭਾਗ ਨੇ ਬੱਚਿਆਂ ਦੇ ਜ਼ਿਲ੍ਹਾ ਪੱਧਰੀ ਬਾਲ ਸਾਹਿਤ ਕੁਇਜ਼ ਮੁਕਾਬਲੇ ਕਰਵਾਏ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਉਚੇਰੀ ਸਿੱਖਿਆ ਅਤੇ ਭਾਸ਼ਾਵਾਂ, ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਭਾਗ ਵੱਲੋਂ ਭਾਸ਼ਾ ਅਤੇ ਸਾਹਿਤ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਕਈ ਤਰ੍ਹਾਂ ਦੀਆਂ ਗਤੀਵਿਧਿਆਂ ਕਰਵਾਈਆਂ ਜਾਂਦੀਆਂ ਹਨ। ਇਸ ਕੜੀ ਵਿੱਚ ਹੀ ਵਿਦਿਆਰਥੀਆਂ ਅੰਦਰ ਸਿਰਜਣਾਤਮਕ ਅਤੇ ਸੁਹਜਾਤਮਕ ਬਿਰਤੀਆਂ ਪ੍ਰਫੁੱਲਿਤ ਕਰਨ ਹਿੱਤ ਵਿਦਿਆਰਥੀਆਂ ਦੇ ਬਾਲ ਸਾਹਿਤ ਕੁਇਜ਼ ਮੁਕਾਬਲੇ ਕਰਵਾਏ ਜਾਂਦੇ ਹਨ।ਜ਼ਿਲ੍ਹਾ ਭਾਸ਼ਾ ਦਫ਼ਤਰ, ਗੁਰਦਾਸਪੁਰ ਦੇ ਜੂਨੀਅਰ ਸਹਾਇਕ ਸ਼ਾਮ ਸਿੰਘ ਅਤੇ ਦਲਜੀਤ ਸਿੰਘ ਖੋਜ ਅਫ਼ਸਰ ਜ਼ਿਲ੍ਹਾ ਭਾਸ਼ਾ ਦਫ਼ਤਰ ਫਿਰੋਜ਼ਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਭਾਸ਼ਾ ਦਫ਼ਤਰ, ਗੁਰਦਾਸਪੁਰ ਵਿਖੇ ਜ਼ਿਲ੍ਹਾ ਪੱਧਰੀ ਮੁਕਾਬਲੇ ਸਥਾਨਕ ਪੰਡਿਤ ਮੋਹਨ ਲਾਲ ਐੱਸ.ਡੀ ਕਾਲਜ ਫਾਰ ਵੋਮੈਨ ਗੁਰਦਾਸਪੁਰ ਦੇ ਸਹਿਯੋਗ ਨਾਲ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਭਰ ਦੇ ਸਰਕਾਰੀ, ਅਰਧ-ਸਰਕਾਰੀ ਅਤੇ ਪ੍ਰਾਈਵੇਟ ਕਾਲਜਾਂ/ਸਕੂਲਾਂ ਵਿੱਚੋਂ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੀ ਪ੍ਰਧਾਨਗੀ ਡਾਕਟਰ ਨੀਰੂ ਸ਼ਰਮਾ ਪ੍ਰਿੰਸੀਪਲ, ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ ਫਾਰ ਵੋਮੈਨ ਗੁਰਦਾਸਪੁਰ ਨੇ ਕੀਤੀ।ਇਸ ਸਮਾਗਮ ਵਿੱਚ ਬਤੌਰ ਮੰਚ ਸੰਚਾਲਕ ਡਾ. ਸੁਖਵਿੰਦਰ ਕੌਰ, ਪੰਜਾਬੀ ਪ੍ਰੋਫ਼ੈਸਰ ਨੇ ਕੀਤੀ ।ਸਮਾਗਮ ਦੀ ਸ਼ੁਰੂਆਤ ਵਿੱਚ ਦਲਜੀਤ ਸਿੰਘ ਖੋਜ ਅਫ਼ਸਰ ਨੇ ਭਾਸ਼ਾ ਵਿਭਾਗ ਦੀ ਕਾਰਜਸ਼ੈਲੀ ਤੇ ਮਨੁੱਖੀ ਜੀਵਨ ਵਿੱਚ ਕੋਮਲ ਕਲਾਵਾਂ ਦੇ ਮਹੱਤਵ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਆਏ ਹੋਏ ਪ੍ਰਤੀਯੋਗੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਕਿਸੇ ਇੱਕ ਵਿਦਿਆਰਥੀ ਦਾ ਜੇਤੂ ਹੋਣਾ ਸੁਭਾਵਿਕ ਹੈ ਪਰ ਤੁਹਾਡਾ ਸਾਰਿਆਂ ਦਾ ਅਜਿਹੇ ਸਮਾਗਮ ਵਿੱਚ ਭਾਗ ਲੈਣਾ ਵੱਧ ਮਹੱਤਵਪੂਰਨ ਹੈ।ਬਾਲ ਸਾਹਿਤ ਕੁਇਜ਼ ਮੁਕਾਬਲੇ ਤਿੰਨ ਵਰਗਾਂ ਦੇ ਵਿੱਚ ਕਰਵਾਏ ਗਏ।ਵਰਗ-ੳ ਛ ਛੇਵੀਂ ਤੋਂ ਅੱਠਵੀਂ ਤੱਕ ਵਰਗ-ਅ, ਨੌਵੀਂ ਤੋਂ ਬਾਰ੍ਹਵੀਂ ਤੱਕ, ਅਤੇ ਵਰਗ-ੲ ਕਾਲਜ ਦੇ ਬੱਚਿਆਂ ਨੇ ਭਾਗ ਲਿਆ ਜਿਸ ਦੇ ਵਿੱਚ ਵਰਗ-ੳ ਵਿੱਚ ਪਹਿਲਾ ਸਥਾਨ ਤਰੁਣਪ੍ਰੀਤ, ਦੂਜਾ ਸਥਾਨ ਸ਼ਾਲੂ ਅਤੇ ਤੀਜਾ ਸਾਨ ਯਥਾਰਥ ਮਹਾਜਨ ਨੇ ਹਾਸਿਲ ਕੀਤਾ।ਵਰਗ-ਅ ਵਿੱਚ ਪਹਿਲਾ ਸਥਾਨ ਅੰਸ਼, ਦੂਜਾ ਸਥਾਨ ਕਿਰਨਦੀਪ ਕੌਰ ਅਤੇ ਤੀਜਾ ਸਥਾਨ ਜਸ਼ਨਦੀਪ ਕੌਰ ਨੇ ਹਾਸਿਲ ਕੀਤਾ।ਵਰਗ-ੲ ਪਹਿਲਾ ਸਥਾਨ ਗੁਰਕੀਰਤ ਕੌਰ, ਦੂਜਾ ਸਥਾਨ ਪਵਨਦੀਪ ਸਿੰਘ ਅਤੇ ਤੀਜਾ ਸਥਾਨ ਜੈਸਮੀਨ ਢਿੱਲੋ ਨੇ ਪ੍ਰਾਪਤ ਕੀਤਾ।ਪੰਡਿਤ ਮੋਹਨ ਲਾਲ ਐੱਸ.ਡੀ. ਕਾਲਜ ਦੇ ਪ੍ਰਿੰ. ਡਾ. ਨੀਰੂ ਸ਼ਰਮਾ ਅਤੇ ਡਾ. ਸੁਖਵਿੰਦਰ ਕੌਰ ਪੰਜਾਬੀ ਪ੍ਰੋਫ਼ੈਸਰ, ਜ਼ਿਲ੍ਹਾ ਭਾਸ਼ਾ ਦਫ਼ਤਰ ਫਿਰੋਜ਼ਪੁਰ ਦੇ ਖੋਜ ਅਫ਼ਸਰ ਡਾ. ਦਲਜੀਤ ਸਿੰਘ ਅਤੇ ਜ਼ਿਲ੍ਹਾ ਭਾਸ਼ਾ ਦਫ਼ਤਰ ਗੁਰਦਾਸਪੁਰ ਦੇ ਅਮਲਾ ਸਟਾਫ ਸ਼ਾਮ ਸਿੰਘ ਜੂਨੀਅਰ ਸਹਾਇਕ ਸਹਾਇਕ, ਮਨਦੀਪ ਸਿੰਘ ਸੇਵਾਦਾਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ।ਪ੍ਰਿੰਸੀਪਲ ਡਾ. ਨੀਰੂ ਸ਼ਰਮਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਾਸ਼ਾ ਵਿਭਾਗ ਦੇ ਅਜਿਹੇ ਉਪਰਾਲੇ ਸ਼ਲਾਘਾਯੋਗ ਹਨ।

# ਆਰ ਐੱਮ ਪੀ ਆਈ ਨੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ




**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਤਰਨ ਤਾਰਨ ਦੇ ਬਾਜ਼ਾਰਾਂ ਵਿੱਚ ਰੋਸ ਪ੍ਰਦਰਸ਼ਨ ਕਰਕੇ ਕੇਂਦਰ ਦੀ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ ਜਿਸ ਦੀ ਅਗਵਾਈ ਪਾਰਟੀ ਦੇ ਤਹਿਸੀਲ ਸਕੱਤਰ ਬਲਦੇਵ ਸਿੰਘ ਪੰਡੋਰੀ, ਨਰਿੰਦਰ ਸਿੰਘ ਰਟੋਲ ਨੇ ਕੀਤੀ।ਇਸ ਮੌਕੇ ਬੋਲਦਿਆਂ ਬਲਦੇਵ ਸਿੰਘ ਪੰਡੋਰੀ ਨੇ ਕਿਹਾ ਕਿ ਨਰਿੰਦਰ ਮੋਦੀ ਦੇ ਰਾਜਕਾਲ ਦੌਰਾਨ ਉੱਚ ਜਾਤੀ ਦੇ ਹੰਕਾਰੀਆਂ ਵੱਲੋਂ ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ. ਆਰ. ਗਵਈ 'ਤੇ ਉੱਚ ਜਾਤ ਦੇ ਹੰਕਾਰੀ ਵਕੀਲ ਵੱਲੋਂ ਸ਼ਰੇਆਮ ਚਲਦੀ ਕੋਰਟ ਵਿੱਚ ਜੁੱਤੀ ਸੁੱਟ ਕੇ ਕੀਤੇ ਅਪਮਾਨ ਤੇ ਹਰਿਆਣਾ ਦੇ ਏਡੀਜੀਪੀ ਪੂਰਨ ਕੁਮਾਰ ਵੱਲੋਂ ਉਸਦੇ ਹੀ ਮਹਿਕਮੇ ਦੇ ਸਾਥੀਆਂ ਡੀਜੀਪੀ ਤੇ ਹੋਰ ਪੁਲਸ ਦੇ ਅਫ਼ਸਰ ਜੋ ਪੜ੍ਹ-ਲਿਖ ਕੇ ਵੀ ਆਪਣੇ ਦਿਮਾਗਾਂ ਵਿੱਚ ਜਾਤਪਾਤ ਦਾ ਗੰਦਾ ਕੀੜਾ ਪਾਲੀ ਬੈਠੇ ਹਨ, ਦੇ ਜਾਤੀਵਾਦੀ ਰਵੱਈਏ ਤੋਂ ਤੰਗ ਪ੍ਰੇਸ਼ਾਨ ਹੋ ਕੇ ਆਤਮਹੱਤਿਆ ਕਰ ਲੈਣਾ, ਦੋਵੇਂ ਘਟਨਾਵਾਂ ਜਮਹੂਰੀਅਤ ਅਤੇ ਸੱਭਿਅਕ ਸਮਾਜ ਦੇ ਮੱਥੇ 'ਤੇ ਕਲੰਕ ਹਨ। ਇਨ੍ਹਾਂ ਦੋਵਾਂ ਘਟਨਾਵਾਂ ਦੇ ਦੋਸ਼ੀਆਂ ਨੂੰ ਲਾਸਾਨੀ ਸਜ਼ਾਵਾਂ ਦਿਵਾਉਣ ਲਈ ਤਿੱਖਾ ਸੰਘਰਸ਼ ਕਰਨ ਦਾ ਸੱਦਾ ਦਿੱਤਾ।ਕਰਮ ਸਿੰਘ ਪੰਡੋਰੀ, ਕੁਲਦੀਪ ਸਿੰਘ ਰਟੌਲ, ਦਵਿੰਦਰ ਸਿੰਘ ਬਿੱਟੂ, ਅੰਮ੍ਰਿਤਪਾਲ ਸਿੰਘ ਚੌਧਰੀ ਵਾਲਾ, ਬਲਜੀਤ ਸਿੰਘ ਉਸਮਾ, ਬੁੱਧ ਸਿੰਘ ਪੱਖੋਕੇ, ਗੁਰ ਪ੍ਰਤਾਪ ਸਿੰਘ ਬਾਠ, ਸੁਖਦੇਵ ਸਿੰਘ ਕੰਗ, ਨਿਰਭੈ ਸਿੰਘ ਜਵੰਦਾ, ਹਰਬੰਸ ਸਿੰਘ ਕੈਰੋਵਾਲ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਸਿਰਫ 30 ਦਿਨਾਂ 'ਚ ਸਭ ਤੋਂ ਵੱਧ ਮੁਆਵਜ਼ਾ ਦੇ ਕੇ ਰਚਿਆ ਇਤਿਹਾਸ : ਈ ਟੀ ਓ

**● ਦੇਸ਼ 'ਚ ਪਹਿਲੀ ਵਾਰ ਕਿਸਾਨਾਂ ਨੂੰ ਪ੍ਰਤੀ ਏਕੜ 20,000 ਰੁਪਏ ਮੁਆਵਜ਼ਾ ਦਿੱਤਾ**



**ਡੇਰਾ ਬਾਬਾ ਨਾਨਕ, ਦੀਨਾਨਗਰ (ਰਮੇਸ਼ ਸ਼ਰਮਾ, ਬਲਵਿੰਦਰ ਸਿੰਘ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਵੰਡਣ ਲਈ ਮਿੱਥੀ ਆਪਣੀ 45 ਦਿਨਾਂ ਦੀ ਸਮਾਂ ਹੱਦ ਦੇ ਬਾਵਜੂਦ ਕਰੀਬ 30 ਦਿਨਾਂ ਦੇ ਅੰਦਰ-ਅੰਦਰ ਦੀਵਾਲੀ ਤੋਂ ਪਹਿਲਾਂ ਹੜ੍ਹ ਪੀੜਤਾਂ ਨੂੰ ਰਾਹਤ ਰਾਸ਼ੀ ਪ੍ਰਦਾਨ ਕਰਨ ਦਾ ਵਾਅਦਾ ਪੂਰਾ ਕੀਤਾ ਹੈ।ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵਲੋਂ ਦੀਨਾਨਗਰ ਦੇ ਪਿੰਡ ਖੁਸ਼ੀਪੁਰ ਵਿੱਚ 42 ਲਾਭਪਾਤਰੀਆਂ ਨੂੰ 23 ਲੱਖ ਰੁਪਏ ਦੇ ਚੈੱਕ, ਗੁਰਦਾਸਪੁਰ ਦੇ ਪਿੰਡ ਖੋਖਰ ਰਾਜਪੂਤਾਂ ਵਿਖੇ 50 ਲਾਭਪਾਤਰੀਆਂ ਨੂੰ 24 ਲੱਖ ਰੁਪਏ ਦੇ ਚੈੱਕ ਅਤੇ ਡੇਰਾ ਬਾਬਾ ਨਾਨਕ ਦੇ ਪਿੰਡ ਕੋਠੇ ਦੇ 46 ਹੜ੍ਹ ਪੀੜਤਾਂ ਨੂੰ ਕਰੀਬ 12 ਲੱਖ ਰੁਪਏ ਦੇ ਚੈੱਕ (ਸੈਂਕਸ਼ਨ) ਲੈਟਰ ਵੰਡੇ।ਇਸ ਮੌਕੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਜ), ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਹਲਕਾ ਇੰਚਾਰਜ ਸਮਸ਼ੇਰ ਸਿੰਘ, ਅਜੈ ਬਹਿਲ, ਹਨੀ ਬਹਿਲ, ਐੱਸਡੀਐੱਮ ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸਡੀਐੱਮ ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸਡੀਐੱਮ ਡੇਰਾ ਬਾਬਾ ਨਾਨਕ ਆਦਿੱਤਿਆ ਸ਼ਰਮਾ, ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਚੇਅਰਮੈਨ ਸੁੱਚਾ ਸਿੰਘ ਮੁਲਤਾਨੀ, ਹਿਤੈਸ਼ ਮਹਾਜਨ, ਸੀਨੀਅਰ ਆਗੂ ਨੀਰਜ ਸਲਹੋਤਰਾ, ਤਹਿਸੀਲਦਾਰ ਲਛਮਣ ਸਿੰਘ, ਤਹਿਸੀਲਦਾਰ ਰੇਸ਼ਮ ਸਿੰਘ, ਐੱਸ. ਈ. ਹਰਜੋਤ ਸਿੰਘ, ਐੱਸਡੀਓ ਨਿਰਮਲ ਸਿੰਘ, ਬਲਵਿੰਦਰ ਸਿੰਘ ਹਰੂਵਾਲ ਸਮੇਤ ਪਿੰਡਾਂ ਦੇ ਪੰਚ-ਸਰਪੰਚ ਆਦਿ ਮੌਜੂਦ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਹਰਭਜਨ ਸਿੰਘ ਈਟੀਓ ਲੋਕ ਨਿਰਮਾਣ ਮੰਤਰੀ ਪੰਜਾਬ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਲੋਂ 11 ਸਤੰਬਰ ਨੂੰ ਐਲਾਨ ਕੀਤਾ ਗਿਆ ਸੀ ਕਿ ਵਿਸ਼ੇਸ਼ ਗਿਰਦਾਵਰੀ ਕਰਵਾਉਣ ਮਗਰੋਂ 45 ਦਿਨਾਂ ਦੇ ਅੰਦਰ-ਅੰਦਰ ਮੁਆਵਜ਼ਾ ਵੰਡਣਾ ਸ਼ੁਰੂ ਕਰ ਦਿੱਤਾ ਜਾਵੇਗਾ ਪਰ ਸੂਬਾ ਸਰਕਾਰ ਨੇ ਆਪਣੀਆਂ ਅਣਥੱਕ ਕੋਸ਼ਿਸ਼ਾਂ ਰਾਹੀਂ ਸਮੇਂ ਤੋਂ ਪਹਿਲਾਂ ਅਤੇ ਦੀਵਾਲੀ ਤੋਂ ਪਹਿਲਾਂ ਹੀ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕਰ ਦਿੱਤੀ ਹੈ। ਉਨ੍ਹਾਂ ਇਸ ਕੰਮ ਲਈ ਮਿਹਨਤ ਕਰਨ ਵਾਲੇ ਮਾਲ ਵਿਭਾਗ ਦੇ ਅਧਿਕਾਰੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਮੇਂ ਸਿਰ ਮੁਆਵਜ਼ੇ ਦੀ ਵੰਡ ਤੇ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਪਹਿਲੀ ਦਫ਼ਾ ਗਿਰਦਾਵਰੀ ਆਨਲਾਈਨ ਪੋਰਟਲ ਰਾਹੀਂ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਗੁਰਦਾਸਪੁਰ ਪ੍ਰਭਾਵਿਤ ਵਿਅਕਤੀਆਂ ਨੂੰ ਫ਼ਸਲਾਂ, ਮਕਾਨਾਂ ਤੇ ਪਸ਼ੂਆਂ ਆਦਿ ਦੇ ਨੁਕਸਾਨ ਦਾ ਮੁਆਵਜ਼ਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ ਲਾਭਪਾਤਰੀਆਂ ਨੂੰ ਵੀ ਜਲਦੀ ਉਨ੍ਹਾਂ ਦੇ ਬੈਂਕ ਖ਼ਾਤਿਆਂ ਵਿੱਚ ਮੁਆਵਜ਼ਾ ਰਾਸ਼ੀ ਪਹੁੰਚ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਪਹਿਲੀ ਵਾਰ ਪੰਜਾਬ ਸਰਕਾਰ ਆਪਣੇ ਹਿੱਸੇ ਦੀ ਰਾਸ਼ੀ ਵਿੱਚ ਵਾਧਾ ਕਰਕੇ ਪ੍ਰਤੀ ਏਕੜ 20,000 ਰੁਪਏ ਮੁਆਵਜ਼ਾ ਦੇ ਰਹੀ ਹੈ, ਜੋ ਦੇਸ਼ ਭਰ ਵਿੱਚ ਸਭ ਤੋਂ ਵੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨ ਬਿਨਾਂ ਕਿਸੇ ਪਰਮਿਟ ਦੇ ਆਪਣੇ ਖੇਤਾਂ ਵਿੱਚ ਜਮ੍ਹਾਂ ਹੋਈ ਰੇਤ ਅਤੇ ਗਾਰ ਨੂੰ ਹਟਾ ਸਕਦੇ ਹਨ ਜਾਂ ਮਰਜ਼ੀ ਮੁਤਾਬਕ ਵੇਚ ਸਕਦੇ ਹਨ।ਕਣਕ ਦੀ ਬਿਜਾਈ ਲਈ ਬੀਜ ਮੁਫ਼ਤ ਮੁਹੱਈਆ ਕਰਵਾਇਆ ਗਿਆ ਹੈ।ਡਾਕਟਰੀ ਜਾਂਚ ਲਈ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੁਫ਼ਤ ਸਿਹਤ ਕੈਂਪ ਲਾਏ ਗਏ ਹਨ ਅਤੇ ਪਸ਼ੂਆਂ ਲਈ ਵਿਸ਼ੇਸ਼ ਟੀਕਾਕਰਨ ਮੁਹਿੰਮ ਸ਼ੁਰੂ ਕੀਤੀ ਗਈ ਸੀ।ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਇਤਿਹਾਸਕ ਲੋਕਪੱਖੀ ਫੈਸਲੇ ਲਏ ਹਨ।ਸੂਬੇ ਭਰ ਵਿੱਚ ਸਕੂਲ ਆਫ ਐਮੀਨੈਂਸ ਸਥਾਪਤ ਕੀਤੇ ਹਨ। ਪਿਛਲੇ ਤਿੰਨ ਸਾਲਾਂ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਇਹ ਗਿਣਤੀ ਜਲਦੀ ਹੀ 1,000 ਨੂੰ ਪਾਰ ਕਰ ਜਾਵੇਗੀ ਅਤੇ ਕਿਹਾ ਕਿ ਹੁਣ ਤੱਕ ਇਨ੍ਹਾਂ ਕਲੀਨਿਕਾਂ ਨੇ 1.75 ਕਰੋੜ ਲੋਕਾਂ ਨੂੰ ਮੁਫਤ ਦਵਾਈ ਪ੍ਰਦਾਨ ਕੀਤੀ ਹੈ। ਸੂਬਾ ਸਰਕਾਰ ਨੇ 55,000 ਤੋਂ ਵੱਧ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ। 600 ਯੂਨਿਟ ਬਿਜਲੀ ਮੁਫ਼ਤ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਵੱਖ-ਵੱਖ ਲੋਕ-ਪੱਖੀ ਫੈਸਲੇ ਲਏ ਗਏ ਹਨ।

# ਟਾਟਾ ਮੋਟਰਜ਼ ਨੇ ਪੰਜਾਬ ਗ੍ਰਾਮੀਣ ਬੈਂਕ ਨਾਲ ਐੱਮਓਯੂ ਸਾਈਨ ਕੀਤਾ

**ਬਠਿੰਡਾ** : ਟਾਟਾ ਮੋਟਰਜ਼ ਨੇ ਪੰਜਾਬ ਗ੍ਰਾਮੀਣ ਬੈਂਕ ਨਾਲ ਸਮਝੌਤਾ ਪੱਤਰ (ਐੱਮਓਯੂ) 'ਤੇ ਹਸਤਾਖਰ ਕਰਨ ਦਾ ਐਲਾਨ ਕੀਤਾ ਹੈ।ਇਹ ਸਮਝੌਤਾ ਗਾਹਕਾਂ ਲਈ ਘੱਟ ਵਿਆਜ ਦਰਾਂ, ਸਰਲ ਦਸਤਾਵੇਜ਼ੀਕਰਨ ਅਤੇ ਤੇਜ਼ ਕਰਜ਼ਾ ਵੰਡ ਦੀ ਪੇਸ਼ਕਸ਼ ਕਰਕੇ ਵਾਹਨ ਮਾਲਕੀ ਨੂੰ ਆਸਾਨ ਬਣਾ ਦੇਵੇਗਾ।ਪੰਜਾਬ ਗ੍ਰਾਮੀਣ ਬੈਂਕ ਦੀ ਵਿਆਪਕ ਪਹੁੰਚ ਦੇ ਨਾਲ ਚਾਹਵਾਨ ਉੱਦਮੀ ਅਤੇ ਛੋਟੇ ਕਾਰੋਬਾਰੀ ਮਾਲਕ ਘੱਟ ਈਐੱਮਆਈ ਤੱਕ ਪਹੁੰਚ ਕਰ ਸਕਦੇ ਹਨ, ਜਿਸ ਨਾਲ ਉਨ੍ਹਾਂ ਨੂੰ ਆਪਣੇ ਕਾਰੋਬਾਰ ਸ਼ੁਰੂ ਕਰਨ ਅਤੇ ਵਧਾਉਣ ਵਿੱਚ ਮਦਦ ਮਿਲ ਸਕਦੀ ਹੈ।ਇਸ ਸਾਂਝੇਦਾਰੀ 'ਤੇ ਟਿੱਪਣੀ ਕਰਦੇ ਹੋਏ ਪਿਨਾਕੀ ਹਲਦਰ, ਵਾਈਸ ਪ੍ਰੈਜ਼ੀਡੈਂਟ ਅਤੇ ਬਿਜ਼ਨਸ ਹੈੱਡ ਐੱਸਸੀਵੀਪੀਯੂ, ਟਾਟਾ ਮੋਟਰਜ਼ ਕਮਰਸ਼ੀਅਲ ਵ੍ਹੀਕਲਜ਼ ਨੇ ਕਿਹਾ ਕਿ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਟਾਟਾ ਮੋਟਰਜ਼ ਦੇ ਛੋਟੇ ਵਪਾਰਕ ਵਾਹਨਾਂ ਨੇ ਦੇਸ਼ ਭਰ ਵਿੱਚ ਉੱਦਮਤਾ ਨੂੰ ਸਮਰੱਥ ਬਣਾਉਣ ਅਤੇ ਰੋਜ਼ੀ-ਰੋਟੀ ਦਾ ਸਮਰਥਨ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

# ਕਮਾਦ ਦੀ ਜਬਰੀ ਕਟਾਈ ਤੇ ਜ਼ਮੀਨ 'ਤੇ ਕਬਜ਼ਾ ਕਰਨ ਵਾਲਿਆਂ ਖ਼ਿਲਾ.ਫ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਫ਼ਸਲ ਦੀ ਜਬਰੀ ਕਟਾਈ ਅਤੇ ਜ਼ਮੀਨ 'ਤੇ ਕਬਜ਼ੇ ਕਰਨ ਦੇ ਦੋਸ਼ਾਂ ਹੇਠ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਮਿਲੀ ਸ਼ਿਕਾਇਤ ਤੋਂ ਬਾਅਦ ਕੀਤੀ ਜਾਂਚ ਦੌਰਾਨ ਇਨਕੁਆਰੀ ਅਫ਼ਸਰ ਉਪ ਕਪਤਾਨ ਪੁਲਸ ਸਬ ਡਵੀਜ਼ਨ ਦੀਨਾਨਗਰ ਨੇ ਪਾਇਆ ਕਿ ਅਮਰ ਨਾਥ ਪੁੱਤਰ ਗਿਆਨ ਚੰਦਵਾਸੀ ਹਬੀਬਪੁਰਾ ਦੀ ਜ਼ਮੀਨ ਰਕਬਾ ਚੇਚੀਆ ਛੌੜੀਆ ਹੈ, ਜਿਸ ਵਿਚ ਪੀੜਤਾਂ ਨੇ ਆਪਣੀ ਜ਼ਮੀਨ ਵਿੱਚੋਂ ਕਮਾਦ ਦੀ ਬਿਜਾਈ ਕੀਤੀ ਸੀ ਕਿ ਮੇਜਰ ਸਿੰਘ, ਗੁਰਮੇਜ ਸਿੰਘ ਪੁੱਤਰਾਨ ਕਾਬਲ ਸਿੰਘ ਵਾਸੀ ਛੋਟਾ ਕਲੀਚਪੁਰ ਥਾਣਾ ਦੀਨਾਨਗਰ, ਹਰਪ੍ਰੀਤ ਸਿੰਘ ਗੋਲਡੀ ਪੁੱਤਰ ਗੁਰਦੇਵ ਸਿੰਘ ਵਾਸੀ ਵਰਸੋਲਾ ਥਾਣਾ ਸਦਰ ਗੁਰਦਾਸਪੁਰ ਤੇ ਇਕ ਨਾਮਾਲੂਮ ਵਿਅਕਤੀਆਂ ਨੇ ਪੀੜਤ ਦੀ ਬੀਜੀ ਹੋਈ ਕਮਾਦ ਦੀ ਫਸਲ ਧੱਕੇ ਨਾਲ ਜ਼ਬਰਦਸਤੀ ਕੱਟ ਲਈ ਅਤੇ ਜ਼ਮੀਨ 'ਤੇ ਵੀ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਜ਼ੇਰੇ ਧਾਰਾ 379, 447, 511, 427, 34 ਆਈਪੀਸੀ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

16-Oct-PAGE-4.qxd 10/15/2025 10:36 PM Page 1



# ਲੱਦਾਖੀਆਂ ਦੀ ਹੋਣੀ

ਇੱਕ ਜ਼ਮਾਨਾ ਸੀ, ਜਦੋਂ ਲੱਦਾਖ ਦੇ ਬੋਧੀ ਜੰਮੂ ਦੇ ਡੋਗਰਿਆਂ ਦੀ ਇਸ ਸ਼ਿਕਾਇਤ ਦੇ ਸਾਂਝੀ ਸਨ ਕਿ ਕਸ਼ਮੀਰੀ ਉਨ੍ਹਾਂ ਨਾਲ ਵਿਤਕਰਾ ਕਰਦੇ ਹਨ, ਪਰ ਹੁਣ ਉਹੀ ਬੋਧੀ ਕਹਿ ਰਹੇ ਹਨ ਕਿ ਡੋਗਰੇ ਉਨ੍ਹਾਂ ਨੂੰ ਦੱਬ ਰਹੇ ਹਨ। ਜੰਮੂ ਦੇ ਡੋਗਰੇ ਤੇ ਲੱਦਾਖ ਦੇ ਬੋਧੀ ਅਗਸਤ 2019 ਵਿੱਚ ਧਾਰਾ 370 ਖਤਮ ਕਰਕੇ ਜੰਮੂ-ਕਸ਼ਮੀਰ ਰਾਜ ਨੂੰ ਜੰਮੂ-ਕਸ਼ਮੀਰ ਅਤੇ ਲੱਦਾਖ ਦੇ ਦੋ ਕੇਂਦਰ ਸ਼ਾਸਤ ਖੇਤਰਾਂ ਵਿੱਚ ਬਦਲਣ ਤੱਕ ਕਸ਼ਮੀਰੀ ਦਾਬੇ ਦੀ ਸ਼ਿਕਾਇਤ ਕਰਦੇ ਰਹੇ ਹਨ। ਡੋਗਰੇ, ਜਿਹੜੇ ਰਾਜ ਦੀ ਆਬਾਦੀ ਦਾ ਕਰੀਬ 25 ਫੀਸਦੀ ਸਨ ਤੇ ਬੋਧੀ, ਜਿਹੜੇ ਜੰਮੂ-ਕਸ਼ਮੀਰ ਵਿੱਚ ਮਾਮੂਲੀ, ਪਰ ਲੱਦਾਖ ਵਿੱਚ ਲਗਭਗ ਅੱਧੀ ਆਬਾਦੀ ਸਨ, ਕਸ਼ਮੀਰੀ ਆਗੂਆਂ ਤੇ ਨੌਕਰਸ਼ਾਹੀ ਖਿਲਾਫ ਗੁੱਸਾ ਜ਼ਾਹਰ ਕਰਦੇ ਰਹੇ ਹਨ। ਹਾਲਾਤ ਨੇ ਅਜਿਹਾ ਮੋੜ ਕੱਟਿਆ ਹੈ ਕਿ ਹੁਣ ਲੱਦਾਖ ਵਿੱਚ ਕਸ਼ਮੀਰੀ ਦਾਬੇ ਦਾ ਰੌਲਾ ਘਟ ਗਿਆ ਹੈ ਅਤੇ ਜੰਮੂ ਦੇ ਦਾਬੇ ਦਾ ਵਧ ਗਿਆ ਹੈ।

ਜੇਲ੍ਹਬੰਦ ਜਲਵਾਯੂ ਕਾਰਕੁਨ ਸੋਨਮ ਵਾਂਗਚੁੱਕ ਦੀ ਪਤਨੀ ਗੀਤਾਂਜਲੀ ਐਂਗਮੋ ਨੇ ਤਾਂ ਲੱਦਾਖ ਪ੍ਰਸ਼ਾਸਨ ਦੀ ਤੁਲਨਾ ਬਸਤੀਵਾਦੀਆਂ ਨਾਲ ਕਰਦਿਆਂ ਕਿਹਾ ਕਿ ਹੁਣ ਬਾਹਰਲੇ ਲੱਦਾਖ 'ਤੇ ਰਾਜ ਕਰ ਰਹੇ ਹਨ ਤੇ ਲੱਦਾਖ ਦੀ ਪੁਲਸ ਵੀ ਉਨ੍ਹਾਂ ਨਾਲ ਰਲੀ ਹੋਈ ਹੈ। ਉਸ ਦਾ ਕਹਿਣਾ ਹੈ : ਕੀ ਭਾਰਤ ਵਾਕਈ ਆਜ਼ਾਦ ਹੈ? 1857 ਵਿੱਚ 24 ਹਜ਼ਾਰ ਗੋਰਿਆਂ ਨੇ ਮਹਾਰਾਣੀ ਦੇ ਹੁਕਮਾਂ 'ਤੇ ਇੱਕ ਲੱਖ 35 ਹਜ਼ਾਰ ਭਾਰਤੀ ਸਿਪਾਹੀਆਂ ਨੂੰ 30 ਕਰੋੜ ਭਾਰਤੀਆਂ ਨੂੰ ਦਬਾਉਣ ਲਈ ਵਰਤਿਆ। ਅੱਜ ਇੱਕ ਦਰਜਨ ਪ੍ਰਸ਼ਾਸਕ 2400 ਲੱਦਾਖੀ ਪੁਲਸ ਜਵਾਨਾਂ ਨੂੰ ਤਿੰਨ ਲੱਖ ਲੱਦਾਖੀਆਂ ਨੂੰ ਦਬਾਉਣ ਲਈ ਵਰਤ ਰਹੇ ਹਨ। ਲੱਦਾਖ ਬੋਧੀ ਐਸੋਸੀਏਸ਼ਨ ਦੇ ਪ੍ਰਧਾਨ ਚੇਰਿੰਗ ਦੋਰਜੇ ਦਾ ਕਹਿਣਾ ਹੈ ਕਿ ਲੱਦਾਖ 'ਜ਼ੋਰਾਵਰ-2' ਦੇ ਹੇਠ ਦਿਨ ਕੱਟ ਰਹੇ ਹਨ। ਉਨ੍ਹਾ ਦਾ ਇਸ਼ਾਰਾ ਡੋਗਰਾ ਜਰਨੈਲ ਜ਼ੋਰਾਵਰ ਸਿੰਘ ਵੱਲ ਹੈ, ਜਿਸ ਨੇ 19ਵੀਂ ਸਦੀ ਵਿੱਚ ਲੱਦਾਖ ਨੂੰ ਜੰਮੂ ਆਧਾਰਤ ਡੋਗਰਾ ਮਹਾਰਾਜਾ ਗੁਲਾਬ ਸਿੰਘ ਲਈ ਖੋਹ ਲਿਆ ਸੀ। ਜ਼ੋਰਾਵਰ ਸਿੰਘ ਕਾਫੀ ਵਿਵਾਦਤ ਰਿਹਾ। ਇਸ ਵੇਲੇ ਲੱਦਾਖ ਵਿੱਚ ਤਿੰਨ ਉਤਲੀਆਂ ਪੁਜ਼ੀਸ਼ਨਾਂ 'ਤੇ ਬਾਹਰਲੇ ਬਿਰਾਜਮਾਨ ਹਨ। ਲੈਫਟੀਨੈਂਟ ਗਵਰਨਰ ਕਵਿੰਦਰ ਗੁਪਤਾ, ਮੁੱਖ ਸਕੱਤਰ ਪਵਨ ਕੋਤਵਾਲ ਤੇ ਪੁਲਸ ਦੇ ਡਾਇਰੈਕਟਰ ਜਨਰਲ ਐੱਸ ਡੀ ਸਿੰਘ ਜਮਵਾਲ ਜੰਮੂ ਦੇ ਡੋਗਰੇ ਹਨ। ਇਨ੍ਹਾਂ ਤਿੰਨਾਂ 'ਤੇ ਦੋਸ਼ ਹੈ ਕਿ ਇਹ ਲੱਦਾਖ ਨੂੰ ਰਾਜ ਬਣਾਉਣ ਤੇ ਵਿਸ਼ੇਸ਼ ਰੁਤਬਾ ਦਿਵਾਉਣ ਲਈ ਲੜ ਰਹੇ ਲੋਕਾਂ ਨੂੰ ਸਖਤੀ ਨਾਲ ਦਬਾਅ ਰਹੇ ਹਨ। ਇਨ੍ਹਾਂ ਤੋਂ ਇਲਾਵਾ ਕਈ ਹੋਰਨਾਂ ਅਹਿਮ ਪੁਜ਼ੀਸ਼ਨਾਂ 'ਤੇ ਵੀ ਦੇਸ਼ ਦੇ ਹੋਰਨਾਂ ਹਿੱਸਿਆਂ ਦੇ ਅਧਿਕਾਰੀ ਤਾਇਨਾਤ ਹਨ। ਕਵਿੰਦਰ ਗੁਪਤਾ ਦੀਆਂ ਆਰ ਐੱਸ ਐੱਸ ਵਿੱਚ ਡੂੰਘੀਆਂ ਜੜ੍ਹਾਂ ਹਨ। ਉਹ ਜੰਮੂ-ਕਸ਼ਮੀਰ ਵਿੱਚ ਉਪ ਮੁੱਖ ਮੰਤਰੀ ਤੇ ਸਪੀਕਰ ਰਹਿ ਚੁੱਕੇ ਹਨ। ਚੇਰਿੰਗ ਦੋਰਜੇ ਕਿਸੇ ਵੇਲੇ ਭਾਜਪਾ ਵਿੱਚ ਹੁੰਦੇ ਸਨ ਤੇ ਮਹਿਬੂਬਾ ਮੁਫਤੀ ਦੀ ਸਰਕਾਰ ਵਿੱਚ ਮੰਤਰੀ ਵੀ ਰਹਿ ਚੁੱਕੇ ਹਨ। ਲੱਦਾਖ ਦੇ ਹੱਕਾਂ ਦੀ ਲੜਾਈ ਲਈ ਉਨ੍ਹਾ ਭਾਜਪਾ ਛੱਡ ਦਿੱਤੀ ਸੀ। ਦੋਰਜੇ ਦਾ ਕਹਿਣਾ ਹੈ ਕਿ ਉਨ੍ਹਾ ਦਾ ਨਿੱਜੀ ਤਜਰਬਾ ਹੈ ਕਿ ਕਸ਼ਮੀਰੀ ਆਗੂ ਉਮਰ ਅਬਦੁੱਲਾ ਤੇ ਮਹਿਬੂਬਾ ਮੁਫਤੀ ਲੱਦਾਖੀਆਂ ਦੀਆਂ ਸ਼ਿਕਾਇਤਾਂ ਸੁਣ ਲੈਂਦੇ ਸਨ, ਪਰ ਕਸ਼ਮੀਰੀ ਨੌਕਰਸ਼ਾਹ ਢੁਚਰਾਂ ਡਾਹੁੰਦੇ ਸਨ, ਪਰ ਹੁਣ ਤਾਂ ਕੋਈ ਸੁਣਨ ਵਾਲਾ ਹੀ ਨਹੀਂ।

## ਵਕਤ ਦੀ ਪੁਕਾਰ

ਸਿਖ਼ਰ ਦੁਪਹਿਰੇ ਮਿੱਟੀ ਦੇ ਨਾਲ ਮਿੱਟੀ ਹੋ ਕੇ ਵੀ,
ਕਿਰਤੀਆ ਤੈਨੂੰ ਪੈ ਰਹੀਆਂ ਵਕਤ ਦੀਆਂ ਮਾਰਾਂ ਨੇ।
ਹੱਡ ਤੁੜਵਾ ਕੇ ਵੀ ਭੁੱਖੇ ਸੌਣਾ ਪੈਂਦਾ ਏ,
ਪਸੀਨੇ ਵਾਂਗਰ ਫੁੱਟੀਆਂ ਲਹੂ ਦੀਆਂ ਫੁਹਾਰਾਂ ਨੇ।
ਕਿਸਮਤ ਦੀ ਘੰਡੀ 'ਤੇ ਬਹਿ ਗਏ ਲੁਟੇਰੇ ਸਾਮਰਾਜੀਏ,
ਕਿੱਧਰੇ ਕੁਰਕ ਹੋਈਆਂ ਜ਼ਮੀਨਾਂ ਤੇ ਕਿੱਧਰੇ ਲੁੱਟ ਲਿਆ ਸ਼ਾਹੂਕਾਰਾਂ ਨੇ।
ਔਖੇ ਵੇਲੇ ਬਾਂਹ ਨਹੀਂ ਫੜਦਾ ਹਾਕਮ,
ਰੋਂਦੇ ਨੂੰ ਸਗੋਂ ਹੋਰ ਰਵਾਉਂਦਾ ਏ।
ਗੱਲ ਫਾਹੇ ਦੀਆਂ ਤਸਵੀਰਾਂ ਛਪੀਆਂ 'ਚ ਅਖ਼ਬਾਰਾਂ ਨੇ,
ਲਾਰੇ ਲਾ ਕੇ ਕੁਰਸੀ 'ਤੇ ਬਹਿ ਜਾਂਦਾ ਹਰ ਕੋਈ।
ਕੌਡੀ ਮੁੱਲ ਨਾ ਕੱਲ੍ਹ ਪਾਇਆ, ਨਾ ਅੱਜ ਪਾਇਆ,
ਸਮੇਂ ਦੀਆਂ ਸਰਕਾਰਾਂ ਨੇ।
ਤੇਰਾ ਖ਼ੂਨ ਬਗਾਵਤੀ ਏ ਤੂੰ ਖੌਲਣ ਲਾ ਲੈ,
ਖੁਦਕੁਸ਼ੀ ਦੇ ਥਾਵੇਂ ਹੱਕਾਂ ਲਈ ਬੋਲਣ ਲਾ ਲੈ।
ਏਕੇ ਦੇ ਝੰਡੇ ਹੇਠ ਲਹਿਰਾਓ ਤੂਫਾਨ ਵਾਂਗਰਾਂ,
ਵਕਤ ਦੀ ਹੈ ਇਹੀਓ ਪੁਕਾਰ....

-ਵਰਿੰਦਰ ਸ਼ਰਮਾ, 94172-80333

# ਅਵਾਰਾ ਪਸ਼ੂ ਅਤੇ ਸੜਕ ਹਾਦਸੇ



ਬਲਵੀਰ ਸਿੰਘ ਸਿੱਧੂ

ਸੜਕਾਂ ਉੱਪਰ ਆਵਾਰਾ ਪਸ਼ੂਆਂ ਕਾਰਨ ਹੋਣ ਵਾਲੇ ਸੜਕ ਹਾਦਸੇ ਅੱਜ ਦੇਸ਼ ਵਿੱਚ ਇੱਕ ਗੰਭੀਰ ਸਮੱਸਿਆ ਬਣ ਗਈ ਹੈ, ਜੋ ਮਨੁੱਖੀ ਤੇ ਪਸ਼ੂ ਦੋਵੇਂ ਜੀਵਨਾਂ ਨੂੰ ਪ੍ਰਭਾਵਿਤ ਕਰ ਰਹੇ ਹਨ। ਦੁਨੀਆ ਭਰ ਵਿੱਚ ਹਰ ਸਾਲ ਹਜ਼ਾਰਾਂ ਹਾਦਸੇ ਅਚਾਨਕ ਸੜਕ 'ਤੇ ਆਏ ਪਸ਼ੂਆਂ ਦੇ ਕਾਰਨ ਹੁੰਦੇ ਹਨ, ਜਿਨ੍ਹਾਂ ਵਿੱਚ ਕਈ ਜਾਨਾਂ ਜਾਂਦੀਆਂ ਹਨ, ਲੋਕ ਜ਼ਖ਼ਮੀ ਹੁੰਦੇ ਹਨ ਤੇ ਆਰਥਿਕ ਨੁਕਸਾਨ ਵੀ ਹੁੰਦਾ ਹੈ।

ਵਿਸ਼ਵ ਸਿਹਤ ਸੰਗਠਨ ਦੇ ਅੰਦਾਜ਼ੇ ਮੁਤਾਬਕ ਹਰ ਸਾਲ ਲਗਭਗ 1.3 ਮਿਲੀਅਨ ਲੋਕ ਸੜਕ ਹਾਦਸਿਆਂ 'ਚ ਮਰਦੇ ਹਨ, ਜਿਨ੍ਹਾਂ 'ਚੋਂ ਕਈ ਹਜ਼ਾਰ ਮੌਤਾਂ ਪਸ਼ੂਆਂ ਨਾਲ ਟੱਕਰ ਹੋਣ ਕਰਕੇ ਹੁੰਦੀਆਂ ਹਨ। ਵਿਕਸਤ ਦੇਸ਼ਾਂ ਜਿਵੇਂ ਕਿ ਅਮਰੀਕਾ, ਕੈਨੇਡਾ ਤੇ ਆਸਟ੍ਰੇਲੀਆ ਵਿੱਚ ਪਸ਼ੂਆਂ ਹੋਣ ਵਾਲੇ ਹਾਦਸੇ ਆਮ ਹਨ, ਜਿਨ੍ਹਾਂ ਕਰਕੇ ਹਰ ਸਾਲ ਵਾਹਨਾਂ ਦੇ ਨੁਕਸਾਨ ਤੇ ਇਲਾਜ ਦੇ ਖਰਚੇ 'ਚ ਅਰਬਾਂ ਡਾਲਰ ਦਾ ਨੁਕਸਾਨ ਹੁੰਦਾ ਹੈ।

ਪੰਜਾਬੀ ਗਾਇਕ ਰਾਜਵੀਰ ਜਵੰਦਾ ਦਾ 8 ਅਕਤੂਬਰ ਨੂੰ ਦੇਹਾਂਤ ਹੋ ਗਿਆ।ਉਹ ਪਿਛਲੇ ਲਗਭਗ ਦੋ ਹਫ਼ਤਿਆਂ ਤੋਂ ਜ਼ਿੰਦਗੀ ਤੇ ਮੌਤ ਦੇ ਵਿਚਕਾਰ ਜੰਗ ਲੜ ਰਹੇ ਸਨ। 27 ਸਤੰਬਰ ਨੂੰ ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲ੍ਹੇ ਦੇ ਬੱਦੀ ਨੇੜੇ ਉਹ ਆਪਣੀ ਮੋਟਰਸਾਈਕਲ 'ਤੇ ਸ਼ਿਮਲਾ ਵੱਲ ਜਾ ਰਹੇ ਸਨ, ਜਦੋਂ ਸੜਕ 'ਤੇ ਅਚਾਨਕ ਆਏ ਆਵਾਰਾ ਪਸ਼ੂ ਨਾਲ ਟੱਕਰ ਹੋ ਗਈ ਸੀ। ਵਿਕਾਸਸ਼ੀਲ ਦੇਸ਼ਾਂ ਵਿੱਚ ਸੜਕ ਪ੍ਰਬੰਧਨ ਕਮਜ਼ੋਰ ਹੋਣ, ਫੈਂਸਿੰਗ ਦੀ ਕਮੀ ਅਤੇ ਪਸ਼ੂ ਨਿਯੰਤਰਣ ਪ੍ਰਣਾਲੀ ਢਿੱਲੀ ਹੋਣ ਕਾਰਨ ਆਵਾਰਾ ਪਸ਼ੂਆਂ ਨਾਲ ਹੋਣ ਵਾਲੇ ਹਾਦਸੇ ਇੱਕ ਗੰਭੀਰ ਸਮੱਸਿਆ ਬਣ ਗਏ ਹਨ। ਭਾਰਤ ਵਿੱਚ ਗਾਵਾਂ, ਸਾਨ੍ਹ, ਬਲਦ ਤੇ ਕੁੱਤੇ ਵਰਗੇ ਆਵਾਰਾ ਪਸ਼ੂ ਹਰ ਸਾਲ ਹਜ਼ਾਰਾਂ ਹਾਦਸਿਆਂ ਦਾ ਕਾਰਨ ਬਣਦੇ ਹਨ। ਪੰਜਾਬ ਵਿੱਚ ਇਹ ਸਮੱਸਿਆ ਵਿਸ਼ੇਸ਼ ਤੌਰ 'ਤੇ ਗੰਭੀਰ ਰੂਪ ਧਾਰ ਚੁੱਕੀ ਹੈ। ਤੇਜ਼ੀ ਨਾਲ ਵਧਦੇ ਸ਼ਹਿਰੀਕਰਨ ਅਤੇ ਚਾਰਗਾਹਾਂ ਦੇ ਘਟਣ ਨਾਲ ਪਸ਼ੂ ਸੜਕਾਂ ਤੇ ਹਾਈਵੇ ਉੱਤੇ ਆ ਰਹੇ ਹਨ। ਅਧਿਐਨ ਦਰਸਾਉਂਦੇ ਹਨ ਕਿ ਪੰਜਾਬ ਵਿੱਚ ਹਰ ਮਹੀਨੇ ਲਗਭਗ 31 ਲੋਕ ਆਵਾਰਾ ਪਸ਼ੂਆਂ ਨਾਲ ਟੱਕਰਾਂ ਕਾਰਨ ਮਰਦੇ ਹਨ ਅਤੇ 2020 ਤੋਂ 2022 ਦਰਮਿਆਨ ਅਜਿਹੇ ਹਾਦਸਿਆਂ ਵਿੱਚ 35 ਪ੍ਰਤੀਸ਼ਤ ਵਾਧਾ ਦਰਜ ਕੀਤਾ ਗਿਆ ਹੈ। ਪੰਜਾਬ ਵਿੱਚ ਆਵਾਰਾ ਪਸ਼ੂਆਂ ਕਰਕੇ ਹੋਣ ਵਾਲੇ ਸੜਕ ਹਾਦਸਿਆਂ ਦਾ ਮਾਮਲਾ ਕਈ ਸਾਲਾਂ ਤੋਂ ਵਧ ਰਿਹਾ ਹੈ, ਪਰ ਪੰਜਾਬੀ ਗਾਇਕ ਰਾਜਵੀਰ ਜਵੰਦਾ ਦੀ ਦੁੱਖਦਾਈ ਮੌਤ ਨੇ ਇੱਕ ਵਾਰ ਫਿਰ ਲੋਕਾਂ ਦਾ ਧਿਆਨ ਖਿੱਚਿਆ ਹੈ। ਹਾਲਾਂਕਿ ਅਜਿਹੇ ਹਾਦਸਿਆਂ ਵਿੱਚ ਹਰ ਰੋਜ਼ ਕਈ ਲੋਕ ਮਰਦੇ ਜਾਂ ਜ਼ਖ਼ਮੀ ਹੁੰਦੇ ਹਨ, ਪਰ ਇਹ ਸਮੱਸਿਆ ਅਕਸਰ ਅਣਦੇਖੀ ਰਹਿ ਜਾਂਦੀ ਹੈ, ਕਿਉਂਕਿ ਬਹੁਤ ਸਾਰੇ ਮਾਮਲੇ ਢੰਗ ਨਾਲ ਰਿਪੋਰਟ ਨਹੀਂ ਹੁੰਦੇ ਜਾਂ ਉਨ੍ਹਾਂ ਦੀ ਐਫ਼ ਆਈ ਆਰ ਹੀ ਨਹੀਂ ਦਰਜ ਹੁੰਦੀ। ਇਸ ਦੇ ਬਾਵਜੂਦ, ਪ੍ਰਸ਼ਾਸ਼ਨਿਕ ਪੱਧਰ ਉੱਪਰ ਇਸ ਵੱਧ ਰਹੀ ਸਮੱਸਿਆ ਵੱਲ ਧਿਆਨ ਘੱਟ ਹੈ। ਇਹ ਹਾਦਸੇ ਸਿਰਫ਼ ਪਿੰਡਾਂ ਤੱਕ ਸੀਮਤ ਨਹੀਂ ਰਹੇ, ਸ਼ਹਿਰੀ ਇਲਾਕਿਆਂ ਵਿੱਚ ਵੀ ਆਮ ਹੋ ਚੁੱਕੇ ਹਨ। ਖ਼ਾਸ ਕਰਕੇ ਮਾਲਵਾ ਖੇਤਰ ਵਿੱਚ ਸਭ ਤੋਂ ਵੱਧ ਹਾਦਸਿਆਂ ਵਾਲੇ ਹਾਟਸਪਾਟ ਦਰਜ ਕੀਤੇ ਗਏ ਹਨ। ਰਾਤ ਦੇ ਸਮੇਂ, ਮਾਨਸੂਨੀ ਮੌਸਮ ਤੇ ਸਰਦੀਆਂ ਦੀ ਧੁੰਦ ਕਾਰਨ ਦਿੱਖ ਘਟਣ ਨਾਲ ਟੱਕਰਾਂ ਦੀ ਸੰਭਾਵਨਾ ਹੋਰ ਵਧ ਜਾਂਦੀ ਹੈ। ਇਹ ਸਥਿਤੀ ਸਪੱਸ਼ਟ ਦਿਖਾਉਂਦੀ ਹੈ ਕਿ ਆਵਾਰਾ ਪਸ਼ੂ ਹੁਣ ਸਿਰਫ਼ ਸਫ਼ਾਈ ਜਾਂ ਪਸ਼ੂ ਕਲਿਆਣ ਦੀ ਸਮੱਸਿਆ ਨਹੀਂ ਰਹੇ, ਇਹ ਸੜਕ ਸੁਰੱਖਿਆ ਤੇ ਜਨ ਸੁਰੱਖਿਆ ਨਾਲ ਜੁੜੀ ਇਕ ਗੰਭੀਰ ਚੁਣੌਤੀ ਬਣ ਚੁੱਕੇ ਹਨ। ਵਧਦੇ ਅੰਕੜੇ ਤੇ ਹਾਲੀਆ ਹਾਦਸੇ ਇਹ ਸੰਕੇਤ ਦੇ ਰਹੇ ਹਨ ਕਿ ਸੜਕਾਂ ਦੀ ਸੁਰੱਖਿਆ ਸਿਰਫ਼ ਟ੍ਰੈਫ਼ਿਕ ਨਿਯਮਾਂ ਤੱਕ ਸੀਮਿਤ ਨਹੀਂ, ਸਗੋਂ ਇਹ ਸਮਾਜਿਕ ਤੇ ਪ੍ਰਸ਼ਾਸਨਿਕ ਜ਼ਿੰਮੇਵਾਰੀ ਦਾ ਮਾਮਲਾ ਹੈ। ਹੁਣ ਸਮਾਂ ਆ ਗਿਆ ਹੈ ਕਿ ਇਸ ਵਧ ਰਹੀ ਸਮੱਸਿਆ ਦੇ ਮੂਲ ਕਾਰਨਾਂ ਨੂੰ ਵਿਗਿਆਨਕ ਢੰਗ ਨਾਲ ਸਮਝਿਆ ਜਾਵੇ ਅਤੇ ਨੀਤੀ ਪੱਧਰ 'ਤੇ ਢੰਗ ਨਾਲ ਹੱਲ ਖੋਜਿਆ ਜਾਵੇ। ਸੜਕਾਂ 'ਤੇ ਆਵਾਰਾ ਪਸ਼ੂਆਂ ਦੀ ਵਧਦੀ ਗਿਣਤੀ ਦੇ ਪਿੱਛੇ ਕਈ ਸਮਾਜਿਕ, ਆਰਥਿਕ ਤੇ ਪ੍ਰਸ਼ਾਸਨਿਕ ਕਾਰਨ ਹਨ, ਜੋ ਆਪਸ ਵਿੱਚ ਗਹਿਰੇ ਤੌਰ 'ਤੇ ਜੁੜੇ ਹੋਏ ਹਨ। ਸ਼ਹਿਰੀਕਰਨ ਤੇਜ਼ੀ ਨਾਲ ਵਧਣ ਨਾਲ ਪਿੰਡਾਂ ਤੇ ਅਰਧ-ਸ਼ਹਿਰੀ ਖੇਤਰਾਂ ਦੇ ਚਾਰਗਾਹ ਤੇ ਕੁਦਰਤੀ ਆਵਾਸ ਖਤਮ ਹੋ ਰਹੇ ਹਨ, ਜਿਸ ਕਰਕੇ ਗਾਵਾਂ, ਸਾਨ੍ਹ, ਬਲਦ ਤੇ ਕੁੱਤੇ ਖਾਣ-ਪੀਣ ਦੀ ਖੋਜ ਵਿੱਚ ਸੜਕਾਂ ਤੇ ਹਾਈਵੇਅਜ਼ ਵੱਲ ਆ ਰਹੇ ਹਨ। ਇਸ ਦੇ ਨਾਲ ਹੀ ਨਗਰ ਨਿਗਮਾਂ ਅਤੇ ਪੰਚਾਇਤਾਂ ਕੋਲ ਪਸ਼ੂ ਨਿਯੰਤਰਣ ਲਈ ਸੰਸਾਧਨ ਘੱਟ ਹਨ, ਨਸਬੰਦੀ ਮੁਹਿੰਮਾਂ ਅਧੂਰੀਆਂ ਹਨ ਅਤੇ ਗਊਸ਼ਾਲਾਵਾਂ ਦੀ ਵੱਡੀ ਘਾਟ ਹੈ, ਜਿਸ ਨਾਲ ਛੱਡੇ ਗਏ ਪਸ਼ੂ ਮੁੜ ਸੜਕਾਂ ਉੱਪਰ ਆ ਜਾਂਦੇ ਹਨ। ਧਾਰਮਿਕ ਤੇ ਸਮਾਜਿਕ ਤੱਤ ਵੀ ਇਸ ਸਮੱਸਿਆ ਨੂੰ ਗੰਭੀਰ ਬਣਾਉਂਦੇ ਹਨ। ਭਾਰਤ ਵਿੱਚ ਗਾਂ ਨੂੰ ਪਵਿੱਤਰ ਮੰਨਣ ਕਾਰਨ ਲੋਕ ਉਹਨਾਂ ਨੂੰ ਮਾਰਨ ਜਾਂ ਬੰਨ੍ਹ ਕੇ ਰੱਖਣ ਤੋਂ ਹਿਚਕਿਚਾਉਂਦੇ ਹਨ, ਜਦਕਿ ਕਈ ਮੰਦਰ ਤੇ ਸੰਸਥਾਵਾਂ ਪਸ਼ੂਆਂ ਨੂੰ ਖਾਣਾ ਖਵਾਉਣ ਨੂੰ ਦਾਨ ਮੰਨਦੀਆਂ ਹਨ। ਇਹ ਦਇਆਮਈ ਰਵੱਈਆ ਜਦ ਨਿਯੰਤਰਣ ਪ੍ਰਣਾਲੀ ਨਾਲ ਨਾ ਜੋੜਿਆ ਜਾਵੇ ਤਾਂ ਗਿਣਤੀ ਬੇਕਾਬੂ ਕਰ ਦਿੰਦਾ ਹੈ। ਰਾਜਨੀਤਕ ਪੱਧਰ 'ਤੇ ਇਸ ਵਿਸ਼ੇ ਦੀ ਸੰਵੇਦਨਸ਼ੀਲਤਾ ਕਾਰਨ ਸਖ਼ਤ ਕਦਮ ਚੁੱਕਣ ਤੋਂ ਪਰਹੇਜ਼ ਕੀਤਾ ਜਾਂਦਾ ਹੈ, ਜਿਸ ਨਾਲ ਨੀਤੀਆਂ ਕਾਗਜ਼ੀ ਰਹਿ ਜਾਂਦੀਆਂ ਹਨ। ਇਸ ਦੇ ਨਾਲ ਘੱਟ ਉਤਪਾਦਕਤਾ ਤੇ ਆਰਥਿਕ ਪ੍ਰੇਰਣਾ ਦੀ ਕਮੀ ਵੀ ਵੱਡਾ ਕਾਰਨ ਹੈ। ਦੇਸੀ ਗਾਂਵਾਂ ਦੀ ਦੁੱਧ ਉਤਪਾਦਨ ਸਮਰੱਥਾ ਘੱਟ ਹੋਣ, ਪੋਸ਼ਣ ਤੇ ਸਿਹਤ ਸੰਭਾਲ ਦੀ ਕਮੀ ਕਾਰਨ ਕਈ ਪਸ਼ੂ ਮਾਲਕ ਬੇਉਤਪਾਦਕ ਜਾਂ ਬਿਮਾਰ ਪਸ਼ੂਆਂ ਨੂੰ ਛੱਡ ਦਿੰਦੇ ਹਨ। ਬਿਮਾਰੀਆਂ ਜਿਵੇਂ ਰੇਬੀਜ਼, ਚਮੜੀ ਤੇ ਪਰਜੀਵੀ ਰੋਗ ਉਹਨਾਂ ਨੂੰ ਹੋਰ ਕਮਜ਼ੋਰ ਕਰਦੀਆਂ ਹਨ ਅਤੇ ਉਤਪਾਦਕਤਾ ਘਟਾਉਂਦੀਆਂ ਹਨ। ਇਹ ਸਾਰੇ ਤੱਤ ਮਿਲ ਕੇ ਇੱਕ ਗੁੰਝਲਦਾਰ ਸਮੱਸਿਆ ਪੈਦਾ ਕਰਦੇ ਹਨ, ਜਿਸ ਦਾ ਹੱਲ ਸਿਰਫ਼ ਤਾਲਮੇਲ ਵਾਲੇ ਤੇ ਬਹੁ-ਪੱਖੀ ਕਦਮਾਂ ਨਾਲ ਹੀ ਸੰਭਵ ਹੈ, ਜਿੱਥੇ ਸ਼ਹਿਰੀ ਯੋਜਨਾ, ਪ੍ਰਸ਼ਾਸਨਿਕ ਇਮਾਨਦਾਰੀ, ਧਾਰਮਿਕ ਜਾਗਰੂਕਤਾ ਅਤੇ ਆਰਥਿਕ ਜ਼ਿੰਮੇਵਾਰੀ ਇਕੱਠੇ ਕੰਮ ਕਰਨ।

ਪੰਜਾਬ ਵਿੱਚ ਵਾਹਨਾਂ ਦੀ ਗਿਣਤੀ ਤੇ ਟ੍ਰੈਫ਼ਿਕ ਦਾ ਵਾਧਾ ਸੜਕ ਢਾਂਚੇ ਦੇ ਵਿਕਾਸ ਨਾਲੋਂ ਕਾਫ਼ੀ ਤੇਜ਼ ਹੈ, ਜਿਸ ਕਾਰਨ ਸੜਕ ਹਾਦਸਿਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਅਬਾਦੀ ਤੇ ਆਰਥਿਕ ਤਰੱਕੀ ਦੇ ਨਾਲ ਨਿੱਜੀ ਕਾਰਾਂ, ਦੋਪਹੀਆ ਵਾਹਨਾਂ ਅਤੇ ਵਪਾਰਕ ਗੱਡੀਆਂ ਦੀ ਮਾਲਕੀ ਵਿੱਚ ਬੇਹੱਦ ਵਾਧਾ ਹੋਇਆ ਹੈ, ਪਰ ਸੜਕਾਂ ਦਾ ਵਿਸਥਾਰ ਤੇ ਅਧੁਨਿਕੀਕਰਨ ਉਸ ਗਤੀ ਨਾਲ ਨਹੀਂ ਹੋ ਸਕਿਆ। ਬਹੁਤ ਸਾਰੀਆਂ ਸੜਕਾਂ ਅਜੇ ਵੀ ਤੰਗ, ਖਰਾਬ ਹਾਲਤ ਵਿੱਚ ਹਨ ਅਤੇ ਉਨ੍ਹਾਂ 'ਤੇ ਰੌਸ਼ਨੀ ਤੇ ਸੁਰੱਖਿਆ ਪ੍ਰਬੰਧਾਂ ਦੀ ਕਮੀ ਹੈ। ਸਭ ਤੋਂ ਗੰਭੀਰ ਗੱਲ ਇਹ ਹੈ ਕਿ ਕਈ ਸੜਕਾਂ 'ਤੇ ਪਸ਼ੂਆਂ ਨੂੰ ਰੋਕਣ ਲਈ ਫੈਂਸਿੰਗ ਜਾਂ ਰੁਕਾਵਟਾਂ ਮੌਜੂਦ ਨਹੀਂ ਹਨ, ਜਿਸ ਕਾਰਨ ਆਵਾਰਾ ਪਸ਼ੂ ਬੇਰੋਕ ਸੜਕਾਂ ਉੱਪਰ ਆ ਜਾਂਦੇ ਹਨ ਤੇ ਵਾਹਨਾਂ ਨਾਲ ਟਕਰਾਅ ਦੇ ਮਾਮਲੇ ਵਧ ਰਹੇ ਹਨ। ਸੜਕਾਂ ਦੇ ਕਿਨਾਰਿਆਂ 'ਤੇ ਖੁੱਲ੍ਹੇ ਖੇਤਰ ਅਤੇ ਕੂੜੇ ਦੇ ਢੇਰ ਪਸ਼ੂਆਂ ਨੂੰ ਆਪਣੀ ਤਰਫ਼ ਖਿੱਚਦੇ ਹਨ, ਜਿਸ ਨਾਲ ਹਾਈਵੇ 'ਤੇ ਰਾਤ ਸਮੇਂ ਹਾਦਸਿਆਂ ਦੀ ਸੰਭਾਵਨਾ ਹੋਰ ਵਧ ਜਾਂਦੀ ਹੈ। ਆਵਾਰਾ ਪਸ਼ੂਆਂ ਨਾਲ ਹੋਣ ਵਾਲੇ ਹਾਦਸਿਆਂ ਨੂੰ ਰੋਕਣ ਲਈ ਸਿਰਫ਼ ਕਾਨੂੰਨ ਬਣਾਉਣਾ ਕਾਫ਼ੀ ਨਹੀਂ; ਲੋੜ ਹੈ ਜ਼ਮੀਨੀ ਪੱਧਰ 'ਤੇ ਸੰਯੁਕਤ ਅਤੇ ਕਾਰਗਰ ਕਦਮ ਚੁੱਕਣ ਦੀ। ਸਭ ਤੋਂ ਪਹਿਲਾਂ ਸੜਕ ਢਾਂਚੇ ਅਤੇ ਸੁਰੱਖਿਆ ਪ੍ਰਬੰਧਾਂ ਵਿੱਚ ਸੁਧਾਰ ਲਿਆਉਣੇ ਜ਼ਰੂਰੀ ਹਨ। ਹਾਈਵੇ ਅਤੇ ਮੁੱਖ ਸੜਕਾਂ ਦੇ ਕਿਨਾਰਿਆਂ 'ਤੇ ਮਜ਼ਬੂਤ ਫੈਂਸਿੰਗ ਅਤੇ ਚੇਤਾਵਨੀ ਬੋਰਡ ਲਗਾਏ ਜਾਣ, ਤਾਂ ਜੋ ਪਸ਼ੂਆਂ ਨੂੰ ਸੜਕਾਂ 'ਤੇ ਆਉਣ ਤੋਂ ਰੋਕਿਆ ਜਾ ਸਕੇ। ਰਾਤ ਸਮੇਂ ਵਿਖਣਯੋਗਤਾ ਵਧਾਉਣ ਲਈ ਬਿਹਤਰ ਰੌਸ਼ਨੀ ਪ੍ਰਣਾਲੀ ਅਤੇ ਐਨੀਮਲ ਵਾਰਨਿੰਗ ਜ਼ੋਨ ਜਿਹੇ ਖੇਤਰ ਨਿਸਚਿਤ ਕੀਤੇ ਜਾਣ।ਦੂਜਾ, ਪਸ਼ੂ ਨਿਯੰਤਰਣ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਜਾਵੇ।ਮਾਦਾ ਪਸ਼ੂਆਂ ਦੀ ਨਸਬੰਦੀ ਮੁਹਿੰਮ ਤੇਜ਼ ਕਰਕੇ ਪ੍ਰਜਨਣ ਦਰ 'ਤੇ ਕਾਬੂ ਪਾਇਆ ਜਾਵੇ। ਛੱਡੇ ਪਸ਼ੂਆਂ ਲਈ ਸ਼ੈਲਟਰ ਘਰਾਂ ਅਤੇ ਗਊਸ਼ਾਲਾਵਾਂ ਦੀ ਗਿਣਤੀ ਵਧਾਈ ਜਾਵੇ ਅਤੇ ਉਹਨਾਂ ਦੀ ਕਾਰਗੁਜ਼ਾਰੀ ਦੀ ਨਿਗਰਾਨੀ ਪ੍ਰਸ਼ਾਸਨ ਕਰੇ। ਇਸ ਦੇ ਨਾਲ ਹੀ ਕਾਨੂੰਨੀ ਸਖ਼ਤੀ ਲਿਆਉਣੀ ਜ਼ਰੂਰੀ ਹੈ, ਜਿਹੜੇ ਲੋਕ ਆਪਣੇ ਪਸ਼ੂ ਛੱਡਦੇ ਹਨ, ਉਨ੍ਹਾਂ 'ਤੇ ਜੁਰਮਾਨੇ ਜਾਂ ਸਜ਼ਾ ਦੇ ਪ੍ਰਬੰਧ ਹੋਣ। ਹਾਦਸਿਆਂ ਨਾਲ ਜੁੜੇ ਡਾਟਾ ਨੂੰ ਵੱਖਰੇ ਸ਼੍ਰੇਣੀ ਵਿੱਚ ਦਰਜ ਕੀਤਾ ਜਾਵੇ, ਤਾਂ ਜੋ ਹਕੀਕਤੀ ਤਸਵੀਰ ਸਾਹਮਣੇ ਆ ਸਕੇ। ਤੀਜਾ, ਜਾਗਰੂਕਤਾ ਅਤੇ ਸਮਾਜਿਕ ਭਾਗੀਦਾਰੀ ਨੂੰ ਜੋੜਿਆ ਜਾਵੇ। ਲੋਕਾਂ ਨੂੰ ਇਹ ਸਮਝਾਉਣਾ ਲਾਜ਼ਮੀ ਹੈ ਕਿ ਸੜਕਾਂ 'ਤੇ ਪਸ਼ੂਆਂ ਨੂੰ ਖਾਣਾ ਖਵਾਉਣਾ ਚੰਗੀ ਨੀਅਤ ਨਾਲ ਹੋ ਸਕਦਾ ਹੈ, ਪਰ ਸੁਰੱਖਿਆ ਪੱਖੋਂ ਇਹ ਖਤਰਨਾਕ ਹੈ।

ਸਕੂਲਾਂ, ਕਾਲਜਾਂ ਅਤੇ ਸਮਾਜਿਕ ਮੰਚਾਂ 'ਤੇ ਇਸ ਮਾਮਲੇ 'ਤੇ ਚਰਚਾ ਤੇ ਸਿੱਖਿਆ ਪ੍ਰੋਗਰਾਮ ਚਲਾਏ ਜਾਣ, ਤਾਂ ਜੋ ਲੋਕ ਇਸ ਨੂੰ ਸਿਰਫ਼ ਧਾਰਮਿਕ ਨਹੀਂ, ਸਗੋਂ ਸੁਰੱਖਿਆ ਮਾਮਲਾ ਸਮਝਣ। ਚੌਥਾ, ਤਕਨੀਕੀ ਹੱਲਾਂ ਨੂੰ ਅਪਣਾਉਣਾ ਹੋਵੇਗਾ। ਆਵਾਰਾ ਪਸ਼ੂਆਂ ਵਾਲੇ ਖੇਤਰਾਂ ਦੀ ਨਿਗਰਾਨੀ ਲਈ ਸੀ ਸੀ ਟੀਵੀ ਕੈਮਰੇ, ਡ੍ਰੋਨ ਅਤੇ 19-ਆਧਾਰਿਤ ਐਨੀਮਲ ਡਿਟੈਕਸ਼ਨ ਸਿਸਟਮ ਵਰਤੇ ਜਾਣ, ਜੋ ਡਰਾਈਵਰਾਂ ਨੂੰ ਪਹਿਲਾਂ ਹੀ ਚੇਤਾਵਨੀ ਦੇ ਸਕਣ। ਆਵਾਰਾ ਪਸ਼ੂਆਂ ਨਾਲ ਹੋਣ ਵਾਲੇ ਸੜਕ ਹਾਦਸੇ ਸਿਰਫ਼ ਪ੍ਰਸ਼ਾਸਨ ਦੀ ਨਾਕਾਮੀ ਨਹੀਂ, ਸਗੋਂ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਤੀਕ ਹਨ। ਜਦੋਂ ਤੱਕ ਪਸ਼ੂਆਂ ਲਈ ਸੁਰੱਖਿਅਤ ਥਾਂ ਨਹੀਂ ਬਣਾਈ ਜਾਂਦੀ, ਮਨੁੱਖਾਂ ਦੀ ਸੁਰੱਖਿਆ ਵੀ ਅਧੂਰੀ ਰਹੇਗੀ।

**# ਸੰਪਰਕ : 95013-01931**

# ਹੜ੍ਹ ਰੋਕਣ ਲਈ ਸਥਾਈ ਨੀਤੀ ਦੀ ਲੋੜ

ਜਗਮੇਲ ਸਿੰਘ

ਦਰਿਆ ਜਦ ਉਛਲਦਾ, ਤਾਂਡਵ ਮਚਾ ਦਿੰਦਾ।ਸੰਭਲਣ, ਸੰਭਾਲਣ ਦਾ ਮੌਕਾ ਈ ਨ੍ਹੀਂ ਦਿੰਦਾ।ਮੁੱਦਤਾਂ ਦੇ ਭੁੱਖੇ ਆਦਮ ਖਾਣੇ ਦਿਓ ਵਾਂਗੂੰ ਝਪਟਦਾ। ਬੰਨ੍ਹਾਂ, ਕੰਧਾਂ, ਕੌਲਿਆਂ ਨੂੰ ਭੰਨਦਾ, ਧੂੰਹਦਾ ਆਉਂਦਾ। ਸੜਕਾਂ ਨੂੰ ਨਾਲ ਹੀ ਵਹਾ ਲੈਂਦਾ। ਮੂਹਰੇ ਆਈ ਭਾਰੀ ਭਰਕਮ ਚੀਜ਼ ਦੇ ਪੈਰ ਉਖੇੜ ਧਰਦਾ।

ਐਂਈ ਹੋਇਆ ਆਪਣੇ ਇਥੇ, ਜਦੋਂ ਦਰਿਆ ਉੱਛਲੇ।ਮਿੰਟਾਂ-ਸਕਿੰਟਾਂ ਵਿੱਚ ਜਲੋ-ਜਲ ਕਰ ਦਿੱਤਾ।ਖੇਤ ਖਲਿਆਣ, ਘਰ-ਬਾਰ, ਪਸ਼ੂ ਢਾਂਡਾ, ਸੰਦ ਸੰਦੇੜਾ ਸਭ ਆ ਵਲਿਆ। 50-60 ਜਾਨਾਂ ਨਿਗਲ ਗਿਆ।ਤਕਰੀਬਨ 26-27 ਸੌ ਪਿੰਡ ਡੋਬ ਦਿੱਤੇ। 6-7 ਲੱਖ ਏਕੜ ਫ਼ਸਲ ਤਬਾਹ ਕਰ ਗਿਆ।ਸਭ ਤੋਂ ਵੱਧ ਮਾਰ ਮਜ਼ਦੂਰਾਂ ਤੇ ਗਰੀਬ ਕਿਸਾਨਾਂ ਨੂੰ ਪਈ।

ਹਰ ਦੋ-ਚੌਂਹ ਸਾਲੀਂ, ਇਹ ਕਹਿਰ ਲੋਕਾਂ ਸਿਰ ਵਰ੍ਹਦਾ। ਦਰਿਆ ਉਛਲਦੇ ਨੇ, ਲੋਕ ਉੱਜੜਦੇ ਨੇ। ਸਰਕਾਰਾਂ ਮਗਰਮੱਛੀ ਹੰਝੂ ਵਹਾ ਕੇ ਟਿਕ ਟਕਾ ਜਾਂਦੀਆਂ।ਲੋੜ ਆ ਇਸ ਕੁਲਹਿਣੇ ਚੱਕਰ ਨੂੰ ਰੋਕਣ ਦੀ।ਪੱਕੇ ਤੌਰ 'ਤੇ ਰੋਕਣ ਦੀ। ਕਈ ਮੁਲਕਾਂ ਨੇ ਇਉਂ ਕੀਤਾ।ਆਪਣੇ ਵੀ ਹੋ ਸਕਦੈ।ਹੋਣਾ ਤਾਂ, ਕੁਝ ਕਰਿਆਂ ਹੀ ਹੁੰਦੈ। ਹੜ੍ਹਾਂ ਤੋਂ ਲੋਕਾਂ ਨੂੰ ਬਚਾਉਣ ਲਈ ਸਥਾਈ ਨੀਤੀ ਬਣੇ। ਇਹ ਜ਼ੁੰਮਾ ਸਰਕਾਰਾਂ ਦਾ, ਅਧਿਕਾਰੀਆਂ ਦਾ, ਲੋਕਾਂ ਪ੍ਰਤੀ ਜ਼ਿੰਮੇਵਾਰੀਆਂ ਦਾ।

ਸਰਕਾਰਾਂ ਹੱਥ ਤਾਕਤ ਆ, ਖ਼ਜ਼ਾਨੇ ਦੀ ਤੇ ਅਮਲੇ ਫ਼ੈਲੇ ਦੀ, ਪਰ ਸਰਕਾਰਾਂ ਦਾ ਅਮਲ ਕੁਝ ਹੋਰ ਦੱਸਦੈ।ਅਮਲ ਉਹੀ ਜੋ ਰਾਜ-ਭਾਗ ਚਾਹੁੰਦਾ।ਰਾਜ-ਭਾਗ ਆ ਵੱਡਿਆਂ ਜਗੀਰਦਾਰਾਂ, ਸਰਮਾਏਦਾਰਾਂ ਦਾ।ਸਾਮਰਾਜ ਦੇ ਸੇਵਾਦਾਰਾਂ ਦਾ। ਸਰਕਾਰਾਂ ਇਹਨਾਂ ਦੇ ਹਿੱਤਾਂ ਦੀਆਂ ਪਾਲਕ।ਸੇਵਾ ਦਰਿਆਵਾਂ ਵਾਂਗੂੰ ਉਛਲ-ਉਛਲ ਪਵੇ। ਉਹਨਾਂ ਦੇ ਹਿੱਤ ਪਾਲਣਾ ਇਹਨਾਂ ਦਾ ਪਹਿਲ ਦਾ ਕਾਰਜ ਆ। ਉਹਨਾਂ ਦੇ ਮੁਨਾਫ਼ੇ ਵਧਾਉਣੇ ਇਹਨਾਂ ਦਾ ਪਰਮੋ-ਧਰਮ ਆ।ਸਿਰ ਨਿਵਾ ਕੇ ਪਾਲਣਾ ਕਰਦੀਆਂ। ਜਲ, ਜੰਗਲ, ਜ਼ਮੀਨਾਂ, ਪਹਾੜ, ਆਸਮਾਨ, ਸੜਕਾਂ ਉਹਨਾਂ ਦੀ ਸੇਵਾ ਵਿਚ ਜਿਣਸਾਂ ਤੇ ਕਿਰਤਾਂ ਲੁੱਟਣ ਦੀ ਖੁੱਲ੍ਹ।ਐਕਸਪ੍ਰੈੱਸ ਵੇਅ ਬਣਾ ਕੇ ਦੇਣੇ।ਲੰਮੀ ਮਿਆਦ ਦੇ ਮੋਟੇ ਕਰਜ਼ੇ ਦੇਣੇ। ਕਰਜ਼ੇ ਵੱਟੇ-ਖਾਤੇ ਪਾਉਣੇ।ਟੈਕਸ ਰਿਆਇਤਾਂ ਦੇਣੀਆਂ।ਕੰਪਨੀਆਂ ਨੂੰ ਗੱਫ਼ੇ, ਲੋਕਾਂ ਨੂੰ ਧੱਕੇ।

ਲੋਕਾਂ ਨੂੰ ਹੜ੍ਹਾਂ ਤੋਂ ਬਚਾਇਆ ਜਾ ਸਕਦਾ। ਬਚਾਇਆ ਜਾਣਾ ਚਾਹੀਦਾ।ਹੜ੍ਹ ਕੰਟਰੋਲ ਨੀਤੀ ਬਣੇ।ਬਜਟ ਵਿੱਚੋਂ ਇਹਦੇ ਲਈ ਰਕਮਾਂ ਰਿਜ਼ਰਵ ਰੱਖੀਆਂ ਜਾਣ।ਦਰਿਆਵਾਂ ਦੇ ਵਹਿਣ ਨੂੰ ਕੰਟਰੋਲ ਕਰਨ ਤੇ ਸਮਰੱਥਾ ਵਧਾਉਣ ਲਈ ਇਸ ਨੂੰ ਡੂੰਘਾ ਤੇ ਚੌੜਾ ਕੀਤਾ ਜਾਵੇ।ਇਸ ਦੇ ਕੰਢੇ ਉੱਚੇ ਤੇ ਮਜ਼ਬੂਤ ਕੀਤੇ ਜਾਣ। ਕੰਢਿਆਂ ਦੇ ਨਾਲ ਨਾਲ ਦਰੱਖਤਾਂ ਦੀ ਚੌੜੀ ਪੱਟੀ ਲਾਈ ਜਾਵੇ। ਰੁੱਖਾਂ ਦੀ ਸੰਭਾਲ ਤੇ ਰਾਖੀ ਲਈ ਬੇਲਦਾਰ ਭਰਤੀ ਕੀਤੇ ਜਾਣ।ਚੌੜੇ ਕਰਨ ਵਾਸਤੇ ਲਈ ਜਾਣ ਵਾਲੀ ਜ਼ਮੀਨ ਦਾ ਕਿਸਾਨਾਂ ਨੂੰ ਪੂਰਾ ਮੁੱਲ ਦਿੱਤਾ ਜਾਵੇ। ਦਰਿਆਵਾਂ ਦੀਆਂ ਥਾਵਾਂ 'ਤੇ ਕੀਤੇ ਨਜਾਇਜ਼ ਕਬਜ਼ੇ ਹਟਾਏ ਜਾਣ। ਦਰਿਆਵਾਂ ਤੇ ਛੋਟੀਆਂ-ਵੱਡੀਆਂ ਨਦੀਆਂ ਦੇ ਸਮੁੱਚੇ ਪਾਣੀ ਨੂੰ ਕੰਟਰੋਲ ਕਰਕੇ ਵਰਤਣ ਦੀ ਵਿਉਂਤਬੰਦੀ ਕੀਤੀ ਜਾਵੇ। ਡੈਮਾਂ ਦੀ ਸਮਰੱਥਾ ਵਧਾਉਣ ਲਈ ਗਾਰ ਕੱਢੀ ਜਾਵੇ।ਹੋਰ ਛੋਟੇ-ਛੋਟੇ ਡੈਮਾਂ ਦੀ ਉਸਾਰੀ ਕੀਤੀ ਜਾਵੇ। ਹਰ ਖੇਤ ਤੱਕ ਪਾਣੀ ਪਹੁੰਚਾਉਣ ਲਈ ਨਵੀਆਂ ਨਹਿਰਾਂ ਕੱਢੀਆਂ ਜਾਣ। ਡੈਮਾਂ 'ਤੇ ਸਟਾਫ਼ ਦੀਆਂ ਖਾਲੀ ਪਈਆਂ ਅਸਾਮੀਆਂ ਫੌਰੀ ਭਰੀਆਂ ਜਾਣ। ਨਵੀਆਂ ਅਸਾਮੀਆਂ ਪੈਦਾ ਕੀਤੀਆਂ ਜਾਣ। ਡਰੇਨਾਂ ਤੇ ਮੌਸਮੀ ਨਾਲਿਆਂ ਦੀ ਰੈਗੂਲਰ ਸਫਾਈ ਕਰਕੇ ਪਾਣੀ ਦੇ ਬੇਰੋਕ ਵਹਿਣ ਦੀ ਸਮਰੱਥਾ ਵਿਕਸਤ ਕੀਤੀ ਜਾਵੇ। ਦਰਿਆਵਾਂ 'ਚੋਂ ਅਣ-ਵਿਉਂਤੀ ਤੇ ਬੇਥਾਹ ਮਾਈਨਿੰਗ 'ਤੇ ਰੋਕ ਲਾਈ ਜਾਵੇ ਤੇ ਮਾਈਨਿੰਗ ਨੀਤੀ ਬਣਾਈ ਜਾਵੇ।ਕਾਰਪੋਰੇਟਾਂ ਦੇ ਮੋਟੇ ਮੁਨਾਫਿਆਂ ਖਾਤਰ ਵਾਤਾਵਰਨ ਦੀ ਤਬਾਹੀ ਤੇ ਮੌਸਮੀ ਵਿਗਾੜਾਂ ਨੂੰ ਜਨਮ ਦੇਣ ਵਾਲਾ ਇਹ ਅਖੌਤੀ ਵਿਕਾਸ ਮਾਡਲ ਰੱਦ ਕੀਤਾ ਜਾਵੇ। ਸੁਭਾਵਿਕ ਕੁਦਰਤੀ ਵਰਤਾਰਿਆਂ ਦੀ ਸਾਂਭ-ਸੰਭਾਲ ਵਾਲਾ ਸੰਤੁਲਿਤ ਤੇ ਲੋਕ-ਮੁਖੀ ਵਿਕਾਸ ਦਾ ਰਾਹ ਅਪਣਾਇਆ ਜਾਵੇ।

ਹੁਣ ਹੜ੍ਹ ਦੀ ਮਾਰ ਹੇਠ ਆਏ ਲੋਕਾਂ ਲਈ ਰਾਹਤ ਜਾਰੀ ਕੀਤੀ ਜਾਵੇ। ਲੋਕਾਂ ਦੀ ਜ਼ਿੰਦਗੀ ਨੂੰ ਮੁੜ ਸਾਵੀਂ ਕਰਨ ਲਈ ਹਰ ਪੱਖੋਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਮਦਦ ਕੀਤੀ ਜਾਵੇ। ਪੂਰੇ ਨੁਕਸਾਨ ਦੇ ਬਰਾਬਰ ਮੁਆਵਜ਼ਾ ਦਿੱਤਾ ਜਾਵੇ।ਹੜ੍ਹ ਪ੍ਰਭਾਵਤ ਖੇਤਰਾਂ ਵਿੱਚ ਜੰਗੀ ਪੱਧਰ 'ਤੇ ਸਫਾਈ ਕਰਨ, ਮੁੜ-ਉਸਾਰੀ ਤੇ ਮੁੜ ਵਸੇਬੇ ਦੇ ਕਾਰਜ ਫੌਰੀ ਸ਼ੁਰੂ ਕੀਤੇ ਜਾਣ। ਜ਼ਰੂਰੀ ਉਸਾਰ ਢਾਂਚੇ, ਜਿਵੇਂ ਕਿ ਸੜਕਾਂ, ਸਕੂਲਾਂ , ਹਸਪਤਾਲਾਂ ਤੇ ਹੋਰ ਸਾਂਝੀਆਂ ਥਾਵਾਂ ਦੇ ਹੋਏ ਨੁਕਸਾਨ ਨੂੰ ਪੂਰਨ ਲਈ ਫੰਡ ਜਾਰੀ ਕੀਤੇ ਜਾਣ। ਇਹਨਾਂ ਕਾਰਜਾਂ ਲਈ ਵੱਡੀ ਪੱਧਰ 'ਤੇ ਸਰਕਾਰੀ ਫੰਡ ਝੋਕੇ ਜਾਣ। ਜਿਹਨਾਂ ਪਰਵਾਰਾਂ ਦੇ ਜੀਅ ਹੜ੍ਹ ਦੀ ਭੇਟ ਚੜ੍ਹ ਗਏ, ਉਹਨਾਂ ਨੂੰ ਆਰਥਿਕ ਸਹਾਇਤਾ ਦਿੱਤੀ ਜਾਵੇ। ਹੋਰਨਾਂ ਸਹਾਇਕ ਧੰਦਿਆਂ ਦੇ ਨੁਕਸਾਨ, ਘਰ-ਘਾਟ ਤੇ ਫ਼ਸਲਾਂ, ਜ਼ਮੀਨਾਂ ਵਗੈਰਾ ਦੀ ਬਰਬਾਦੀ ਨੂੰ ਝੱਲਣ ਵਾਲੇ ਲੋਕਾਂ ਦੇ ਨੁਕਸਾਨ ਦੀ ਸੌ ਫ਼ੀਸਦੀ ਪੂਰਤੀ ਲਈ ਫੰਡ ਜਾਰੀ ਕੀਤੇ ਜਾਣ। ਖੇਤਾਂ 'ਚ ਕਈ ਕਈ ਫੁੱਟ ਵਿਛ ਗਈ ਰੇਤ ਨੂੰ ਕੱਢਣ ਲਈ ਪ੍ਰਤੀ ਏਕੜ ਦੇ ਹਿਸਾਬ ਸਮੁੱਚਾ ਖਰਚ ਦਿੱਤਾ ਜਾਵੇ।ਹੜ੍ਹਾਂ ਦੇ ਪਾਣੀ ਦੇ ਪ੍ਰਦੂਸ਼ਣ ਸਦਕਾ ਪੈਦਾ ਹੋ ਸਕਣ ਵਾਲੀਆਂ ਤੇ ਵੱਡੇ ਪੱਧਰ 'ਤੇ ਫ਼ੈਲ ਜਾਣ ਵਾਲੀਆਂ ਬੀਮਾਰੀਆਂ ਦੀ ਅਗਾਊਂ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾਣ। ਲੋੜੀਂਦਾ ਸਟਾਫ ਦਵਾਈਆਂ ਤੇ ਹੋਰ ਢਾਂਚਾ ਫੌਰੀ ਮੁਹੱਈਆ ਕਰਵਾਇਆ ਜਾਵੇ।

ਸੂਚਨਾ ਜ਼ਿਆਦਾ ਮੀਂਹ ਪੈਣ ਦੀ ਸੀ ਪਰ ਅਫ਼ਸਰਸ਼ਾਹੀ ਬੇਪਰਵਾਹ।ਨਾ ਡੈਮਾਂ ਦੀ ਸਫ਼ਾਈ, ਨਾ ਦਰਿਆਵਾਂ ਦੇ ਕੰਢਿਆਂ ਤੇ ਬੰਨ੍ਹਾਂ ਦੀ ਮਜ਼ਬੂਤੀ।ਨਾ ਡੈਮਾਂ 'ਚ ਪਾਣੀ ਰੱਖਣਾ ਜਾਂ ਛੱਡਣ ਦੀ ਸਹੀ ਵਿਉਂਤਬੰਦੀ ਕੀਤੀ।ਨਾ ਫਲੱਡ ਗੇਟਾਂ ਦੀ ਮੁਰੰਮਤ ਕਰਵਾਈ। ਜਦ ਬੇਪਰਵਾਹਾਂ ਸਿਰ ਮੀਂਹ ਚੜ੍ਹ ਆਇਆ ਤਾਂ ਉਭੜਵਾਹੇ ਡੈਮ ਖੋਲ੍ਹੇ।ਹੜ੍ਹ ਵਗਾ ਦਿੱਤੇ। ਲੋਕੀਂ ਹੜ੍ਹਾਅ ਦਿੱਤੇ।ਇਸ ਗੁਨਾਹ ਦੇ ਜ਼ੁੰਮੇਵਾਰ ਅਫਸਰ ਟਿਕੇ ਜਾਣ, ਸਜ਼ਾਵਾਂ ਦਿੱਤੀਆਂ ਜਾਣ।

ਕੁਦਰਤੀ ਆਫਤ ਫੰਡ ਕਾਇਮ ਕੀਤਾ ਜਾਵੇ।ਕਾਰਪੋਰੇਟਾਂ ਤੋਂ ਵਿਸ਼ੇਸ਼ ਟੈਕਸ ਵਸੂਲ ਕੇ ਹੜ੍ਹ ਪੀੜਤਾਂ ਨੂੰ ਦਿੱਤਾ ਜਾਵੇ।

**# ਸੰਪਰਕ : 94172-24822**

# ਲਾਪਰਵਾਹੀ ਬਣਦੀ ਹੈ ਜੀਵਨ ਲਈ ਸਰਾਪ

ਗੁਰਬਿੰਦਰ ਸਿੰਘ ਮਾਣਕ

ਕੁਦਰਤ ਮਨੁੱਖ ਨੂੰ ਬਹੁਤ ਕੁਝ ਸਿਖਾਉਂਦੀ ਹੈ। ਇਸ ਅਦਭੁੱਤ ਵਰਤਾਰੇ ਨੂੰ ਗਹੁ ਨਾਲ ਵਾਚੀਏ ਤਾਂ ਇਹ ਗੱਲ ਮਹਿਸੂਸ ਹੁੰਦੀ ਹੈ ਕਿ ਕਇਨਾਤ ਦੇ ਜ਼ਰੇ-ਜ਼ਰੇ ਵਿਚ ਬੇਮਿਸਾਲ ਜ਼ਾਬਤਾ ਸਮਾਇਆ ਹੋਇਆ ਹੈ। ਧਰਤੀ 'ਤੇ ਵਗਦੇ ਦਰਿਆਵਾਂ, ਨਦੀਆਂ ਦੀ ਰਵਾਨੀ, ਝੂਮਦੀਆਂ ਫਸਲਾਂ, ਹਵਾ ਨਾਲ ਗੱਲਾਂ ਕਰਦੇ ਰੁੱਖ,ਅਨੰਤ ਰੰਗਾਂ ਦੇ ਫੁੱਲਾਂ ਦੀ ਮਹਿਕ, ਅੰਬਰੀਂ ਉਡਾਰੀਆਂ ਭਰਦੇ ਪਰਿੰਦੇ,ਅਨੇਕਾਂ ਜੀਵ-ਜੰਤੂ ਜਾਨਵਰ, ਮਹਾਂਸਾਗਰਾਂ ਵਿਚ ਉੱਠਦੀਆਂ ਲਹਿਰਾਂ, ਦਿਨ-ਰਾਤ ਦਾ ਅਚੰਭਾ, ਜੀਵਨ ਤੇ ਮੌਤ ਦਾ ਰਹੱਸ, ਗੱਲ ਕੀ ਜੀਵਨ ਦੇ ਹਰ ਕਦਮ 'ਤੇ ਕੁਦਰਤ ਨੇ ਬਹੁਤ ਸਹਿਜਤਾ ਨਾਲ ਅਜਿਹਾ ਅਨੁਸ਼ਾਸਨ ਸਿਰਜਿਆ ਹੋਇਆ ਹੈ, ਜਿਸ ਨੂੰ ਦੇਖ ਕੇ ਮਨੁੱਖ ਦੀ ਬੁੱਧੀ ਆਚੰਭਿਤ ਹੋਣੋ ਨਹੀਂ ਰਹਿ ਸਕਦੀ।

ਮਨੁੱਖ ਆਪਣੇ ਆਪ ਨੂੰ ਧਰਤੀ ਦਾ ਬਾਦਸ਼ਾਹ ਸਮਝਦਾ ਹੈ। ਅਸਲ ਵਿਚ ਇਹ ਸਾਰਾ ਕੁਝ ਵੀ ਕੁਦਰਤ ਵੱਲੋਂ ਬਖਸ਼ੀਆਂ ਅਣਮੁੱਲੀਆਂ ਦਾਤਾਂ ਦੀ ਬਦੌਲਤ ਹੀ ਹੈ। ਅਜਿਹੇ ਵਰਦਾਨ ਦੇ ਨਾਲ-ਨਾਲ ਕੁਦਰਤ ਨੇ ਮਨੁੱਖ ਨੂੰ ਬਹੁਤ ਸਾਰੇ ਸੁਨੇਹੇ ਵੀ ਬਖਸ਼ੇ ਹੋਏ ਹਨ, ਤਾਂ ਕਿ ਮਨੁੱਖ ਇਨ੍ਹਾਂ ਤੋਂ ਸਬਕ ਲੈ ਕੇ ਆਪਣੀ ਜ਼ਿੰਦਗੀ ਨੂੰ ਚੰਗੇਰਾ ਬਣਾ ਸਕੇ। ਜੇ ਧਰਤੀ ਉੱਤੇ ਸਭ ਕੁਝ ਬਿਨਾਂ ਕਿਸੇ ਜ਼ਾਬਤੇ ਦੇ ਆਪਮੁਹਾਰੇ ਹੀ ਹੋਣ ਲੱਗ ਜਾਵੇ ਤਾਂ ਜੀਵਨ ਨੂੰ ਕਈ ਤਰ੍ਹਾਂ ਦੇ ਖਤਰਿਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਬਿਨਾਂ ਕਿਸੇ ਅਨੁਸ਼ਾਸਨ ਤੋਂ ਮਨੁੱਖੀ ਜੀਵਨ ਨਾ ਕੇਵਲ ਆਪਣੇ ਲਈ ਹੀ, ਸਗੋਂ ਦੂਜਿਆਂ ਲਈ ਵੀ ਅਨੇਕਾਂ ਪਰੇਸ਼ਾਨੀਆਂ ਪੈਦਾ ਕਰਕੇ ਬਰਬਾਦੀ ਦੇ ਰਾਹ ਤੋਰ ਦਿੰਦਾ ਹੈ। ਜੇ ਗਹੁ ਨਾਲ ਦੇਖੀਏ ਤਾਂ ਕੁਦਰਤ ਦੇ ਵਰਤਾਰੇ ਵਿਚ ਅੰਤਾਂ ਦਾ ਜ਼ਾਬਤਾ ਤੇ ਅਨੁਸ਼ਾਸਨ ਹੈ। ਸੂਰਜ, ਚੰਦ, ਸਿਤਾਰੇ, ਦਿਨ-ਰਾਤ ਬਣਨ ਦੀ ਪ੍ਰਕਿਰਿਆ ਗੱਲ ਕੀ ਕੁਦਰਤ ਦੇ ਜ਼ਰੇ-ਜ਼ਰੇ ਵਿਚ ਅਨੁਸ਼ਾਸਨ ਸਮਾਇਆ ਹੋਇਆ ਹੈ। ਇਨ੍ਹਾਂ ਵਿਚ ਕਦੇ ਕੋਈ ਖਲਲ ਨਹੀਂ ਪੈਂਦਾ। ਸੂਰਜ ਦੇ ਉਗਮਣ ਤੇ ਅਸਤ ਹੋਣ ਵਿਚ ਕਦੇ ਕੋਈ ਘਾਟ-ਵਾਧ ਨਹੀਂ ਆਈ। ਕਦੇ ਹੋਇਆ ਹੈ ਕਿ ਸੂਰਜ ਚੜ੍ਹਨਾ ਹੀ ਭੁੱਲ ਗਿਆ ਹੋਵੇ। ਧਰਤੀ ਉੱਤੇ ਰੁੱਖ,ਫੁੱਲ,ਬੂਟੇ,ਫਸਲਾਂ,ਬਨਾਸਪਤੀ ਵੀ ਬੀਜਣ ਤੋਂ ਲੈ ਕੇ ਉਗਮਣ, ਮਿੱਥੇ ਸਮੇਂ ਦੀ ਸੀਮਾ ਵਿਚ ਪਰਵਾਨ ਚੜ੍ਹਨ, ਫੁੱਲਾਂ, ਫਲਾਂ ਨਾਲ ਲੱਦੇ ਜਾਣ,ਫਸਲਾਂ ਦੇ ਪੱਕਣ ਤੱਕ ਇਕ ਵਿਸ਼ੇਸ਼ ਅਨੁਸ਼ਾਸਨ ਵਿਚ ਬੱਝੇ ਨਜ਼ਰ ਆਉਂਦੇ ਹਨ।

ਕੁਦਰਤ ਦਾ ਸਪੱਸ਼ਟ ਨੇਮ ਹੈ ਕਿ ਇਕ ਸਮੇਂ ਦੀ ਸੀਮਾ ਦੇ ਅਨੁਸਾਰ ਹੀ ਸਭ ਕੁਝ ਵਾਪਰਦਾ ਹੈ। ਬੰਦਾ ਜਿੰਨਾ ਮਰਜ਼ੀ ਤਰਲੋ-ਮੱਛੀ ਹੋਈ ਜਾਵੇ, ਪਰ ਜ਼ਾਬਤੇ ਦੇ ਨੇਮ ਵਿਚ ਬੱਝੇ ਫਸਲਾਂ,ਫਲ ਤੇ ਹੋਰ ਅਨੇਕਾਂ ਬੂਟੇ ਪ੍ਰਵਾਨ ਚੜ੍ਹਦੇ ਹਨ। ਕੁਦਰਤ ਦੇ ਵਰਤਾਰੇ ਵਿਚ ਹਰ ਚੀਜ਼ ਇਕ ਅਨੁਸ਼ਾਸਨ ਵਿਚ ਬੱਝੀ ਹੋਈ ਨਜ਼ਰ ਆਉਂਦੀ ਹੈ। ਜੀਵਨ ਪ੍ਰਤੀ ਵੀ ਇਹੀ ਨੇਮ ਤੇ ਜ਼ਾਬਤਾ ਸਿੱਖ ਲਿਆ ਜਾਵੇ ਤਾਂ ਜੀਵਨ ਦੀ ਤੋਰ ਨੂੰ ਬਹੁਤ ਚੰਗੇਰਾ ਤੇ ਅਨੁਸ਼ਾਸਨਮਈ ਬਣਾਇਆ ਜਾ ਸਕਦਾ ਹੈ। ਸਾਡੇ ਆਲੇ-ਦੁਆਲੇ ਵਿਚ ਬਹੁਤ ਕੁਝ ਅਜਿਹਾ ਮੰਦਭਾਗਾ ਵਾਪਰਦਾ ਨਜ਼ਰੀਂ ਪੈਂਦਾ ਹੈ, ਜੋ ਕਿਸੇ ਜ਼ਾਬਤੇ ਦੇ ਨਿਯਮਾਂ ਦੀ ਉਲੰਘਣਾ ਦਾ ਹੀ ਸਿੱਟਾ ਹੁੰਦਾ ਹੈ। ਬਿਨਾਂ ਸ਼ੱਕ ਵਿਦਿਆ ਦਾ ਪਾਸਾਰ ਵੀ ਹੋ ਰਿਹਾ ਹੈ। ਵਿਗਿਆਨ ਤੇ ਤਕਨਾਲੋਜੀ ਦੇ ਖੇਤਰ ਵਿਚ ਵੀ ਹੈਰਾਨਕੁੰਨ ਖੋਜਾਂ ਨੇ ਮਨੁੱਖੀ ਜੀਵਨ ਦੀ ਕਾਇਆ-ਕਲਪ ਕਰ ਦਿੱਤੀ ਹੈ, ਪਰ ਇਸ ਸਭ ਕੁਝ ਦੇ ਬਾਵਜੂਦ ਸਾਡੇ ਕਿਰਦਾਰ ਦਾ ਸਭ ਤੋਂ ਭੈੜਾ ਪੱਖ ਇਹ ਹੈ ਕਿ ਅਸੀਂ ਬੇਹੱਦ ਆਪ-ਹੁਦਰੇ, ਅਨੁਸ਼ਾਸਨਹੀਣ ਤੇ ਨੇਮਾਂ ਤੋਂ ਲਾਪਰਵਾਹ ਹੋ ਗਏ ਹਾਂ।

ਜਿਸ ਤਰ੍ਹਾਂ ਦਾ ਸਾਡੇ ਦੇਸ਼ ਵਿਚ ਸੜਕੀ ਆਤੰਕ ਪਸਰਿਆ ਹੋਇਆ ਹੈ ਤੇ ਨਿੱਤ ਦਿਨ ਹਾਦਸਿਆਂ ਨਾਲ ਘਰਾਂ ਵਿਚ ਸੱਥਰ ਵਿਛ ਰਹੇ ਹਨ, ਇਸ ਦਾ ਸਭ ਤੋਂ ਵੱਡਾ ਕਾਰਨ ਸਾਡੀ ਸਿਰੇ ਦੀ ਅਣਗਹਿਲੀ ਤੇ ਅਨੁਸ਼ਾਸਨਹੀਣਤਾ ਹੀ ਕਹੀ ਜਾ ਸਕਦੀ ਹੈ। ਕਿਸੇ ਤਕਨੀਕੀ ਖਰਾਬੀ ਕਾਰਨ ਤਾਂ ਬਹੁਤ ਘੱਟ ਹਾਦਸੇ ਵਾਪਰਦੇ ਹਨ, ਬਹੁਤ ਹਾਦਸੇ ਸੜਕੀ ਨੇਮਾਂ ਦੀ ਘੋਰ ਉਲੰਘਣਾ ਤੇ ਸਾਡੀ ਗੈਰ-ਜ਼ਿੰਮੇਵਾਰੀ ਕਾਰਨ ਹੀ ਵਾਪਰਦੇ ਹਨ। ਜੇ ਵਾਹਨਾਂ ਦੀ ਗਿਣਤੀ ਵਧੀ ਹੈ ਤਾਂ ਸੜਕ-ਮਾਰਗਾਂ ਵਿਚ ਵੀ ਬਹੁਤ ਵਾਧਾ ਹੋਇਆ ਹੈ, ਪਰ ਅਸੀਂ ਕਿਸੇ ਨੇਮ-ਕਾਨੂੰਨ ਨੂੰ ਮੰਨਣ ਲਈ ਤਿਆਰ ਹੀ ਨਹੀਂ ਹਾਂ। ਸਾਡੀ ਲਾਪਰਵਾਹੀ ਕਾਰਨ ਪੂਰੇ ਦੇ ਪੂਰੇ ਪਰਵਾਰ ਹਾਦਸਿਆਂ ਦੀ ਭੇਟ ਚੜ੍ਹ ਰਹੇ ਹਨ। ਅਕਸਰ ਹੀ ਦੇਖਣ ਵਿਚ ਆਇਆ ਹੈ ਕਿ ਟਰੈਫਿਕ ਵਧਣ ਕਾਰਨ ਜਾਮ ਲੱਗਣੇ ਨਿੱਤ ਦਾ ਵਰਤਾਰਾ ਹੋ ਗਿਆ ਹੈ। ਬਹੁਤੀ ਵਾਰ ਇਹ ਜਾਮ ਨਿਯਮਾਂ ਦੀ ਨੰਗੀ-ਚਿੱਟੀ ਉਲੰਘਣਾ ਤੇ ਵਾਹਨ ਚਾਲਕਾਂ ਦੀ ਇਕ ਦੂਜੇ ਪ੍ਰਤੀ ਹਉਮੈ ਦਾ ਸਿੱਟਾ ਹੀ ਹੁੰਦੇ ਹਨ। ਆਪਣੀ ਲੇਨ ਨੂੰ ਤੋੜ ਕੇ ਇਕ-ਦੂਜੇ ਤੋਂ ਅੱਗੇ ਜਾਣ ਦੀ ਲਾਲਸਾ ਕਾਰਨ ਟਰੈਫਿਕ ਵਿਚ ਵਿਘਨ ਪੈ ਜਾਂਦਾ ਹੈ। ਕਈ ਵਾਰ ਸਾਡੀ ਲਾਪਰਵਾਹੀ ਕਾਰਨ ਘੰਟਿਆਂ-ਬੱਧੀ ਜਾਮ ਲੱਗਾ ਰਹਿੰਦਾ ਹੈ। ਡਿਊਟੀ 'ਤੇ ਜਾ ਰਹੇ ਮੁਲਾਜ਼ਮਾਂ, ਵਿਆਹ-ਸ਼ਾਦੀ ਜਾਂ ਹੋਰ ਜ਼ਰੂਰੀ ਕੰਮਾਂ ਲਈ ਜਾ ਰਹੇ ਲੋਕਾਂ ਤੇ ਐਂਬੂਲੈਂਸ ਵਿਚ ਤੜਫ ਰਹੇ ਮਰੀਜ਼ਾਂ ਦੀ ਵੀ ਕੋਈ ਪਰਵਾਹ ਨਹੀਂ ਕਰਦਾ। ਹਜ਼ਾਰਾਂ ਰੁਪਏ ਦਾ ਪੈਟਰੋਲ, ਡੀਜ਼ਲ ਬਰਬਾਦ ਹੁੰਦਾ ਹੈ। ਆਪਣੀਆਂ ਮੰਗਾਂ ਮਨਾਉਣ ਲਈ ਅਕਸਰ ਹੀ ਜਥੇਬੰਦੀਆਂ ਵੱਲੋਂ ਸੜਕਾਂ ਰੋਕ ਕੇ ਰੋਸ-ਮੁਜ਼ਾਹਰੇ ਕਰਨਾ ਆਮ ਵਰਤਾਰਾ ਹੋ ਗਿਆ ਹੈ।

ਅਸੀਂ ਆਪਣੇ ਹੱਕਾਂ ਦੀ ਆੜ ਵਿਚ ਸਮਾਜ ਪ੍ਰਤੀ ਆਪਣੇ ਫਰਜ਼ਾਂ ਨੂੰ ਭੁੱਲ ਜਾਂਦੇ ਹਾਂ। ਲੋਕਾਂ ਨੂੰ ਪ੍ਰੇਸ਼ਾਨੀ ਵਿਚ ਪਾ ਕੇ ਸਰਕਾਰੀ ਸੰਪਤੀ ਨੂੰ ਤੋੜ-ਭੰਨ ਕੇ, ਗੱਡੀਆਂ ਨੂੰ ਅੱਗਾਂ ਲਾ ਕੇ ਅਸੀਂ ਇਹੀ ਦਰਸਾ ਰਹੇ ਹਾਂ ਕਿ ਅਨੁਸ਼ਾਸਨਹੀਣਤਾ ਸਾਡੇ ਹੱਡਾਂ ਵਿਚ ਰਚ ਚੁੱਕੀ ਹੈ। ਅਕਸਰ ਹੀ ਬੰਦਾਂ ਦੇ ਦੌਰਾਨ ਜਬਰੀ ਦੁਕਾਨਾਂ ਬੰਦ ਕਰਾਉਣੀਆਂ, ਦੂਜੇ ਦੇ ਅਧਿਕਾਰਾਂ ਦੀ ਉਲੰਘਣਾ ਹੀ ਕਹੀ ਜਾ ਸਕਦੀ ਹੈ। ਕਿਸੇ ਵੱਡੇ ਸਿਆਸੀ ਨੇਤਾ ਨੇ ਆਉਣਾ ਹੋਵੇ ਤਾਂ ਸੜਕਾਂ ਬੰਦ ਕਰ ਦਿੱਤੀਆਂ ਜਾਂਦੀਆਂ ਹਨ। ਆਮ ਲੋਕਾਂ ਨੂੰ ਜਿਹੜੀ ਪ੍ਰੇਸ਼ਾਨੀ ਵਿਚੋਂ ਗੁਜ਼ਰਨਾ ਪੈਂਦਾ ਹੈ, ਉਸ ਦੀ ਕੋਈ ਪ੍ਰਵਾਹ ਨਹੀਂ ਕਰਦਾ। ਬੱਸਾਂ, ਗੱਡੀਆਂ ਵਿਚ ਚੜ੍ਹਨ-ਉਤਰਨ ਸਮੇਂ ਵੀ ਭੀੜ-ਭੜੱਕਾ ਸਾਡੀ ਆਦਤ ਬਣ ਚੁੱਕਾ ਹੈ। ਕਈ ਵਾਰ ਸੜਕਾਂ ਰੋਕਣ ਕਾਰਨ ਲੱਗੇ ਜਾਮ ਵਿਚ ਬਿਮਾਰ ਵਿਅਕਤੀ ਹਸਪਤਾਲ ਪਹੁੰਚਣ ਦੀ ਦੇਰੀ ਕਾਰਨ ਹੀ ਦਮ ਤੋੜ ਜਾਂਦਾ ਹੈ। ਵਿਆਹ-ਸ਼ਾਦੀਆਂ ਵਿਚ ਵੀ ਅਸੀਂ ਆਪਹੁਦਰੇਪਣ ਦਾ ਦਿਖਾਵਾ ਕਰ ਕੇ ਬਹੁਤ ਖੁਸ਼ ਹੁੰਦੇ ਹਾਂ। ਬੰਦੂਕਾਂ ਤੇ ਪਿਸਤੌਲਾਂ ਨਾਲ ਸ਼ਰੇਆਮ ਗੋਲੀਆਂ ਚਲਾ ਕੇ ਅਸੀਂ ਆਪਣੀ ਹਉਮੈ ਨੂੰ ਪੱਠੇ ਪਾਉਂਦੇ ਹਾਂ। ਉਦੋਂ ਸਭ ਖੁਸ਼ੀਆਂ ਧਰੀਆਂ-ਧਰਾਈਆਂ ਰਹਿ ਜਾਂਦੀਆਂ ਹਨ, ਜਦੋਂ ਕਿਸੇ ਸ਼ਰਾਬੀ ਵੱਲੋਂ ਚਲਾਈਆਂ ਗੋਲੀਆਂ ਨਾਲ ਕੋਈ ਬੰਦਾ ਮੌਤ ਦੇ ਮੂੰਹ ਜਾ ਪੈਂਦਾ ਹੈ। ਹਥਿਆਰਾਂ ਦਾ ਦਿਖਾਵਾ ਕਰਨਾ ਕਿਸੇ ਸਿਆਣਪ ਦੀ ਨਹੀਂ, ਫੁਕਰੇਪਣ ਦੀ ਨਿਸ਼ਾਨੀ ਹੈ। ਸਾਡੀ ਸਮੱਸਿਆ ਇਹ ਹੈ ਕਿ ਅਸੀਂ ਕਤਾਰ ਵਿਚ ਖੜੇ ਹੋ ਕੇ ਆਪਣੀ ਵਾਰੀ ਦੀ ਉਡੀਕ ਕਰਨ ਨੂੰ ਸ਼ਾਇਦ ਹੇਠੀ ਸਮਝਦੇ ਹਾਂ। ਅਸੀਂ ਕੋਈ ਇੱਧਰੋਂ-ਉਧਰੋਂ ਬੰਦਾ ਲੱਭ ਕੇ ਵਾਕਫੀਅਤ ਪੈਦਾ ਕਰਕੇ ਆਪਣਾ ਕੰਮ ਕਰਾਉਣ ਦਾ ਜੁਗਾੜ ਲੱਭਣ ਦੇ ਰਾਹ ਤੁਰ ਪੈਂਦੇ ਹਾਂ। ਇਹ ਕੋਈ ਨਹੀਂ ਸੋਚਦਾ ਕਿ ਜਿਹੜੇ ਕਤਾਰ ਵਿਚ ਖੜੇ ਆਪਣੀ ਵਾਰੀ ਦੀ ਉਡੀਕ ਕਰ ਰਹੇ ਹਨ, ਉਹ ਵੀ ਤਾਂ ਆਖਰ ਇਨਸਾਨ ਹੀ ਹਨ। ਅਸਲ ਵਿਚ ਹਰ ਥਾਂ ਹੀ ਘੋਰ ਲਾਪਰਵਾਹੀ ਤੇ ਨੇਮ-ਕਾਨੂੰਨਾਂ ਦੀ ਖਿਲਾਫਵਰਜ਼ੀ ਸਾਡੇ ਸੁਭਾਅ ਦਾ ਹਿੱਸਾ ਬਣ ਚੁੱਕੀ ਹੈ। ਅਕਸਰ ਹੀ ਦਰਿਆਵਾਂ, ਝੀਲਾਂ ਤੇ ਨਦੀਆਂ ਦੇ ਕੰਢਿਆਂ ਤੇ ਜਾਂ ਪਹਾੜੀ ਖੇਤਰਾਂ ਵਿਚ ਗਏ ਸੈਲਾਨੀ ਘੋਰ ਲਾਪਰਵਾਹੀ ਦਾ ਮੁਜ਼ਾਹਰਾ ਕਰਦਿਆਂ ਸੈਲਫੀਆਂ ਲੈਂਦੇ, ਪੈਰ ਤਿਲਕਣ ਨਾਲ ਜ਼ਿੰਦਗੀ ਤੋਂ ਹੱਥ ਧੋ ਬਹਿੰਦੇ ਹਨ। ਗਰਮੀਆਂ ਵਿਚ ਅਕਸਰ ਹੀ ਦੁਖਦਾਈ ਖਬਰਾਂ ਛਪਦੀਆਂ ਰਹਿੰਦੀਆਂ ਹਨ ਕਿ ਨਦੀ ਜਾਂ ਕਿਸੇ ਝੀਲ ਵਿਚ ਨਹਾਉਣ ਗਏ ਬੱਚੇ/ਨੌਜਵਾਨ ਅਣਗਹਿਲੀ ਵਿਚ ਹੀ ਆਪਣੀ ਜਾਨ ਗੁਆ ਲੈਂਦੇ ਹਨ।

ਵਿਦੇਸ਼ਾਂ ਵਿਚ ਗਏ ਸਾਡੇ ਨੌਜਵਾਨਾਂ ਨਾਲ ਵੀ ਬੀਚਾਂ, ਸਮੁੰਦਰੀ ਕਿਨਾਰਿਆਂ 'ਤੇ ਅਣਗਹਿਲੀ ਨਾਲ ਵਿਚਰਦਿਆਂ, ਸੈਲਫੀਆਂ ਖਿਚਦਿਆਂ, ਜੀਵਨ ਬਰਬਾਦ ਕਰਨ ਦੀਆਂ ਮੰਦਭਾਗੀਆਂ ਖਬਰਾਂ ਅਕਸਰ ਹੀ ਮਨਾਂ ਨੂੰ ਵਲੂੰਧਰ ਸੁੱਟਦੀਆਂ ਹਨ। ਏਨੀ ਕੁ ਸੂਝ ਤਾਂ ਮਨੁੱਖ ਨੂੰ ਹੋਣੀ ਹੀ ਚਾਹੀਦੀ ਹੈ ਕਿ ਉਹ ਖਤਰੇ ਵਾਲੀਆਂ ਥਾਵਾਂ 'ਤੇ ਸਿਆਣਪ ਨਾਲ ਵਿਚਰੇ। ਅਨੁਸ਼ਾਸਨ ਕੋਈ ਬਾਹਰੀ ਪ੍ਰਕਿਰਿਆ ਨਹੀਂ, ਇਹ ਤਾਂ ਮਨੁੱਖ ਦੀ ਸੂਝ ਦਾ ਹਿੱਸਾ ਬਣਨਾ ਚਾਹੀਦਾ ਹੈ। ਕਿਸੇ ਦੀ ਲਾਪਰਵਾਹੀ ਕੇਵਲ ਆਪਣੇ ਲਈ ਹੀ ਘਾਤਕ ਨਹੀਂ ਹੁੰਦੀ, ਸਗੋਂ ਇਹ ਦੂਜਿਆਂ ਲਈ ਵੀ ਸੰਕਟ ਪੈਦਾ ਕਰ ਦਿੰਦੀ ਹੈ।

**# ਸੰਪਰਕ : 98153-56086**

16-OCT-PAGE-5.qxd 10/15/2025 9:04 PM Page 1



# ਟ੍ਰਾਈਡੈਂਟ ਗਰੁੱਪ ਬਰਨਾਲਾ 'ਚ ਦੀਵਾਲੀ ਮੇਲੇ ਦੀ ਧੂਮ

## ਗੁਰਦਾਸ ਮਾਨ ਨੇ ਗੀਤਾਂ ਨਾਲ ਬੰਨ੍ਹਿਆ ਸਮਾਂ




**ਬਰਨਾਲਾ (ਰਾਜਿੰਦਰ ਬਰਾੜ)**

ਟ੍ਰਾਈਡੈਂਟ ਗਰੁੱਪ ਵੱਲੋਂ ਇਸ ਸਾਲ ਮਨਾਇਆ ਜਾ ਰਿਹਾ ਦੀਵਾਲੀ ਮੇਲਾ ਪੂਰੇ ਸ਼ਬਾਬ 'ਤੇ ਹੈ। ਗਰੁੱਪ ਦੇ ਸੰਸਥਾਪਕ ਅਤੇ ਉਦਯੋਗ ਜਗਤ ਦੇ ਪ੍ਰਸਿੱਧ ਵਿਅਕਤੀ ਪਦਮਸ਼੍ਰੀ ਰਾਜੇਂਦਰ ਗੁਪਤਾ ਦੀ ਅਗਵਾਈ ਹੇਠ ਹੋ ਰਹੇ ਇਸ ਭਵਿਆ ਸਮਾਰੋਹ 'ਚ ਮੰਗਲਵਾਰ ਰਾਤ ਪੰਜਾਬੀ ਸੰਗੀਤ ਜਗਤ ਦੇ ਮਸ਼ਹੂਰ ਗਾਇਕ ਗੁਰਦਾਸ ਮਾਨ ਨੇ ਆਪਣੇ ਸੁਰਾਂ ਨਾਲ ਐਸਾ ਜਾਦੂ ਬੰਨ੍ਹਿਆ ਕਿ ਪੰਡਾਲ ਤਾਲੀਆਂ ਨਾਲ ਗੂੰਜ ਉੱਠਿਆ। ਟ੍ਰਾਈਡੈਂਟ ਪਰਵਾਰ ਦੇ ਮੈਂਬਰਾਂ, ਅਧਿਕਾਰੀਆਂ, ਕਰਮਚਾਰੀਆਂ ਅਤੇ ਬਰਨਾਲਾ ਸ਼ਹਿਰ ਦੇ ਹਜ਼ਾਰਾਂ ਨਿਵਾਸੀ ਉਨ੍ਹਾਂ ਦੇ ਗੀਤਾਂ ਦੀ ਧੁਨ 'ਤੇ ਝੂਮ ਉੱਠੇ। ਗੁਰਦਾਸ ਮਾਨ ਨੇ ਟ੍ਰਾਈਡੈਂਟ ਗਰੁੱਪ ਦੇ ਸੰਸਥਾਪਕ ਪਦਮਸ਼੍ਰੀ ਰਾਜੇਂਦਰ ਗੁਪਤਾ ਨੂੰ ਹਾਲ ਹੀ ਵਿੱਚ ਰਾਜ ਸਭਾ ਲਈ ਮਨੋਨੀਤ ਹੋਣ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ, ਗੁਪਤਾ ਨੇ ਜਿਵੇਂ ਉਦਯੋਗ ਜਗਤ ਵਿੱਚ ਪੰਜਾਬ ਦਾ ਨਾਮ ਦੇਸ਼ ਤੇ ਵਿਦੇਸ਼ 'ਚ ਰੌਸ਼ਨ ਕੀਤਾ ਹੈ, ਉਸੇ ਤਰ੍ਹਾਂ ਹੁਣ ਉਹ ਰਾਜ ਸਭਾ ਵਿੱਚ ਵੀ ਪੰਜਾਬ ਦੇ ਹਿੱਤਾਂ ਦੀ ਆਵਾਜ਼ ਬੁਲੰਦ ਕਰਨਗੇ। ਸਮਾਰੋਹ ਦੇ ਮੁੱਖ ਅਤਿਥੀ ਸਾਂਸਦ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਟ੍ਰਾਈਡੈਂਟ ਗਰੁੱਪ ਪਿਛਲੇ 20 ਸਾਲਾਂ ਤੋਂ ਬਰਨਾਲਾ ਵਿੱਚ ਦੀਵਾਲੀ ਮੇਲਾ ਕਰਦਾ ਆ ਰਿਹਾ ਹੈ। ਇਹ ਸਮਾਰੋਹ ਟ੍ਰਾਈਡੈਂਟ ਪਰਵਾਰ ਦੀ ਸਮਾਜਿਕ ਵਚਨਬੱਧਤਾ ਦਾ ਪ੍ਰਤੀਕ ਹੈ। ਗੁਰਦਾਸ ਮਾਨ ਨੇ 'ਛੱਲਾ', 'ਦਿਲ ਦਾ ਮਾਮਲਾ ਹੈ', 'ਕੀ ਬਣੂ ਦੁਨੀਆ ਦਾ', 'ਪੀੜ ਤੇਰੀ ਜਾਣ ਦੀ', 'ਅਪਣਾ ਪੰਜਾਬ ਹੋਵੇ', 'ਬੂਟ ਪਾਲਿਸ਼ਾਂ', 'ਬਾਬੇ ਭੰਗੜਾ ਪਾਉਂਦੇ ਨੇ' ਅਤੇ 'ਬਸ ਰਹਿਣ ਦੇ ਛੇੜ ਨਾ ਦਰਦਾ ਨੂੰ' ਵਰਗੇ ਸੁਪਰਹਿੱਟ ਗੀਤ ਗਾ ਕੇ ਦਰਸ਼ਕਾਂ ਨੂੰ ਮੋਹ ਲਿਆ।ਮਾਨ ਨੇ ਇਸ ਦੌਰਾਨ ਮਰਹੂਮ ਗਾਇਕ ਰਾਜਵੀਰ ਜਵੰਧਾ ਨੂੰ ਵੀ ਯਾਦ ਕੀਤਾ। ਉਨ੍ਹਾਂ ਰਾਜਵੀਰ ਦੀ ਯਾਦ ਵਿੱਚ ਇਕ ਭਾਵਨਾਤਮਕ ਗੀਤ ਵੀ ਪੇਸ਼ ਕੀਤਾ ।ਸਮਾਰੋਹ ਵਿੱਚ ਸ਼ਹਿਰ ਅਤੇ ਜ਼ਿਲ੍ਹੇ ਦੇ ਕਈ ਪ੍ਰਮੁੱਖ ਵਿਅਕਤੀ ਮੌਜੂਦ ਸਨ ਜਿਨਾਂ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਹਰਿੰਦਰ ਧਾਲੀਵਾਲ, ਮੀਤ ਹੇਅਰ ਦੇ ਓ ਐਸ ਡੀ ਹਸਨਪ੍ਰੀਤ ਭਾਰਦਵਾਜ, ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਵਿਵੇਕ ਸਿੰਧਵਾਨੀ, ਐਸ ਸੀ ਕਮਿਸ਼ਨ ਪੰਜਾਬ ਦੇ ਮੈਂਬਰ ਰੂਪਿੰਦਰ ਸ਼ੀਤਲ ਬੰਟੀ, ਆਮ ਆਦਮੀ ਪਾਰਟੀ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਇਸ਼ਵਿੰਦਰ ਜੰਡੂ, ਐਸ ਡੀ ਐਮ ਬਰਨਾਲਾ ਸੋਨਮ, ਐਸ ਡੀ ਐਮ ਤਪਾ ਆਯੁਸ਼ ਕੁਮਾਰ, ਐਸ ਪੀ ਡੀ ਅਸ਼ੋਕ ਸ਼ਰਮਾ, ਡੀ ਐਸ ਪੀ ਸਤਵੀਰ ਸਿੰਘ ਬੈਂਸ, ਡੀ ਐਸ ਪੀ ਕੁਲਵੰਤ ਸਿੰਘ, ਸੀ.ਆਈ.ਏ ਇੰਚਾਰਜ ਇੰਸਪੈਕਟਰ ਬਲਜੀਤ ਸਿੰਘ, ਬੀ ਜੇ ਪੀ ਦੇ ਮਹਾਸਚਿਵ ਨਰੇਂਦਰ ਗਰਗ ਨੀਟਾ, ਕੋਲੋਨਾਈਜ਼ਰ ਰਵੀ ਪ੍ਰਕਾਸ਼ ਅਗਰਵਾਲ, ਸੀਨੀਅਰ ਲੀਡਰ ਰਾਜ ਧੌਲਾ, ਨਗਰ ਪਾਰਸ਼ਦ ਧਰਮ ਸਿੰਘ ਫੌਜੀ, ਹਰਬਖ਼ਸ਼ੀਸ਼ ਸਿੰਘ ਗੋਨੀ, ਸਤੀਸ਼ ਚੀਮਾ ਅਤੇ ਟ੍ਰਾਈਡੈਂਟ ਗਰੁੱਪ ਦੇ ਐਡਮਿਨ ਹੈਡ ਰੂਪਿੰਦਰ ਗੁਪਤਾ, ਅਨਿਲ ਗੁਪਤਾ ਅਤੇ ਸਾਹਿਲ ਗੁਲਾਟੀ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮੌਜੂਦ ਸਨ।ਗਰੁੱਪ ਵੱਲੋਂ ਮਹਿਮਾਨਾਂ ਲਈ ਖਾਸ ਮਹਿਮਾਨ ਨਵਾਜ਼ੀ ਦਾ ਪ੍ਰਬੰਧ ਵੀ ਕੀਤਾ ਗਿਆ ਸੀ।ਕਾਰਜਕ੍ਰਮ ਦੇ ਅੰਤ ਵਿੱਚ ਪਦਮਸ਼੍ਰੀ ਰਾਜੇਂਦਰ ਗੁਪਤਾ ਅਤੇ ਉਨ੍ਹਾਂ ਦੇ ਪਰਵਾਰ ਨੇ ਗੁਰਦਾਸ ਮਾਨ ਨੂੰ ਸਨਮਾਨਤ ਕੀਤਾ। ਟ੍ਰਾਈਡੈਂਟ ਦੀਵਾਲੀ ਫੇਅਰ ਵਿੱਚ ਟ੍ਰਾਈਡੈਂਟ ਦੇ ਪ੍ਰੀਮੀਅਮ ਤੌਲੀਏ, ਬੈੱਡਸ਼ੀਟ, ਬਾਥਰੋਬ ਅਤੇ ਕੰਬਲਾਂ ਦੇ ਸਟਾਲਾਂ 'ਤੇ ਭਾਰੀ ਭੀੜ ਇਕੱਠੀ ਹੋਈ । ਜਨਤਾ ਦੀ ਵੱਡੀ ਮੰਗ ਨੂੰ ਦੇਖਦੇ ਹੋਏ 13 ਅਕਤੂਬਰ ਤੱਕ ਚੱਲਣ ਵਾਲੀ ਇਸ ਸੇਲ ਨੂੰ ਹੁਣ 17 ਅਕਤੂਬਰ ਤੱਕ ਵਧਾ ਦਿੱਤਾ ਗਿਆ ਹੈ।

# ਕੇ ਕੇ ਯੂ ਵੱਲੋਂ ਮੰਡੀਆਂ ਦਾ ਦੌਰਾ, ਕਿਸਾਨਾਂ ਨੂੰ ਪਰੇਸ਼ਾਨ ਕੀਤਾ ਤਾਂ ਜਥੇਬੰਦੀ ਵਿੱਢੇਗੀ ਸੰਘਰਸ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਆਗੂਆਂ ਵੱਲੋਂ ਵੱਖ ਵੱਖ ਮੰਡੀਆਂ ਦਾ ਦੌਰਾ ਕੀਤਾ ਗਿਆ ਤੇ ਫਸਲ ਵੇਚਣ ਆਏ ਕਿਸਾਨਾਂ ਨੂੰ ਮੰਡੀ ਵਿੱਚ ਆ ਰਹੀਆਂ ਦਿੱਕਤਾਂ ਬਾਰੇ ਮੰਡੀ ਅਧਿਕਾਰੀਆਂ ਨਾਲ ਚਰਚਾ ਕੀਤੀ ਗਈ। ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਭਾਵੇਂ ਅਜੇ ਝੋਨੇ ਦੀ ਕਟਾਈ ਨੇ ਜ਼ੋਰ ਫੜਨਾ ਹੈ ਪਰ ਲਿਫਟਿੰਗ ਦਾ ਕੰਮ ਬਹੁਤ ਧੀਮਾ ਹੋਣ ਕਰਕੇ ਹੁਣ ਤੋਂ ਹੀ ਮੰਡੀਆਂ ਵਿੱਚ ਝੋਨੇ ਦੇ ਢੇਰ ਲੱਗੇ ਪਏ ਹਨ। ਪਿੰਡ ਝਬੇਲਵਾਲੀ ਦੀ ਮੰਡੀ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਬਹੁਤ ਸਾਰੇ ਕਿਸਾਨ ਪਿਛਲੇ 15 ਦਿਨਾਂ ਤੋਂ ਮੰਡੀ ਵਿੱਚ ਆਪਣੀ ਫਸਲ ਲਈ ਬੈਠੇ ਹੋਏ ਵਿਕਣ ਦਾ ਇੰਤਜ਼ਾਰ ਕਰ ਰਹੇ ਹਨ ਪਰ ਅਜੇ ਤੱਕ ਉਹਨਾਂ ਦੀ ਫਸਲ ਖਰੀਦੀ ਨਹੀਂ ਗਈ। ਇਸ ਸਬੰਧੀ ਜਦੋਂ ਆਗੂਆਂ ਨੇ ਮੰਡੀ ਅਧਿਕਾਰੀਆਂ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਫਸਲ ਵਿੱਚ ਨਮੀ ਦੀ ਮਾਤਰਾ ਤੈਅ ਮਾਪਦੰਡ ਤੋਂ ਵੱਧ ਹੋਣ ਦੀ ਗੱਲ ਕਹਿ ਕੇ ਪੱਲਾ ਝਾੜਨ ਦੀ ਕੋਸ਼ਿਸ਼ ਕੀਤੀ। ਆਗੂਆਂ ਨੇ ਕਿਹਾ ਕਿ ਠੰਢ ਦਾ ਮੌਸਮ ਸ਼ੁਰੂ ਹੋਣ ਕਰਕੇ ਦਿਨ ਬ ਦਿਨ ਹਵਾ ਵਿੱਚ ਨਮੀ ਦੀ ਮਾਤਰਾ ਵਧੇਗੀ ਜਿਸ ਕਾਰਨ ਝੋਨੇ ਵਿੱਚ ਨਮੀ ਦੀ ਮਾਤਰਾ ਦਾ ਵਧਣਾ ਕੁਦਰਤੀ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਝੋਨੇ ਵਿੱਚ ਨਮੀ ਦੀ ਮਾਤਰਾ 17% ਤੋਂ ਵਧਾ ਕੇ 22% ਤੱਕ ਕੀਤੀ ਜਾਵੇ। ਆਗੂਆਂ ਨੇ ਮੌਕੇ 'ਤੇ ਹਾਜ਼ਰ ਪਨਗ੍ਰੇਨ ਦੇ ਇੰਸਪੈਕਟਰ ਵਰਿੰਦਰਜੀਤ ਸਿੰਘ ਅਤੇ ਮੰਡੀ ਸੁਪਰਵਾਈਜ਼ਰ ਕੁਲਵਿੰਦਰ ਸਿੰਘ ਨੂੰ ਕਿਹਾ ਕਿ ਖਰੀਦ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਲਿਫਟਿੰਗ ਦਾ ਕੰਮ ਵੀ ਤੇਜ਼ ਰਫਤਾਰ ਨਾਲ ਕੀਤਾ ਜਾਵੇ। ਆਗੂਆਂ ਨੇ ਕਿਸਾਨਾਂ ਨੂੰ ਮੰਡੀ ਵਿੱਚ ਕਿਸੇ ਵੀ ਸਮੱਸਿਆ ਆਉਣ 'ਤੇ ਜਥੇਬੰਦੀ ਨਾਲ ਸੰਪਰਕ ਕਰਨ ਲਈ ਕਿਹਾ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਕੁਦਰਤ ਦੇ ਅਤੇ ਸਰਕਾਰ ਦੇ ਮਾੜੇ ਪ੍ਰਬੰਧ ਦੀ ਮਾਰ ਝੱਲ ਰਹੇ ਕਿਸਾਨ ਨੂੰ ਮੰਡੀਆਂ ਵਿੱਚ ਹੋਰ ਨਾ ਰੋਲਿਆ ਜਾਵੇ। ਉਹਨਾਂ ਕਿਹਾ ਕਿ ਜੇਕਰ ਖਰੀਦ ਏਜੰਸੀਆਂ ਵੱਲੋਂ ਝੋਨੇ ਤੇ ਕਿਸੇ ਕਿਸਮ ਦਾ ਕੱਟ ਲਾਉਣ ਦੀ ਕੋਸ਼ਿਸ਼ ਕੀਤੀ ਗਈ ਝੋਨੇ ਵਿੱਚ ਨਵੀ ਦੀ ਮਾਤਰਾ ਵੱਧ ਹੋਣ ਦੇ ਨਾਂ 'ਤੇ ਕਿਸਾਨਾਂ ਨੂੰ ਪਰੇਸ਼ਾਨ ਕੀਤਾ ਗਿਆ ਤਾਂ ਜਥੇਬੰਦੀ ਸੰਘਰਸ਼ ਕਰਨ ਤੋਂ ਪਿੱਛੇ ਨਹੀਂ ਹਟੇਗੀ।

# ਪੰਜਾਬ ਤੇ ਕੇਂਦਰੀ ਮੁਲਾਜ਼ਮਾਂ 'ਚ ਡੀ ਏ ਦਾ ਪਾੜਾ 16 ਫ਼ੀਸਦੀ ਹੋਇਆ

## ਪੰਜਾਬ ਸਰਕਾਰ ਦੀ ਚੁੱਪੀ 'ਤੇ ਡੀ ਟੀ ਐੱਫ ਨੇ ਜ਼ਾਹਰ ਕੀਤਾ ਰੋਸ



**ਸੰਗਰੂਰ (ਪ੍ਰਵੀਨ ਸਿੰਘ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਇਕਾਈ ਸੰਗਰੂਰ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਗਿਰ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜੁਲਾਈ 2023 ਤੋਂ ਪੈਂਡਿੰਗ ਪੰਜ ਕਿਸ਼ਤਾਂ ਅਨੁਸਾਰ 16% ਡੀ.ਏ. ਜਾਰੀ ਨਾ ਕਰਨ ਅਤੇ ਹੋਰ ਵਿੱਤੀ ਮੰਗਾਂ ਨਾ ਹੱਲ ਕਰਨ ਸਬੰਧੀ ਮੁੱਖ ਮੰਤਰੀ ਪੰਜਾਬ ਦੇ ਨਾਂ ਐਸ ਡੀ ਐਮ ਸੰਗਰੂਰ ਚਰਨਜੋਤ ਵਾਲੀਆ ਨੂੰ ਰੋਸ ਪੱਤਰ ਸੌਂਪਿਆ ਗਿਆ ਅਤੇ ਅਧਿਆਪਕਾਂ ਦੇ ਵਿਆਪਕ ਰੋਸ ਦੀ ਜਾਣਕਾਰੀ ਪੰਜਾਬ ਸਰਕਾਰ ਤੱਕ ਪੁੱਜਦੀ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਹਾਜ਼ਰ ਸੂਬਾ ਆਗੂ ਮੇਘ ਰਾਜ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਅਧਿਆਪਕਾਂ ਸਮੇਤ ਸਮੁੱਚੇ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਉੱਪਰ ਧਿਆਨ ਨਹੀਂ ਦਿੱਤਾ ਜਾ ਰਿਹਾ। ਜਿਸ ਦੇ ਨਤੀਜੇ ਵਜੋਂ ਮਹਿੰਗਾਈ ਸੂਚਕ ਅੰਕ ਨਾਲ ਜੋੜ ਕੇ ਹੁੰਦੇ ਐਲਾਨਾਂ ਅਨੁਸਾਰ ਬਣਦੇ 58% ਡੀ.ਏ. (ਮਹਿੰਗਾਈ ਭੱਤਾ) ਦੀ ਥਾਂ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਵਲ 42% ਡੀ.ਏ. ਹੀ ਮਿਲ ਰਿਹਾ ਹੈ ਅਤੇ ਡੀ.ਏ. ਦੇ ਬਕਾਏ ਵੀ ਪੈਂਡਿੰਗ ਪਏ ਹਨ। ਮਹਿੰਗਾਈ ਭੱਤੇ ਵਿੱਚ ਵਧਿਆ ਇਹ ਵੱਡਾ ਪਾੜਾ ਬਣਨ ਪਿੱਛੇ ਜੁਲਾਈ 2023 ਵਿੱਚ 4%, ਜਨਵਰੀ 2024 ਵਿੱਚ 4%, ਜੁਲਾਈ 2024 ਵਿੱਚ 3%, ਜਨਵਰੀ 2025 ਵਿੱਚ 2% ਅਤੇ ਜੁਲਾਈ 2025 ਵਿੱਚ 3% ਦੀਆਂ ਕਿਸ਼ਤਾਂ ਪੰਜਾਬ ਦੇ ਮੁਲਾਜ਼ਮਾਂ ਨੂੰ ਨਾ ਮਿਲਣਾ ਹੈ, ਜਿਸ ਪ੍ਰਤੀ ਪੰਜਾਬ ਸਰਕਾਰ ਦੀ ਗਹਿਰੀ ਚੁੱਪ ਪ੍ਰਤੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮੁਲਾਜ਼ਮਾਂ ਦੀਆਂ ਬਾਕੀ ਵਿੱਤੀ ਮੰਗਾਂ ਵੀ ਪੈਂਡਿੰਗ ਪਈਆਂ ਹਨ ਜਿਨ੍ਹਾਂ ਵਿੱਚ ਪੰਜਾਬ ਦੇ ਮੁਲਾਜ਼ਮਾਂ ਲਈ ਪੇਂਡੂ ਭੱਤਾ ਅਤੇ ਬਾਰਡਰ ਏਰੀਆ ਭੱਤਾ ਸਮੇਤ ਗੈਰ-ਵਾਜਬ ਰੂਪ ਵਿੱਚ ਕੱਟੇ ਗਏ 37 ਕਿਸਮ ਦੇ ਭੱਤੇ ਅਤੇ ਏ.ਸੀ.ਪੀ. ਸਕੀਮ ਬਿਨਾਂ ਕਾਰਨ ਰੋਕੇ ਹੋਏ ਹਨ। ਇਸੇ ਤਰ੍ਹਾਂ 17-07-2020 ਜਾਂ ਇਸ ਤੋਂ ਬਾਅਦ ਭਰਤੀ ਮੁਲਾਜ਼ਮਾਂ ਉੱਪਰ ਕੇਂਦਰ ਦਾ ਅਧੂਰਾ ਤਨਖਾਹ ਕਮਿਸ਼ਨ ਲਾਗੂ ਕਰਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ।ਆਗੂਆਂ ਨੇ ਇਸ ਰੋਸ ਪੱਤਰ ਰਾਹੀਂ ਮੁੱਖ ਮੰਤਰੀ ਪੰਜਾਬ ਪਾਸੋਂ ਮੰਗ ਕੀਤੀ ਪੰਜਾਬ ਸਰਕਾਰ ਆਪਣੇ 18-10-2022 ਦੇ ਨੋਟੀਫਿਕੇਸ਼ਨ ਨੂੰ ਹਕੀਕੀ ਰੂਪ ਵਿੱਚ ਲਾਗੂ ਕਰਦਿਆਂ ਨੈਸ਼ਨਲ ਪੈਨਸ਼ਨ ਪ੍ਰਣਾਲੀ ਰੱਦ ਕਰਕੇ ਪੰਜਾਬ ਦੇ ਮੁਲਾਜ਼ਮਾਂ 'ਤੇ 1972 ਦੇ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਪ੍ਰਣਾਲੀ ਤੁਰੰਤ ਬਹਾਲ ਕਰੇ।ਇਸ ਤੋਂ ਇਲਾਵਾ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ 9 ਸਾਲਾਂ ਤੋਂ ਲਟਕਾਈ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਦੇ ਦੂਸਰੇ ਹਿੱਸੇ ਦੀ ਰਿਪੋਰਟ (ਸਮੇਤ ਕਾਡਰ ਵਾਇਜ਼ ਤੇ ਵਿਭਾਗ ਵਾਇਜ਼) ਮੁਕੰਮਲ ਰੂਪ ਵਿੱਚ ਜਾਰੀ ਕੀਤੀ ਜਾਵੇ ਅਤੇ ਪਰਖ ਕਾਲ ਸਬੰਧੀ ਮਿਤੀ 15-01-2015 ਅਤੇ 07-09-2016 ਦੇ ਪੱਤਰ ਰੱਦ ਕਰਕੇ ਦੋ ਸਾਲ ਦਾ ਪਰਖ ਸਮਾਂ ਸਮੇਤ ਪੂਰੀ ਤਨਖਾਹ ਅਤੇ ਭੱਤੇ ਲਾਗੂ ਕੀਤੇ ਜਾਣ। ਇਸ ਮੌਕੇ ਜਿਲਾ ਆਗੂ ਕਰਮਜੀਤ ਨਦਾਮਪੁਰ, ਬਲਵਿੰਦਰ ਚੀਮਾ, ਰਾਜ ਸੈਣੀ, ਮਨਜੀਤ ਲਹਿਰਾ, ਗੁਰਦੀਪ ਚੀਮਾ, ਭੁਪਿੰਦਰ ਸਿੰਘ, ਕਰਮਜੀਤ ਸਿੰਘ, ਅੰਮ੍ਰਿਤ ਸਿੰਘ, ਰਮਨ ਗੋਇਲ, ਮਨਪ੍ਰੀਤ ਸਿੰਘ, ਜਸਪ੍ਰੀਤ ਸਿੰਘ ਹਾਜ਼ਰ ਸਨ।

## ਕਾਤਰਾਂ

### ਸ਼ਹਿਰ ਸੰਗਰੂਰ ਦੀਆਂ ਸੜਕਾਂ ਦਾ ਬਹੁਤ ਬੁਰਾ ਹਾਲ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਓ.ਬੀ. ਸੀ. ਡਿਪਾਰਟਮੈਂਟ ਦੇ ਵਾਈਸ ਚੇਅਰਮੈਨ ਅਤੇ ਮੁੱਖ ਬੁਲਾਰਾ ਸੰਗਰੂਰ ਹਰਪਾਲ ਸੋਨੂੰ ਵੱਲੋਂ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਗਿਆ ਕਿ ਸ਼ਹਿਰ ਸੰਗਰੂਰ ਦੀਆਂ ਸੜਕਾਂ ਦਾ ਬਹੁਤ ਬੁਰਾ ਹਾਲ ਹੋਇਆ ਪਿਆ ਹੈ। ਡੀ ਸੀ ਦਫ਼ਤਰ ਰੋਡ, ਪ੍ਰੇਮ ਬਸਤੀ, ਸਦਰ ਬਜ਼ਾਰ ਧੂਰੀ ਗੇਟ ਅਤੇ ਪਟਿਆਲਾ ਗੇਟ ਦੀਆਂ ਸੜਕਾਂ ਦਾ ਤਾਂ ਇਹ ਹਾਲ ਹੈ ਕਿ ਇਹ ਪਤਾ ਕਰਨਾ ਮੁਸ਼ਕਿਲ ਹੈ ਕਿ ਟੋਏ ਵਿੱਚ ਸੜਕ ਹੈ ਜਾਂ ਸੜਕ ਵਿੱਚ ਟੋਏ ਹਨ। ਸੋਨੂੰ ਨੇ ਸਥਾਨਕ ਪੀ.ਡਬਲੀਊ.ਡੀ ਵਿਭਾਗ ਦੇ ਅਧਿਕਾਰੀਆਂ 'ਤੇ ਦੋਸ਼ ਲਗਾਉਂਦੀਆਂ ਕਿਹਾ ਕਿ ਸੰਬੰਧਤ ਐਕਸੀਅਨ ਨੂੰ ਕਈ ਵਾਰ ਮਿਲਿਆ ਗਿਆ ਹੈ, ਪ੍ਰੰਤੂ ਉਹਨਾਂ ਵੱਲੋਂ ਸ਼ਹਿਰ ਦੀਆਂ ਮੁੱਖ ਸੜਕਾਂ ਦੇ ਕੰਮਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਜਿਸ ਕਰਕੇ ਰੋਜ਼ਾਨਾ ਸ਼ਹਿਰ ਵਾਸੀਆਂ ਅਤੇ ਰਾਹਗੀਰਾਂ ਨੂੰ ਟੁੱਟੀਆਂ ਸੜਕਾਂ ਤੋਂ ਲੰਘਣ ਲਈ ਮਜਬੂਰ ਹੋਣਾ ਪੈ ਰਿਹਾ ਹੈ।ਹਰਪਾਲ ਸੋਨੂੰ ਨੇ ਕਿਹਾ ਕਿ ਅਗਰ ਜਲਦੀ ਇਹ ਸੜਕਾਂ ਦਾ ਕੰਮ ਸ਼ੁਰੂ ਨਾ ਹੋਇਆ ਤਾਂ ਜ਼ਿਲ੍ਹਾ ਕਾਂਗਰਸ ਕਮੇਟੀ ਇਸ ਲਈ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਵੱਡਾ ਰੋਸ ਧਰਨਾ ਕਰੇਗੀ।

### ਤਿੰਨ ਨਵੇਂ ਆਮ ਆਦਮੀ ਕਲੀਨਿਕ ਖੋਲ੍ਹੇ ਜਾਣਗੇ : ਢਿੱਲੋਂ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਨੂੰ ਸਿਹਤਮੰਦ ਤੇ ਬਿਮਾਰੀ ਮੁਕਤ ਸੂਬਾ ਬਣਾਉਣ ਲਈ ਸ਼ੁਰੂ ਕੀਤੇ ਗਏ ਆਮ ਆਦਮੀ ਕਲੀਨਿਕਾਂ ਦਾ ਰੋਜ਼ਾਨਾ ਲੱਖਾਂ ਦੀ ਗਿਣਤੀ ਵਿੱਚ ਮਰੀਜ਼ ਲਾਭ ਲੈ ਰਹੇ ਹਨ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਧੂਰੀ ਵਿਖੇ ਚੱਲ ਰਹੇ 10 ਆਮ ਆਦਮੀ ਕਲੀਨਿਕਾਂ 'ਚ ਹੁਣ ਤੱਕ 4 ਲੱਖ 31 ਹਜ਼ਾਰ 780 ਮਰੀਜ਼ ਆਪਣਾ ਇਲਾਜ ਕਰਾ ਚੁੱਕੇ ਹਨ ਅਤੇ 69 ਹਜ਼ਾਰ 913 ਮਰੀਜ਼ਾਂ ਦੇ ਮੁਫ਼ਤ ਟੈਸਟ ਕੀਤੇ ਜਾ ਚੁੱਕੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਦੀ ਰਹਿਨੁਮਾਈ ਹੇਠ ਧੂਰੀ ਹਲਕੇ ਵਿੱਚ 10 ਆਮ ਆਦਮੀ ਕਲੀਨਿਕ ਚੱਲ ਰਹੇ ਹਨ ਅਤੇ ਇਲਾਕਾ ਨਿਵਾਸੀਆਂ ਦੀ ਮੰਗ 'ਤੇ 3 ਹੋਰ ਕਲੀਨਿਕ ਖੋਲ੍ਹਣ ਲਈ ਕੰਮ ਚੱਲ ਰਿਹਾ ਹੈ।

### ਸਫ਼ਾਈ ਸੇਵਕ/ਚੌਂਕੀਦਾਰਾਂ ਦੀਆਂ ਮੰਗਾਂ ਸਬੰਧੀ ਮੀਟਿੰਗ 3 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)** ਦਰਜਾ-4 ਅਤੇ ਮਿੱਡ-ਡੇ-ਮੀਲ ਕੁੱਕ ਯੂਨੀਅਨ ਸਿੱਖਿਆ ਵਿਭਾਗ ਸਬੰਧਤ ਬੀ.ਐੱਮ.ਐੱਸ. ਦੇ ਸੂਬਾ ਪ੍ਰਧਾਨ ਕਰਮਚੰਦ ਚਿੰਡਾਲੀਆ ਨੇ ਦੱਸਿਆ ਕਿ ਨਵੇਂ ਰੱਖੇ ਗਏ ਸਫ਼ਾਈ ਸੇਵਕ/ਚੌਂਕੀਦਾਰ ਜੋ 3000 ਸਫ਼ਾਈ ਸੇਵਕ ਅਤੇ 5000 ਚੌਂਕੀਦਾਰ ਤਨਖਾਹ ਲੈ ਰਹੇ ਹਨ। ਇਹ ਕਰਮਚਾਰੀ ਡਾਇਰੈਕਟਰ ਸਕੂਲ ਸਿੱਖਿਆ ਵਿਭਾਗ ਦੇ ਅਧੀਨ ਸਰਕਾਰੀ ਪ੍ਰਾਇਮਰੀ ਅਤੇ ਸੈਕੰਡਰੀ ਸਕੂਲਾਂ ਵਿੱਚ ਕੰਮ ਕਰਦੇ ਹਨ।ਇਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਾਉਣ ਲਈ ਇੱਕ ਡੈਪੂਟੇਸ਼ਨ ਬੀਤੇ ਦਿਨੀਂ ਡਾਇਰੈਕਟਰ ਸਕੂਲ ਸਿੱਖਿਆ ਵਿਭਾਗ ਗੁਰਵਿੰਦਰ ਸਿੰਘ ਸੋਢੀ ਨੂੰ ਮਿਲਿਆ ਸੀ, ਪਰ ਉਨ੍ਹਾਂ ਕੋਲ ਥੋੜ੍ਹਾ ਸਮਾਂ ਹੋਣ ਕਾਰਨ ਮੰਗਾਂ ਦਾ ਨਿਪਟਾਰਾ ਨਹੀਂ ਹੋ ਸਕਿਆ। ਇਸ ਕਰਕੇ ਉਨ੍ਹਾਂ ਵੱਲੋਂ 3 ਨਵੰਬਰ ਨੂੰ ਡੀ.ਪੀ.ਆਈ ਸੈਕੰਡਰੀ ਦਫ਼ਤਰ ਕੰਪਲੈਕਸ ਪੰਜਾਬ ਸਕੂਲ ਸਿੱਖਿਆ ਬੋਰਡ 8 ਫੇਜ਼ ਮੁਹਾਲੀ ਵਿਖੇ ਸਮਾਂ ਸਵੇਰੇ 10 ਵਜੇ ਟੇਬਲ ਟਾਕ ਮੀਟਿੰਗ ਕਰਨ ਲਈ ਸਮਾਂ ਦਿੱਤਾ ਗਿਆ ਹੈ।

# ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ 'ਚ ਵੱਡੇ ਘਪਲੇ ਦਾ ਪਰਦਾ ਫਾਸ਼

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਵਿਚ ਇਕ ਵੱਡੇ ਘਪਲੇ ਦਾ ਪਰਦਾਫਾਸ਼ ਹੋਇਆ ਹੈ। ਕੇਂਦਰ ਸਰਕਾਰ ਨੇ ਦੇਸ਼ ਭਰ ਵਿਚ ਅਜਿਹੇ 31 ਲੱਖ ਮਾਮਲਿਆਂ ਦੀ ਪਛਾਣ ਕੀਤੀ ਹੈ।ਇਨ੍ਹਾਂ ਮਾਮਲਿਆਂ 'ਚ ਪਤੀ-ਪਤਨੀ ਦੋਵੇਂ ਇਕੋ ਸਮੇਂ ਯੋਜਨਾ ਦਾ ਲਾਭ ਲੈ ਰਹੇ ਸਨ। ਇਹ ਗੱਲ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਵਲੋਂ ਕੀਤੀ ਗਈ ਇਕ ਵਿਆਪਕ ਜਾਂਚ ਦੌਰਾਨ ਸਾਹਮਣੇ ਆਈ ਹੈ। ਕੇਂਦਰ ਨੇ ਇਸ ਨੂੰ ਸ਼ੱਕੀ ਲਾਭਪਾਤਰੀ ਵਜੋਂ ਸ਼੍ਰੇਣੀਬੱਧ ਕੀਤਾ ਹੈ ਅਤੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਜਾਂਚ ਪੂਰੀ ਕਰਨ ਦਾ ਹੁਕਮ ਦਿੱਤਾ ਹੈ। ਮੰਤਰਾਲੇ ਨੇ ਕਿਹਾ ਹੈ ਕਿ 19.2 ਲੱਖ ਮਾਮਲਿਆਂ ਦੀ ਜਾਂਚ ਪੂਰੀ ਵੀ ਹੋ ਗਈ ਹੈ, ਜਿਨ੍ਹਾਂ ਚੋਂ 17.7 ਲੱਖ ਯਾਨੀ ਲਗਭਗ 94 ਫੀਸਦੀ ਮਾਮਲਿਆਂ 'ਚ ਪਤੀ-ਪਤਨੀ ਦੋਵੇਂ ਲਾਭਪਾਤਰੀ ਪਾਏ ਗਏ। ਕੇਂਦਰ ਨੇ ਸੂਬਿਆਂ ਨੂੰ ਬਾਕੀ ਜਾਂਚ ਪੂਰੀ ਕਰਨ ਅਤੇ 15 ਅਕਤੂਬਰ ਤਕ ਰਿਪੋਰਟ ਭੇਜਣ ਲਈ ਕਿਹਾ ਹੈ।ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦਾ ਉਦੇਸ਼ ਜ਼ਮੀਨ ਮਾਲਕ ਕਿਸਾਨਾਂ ਦੇ ਪਰਵਾਰਾਂ ਨੂੰ ਸਾਲਾਨਾ 6,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਹੈ। ਇਹ ਰਕਮ ਤਿੰਨ ਕਿਸ਼ਤਾਂ ਵਿਚ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਭੇਜੀ ਜਾਂਦੀ ਹੈ। ਨਿਯਮਾਂ ਅਨੁਸਾਰ ਪਤੀ, ਪਤਨੀ ਅਤੇ ਨਾਬਾਲਗ ਬੱਚਿਆਂ ਵਾਲੇ ਪਰਵਾਰ ਵਿਚ ਸਿਰਫ਼ 31 ਲੱਖ ਲਾਭਪਾਤਰੀਆਂ ਦੇ ਪਤੀਪਤਨੀ ਹੋਣ ਦਾ ਸ਼ੱਕ ਇਕ ਵਿਅਕਤੀ ਹੀ ਇਹ ਲਾਭ ਪ੍ਰਾਪਤ ਕਰ ਸਕਦਾ ਹੈ। ਪਰ ਜਾਂਚ ਵਿਚ ਪਾਇਆ ਗਿਆ ਕਿ ਲੱਖਾਂ ਪਰਵਾਰਾਂ 'ਚ, ਪਤੀ-ਪਤਨੀ ਦੋਵੇਂ ਵੱਖ-ਵੱਖ ਨਾਵਾਂ ਹੇਠ ਰਜਿਸਟਰਡ ਸਨ ਅਤੇ ਇਕੱਠੇ ਲਾਭ ਪ੍ਰਾਪਤ ਕਰ ਰਹੇ ਸਨ। ਮੰਤਰਾਲੇ ਨੇ ਇਨ੍ਹਾਂ ਮਾਮਲਿਆਂ ਦੀ ਪਛਾਣ ਕੀਤੀ ਹੈ ਅਤੇ ਸੂਬਿਆਂ ਨੂੰ ਕਾਰਵਾਈ ਕਰਨ ਲਈ ਕਿਹਾ ਹੈ। ਮੰਤਰਾਲੇ ਨੇ ਇਹ ਵੀ ਪਾਇਆ ਕਿ 1.76 ਲੱਖ ਨਾਬਾਲਗ ਬੱਚੇ ਅਤੇ ਹੋਰ ਪਰਵਾਰਕ ਜੀਅ ਵੀ ਲਾਭ ਪ੍ਰਾਪਤ ਕਰ ਰਹੇ ਸਨ। ਇਸ ਦੌਰਾਨ, 33.34 ਲੱਖ ਸ਼ੱਕੀ ਮਾਮਲੇ ਪਾਏ ਗਏ ਜਿਨ੍ਹਾਂ ਵਿਚ ਸਾਬਕਾ ਜ਼ਮੀਨ ਮਾਲਕਾਂ ਦਾ ਡੇਟਾ ਨਾਜਾਇਜ਼ ਜਾਂ ਖਾਲੀ ਪਾਇਆ ਗਿਆ।

# ਕਿਰਾਇਆ ਮੰਗਣ 'ਤੇ ਵਾਹਨ ਚਾਲਕ ਤੇ ਉਸ ਦੇ ਭਰਾ ਵੱਲੋਂ ਮੈਨੇਜਰ ਨਾਲ ਝਗੜਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਸ਼ਹਿਰ ਵਿਚ ਕਿਰਾਏ ਦੀ ਅਦਾਇਗੀ ਨੂੰ ਲੈ ਕੇ ਹੋਏ ਝਗੜੇ 'ਚ ਦੋ ਮੁਲਜ਼ਮ ਭਰਾਵਾਂ ਨੇ ਮੈਨੇਜਰ ਨਾਲ ਹੱਥੋਪਾਈ ਕਰਨ ਤੋਂ ਬਾਅਦ ਪੈਟਰੋਲ ਪੰਪ ਮਾਲਕ ਨਾਲ ਕੁੱਟਮਾਰ ਕੀਤੀ ਅਤੇ ਉਸ ਦੀ ਪੱਗ ਉਤਾਰ ਕੇ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਇਸ ਸਬੰਧ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸ਼ਿਕਾਇਤਕਰਤਾ ਸੁਰਿੰਦਰਪਾਲ ਸਿੰਘ ਪੁੱਤਰ ਤਰਲੋਕ ਸਿੰਘ ਵਾਸੀ ਫਿਰੋਜ਼ਪੁਰ ਸ਼ਹਿਰ ਦੇ ਗੋਲਡਨ ਇਨਕਲੇਵ, ਫੇਸ 2 ਨੇ ਦੱਸਿਆ ਕਿ 14 ਅਕਤੂਬਰ ਨੂੰ ਸਵੇਰੇ ਕਰੀਬ 10.58 ਵਜੇ ਜੋਗਿੰਦਰ ਪਾਲ ਨਾਮ ਦਾ ਵਾਹਨ ਚਾਲਕ ਖਾਦ ਦੀਆਂ ਤਿੰਨ ਬਿਲਟੀਆਂ ਦਾ ਕਿਰਾਇਆ ਲੈਣ ਲਈ ਉਨ੍ਹਾਂ ਦੇ ਮੈਨੇਜਰ ਅਨਮੋਲ ਢੀਂਗੜਾ ਕੋਲ ਆਇਆ ਸੀ। ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਕਿਰਾਇਆ ਦੇਣ ਤੋਂ ਪਹਿਲਾਂ ਮੈਨੇਜਰ ਅਨਮੋਲ ਢੀਂਗੜਾ ਨੇ ਆਪਣੇ ਮਾਲਕ ਇੰਦਰਜੀਤ ਸਿੰਘ ਚਾਵਲਾ ਨਾਲ ਫੋਨ 'ਤੇ ਗੱਲ ਕਰਨ ਲਈ ਕਿਹਾ ਤਾਂ ਜੋਗਿੰਦਰ ਪਾਲ ਗੁੱਸੇ ਵਿਚ ਆ ਗਿਆ ਅਤੇ ਉਸ ਨੇ ਅਨਮੋਲ ਢੀਂਗੜਾ ਦੇ ਮੂੰਹ 'ਤੇ ਥੱਪੜ ਮਾਰ ਦਿੱਤਾ। ਜੋਗਿੰਦਰ ਪਾਲ ਨੇ ਮੈਨੇਜਰ ਨੂੰ ਕਿਹਾ ਕਿ ਟੇਬਲ 'ਤੇ ਪਿਆ ਸਾਰਾ ਕੈਸ਼ ਉਹ ਲੈ ਜਾਵੇਗਾ। ਇਹ ਰੌਲਾ ਸੁਣ ਕੇ ਪੈਟਰੋਲ ਪੰਪ ਮਾਲਕ ਸੁਰਿੰਦਰਪਾਲ ਸਿੰਘ ਆਪਣੇ ਮੈਨੇਜਰ ਦੇ ਕਮਰੇ ਵਿਚ ਗਏ ਤਾਂ ਦੇਖਿਆ ਕਿ ਜੋਗਿੰਦਰ ਪਾਲ ਮੈਨੇਜਰ ਨਾਲ ਝਗੜਾ ਕਰ ਰਿਹਾ ਸੀ ਅਤੇ ਜ਼ਬਰਦਸਤੀ ਕੈਸ਼ ਚੁੱਕਣ ਦੀ ਕੋਸ਼ਿਸ਼ ਕਰ ਰਿਹਾ ਸੀ। ਜਦੋਂ ਸੁਰਿੰਦਰਪਾਲ ਸਿੰਘ ਨੇ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਜੋਗਿੰਦਰ ਪਾਲ ਨੇ ਉਨ੍ਹਾਂ ਦੇ ਵੀ ਥੱਪੜ ਮਾਰਿਆ। ਇਸ ਦੌਰਾਨ ਜੋਗਿੰਦਰ ਪਾਲ ਨੇ ਆਪਣੇ ਪਿਤਾ ਚੰਨਾ ਨੂੰ ਫੋਨ ਕਰਕੇ ਕਿਹਾ ਕਿ ਇਸ ਸਰਦਾਰ ਦੀ ਪੱਗ ਲਾਹੁਣੀ ਹੈ ਅਤੇ ਇਸ ਨੂੰ ਗੋਲੀ ਮਾਰਨੀ ਹੈ, ਇਸ ਲਈ ਉਹ ਜਲਦੀ ਹੀ ਕੁਲਦੀਪ ਨੂੰ ਅਸਲਾ ਦੇ ਕੇ 4-5 ਹੋਰ ਮੁੰਡਿਆਂ ਨਾਲ ਭੇਜ ਦੇਣ। ਥੋੜ੍ਹੀ ਦੇਰ ਬਾਅਦ ਕੁਲਦੀਪ ਸਿੰਘ ਉਰਫ ਸੀਪੂ ਕੁਝ ਬੰਦਿਆਂ ਨੂੰ ਲੈ ਕੇ ਪੈਟਰੋਲ ਪੰਪ 'ਤੇ ਆ ਗਿਆ ਅਤੇ ਦਫਤਰ ਵਾਲੇ ਕਮਰੇ ਵਿਚ ਜ਼ਬਰਦਸਤੀ ਆਪਣੇ ਭਰਾ ਜੋਗਿੰਦਰ ਪਾਲ ਨੂੰ ਨਾਲ ਲੈ ਕੇ ਵੜ ਗਿਆ। ਉੱਥੇ ਆ ਕੇ ਕੁਲਦੀਪ ਨੇ ਕਿਹਾ ਕਿ ਇਸ ਸਰਦਾਰ ਦੀ ਪੱਗ ਉਤਾਰੋ ਤੇ ਫਿਰ ਇਸ ਦੀ ਸਰਦਾਰੀ ਕੱਢਦੇ ਹਾਂ। ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਦੋਵਾਂ ਭਰਾਵਾਂ ਨੇ ਉਨ੍ਹਾਂ ਦੀ ਕੁੱਟਮਾਰ ਕੀਤੀ ਅਤੇ ਪੱਗ ਉਤਾਰ ਦਿੱਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਚੈਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਸੁਰਿੰਦਰਪਾਲ ਸਿੰਘ ਦੇ ਬਿਆਨਾਂ 'ਤੇ ਦੋਸ਼ੀਆਨ ਜੋਗਿੰਦਰ ਪਾਲ ਪੁੱਤਰ ਚੰਨਾ ਅਤੇ ਕੁਲਦੀਪ ਉਰਫ ਸੀਪੂ ਪੁੱਤਰ ਚੰਨਾ ਵਾਸੀਅਨ ਬਸਤੀ ਆਵਾ ਫਿਰੋਜ਼ਪੁਰ ਸ਼ਹਿਰ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪਰਾਲੀ ਸਾੜਨ 'ਤੇ ਪਰਚੇ ਜਾਂ ਰੈੱਡ ਐਂਟਰੀ ਬਰਦਾਸ਼ਤ ਨਹੀਂ ਕਰਾਂਗੇ : ਅੰਗਰੇਜ਼ ਬੂਟੇਵਾਲਾ

**ਜ਼ੀਰਾ (ਨਰਿੰਦਰ ਅਨੇਜਾ)**



ਪਰਾਲੀ ਨੂੰ ਅੱਗ ਲਾਉਣਾ ਕਿਸਾਨਾਂ ਦਾ ਸ਼ੌਕ ਨਹੀਂ, ਮਜਬੂਰੀ ਹੈ, ਕਿਉਂਕਿ ਪੰਜਾਬ ਦਾ ਕਿਸਾਨ ਪਹਿਲਾਂ ਆਰਥਿਕ ਮੰਦੀ ਵਿੱਚੋਂ ਗੁਜ਼ਰ ਰਿਹਾ ਹੈ। ਕਿਸਾਨ ਸੰਘਰਸ਼ ਕਮੇਟੀ ਪੰਜਾਬ (ਕੋਟ ਬੁੱਢਾ) ਦੇ ਸੂਬੇ ਦੇ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਤੇ ਸੂਬੇ ਦੇ ਮੁੱਖ ਬੁਲਾਰੇ ਅੰਗਰੇਜ਼ ਸਿੰਘ ਬੂਟੇਵਾਲਾ ਨੇ ਕਿਹਾ ਕਿ ਜੇ ਸਰਕਾਰ ਚਾਹੁੰਦੀ ਹੈ ਕਿ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਤਾਂ ਨੈਸ਼ਨਲ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ 5 ਕਿੱਲੇ ਵਾਲੇ ਕਿਸਾਨਾਂ ਨੂੰ ਫਰੀ ਤੇ ਇਸ ਤੋਂ ਉਪਰ ਵਾਲੇ ਕਿਸਾਨਾਂ ਨੂੰ ਸਬਸਿਡੀ 'ਤੇ ਪਰਾਲੀ ਦੀ ਸਾਂਭ-ਸੰਭਾਲ ਵਾਸਤੇ ਮਸ਼ੀਨਰੀ (ਸੰਦ) ਮੁਹੱਈਆ ਕਰਾਏ ਜਾਣ ਜਾਂ ਕਿਸਾਨਾਂ ਨੂੰ ਪ੍ਰਤੀ ਏਕੜ 7000 ਰੁਪਏ ਬੋਨਸ ਦੇ ਰੂਪ ਵਿੱਚ ਦਿੱਤੇ ਜਾਣ, ਨਹੀਂ ਤਾਂ ਕਿਸਾਨਾਂ ਦੀ ਝੋਨੇ ਦੀ ਪਰਾਲੀ ਨੂੰ ਅੱਗ ਲਾਉਣਾ ਮਜਬੂਰੀ ਹੋਵੇਗੀ। ਅਸੀਂ ਕਿਸੇ ਵੀ ਕੀਮਤ 'ਤੇ ਕਿਸਾਨ 'ਤੇ ਪਰਚਾ ਦਰਜ ਨਹੀਂ ਹੋਣ ਦਿਆਂਗੇ, ਨਾ ਹੀ ਕਿਸੇ ਕਿਸਾਨ ਦੀ ਰੈਡ ਐਂਟਰੀ ਹੋਣ ਦਿੱਤੀ ਜਾਵੇਗੀ।

# ਜ਼ਮੀਨਾਂ ਵੇਚਣ ਦੀ ਤਜਵੀਜ਼ ਵਿਰੁੱਧ ਟੀ ਐੱਸ ਯੂ ਵੱਲੋਂ ਰੋਸ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਟੈਕਨੀਕਲ ਸਰਵਿਸ ਯੂਨੀਅਨ ਗੁਰੂ ਹਰਗੋਬਿੰਦ ਸਾਹਿਬ ਥਰਮਲ ਪਲਾਂਟ ਵੱਲੋਂ ਪਾਵਰਕਾਮ ਤੇ ਟਰਾਂਸਕੋ ਦੀਆਂ ਬਹੁਤ ਹੀ ਕੀਮਤੀ ਜਾਇਦਾਦਾਂ (ਜੋ ਪੰਜਾਬ ਦੇ ਵੱਡੇ ਸ਼ਹਿਰਾਂ ਮੋਹਾਲੀ, ਲੁਧਿਆਣਾ, ਪਟਿਆਲਾ ਤੇ ਅੰਮ੍ਰਿਤਸਰ ਤੋਂ ਇਲਾਵਾ ਹੋਰ ਵੱਡੇ ਕਸਬਿਆਂ/ਛੋਟੇ ਸ਼ਹਿਰਾਂ ਸਮੇਤ ਪੇਂਡੂ ਖੇਤਰਾਂ 'ਚ ਮੌਜੂਦ ਹਨ) ਨੂੰ ਸਰਕਾਰ ਵੱਲੋਂ ਆਪਣੇ ਰਾਜਸੀ ਮਨੋਰਥਾਂ, ਬਿਜਲੀ ਅਦਾਰੇ ਵਿੱਚ ਇਨ੍ਹਾਂ ਜਾਇਦਾਦਾਂ ਦੀ ਭਵਿੱਖੀ ਕਾਰਜਾਂ ਲਈ ਵਰਤੋਂ ਕਰਨ ਦੀ ਥਾਂ ਅਦਾਰੇ ਵਿੱਚ ਨਿੱਜੀਕਰਨ ਵਾਸਤੇ ਰਾਹ ਖੋਲ੍ਹਣ, ਆਪਣੇ ਚਹੇਤਿਆਂ ਨੂੰ ਇਹ ਕੀਮਤੀ ਜਾਇਦਾਦਾਂ ਕੌਡੀਆਂ ਦੇ ਭਾਅ ਵੇਚਣ ਲਈ ਪੰਜਾਬ ਸਰਕਾਰ ਤਜਵੀਜ਼ ਬਣਾ ਰਹੀ, ਜਿਸ ਨੂੰ ਮੁਲਾਜ਼ਮਾਂ ਵੱਲੋਂ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਰੈਲੀ ਦੌਰਾਨ ਜਥੇਬੰਦੀ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ, ਜਨਰਲ ਸਕੱਤਰ ਅੰਤਰ ਸਿੰਘ ਜੇ.ਈ, ਪ੍ਰਚਾਰ ਸਕੱਤਰ ਪਿਆਰਾ ਸਿੰਘ, ਕੈਸ਼ੀਅਰ ਵਰਿੰਦਰ ਸਿੰਘ ਪਰਮਾਰ ਤੇ ਸਲਾਹਕਾਰ ਰਵਿੰਦਰ ਕੁਮਾਰ ਨੇ ਸੰਬੋਧਨ ਕੀਤਾ। ਆਗੂਆਂ ਕਿਹਾ ਕਿ ਪੀ ਐਸ ਈ ਬੀ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੱਦੇ 'ਤੇ ਪਰਾਲੀ ਸਾੜਨ ਤੋਂ ਰੋਕਣ ਲਈ ਮੁਲਾਜ਼ਮਾਂ ਦੀਆਂ ਲਾਈਆਂ ਡਿਊਟੀਆਂ ਤੇ ਬਿਜਲੀ ਬੋਰਡ ਦੀ ਪ੍ਰਾਪਰਟੀ ਨੂੰ ਵੇਚਣ ਖਿਲਾਫ਼ ਥਰਮਲ ਪਲਾਂਟ ਦੇ ਮੇਨ ਗੇਟ 'ਤੇ ਰੋਸ ਪ੍ਰਦਰਸ਼ਨ ਕੀਤਾ ਗਿਆ ਗਿਆ ਹੈ। ਪ੍ਰਧਾਨ ਮੰਗਲੀ ਨੇ ਕਿਹਾ ਜੇਕਰ ਮਾਨ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾ ਦਾ ਹੱਲ ਨਾ ਕੀਤਾ ਤੇ ਪੀ ਐਸ ਈ ਬੀ ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਨਾਲ ਪਾਵਰਕਾਮ ਮੈਨੇਜਮੈਂਟ ਵੱਲੋਂ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਗਈਆਂ ਤਾਂ 2 ਨਵੰਬਰ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਲੁਧਿਆਣੇ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

# ਹੜ੍ਹ ਪੀੜਤਾਂ ਦੀ ਮਦਦ ਲਈ ਸਾਢੇ ਤਿੰਨ ਕਰੋੜ ਰੁਪਏ ਦੀ ਪਹਿਲੀ ਮੁਆਵਜ਼ਾ ਕਿਸ਼ਤ ਜਾਰੀ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੜ੍ਹ ਪੀੜਤਾਂ ਨੂੰ ਦੀਵਾਲੀ ਤੋਂ ਪਹਿਲਾਂ (30 ਦਿਨਾਂ ਵਿੱਚ) ਮੁਆਵਜ਼ਾ/ਰਾਹਤ ਰਾਸ਼ੀ ਪ੍ਰਦਾਨ ਕਰਨ ਦਾ ਵਾਅਦਾ ਪੂਰਾ ਕਰਦਿਆਂ ਸੂਬੇ ਲਈ 209 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕਰ ਦਿੱਤੀ ਹੈ, ਜਿਸ ਵਿੱਚੋਂ ਜ਼ਿਲ੍ਹਾ ਸੰਗਰੂਰ ਦੇ ਹੜ੍ਹ ਪੀੜਤਾਂ ਨੂੰ 3.50 ਕਰੋੜ ਰੁਪਏ ਵੰਡੇ ਜਾਣਗੇ।ਹਲਕਾ ਧੂਰੀ ਦੇ 8 ਹੜ੍ਹ ਪੀੜ੍ਹਤ ਪਰਵਾਰਾਂ ਨੂੰ ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਨਜ਼ੂਰੀ ਪੱਤਰ ਵੰਡ ਕੇ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕੀਤੀ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਭਰ ਦੇ 13 ਕੈਬਨਿਟ ਮੰਤਰੀ ਮਿਸ਼ਨ ਪੁਨਰਵਾਸ ਤਹਿਤ ਰਾਹਤ ਰਾਸ਼ੀ ਵੰਡਣ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਹਨ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀਂ ਅਜਨਾਲਾ ਵਿੱਚ 631 ਕਿਸਾਨਾਂ ਨੂੰ 5.70 ਕਰੋੜ ਰੁਪਏ ਦੇ ਚੈੱਕ ਵੰਡ ਕੇ ਮਿਸ਼ਨ ਪੁਨਰਵਾਸ ਦੀ ਸ਼ੁਰੂਆਤ ਕੀਤੀ ਸੀ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ ਕਿਸਾਨਾਂ ਨੂੰ ਪ੍ਰਤੀ ਏਕੜ 20,000 ਰੁਪਏ ਮੁਆਵਜ਼ਾ ਦਿੱਤਾ ਗਿਆ ਹੈ।ਪੰਜਾਬ ਸਰਕਾਰ ਲੋਕਾਂ ਦੇ ਹਰ ਦੁੱਖ-ਸੁੱਖ ਵਿੱਚ ਉਨ੍ਹਾਂ ਦੇ ਨਾਲ ਖੜੀ ਹੈ।

ਉਨ੍ਹਾਂ ਕਿਹਾ ਕਿ ਭਾਰੀ ਮੀਂਹ ਤੇ ਹੜ੍ਹ ਕਾਰਨ ਸੂਬੇ ਭਰ ਵਿੱਚ ਵੱਡੀ ਪੱਧਰ ਉੱਤੇ ਫਸਲਾਂ ਖ਼ਰਾਬ ਹੋ ਗਈਆਂ ਸਨ।ਕਈ ਲੋਕਾਂ ਦੇ ਘਰ ਅਤੇ ਹੋਰ ਇਮਾਰਤਾਂ ਢਹਿ ਗਈਆਂ ਸਨ।ਹਰੇਕ ਪ੍ਰਭਾਵਤ ਪਰਿਵਾਰ ਨੂੰ ਹੋਏ ਨੁਕਸਾਨ ਦੀ ਪੜਤਾਲ ਉਪਰੰਤ ਰਾਹਤ ਰਾਸ਼ੀ ਦਿੱਤੀ ਜਾਵੇਗੀ।ਇਹ ਵੀ ਪਹਿਲੀ ਵਾਰ ਹੈ ਕਿ ਨੁਕਸਾਨੇ ਗਏ ਹਰੇਕ ਘਰ ਨੂੰ 40 ਹਜ਼ਾਰ ਰੁਪਏ ਮਿਲਣਗੇ, ਜਦਕਿ ਪਹਿਲਾਂ ਸਿਰਫ਼ 4 ਹਜ਼ਾਰ ਰੁਪਏ ਮਿਲਦੇ ਸਨ।ਕਿਸਾਨਾਂ ਨੂੰ ਫ਼ਸਲ ਦੇ ਖ਼ਰਾਬੇ ਲਈ ਪ੍ਰਤੀ ਏਕੜ 20 ਹਜ਼ਾਰ ਰੁਪਏ ਮਿਲਣਗੇ।ਚੀਮਾ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਨੇ ਲੋਕਾਂ ਦੇ ਸਹਿਯੋਗ ਨਾਲ ਪੂਰੀ ਤਾਕਤ ਝੋਕ ਕੇ ਹੜ੍ਹਾਂ ਦਾ ਮੁਕਾਬਲਾ ਕੀਤਾ ਹੈ।ਜੇਕਰ ਸਮੇਂ ਸਿਰ ਬਚਾਅ ਅਤੇ ਰਾਹਤ ਕਾਰਜ ਨਾ ਸ਼ੁਰੂ ਕੀਤੇ ਜਾਂਦੇ ਤਾਂ ਨੁਕਸਾਨ ਬਹੁਤ ਜ਼ਿਆਦਾ ਹੋਣਾ ਸੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੀ ਪਿੱਠ ਥਾਪੜਦਿਆਂ ਕਿਹਾ ਕਿ ਘੱਗਰ ਵਿੱਚ 747 ਫੁੱਟ ਪਾਣੀ ਹੋਣ ਉਤੇ ਪਾੜ ਪੈ ਜਾਂਦਾ ਸੀ। ਇਸ ਵਾਰ 755 ਫੁੱਟ ਪਾਣੀ ਹੋਣ ਉੱਤੇ ਵੀ ਸਥਿਤੀ ਕਾਬੂ ਵਿੱਚ ਰਹੀ।ਇਸ ਤੋਂ ਪਹਿਲਾਂ ਸ਼੍ਰੀ ਰਾਹੁਲ ਚਾਬਾ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਸੰਗਰੂਰ ਵਿੱਚ ਹੜ੍ਹ ਦਾ ਮੁਕਾਬਲਾ ਕਰਨ ਲਈ ਕੀਤੇ ਗਏ ਯਤਨਾਂ ਬਾਰੇ ਜਾਣਕਾਰੀ ਦਿੱਤੀ ਅਤੇ ਪੰਜਾਬ ਸਰਕਾਰ ਦਾ ਇਹ ਮੁਆਵਜ਼ਾ ਰਾਸ਼ੀ ਜਾਰੀ ਕਰਨ ਲਈ ਧੰਨਵਾਦ ਕੀਤਾ।

# ਮਾਲਵਾ ਲਿਖਾਰੀ ਸਭਾ ਸੰਗਰੂਰ ਨੇ ਕੀਤਾ ਸਾਲਾਨਾ ਪੁਰਸਕਾਰਾਂ ਦਾ ਐਲਾਨ

**ਸੰਗਰੂਰ (ਪ੍ਰਵੀਨ ਸਿੰਘ)**-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੀ ਕਾਰਜਕਾਰਨੀ ਦੀ ਇਕੱਤਰਤਾ ਸਭਾ ਦੇ ਪ੍ਰਧਾਨ ਕਰਮ ਸਿੰਘ ਜ਼ਖ਼ਮੀ ਦੀ ਪ੍ਰਧਾਨਗੀ ਵਿੱਚ ਲੇਖਕ ਭਵਨ ਸੰਗਰੂਰ ਵਿਖੇ ਹੋਈ। ਇਸ ਇਕੱਤਰਤਾ ਵਿੱਚ ਸਰਬਸੰਮਤੀ ਨਾਲ ਸਾਲ 2025 ਦੇ ਸਾਲਾਨਾ ਪੁਰਸਕਾਰਾਂ ਲਈ ਸਾਹਿਤਕਾਰਾਂ ਦੇ ਨਾਵਾਂ ਦੀ ਚੋਣ ਕੀਤੀ ਗਈ, ਜਿਸ ਅਨੁਸਾਰ ਡਾ. ਪ੍ਰੀਤਮ ਸੈਣੀ ਵਾਰਤਕ ਪੁਰਸਕਾਰ ਗੁਲਜ਼ਾਰ ਸਿੰਘ ਸ਼ੌਂਕੀ ਨੂੰ, ਗੁਰਮੇਲ ਮਡਾਹੜ ਗਲਪ ਪੁਰਸਕਾਰ ਸੁਖਵਿੰਦਰ ਸਿੰਘ ਬਾਲੀਆਂ ਨੂੰ, ਲੋਕ ਕਵੀ ਸੰਤ ਰਾਮ ਉਦਾਸੀ ਕਵਿਤਾ ਪੁਰਸਕਾਰ ਜੋਗਿੰਦਰ ਨੂਰਮੀਤ ਨੂੰ, ਕਵੀ ਗੁਰਬੀਰ ਸਿੰਘ ਬੀਰ ਵਿਰਾਸਤੀ ਪੁਰਸਕਾਰ ਪੰਥਕ ਕਵੀ ਲਾਭ ਸਿੰਘ ਝੱਮਟ ਨੂੰ ਅਤੇ ਮੇਘ ਗੋਇਲ ਨਵ-ਪ੍ਰਤਿਭਾ ਪੁਰਸਕਾਰ ਪਵਨ ਕੁਮਾਰ ਹੋਸ਼ੀ ਨੂੰ ਦੇਣ ਦਾ ਫ਼ੈਸਲਾ ਕੀਤਾ ਗਿਆ। ਇਹ ਪੁਰਸਕਾਰ 2 ਨਵੰਬਰ ਨੂੰ ਲੇਖਕ ਭਵਨ ਸੰਗਰੂਰ ਵਿਖੇ ਹੋਣ ਵਾਲੇ ਸਭਾ ਦੇ ਸਾਲਾਨਾ ਸਮਾਗਮ ਵਿੱਚ ਦਿੱਤੇ ਜਾਣਗੇ। ਇਸ ਮੌਕੇ ਅਮਰ ਗਰਗ ਕਲਮਦਾਨ ਦੀ ਪੁਸਤਕ 'ਸੁਲੋਚਨਾ' ਉੱਪਰ ਗੋਸ਼ਟੀ ਵੀ ਕਰਵਾਈ ਜਾਵੇਗੀ, ਜਿਸ ਵਿੱਚ ਪੁਸਤਕ ਸਬੰਧੀ ਪਰਚਾ ਡਾ. ਮਨੀਸ਼ਾ ਰਾਣੀ ਪੜ੍ਹਨਗੇ ਅਤੇ ਮੁੱਖ ਭਾਸ਼ਣ ਜਸਵੀਰ ਰਾਣਾ ਦਾ ਹੋਵੇਗਾ। ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਸੁਖਵਿੰਦਰ ਸਿੰਘ ਲੋਟੇ ਵੱਲੋਂ ਸੰਪਾਦਿਤ ਸਭਾ ਦਾ ਸਾਂਝਾ ਕਾਵਿ-ਸੰਗ੍ਰਹਿ 'ਕਲਮੀ ਹੀਰੇ' ਵੀ ਲੋਕ ਅਰਪਣ ਕੀਤਾ ਜਾਵੇਗਾ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਤ ਇਸ ਵਿਸ਼ਾਲ ਸਮਾਗਮ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਸੇਖੋਂ ਕਰਨਗੇ ਅਤੇ ਮੁੱਖ ਮਹਿਮਾਨ ਵਜੋਂ ਸਾਹਿਤਕ ਮੈਗਜ਼ੀਨ 'ਆਪਣੀ ਆਵਾਜ਼' ਦੇ ਮੁੱਖ ਸੰਪਾਦਕ ਸੁਰਿੰਦਰ ਸਿੰਘ ਸੁੰਨੜ ਸ਼ਾਮਲ ਹੋਣਗੇ। ਇਸ ਇਕੱਤਰਤਾ ਵਿੱਚ ਕਰਮ ਸਿੰਘ ਜ਼ਖ਼ਮੀ, ਰਜਿੰਦਰ ਸਿੰਘ ਰਾਜਨ, ਸੁਖਵਿੰਦਰ ਸਿੰਘ ਲੋਟੇ, ਸ਼ਿਵ ਕੁਮਾਰ ਅੰਬਾਲਵੀ, ਸਤਪਾਲ ਸਿੰਘ ਲੌਂਗੋਵਾਲ, ਪਵਨ ਕੁਮਾਰ ਹੋਸ਼ੀ, ਬਹਾਦਰ ਸਿੰਘ ਧੌਲਾ, ਜਗਜੀਤ ਸਿੰਘ ਲੱਡਾ, ਗੁਰੀ ਚੰਦੜ, ਜੱਗੀ ਮਾਨ, ਬਲਜਿੰਦਰ ਈਲਵਾਲ, ਸਰਬਜੀਤ ਸੰਗਰੂਰਵੀ, ਸੁਰਜੀਤ ਸਿੰਘ ਮੌਜੀ, ਲਾਭ ਸਿੰਘ ਝੱਮਟ ਅਤੇ ਖ਼ੁਸ਼ਪ੍ਰੀਤ ਕੌਰ ਆਦਿ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਸ਼ਾਮਲ ਸਨ।

# ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਬਰਸੀ ਭਲਕੇ



**ਮੋਗਾ (ਇਕਬਾਲ ਸਿੰਘ ਖਹਿਰਾ)**

ਕਾਮਰੇਡ ਸਤੀਸ਼ ਲੂੰਬਾ ਹਾਲ ਵਿਖੇ, ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 37ਵੀਂ ਬਰਸੀ ਦੇ ਸੰਬੰਧ ਵਿੱਚ ਟਰੇਡ ਯੂਨੀਅਨ ਕੌਂਸਲ ਮੋਗਾ (ਏਟਕ) ਦੀ ਮੀਟਿੰਗ ਸਾਥੀ ਜਗਦੀਸ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ।ਯੂਨੀਅਨ ਦੇ ਜਨਰਲ ਸਕੱਤਰ ਜਗਸੀਰ ਖੋਸਾ ਸੀ. ਪੀ.ਆਈ. ਦੇ ਜਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਭੋਲਾ, ਕਾਮਰੇਡ ਸਤੀਸ਼ ਨੂੰ ਟਰੱਸਟ ਦੇ ਪ੍ਰਧਾਨ ਬਚਿੱਤਰ ਸਿੰਘ ਧੋਥੜ, ਪੰਜਾਬ ਗੌਰਮੈਂਟ ਟਰਾਂਸਪੋਰਟ ਵਰਕਰ ਯੂਨੀਅਨ ਦੇ ਸੂਬਾ ਸਕੱਤਰ ਗੁਰਜੰਟ ਸਿੰਘ ਕੋਕਰੀ ਤੇ ਪਾਰਟੀ ਦੇ ਸੀਨੀਅਰ ਆਗੂ ਡਾਕਟਰ ਇੰਦਰਵੀਰ ਗਿੱਲ ਨੇ ਕਿਹਾ ਕਿ ਸਾਡੇ ਲਈ ਮਾਣ ਦੀ ਗੱਲ ਹੈ ਕਿ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ ਸ਼ਹਾਦਤ ਤੋਂ ਬਾਅਦ ਰੋਡਵੇਜ਼ ਕਾਮੇ, ਭਰਾਤਰੀ ਜਥੇਬੰਦੀਆਂ ਤੇ ਕਮਿਊਨਿਸਟ ਪਾਰਟੀ ਦੇ ਸਾਥੀ ਉਨ੍ਹਾਂ ਦੀ ਬਰਸੀ ਲਗਾਤਾਰ ਮਨਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਇਸ ਵਾਰ ਕੁੱਝ ਨਾ ਟਾਲੇ ਜਾ ਸਕਣ ਵਾਲੇ ਕਾਰਨਾਂ ਕਰਕੇ ਬਰਸੀ 17 ਅਕਤੂਬਰ ਦਿਨ ਸ਼ੁੱਕਰਵਾਰ ਨੂੰ ਬੱਸ ਸਟੈਂਡ ਮੋਗਾ ਵਿਖੇ ਮਨਾਈ ਜਾ ਰਹੀ ਹੈ।ਸਾਥੀਆਂ ਨੇ ਅੱਗੇ ਕਿਹਾ ਕਿ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਕਹਿਣੀ ਅਤੇ ਕਰਨੀ ਦੇ ਸੂਰੇ ਸਨ।ਉਨ੍ਹਾਂ ਆਪਣੀ ਜ਼ਿੰਦਗੀ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ, ਦੁਕਾਨਦਾਰਾਂ ਅਤੇ ਨੌਜਵਾਨ ਵਿਦਿਆਰਥੀਆਂ ਦੇ ਸੰਘਰਸ਼ਾਂ ਲੇਖੇ ਲਾਈ ।37 ਸਾਲ ਪਹਿਲਾਂ ਧਰਮ ਦੀ ਆੜ ਵਿੱਚ ਕਾਲੀਆਂ ਤਾਕਤਾਂ ਨੇ ਕਿਰਤੀਆਂ ਦਾ ਹੀਰਾ ਪੁੱਤ ਉਨਾਂ ਤੋਂ ਖੋਹ ਲਿਆ।ਉਨ੍ਹਾਂ ਦੀ ਕੁਰਬਾਨੀ ਅੱਗੇ ਸਿਰ ਝੁਕਾਉਂਦਿਆਂ ਉਨ੍ਹਾਂ ਦੇ ਨਾਲ ਦੇ ਸਾਥੀਆਂ, ਉਨ੍ਹਾਂ ਦੀ ਸੋਚ ਤੇ ਪਹਿਰਾ ਦੇਣ ਵਾਲੀ ਅਗਲੀ ਪੀੜ੍ਹੀ ਦੇ ਆਗੂਆਂ ਨੇ ਉਨ੍ਹਾਂ ਦੇ ਕੰਮ ਨੂੰ ਜਾਰੀ ਰੱਖਣ ਦਾ ਅਹਿਦ ਲਿਆ, ਜੋ ਲਗਾਤਾਰ ਜਾਰੀ ਹੈ।

ਆਗੂਆਂ ਨੇ ਦੱਸਿਆ ਕਿ ਬਰਸੀ ਸਮਾਗਮ ਨੂੰ ਕਾ. ਵਿੱਦਿਆ ਸਾਗਰ ਗਿਰੀ ਕੌਮੀ ਸਕੱਤਰ ਏਟਕ, ਕਾਮਰੇਡ ਪੀ ਸੰਤੋਸ਼ ਕੁਮਾਰ ਕੇਰਲਾ ਮੈਂਬਰ ਪਾਰਲੀਮੈਂਟ ਸੀ.ਪੀ.ਆਈ, ਕਾਮਰੇਡ ਨਿਰਮਲ ਸਿੰਘ ਧਾਲੀਵਾਲ ਜਰਨਲ ਸਕੱਤਰ ਏਟਕ, ਕਾਮਰੇਡ ਜਗਰੂਪ ਸਿੰਘ ਮੁੱਖ ਸਲਾਹਕਾਰ ਬਨੇਗਾ ਪ੍ਰਾਪਤੀ ਮੁਹਿੰਮ, ਡਾਕਟਰ ਸਵਰਾਜਬੀਰ ਚੰਡੀਗੜ੍ਹ ਸਾਬਕਾ ਸੰਪਾਦਕ ਪੰਜਾਬੀ ਟ੍ਰਿਬਿਊਨ, ਕਾਮਰੇਡ ਸੁਖਜਿੰਦਰ ਮਹੇਸ਼ਰੀ ਪ੍ਰਧਾਨ ਆਲ ਇੰਡੀਆ ਯੂਥ ਫੈਡਰੇਸ਼ਨ, ਸੁਖਦੇਵ ਸ਼ਰਮਾ ਵਰਕਿੰਗ ਪ੍ਰਧਾਨ ਏਟਕ ਅਤੇ ਕਾਮਰੇਡ ਕੁਲਦੀਪ ਸਿੰਘ ਭੋਲਾ ਜ਼ਿਲ੍ਹਾ ਸਕੱਤਰ ਸੀ.ਪੀ.ਆਈ ਤੋਂ ਇਲਾਵਾ ਸਥਾਨਕ ਆਗੂ ਵੀ ਸੰਬੋਧਨ ਕਰਨਗੇ।

# ਸਟੱਡੀ ਸਰਕਲ ਵੱਲੋਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਕਰਾਇਆ ਸੈਮੀਨਾਰ



**ਸੰਗਰੂਰ (ਪ੍ਰਵੀਨ ਸਿੰਘ)**

ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਰਜਿ. ਸੰਗਰੂਰ ਜ਼ੋਨ ਵੱਲੋਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਸ਼ਤਾਬਦੀ ਨੂੰ ਸਮਰਪਤ ਵਿੱਦਿਅਕ ਸਮਾਗਮ ਲਾਈਫ਼ ਗਾਰਡ ਨਰਸਿੰਗ ਇੰਸਟੀਚਿਊਟ, ਕਲੌਦੀ ਵਿਖੇ ਡਾ. ਸੁਖਵਿੰਦਰ ਸਿੰਘ ਚੇਅਰਮੈਨ, ਪਰਮਿੰਦਰ ਕੌਰ ਡਾਇਰੈਕਟਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ, ਪ੍ਰਿੰਸੀਪਲ ਰਿੰਤੂ ਚਤੁਰਵੇਦੀ, ਪ੍ਰੋ ਰਮਨਪ੍ਰੀਤ ਕੌਰ ਦੇ ਨਾਲ ਸਟੱਡੀ ਸਰਕਲ ਦੇ ਕੁਲਵੰਤ ਸਿੰਘ ਨਾਗਰੀ ਜ਼ੋਨਲ ਪ੍ਰਧਾਨ, ਬਲਵੰਤ ਸਿੰਘ ਭਿੱਖੀ ਪ੍ਰਧਾਨ ਸੰਗਰੂਰ, ਗੁਲਜ਼ਾਰ ਸਿੰਘ ਜਥੇਬੰਦਕ ਸਕੱਤਰ ਤੇ ਅਮਨਦੀਪ ਕੌਰ ਐਡੀਸ਼ਨਲ ਜ਼ੋਨਲ ਸਕੱਤਰ ਭਾਸ਼ਾਵਾਂ ਤੇ ਸਾਹਿਤ ਦੀ ਦੇਖ ਰੇਖ ਹੇਠ ਕਰਾਇਆ ਗਿਆ।ਸੁਰਿੰਦਰ ਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗੇਨਾਈਜ਼ਰ ਨੇ ਸੈਮੀਨਾਰ ਦੇ ਮੰਤਵ ੦ਤੇ ਰੌਸ਼ਨੀ ਪਾਈ ਅਤੇ ਗੁਰੂ ਸਾਹਿਬ ਜੀ ਦੀ ਸ਼ਹਾਦਤ ਦੇ ਕੁਝ ਵਰਕੇ ਫਰੋਲਦੇ ਹੋਏ ਜੀ ਆਇਆਂ ਨੂੰ ਕਿਹਾ।ਮੁੱਖ ਬੁਲਾਰੇ ਦੇ ਤੌਰ 'ਤੇ ਡਾ. ਇਕਬਾਲ ਸਿੰਘ ਸਕਰੌਦੀ, ਰਿਟਾਇਰਡ ਪ੍ਰਿੰਸੀਪਲ ਨੇ ਸਿਖਿਆਰਥੀਆਂ, ਅਧਿਆਪਕਾਂ ਅਤੇ ਹਾਜ਼ਰ ਸਰੋਤਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਂਝ ਤਾਂ ਸਾਰਾ ਸਿੱਖ ਇਤਿਹਾਸ ਹੀ ਲਾਸਾਨੀ ਸ਼ਹਾਦਤਾਂ ਨਾਲ਼ ਭਰਿਆ ਪਿਆ ਹੈ, ਪ੍ਰੰਤੂ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੀ ਲਾਸਾਨੀ ਕੁਰਬਾਨੀ ਇਸ ਕਰਕੇ ਬਹੁਤ ਜ਼ਿਆਦਾ ਹੈ, ਕਿਉਂਕਿ ਜਿਥੇ ਸਾਨੂੰ ਉਨ੍ਹਾਂ ਦੇ ਜੀਵਨ ਤੋਂ ਤਿਆਗ, ਅਡੋਲਤਾ, ਵੈਰਾਗ ਦੇ ਸੰਦੇਸ਼ ਮਿਲਦੇ ਹਨ ਉਥੇ ਮੁੱਢਲੇ ਅਧਿਕਾਰਾਂ ਦੀ ਰੱਖਿਆ ਲਈ ਉਨ੍ਹਾਂ ਨੇ ਹਿੰਦੂ ਧਰਮ ਨੂੰ ਬਚਾਉਣ ਲਈ ਮੁਗ਼ਲ ਬਾਦਸ਼ਾਹ ਔਰੰਗਜ਼ੇਬ ਦੇ ਜ਼ੁਲਮਾਂ ਨੂੰ ਠੱਲ੍ਹ ਪਾਈ।ਜੇ ਕਿਧਰੇ ਉਸ ਸਮੇਂ ਗੁਰੂ ਤੇਗ ਬਹਾਦੁਰ ਸਾਹਿਬ ਜੀ ਆਪਣਾ ਬਲੀਦਾਨ ਨਾ ਦਿੰਦੇ ਤਾਂ ਅੱਜ ਹਿੰਦੁਸਤਾਨ ਦਾ ਇਤਿਹਾਸ ਕੁਝ ਹੋਰ ਹੋਣਾ ਸੀ।ਦੂਜਾ ਗੁਰੂ ਜੀ ਦੀ ਸ਼ਹਾਦਤ ਨੇ ਸਿੱਖਾਂ ਨੂੰ ਭਗਤੀ ਦੇ ਨਾਲ਼-ਨਾਲ਼ ਸ਼ਕਤੀ ਧਾਰਨ ਕਰਨ ਵੱਲ ਵੀ ਮੋੜਾ ਪਾ ਦਿੱਤਾ, ਜਿਸ ਦੇ ਨਤੀਜੇ ਵਜੋਂ ਅੱਗੇ ਚੱਲ ਕੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 30 ਮਾਰਚ, 1999 ਈ. ਨੂੰ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ, ਜਿਸ ਨੇ ਅੱਗੇ ਚੱਲ ਕੇ ਮੁਗ਼ਲ ਸਲਤਨਤ ਦੇ ਜ਼ੁਲਮਾਂ ਨੂੰ ਬੜੀ ਬਹਾਦਰੀ ਤੇ ਦ੍ਰਿੜ੍ਹਤਾ ਨਾਲ਼ ਰੋਕਿਆ ਅਤੇ ਜਿੱਤਾਂ ਪ੍ਰਾਪਤ ਕੀਤੀਆਂ।ਪ੍ਰੋ. ਹਰਵਿੰਦਰ ਕੌਰ ਐਡੀਸ਼ਨਲ ਜ਼ੋਨਲ ਸਕੱਤਰ ਇਸਤਰੀ ਕੌਂਸਲ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਨੌਵੇਂ ਪਾਤਸ਼ਾਹ ਦੇ ਸਲੋਕਾਂ ਵਿੱਚੋਂ ਮਿਲਦੀਆਂ ਪ੍ਰੇਰਨਾਵਾਂ ਨੂੰ ਭਾਵਪੂਰਤ ਸ਼ਬਦਾਂ ਵਿੱਚ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਅਮਨਦੀਪ ਕੌਰ ਨੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਖ਼ੂਬਸੂਰਤ ਕਵਿਤਾ ਰਾਹੀਂ ਸਿਜਦਾ ਕੀਤਾ।ਕੁਲਵੰਤ ਸਿੰਘ ਨਾਗਰੀ ਨੇ ਸਟੱਡੀ ਸਰਕਲ ਵੱਲੋਂ ਕਰਾਏ ਜਾ ਰਹੇ ਨੈਤਿਕ ਸਿੱਖਿਆ ਇਮਤਿਹਾਨ ਦੀ ਜਾਣਕਾਰੀ ਦਿੱਤੀ। ਪ੍ਰੋ. ਹਰਪ੍ਰੀਤ ਕੌਰ ਨੇ ਵੀ ਗੁਰੂ ਸਾਹਿਬ ਦੇ ਜੀਵਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਤੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਸ੍ਰੀ ਆਨੰਦਪੁਰ ਸਾਹਿਬ ਨੂੰ ਜਲਦੀ ਜ਼ਿਲ੍ਹਾ ਬਣਾਇਆ ਜਾ ਰਿਹਾ ਹੈ।ਪ੍ਰਿੰਸੀਪਲ ਰਿੰਟੂ ਚਤੁਰਵੇਦੀ ਨੇ ਸਟੱਡੀ ਸਰਕਲ ਦੇ ਇਸ ਸੈਮੀਨਾਰ ਦੀ ਸ਼ਲਾਘਾ ਕੀਤੀ ਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸੈਮੀਨਾਰ ਗੁਰੂ ਸਾਹਿਬ ਦੇ ਜੀਵਨ ਸਬੰਧੀ ਜਾਣਕਾਰੀ ਭਰਪੂਰ ਤੇ ਗਿਆਨ ਵਿੱਚ ਵਾਧਾ ਕਰਨ ਵਾਲਾ ਰਿਹਾ ਹੈ।

ਡਾਕਟਰ ਇਕਬਾਲ ਸਿੰਘ ਨੂੰ ਸਟੱਡੀ ਸਰਕਲ ਦੇ ਨੁਮਾਇੰਦਿਆਂ, ਪ੍ਰਿੰਸੀਪਲ, ਪ੍ਰੋ ਰਮਨਪ੍ਰੀਤ ਕੌਰ ਤੇ ਸਟਾਫ ਨੇ ਦੁਸ਼ਾਲਾ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ, ਜਦੋਂ ਕਿ ਸਟੱਡੀ ਸਰਕਲ ਨੇ ਪ੍ਰਿੰਸੀਪਲ ਸਾਹਿਬਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਨਸ਼ੇ 'ਚ ਘੁੰਮਦੇ ਬੰਦੇ ਨੇ ਸ਼ਹਿਰ ਵਾਸੀ ਫ਼ਿਕਰਾਂ 'ਚ ਪਾਏ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਗੁਰੂ ਗੋਬਿੰਦ ਸਿੰਘ ਜੀ ਦੇ ਨਾਂਅ 'ਤੇ ਸਥਾਪਤ ਮੈਡੀਕਲ ਕਾਲਜ/ਹਸਪਤਾਲ ਤੇ ਗੁਰੂ ਨਾਨਕ ਦੇਵ ਜੀ ਦੇ ਨਾਂਅ 'ਤੇ ਬਣੀ ਕਾਲੋਨੀ ਦੇ ਮੁੱਖ ਪ੍ਰਵੇਸ਼ ਦੁਆਰ ਨੇੜੇ ਇੱਕ ਦਿਲ ਦਹਿਲਾ ਦੇਣ ਵਾਲਾ ਦ੍ਰਿਸ਼ ਦੇਖਣ ਨੂੰ ਮਿਲਿਆ।ਇਸ ਪਵਿੱਤਰ ਸਥਾਨ ਹਸਪਤਾਲ ਜਿੱਥੋਂ ਲੋਕ ਜੀਵਨ ਬਚਾਉਣ ਤੇ ਇਲਾਜ ਦੀ ਆਸ ਲੈ ਕੇ ਆਉਂਦੇ ਹਨ, ਉਸ ਦੇ ਬਿਲਕੁਲ ਗੇਟ ਦੇ ਸਾਹਮਣੇ ਇੱਕ ਵਿਅਕਤੀ ਨਸ਼ੇ ਦੀ ਹਾਲਤ ਵਿੱਚ ਧੁੱਤ ਹੋ ਕੇ ਸੜਕਾਂ 'ਤੇ ਅਵਾਰਾ ਘੁੰਮਦਾ ਅਤੇ ਗੇਟ 'ਤੇ ਬੈਠਾ ਨਜ਼ਰ ਆਇਆ।ਇਹ ਘਟਨਾ ਸ਼ਹਿਰ ਦੀ ਗੁਰੂ ਨਾਨਕ ਕਾਲੋਨੀ, ਗਲੀ ਨੰਬਰ 2 ਦੇ ਗੇਟ ਦੇ ਨਾਲ ਹੀ ਵਾਪਰੀ, ਜਿਸ ਨੇ ਸਮੁੱਚੇ ਇਲਾਕੇ ਦੇ ਲੋਕਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ।

ਇਸ ਗੰਭੀਰ ਮਾਮਲੇ 'ਤੇ ਸਿਵਲ ਸਰਜਨ ਡਾਕਟਰ ਚੰਦਰ ਸ਼ੇਖਰ ਕੱਕੜ ਨੇ ਦੱਸਿਆ ਕਿ ਪ੍ਰਸ਼ਾਸਨ ਨੇ ਨਸ਼ੇ ਵਿਰੁੱਧ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕਰ ਦਿੱਤੀ ਹੈ, ਜਿਸ ਵਿੱਚ ਡਾ. ਪ੍ਰਭਦੀਪ ਸਿੰਘ ਚਾਵਲਾ ਨੂੰ ਤੰਬਾਕੂ ਕੰਟਰੋਲ ਸੈੱਲ ਦਾ ਸਹਾਇਕ ਨੋਡਲ ਅਫ਼ਸਰ ਵਜੋਂ ਨਿਯੁਕਤ ਕੀਤਾ ਗਿਆ ਹੈ।ਡਾ. ਚਾਵਲਾ ਨੇ ਤੁਰੰਤ ਕਾਰਵਾਈ ਕਰਦੇ ਹੋਏ ਸ਼ਹਿਰ ਵਾਸੀਆਂ ਨੂੰ ਅਲਰਟ ਕੀਤਾ ਤੇ ਖਾਸ ਤੌਰ 'ਤੇ ਦੁਕਾਨਦਾਰਾਂ ਨੂੰ ਸਖ਼ਤ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਹੁਣ ਕਿਸੇ ਵੀ ਕਿਸਮ ਦਾ ਨਸ਼ਾ-ਜਿਸ ਵਿੱਚ ਤੰਬਾਕੂ, ਬੀੜੀ, ਜਾਂ ਸਿਗਰਟ ਸ਼ਾਮਲ ਹਨ-ਖੁੱਲ੍ਹੇਆਮ ਵੇਚਣਾ, ਰੱਖਣਾ ਤੇ ਖੁੱਲ੍ਹੇ 'ਚ ਪੀਣਾ ਸਖ਼ਤ ਮਨਾ ਹੈ।ਇਸ ਦੁਖਦਾਈ ਦ੍ਰਿਸ਼ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਨਸ਼ਾਖੋਰੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਨੂੰ ਤੁਰੰਤ ਠੋਸ ਕਦਮ ਚੁੱਕਣ ਦੀ ਲੋੜ ਹੈ।ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਿਸ ਵਿਭਾਗ ਨੂੰ ਅਪੀਲ ਕੀਤੀ ਹੈ।

# ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਮਾਪੇ-ਅਧਿਆਪਕ ਮਿਲਣੀ ਕਰਾਈ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿੱਚ ਮਾਪੇ ਅਧਿਆਪਕ ਮਿਲਣੀ ਬੜੇ ਸੁਚੱਜੇ ਢੰਗ ਨਾਲ ਕਰਾਈ ਗਈ, ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਜੀਨਮ ਗਰਗ ਤੇ ਮਨੋਜ ਕੁਮਾਰ ਦੀ ਅਗਵਾਈ 'ਚ ਅਧਿਆਪਕਾਂ ਤੇ ਵਲੰਟੀਅਰ ਵਿਦਿਆਰਥੀਆਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਮਾਪੇ ਅਧਿਆਪਕ ਮਿਲਣੀ ਸਕੂਲੀ ਸਿੱਖਿਆ ਦਾ ਅਨਿੱਖੜਵਾਂ ਅੰਗ ਹੈ।ਇਸ ਮਿਲਣੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਪੜ੍ਹਾਈ ਦੇ ਨਾਲ ਨਾਲ ਉਹਨਾਂ ਦੇ ਸਮੁੱਚੇ ਵਿਕਾਸ ਤੇ ਧਿਆਨ ਕੇਂਦਰਤ ਕਰਨਾ ਸੀ।

ਸ਼੍ਰੀ ਮਨੋਜ ਕੁਮਾਰ ਨੇ ਕਿਹਾ ਕਿ ਬੱਚੇ ਦੀ ਸਿੱਖਿਆ ਤਦ ਹੀ ਪੂਰੀ ਹੋ ਸਕਦੀ ਹੈ, ਜਦੋਂ ਘਰ ਅਤੇ ਸਕੂਲ ਦੋਵੇਂ ਮਿਲ ਕੇ ਉਸ ਦੇ ਵਿਕਾਸ 'ਚ ਯੋਗਦਾਨ ਪਾਉਣ।ਮਾਪਿਆਂ ਨੇ ਅਧਿਆਪਕਾਂ ਨਾਲ ਬੱਚਿਆਂ ਦੇ ਚੰਗੇ ਭਵਿੱਖ ਲਈ ਲੋੜੀ ਦਾ ਮਾਰਗਦਰਸ਼ਨ ਉੱਪਰ ਵਿਚਾਰ ਵਟਾਂਦਰਾ ਕੀਤਾ।ਮਾਪਿਆਂ ਨੂੰ ਬੱਚਿਆਂ ਦੇ ਗੁਣਾਂ ਔਗੁਣਾਂ ਬਾਰੇ ਜਾਣੂ ਕਰਾਇਆ ਗਿਆ।ਅਧਿਆਪਕਾਂ ਵੱਲੋਂ ਮਾਪਿਆਂ ਨਾਲ ਬੱਚਿਆਂ ਦੀਆਂ ਕਮੀਆਂ ਨੂੰ ਦੂਰ ਕਰਨ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਅਧਿਆਪਕਾਂ ਵੱਲੋਂ ਮਾਪਿਆਂ ਨੂੰ ਸਕੂਲ 'ਚ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਵੀ ਦੱਸਿਆ ਗਿਆ ਅਤੇ ਮਾਪਿਆਂ ਤੋਂ ਬੱਚਿਆਂ ਦੀ ਪੜ੍ਹਾਈ ਤੇ ਸਕੂਲ ਬਾਰੇ ਫੀਡਬੈਕ ਵੀ ਲਈ ਗਈ।ਮਾਪਿਆਂ ਨੂੰ ਇਸ ਮਿਲਣੀ ਰਾਹੀਂ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਦਾ ਗਿਆਨ ਹੋਇਆ, ਜਿਸ ਦੀ ਉਨ੍ਹਾਂ ਨੇ ਸ਼ਲਾਘਾ ਕੀਤੀ।

ਅਧਿਆਪਕਾਂ ਨੇ ਮਾਪਿਆਂ ਨੂੰ ਸਲਾਹ ਦਿੱਤੀ ਕਿ ਉਹ ਬੱਚਿਆਂ ਦੇ ਮੋਬਾਇਲ ਵਰਤੋਂ ਤੇ ਨਿਯੰਤਰਣ ਰੱਖਣ ਤੇ ਉਹਨਾਂ ਨੂੰ ਆਨਲਾਈਨ ਸਿੱਖਿਆ ਦਾ ਸਕਾਰਤਮਕ ਉਪਯੋਗ ਕਰਨ ਲਈ ਪ੍ਰੇਰਿਤ ਕਰਨ।ਇਸ ਦੇ ਨਾਲ ਘਰ ਵਿੱਚ ਪੜ੍ਹਾਈ ਲਈ ਤਣਾਅ ਰਹਿਤ ਵਾਤਾਵਰਨ ਦੇਣ ਤੇ ਉਹਨਾਂ ਨਾਲ ਗੁਣਵੱਤਾਪੂਰਨ ਸਮਾਂ ਬਿਤਾਉਣ ਦੀ ਵੀ ਅਪੀਲ ਕੀਤੀ ਗਈ।

ਜੀਨਮ ਮੈਡਮ ਨੇ ਕਿਹਾ ਕਿ ਮਾਪੇ ਅਧਿਆਪਕ ਮਿਲਣੀ ਇੱਕ ਸਧਾਰਨ ਮੀਟਿੰਗ ਨਹੀਂ, ਸਗੋਂ ਇਹ ਬੱਚੇ ਭਵਿੱਖ ਦੀ ਨੀਂਹ ਰੱਖਣ ਵਾਲਾ ਇੱਕ ਮੌਕਾ ਹੁੰਦੀ ਹੈ। ਇਸ ਲਈ ਹਰ ਮਾਪੇ ਨੂੰ ਚਾਹੀਦਾ ਹੈ ਕਿ ਉਹ ਮਾਪੇ ਅਧਿਆਪਕ ਮਿਲਣੀ ਵਿੱਚ ਨਿਯਮਤ ਤੌਰ ਤੇ ਹਾਜ਼ਰ ਹੋਣ ਤਾਂ ਜੁ ਅਧਿਆਪਕਾਂ ਨਾਲ ਮਿਲ ਕੇ ਆਪਣੇ ਬੱਚੇ ਦੇ ਸਰਵਪੱਖੀ ਵਿਕਾਸ ਵਿੱਚ ਯੋਗਦਾਨ ਦੇ ਸਕਣ।

## ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਤਾਇਕਵਾਂਡੋ 'ਚ ਦਿਖਾਈ ਸ਼ਾਨਦਾਰ ਕਾਬਲੀਅਤ



ਦੇਵੀਗੜ੍ਹ/ਪਟਿਆਲਾ (ਰਜਿੰਦਰ ਥਿੰਦ)-ਜੈਪੁਰ ਦੇ ਐੱਸ ਐਮ ਐੱਸ ਸਟੇਡੀਅਮ ਵਿੱਚ ਆਯੋਜਿਤ ਤੀਜੇ ਭਾਰਤ ਨੈਸ਼ਨਲ ਤਾਇਕਵਾਂਡੋ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਛੇਵੀਂ ਜਮਾਤ ਦੀ ਇਸ਼ਮੀਤ ਕੌਰ ਅਤੇ ਬਾਰ੍ਹਵੀਂ ਜਮਾਤ ਦੇ ਸ਼ਾਨਵੀਰ ਸਿੰਘ ਨੇ ਗੋਲਡ ਮੈਡਲ ਜਿੱਤੇ, ਜਦਕਿ ਗਿਆਰ੍ਹਵੀਂ ਜਮਾਤ ਦੇ ਕਰਨ ਗਿਰ ਨੇ ਸਿਲਵਰ ਮੈਡਲ ਹਾਸਿਲ ਕੀਤਾ।ਸਕੂਲ ਨਿਰਦੇਸ਼ਕ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੱਕੜ ਅਤੇ ਸਟਾਫ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਹਰਦੀਪ ਕੁਮਾਰ ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਇਹ ਉਪਲਬਧੀ ਸਕੂਲ ਲਈ ਮਾਣ ਦੀ ਗੱਲ ਹੈ।

## ਵਿੱਤ ਮੰਤਰੀ ਨੇ ਪਾਈਪ ਲਾਈਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ



ਦਿੜਬਾ (ਜਸਵੀਰ ਲਾਡੀ)-ਪਿੰਡ ਕੋਠੇ ਰਾਮਪੁਰਾ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਢਾਈ ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਪਾਈਪਲਾਈਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।ਇਸ ਪ੍ਰੋਜੈਕਟ ਨਾਲ 35 ਸਾਲਾਂ ਬਾਅਦ ਖੇਤਾਂ ਤੱਕ ਨਹਿਰੀ ਪਾਣੀ ਪਹੁੰਚੇਗਾ, ਜਿਸ ਨਾਲ ਇਲਾਕੇ ਦੇ ਸੈਂਕੜੇ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ।ਸਥਾਨਕ ਕਿਸਾਨਾਂ ਤੇ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਅਸੀਂ ਭਾਗਾਂ ਵਾਲੇ ਹਾਂ, ਜੋ ਸਾਨੂੰ ਐਸੇ ਮੰਤਰੀ ਮਿਲੇ ਹਨ।ਦੋ ਕਰੋੜ 50 ਲੱਖ ਰੁਪਏ ਦਾ ਇਹ ਪ੍ਰੋਜੈਕਟ ਸਾਡੇ ਖੇਤਰ ਲਈ ਵਰਦਾਨ ਸਾਬਤ ਹੋਵੇਗਾ।ਉਨ੍ਹਾਂ ਦਿਲ ਦੀਆਂ ਗਹਿਰਾਈਆਂ ਤੋਂ ਮੰਤਰੀ ਦਾ ਧੰਨਵਾਦ ਕੀਤਾ।ਇਲਾਕੇ ਦੇ ਬਜ਼ੁਰਗ ਕਿਸਾਨਾਂ ਨੇ ਦੱਸਿਆ ਕਿ ਪਿਛਲੇ ਲਗਭਗ 35 ਸਾਲਾਂ ਤੋਂ ਸਾਡੇ ਖੇਤਾਂ ਨੂੰ ਨਹਿਰੀ ਪਾਣੀ ਨਹੀਂ ਮਿਲਿਆ ਸੀ।ਪੁਰਾਣੀਆਂ ਥਾਲਾਂ ਟੁੱਟੀਆਂ ਪਈਆਂ ਸਨ, ਕੋਈ ਮੁਰੰਮਤ ਨਹੀਂ ਹੁੰਦੀ ਸੀ, ਪਰ ਹੁਣ ਪਾਈਪਲਾਈਨ ਰਾਹੀਂ ਸਿੱਧਾ ਪਾਣੀ ਖੇਤਾਂ 'ਚ ਪਹੁੰਚੇਗਾ। ਪੰਚਾਇਤ ਨੇ ਵੀ ਇਸ ਪ੍ਰੋਜੈਕਟ ਨੂੰ ਇਤਿਹਾਸਕ ਕਦਮ ਦੱਸਦਿਆਂ ਕਿਹਾ ਕਿ ਇਹ ਕਿਸਾਨਾਂ ਦੀਆਂ ਪੀੜ੍ਹੀਆਂ ਦੀ ਮੰਗ ਸੀ, ਜੋ ਹੁਣ ਪੂਰੀ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਖੇਤੀਬਾੜੀ ਵਿੱਚ ਨਵੀਂ ਤਾਜ਼ਗੀ ਆਵੇਗੀ ਤੇ ਪਿੰਡਾਂ ਦੀ ਆਰਥਿਕਤਾ ਮਜ਼ਬੂਤ ਹੋਵੇਗੀ।ਮੰਤਰੀ ਹਰਪਾਲ ਸਿੰਘ ਚੀਮਾ ਨੇ ਮੌਕੇ 'ਤੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੀ ਤਰੱਕੀ ਤੇ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਕੱਲ੍ਹ ਦੀ ਕੈਬਨਿਟ ਮੀਟਿੰਗ ਵਿੱਚ ਦਰਿਆਵਾਂ ਵਿੱਚੋਂ ਸਿਲਟ ਕੱਢਣ ਤੇ ਸੜਕਾਂ ਦੀ ਮੁਰੰਮਤ ਸਬੰਧੀ ਵੀ ਵੱਡੇ ਫੈਸਲੇ ਲਏ ਗਏ ਹਨ।ਵਿੱਤ ਮੰਤਰੀ ਨੇ ਅੰਤ ਵਿੱਚ ਕਿਹਾ ਕਿ ਇਲਾਕੇ ਦੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਵਿਕਾਸ ਪ੍ਰੋਜੈਕਟ ਸਮੇਂ 'ਤੇ ਪੂਰਾ ਕੀਤਾ ਜਾਵੇਗਾ।

## ਬੱਚਿਆਂ ਨੂੰ ਪੋਲੀਓ ਵਿਰੋਧੀ ਬੂੰਦਾਂ ਪਿਲਾਈਆਂ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਵਲ ਸਰਜਨ ਬਠਿੰਡਾ ਡਾਕਟਰ ਤਪਿੰਦਰਜੋਤ ਦੇ ਦਿਸ਼ਾ ਨਿਰਦੇਸ਼ ਅਤੇ ਸੀਨੀਅਰ ਮੈਡੀਕਲ ਅਫਸਰ ਬਾਲਿਆਂਵਾਲੀ ਡਾਕਟਰ ਸ਼ੈਲੀ ਅਰੋੜਾ ਦੀ ਯੋਗ ਅਗਵਾਈ ਅਤੇ ਜਗਤਾਰ ਸਿੰਘ ਬਲਾਕ ਐਜੂਕੇਟਰ ਦੇ ਸਹਿਯੋਗ ਨਾਲ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਨੂੰ 12,13 ਅਤੇ 14 ਅਕਤੂਬਰ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਗਈਆਂ। ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਰਾਮਪੁਰਾ ਅਰਬਨ (ਪਟਿਆਲਾ ਮੰਡੀ) ਵਿਚ ਕੁੱਲ 13 ਟੀਮਾਂ ਦਾ ਗਠਨ ਕੀਤਾ ਗਿਆ ਜਿਸ ਦੀ ਸੁਪਰਵਿਜ਼ਨ ਸਿਹਤ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ ਅਤੇ ਕਰਮਜੀਤ ਸਿੰਘ ਨੇ ਕੀਤੀ। ਉਹਨਾਂ ਦੱਸਿਆ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਰਾਮਪੁਰਾ ਅਰਬਨ ਪਟਿਆਲਾ ਮੰਡੀ ਵਾਲੇ ਪਾਸੇ ਕੁੱਲ 13 ਟੀਮਾਂ ਬਣਾਈਆਂ ਗਈਆਂ ਜਿਸ ਵਿਚ ਸਿਹਤ ਵਿਭਾਗ ਦੇ ਕਰਮਚਾਰੀ, ਨਰਸਿੰਗ ਸਟੂਡੈਂਟ, ਆਸ਼ਾ ਵਰਕਰਜ਼ ਤੇ ਐਨ ਜੀ ਓ ਸ਼ਾਮਲ ਸਨ। ਇਸ ਸਮੇਂ ਸਿਹਤ ਕਰਮਚਾਰੀ ਸਤੀਸ਼ ਕੁਮਾਰ, ਅਮਨਦੀਪ ਕੌਰ, ਜਗਮੀਤ ਕੌਰ, ਸੁਰਪਾਲ ਕੌਰ, ਨਰਸਿੰਗ ਸਟੂਡੈਂਟ, ਆਸ਼ਾ ਵਰਕਰਜ਼ ਹਾਜ਼ਰ ਸਨ।

## ਕੁਇਜ਼ ਤੇ ਗਣਿਤ ਪ੍ਰਯੋਗ ਮੁਕਾਬਲੇ 'ਚ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਵਿੱਦਿਆ ਭਾਰਤੀ ਪੰਜਾਬ ਵੱਲੋਂ ਕਰਵਾਏ ਗਏ ਰਾਜ ਪੱਧਰੀ ਵੈਦਿਕ ਗਣਿਤ ਕੁਇਜ਼ ਅਤੇ ਗਣਿਤ ਪ੍ਰਯੋਗ ਮੁਕਾਬਲੇ ਵਿੱਚ ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਵੈਦਿਕ ਗਣਿਤ ਕੁਇਜ਼ ਵਿੱਚ ਬਾਲ ਵਰਗ ਨੇ ਦੂਜਾ ਸਥਾਨ ਹਾਸਲ ਕੀਤਾ। ਕਿਸ਼ੋਰ ਵਰਗ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੋਸ਼ਨ ਕੀਤਾ।ਤਰੁਣ ਵਰਗ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਉੱਥੇ ਹੀ, ਗਣਿਤ ਪ੍ਰਯੋਗ (ਮੈਥ ਐਕਸਪੈਰੀਮੈਂਟ) ਮੁਕਾਬਲੇ ਵਿੱਚ ਬਾਲ ਵਰਗ ਨੇ ਦੂਜਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਰਪਿੰਦਰ ਪਟਿਆਲ ਨੇ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਰਗਦਰਸ਼ਕ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।ਸਕੂਲ ਪਰਵਾਰ ਨੇ ਵਿਦਿਆਰਥੀਆਂ ਦੀ ਇਸ ਸਫਲਤਾ 'ਤੇ ਮਾਣ ਪ੍ਰਗਟ ਕੀਤਾ।

## ਫਿਰੋਜ਼ਪੁਰ ਦੇ ਹੜ੍ਹ ਪੀੜਤਾਂ ਨੂੰ ਵੱਡੀ ਰਾਹਤ ਦੀ ਆਸ : ਚੇਅਰਮੈਨ ਨੇ ਮੌਕੇ 'ਤੇ ਦੌਰਾ ਕਰਨ ਦਾ ਦਿੱਤਾ ਭਰੋਸਾ



ਫ਼ਰੀਦਕੋਟ/ਚੰਡੀਗੜ੍ਹ (ਐਲਿਗਜ਼ੈਂਡਰ ਡਿਸੂਜ਼ਾ)-ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੂੰ ਬੀਤੇ ਦਿਨ ਚੰਡੀਗੜ੍ਹ ਵਿਖੇ ਪੰਜਾਬ ਮਾਲਵਾ ਜ਼ੋਨ ਦੇ ਪ੍ਰਧਾਨ ਪਤਰਸ ਪਠਾਨ ਨੇ ਮੁਲਾਕਾਤ ਕੀਤੀ।ਇਸ ਮੁਲਾਕਾਤ ਦਾ ਮੁੱਖ ਮਕਸਦ ਫਿਰੋਜ਼ਪੁਰ ਖੇਤਰ ਦੇ ਮਸੀਹ ਭਾਈਚਾਰੇ ਦੇ ਅਹਿਮ ਮੁੱਦਿਆਂ ਅਤੇ ਖਾਸ ਕਰਕੇ ਹਾਲ ਹੀ ਵਿੱਚ ਆਏ ਭਿਆਨਕ ਹੜ੍ਹਾਂ ਕਾਰਨ ਹੋਏ ਨੁਕਸਾਨ 'ਤੇ ਤੁਰੰਤ ਧਿਆਨ ਦਵਾਉਣਾ ਸੀ।ਮਾਲਵਾ ਜ਼ੋਨ ਦੇ ਪ੍ਰਧਾਨ ਪਤਰਸ ਪਠਾਨ ਨੇ ਚੇਅਰਮੈਨ ਨੂੰ ਦੱਸਿਆ ਕਿ ਹੜ੍ਹਾਂ ਕਾਰਨ ਫਿਰੋਜ਼ਪੁਰ ਦੇ ਕਈ ਮਸੀਹ ਪਰਵਾਰਾਂ ਦਾ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ ਅਤੇ ਉਹ ਤੁਰੰਤ ਸਰਕਾਰੀ ਮਦਦ ਦੀ ਉਮੀਦ ਕਰ ਰਹੇ ਹਨ।ਇਸ ਗੰਭੀਰ ਮੁੱਦੇ ਨੂੰ ਸੁਣਦਿਆਂ ਜਤਿੰਦਰ ਮਸੀਹ ਗੌਰਵ ਨੇ ਤੁਰੰਤ ਐਕਸ਼ਨ ਲੈਣ ਦਾ ਭਰੋਸਾ ਦਿੱਤਾ। ਉਨ੍ਹਾਂ ਐਲਾਨ ਕੀਤਾ ਕਿ ਉਹ ਬਹੁਤ ਹੀ ਜਲਦ ਫਿਰੋਜ਼ਪੁਰ ਦਾ ਦੌਰਾ ਕਰਨਗੇ।ਇਸ ਦੌਰੇ ਦੌਰਾਨ, ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਨਾਲ ਇੱਕ ਮੀਟਿੰਗ ਕਰਨਗੇ ਤਾਂ ਜੋ ਹੜ੍ਹ ਪੀੜਤਾਂ ਲਈ ਸੰਭਾਵਿਤ ਮਦਦ ਅਤੇ ਮੁਆਵਜ਼ਾ ਜਲਦੀ ਤੋਂ ਜਲਦੀ ਯਕੀਨੀ ਬਣਾਇਆ ਜਾ ਸਕੇ।

## ਪੁਲਸ ਕ੍ਰਮਚਾਰੀਆਂ ਨੇ ਸਿੱਖੀ ਜੀਵਨ ਬਚਾਉਣ ਦੀ ਤਕਨੀਕ



ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਲੋਕਾਂ ਦੀ ਸੁਰੱਖਿਆ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਪੁਲਸ ਕ੍ਰਮਚਾਰੀਆਂ ਨੂੰ ਹੁਣ ਐਮਰਜੈਂਸੀ ਹਾਲਾਤਾਂ ਵਿੱਚ ਜੀਵਨ ਬਚਾਉਣ ਦੀ ਇੱਕ ਅਹਿਮ ਤਕਨੀਕ ਨਾਲ ਲੈਸ ਕੀਤਾ ਗਿਆ ਹੈ।ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੇ ਨਿਰਦੇਸ਼ਾਂ ਅਨੁਸਾਰ ਪੁਲਸ ਲਾਈਨ ਵਿਖੇ ਇੱਕ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਆਯੋਜਤ ਕੀਤਾ ਗਿਆ।ਡਾਕਟਰੀ ਟੀਮਾਂ ਵੱਲੋਂ ਪੁਲਸ ਕ੍ਰਮਚਾਰੀਆਂ ਨੂੰ ਕਾਰਡਿਓ-ਪਲਮੋਨਰੀ ਰਿਸਸਿਟੇਸ਼ਨ ਦੀ ਵਿਧੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਕ੍ਰਮਚਾਰੀਆਂ ਨੂੰ ਪ੍ਰੈਕਟੀਕਲ ਡੈਮੋ ਰਾਹੀਂ ਸਿਖਾਇਆ ਗਿਆ ਕਿ ਦਿਲ ਦਾ ਦੌਰਾ ਪੈਣ ਜਾਂ ਸਾਹ ਬੰਦ ਹੋਣ ਦੀ ਸਥਿਤੀ ਵਿੱਚ ਤੁਰੰਤ ਅਤੇ ਸਹੀ ਢੰਗ ਨਾਲ ਸੀ.ਪੀ.ਆਰ. ਦੇ ਕੇ ਕਿਸੇ ਵਿਅਕਤੀ ਦੀ ਕੀਮਤੀ ਜਾਨ ਕਿਵੇਂ ਬਚਾਈ ਜਾ ਸਕਦੀ ਹੈ।ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਇਸ ਪਹਿਲ ਦੇ ਮਹੱਤਵ 'ਤੇ ਜ਼ੋਰ ਦਿੰਦੇ ਹੋਏ ਕਿਹਾ, ਕਿ ਪੁਲਸ ਕ੍ਰਮਚਾਰੀ ਹਮੇਸ਼ਾ ਸਹਾਇਤਾ ਲਈ ਪਹਿਲੀ ਲਾਈਨ 'ਤੇ ਹੁੰਦੇ ਹਨ।ਡਾ. ਰਾਜੂ ਭੰਡਾਰੀ ਨੇ ਕਿਹਾ ਕਿ ਸੀ.ਪੀ.ਆਰ. ਸਿਰਫ਼ ਇੱਕ ਤਕਨੀਕ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਪ੍ਰਤੀਕ ਹੈ।

# ਪੁਲਸ ਵੱਲੋਂ ਲੁੱਟ-ਖੋਹ ਦੀ ਤਿਆਰੀ ਕਰ ਰਹੇ 6 ਦੋਸ਼ੀ ਤੇਜ਼ਧਾਰ ਹਥਿਆਰਾਂ ਸਮੇਤ ਕਾਬੂ



ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)

ਪੁਲਸ ਨੇ ਲੁੱਟ ਖੋਹ ਕਰਨ ਦੀ ਫਿਰਾਕ ਵਿੱਚ ਬੈਠੇ ਇੱਕ ਗਿਰੋਹ ਦੇ 06 ਦੋਸ਼ੀਆਂ ਨੂੰ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਕਾਬੂ ਕਰ ਲਿਆ ਹੈ।ਅਵਤਾਰ ਸਿੰਘ, ਡੀ ਐਸ ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਵੱਲੋਂ ਸਾਂਝੀ ਕੀਤੀ ਗਈ।

ਗ੍ਰਿਫ਼ਤਾਰ ਦੋਸ਼ੀਆਂ ਦੀ ਪਛਾਣ ਅਕਾਸ਼ਦੀਪ ਸਿੰਘ, ਦਵਿੰਦਰ ਸਿੰਘ, ਅਕਾਸ਼ ਸਿੰਘ ਉਰਫ ਗਿੱਲ, ਜਗਸੀਰ ਸਿੰਘ ਉਰਫ ਮੰਗਾ, ਸੰਦੀਪ ਸਿੰਘ ਅਤੇ ਗੁਰਪਿੰਦਰ ਸਿੰਘ ਵਜੋਂ ਹੋਈ ਹੈ, ਜੋ ਸਾਰੇ ਕੋਟਕਪੂਰਾ ਦੇ ਰਹਿਣ ਵਾਲੇ ਹਨ।ਪੁਲਿਸ ਪਾਰਟੀ ਵੱਲੋਂ ਦੋਸ਼ੀਆਂ ਪਾਸੋਂ ਮਾਰੂ ਤੇਜ਼ਧਾਰ ਹਥਿਆਰ ਵੀ ਬਰਾਮਦ ਕੀਤੇ ਗਏ ਹਨ, ਜਿਨ੍ਹਾਂ ਵਿੱਚ 1 ਗਰਾਰੀ ਲੱਗੀ ਲੋਹੇ ਦੀ ਪਾਈਪ, 1 ਕਿਰਪਾਨ, 1 ਕਹੀ ਦਾ ਦਸਤਾ, 1 ਹਾਕੀ, 1 ਨਲਕੇ ਦੀ ਹੱਥੀ, 1 ਕਾਪਾ ਸ਼ਾਮਲ ਹਨ।ਇੰਸਪੈਕਟਰ ਚਮਕੌਰ ਸਿੰਘ, ਮੁੱਖ ਅਫਸਰ ਥਾਣਾ ਸਿਟੀ ਕੋਟਕਪੂਰਾ ਦੀ ਨਿਗਰਾਨੀ ਹੇਠ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਪੁਲਿਸ ਪਾਰਟੀ ਸਮੇਤ 13 ਅਕਤੂਬਰ ਨੂੰ ਬੱਤੀਆਂ ਵਾਲਾ ਚੌਕ ਕੋਟਕਪੂਰਾ ਵਿਖੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰ ਰਹੇ ਸਨ।ਇਸ ਦੌਰਾਨ ਉਨ੍ਹਾਂ ਨੂੰ ਭਰੋਸੇਯੋਗ ਸੂਚਨਾ ਮਿਲੀ ਕਿ ਜੁਰਮ ਕਰਨ ਦੇ ਆਦੀ ਇਹ ਦੋਸ਼ੀ ਮੋਗਾ ਰੋਡ ਲੱਕੜ ਮੰਡੀ ਦੇ ਨਾਲ ਜਾਂਦੇ ਕੱਚੇ ਰਸਤੇ ਕੋਟਕਪੂਰਾ 'ਤੇ ਮਾਰੂ ਹਥਿਆਰਾਂ ਸਮੇਤ ਲੁੱਟ ਖੋਹ ਕਰਨ ਦੀ ਯੋਜਨਾ ਬਣਾ ਰਹੇ ਹਨ।

ਸੂਚਨਾ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਪੁਲਸ ਨੇ ਦੋਸ਼ੀਆਂ ਨੂੰ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ। ਥਾਣਾ ਸਿਟੀ ਕੋਟਕਪੂਰਾ ਵਿਖੇ ਮੁਕੱਦਮਾ ਨੰਬਰ 240 ਮਿਤੀ 13.10.2025 ਅ/ਧ 310(4), 310(5) ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ।ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਹੋਰ ਪੁੱਛਗਿੱਛ ਲਈ ਰਿਮਾਂਡ ਹਾਸਲ ਕੀਤਾ ਜਾਵੇਗਾ।ਦੋਸ਼ੀਆਂ ਦੇ ਕ੍ਰਿਮੀਨਲ ਰਿਕਾਰਡ ਦੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਇਸ ਗਿਰੋਹ ਦੇ ਮੈਂਬਰਾਂ ਖਿਲਾਫ ਪਹਿਲਾਂ ਵੀ ਨਸ਼ੇ ਦੀ ਤਸਕਰੀ, ਖੋਹ ਦੀਆਂ ਵਾਰਦਾਤਾਂ, ਸੰਗਠਿਤ ਅਪਰਾਧ ਤੇ ਹੋਰ ਸੰਗੀਨ ਧਾਰਾਵਾਂ ਤਹਿਤ ਕੁੱਲ 06 ਮੁਕੱਦਮੇ ਦਰਜ ਹਨ।

# ਪੀ ਆਰ ਟੀ ਸੀ ਕੰਟਰੈਕਟ ਕਾਮਿਆਂ ਦਾ ਚੱਕਾ ਜਾਮ, ਲੋਕ ਪ੍ਰੇਸ਼ਾਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬ ਰੋਡਵੇਜ਼ ਪਨਬੱਸ/ਪੀਆਰਟੀਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਮੰਗਾਂ ਨਾ ਮੰਨਣ ਦੇ ਵਿਰੁੱਧ ਮੰਗਲਵਾਰ ਨੂੰ ਬੱਸਾਂ ਦਾ ਚੱਕਾ ਜਾਮ ਕਰਕੇ ਧਰਨਾ ਦਿੱਤਾ ਗਿਆ।ਇਸ ਦੌਰਾਨ ਕੰਟਰੈਕਟ ਕਾਮਿਆਂ ਵੱਲੋਂ ਪਹਿਲਾਂ 12 ਵਜੇ ਤੋਂ ਨਵਾਂ ਬੱਸ ਸਟੈਂਡ ਬੰਦ ਕਰਕੇ ਦੋ ਘੰਟੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਇਸ ਤੋਂ ਬਾਅਦ 2 ਵਜੇ ਤੋਂ ਬੱਸ ਸਟੈਂਡ ਦੇ ਸਾਹਮਣੇ ਬੱਤੀਆਂ ਵਾਲਾ ਚੌਕ ਜਾਮ ਕਰ ਦਿੱਤਾ ਗਿਆ, ਜਿਸ ਨਾਲ ਦੂਰ ਦੂਰ ਤੱਕ ਜਾਮ ਲੱਗੇ ਰਹੇ ਤੇ ਰਾਹਗੀਰਾਂ ਨੂੰ ਆਉਣ-ਜਾਣ 'ਚ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ।ਇਸ ਦੌਰਾਨ ਬੱਸ ਸਟੈਂਡ ਸਮੇਤ ਸਾਰੇ ਡਿਪੂ ਵੀ ਬੰਦ ਰੱਖੇ ਗਏ।ਚੌਕ ਜਾਮ ਹੋਣ ਕਾਰਨ ਨੇੜਲੀਆਂ ਸਾਰੀਆਂ ਸੜਕਾਂ 'ਤੇ ਵਾਹਨਾਂ ਦੀਆ ਲੰਬੀਆਂ ਕਤਾਰਾਂ ਲੱਗ ਗਈਆਂ ਤੇ ਇਸ ਸਮੇਂ ਸਕੂਲਾਂ 'ਚ ਛੁੱਟੀ ਹੋਣ ਕਾਰਨ ਕਈ ਸਕੂਲੀ ਵਾਹਨ ਵੀ ਜਾਮ 'ਚ ਫਸੇ ਰਹੇ ਤੇ ਬੱਚਿਆਂ ਨੂੰ ਘਰ ਪਹੁੰਚਣ 'ਚ ਵੀ ਵਾਧੂ ਸਮਾਂ ਲੱਗਾ।ਵਿਭਾਗੀ ਅਧਿਕਾਰੀਆਂ ਵੱਲੋਂ ਮੰਗਾਂ ਮੰਨਣ ਦੇ ਦਿੱਤੇ ਭਰੋਸੇ ਉਪਰੰਤ ਸ਼ਾਮ 5 ਵਜੇ ਧਰਨਾ ਸਮਾਪਤ ਕਰ ਦਿੱਤਾ ਗਿਆ ਤੇ ਪੀਆਰਟੀਸੀ ਸੇਵਾ ਪਹਿਲਾਂ ਦੀ ਤਰ੍ਹਾਂ ਬਹਾਲ ਹੋਈ।ਯੂਨੀਅਨ ਦੇ ਸੂਬਾ ਸੀਨੀ. ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ ਨੇ ਦੱਸਿਆ ਕਿ ਕੱਚੇ ਮੁਲਾਜ਼ਮਾਂ ਦੀਆ ਹਰ ਮਹੀਨੇ ਤਨਖਾਹਾਂ ਸਮੇਂ ਸਿਰ ਨਾ ਪਾਉਣ ਤੇ ਮੰਨੀਆਂ ਮੰਗਾਂ ਲਾਗੂ ਨਾ ਕਰਨ ਅਤੇ ਜਥੇਬੰਦੀ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਅਤੇ ਠੇਕੇਦਾਰਾਂ ਤੇ ਵਿਚੋਲਿਆਂ ਨੂੰ ਬਾਹਰ ਕੱਢਣ ਸਮੇਤ ਕੋਰਟਾਂ ਦੀਆਂ ਜੱਜਮੈਂਟ ਤੇ ਵੱਖ ਵੱਖ ਵਿਭਾਗਾਂ ਅਤੇ ਗੁਆਂਢੀ ਸੂਬਿਆਂ ਦੇ ਨੋਟੀਫਿਕੇਸ਼ਨ ਸਮੇਤ ਜਥੇਬੰਦੀ ਵੱਲੋਂ ਤਿਆਰ ਕਰਕੇ ਦਿੱਤੀ ਪਾਲਿਸੀ ਨੂੰ ਨਜ਼ਰਅੰਦਾਜ਼ ਕਰਕੇ ਉਲਟਾ ਗੁਮਰਾਹਕੁੰਨ ਫੁਰਮਾਨ ਜਾਰੀ ਕਰਨ ਦੇ ਵਿਰੁੱਧ ਅਤੇ ਵਿਭਾਗਾਂ ਲਈ ਨੁਕਸਾਨਦੇਹ ਕਿਲੋਮੀਟਰ ਸਕੀਮ ਬੱਸਾਂ ਦੇ ਫ਼ੈਸਲਿਆਂ ਵਿਰੁੱਧ ਯੂਨੀਅਨ ਵੱਲੋਂ ਤਹਿ ਕੀਤੇ ਪ੍ਰੋਗਰਾਮ ਤਹਿਤ ਜਥੇਬੰਦੀ ਵੱਲੋਂ ਦੁਪਹਿਰ 12 ਵਜੇ ਤੋਂ ਬੱਸ ਸਟੈਂਡ ਬੰਦ ਕਰਕੇ ਗੇਟ ਰੈਲੀਆ ਦੇ ਰੂਪ ਵਿਚ ਰੋਸ ਪ੍ਰਦਰਸ਼ਨ ਕਰਕੇ ਧਰਨਾ ਲਾਇਆ ਗਿਆ ਹੈ, ਜੋ ਮੰਗਾਂ ਦੀ ਪੂਰਤੀ ਤੱਕ ਚੱਲਦਾ ਰਹੇਗਾ।ਹਰਕੇਸ਼ ਵਿੱਕੀ ਨੇ ਦੱਸਿਆ ਕਿ ਜਥੇਬੰਦੀ ਦੇ ਫ਼ੈਸਲੇ ਅਨੁਸਾਰ ਤਰਨਤਾਰਨ ਜ਼ਿਮਨੀ ਚੋਣ 'ਚ 25 ਤੇ 26 ਅਕਤੂਬਰ ਨੂੰ ਪਹਿਲੇ ਪੜਾਅ ਵਿੱਚ ਸਰਕਾਰ ਦੀਆਂ ਨੀਤੀਆਂ ਅਤੇ ਟਰਾਂਸਪੋਰਟ ਵਿਭਾਗ ਦਾ ਸਰਕਾਰੀ ਪਰਮਿਟਾਂ 'ਤੇ ਕਿਲੋਮੀਟਰ ਬੱਸਾਂ (ਪ੍ਰਾਈਵੇਟ ਮਾਲਕਾਂ) ਨਾਲ ਨਿੱਜੀਕਰਨ ਕਰਨ ਦੀਆਂ ਨੀਤੀਆਂ ਨਸ਼ਰ ਕੀਤੀਆਂ ਜਾਣਗੀਆਂ ਤੇ ਚੋਣਾਂ ਤੱਕ ਅਗਲੇ ਹਫਤੇ ਸ਼ਨੀਵਾਰ, ਐਤਵਾਰ ਦੇ ਦੂਜੇ, ਤੀਜੇ ਪੜਾਅ ਵਿਚ ਆਮ ਲੋਕਾਂ ਵਿਚ ਪਹੁੰਚ ਕੇ ਮੁਲਾਜ਼ਮਾਂ ਦੀਆ ਮੰਗਾਂ ਨੂੰ ਨਜ਼ਰਅੰਦਾਜ਼ ਕਰਨ ਤੇ ਕਿਲੋਮੀਟਰ ਬੱਸਾਂ ਦੇ ਨੁਕਸਾਨ ਆਮ ਲੋਕਾਂ ਨਾਲ ਸਾਂਝੇ ਕੀਤੇ ਜਾਣਗੇ।

# ਪੁਲਸ ਬਲ 'ਤੇ ਮੁੜ ਰੇਹੜੀਆਂ ਚੁੱਕਣ ਖ਼ਿਲਾਫ਼ ਰੋਹ ਹੋਰ ਭਖਿਆ, ਭਲਕੇ ਸੰਘਰਸ਼ ਕਰਨ ਦਾ ਐਲਾਨ



ਜਲਾਲਾਬਾਦ (ਰਣਬੀਰ ਕੌਰ ਢਾਬਾਂ)-ਜਲਾਲਾਬਾਦ ਦੀ ਅਨਾਜ ਮੰਡੀ ਵਿਖੇ ਬਣੇ ਰੇਹੜੀ ਫੜ੍ਹੀ ਵਾਲਿਆਂ ਵਾਸਤੇ ਸ਼ੈਡ ਵਿੱਚ ਰੇਹੜੀ ਫ਼ੜ੍ਹੀ ਦਾ ਕੰਮ ਕਰਨ ਵਾਲਿਆਂ ਦੀਆਂ ਰੇੜ੍ਹੀਆਂ ਜਬਰੀ ਚੁਕਵਾਉਣ ਖ਼ਿਲਾਫ਼ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੀ ਅਗਵਾਈ ਵਿੱਚ 17 ਦਿਨਾਂ ਤੋਂ ਚੱਲ ਰਹੇ ਸੰਘਰਸ਼ ਲੜ ਰਹੀਆਂ ਜਥੇਬੰਦੀਆਂ ਨੇ ਬੀਤੇ ਕੱਲ੍ਹ ਪ੍ਰਸ਼ਾਸਨ ਦੀ ਹਾਜ਼ਰੀ ਵਿੱਚ ਰੇੜ੍ਹੀ ਫ਼ੜ੍ਹੀ ਵਾਲਿਆਂ ਦੀਆਂ ਰੇਹੜੀਆਂ ਲਗਵਾ ਦਿੱਤੀਆਂ ਸਨ। ਇਸ ਮੌਕੇ ਪਹਿਲਾਂ ਪ੍ਰਸ਼ਾਸਨ ਮੂਕ ਦਰਸ਼ਕ ਬਣ ਕੇ ਵੇਖਦਾ ਰਿਹਾ, ਪ੍ਰੰਤੂ ਜਦੋਂ ਰਾਤ ਪਈ ਤਾਂ ਬਿਜਲੀ ਕੱਟ ਕਰਕੇ ਆਗੂਆਂ ਦੀ ਹਾਜ਼ਰੀ ਵਿੱਚ ਜਬਰੀ ਰੇਹੜੀਆਂ ਚੱਕਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਦਾ ਆਗੂਆਂ ਵੱਲੋਂ ਤਿੱਖਾ ਵਿਰੋਧ ਕੀਤਾ ਗਿਆ। ਇਸ ਦੇ ਵਿਰੋਧ ਵਿੱਚ ਬੁੱਧਵਾਰ ਫਿਰ ਦੁਬਾਰਾ ਤੋਂ ਸੰਘਰਸ਼ ਨੂੰ ਸ਼ੁਰੂ ਕਰ ਦਿੱਤਾ ਗਿਆ। ਪੁਲਸ ਵੱਲੋਂ ਜਬਰੀ ਰੇਹੜੀਆਂ ਚੁੱਕਣ ਦਾ ਜਿਵੇਂ ਹੀ ਲੋਕਾਂ ਨੂੰ ਪਤਾ ਲੱਗਿਆ ਤਾਂ ਰਾਤ ਨੂੰ ਹੀ ਲੋਕ ਆਪ ਮੁਹਾਰੇ ਸਥਾਨਕ ਸਬਜ਼ੀ ਮੰਡੀ ਵਿਖੇ ਪਹੁੰਚ ਗਏ ਅਤੇ ਉਹਨਾਂ ਨੇ ਤਿੱਖਾ ਵਿਰੋਧ ਜਤਾਇਆ। ਮੁੜ ਤੋਂ ਸ਼ੁਰੂ ਕੀਤੇ ਗਏ ਸੰਘਰਸ਼ ਦੌਰਾਨ ਧਰਨੇ ਵਿੱਚ ਹਾਜ਼ਰ ਆਗੂਆਂ ਵੱਲੋਂ ਮੀਟਿੰਗ ਕਰਕੇ ਐਲਾਨ ਕੀਤਾ ਗਿਆ ਕਿ 17 ਅਕਤੂਬਰ ਨੂੰ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਜ਼ਿਲ੍ਹਾ ਅਤੇ ਸਬ ਡਵੀਜ਼ਨ ਜਲਾਲਾਬਾਦ ਦੇ ਅਧਿਕਾਰੀਆਂ ਵੱਲੋਂ ਮੀਟਿੰਗ ਕਰਨ ਦਾ ਲਾਰਾ ਲਾਈ ਰੱਖਿਆ, ਪਰੰਤੂ ਉਸ ਦਾ ਕੋਈ ਜਵਾਬ ਨਹੀਂ ਦਿੱਤਾ। ਇਸ ਦਾ ਵੀ ਆਗੂਆਂ ਵੱਲੋਂ ਤਿੱਖਾ ਰੋਸ ਪਾਇਆ ਜਾ ਰਿਹਾ ਹੈ। ਅੱਜ ਦੇ ਇਸ ਰੋਸ ਧਰਨੇ ਨੂੰ ਰੇਹੜੀ ਫੜ੍ਹੀ ਉਜਾੜੇ ਦੇ ਪੀੜਤ ਆਗੂ ਸੁਰਿੰਦਰ ਸਿੰਘ, ਸੰਨੀ ਹਾਂਡਾ, ਸੰਯਕਤ ਕਿਸਾਨ ਮੋਰਚੇ ਦੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਢੰਡੀਆਂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਬੀ ਕੇ ਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ, ਬੀ ਕੇ ਯੂ ਡਕੌਂਦਾ ਧਨੇਰ ਦੇ ਬਲਾਕ ਪ੍ਰਧਾਨ ਪ੍ਰਵੀਨ ਮੌਲਵੀ ਵਾਲਾ, ਬੀ ਕੇ ਯੂ ਉਗਰਾਹਾਂ ਦੇ ਜ਼ਿਲ੍ਹਾ ਸੰਗਠਨ ਸਕੱਤਰ ਜਗਸੀਰ ਸਿੰਘ ਮੀਤ ਪ੍ਰਧਾਨ ਗੁਰਮੀਤ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਚੰਨ ਸਿੰਘ ਸੈਦੋਕੇ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਸ਼ੋਕ ਕੰਬੋਜ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਰਜਿ ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜਭੈਣੀ, ਇਸਤਰੀ ਸਭਾ ਦੀ ਆਗੂ ਹਰਜੀਤ ਕੌਰ ਢੰਡੀਆਂ, ਗੁਰਦਿਆਲ ਢਾਬਾਂ, ਸੰਦੀਪ ਜੋਧਾ ਅਤੇ ਬਲਵਿੰਦਰ ਮਹਾਲਮ ਨੇ ਵੀ ਸੰਬੋਧਨ ਕੀਤਾ।

## ਨਕਲੀ ਮਠਿਆਈ ਵੇਚਣ ਵਾਲਿਆਂ 'ਤੇ ਕਾਰਵਾਈ ਮੰਗੀ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਮਠਿਆਈਆਂ ਦੀਆਂ ਦੁਕਾਨਾਂ ਉੱਪਰ ਸ਼ਰੇਆਮ ਮਿਲਾਵਟ ਵਾਲੀਆਂ ਮਠਿਆਈਆਂ ਤੇ ਨਕਲੀ ਦੁੱਧ ਦੀਆਂ ਹਰ ਰੋਜ਼ ਖੋਏ ਦੀਆਂ ਮਠਿਆਈਆਂ ਸਬੰਧੀ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ, ਕਿਉਂਕਿ ਬਹੁਤ ਸਾਰੀਆਂ ਥਾਵਾਂ ਉਪਰ ਵੱਡੇ ਪੱਧਰ 'ਤੇ ਸਿੰਥੈਟਿਕ ਦੁੱਧ ਤੋਂ ਖੋਆ ਤਿਆਰ ਕਰਕੇ ਵੱਖ-ਵੱਖ ਤਰ੍ਹਾਂ ਦੀਆਂ ਮਠਿਆਈਆਂ ਤਿਆਰ ਕਰਕੇ ਮਹਿੰਗੇ ਭਾਅ ਵੇਚ ਕੇ ਆਮ ਜਨਤਾ ਦੀ ਸਿਹਤ ਨਾਲ ਖਿਲਵਾੜ ਕੀਤਾ ਜਾਂਦਾ ਹੈ। ਅਸਲੀ ਦੁੱਧ ਦੀ ਉਤਨੀ ਬਜ਼ਾਰ ਵਿੱਚ ਸਪਲਾਈ ਨਹੀਂ ਹੁੰਦੀ, ਜਿੰਨੀ ਮਾਤਰਾ ਵਿੱਚ ਹਰ ਰੋਜ਼ ਖੋਏ ਦੀਆਂ ਮਠਿਆਈਆਂ ਤਿਆਰ ਕਰਕੇ ਬਜ਼ਾਰਾਂ 'ਚ ਵੇਚੀਆਂ ਜਾਂਦੀਆਂ ਹਨ, ਅਸੀਂ ਮਹਿਕਮਾ ਫੂਡ ਸਪਲਾਈ ਤੇ ਸਿਹਤ ਮਹਿਕਮੇ ਨੂੰ ਵੀ ਪੁਰਜ਼ੋਰ ਅਪੀਲ ਕਰਦੇ ਹਾਂ ਕਿ ਇਸ ਸਬੰਧੀ ਥਾਂ-ਥਾਂ ਦੁਕਾਨਾਂ ਦੀ ਰੋਜ਼ ਦੀ ਚੈਕਿੰਗ ਯਕੀਨੀ ਬਣਾਈ ਜਾਵੇ ਤੇ ਮਿਲਾਵਟਖੋਰਾਂ ਦੇ ਉਪਰ ਸਖਤੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਤਾਂ ਜੁ ਕੋਈ ਵੀ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਕਰਨ। ਨਕਲੀ ਮਠਿਆਈ ਦਾ ਸਭ ਤੋਂ ਵੱਧ ਅਸਰ ਸਾਡੇ ਛੋਟੇ ਬੱਚਿਆਂ ਦੀ ਸਿਹਤ ਉਪਰ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ। ਸਾਨੂੰ ਵੀ ਇਸ ਸਮੇਂ ਸੁਚੇਤ ਹੋਣ ਦੀ ਜਰੂਰਤ ਹੈ ਅਤੇ ਸਸਤੇ ਮਗਰ ਨਾ ਹੋ ਕੇ ਭਰੋਸੇਮੰਦ ਤੋਂ ਹੀ ਖਰੀਦ ਕੀਤੀ ਜਾਵੇ।

## ਪੁੱਤਾਂ ਵਾਂਗ ਪਾਲ਼ੇ ਘੋੜੇ ਦੀ ਮੌਤ 'ਤੇ ਰੱਖਿਆ ਭੋਗ ਸਮਾਗਮ



ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)

ਲੁਧਿਆਣਾ ਵਿੱਚ ਇੱਕ ਮਾਲਕ ਆਪਣੇ ਘੋੜੇ ਨੂੰ ਏਨਾ ਪਿਆਰ ਕਰਦਾ ਸੀ ਕਿ ਉਸਨੇ ਉਸਦੀ ਮੌਤ 'ਤੇ ਭੋਗ ਸਮਾਗਮ ਦਾ ਰੱਖ ਦਿੱਤਾ।ਉਸਨੇ ਕਾਰਡ ਛਪਵਾਏ ਤੇ ਸਾਰੇ ਜਾਣਕਾਰਾਂ ਅਤੇ ਰਿਸ਼ਤੇਦਾਰਾਂ ਨੂੰ ਸੱਦਾ ਦਿੱਤਾ ਹੈ। ਗੁਰਦੁਆਰਾ ਸਾਹਿਬ ਵਿੱਚ ਇੱਕ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ।ਘੋੜੇ ਦੀ ਆਤਮਾ ਦੀ ਸ਼ਾਂਤੀ ਲਈ ਆਯੋਜਤ ਇਹ ਸਮਾਰੋਹ ਪਿੰਡ ਦੇ ਗੁਰਦੁਆਰਾ ਸਾਹਿਬ ਪਰਮੇਸ਼ਵਰ ਦੁਆਰ ਵਿਖੇ ਹੋਵੇਗਾ।ਘੋੜੇ ਦੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਵੀ ਕੀਤੀ ਜਾਵੇਗੀ।ਘੋੜੇ ਦੀ ਮੌਤ 8 ਅਕਤੂਬਰ ਨੂੰ 38 ਮਹੀਨਿਆਂ ਦੀ ਉਮਰ ਵਿੱਚ ਹੋਈ।ਹਾਲਾਂਕਿ, ਮਾਲਕ ਜਨਮ ਤੋਂ ਲੈ ਕੇ ਮੌਤ ਤੱਕ ਇਸਦੀ ਸੰਗਤ ਕਾਰਨ ਇਸ ਨੂੰ ਬਹੁਤ ਪਿਆਰ ਕਰਨ ਲੱਗ ਪਿਆ।ਖਾਸੀ ਕਲਾਂ ਦੇ ਚਰਨਜੀਤ ਸਿੰਘ ਮਿੰਟਾ ਦੱਸਦੇ ਹਨ ਕਿ ਫਤਿਹਜੰਗ ਘੋੜਾ, ਉਸਦੇ ਘਰ ਪੈਦਾ ਹੋਇਆ ਸੀ।ਇਹ ਬਚਪਨ ਤੋਂ ਹੀ ਚੁਲਬੁਲਾ ਅਤੇ ਮਨੁੱਖ-ਪੱਖੀ ਸੀ।ਇਹ ਨੀਲੇ ਰੰਗ ਦਾ ਸੀ, ਜਿਸਨੇ ਉਸਨੂੰ ਉਸਦਾ ਪਿਆਰਾ ਬਣਾ ਦਿੱਤਾ। ਉਹ ਤੇ ਉਸਦੀ ਪਤਨੀ ਇਸਨੂੰ ਆਪਣੇ ਬੱਚੇ ਵਾਂਗ ਮੰਨਦੇ ਸਨ।ਜਦੋਂ ਬੱਚੇ ਵਿਦੇਸ਼ ਵਿੱਚ ਸਨ ਤਾਂ ਉਹ ਪੂਰਾ ਸਮਾਂ ਇਸਦੇ ਨਾਲ ਬਿਤਾਉਂਦੇ ਸਨ।ਕਿਸਾਨ ਚਰਨਜੀਤ ਸਿੰਘ ਨੇ ਕਿਹਾ ਕਿ ਜਦੋਂ ਵੀ ਕੋਈ ਪੁੱਛਦਾ ਹੈ ਕਿ ਉਸਦੇ ਕਿੰਨੇ ਬੱਚੇ ਹਨ, ਤ ਉਹ ਜਵਾਬ ਦਿੰਦਾ ਹੈ ਕਿ ਉਸਦੇ ਤਿੰਨ ਬੱਚੇ ਹਨ।ਉਹ ਆਪਣੇ ਵੱਡੇ ਪੁੱਤਰ ਨੂੰ ਆਸਟ੍ਰੇਲੀਆ ਵਿੱਚ ਗੁਰਇਕਬਾਲ ਸਿੰਘ, ਦੂਜੇ ਨੂੰ ਅਮਰੀਕਾ ਵਿੱਚ ਮਨਲੋਚਨ ਸਿੰਘ ਅਤੇ ਤੀਜੇ ਨੂੰ ਭਾਰਤ ਵਿੱਚ ਦੁਤਿਹਜੰਗ ਸਿੰਘ ਦੱਸਦਾ ਹੈ।ਚਰਨਜੀਤ ਦੇ ਦੋ ਪੁੱਤਰ ਵਿਦੇਸ਼ ਵਿੱਚ ਰਹਿੰਦੇ ਹਨ। ਉਹ ਆਪਣੀ ਪਤਨੀ ਨਾਲ ਲੁਧਿਆਣਾ ਵਿੱਚ ਰਹਿੰਦਾ ਹੈ।

## ਹੈਰੋਇਨ ਸਮੇਤ 4 ਗ੍ਰਿਫਤਾਰ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 4 ਵਿਅਕਤੀਆਂ ਨੂੰ 19 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿਚ ਮਾਮਲੇ ਦਰਜ ਕੀਤੇ ਹਨ। ਪੁਲਸ ਪਾਰਟੀ ਬੀਤੇ ਦਿਨ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਹਰਮਨ ਉਰਫ ਅਮਨ ਪੁੱਤਰ ਹਰਬੰਸ ਵਾਸੀ ਨਿਊ ਜਨਤਾ ਪ੍ਰੀਤ ਨਗਰ ਨੂੰ ਸ਼ੱਕ ਦੀ ਬਿਨਾ 'ਤੇ ਕਾਬੂ ਕਰਕੇ ਉਸ ਪਾਸੋਂ 3 ਗ੍ਰਾਮ ਹੈਰੋਇਨ ਬਰਾਮਦ ਕੀਤੀ। ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਸਿਮਰਨ ਉਰਫ ਮਾਨੀ ਪੁੱਤਰ ਤਰਸੇਮ ਸਿੰਘ ਵਾਸੀ ਖਾਈ ਫੇਮੇ ਕੀ ਨੂੰ ਦੌਰਾਨੇ ਨਾਕਾਬੰਦੀ ਕਿਲੇ ਵਾਲਾ ਚੌਕ ਫਿਰੋਜ਼ਪੁਰ ਤੋਂ 5 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ। ਥਾਣਾ ਆਰਿਫ ਕੇ ਪੁਲਿਸ ਦੇ ਐੱਸ ਐੱਚ ਓ ਸਤਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਜਦ ਪਿੰਡ ਆਰਿਫ ਕੇ ਸਰਕਾਰੀ ਸਕੂਲ ਦੀ ਕੰਧ ਕੋਲ ਪੁੱਜੀ ਤਾਂ ਇਕ ਮੋਨਾ ਨੌਜਵਾਨ ਗੁਰਪ੍ਰੀਤ ਸਿੰਘ ਉਰਫ ਲਾਡੀ ਪੁੱਤਰ ਜੋਗਿੰਦਰ ਸਿੰਘ ਵਾਸੀ ਗੈਂਦੜ ਆਰਿਫ ਕੇ ਖੜ੍ਹਾ ਵਿਖਾਈ ਦਿੱਤਾ, ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕੀਤਾ ਗਿਆ ਤੇ ਉਸ ਵੱਲੋਂ ਸੁੱਟੇ ਗਏ ਮੋਮੀ ਪਾਰਦਰਸ਼ੀ ਲਿਫਾਫੇ ਨੂੰ ਚੈੱਕ ਕਰਨ ਤੇ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਕੁੱਲਗੜ੍ਹੀ ਪੁਲਸ ਦੇ ਐੱਸ ਆਈ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਮੱਲਵਾਲ ਕਦੀਮ ਤੋਂ ਸਤੀਏ ਵਾਲਾ ਨੂੰ ਜਾਂਦੀ ਸੜਕ ਦੇ ਸੱਜੇ ਪਾਸੇ ਖਾਲੀ ਪਲਾਟਾਂ ਵਿਚ ਪੁੱਜੀ ਤਾਂ ਇਕ ਮੋਨਾ ਨੌਜਵਾਨ ਸਰਵਣ ਉਰਫ ਸੋਨੂੰ ਪੁੱਤਰ ਮੁਸਤਾਕ ਵਾਸੀ ਪਿੰਡ ਝੋਕ ਹਰੀਹਰ ਖੜ੍ਹਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਭੱਜਣ ਲੱਗਾ ਤਾਂ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਉਸ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਤੇਰਾਪੰਥੀ ਜੈਨ ਸਮਾਜ ਵੱਲੋਂ ਡੀ ਸੀ ਹਿਮਾਂਸ਼ੂ ਜੈਨ ਦਾ ਸਨਮਾਨ



ਜਗਰਾਉਂ (ਅਮਿਤ ਖੰਨਾ)-ਸ੍ਰੀ ਜੈਨ ਸ਼ਵੇਤੰਬਰ ਤੇਰਾਪੰਥੀ ਸਭਾ, ਤੇਰਾਪੰਥ ਯੁਵਕ ਪ੍ਰੀਸ਼ਦ ਤੇ ਅਨੁਵਰਤ ਸਮਿਤੀ ਨੇ ਸ੍ਰੀ ਹਿਮਾਂਸ਼ੂ ਜੈਨ (ਆਈ.ਏ.ਐੱਸ.), ਡਿਪਟੀ ਕਮਿਸ਼ਨਰ ਨੂੰ ਮਹਾਪ੍ਰਗਿਆ ਸਕੂਲ ਦੇ ਦੌਰੇ 'ਤੇ ਸਨਮਾਨਤ ਕੀਤਾ। ਸਮਾਗਮ ਦੌਰਾਨ ਪ੍ਰਧਾਨ ਸ੍ਰੀ ਪ੍ਰਵੀਨ ਜੈਨ, ਚੇਅਰਮੈਨ ਸ੍ਰੀ ਵਿਨੋਦ ਜੈਨ, ਤੇਰਾਪੰਥੀ ਸਭਾ ਤੋਂ ਮੰਤਰੀ ਸ੍ਰੀ ਲਲਿਤ ਮੋਹਨ, ਪ੍ਰਧਾਨ ਸ੍ਰੀ ਵੈਭਵ ਜੈਨ, ਉਪ ਪ੍ਰਧਾਨ ਸ੍ਰੀ ਰਿਪਨ ਜੈਨ ਪਟਨੀ, ਮੰਤਰੀ ਸ੍ਰੀ ਰਵੀਨ ਗੋਇਲ ਤੇ ਯੁਵਕ ਪ੍ਰੀਸ਼ਦ ਦੇ ਖਜ਼ਾਨਚੀ ਸ੍ਰੀ ਰਾਕੇਸ਼ ਬਾਂਸਲ ਤੇ ਅਨੂ ਸੰਮਤੀ ਦੇ ਪ੍ਰਧਾਨ ਸ੍ਰੀ ਰਾਜਪਾਲ ਜੈਨ ਮੌਜੂਦ ਸਨ। ਡਾਇਰੈਕਟਰ ਸ੍ਰੀ ਵਿਸ਼ਾਲ ਜੈਨ ਪਟਨੀ ਨੇ ਦੱਸਿਆ ਕਿ ਸ੍ਰੀ ਜੈਨ ਸ਼ਵੇਤਾਂਬਰ ਤੇਰਾਪੰਥੀ ਧਰਮ ਸੰਘ ਦੇ ਏਕਾਦਸ਼ਮ ਪੱਤਾਧਰ ਆਚਾਰੀਆ ਸ੍ਰੀ ਮਹਾਸ਼ਰਮਣਜੀ ਦੀ ਆਗਾਮੀ ਵਿਆਪਕ ਫੇਰੀ ਦੇ ਮੱਦੇਨਜ਼ਰ ਡੀਸੀ ਨੇ ਉਨ੍ਹਾਂ ਨੂੰ ਸਨਮਾਨਤ ਕੀਤਾ ਹੈ।ਸ੍ਰੀ ਹਿਮਾਂਸ਼ੂ ਜੈਨ ਨਾਲ ਇੱਕ ਚਰਚਾ ਕੀਤੀ ਗਈ, ਜਿਨ੍ਹਾਂ ਨੂੰ ਜਗਰਾਉਂ 'ਚ ਤੇਰਾਪੰਥ ਧਰਮ ਸੰਘ ਦੇ ਮਹਾਕੁੰਭ ਮਰਯਾਦਾ ਮਹਾਂਉਤਸਵ 2029 ਸੰਬੰਧੀ ਗੁਰੂਦੇਵ ਨੂੰ ਸੌਂਪੇ ਗਏ ਸਾਰੇ ਪ੍ਰਸਤਾਵ ਤੇ ਦਸਤਾਵੇਜ਼ ਦਿਖਾਏ ਗਏ।ਇਸ ਤੋਂ ਬਾਅਦ ਡੀਸੀ ਸ੍ਰੀ ਜੈਨ ਨੇ ਇਸ ਸਮਾਗਮ ਲਈ ਪ੍ਰਸ਼ਾਸਨ ਦੇ ਪੂਰੇ ਸਮਰਥਨ ਦਾ ਭਰੋਸਾ ਦਿੱਤਾ।

## ਓਬੀਸੀ ਵੈਲਫੇਅਰ ਫਰੰਟ ਪੰਜਾਬ ਨੇ ਚੇਅਰਮੈਨ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ਼ ਨੂੰ ਸੌਂਪਿਆ ਮੰਗ ਪੱਤਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ਼ ਦੇ ਚੇਅਰਮੈਨ ਹੰਸਰਾਜ ਅਹੀਰ ਦੇ ਚੰਡੀਗੜ੍ਹ ਪਹੁੰਚਣ ਮੌਕੇ ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ ਦੇ ਵਫਦ ਵੱਲੋਂ ਸੂਬਾਈ ਆਗੂ ਸੁਭਾਸ਼ ਥਿੰਦ ਦੀ ਅਗਵਾਈ ਹੇਠ ਉਨ੍ਹਾਂ ਨੂੰ ਮਿਲ ਕੇ ਪੰਜਾਬ ਦੇ ਓ ਬੀ ਸੀ ਸਮਾਜ ਦੀਆਂ ਮੰਗਾਂ ਅਤੇ ਮੁਸ਼ਕਲਾਂ ਨੂੰ ਜ਼ੋਰਦਾਰ ਤਰੀਕੇ ਨਾਲ ਉਨ੍ਹਾਂ ਸਾਹਮਣੇ ਰੱਖਿਆ ਅਤੇ ਚੇਅਰਮੈਨ ਕੋਲੋਂ ਮੰਗ ਕੀਤੀ ਕਿ ਪੰਜਾਬ ਦੇ ਓ ਬੀ ਸੀ ਸਮਾਜ ਦੀਆਂ ਮੰਗਾਂ ਨੂੰ ਪੰਜਾਬ ਵਿਚ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇ। ਇਸ ਸਬੰਧੀ ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਹਰਜਿੰਦਰ ਹਾਂਡਾ ਨੇ ਕਿਹਾ ਕਿ ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ ਦੇ ਵਫਦ ਵੱਲੋਂ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ ਦੇ ਧਿਆਨ ਵਿਚ ਲਿਆਂਦਾ ਗਿਆ ਕਿ ਮਈ 2024 ਵਿਚ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ (ਐੱਨ ਸੀ ਬੀ ਸੀ) ਵੱਲੋਂ ਪੰਜਾਬ ਸਰਕਾਰ ਨੂੰ ਪੱਤਰ ਜਾਰੀ ਕਰ ਕੇ ਪੰਜਾਬ ਸੂਬੇ ਵਿਚ ਪੱਛੜੀਆਂ ਸ਼੍ਰੇਣੀਆਂ (ਬੈਕਵਰਡ ਕਲਾਸਿਜ਼) ਲਈ ਨੌਕਰੀਆਂ ਅਤੇ ਦਾਖਲਿਆਂ ਵਿਚ ਰਾਖਵਾਂਕਰਨ ਵਧਾ ਕੇ 25 ਪ੍ਰਤੀਸ਼ਤ ਕਰਨ ਦੀ ਸਿਫਾਰਸ਼ ਕੀਤੀ ਗਈ ਸੀ, ਪਰ ਡੇਢ ਸਾਲ ਬੀਤਣ ਉਪਰੰਤ ਵੀ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸ ਦੇ ਪੱਤਰ ਨੂੰ ਪੰਜਾਬ ਸੂਬੇ ਵਿੱਚ ਅਜੇ ਤੱਕ ਵੀ ਲਾਗੂ ਨਹੀਂ ਕੀਤਾ ਗਿਆ। ਹਰਜਿੰਦਰ ਹਾਂਡਾ ਨੇ ਕਿਹਾ ਕਿ ਚੇਅਰਮੈਨ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ਼ ਨੂੰ ਮੰਗ ਪੱਤਰ ਸੌਂਪਦਿਆਂ ਪੰਜਾਬ ਵਿਚ ਮੰਡਲ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਕਰਨ, ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਨੂੰ ਹੋਰ ਪਾਵਰਾਂ ਦੇ ਕੇ ਹੋਰ ਮਜ਼ਬੂਤ ਕਰਨ, ਜਲਦ ਜਾਤੀਗਤ ਜਨਗਣਨਾ ਕਰਵਾਉਣ ਅਤੇ ਪੰਜਾਬ ਵਿਚ ਪੱਛੜੀਆਂ ਸ਼੍ਰੇਣੀਆਂ ਨੂੰ ਨੌਕਰੀਆਂ ਅਤੇ ਦਾਖਲਿਆਂ ਵਿਚ ਮਿਲ ਰਹੀ ਰਿਜ਼ਰਵੇਸ਼ਨ ਨੂੰ ਐੱਸ ਸੀ ਭਾਈਚਾਰੇ ਦੀ ਤਰਜ ਉੱਤੇ ਰਾਖਵਾਂਕਰਨ ਨੂੰ ਨੌਕਰੀਆਂ ਅਤੇ ਦਾਖਲਿਆਂ ਦੇ ਨਾਲ-ਨਾਲ ਪ੍ਰਮੋਸ਼ਨਾਂ ਤੇ ਰਾਜਨੀਤਕ ਖੇਤਰ ਵਿੱਚ ਵੀ ਲਾਗੂ ਕਰਨ ਅਤੇ ਸ਼ਹੀਦ ਊਧਮ ਸਿੰਘ ਦੇ ਮੌਜੂਦਾ ਜੱਦੀ ਜ਼ਿਲ੍ਹੇ ਸੰਗਰੂਰ ਜ਼ਿਲ੍ਹੇ ਦਾ ਨਾਮ ਸ਼ਹੀਦ ਊਧਮ ਸਿੰਘ ਦੇ ਨਾਮ ਉੱਤੇ ਰੱਖਣ ਦੀ ਮੰਗ ਕੀਤੀ ਗਈ। ਹਰਜਿੰਦਰ ਹਾਂਡਾ ਨੇ ਦੱਸਿਆ ਕਿ ਮੰਗ ਪੱਤਰ ਸੌਂਪਣ ਉਪਰੰਤ ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ ਦੇ ਸੂਬਾ ਪੱਧਰੀ ਆਗੂਆਂ ਵੱਲੋਂ ਅਗਲੀ ਰਣਨੀਤੀ ਉਲੀਕਦਿਆਂ ਪੰਜਾਬ ਦੀਆਂ ਸਾਰੀਆਂ ਪਾਰਟੀਆਂ ਦੇ ਜਿੱਤੇ ਹੋਏ ਓ ਬੀ ਸੀ ਵਿਧਾਇਕਾਂ ਨੂੰ ਕ੍ਰਮਵਾਰ ਮੰਗ ਪੱਤਰ ਸੌਂਪਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਪੰਜਾਬ ਦੇ ਚੇਅਰਮੈਨ ਡਾਕਟਰ ਮਲਕੀਤ ਸਿੰਘ ਉਚੇਚੇ ਤੌਰ 'ਤੇ ਹਾਜ਼ਰ ਸਨ।

# ਝਾੜ ਸਾਹਿਬ ਕਾਲਜ ਨੇ ਵਿਦਿਆਰਥਣਾਂ ਨੂੰ ਉਦਯੋਗਿਕ ਦੌਰਾ ਕਰਾਇਆ



ਸਮਰਾਲਾ (ਸੁਰਜੀਤ ਸਿੰਘ)

ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਵੱਲੋਂ ਡਾ. ਰਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ ਤੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਮੁਖੀ ਹਰਪ੍ਰੀਤ ਕੌਰ ਦੀ ਅਗਵਾਈ ਹੇਠ ਕਾਲਜ ਦੇ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਐਨ. ਆਰ.ਵੀ. ਮਾਲਵਾ ਟੈਕਸਟਾਈਲਜ਼ ਪ੍ਰਾਈਵੇਟ ਲਿਮਟਿਡ, ਕੋਹਾੜਾ ਦਾ ਵਿਦਿਅਕ ਉਦਯੋਗਿਕ ਦੌਰਾ ਕਰਾਇਆ ਗਿਆ, ਜਿਸ ਵਿੱਚ ਅਸਿ. ਪ੍ਰੋ. ਸੁਖਨਪ੍ਰੀਤ ਕੌਰ ਅਤੇ ਬੀ.ਐਸ.ਸੀ. ਫੈਸ਼ਨ ਡਿਜ਼ਾਈਨਿੰਗ ਵਿਭਾਗ ਦੀਆਂ ਸਾਰੀਆਂ ਵਿਦਿਆਰਥਣਾਂ ਸ਼ਾਮਿਲ ਹੋਈਆਂ।ਇਸ ਦੌਰੇ ਦਾ ਉਦੇਸ਼ ਵਿਦਿਆਰਥਣਾਂ ਨੂੰ ਟੈਕਸਟਾਈਲ ਨਿਰਮਾਣ ਪ੍ਰਕਿਰਿਆਵਾਂ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਤੇ ਸਪਿਨਿੰਗ, ਵੀਵਿੰਗ, ਡਾਇਇੰਗ ਤੇ ਪ੍ਰੋਸੈਸਿੰਗ ਨਾਲ ਸਬੰਧਤ ਉਦਯੋਗਿਕ ਕਾਰਜਾਂ ਦੀ ਸਮਝ ਨੂੰ ਵਧਾਉਣਾ ਸੀ।

ਇੰਡਸਟਰੀ ਵਿੱਚ ਪਹੁੰਚਣ 'ਤੇ ਅਨਿਲ ਕਸ਼ਯਪ, ਡਿਪਟੀ ਜਨਰਲ ਮੈਨੇਜਰ ਤੇ ਅਮਰੀਕ ਸਿੰਘ, ਸਹਾਇਕ ਮੈਨੇਜਰ ਦੁਆਰਾ ਵਿਦਿਆਰਥੀਆਂ ਤੇ ਫੈਕਲਟੀ ਦਾ ਨਿੱਘਾ ਸਵਾਗਤ ਕੀਤਾ ਗਿਆ।ਉਨ੍ਹਾਂ ਵਿਦਿਆਰਥੀਆਂ ਨੂੰ ਕੰਪਨੀ ਦੇ ਪਿਛੋਕੜ, ਕਾਰਜ ਸੱਭਿਆਚਾਰ ਅਤੇ ਦੌਰੇ ਦੌਰਾਨ ਅਪਣਾਏ ਜਾਣ ਵਾਲੇ ਸੁਰੱਖਿਆ ਪ੍ਰੋਟੋਕੋਲ ਬਾਰੇ ਜਾਣਕਾਰੀ ਦਿੱਤੀ।ਪ੍ਰੋਫੈਸ਼ਨਲ ਤੇ ਪ੍ਰੋਸੈਸਿੰਗ ਵਿਭਾਗ ਦੇ ਡਿਪਟੀ ਜਨਰਲ ਮੈਨੇਜਰ ਸ਼ਸ਼ੀਕਾਂਤ ਸ਼ਰਮਾ ਨੇ ਭਾਸ਼ਣ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਟੈਕਸਟਾਈਲ ਉਤਪਾਦਨ ਦੇ ਵੱਖ ਵੱਖ ਪੜਾਵਾਂ ਬਾਰੇ ਦੱਸਦਿਆਂ ਫਾਈਬਰ ਤਿਆਰੀ, ਸਪਿਨਿੰਗ, ਰੰਗਾਈ ਤੇ ਫੈਬਰਿਕ ਫਿਨਿਸ਼ਿੰਗ ਪ੍ਰਕਿਰਿਆਵਾਂ ਆਦਿ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਪਲਾਂਟ ਦੀਆਂ ਵੱਖ ਵੱਖ ਇਕਾਈਆਂ ਬਾਰੇ ਵੀ ਜਾਣੂ ਕਰਾਇਆ ਗਿਆ, ਜਿੱਥੇ ਉਨ੍ਹਾਂ ਨੇ ਟੈਕਸਟਾਈਲ ਨਿਰਮਾਣ ਵਿੱਚ ਵਰਤੀ ਜਾਣ ਵਾਲੀ ਆਧੁਨਿਕ ਮਸ਼ੀਨਰੀ ਤੇ ਉੱਨਤ ਤਕਨਾਲੋਜੀ ਨੂੰ ਦੇਖਿਆ।

ਐਨ.ਆਰ.ਵੀ. ਮਾਲਵਾ ਟੈਕਸਟਾਈਲਜ਼ ਪ੍ਰਾਈਵੇਟ ਲਿਮਟਡ ਦਾ ਉਦਯੋਗ ਦੌਰਾ ਬਹੁਤ ਜਾਣਕਾਰੀ ਭਰਪੂਰ ਤੇ ਲਾਭਦਾਇਕ ਰਿਹਾ, ਜਿਸ ਵਿੱਚ ਵਿਦਿਆਰਥੀਆਂ ਨੂੰ ਟੈਕਸਟਾਈਲ ਨਿਰਮਾਣ ਤੇ ਪ੍ਰੋਸੈਸਿੰਗ ਦਾ ਅਸਲ-ਸੰਸਾਰ ਅਨੁਭਵ ਪ੍ਰਦਾਨ ਕੀਤਾ।ਉਦਯੋਗਿਕ ਅਭਿਆਸਾਂ ਪ੍ਰਤੀ ਉਨ੍ਹਾਂ ਦੀ ਸਮਝ ਨੂੰ ਵਧਾਇਆ।ਅੰਤ ਵਿੱਚ ਵਿਭਾਗ ਦੇ ਮੁਖੀ ਹਰਪ੍ਰੀਤ ਕੌਰ ਨੇ ਕੰਪਨੀ ਦੇ ਪ੍ਰਬੰਧਕ ਅਤੇ ਸਟਾਫ਼ ਦਾ ਪੂਰੇ ਦੌਰੇ ਦੌਰਾਨ ਉਨ੍ਹਾਂ ਵੱਲੋਂ ਨਿੱਘੀ ਮਹਿਮਾਨਨਿਵਾਜ਼ੀ ਤੇ ਸਹਿਯੋਗ ਲਈ ਧੰਨਵਾਦ ਕੀਤਾ।

## ਕੇਂਦਰੀ ਜੇਲ੍ਹ 'ਚੋਂ 4 ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਬੀਤੇ ਦਿਨ ਵੀ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਚ ਤਲਾਸ਼ੀ ਦੌਰਾਨ 4 ਮੋਬਾਇਲ ਫੋਨ ਅਤੇ ਨਸ਼ੀਲੇ ਪਦਾਰਥ ਬਰਾਮਦ ਹੋਏ। ਇਸ ਸਬੰਧ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 6 ਕੈਦੀਆਂ ਅਤੇ ਦੋ ਹਵਾਲਾਤੀਆਂ ਖਿਲਾਫ 52-ਏ, 42 ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਪੱਤਰ ਨੰਬਰ 7094 ਰਾਹੀਂ ਦੱਸਿਆ ਕਿ 6 ਅਕਤੂਬਰ ਨੂੰ ਕੈਦੀ ਸੁਖਵਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਨਵੀਂ ਆਬਾਦੀ ਨੇੜੇ ਗੁਰਦੁਆਰਾ ਅਕਾਲਗੜ੍ਹ ਫਿਰੋਜ਼ਪੁਰ ਸ਼ਹਿਰ, ਹਵਾਲਾਤੀ ਅਜੈ ਕੁਮਾਰ ਪੁੱਤਰ ਵਿਜੈ ਕੁਮਾਰ ਵਾਸੀ ਬਸਤੀ ਮਾਛੀਆ ਥਾਣਾ ਸਿਟੀ ਜ਼ੀਰਾ ਅਤੇ ਕੈਦੀ ਭੁਪਿੰਦਰ ਕੁਮਾਰ ਉਰਫ ਮੋਨੂੰ ਪੁੱਤਰ ਵਿਜੈ ਕੁਮਾਰ ਵਾਸੀ ਮਤੁੱਲੀ ਬ੍ਰਾਹਮਣਾ ਜ਼ਿਲ੍ਹਾ ਹੁਸ਼ਿਆਰਪੁਰ ਖਿਲਾਫ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ। ਪੱਤਰ ਨੰਬਰ 7262 ਮਿਤੀ 13 ਅਕਤੂਬਰ 2025 ਨੂੰ ਤਲਾਸ਼ੀ ਦੌਰਾਨ ਕੈਦੀ ਓਮ ਪ੍ਰਕਾਸ਼ ਪੁੱਤਰ ਬਲਵੀਰ ਸਿੰਘ ਵਾਸੀ ਮੋਹਨ ਕੇ ਉਤਾੜ ਥਾਣਾ ਗੁਰੂਹਰਸਹਾਏ ਕੋਲੋਂ 2 ਮੋਬਾਇਲ ਫੋਨ, 554 ਕੈਪਸੂਲ ਨਸ਼ੀਲੇ ਅਤੇ 1099 ਨਸ਼ੀਲੀਆਂ ਗੋਲੀਆਂ, ਕੈਦੀ ਪਵਨ ਕੁਮਾਰ ਗੁਲਸ਼ੀ ਪੁੱਤਰ ਪਰਸ ਰਾਮ ਵਾਸੀ ਬੱਲੂਆਣਾ, ਥਾਣਾ ਸਦਰ ਫਾਜ਼ਿਲਕਾ ਕੋਲੋਂ 1 ਮੋਬਾਇਲ ਫੋਨ, ਕੈਦੀ ਸੰਜੇ ਪੁੱਤਰ ਭਗੀਰਥ ਵਾਸੀ ਅਮਰਪੁਰਾ ਥਾਣਾ ਬਹਾਵਵਾਲਾ, ਫਾਜ਼ਿਲਕਾ ਕੋਲੋਂ ਇਕ ਕੀਪੈਡ ਮੋਬਾਇਲ ਫੋਨ ਸਮੇਤ ਸਿੰਮ ਬਰਾਮਦ ਹੋਣ ਅਤੇ ਕੈਦੀ ਭੀਮ ਨਾਥ ਪੁੱਤਰ ਚੇਤਨ ਦਾਸ ਵਾਸੀ ਅਰਾਈਆਂ ਵਾਲਾ ਖੁਰਦ ਉਰਫ ਕਿਲੀ ਫਰੀਦਕੋਟ ਰੋਡ ਸਾਦਿਕ ਦੇ ਬੈਗ ਵਿਚੋਂ 335 ਨਸ਼ੀਲੇ ਜਾਪਦੇ ਕੈਪਸੂਲ ਬਰਾਮਦ ਹੋਏ ਹਨ। ਜੇਲ੍ਹ ਅਧਿਕਾਰੀ ਨੇ ਪੱਤਰ ਨੰਬਰ 5061 ਮਿਤੀ 13 ਅਕਤੂਬਰ ਨੂੰ ਹਵਾਲਾਤੀ ਸੂਰਜ ਪੁੱਤਰ ਬਿੱਕਰ ਸਿੰਘ ਵਾਸੀ ਵਾਰਡ ਨੰਬਰ 8 ਕਬਰਵੱਛਾ, ਮੁੱਦਕੀ ਕੋਲੋਂ ਡਿਊੜੀ 'ਚ ਤਲਾਸ਼ੀ ਦੌਰਾਨ 13 ਬੀੜੀਆਂ ਬਰਾਮਦ ਹੋਈਆਂ ਹਨ। ਪਿਛਲੇ ਕੁਝ ਦਿਨਾਂ ਤੋਂ 27 ਮੋਬਾਇਲ ਫੋਨ ਅਤੇ ਭਾਰੀ ਮਾਤਰਾ ਵਿਚ ਨਸ਼ੀਲੇ ਪਦਾਰਥ ਬਰਾਮਦ ਹੋਏ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਕੈਦੀਆਂ ਅਤੇ ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਵਿਧਾਇਕ ਮਾ. ਜਗਸੀਰ ਸਿੰਘ ਨੇ ਸੜਕ ਦੇ ਨਵੀਨੀਕਰਨ ਦਾ ਰੱਖਿਆ ਨੀਂਹ ਪੱਥਰ



ਲਹਿਰਾ ਮੁਹੱਬਤ (ਭੀਮਸੈਨ ਹਦਵਾਰੀਆ)-ਹਲਕਾ ਭੁੱਚੋ ਦੇ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਲਹਿਰਾ ਮੁਹੱਬਤ ਵਾਸੀਆਂ ਦੀ ਫਿਰਨੀ ਵਾਲੀ ਖਸਤਾ ਹਾਲਤ ਸੜਕ ਦੇ ਨਵੀਨੀਕਰਨ ਦੀ ਚਿਰਾਂ ਤੋਂ ਲਟਕਦੀ ਮੰਗ ਨੂੰ ਪੂਰਾ ਕਰਦਿਆਂ ਸਰਕਾਰੀ ਸਕੂਲ ਦੇ ਖੇਡ ਗਰਾਊਂਡ ਦੇ ਨਾਲ ਵਾਲੀ ਸੜਕ ਦੀ ਉਸਾਰੀ ਦਾ ਨੀਂਹ ਪੱਥਰ ਰੱਖਿਆ। [illegible]

# ਵੋਟ 'ਤੇ ਚੋਟ ਤਹਿਤ ਤਰਨ ਤਾਰਨ ਵਿਖੇ ਕੰਪਿਊਟਰ ਅਧਿਆਪਕਾਂ ਵੱਲੋਂ ਰੋਸ ਰੈਲੀ ਭਲਕੇ




ਮਾਨਸਾ (ਆਤਮਾ ਸਿੰਘ ਪਮਾਰ)-15 ਸਤੰਬਰ 2022 ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਕੀਤਾ ਐਲਾਨ 6640 ਕੰਪਿਊਟਰ ਅਧਿਆਪਕਾਂ ਨੂੰ ਦੀਵਾਲੀ ਦਾ ਤੋਹਫਾ ਸੀ.ਐਸ.ਆਰ ਲਾਗੂ ਕਰਕੇ 6ਵੇਂ ਤਨਖਾਹ ਕਮਿਸ਼ਨ ਦਾ ਲਾਭ ਦੇਣਾ [illegible]

## ਭਾਵਾਧਸ ਦੇ ਅਹੁਦੇਦਾਰਾਂ ਨੇ ਡੀ ਸੀ ਨੂੰ ਸੌਂਪਿਆ ਮੰਗ ਪੱਤਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-[illegible]

## ਡਾ. ਅਮਨਦੀਪ ਕੌਰ ਅਰੋੜਾ ਨੇ ਸੜਕਾਂ 'ਤੇ ਪ੍ਰੀਮਿਕਸ ਦਾ ਕੰਮ ਕਰਾਇਆ ਸ਼ੁਰੂ



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਸ਼ਹਿਰ ਦੇ ਵਿਕਾਸ ਕਾਰਜਾਂ ਤਹਿਤ ਵਾਰਡ ਨੰਬਰ 16 ਟਿੱਬਾ ਬਸਤੀ ਵਿੱਚ ਸੜਕਾਂ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ। [illegible]

# ਸਿਹਤ ਮੰਤਰੀ ਵੱਲੋਂ ਹਲਕਾ ਘਨੌਰ ਦੇ ਹੜ੍ਹ ਪ੍ਰਭਾਵਤ ਤਿੰਨ ਪਿੰਡਾਂ ਦੇ ਲਾਭਪਾਤਰੀਆਂ ਨੂੰ ਮੁਆਵਜ਼ਾ ਰਾਸ਼ੀ ਪ੍ਰਦਾਨ



ਘਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਦੁੱਖ ਦੀ ਘੜੀ 'ਚ ਹੜ੍ਹ ਮਾਰੇ ਪੰਜਾਬ ਨਾਲ ਵਿਤਕਰਾ ਨਾ ਕਰੇ। ਸਿਹਤ ਮੰਤਰੀ ਘਨੌਰ ਵਿਖੇ ਵਿਧਾਇਕ ਗੁਰਲਾਲ ਘਨੌਰ ਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨਾਲ ਹਲਕੇ ਦੇ ਪਿੰਡਾਂ ਸਮਸ਼ਪੁਰ, ਸ਼ੇਖੂਪੁਰ ਦਾਖਲੀ, ਲੋਹਸਿੰਬਲੀ ਤੇ ਸਮਸ਼ਪੁਰ ਦੇ ਹੜ੍ਹ ਪ੍ਰਭਾਵਤ 232 ਕਿਸਾਨਾਂ ਨੂੰ 88 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਵੰਡਣ ਪੁੱਜੇ ਹੋਏ ਸਨ।ਇਸ ਮੌਕੇ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਵੰਡਣ ਲਈ 30 ਦਿਨਾਂ ਦੇ ਅੰਦਰ-ਅੰਦਰ ਤੇ ਦੀਵਾਲੀ ਦੇ ਤਿਉਹਾਰ ਤੋਂ ਪਹਿਲਾਂ-ਪਹਿਲਾਂ ਹੜ੍ਹਾਂ ਤੋਂ ਪ੍ਰਭਾਵਿਤ ਲਾਭਪਾਤਰੀਆਂ ਨੂੰ ਚੈਕ ਤਕਸੀਮ ਕਰਕੇ ਸੂਬੇ ਦੇ ਹੜ੍ਹ ਪੀੜਤਾਂ ਦੇ ਨਾਲ ਖੜ੍ਹੇ ਹੋਣ ਦਾ ਸਬੂਤ ਦਿੱਤਾ ਹੈ। ਇਸ ਤੋਂ ਸੂਬਾ ਸਰਕਾਰ ਨੇ ਜਿਸਦਾ ਖੇਤ, ਉਸਦੀ ਰੇਤ ਮੰਤਰੀ ਪ੍ਰਵਾਨ ਕੀਤੀ ਜਦਕਿ ਕਣਕ ਦੇ ਮੁਫ਼ਤ ਬੀਜ ਤੇ ਡਾਕਟਰੀ ਜਾਂਚ ਲਈ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੁਫ਼ਤ ਸਿਹਤ ਕੈਂਪ ਲਾਏ ਗਏ ਹਨ ਅਤੇ ਪਸ਼ੂਆਂ ਲਈ ਵਿਸ਼ੇਸ਼ ਟੀਕਾਕਰਨ ਮੁਹਿਮ ਸ਼ੁਰੂ ਕੀਤੀ।ਸਿਹਤ ਮੰਤਰੀ ਨੇ ਕਿਹਾ ਕਿ ਦੇਸ਼ ਦੁੱਖ ਦੀ ਗੱਲ ਹੈ ਕਿ ਇਸ ਸੰਕਟ ਵਿੱਚੋਂ ਸੂਬੇ ਨੂੰ ਕੱਢਣ ਦੀ ਬਜਾਏ ਕੇਂਦਰ ਸਰਕਾਰ ਪੰਜਾਬ ਦੀਆਂ ਮੰਗਾਂ ਨੂੰ ਲਮਕਾ ਰਹੀ ਹੈ ਕਿਉਂਕਿ ਸੂਬਾ ਸਰਕਾਰ ਵੱਲੋਂ ਕੇਂਦਰ ਸਰਕਾਰ ਨੂੰ ਪ੍ਰਤੀ ਏਕੜ 50,000 ਰੁਪਏ ਦੇਣ ਦੀ ਬੇਨਤੀ ਕੀਤੀ ਸੀ, ਪਰ ਅਜੇ ਤੱਕ ਕੋਈ ਜਵਾਬ ਨਹੀਂ ਮਿਲਿਆ। ਇਸ ਦੇ ਬਾਵਜੂਦ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ੇ ਦੀ ਰਕਮ ਵਿੱਚ 15 ਹਜ਼ਾਰ ਰੁਪਏ ਪੰਜਾਬ ਸਰਕਾਰ ਪਾ ਕੇ ਦੇ ਰਹੀ ਹੈ। ਜਦੋਂਕਿ ਪੂਰੀ ਤਰ੍ਹਾਂ ਢਹਿ-ਢੇਰੀ ਹੋਏ ਘਰਾਂ ਲਈ 1,20,000 ਰੁਪਏ ਦਿੱਤੇ ਜਾਣਗੇ, ਅੰਸ਼ਕ ਤੌਰ 'ਤੇ ਨੁਕਸਾਨੇ ਗਏ ਘਰਾਂ ਲਈ 40,000 ਰੁਪਏ ਦਿੱਤੇ ਜਾਣਗੇ ਜਦਕਿ ਪਿਛਲੀਆਂ ਸਰਕਾਰਾਂ ਮੌਕੇ ਇਹ ਰਕਮ 6,500 ਰੁਪਏ ਸੀ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਅਗਲੀਆਂ ਬਰਸਾਤਾਂ ਤੋਂ ਪਹਿਲਾਂ ਹੜ੍ਹਾਂ ਵਾਲੇ ਦਰਿਆਵਾਂ ਤੇ ਨਦੀਆਂ ਨੂੰ ਡੂੰਘਾ ਤੇ ਚੌੜਾ ਕਰਨ ਨੂੰ ਯਕੀਨੀ ਬਣਾਇਆ ਜਾਵੇਗਾ। ਹਲਕਾ ਵਿਧਾਇਕ ਗੁਰਲਾਲ ਘਨੌਰ ਨੇ ਮੁੱਖ ਮੰਤਰੀ ਮਾਨ ਤੇ ਸਿਹਤ ਮੰਤਰੀ ਡਾ ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਹਿਲੀ ਵਾਰ ਕਿਸਾਨਾਂ ਨੂੰ ਪ੍ਰਤੀ ਏਕੜ 20,000 ਰੁਪਏ ਦਿੱਤੇ ਜਾ ਰਹੇ ਹਨ, ਜੋ ਕਿ ਦੇਸ਼ ਵਿੱਚ ਸਭ ਤੋਂ ਵੱਧ ਹੈ। ਗੁਰਲਾਲ ਘਨੌਰ ਨੇ ਦੱਸਿਆ ਕਿ ਪਿੰਡ ਸੰਟਾ ਦੇ ਕਿਸਾਨਾਂ ਨੂੰ 13.80 ਲੱਖ ਰੁਪਏ, ਸ਼ੇਖੂਪੁਰ ਦਾਖਲੀ ਲੋਹਸਿੰਬਲੀ ਦੇ ਕਿਸਾਨਾਂ ਨੂੰ 13.72 ਲੱਖ ਰੁਪਏ ਅਤੇ ਸਮਸ਼ਪੁਰ ਦੇ ਕਿਸਾਨਾਂ ਨੂੰ 60 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਪ੍ਰਦਾਨ ਕੀਤੀ ਗਈ ਹੈ। ਇਸ ਮੌਕੇ ਐਸ.ਡੀ.ਐਮ ਅਵਿਕੇਸ਼ ਗੁਪਤਾ, ਤਹਿਸੀਲਦਾਰ ਪਰਦੀਪ ਕੁਮਾਰ ਸਮੇਤ ਪਿੰਡਾਂ ਦੇ ਵਸਨੀਕ ਵੀ ਮੌਜੂਦ ਸਨ।

# ਤਿਉਹਾਰਾਂ ਨੂੰ ਲੈ ਕੇ ਫਰੀਦਕੋਟ 'ਚ ਵੱਡੀ ਗਿਣਤੀ ਫੋਰਸ ਨਾਲ ਫਲੈਗ ਮਾਰਚ



ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਫਰੀਦਕੋਟ ਪੁਲਸ ਨੇ ਸ਼ਹਿਰ ਵਿੱਚ ਅਮਨ-ਕਾਨੂੰਨ ਬਣਾਏ ਰੱਖਣ ਅਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਹਨ। ਇਸ ਲੜੀ ਤਹਿਤ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਤਰਲੋਚਨ ਸਿੰਘ, ਡੀ.ਐਸ.ਪੀ. (ਸਬ-ਡਵੀਜ਼ਨ) ਫਰੀਦਕੋਟ ਦੀ ਨਿਗਰਾਨੀ ਹੇਠ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਫਲੈਗ ਮਾਰਚ ਕੱਢਿਆ ਗਿਆ।ਇਸ ਫਲੈਗ ਮਾਰਚ ਵਿੱਚ ਏ.ਆਰ.ਪੀ. ਟੀਮਾਂ, ਪੀ.ਸੀ.ਆਰ. ਟੀਮਾਂ, ਟ੍ਰੈਫਿਕ ਕਰਮਚਾਰੀਆਂ ਸਮੇਤ 150 ਦੇ ਕਰੀਬ ਪੁਲਸ ਕਰਮਚਾਰੀ ਸ਼ਾਮਲ ਹੋਏ। ਫਲੈਗ ਮਾਰਚ ਦੀ ਸ਼ੁਰੂਆਤ ਥਾਣਾ ਸਿਟੀ ਫਰੀਦਕੋਟ ਤੋਂ ਹੋਈ ਅਤੇ ਇਹ ਭਾਈ ਘਨੱਈਆ ਚੌਂਕ, ਘੰਟਾ ਘਰ ਚੌਂਕ, ਟ੍ਰੰਕੀ ਚੌਂਕ, ਜੁਬਲੀ ਚੌਂਕ ਸਮੇਤ ਸ਼ਹਿਰ ਦੇ ਮੁੱਖ ਇਲਾਕਿਆਂ ਵਿੱਚੋਂ ਲੰਘਿਆ।ਡੀ.ਐਸ.ਪੀ. ਤਰਲੋਚਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੁਰੱਖਿਆ ਦੇ ਮੱਦੇਨਜ਼ਰ ਸ਼ਹਿਰ ਅੰਦਰ ਸਖ਼ਤ ਨਾਕਾਬੰਦੀਆਂ, ਗਸ਼ਤਾਂ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਦੇ ਨਾਲ-ਨਾਲ ਡਰੋਨ ਕੈਮਰਿਆਂ ਰਾਹੀਂ ਵੀ ਸ਼ੱਕੀ ਗਤੀਵਿਧੀਆਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਪ੍ਰਬੰਧਾਂ ਦਾ ਮੁੱਖ ਮਕਸਦ ਲੋਕਾਂ ਨੂੰ ਸੁਰੱਖਿਅਤ ਮਾਹੌਲ ਪ੍ਰਦਾਨ ਕਰਨਾ ਹੈ।ਇਸ ਦੇ ਨਾਲ ਹੀ ਪੁਲਸ ਵੱਲੋਂ ਬਜ਼ਾਰਾਂ ਵਿੱਚ ਟ੍ਰੈਫਿਕ ਦੀ ਸਮੱਸਿਆ ਸੰਬੰਧੀ ਵੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਪੁਲਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕੋਈ ਵੀ ਲਵਾਰਿਸ ਵਸਤੂ ਜਾਂ ਸ਼ੱਕੀ ਵਿਅਕਤੀ ਦਿਖਾਈ ਦਿੰਦਾ ਹੈ, ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰਨ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

# ਹਰਚੰਦ ਸਿੰਘ ਬਰਸਟ ਨੇ ਸੋਲਰ ਪਾਵਰ ਪਲਾਂਟ ਲਾਉਣ ਦਾ ਕੀਤਾ ਉਦਘਾਟਨ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ) ਪੰਜਾਬ ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ ਸੋਲਰ ਪਾਵਰ ਪਲਾਂਟ ਲਾਉਣ ਦੀ ਯੋਜਨਾ ਦੀ ਸ਼ੁਰੂਆਤ ਦਾਣਾ ਮੰਡੀ, ਪਟਿਆਲਾ ਤੋਂ ਕੀਤੀ ਗਈ ਹੈ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਦਾਣਾ ਮੰਡੀ ਵਿਖੇ ਰੂਫ ਟੌਪ ਸੋਲਰ ਪਾਵਰ ਪਲਾਂਟ ਲਾਉਣ ਦਾ ਉਦਘਾਟਨ ਕੀਤਾ ਗਿਆ।ਬਰਸਟ ਨੇ ਹਾਜ਼ਰੀਨ ਦਾ ਮੂੰਹ ਮਿੱਠਾ ਕਰਾ ਕੇ ਵਧਾਈ ਦਿੱਤੀ ਤੇ ਕਿਹਾ ਕਿ ਇਹ ਯੋਜਨਾ ਸੂਬੇ ਦੀਆਂ ਮੰਡੀਆਂ ਵਿੱਚ ਨਵੀਨਤਮ ਤਕਨੀਕ ਲਿਆਉਣ ਦੀ ਦਿਸ਼ਾ ਵਿੱਚ ਮੀਲ ਪੱਥਰ ਸਾਬਤ ਹੋਵੇਗੀ।ਬਰਸਟ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਮੰਡੀਆਂ ਨੂੰ ਆਧੁਨਿਕ ਤੇ ਸੁਵਿਧਾਜਨਕ ਬਣਾਇਆ ਜਾ ਰਿਹਾ ਹੈ, ਤਾਂ ਜੁ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਤੇ ਮੰਡੀਆਂ ਵਿੱਚ ਆਉਣ ਵਾਲੇ ਹੋਰ ਲੋਕਾਂ ਨੂੰ ਸੁਚੱਜੀ ਸੇਵਾ ਮਿਲ ਸਕੇ ਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਮੁਸ਼ਕਲਾਂ ਪੇਸ਼ ਨਾ ਆਉਣ।ਉਨ੍ਹਾਂ ਦੱਸਿਆ ਕਿ ਦਾਣਾ ਮੰਡੀ ਵਿੱਚ 74 ਕਿਲੋਵਾਟ ਸਮਰਥਾ ਵਾਲਾ ਰੂਫ ਟੌਪ ਸੋਲਰ ਪਾਵਰ ਪਲਾਂਟ ਲਾਇਆ ਜਾ ਰਿਹਾ ਹੈ, ਜਿਸਦੇ ਤਹਿਤ ਮੰਡੀ ਵਿਖੇ 40 ਕਿਲੋਵਾਟ, ਮਾਰਕਿਟ ਕਮੇਟੀ ਦਫ਼ਤਰ ਵਿਖੇ 16 ਕਿਲੋਵਾਟ ਤੇ ਜ਼ਿਲ੍ਹਾ ਮੰਡੀ ਦਫ਼ਤਰ ਦੀ ਬਿਲਡਿੰਗ ਵਿਖੇ 18 ਕਿਲੋਵਾਟ ਦੇ ਸੋਲਰ ਪੈਨਲ ਲਾਏ ਜਾਣਗੇ, ਜਿਸ 'ਤੇ ਲਗਭਗ 74 ਲੱਖ ਰੁਪਏ ਦਾ ਖਰਚ ਆਵੇਗਾ।ਇਸੇ ਤਰ੍ਹਾਂ ਪਟਿਆਲਾ ਸਮੇਤ ਸੂਬੇ ਦੀਆਂ ਵੱਖ-ਵੱਖ ਮੰਡੀਆਂ ਵਿੱਚ ਵੀ ਸੋਲਰ ਪਾਵਰ ਪਲਾਂਟ ਲਾਇਆ ਜਾਵੇਗਾ। ਸੋਲਰ ਪਾਵਰ ਪਲਾਂਟ ਲਾਉਣ ਨਾਲ ਮੰਡੀਆਂ ਦੀ ਬਿਜਲੀ ਲਾਗਤ ਘਟੇਗੀ ਅਤੇ ਲੰਮੇ ਸਮੇਂ ਦੌਰਾਨ ਸਰਕਾਰੀ ਖਰਚ ਵਿੱਚ ਵੀ ਮਹੱਤਵਪੂਰਨ ਕਮੀ ਆਵੇਗੀ। ਸਾਉਣੀ ਖਰੀਦ ਸੀਜ਼ਨ 2025-26 ਦੇ ਸਬੰਧ ਵਿੱਚ ਬਰਸਟ ਨੇ ਦੱਸਿਆ ਕਿ ਮੰਡੀਆਂ 'ਚ ਝੋਨੇ ਦੀ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਰਹੀ ਹੈ ਤੇ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਦੀ ਸਹੂਲਤ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ 'ਚ 13 ਅਕਤੂਬਰ ਤੱਕ 3,07,075 ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ, ਜਿਸ 'ਚੋਂ 2,98,165 ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ ਤੇ ਖਰੀਦੀ ਗਈ ਫਸਲ ਦੀ ਲਿਫਟਿੰਗ ਵੀ ਹੋ ਚੁੱਕੀ ਹੈ।ਸੋਮਵਾਰ ਨੂੰ ਪਟਿਆਲਾ ਦੀਆਂ ਮੰਡੀਆਂ 'ਚ 29,609 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਦਕਿ 29,573 ਮੀਟ੍ਰਿਕ ਟਨ ਦੀ ਖਰੀਦ ਕੀਤੀ ਗਈ ਹੈ।

# ਹੜ੍ਹ ਪੀੜਤਾਂ ਨੂੰ ਮੁਆਵਜ਼ਾ ਰਾਸ਼ੀ ਵੰਡਣ ਦੀ ਸ਼ੁਰੂਆਤ

## ਕਿਸਾਨਾਂ ਨੂੰ 10 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਦੀ ਕੀਤੀ ਵੰਡ





ਸ਼ਾਹਕੋਟ (ਗਿਆਨ ਸੈਦਪੁਰੀ)-ਪੰਜਾਬ ਦੇ ਵਾਤਾਵਰਨ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣਾ ਵਾਅਦਾ ਨਿਭਾਅ ਦਿੱਤਾ ਗਿਆ ਹੈ। ਉਹ ਇਥੇ ਸ਼ਾਹਕੋਟ ਵਿਖੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਦੀ ਵੰਡ ਕਰਨ ਦੌਰਾਨ ਸੰਬੋਧਨ ਕਰ ਰਹੇ ਸਨ।ਕੈਬਨਿਟ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਸਰਕਾਰ ਵੱਲੋਂ ਜਲੰਧਰ ਜ਼ਿਲ੍ਹੇ ਵਿੱਚ ਹੜ੍ਹ ਪੀੜਤਾਂ ਨੂੰ 13 ਕਰੋੜ ਰੁਪਏ ਦੀ ਮੁਆਵਜ਼ਾ ਰਾਸ਼ੀ ਦੀ ਵੰਡ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਹਰ ਦੁੱਖ-ਸੁੱਖ ਵਿੱਚ ਲੋਕਾਂ ਦੇ ਨਾਲ ਖੜ੍ਹੀ ਹੈ ਅਤੇ ਹੜ੍ਹ ਪੀੜਤ ਪਰਿਵਾਰਾਂ ਦੀ ਜ਼ਿੰਦਗੀ ਨੂੰ ਮੁੜ ਲੀਹ 'ਤੇ ਲਿਆਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਜ਼ਿਲ੍ਹੇ ਦੇ ਪਿੰਡ ਮੁਲੇਵਾਲ ਅਰਾਈਆਂ, ਸੀਚੇਵਾਲ, ਨਾਰੰਗਪੁਰ, ਸੰਗਲ ਖਾਲਸਾ, ਬਿੱਲੀ ਵੜੈਚ ਦੇ 47 ਹੜ੍ਹ ਪੀੜਤ ਕਿਸਾਨਾਂ ਨੂੰ 'ਮਿਸ਼ਨ ਪੁਨਰਵਾਸ' ਤਹਿਤ ਕਰੀਬ 10 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪਦਿਆਂ ਭਗਤ ਨੇ ਕਿਹਾ ਕਿ ਸੂਬੇ ਵਿੱਚ ਆਏ ਹੜ੍ਹਾਂ ਕਾਰਨ ਖੇਤੀ ਯੋਗ ਜ਼ਮੀਨ, ਫ਼ਸਲਾਂ, ਜਾਇਦਾਦਾਂ, ਪਸ਼ੂਆਂ ਆਦਿ ਦਾ ਕਾਫ਼ੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨੂੰ ਰਾਹਤ ਪਹੁੰਚਾਉਣ ਲਈ ਤੁਰੰਤ ਜ਼ਮੀਨੀ ਪੱਧਰ 'ਤੇ ਕੰਮ ਸ਼ੁਰੂ ਕਰਦਿਆਂ ਗਿਰਦਾਵਰੀ ਕਰਵਾਈ ਅਤੇ ਹੁਣ ਪੀੜਤਾਂ ਨੂੰ ਮੁਆਵਜ਼ਾ ਮੁਹੱਈਆ ਕਰਵਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਨੂੰ ਦੀਵਾਲੀ ਤੋਂ ਪਹਿਲਾਂ ਰਾਹਤ ਰਾਸ਼ੀ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਸੀ, ਜਿਸ ਨੂੰ ਪੂਰਾ ਕਰਦਿਆਂ ਸਿਰਫ਼ 30 ਦਿਨਾਂ 'ਚ ਹੜ੍ਹ ਪੀੜਤਾਂ ਨੂੰ ਸਭ ਤੋਂ ਵੱਧ ਮੁਆਵਜ਼ਾ ਰਾਸ਼ੀ ਦੀ ਵੰਡ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮੁਆਵਜ਼ਾ ਰਾਸ਼ੀ ਲਈ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਸੰਗਤ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਨੇ ਸਤਲੁਜ ਦੇ ਬੰਨ੍ਹ ਦੇ ਮਜ਼ਬੂਤੀਕਰਨ ਲਈ ਡਟ ਕੇ ਕੰਮ ਕੀਤਾ। ਇਸ ਮੌਕੇ ਐੱਸ ਡੀ ਐੱਮ ਸ਼ੁਭੀ ਆਂਗਰਾ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਭੋਗਲ, 'ਆਪ' ਆਗੂ ਪਿੰਦਰ ਪੰਡੋਰੀ, ਮਾਰਕਿਟ ਕਮੇਟੀ ਦੇ ਚੇਅਰਮੈਨ ਬਲਬੀਰ ਸਿੰਘ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।


## Public Notice

I, Naresh Kumar S/o Jeet Kumar R/o Village & Po. Zahura, Near Cholang, Distt. Hoshiarpur, do hereby solemnly affirm and declare as under that I am the owner of the property Plot measuring about 6 Marlas 1 sarsai situated at Plot no. 49 Village Khokhar, Distt. Hoshiarpur as per Original Transfer deed dated 15/11/2018 no. 2018-19/161/1/684 by Gurcharan Singh S/o Piara Singh & Original Sale deed 12/01/2017 no. 2158 by Kamlesh Kaur W/o Piara Singh have been misplaced at Village Zahura, Cholang, Distt.Hoshiarpur on 05-10-2025. That if anyone finds my documents then contact RBL Bank Ltd. Mr. Vikas Sood Advocate Legal Jalandhar on Mobile No.9814094356 within 7 days.

## PUBLIC NOTICE

Under the instruction of Jana Small Finance Bank Ltd I hereby informed the general public that Preeti W/o Daniel Gill is the absolute owner of Property measuring 4 Marlas i.e. having 4/51 share of khasra no. 48//21/2 (0-11), situated in the area of Ajnala Abadi Green Avenue Tehsil Ajnala District Amritsar bounded by East:- Vacant plot of Surjeet Singh, West Plot of other, North General Gali and passage of plot, South House of Pritam Singh, vide agreement to sell and Now Agreement to sell executed by Mandeep Kaur W/o Harjinder Singh in favour of Preeti W/o Daniel Gill

And

That Preeti W/o Daniel Gill is taking purchase loan on above said property from Jana Small Finance Bank Ltd and Mandeep Kaur W/o Harjinder Singh has lost sale deed executed by Surjit Singh S/o Balwant Singh himself and being GPA holder of Gurbachan Kaur Wd/o Balwant Singh, Daljeet Singh, Arwinder Singh Ss/o Balwant Singh & Baldev Kaur D/o Balwant Singh in favour of Paramjit Kaur W/o Satpal Singh vide Doc no. 4473 dated 20-12-2011 A General Dairy Details no 636135/2025 dated 6-10-2025 has also been got registered in this respect. Any body having claim or claiming any manner in this property or has raised loan by depositing the aforesaid document to any person/bank/corporation/Financial institution may approach the undersigned and may submitted objections within 7 day from the date of this public notice. After the expiry of the period of this notice, no claim shall be entertained and such claim shall be deemed to be false fake frivolous fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with Jana Small Finance Bank Ltd.

**Harpal Singh Nijjar(Advocate)**
First Floor, Above Bhagwan Dass Vasika
Opp. Vigilance Office, Kacheri Chownk
Amritsar. Mobile No. 9815610005

## COURT NOTICE

(U/o 5 Rule 20 CPC)
In the Court of Sh. Manoj Kumar
Principal Judge, Family Court
Khadoor Sahib

Next Date, Purpose of case, Orders and Judgments as well as other case information is available on http://districts.ecourts.gov.in

CNR No. PBTTF4-000048-2024
Next Date:- 24-10-2025
Lovepreet Singh
Vs.
Prabhsimran Kaur D/o Gurwinder Singh
Publication Issued To:
Prabhsimran Kaur D/o Gurwinder Singh Spouse:
:- Lovepreet Singh
R/o Village Jalalabad Tehsil Khadur Sahib, Distt. Tarn Taran at Present R/o 207-6420 Somerled Avenue, Monterial, H4V1S3 QC, Canada

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 24-10-2025 at 10:00 a.m.

For details logon to https://highcourtchd.gov.in/?trs=district_notice&district=Tarn Taran

Principal Judge,Family Court
Khadoor Sahib
Dated, this day of 09-10-2025

## COURT NOTICE

(U/o 5 Rule 20 CPC)
In the Court of
Ms. Mandeep Kaur
Civil Judge (Junior Division), Dasuya
CNR No. PBHOA0-000845-2025
Next Date: 04-11-2025
Satpal Singh and others
Vs.
General Public
Publication Issued To:
General Public
:- General Public.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 04-11-2025 at 10:00 a.m.

For details logon to https://highcourtchd.gov.in/?mod=district_notice&district=Hoshiarpur

Civil Judge (Junior Division)
Dasuya
Dated, this day of 09-10-2025

## COURT NOTICE

(U/o 5 Rule 20 CPC)
In the Court of Sh. Sumit Bhalla
Additional Principal Judge Family Court, Camp Court Batala
CNR No. PBGDF2-000415-2024
Next Date:- 29-10-2025 GW/17/2024

Sharanjit Kaur age about 41 Years Wife of Satnam Singh resident of Village Kot Majlas, Tehsil Batala, Distt. Gurdaspur, at Present resident at JBG Colony, Focal Point Aliwal Road, Batala, Tehsil Batala, Distt. Gurdaspur

Vs

Inder Singh Son of Sawinder Singh, resident of Village Hassanpura, Tehsil Batala, Distt. Gurdaspur
2. General Public
Publication Issued To:
2. General Public

In above titled case, the defendant(s)/respondent(s) could not be served. It is ordered that the defendant(s)/respondent(s) should appear in person or through counsel on 29-10-2025 at 10:00 a.m.

For details logon to https://highcourtchd.gov.in/?trs=district_notice&district=Gurdaspur

Additional Principal Judge
Family Court Batala, Gurdaspur
Dated, this day of 14-10-2025

# ਕਲਾਸੀਫਾਈਡ ਇਸ਼ਤਿਹਾਰ

## Change of Name

I, Devinder Pal Sharma S/o Ram Partap Sharma R/o Village Chuhar, Tehsil Nakodar (Jalandhar) have changed my name from Devinder Pal Sharma To Devendra Pal Sharma. All concerned Please Note.

I Kuldip Singh S/o Gian Singh, Village Dhariwal kalan, PO. Passanwal, Distt. Gurdaspur, have changed my name from Kuldip Singh to Kuldeep Singh. Concerned note.

I, Karan S/o Deepak R/o W.No. 18, Purhiran Back Side Shiv Mandir Tehsil & Distt. Hoshiarpur Punjab have changed my name from Karan to Karan Pandwal. Concerned note.

I, Vandana Rani w/o Rajiv kumar R/o H.No. 3407 Near Guru Ravidass Chowk Boota Mandi Jalandhar Punjab have changed my name from Vandana Bhatia to Vandana Rani. Vandana Bhatia and Vandani Rani both Name is same person. Actual Name is Vandana Rani For all future purposes.

I, Joyti W/o Manoj Chhabra R/o H.No. 2244, Shivala Colony, Muslim Ganj, Amritsar, Punjab have changed my name from Joyti to Jyoti Chhabra.

I, Kashmir Lal S/O Darshan Ram R/O Vill.garhi Ajit Singh, Po. Aur, Teh. Nawanshahr, Distt. S.B.S. Nagar Pin. 144417, Punjab I Have changed my Name Kashmir Lal to Lal Kashmir (Surname as Lal). All note.

I, Rivya Monga D/o Kamal Kumar Puri R/o A-25, Silver Residency Apartments, Near TV Tower, Nakodar Road, Jalandhar, 144004 have changed my name from Rivya Monga to Rivya Puri.

I, Ranju Bala W/o Roshan Sharma, R/o H. No. 408/19 Shri Ram Colony Civil Line Gurdaspur, Tehsil/Distt. Gurdaspur, Pin-143521, Punjab. Have changed my name from Ranju Bala to Ranju Bala Sharma.

I, Parabjot Kaur W/o Sharnjit Kaur R/o Ward No.4, Ramdas, Amritsar have changed my name from Parabjot Kaur to Prabhjot Kaur

I, Sandeep Aggarwal S/o Ram Murti Resident of 590/91, Haveli Dhanna Singh, Chowk Lachhmansar, Amritsar. I have changed my name from Sandeep Aggarwal to Sandeep Kumar Aggarwal. All concerned please note.

I, Anjana W/o Sunil Kumar R/o Nussi, Distt. Jalandhar have changed my name from Anjana to Anjana Kaur. All concerned please note.

I, Gayan Kaur W/o Mohan Lal R/o Bhikha Nangal, Distt. Jalandhar have changed my name from Gayan Kaur to Gian Kaur. All concerned please note.

I, Tajinder Kaur W/o Manjit Singh R/o VPO. Padhiana, Tehsil Adampur, Distt. Jalandhar have changed my name from Tajinder Kaur to Jatinder Kaur. All concerned please note

I, Preetam Kaur d/o Iser Das w/o Mohinder Singh r/o Ward No.1, VPO. Begowal, Tehsil Bholath, Kapurthala, Punjab-144621 have changed my name to Pritam Kaur. All Please Note.

I, Sukhwinder Singh s/o Pritam Singh r/o Vill. Baddowal, Po. Chaudhriwal, Teh.Batala, Gurdaspur have changed my name to Given name as Sukhwinder & Surname as Singh. All Please Note.

I, Gurdeep Singh s/o Kartar Singh r/o VPO. Apra, Teh. Phillaur, Distt.Jalandhar, have changed my name to Gurdeep Singh Gulati. All Please Note.

I, hitherto known as Pawandeep S/o Jemas R/o VPO. Nijjran, Distt. Jalandhar, Punjab-144623 have changed my name and shall hereafter be known as Pawandeep Singh. All Please Note.

I, Madanjeet Singh S/o Prem Singh R/o H.No. 623-R, Model Town, Jalanhdar, Punjab have changed my name from Madanjeet Singh to Madanjit Singh Ghai. (Surname as Ghai) All Please Note.

## Change of Name

I, Dalwinder Kumar S/o Hari Ram R/o Patti Jodha, VPO. Bundala, Teh. Phillaur, Distt. Jalandhar have changed my name to Given name as Dalwinder & Surname as Kumar. All Please Note.

I, Madanjit Singh S/o Prem Singh R/o H. No. 623-R, Model Town, Jalanhdar, Punjab have adition of my suname from Madanjit Singh to Madanjit Singh Ghai. (Surname as Ghai) All Please Note.

I, Manjit Gill Alias Manjit Singh Gill S/o Jagat Singh R/o VPO. Kharoudi, Distt. Hoshiarpur-146107, Punjab have changed my name to Manjit Singh. All Please Note.

I, Mangla Arora W/o Ajay Kumar R/o H.No. 366 R, Model Town, Jalandhar, Punjab-144003, India have changed my name from Mangla to Mangla Arora for all purposes in future.

I hitherto known as Mohit S/O Sunil Kumar residing at H.No. E G 350/19, Kamal Vihar, Jalandhar-144001 , Punjab,have changed my name and shall hereafter be known as Mohit Kumar.

I, Ramesh Kumar Parjapat S/o iesar Dass R/o H.No. 49, F.C.I . Colony, Jalandhar, Punjab-144801 have changed my name from Ramesh Kumar Parjapat to Ramesh Kumar Dubb. (Both name belongs to one and same person). All concerned please note.

## PUBLIC NOTICE

I Aastha D/O Rajiv Jaggi R/O House No.B-6/311 Sheikhan Mohalla Hoshiarpur, District Hoshiarpur - 146001 (Punjab) Declared that My father Name Rajeev Jaggi Mistakenly written in my school and college certificates instead of his actual name Rajiv Jaggi. which may amended as per documents.

I, Madan Lal S/o Bhagat Raj R/o House No. 110, Star Paradise Colony, Kotla Road, Jalandhar, Punjab declare that my daughter namely Mansha Hans, she is studying in X-A Class in PM Shri Kendriya Vidyalaya Suranussi, Jalandhar. That name of my daughter is written/mentioned in my daughter's school record as Mansha in place of Mansha Hans. That true and correct name of my daughter is Mansha Hans.

I, Madan Lal S/o Bhagat Raj R/o House No. 110, Star Paradise Colony, Kotla Road, Jalandhar declare that my daughter namely Deepansha Hans, she is studying in VIII-C Class in PM Shri Kendriya Vidyalaya Suranussi, Jalandhar. That name of my daughter is written/mentioned in my daughter's school record as Deepansha in place of Deepansha Hans. That true and correct name of my daughter is Deepansha Hans.

I, Pawan Kumar S/O Madan Lal R/O 6-B,18 SJS Avenue, Near Shiv Dham Mandir, Airport Road, Amritsar inform that my son Rahul Arora who is unmarried is not under my control and don't respect me and my other family members. I disinherit him from my all moveable and immoveable properties. I shall not be responsible for any act or deed done by him.He himself will be responsible for it. I and my family will have no relations with him.

I Varinder Kumar S/o Late Ram Chand , R/o H. No. 91 , Anoop Nagar , City Enclave Road , Basti Danishmanda , Jalandhar declare that my daughter Divanshi is out of my control. So I disown her from my moveable and immoveable properties. Anybody deals with her at their own risk and responsibility.All concerned may note

## ਆਮ ਸੂਚਨਾ

ਮੈਂ, ਸਾਹਸ ਸ਼ਰਮਾ ਪੁੱਤਰ ਰਾਜ ਕੁਮਾਰ ਵਾਸੀ ਮਕਾਨ ਨੰਬਰ ਬੀ-7/8, ਸ਼ਾਹੀਆ ਦੀ ਗਲੀ, ਕਪੂਰਥਲਾ ਬਿਆਨ ਕਰਦਾ ਹਾਂ ਕਿ ਦੋ ਬੈਨਾਮਾ ਅਸਲ ਵਾਕਿਆ ਰਕਬਾ ਕਪੂਰਥਲਾ ਗਰਬੀ (ਆਬਾਦੀ ਗੋਡਲਨ ਐਵੀਨਿਊ) ਜਿਸਦਾ ਵਸੀਕਾ ਨੰਬਰ 2664 ਮਿਤੀ 26-09-2008 ਵਾ ਵਸੀਕਾ ਨੰਬਰ 4055 ਮਿਤੀ 02-01-2007 ਦੋਨੋਂ ਤਸਦੀਕ ਸਬ ਰਜਿਸਟਰਾਰ ਕਪੂਰਥਲਾ ਜੋ ਮਿਤੀ 30-09-2025 ਨੂੰ ਬੱਸ ਸਟੈਂਡ ਕਪੂਰਥਲਾ ਦੇ ਨਜਦੀਕ ਕਿੱਧਰੇ ਡਿੱਗ ਗਈ ਹੈ। ਜੇਕਰ ਉਕਤ ਦਸਤਾਵੇਜ ਕਿਸੇ ਨੂੰ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੇ।

ਮੈਂ, ਮੰਗਲ ਸਿੰਘ ਸੇਖਾਵਤ ਪੁੱਤਰ ਰੂਪ ਸਿੰਘ ਵਾਸੀ ਅਸ਼ੋਕ ਵਿਹਾਰ ਫੇਸ-2, ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਇਕ ਬੈ ਨਾਮਾ ਅਸਲ ਵਾਕਿਆ ਰਕਬਾ ਵਾਕਿਆ ਵਡਾਲਾ ਕਲ੍ਹਾਂ, ਤਹਿਸੀਲ ਕਪੂਰਥਲਾ ਜਿਸਦਾ ਵਸੀਕਾ ਨੰਬਰ 2987 ਮਿਤੀ 09-12-2024 ਤਸਦੀਕ ਸਬ ਰਜਿਸਟਰਾਰ ਕਪੂਰਥਲਾ ਜੋ ਮਿਤੀ 02-10-2025 ਨੂੰ ਬੱਸ ਸਟੈਂਡ ਦੇ ਨਜਦੀਕ ਕਿੱਧਰੇ ਗੁੰਮ ਹੋ ਗਈ ਹੈ। ਜੇਕਰ ਉਕਤ ਦਸਤਾਵੇਜ ਕਿਸੇ ਨੂੰ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ 3003140133, ਜੋ ਕਿ ਬਖਸ਼ੀਸ਼ ਸਿੰਘ ਪੁੱਤਰ ਜੀਵਨ ਸਿੰਘ ਰਕਬਾ ਮੋਟਰ ਪਿੰਡ ਲੱਖਣ ਕਲਾਂ, ਕਪੂਰਥਲਾ ਦੇ ਨਾਂਅ ਪਰ ਚੱਲ ਰਹੀ ਹੈ, ਨੂੰ ਜਰਨੈਲ ਸਿੰਘ ਪੁੱਤਰ ਗਿਆਨ ਸਿੰਘ, ਵਾਸੀ ਪਿੰਡ ਲੱਖਣ ਕਲਾਂ, ਜ਼ਿਲ੍ਹਾ ਕਪੂਰਥਲਾ ਨੇ ਆਪਣੇ ਨਾਂਅ ਪਰ ਕਰਵਾਉਣ ਲਈ ਅਰਜ਼ੀ ਦਿੱਤੀ ਹੈ।ਇਸ ਸੰਬੰਧ ਵਿਚ ਕਿਸੇ ਨੂੰ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਪਾਵਰਕਾਮ ਦੇ ਦਫਤਰ ਸਬ-ਅਰਬਨ ਸ/ਡ ਸਾਹਮਣੇ ਔਜਲਾ ਫਾਟਕ, ਸਰਕੂਲਰ ਰੋਡ ਕਪੂਰਥਲਾ ਵਿਖੇ ਇਤਰਾਜ਼ ਪੇਸ਼ ਕਰੇ।

## ਨਾਂਅ ਦੀ ਬਦਲੀ

ਮੈਂ, ਰਾਜੇਸ਼ ਬਾਵਾ ਪੁੱਤਰ ਇੰਦਰਜੀਤ, ਵਾਸੀ 4150, ਪਲਾਟ ਨੰ: 68, ਗੁਰਬਖਸ਼ ਨਗਰ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਰਾਜੇਸ਼ ਕੁਮਾਰ ਅਤੇ ਰਾਜੇਸ਼ ਬਾਵਾ ਦੋਵੇਂ ਮੇਰੇ ਹੀ ਨਾਂਅ ਹਨ ਅਤੇ ਇਕੋ ਹੀ ਵਿਅਕਤੀ ਦੇ ਹਨ ਅਤੇ ਬਰਾਬਰ ਮਹੱਤਤਾ ਰੱਖਦੇ ਹਨ।

ਮੈਂ, ਸੁਰਿੰਦਰ ਪਾਲ ਪੁੱਤਰ ਬੂਟਾ ਰਾਮ, ਵਾਸੀ ਪਿੰਡ ਅੰਬੀਆਂ ਤੋਹਫਾ, ਡਾਕ. ਕਰਤਾਰਪੁਰ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ-144801, ਪੰਜਾਬ ਨੇ ਆਪਣਾ ਨਾਂਅ ਸੁਰਿੰਦਰ ਤੋਂ ਬਦਲ ਕੇ ਸੁਰਿੰਦਰ ਪਾਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਗਗਨਦੀਪ ਪੁੱਤਰ ਚਮਨ ਲਾਲ ਵਾਸੀ ਵੀ.ਟੀ.ਸੀ. ਬਹਾਰ ਮਜਾਰਾ, ਡਾਕਖਾਨਾ ਕੁਲਥਮ ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ,ਬਿਆਨ ਕਰਦਾ ਹਾ ਕਿ ਮੈਂ ਆਪਣਾ ਨਾਮ ਬਦਲ ਕੇ ਗਗਨਦੀਪ ਤੋ ਗਗਨਦੀਪ ਚੁੰਬਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਰਮੇਸ਼ ਕੁਮਾਰ ਪੁੱਤਰ ਗੁਰਦਾਸ ਰਾਮ ਵਾਸੀ ਮਕਾਨ ਨੰ. 622, ਫੱਗੂ ਮੁਹੱਲਾ, ਗੜ੍ਹਾ, ਜਲੰਧਰ ਨੇ ਆਪਣੀ ਲੜਕੀ ਦਾ ਨਾਮ ਰਾਗਨੀ ਤੋਂ ਬਦਲ ਕੇ ਰਾਗਨੀ ਬੰਗੜ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਮੁਖਤਿਆਰ ਸਿੰਘ ਪੁੱਤਰ ਬੱਲੂ ਸਿੰਘ ਵਾਸੀ ਛਾਂਗਾ ਰਾਏ9 ਉਤਾੜ ਤਹਿਸੀਲ ਗੁਰੂ ਹਰ ਸਹਾਇ ਜਿਲਾ ਫਿਰੋਜਪੁਰ ਦਾ ਰਹਿਣ ਵਾਲਾ ਹਾਂ ਮੇਰਾ ਲੜਕਾ ਸਤਨਾਮ ਸਿੰਘ ਅਤੇ ਮੇਰੀ ਨੂੰ ਪੂਜਾ ਰਾਣੀ ਮਾੜੀ ਸੰਗਤ ਦਾ ਸ਼ਿਕਾਰ ਹੋ ਗਏ ਹਨ ਅਤੇ ਦੋਨੋਂ ਮੇਰੇ ਕਹਿਣੇ ਤੋਂ ਬਾਹਰ ਹਨ ਮੈਂ ਇਹਨਾਂ ਦੋਹਾਂ ਸਤਨਾਮ ਸਿੰਘ ਅਤੇ ਪੂਜਾ ਰਾਣੀ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।ਸੰਬੰਧਤ ਨੋਟ ਕਰਨ।

ਮੈਂ ਜਗਜੀਤ ਕੁਮਾਰ ਲੁਥਰਾ ਪੁੱਤਰ ਹੰਸ ਰਾਜ ਲੁਥਰਾ ਵਾਸੀ ਬੀ 11, ਉੱਤਮ ਨਗਰ ਵੈਸਟ ਦਿੱਲੀ, ਦਾ ਸੂਚਿਤ ਕਰਦਾ ਹਾਂ ਮੇਰਾ ਲੜਕਾ ਇਰਸ਼ਾਨ ਲੁਥਰਾ ਉਸ ਦੀ ਪਤਨੀ ਨੇਹਾ। ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੇਰੇ ਕਹਿਣੇ ਵਿੱਚ ਨਹੀਂ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ।ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਨਰਿੰਦਰ ਕੁਮਾਰ ਪੁੱਤਰ ਮੁਨਸ਼ੀ ਰਾਮ, ਵਾਸੀ ਮਕਾਨ ਨੰਬਰ ਬੀ-9-352, ਸੰਤੋਖਪੁਰਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਜਸਲੀਨ ਹੀਰ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਨਿਰਮਲ ਪਾਲ ਪੁੱਤਰ ਕਰਮ ਚੰਦ, ਵਾਸੀ ਮੁਹੱਲਾ ਸੈਦਾਂ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਵਿਸ਼ਾਲ ਜੋ ਕਿ ਬੁਰੀ ਸੰਗਤ ਵਿਚ ਪੈ ਗਿਆ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ।

ਮੈਂ ਬਲਦੇਵ ਰਾਜ ਪੁੱਤਰ ਸ਼੍ਰੀ ਬਾਊ ਰਾਮ ਵਾਸੀ ਪਿੰਡ ਤੇ ਡਾਕਖਾਨਾ ਚਾਹਲ ਕਲਾਂ, ਤਹਿਸੀਲ ਬਟਾਲਾ, ਜਿਲ੍ਹਾ ਗੁਰਦਾਸਪੁਰ । ਮੇਰੀ ਲੜਕੀ ਦੀਪਕ ਪਤਨੀ ਲੇਟ ਜਗਤਾਰ ਸਿੰਘ ਜੋ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ । ਮੈਂ ਇਸ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਲੈਣ ਦੇਣ ਕਰਨ ਵਾਲੇ ਖੁਦ ਜ਼ਿੰਮੇਵਾਰ ਹੋਣਗੇ ।

ਮੈਂ, ਰਾਜਵੰਤ ਕੌਰ ਪਤਨੀ ਸਵਰਗੀ ਸਿਕੰਦਰ ਸਿੰਘ ਵਾਸੀ ਮਕਾਨ ਨੰਬਰ 2142, ਗਲੀ ਨੰਬਰ 4, ਸ਼ਰੀਫਪੁਰਾ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਜੀਵਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ, ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ, ਨਿਰਮਲ ਚੰਦ ਪੁੱਤਰ ਲੇਟ ਸ੍ਰੀ ਜਗੀਰ ਚੰਦ, ਵਾਸੀ ਮਕਾਨ ਨੰ: 114, ਮੁਹੱਲਾ ਕੋਟ ਰਾਮ ਦਾਸ ਅਬਾਦੀ, ਡਾਕਖਾਨਾ ਚੁਗਿੱਟੀ, ਜ਼ਿਲ੍ਹਾ ਜਲੰਧਰ-144009 ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੰਨੀ ਜਸੀ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਪ੍ਰੀਤਮ ਕੌਰ ਪਤਨੀ ਲੇਟ. ਪ੍ਰੀਤਮ ਸਿੰਘ ਵਾਸੀ ਕਾਦਰੀ ਮੁਹੱਲਾ, ਗੁਰਦਾਸਪੁਰ ਆਪਣੇ ਲੜਕੇ ਜਤਿੰਦਰ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ । ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਚੰਪਾ ਰਾਣੀ ਪਤਨੀ ਲੇਟ. ਤਰਸੇਮ ਸਿੰਘ ਵਾਸੀ ਪਿੰਡ ਚੌਂਤਾ ਤਹਿਸੀਲ ਦੀਨਾਨਗਰ ਜਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਸੁਨੀਲ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ । ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਸੋਹਨ ਰਾਮ ਕਰੜਾ ਪੁੱਤਰ ਮੁਨਸ਼ੀ ਰਾਮ, ਵਾਸੀ ਪਿੰਡ ਸਿੱਧਵਾਂ ਸਟੇਸ਼ਨ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਰਾਣੋ ਕਰੜਾ ਪਤਨੀ ਬੂਟਾ ਰਾਮ ਕਰੜਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਪੂਰਨ ਚੰਦ ਪੁੱਤਰ ਬਾਬੂ ਰਾਮ, ਵਾਸੀ ਮਿਰਜਾਨਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਵਰਿੰਦਰ ਕੁਮਾਰ ਅਤੇ ਉਸ ਦੀ ਪਤਨੀ ਗੋਲਡੀ ਦੇਵੀ, ਜੋ ਮੇਰੇ ਅਤੇ ਮੇਰੀ ਪਤਨੀ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਦੇਵ ਕੁਮਾਰ ਪੁੱਤਰ ਨਛੱਤਰ ਰਾਮ, ਵਾਸੀ ਪਿੰਡ ਦਿਆਲਪੁਰ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਵਿੰਦਰ, ਜੋ ਕਿ ਨਸ਼ੇ ਕਰਦਾ ਹੈ ਤੇ ਮੇਰੇ ਕਹਿਣੇ ਤੇ ਕੰਟਰੋਲ ਤੋਂ ਬਾਹਰ ਹੈ ਤੇ ਮੇਰੀ ਅਤੇ ਮੇਰੇ ਪਰਵਾਰ ਦੀ ਇੱਜ਼ਤ-ਮਾਣ ਨਹੀਂ ਕਰਦਾ। ਅੱਜ ਤੋਂ ਮੈਂ ਇਸ ਨਾਲੋਂ ਸਾਰੇ ਰਿਸ਼ਤੇ ਤੋੜਦਾ ਹਾਂ। ਮੇਰਾ ਜਾਂ ਮੇਰੇ ਪਰਵਾਰ ਦਾ ਇਸ ਨਾਲ ਅੱਜ ਤੋਂ ਕੋਈ ਸੰਬੰਧ-ਵਾਸਤਾ ਨਹੀਂ ਹੋਵੇਗਾ। ਜੋ ਵੀ ਇਸ ਨਾਲ ਕਿਸੇ ਕਿਸਮ ਦਾ ਲੈਣ-ਦੇਣ ਜਾਂ ਸੰਬੰਧ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਹਰਭਜਨ ਸਿੰਘ ਪੁੱਤਰ ਹਜਾਰਾ ਸਿੰਘ, ਵਾਸੀ ਪਿੰਡ ਮੁਸਤਫਾਬਾਦ ਸੈਦਾਂ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਲਖਵਿੰਦਰ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਜਰਨੈਲ ਸਿੰਘ ਪੁੱਤਰ ਗੁਰਨਾਮ ਸਿੰਘ ਅਤੇ ਕੁਲਵਿੰਦਰ ਕੌਰ ਪਤਨੀ ਜਰਨੈਲ ਸਿੰਘ ਵਾਸੀਆਨ ਪਿੰਡ ਤੇ ਡਾਕਖਾਨਾ ਮਾਣਕ ਰਾਏ , ਭੋਗਪੁਰ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਰਮਬੀਰ ਸਿੰਘ ਅਤੇ ਉਸ ਦੀ ਪਤਨੀ ਸਿਮਰਨ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰਕ ਮੈਂਬਰਾਂ ਦਾ ਇਹਨਾਂ ਨਾਲ ਕੋਈ ਸੰਬੰਧ ਨਹੀਂ ਹੈ। ਇਹਨਾਂ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਚਰਨਜੀਤ ਸਿੰਘ ਪੁੱਤਰ ਸਵਰਗਵਾਸੀ ਸ੍ ਜਸਵੰਤ ਸਿੰਘ ਵਾਸੀ ਗਲੀ ਨੰਬਰ 2, ਕੋਟ ਮਿਤ ਸਿੰਘ, ਤਰਨਤਾਰਨ ਰੋਡ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਸਾਦੀਸੁਦਾ ਭਰਾ ਰਣਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲੋਂ ਕਾਫੀ ਸਮੇਂ ਤੋਂ ਵੱਖਰਾ ਆਪਣੇ ਪਰਿਵਾਰ ਨਾਲ ਰਹਿ ਰਿਹਾ ਹੈ। ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਮੈਂ ਇਸ ਦੀ ਕਿਸੇ ਵੀ ਕਥਨੀ ਕਰਨੀ ਅਤੇ ਲੈਣ ਦੇਣ ਦਾ ਜ਼ਿੰਮੇਵਾਰ ਨਹੀਂ ਹੋਵਾਂਗਾ

ਮੈਂ, ਜਸਵੰਤ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਪਿੰਡ ਭੁੱਲਰ ਹੰਸ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਮੀਤ ਸਿੰਘ ਤੇ ਉਸ ਦੀ ਪਤਨੀ ਸੁਖਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਲੜਕੇ ਗੁਰਮੀਤ ਸਿੰਘ ਤੇ ਉਸ ਦੀ ਪਤਨੀ ਸੁਖਦੀਪ ਕੌਰ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ-ਦੇਣ ਕਰਨਾ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਅਸ਼ੋਕ ਕੁਮਾਰ ਪੁੱਤਰ ਪ੍ਰਕਾਸ਼ ਚੰਦ ਅਤੇ ਆਸ਼ਾ ਮੁਖੀਜਾ ਪਤਨੀ ਅਸ਼ੋਕ ਕੁਮਾਰ ਵਾਸੀਆਨ ਐੱਮ-38, ਸਾਹਮਣੇ ਵਾਟਰ ਟੈਂਕ, ਗਰੀਨ ਐਵੀਨਿਊ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਧੀਰਜ ਕੁਮਾਰ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ, ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਹਿੰਮਤ ਸਿੰਘ ਪੁੱਤਰ ਹਰਭਜਨ ਸਿੰਘ ਅਤੇ ਰਾਜਵਿੰਦਰ ਕੌਰ ਪਤਨੀ ਸ੍ਰਈ ਹਿੰਮਤ ਸਿੰਘ ਵਾਸੀਆਨ ਪਿੰਡ ਰਾਮਪੁਰ ਸੈਣੀਆਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਪਾਰੂਲ ਪਾਬਲਾ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਿੱਤੂ ਪਤਨੀ ਲੇਟ ਭਾਰਤ ਗਿੱਲ ਵਾਸੀ ਪਿੰਡ ਦਰਾਜ ਕੇ ਤਹਿਸੀਲ ਭਿਖੀਵਿੰਡ ਜ਼ਿਲ੍ਹਾ ਤਰਨਤਾਰਨ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਰਾਹੁਲ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਭੈੜੀ ਸੰਗਤ 'ਚ ਪੈ ਗਿਆ ਹੈ। ਮੈਂ ਉਸ ਨੂੰ ਆਪਣੀ ਸਾਰੀ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੈਂ ਤੇ ਮੇਰਾ ਪਰਵਾਰ ਉਸ ਦੇ ਕਿਸੇ ਵੀ ਲੈਣ-ਦੇਣ ਅਤੇ ਕਥਨੀ-ਕਰਨੀ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਕਰਨਦੀਪ ਸਿੰਘ ਪੀ ਸੀ ਐੱਸ ਕੁਲੈਕਟਰ-ਕਮ-ਉਪ ਮੰਡਲ ਮੈਜਿਸਟਰੇਟ ਜਗਰਾਉਂ
ਕੇਸ ਨੰਬਰ - 01/2025 ਅਪੀਲ ਦਰੁਸਤੀ ਗਿਰਦਾਵਰੀ ਵਾਕਿਆ ਪਿੰਡ ਸਿੱਧਵਾਂ ਬੇਟ-1

ਵਿਸ਼ਾ - ਕੇਸ ਅਧੀਨ ਅਪੀਲ ਦਰੁਸਤੀ ਗਿਰਦਾਵਰੀ ਸੁਖਦਰਸ਼ਨ ਸਿੰਘ ਵਗੈਰਾ ਬਨਾਮ ਰਖਦੇਵੀ ਵਿਧਵਾ ਰਾਮਚੰਦਰ ਵਗੈਰਾ।

ਉਪਰੋਕਤ ਵਿਸ਼ੇ ਸੰਬੰਧੀ ਕੇਸ ਨਿਮਨਹਸਤਾਖਰ ਦੀ ਅਦਾਲਤ ਵਿਚ ਮਿਤੀ 23.10.2025 ਨੂੰ ਸੁਣਵਾਈ ਲਈ ਨਿਸ਼ਚਿਤ ਹੈ। ਇਸ ਅਦਾਲਤ ਵੱਲੋਂ ਸੰਮਨਾਂ ਰਾਹੀਂ ਉੱਤਰਵਾਦੀਆਂ ਦੀ ਤਲਬੀ ਕਰਵਾਈ ਗਈ, ਜਿਸ 'ਤੇ ਰਿਪੋਰਟ ਪ੍ਰਾਪਤ ਹੋਈ ਕਿ ਉੱਤਰਵਾਦੀ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਅਤੇ ਕਾਫੀ ਅਰਸਾ ਪਹਿਲਾਂ ਪਿੰਡ ਵਿੱਚੋਂ ਚਲੇ ਗਏ ਸਨ, ਜੋ ਪਿੰਡ ਵਾਪਸ ਨਹੀਂ ਆਏ। ਸੋ, ਉੱਤਰਵਾਦੀਆਂ ਦੀ ਤਲਬੀ ਲਈ ਇਸ ਅਖਬਾਰ ਇਸ਼ਤਿਹਾਰ ਰਾਹੀਂ ਉੱਤਰਵਾਦੀ ਲੜੀ ਨੰ. 1. ਰਖਦੇਵੀ ਵਿਧਵਾ, 2. ਦੇਵੀ ਚੰਦ ਪੁੱਤਰ, 3. ਬਲਵੰਤ ਰਾਏ ਪੁੱਤਰ, 4. ਜਸਵੰਤ ਰਾਏ ਪੁੱਤਰ, 5. ਚਮਨ ਲਾਲ ਪੁੱਤਰ, 6. ਕੇਵਲ ਕ੍ਰਿਸ਼ਨ ਪੁੱਤਰ, 7. ਜੁਗਲ ਕਿਸ਼ੋਰ ਪੁੱਤਰ ਰਾਮ ਚੰਦ ਪੁੱਤਰ ਸੁੰਦਰ ਦਾਸ, ਵਾਸੀਆਨ ਪਿੰਡ ਸਿੱਧਵਾਂ ਬੇਟ, 8. ਭਗਤ ਰਾਮ ਪੁੱਤਰ ਰੁੜ੍ਹ ਰਾਮ ਪੁੱਤਰ ਠਾਕਰ ਦਾਸ ਰਾਹੀਂ ਵਾਰਸ ਗੁਰਜੰਟ ਸਿੰਘ ਪੁੱਤਰ ਰਾਮ ਨਾਥ, ਵਾਸੀ ਸਿੱਧਵਾਂ ਬੇਟ, ਤਹਿਸੀਲ ਜਗਰਾਉਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰ ਦੀ ਅਦਾਲਤ ਵਿਚ ਮਿਤੀ 23.10.2025 ਨੂੰ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਕੇਸ ਦੀ ਪੈਰਵਾਈ ਕੀਤੀ ਜਾਵੇ ਅਤੇ ਆਪਣਾ ਪੱਖ ਪੇਸ਼ ਕੀਤਾ ਜਾਵੇ। ਇਸ ਦੇ ਬਾਵਜੂਦ ਜੇਕਰ ਉੱਤਰਵਾਦੀ ਹਾਜ਼ਰ ਅਦਾਲਤ ਨਹੀਂ ਹੁੰਦੇ ਤਾਂ ਇਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਇਹ ਅਖਬਾਰ ਇਸ਼ਤਿਹਾਰ ਮੇਰੀ ਅਦਾਲਤ ਵਿਚ ਅਦਾਲਤੀ ਮੋਹਰ ਸਮੇਤ ਅਤੇ ਮੇਰੇ ਹਸਤਾਖਰਾਂ ਹੇਠ ਜਾਰੀ ਕੀਤਾ ਗਿਆ।

ਕੁਲੈਕਟਰ -ਕਮ- ਉਪ ਮੰਡਲ ਮੈਜਿਸਟਰੇਟ ਜਗਰਾਉਂ
No: 2036/PB ਮਿਤੀ 06.10.2025

## ਦਫਤਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਅੰਮ੍ਰਿਤਸਰ-2

### ਨੋਟਿਸ

ਸਮੂਹ ਮੈਂਬਰਾਂ ਦੀ ਬੀ.ਐੱਸ.ਐੱਨ.ਐੱਲ/ਟੈਲੀਕਾਮ ਇੰਪਲਾਈਜ਼ ਅਰਬਨ ਸੈਲਰੀ ਅਰਨਰਜ਼ ਕੋਆਪ੍ਰੇਟਿਵ ਥਰਿਫਟ ਐਂਡ ਕਰੇਡਿਟ ਸਭਾ ਲਿਮ: ਹੈੱਡ ਆਫਿਸ ਅੰਮ੍ਰਿਤਸਰ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਾਉਣ ਲਈ 9 (ਨੌ) ਜ਼ੋਨ ਤਿਆਰ ਕੀਤੇ ਹਨ, ਹਰੇਕ ਜ਼ੋਨ ਵਿੱਚੋਂ ਇਕ ਕਮੇਟੀ ਮੈਂਬਰ ਚੁਣਿਆ ਜਾਣਾ ਹੈ । ਜ਼ੋਨਾਂ ਦੀ ਲਿਸਟ ਅਤੇ ਮੈਂਬਰਾਂ ਦੀ ਸੂਚੀ ਸਭਾ ਦੇ ਨੋਟਿਸ ਬੋਰਡ ਅਤੇ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-2 ਦੇ ਦਫਤਰ 'ਤੇ ਲਗਾਈ ਗਈ ਹੈ। ਜੇਕਰ ਕਿਸੇ ਵੀ ਮੈਂਬਰ ਨੂੰ ਇਨ੍ਹਾਂ ਜ਼ੋਨਾਂ ਦੀ ਬਣਤਰ ਸੰਬੰਧੀ ਕਿਸੇ ਕਿਸਮ ਦਾ ਇਤਰਾਜ਼ ਹੈ ਤਾਂ ਉਹ ਆਪਣਾ ਲਿਖਤੀ ਰੂਪ ਵਿਚ ਇਤਰਾਜ਼ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-2, 270, ਈਸਟ ਮੋਹਨ ਨਗਰ, 100 ਫੁੱਟੀ ਰੋਡ, ਅੰਮ੍ਰਿਤਸਰ-2 ਦੇ ਦਫਤਰ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਮਿਤੀ 03-11-2025 ਤੋਂ ਪਹਿਲਾਂ ਦੇ ਸਕਦਾ ਹੈ।ਜ਼ੋਨਾਂ ਸੰਬੰਧੀ ਪ੍ਰਾਪਤ ਇਤਰਾਜ਼ਾਂ ਦੀ ਸੁਣਵਾਈ ਮਿਤੀ 04-11-2025 ਨੂੰ ਦੁਪਹਿਰ 2.00 ਵਜੇ ਤੱਕ ਨਿਮਨ-ਹਸਤਾਖਰ ਦੇ ਦਫਤਰ ਵਿਚ ਨਿਮਨ-ਹਸਤਾਖਰ ਵੱਲੋਂ ਖੁਦ ਕੀਤੀ ਜਾਵੇਗੀ।

ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-2

## Capital Small Finance Bank

**Capital Small Finance Bank Limited**
H.O: MIDAS Corporate Park, 3rd Floor, 37 G.T. Road, JALANDHAR CITY

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਊਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਮੈਸਰਜ਼ ਕੇ. ਐਸ ਟਰੇਡਿੰਗ ਕੰਪਨੀ, ਪੀ ਡੀ ਡੀ ਏ ਕੰਪਲੈਕਸ ਵਿਖੇ ਸਥਿਤ, ਅੰਮ੍ਰਿਤਸਰ ਰਾਹੀਂ ਇਸ ਦੇ ਮਾਲਕ ਸ੍ਰੀ ਕਰਨਦੀਪ ਸਿੰਘ 2. ਸ੍ਰੀ ਕਰਨਦੀਪ ਸਿੰਘ ਪੁੱਤਰ ਪਰਮਜੀਤ ਸਿੰਘ ਵਾਸੀ ਏ-200, ਰਣਜੀਤ ਐਵੇਨਿਊ, ਅੰਮ੍ਰਿਤਸਰ, ਪੰਜਾਬ-143001 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਸ਼ਰਨਦੀਪ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ 3402, ਅਜ਼ਾਦ ਨਗਰ, ਗਲੀ ਨੰ. 03, ਪੁਤਲੀ ਘਰ, ਅੰਮ੍ਰਿਤਸਰ, ਪੰਜਾਬ-143001 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਬਲਯੂ ਸੀ ਟੀ ਐੱਲ 'ਚ ਰੁਪਏ 12,19,066.10 ਦੀ ਬਕਾਇਆ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਮਿਤੀ 27.02.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਊਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਡਬਲਯੂ ਸੀ ਟੀ ਐੱਲ 'ਚ ਰੁਪਏ 12,19,066.10 ਸਮੇਤ 01.02.2025 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 358 ਮਿਤੀ 11.04.2018 ਅਨੁਸਾਰ ਸ੍ਰੀ ਕਰਨਦੀਪ ਸਿੰਘ ਪੁੱਤਰ ਪਰਮਜੀਤ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 31 ਵਰਗ ਗਜ਼, ਦੁਕਾਨ ਨੰ. 29, ਪਹਿਲੀ ਮੰਜ਼ਲ, ਪੰਡਿਤ ਦੀਨ ਦਿਆਲ ਉਪਾਦਿਆ ਮਾਰਕਿਟ, ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ।

ਸਥਾਨ : ਅੰਮ੍ਰਿਤਸਰ | ਮਿਤੀ : 14.10.2025 | ਸਹੀ/- ਅਧਿਕਾਰਤ ਅਫ਼ਸਰ

## asrec (India) Limited

Regd. Office: 201/202A, Building No. 2, Solitaire Corporate Park, Andheri Ghatkopar Lind Road, Chakala, Andheri (E), Mumbai – 400093. Branch Office- 402, 4th floor, APRA Tower, SCO-130-131-132, Feroze Gandhi Market Ludhiana, Punjab -141001

ਅਚੱਲ ਜਾਇਦਾਦਾਂ ਦੀ ਵਿਕਰੀ ਲਈ ਸਕਿਉਰਿਟੀ ਇਟਰੈਂਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੈਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਂਸਟ ਐਕਟ, 2002 ਤਹਿਤ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈਆਂ ਅਚੱਲ ਜਾਇਦਾਦਾ ਸਕਿਉਰਡ ਕ੍ਰੈਡਿਟਰ ASREC (INDIA) LTD. ਕੋਲ ਰਹਿਣ/ਚਾਰਜਡ ਹਨ, ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜੋ ਵੀ ਹੈ ਜਿਵੇਂ ਹੈ' 'ਉੱਥੇ ਜੋ ਵੀ ਹਾਲਤ 'ਚ ਹੈ ਅਤੇ 'ਨੋ ਰੀਕੋਰਸ' 'ਤੇ ਜੋਖਮ ਸ਼ਾਮਲ, ਜੇਕਰ ਕੋਈ ਹੈ, ਦੇ ਆਧਾਰ 'ਤੇ ਈ-ਨਿਲਾਮੀ ਰਾਹੀਂ ਕੀਤੀ ਜਾਵੇਗੀ।

**ਸਕਿਉਰਡ ਐਸਟਸ (ਅਚੱਲ ਜਾਇਦਾਦਾਂ ਦਾ ਵੇਰਵਾ)**

| | |
|---|---|
| ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਦੇ ਨਾਂਅ ਅਤੇ ਪਤਾ | ਮੈਸਰਜ਼ ਜਤਿੰਦਰ ਗੰਭੀਰ ਹਸਪਤਾਲ ਰਜਿਸਟਰਡ ਦਫਤਰ ਪਤਾ : 23-ਸੀ, ਸ਼ਹੀਦ ਭਗਤ ਸਿੰਘ ਨਗਰ, ਪੱਖੋਵਾਲ ਰੋਡ, ਲੁਧਿਆਣਾ ਰਾਹੀਂ ਸ੍ਰੀਮਤੀ ਜਤਿੰਦਰ ਗੰਭੀਰ ਪਤਨੀ ਡਾ. ਅਰਵਿੰਦਰ ਪਾਲ ਸਿੰਘ, ਮਾਲਕ-ਕਮ-ਗਰੰਟਰ-ਕਮ ਰਹਿਣਕਾਰ<br>ਗਰੰਟਰ : ਡਾ. ਅਰਵਿੰਦਰ ਪਾਲ ਸਿੰਘ ਪੁੱਤਰ ਕਰਤਾਰ ਸਿੰਘ ਪਤਾ: 23-ਸੀ. ਸ਼ਹੀਦ ਭਗਤ ਸਿੰਘ ਨਗਰ, ਪੱਖੋਵਾਲ ਰੋਡ, ਲੁਧਿਆਣਾ |
| ਏ) ਡਿਮਾਂਡ ਨੋਟਿਸ [13(2)] ਦੀ ਮਿਤੀ<br>ਬੀ) ਕਬਜ਼ਾ ਨੋਟਿਸ [13(4)] ਦੀ ਮਿਤੀ<br>ਸੀ) ਮਿਤੀ 12.07.2017 ਨੂੰ ਡੀ ਆਰ ਟੀ ਚੰਡੀਗੜ੍ਹ ਵੱਲੋਂ ਆਰ ਸੀ ਮੁਤਾਬਕ ਦਾਅਵਾ ਰਾਸ਼ੀ<br>ਡੀ) 30.09.2025 ਨੂੰ ਪੀ ਓ ਐੱਸ | ਏ) 01.07.2013<br>ਬੀ) 05.09.2013<br>ਸੀ) 23.12.2014 ਨੂੰ ਰੁਪਏ 8.62.64.101.00 (ਅੱਠ ਕਰੋੜ ਬਾਹਠ ਲੱਖ ਚੌਂਹਠ ਇੱਕ ਸੌ ਇੱਕ ਰੁਪਏ ਕੇਵਲ) ਜਮ੍ਹਾਂ ਅਦਾਇਗੀ ਦੀ ਮਿਤੀ ਤੱਕ ਵਿਆਜ ਅਤੇ ਲਾਗਤਾਂ, ਚਾਰਜਿਜ਼ ਅਤੇ ਖਰਚੇ।<br>ਡੀ) ਰੁਪਏ 26.60.28,069.00/- (ਛੱਬੀ ਕਰੋੜ ਸੱਠ ਲੱਖ ਅਠਾਈ ਹਜ਼ਾਰ ਉਨੱਤਰ ਰੁਪਏ ਕੇਵਲ) |
| ਕਬਜ਼ੇ ਦੀ ਕਿਸਮ : | ਕਬਜ਼ੇ ਦੀ ਕਿਸਮ : ਸੰਕੇਤਕ ਕਬਜ਼ਾ ASREC (India) Ltd. ਐਸਰੈਕ (ਇੰਡੀਆ) ਲਿਮਟਿਡ ਨੂੰ ਸਕਿਉਰਡ ਐਸਟਸ ਦੇ ਭੌਤਿਕ ਕਬਜ਼ੇ ਲਈ ਜ਼ਿਲ੍ਹਾ ਮੈਜਿਸਟਰੇਟ ਦੀਆਂ ਹਦਾਇਤਾਂ ਵਾਸਤੇ ਸੀ ਡਬਲਯੂ ਪੀ ਐਂਡ ਐਚ ਐਚ ਸੀ 'ਚ ਦਰਜ ਕੀਤੀ ਜਾ ਚੁੱਕੀ ਹੈ। |
| ਸਕਿਉਰਡ ਐੱਸਟਸ ਦਾ ਵੇਰਵਾ | ਬੈਨਾਮਾ ਵਸੀਕਾ ਨੰ. 13140 ਮਿਤੀ 07.10.2003 ਅਨੁਸਾਰ ਸ੍ਰੀਮਤੀ ਜਤਿੰਦਰ ਗੰਭੀਰ ਦੇ ਨਾਂਅ ਨਿਰਮਤ ਹਸਪਤਾਲ (ਧਰਾਤਲ ਮੰਜ਼ਲ + ਪਹਿਲੀ ਮੰਜ਼ਲ + ਦੂਜੀ ਮੰਜ਼ਲ + ਉਪਰਲੀ ਮੰਜ਼ਲ) ਪਲਾਟ ਨੰ. 23-ਸੀ 'ਤੇ ਸਥਿਤ, ਸ਼ਹੀਦ ਭਗਤ ਸਿੰਘ ਨਗਰ, ਪੱਖੋਵਾਲ ਰੋਡ ਲੁਧਿਆਣਾ ਰਕਬਾ 445 ਵਰਗ ਗਜ਼, ਖਸਰਾ ਨੰ. 67//17, ਖੱਤਾ ਨੰ. 1823/1956 ਜਮ੍ਹਾਂਬੰਦੀ ਸਾਲ 2000-01. ਪਿੰਡ ਸੁਨੇਤ ਵਿਖੇ ਸਥਿਤ ਤਹਿਸੀਲ ਦੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਸੜਕ 35', ਪੱਛਮ : ਪਲਾਟ ਨੰ. 24 ਸੀ 35', ਉੱਤਰ : ਪਲਾਟ ਨੰ. 22-ਸੀ 115', ਦੱਖਣ : ਸੜਕ 100' |
| ਰਾਖਵੀਂ ਕਿਮਤ<br>ਰਕਮ ਬਿਆਨਾ ਜਮ੍ਹਾਂ<br>ਘੱਟੋ-ਘੱਟ ਬੋਲੀ ਵਾਧਾ ਰਕਮ | ਰੁਪਏ 347.00 ਲੱਖ (ਤਿੰਨ ਕਰੋੜ ਸੰਤਾਲੀ ਲੱਖ ਰੁਪਏ ਕੇਵਲ)<br>ਰੁਪਏ 34.70 ਲੱਖ (ਚੌਂਤੀ ਲੱਖ ਸੱਤਰ ਹਜ਼ਾਰ ਰੁਪਏ ਕੇਵਲ)<br>ਰੁਪਏ 3.50 ਲੱਖ (ਤਿੰਨ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) |
| ਐੱਸਰੈਕ (ਇੰਡੀਆ ਲਿਮਟਿਡ ਵੱਲੋਂ ਸਕਿਉਰਡ ਐੱਸਟਸ ਜਾਣੇ ਜਾਂਦੇ ਸੰਬੰਧ 'ਚ ਜੋਖਮ/ਆਰਡਰਜ਼ | ਰੈਪਟ ਨੰ. 892 ਮਿਤੀ 17.04.2018 ਵਿਸ਼ੇ ਵਾਲੀ ਜਾਇਦਾਦ ਦੀ ਅਟੈਚਮੈਂਟ ਪੀ ਕੇ ਐੱਫ ਫਾਇਨਾਂਸ ਲਿਮਟਿਡ ਐਸਰੈਕ ਦੇ ਅਨਸਕਿਉਰਡ ਕਰਜ਼ੇ ਦੀ ਰਿਕਵਰੀ ਲਈ ਮਾਲੀਆ ਰਿਕਾਰਡ 'ਚ ਦਰਜ ਕੀਤੀ ਗਈ ਹੈ । ASREC (India) Ltd. ਦੇ ਵੱਲੋਂ PKF Finance Ltd. ਦੇ ਵਸੂਲੀ ਕਾਰਵਾਈ ਦੇ ਖਿਲਾਫ ਇਤਰਾਜ ਦਰਜ਼ ਕੀਤੇ ਹਨ, ਜੋ ਕਿ ਅਦਾਲਤੀ ਹੁਕਮਾਂ ਲਈ ਲੰਬਿਤ ਹਨ। |
| ਜਾਇਦਾਦ ਦੇ ਨਿਰੀਖਣ ਦੀ ਮਿਤੀ ਅਤੇ ਸਮਾਂ: 28.10.2025 (01.00 ਬਾਅਦ ਦੁਪਹਿਰ ਤੋਂ 2.00 ਵਜੇ ਸ਼ਾਮ ਤੱਕ) | |
| ਬੋਲੀ ਜਮਾਂ ਕਰਨ ਦੀ ਆਖਰੀ ਮਿਤੀ : 04.11.2025 (ਸਵੇਰੇ 09.00 ਤੋਂ ਸ਼ਾਮ 05.00 ਤੱਕ ਦਫ਼ਤਰੀ ਕੰਮ ਵਾਲਾ ਸਮਾਂ) | |
| ਈ-ਨਿਲਾਮ ਦੀ ਮਿਤੀ : 06.11.2025 ਦੁਪਹਿਰ 1.00 ਵਜੇ ਤੋਂ ਸ਼ਾਮ 2.00 ਵਜੇ ਤੱਕ (ਕਿਰਿਆਸ਼ੀਲ ਉਲਟ ਬੋਲੀ ਦੇ ਸਮੇਂ ਤੋਂ ਹਰੇਕ 5 ਮਿੰਟ ਦਾ ਵਾਧਾ) | |

ਵਿਕਰੀ ਦੀਆਂ ਵਿਸਤ੍ਰਿਤ ਸ਼ਰਤਾਂ ਅਤੇ ਪ੍ਰਤੀਬੰਧਾਂ ਲਈ ਕ੍ਰਿਪਾ ਕਰਕੇ ASREC (INDIA) LTD, ਵੈੱਬਸਾਈਟ www.asrecindia.co.in ਵੱਲੋਂ ਪ੍ਰਦਾਨ ਕੀਤੇ ਲਿੰਕ ਨੂੰ ਵੇਖੋ ਜੋ ਕਿ ਵੈੱਬਸਾਈਟ 'ਤੇ ਵੀ ਸੁਲੱਭ ਹੈ : https://sarfaesi.auctiontiger.net of e-auction Service Provider E-Procurement , Technologies Ltd., Auction Tiger, Ahmedabad. ਚਾਹਵਾਨ ਬੋਲੀਦਾਤਾ ਕੋਲ ਜਾਇਜ਼ ਈ-ਮੇਲ ਪਤਾ ਹੋਵੇ। ਸੰਪਰਕ ਕਰੋ : M/s E-Procurement Technologies Ltd., (Auction Tiger) Mr. Ram Prasad, Mobile No 8000023297. ਸਪੋਰਟ ਹੈਲਪ ਡੈਸਕ ਨੰ. 9265562818/9265562819/9265562821 ਹਨ ਕਿਸੇ ਵੀ ਪੁੱਛਗਿੱਛ ਲਈ ਕ੍ਰਿਪਾ ਕਰਕੇ ਅਧਿਕਾਰਤ ਅਫਸਰ ਰਾਜੀਵ ਘਈ ਮੋਬਾਇਲ ਨੰ. 7011926017, ਲੈਂਡਲਾਈਨ ਨੰ. 0161-4625488, ਈਮੇਲ ਆਈ ਡੀ - asrec.ludhiana@asrecindia.co.in ਨਾਲ ਕੰਮ ਕਾਜ ਵਾਲੇ ਦਿਨ (ਸ਼ਨੀਵਾਰ ਤੋਂ ਇਲਾਵਾ) ਦਫਤਰ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

ਇਹ ਵਿਕਰੀ ਨੋਟਿਸ ਸਰਫੇਸੀ ਐਕਟ (ਇਨਫੋਰਸਮੈਂਟ) ਰੂਲ 2002 ਦੇ ਨਿਯਮ 9 (1) ਤਹਿਤ ਬਣਾਏ ਗਏ ਨਿਯਮ ਅਧੀਨ ਉਕਤ ਕਰਜ਼ਦਾਰ ਅਤੇ ਗਾਰੰਟਰ/ਰਹਿਣਕਾਰਾਂ ਲਈ 15 ਦਿਨਾਂ ਦਾ ਵਿਧਾਨਕ ਸੇਲ ਨੋਟਿਸ ਦੇ ਤੌਰ 'ਤੇ ਮੰਨਿਆ ਜਾਵੇ, ਜਿਸ ਦੇ ਤਹਿਤ ਉਨ੍ਹਾਂ ਨੂੰ ਉਕਤ ਦੱਸੀ ਮਿਤੀ ਅਤੇ ਸਮੇਂ ਨੂੰ ਨਿਲਾਮੀ/ਵਿਕਰੀ ਬਾਰੇ ਸੂਚਿਤ ਕੀਤਾ ਜਾਂਦਾ ਹੈ ਅਤੇ ਉਕਤ ਦੱਸੀ ਬਕਾਇਆ ਰਾਸ਼ੀ ਸਮੇਤ ਭਵਿੱਖੀ ਵਿਆਜ, ਲਾਗਤ ਅਤੇ ਖਰਚੇ ਦਾ ਭੁਗਤਾਨ ਕਰਕੇ ਉਕਤ ਜਾਇਦਾਦ ਰੀਡੀਮ ਕਰ ਲੈਣ ਦੀ ਸਲਾਹ ਦਿੱਤੀ ਜਾਂਦੀ ਹੈ। ਭੁਗਤਾਨ ਨਾ ਕਰਨ ਦੀ ਸੂਰਤ ਵਿੱਚ ਪ੍ਰਾਪਰਟੀ ਸਿਕਿਉਰਿਟੀ ਇੰਟਰਸਟ (ਐਨਫੋਰਸਮੈਂਟ) ਰੂਲ 2002 ਦੇ ਅਧੀਨ ਕਿਸੇ ਵੀ ਨਿਰਧਾਰਤ ਢੰਗ ਨਾਲ ਵੇਚਣਾ ਅਧਿਕਾਰਤ ਅਫਸਰ/ ਸੁਰੱਖਿਆ ਕ੍ਰੈਡਿਟਰ ਦੀ ਮਰਜ਼ੀ 'ਤੇ ਨਿਰਭਰ ਕਰੇਗਾ।

ਸਹੀ/- ਅਧਿਕਾਰਤ ਅਫਸਰ
ਮਿਤੀ : 16.10.2025, ਸਥਾਨ : ਲੁਧਿਆਣਾ
In the capacity as Trustee of ASREC-PS 10/2017-18 Trust

## COURT NOTICE

In the Court of Ms. Shanu Goyal Judicial Magistrate - Ist Class, Ludhiana
CNR No. :- PBLD03-096342-2022
Next Date:-06-11-2025
Detail of offence:-
Au Small Finance Bank
Vs.
Gagandeep Singh
Notice To:
Gagandeep Singh
:- S/o Sh. Ajit Singh R/o 122, Village Daudpur, Chak Mafi, Khanna, Ludhiana-141417

In above titled case, the accused could not be served. It is ordered that accused should appear in person or through counsel on 06-11-2025 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate 1st Class,
Ludhiana
Dated, this day of 08-10-2025

## COURT NOTICE

(U/o 5 Rule 20 CPC)
In the Court of
Ms. Manni Arora
Civil Judge (Senior Division), Patiala
CNR No. PBPT02-003995-2024
Next Date:- 13-11-2025
Sushma Rani
Vs.
General Public
Publication Issued To:
General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-11-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge (Senior Division)
Patiala
Dated, this day of 13-10-2025

## COURT NOTICE

(U/o 5 Rule 20 CPC)
In the Court of
Ms. Amandish Kaur
Civil Judge (Junior Division), Ludhiana
CNR No. PBLD02-011850-2024
Next Date:- 10-11-2025
Punjab National Bank
Vs.
Gurcheen Singh (Borrower)
Publication Issued To:
1. Gurcheen Singh (Borrower) S/o S. Mukhtiar Singh R/o Vill. And PO. Rattowal, Tehsil and Distt. Ludhiana
2. Gurbachan Singh S/o S. Fatih Singh R/o Village & PO. Rattowal, Tehsil and Distt. Ludhiana (Guarantor)

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 10-11-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division)
Ludhiana
Dated, this day of 13-10-2025


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

16 Oct Page 8.qxd 10/15/2025 10:35 PM Page 1



## ਰਾਜਾ ਨੇ ਪੰਚਾਇਤ ਘਰ ਦਾ ਰੱਖਿਆ ਨੀਂਹ ਪੱਥਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸੂਬੇ ਵਿੱਚ ਮੌਜੂਦਾ ਭਗਵੰਤ ਸਿੰਘ ਮਾਨ ਸਰਕਾਰ ਵਲੋਂ ਸੂਬੇ ਨੂੰ ਖੁਸ਼ਹਾਲ ਬਣਾਉਣ ਲਈ ਸੂਬੇ ਅੰਦਰ ਵਿਕਾਸ ਕਾਰਜਾਂ ਨੂੰ ਜੰਗੀ ਪੱਧਰ ਤੇ ਨੇਪਰੇ ਚਾੜ੍ਹਿਆ ਜਾ ਰਿਹਾ ਹੈ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਜਸਵੀਰ ਸਿੰਘ ਰਾਜਾ



ਗਿੱਲ ਨੇ ਪਿੰਡ ਕੰਧਾਲਾ ਜੱਟਾਂ ਵਿਖੇ 25 ਲੱਖ ਰੁ. ਦੀ ਲਾਗਤ ਨਾਲ ਨਵੇਂ ਬਣਨ ਜਾ ਰਹੇ ਪੰਚਾਇਤ ਘਰ ਦਾ ਨੀਂਹ ਪੱਥਰ ਰੱਖਣ ਸਮੇਂ ਕੀਤਾ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵਲੋਂ ਲੋਕਾਂ ਨੂੰ ਮਿਆਰੀ ਅਤੇ ਵਧੀਆਂ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨ ਬੱਧ ਹੈ। ਉਨ੍ਹਾਂ ਹੋਰ ਕਿਹਾ ਸਰਕਾਰ ਦਾ ਟੀਚਾ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤਕ ਬਰਾਬਰ ਵਿਕਾਸ ਨੂੰ ਯਕੀਨੀ ਬਣਾਉਣਾ ਹੈ ਅਤੇ ਆਪਣੇ ਇਸ ਟੀਚੇ ਦੀ ਪ੍ਰਾਪਤੀ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿੱਚ ਸਰਕਾਰ ਵੱਲੋਂ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਮੌਕੇ ਸਮੂਹ ਪੰਚਾਇਤ ਦੇ ਨੁਮਾਇੰਦਿਆਂ ਨੇ ਅਪੀਲ ਕੀਤੀ ਕਿ ਪਿੰਡ ਵਿੱਚ ਰਹਿੰਦੇ ਹੋਏ ਵਿਕਾਸ ਕਾਰਜ ਪਹਿਲ ਦੇ ਅਧਾਰ ਤੇ ਕਰਵਾਏ ਜਾਣ ਤਾਂ ਜੋ ਸਰਕਾਰ ਦੇ ਟੀਚੇ ਨੂੰ ਪੂਰਾ ਕੀਤਾ ਜਾ ਸਕੇ। ਇਸ ਮੌਕੇ ਨਗਰ ਨਿਵਾਸੀਆਂ ਨੇ ਵਿਧਾਇਕ ਜਸਵੀਰ ਸਿੰਘ ਰਾਜਾ ਅਤੇ ਪਹੁੰਚਿਆ ਹੁਣ ਨਾ ਬਖ਼ਸ਼ੀਸ਼ਾਂ ਦਾ ਸਨਮਾਨ ਵੀ ਕੀਤਾ। ਇਸ ਮੌਕੇ ਸੰਗਠਨ ਇੰਚਾਰਜ ਕੇਸਰ ਸਿੰਘ ਸੈਣੀ, ਸਰਪੰਚ ਹਰਪ੍ਰੀਤ ਕੌਰ ਕੰਧਾਲਾ ਜੱਟਾਂ, ਸਰਪੰਚ ਸੁਖਵਿੰਦਰ ਜੀਤ ਸਿੰਘ ਝਾਵਰ, ਬਲਾਕ ਪ੍ਰਧਾਨ ਅਰਜਵੀਰ ਸਿੰਘ ਹੇਮਾ, ਬਲਾਕ ਪ੍ਰਧਾਨ ਹਰਭਜਨ ਸਿੰਘ ਢਿੱਲੋਂ, ਗੁਰਦੀਪ ਸਿੰਘ ਧੋਪੀ, ਬਲਾਕ ਪ੍ਰਧਾਨ ਸਰਪੰਚ ਮਨਪ੍ਰੀਤ ਸਿੰਘ ਗੋਲਡੀ ਨਰਵਾਲ, ਪੰਚ ਸੁਚਾ ਸਿੰਘ, ਨੰਬਰਦਾਰ, ਪੰਚ ਤਰਸੇਮ ਸਿੰਘ, ਪੰਚ ਬਲਦੇਵ ਸਿੰਘ, ਪੰਚ ਦਰਸ਼ਨ ਕੌਰ, ਕੁਲਵੰਤ ਸਿੰਘ, ਮਨਜੀਤ ਸਿੰਘ ਧਾਲੀਵਾਲ, ਪਰਦੀਪ ਸਿੰਘ, ਜਗਜੀਤ ਸਿੰਘ ਲਾਡਾ, ਸੈਕਟਰੀ ਮਨਜੀਤ ਸਿੰਘ, ਸੁਖਜੀਤ ਸਿੰਘ, ਬਾਬਾ ਮੋਹਣ ਸਿੰਘ, ਮਨਦੀਪ ਸਿੰਘ ਮੰਨਾ ਵੀ ਹਾਜ਼ਰ ਸਨ।

## ਵਿਧਾਇਕ ਨੇ 5.79 ਕਰੋੜ ਨਾਲ ਬਣਨ ਵਾਲੀਆਂ ਸੜਕਾਂ ਦਾ ਕੀਤਾ ਉਦਘਾਟਨ

**ਲਾਲੜੂ (ਵਿਨੈ ਕੁਮਾਰ ਜੈਨ)**- ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ 15 ਅਕਤੂਬਰ ਨੂੰ ਡੇਰਾਬੱਸੀ ਹਲਕੇ ਵਿੱਚ ਲਿੰਕ ਸੜਕਾਂ ਦੇ ਨਵੀਨੀਕਰਨ ਪ੍ਰੋਜੈਕਟ ਅਧੀਨ ਚੱਲ ਰਹੇ ਸੜਕ ਨਿਰਮਾਣ ਕਾਰਜਾਂ ਦਾ ਵਿਸਥਾਰਤ ਨਿਰੀਖਣ ਕੀਤਾ ਤੇ ਅੱਗੇ ਹੋਣ ਵਾਲੇ ਕੰਮ



ਪਾਉਣ ਦੇ ਕੰਮ ਦਾ ਉਦਘਾਟਨ ਕੀਤਾ। ਚੱਲ ਰਹੇ ਕੰਮਾਂ ਦੀ ਕੁੱਲ ਲਾਗਤ 5 ਕਰੋੜ 79 ਲੱਖ 48 ਹਜ਼ਾਰ ਰੁਪਏ ਹੈ, ਜਿਸ ਵਿੱਚ ਕੁੱਲ 25.48 ਕਿਲੋਮੀਟਰ ਲੰਬਾਈ ਵਾਲੀਆਂ 11 ਸੜਕਾਂ ਸ਼ਾਮਲ ਹਨ।ਨਿਰੀਖਣ ਦੌਰਾਨ, ਵਿਧਾਇਕ ਨੇ ਸਬੰਧਤ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਕੰਮ ਦੀ ਗੁਣਵੱਤਾ ਨਾਲ ਸਮਝੌਤਾ ਨਾ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਕਿ ਨਿਰਮਾਣ ਕਾਰਜ, ਵਰਕ ਆਰਡਰ ਵਿੱਚ ਨਿਰਧਾਰਤ ਤਕਨੀਕੀ ਵਿਸ਼ੇਸ਼ਤਾਵਾਂ ਅਨੁਸਾਰ ਕੀਤੇ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਕੰਮਾਂ ਦੀ ਨਿਯਮਤ ਤੌਰ 'ਤੇ ਨਿਗਰਾਨੀ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਕੀਤੀ ਜਾ ਰਹੀ ਹੈ, ਜਿਨ੍ਹਾਂ ਨੇ ਸਾਰੇ ਵਿਧਾਇਕਾਂ ਨੂੰ ਚੱਲ ਰਹੇ ਜਨਤਕ ਕੰਮਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।ਮੌਜੂਦਾ ਵਿਕਾਸ ਕਾਰਜਾਂ ਅਧੀਨ ਬਣਾਈਆਂ ਜਾਂ ਅਪਗ੍ਰੇਡ ਕੀਤੀਆਂ ਜਾ ਰਹੀਆਂ 11 ਸੜਕਾਂ ਵਿੱਚ ਤੇਵਾਪੁਰ ਤੋਂ ਮੀਆਂਪੁਰ ਸਮੇਤ ਫਿਰਨੀ (72.61 ਲੱਖ), ਲਾਲੜੂ ਤੋਂ ਮੀਆਂਪੁਰ ਵਾਇਆ ਆਗਾਪੁਰ ਅਤੇ ਭਗਵਾਸੀ (97.08 ਲੱਖ, ਕੁਰਲੀ ਤੋਂ ਸਰਸੀਣੀ (25.54 ਲੱਖ), ਮਿਰਜ਼ਾ ਲਿੰਕ ਰੋਡ ਪੁਨਸਰ (9.98 ਲੱਖ), ਜਲਤਾਨਾ ਖੁਰਦ ਤੋਂ ਬਸੋਲੀ(75.53 ਲੱਖ), ਚੰਦੇਹੜੀ ਤੋਂ ਤਫਾਪੁਰ (40.32 ਲੱਖ), ਅੰਬਾਲਾ ਚੰਡੀਗੜ੍ਹ ਰੋਡ ਤੋਂ ਜੜੌਤ ਵਾਇਆ ਬਟੋਲੀ ਸਮੇਤ ਫਿਰਨੀ ਸੈਕਸ਼ਨ ਅੰਬਾਲਾ ਚੰਡੀਗੜ੍ਹ ਰੋਡ ਤੋਂ ਬਟੋਲੀ (65.28 ਲੱਖ), ਮੀਰਪੁਰ ਤੋਂ ਕਸੌਲੀ ਵਾਇਆ ਧੀਰੇਮਾਜਰਾ (79.72 ਲੱਖ), ਅੰਬਾਲਾ ਚੰਡੀਗੜ੍ਹ ਰੋਡ ਤੋਂ ਲਾਲੜੂ ਮੀਆਂਪੁਰ ਰੋਡ ਵਾਇਆ ਦੱਪਰ ਫਿਰਨੀ ਸਮੇਤ ਤਗਾਪੁਰ (ਸੈਕਸ਼ਨ ਮੀਆਂਪੁਰ ਰੋਡ ਤੋਂ ਵਾਇਆ ਦੱਪਰ, ਤੋਗਾ ਪੁਰ, ਫਿਰਨੀ ਸਮੇਤ) (62.90 ਲੱਖ), ਕਸੌਲੀ ਤੋਂ ਤਸਿੰਬਲੀ ਵਾਇਆ ਬਸੋਲੀ (39.00 ਲੱਖ) ਅਤੇ ਆਰਸੀ ਰੋਡ ਤੋਂ ਛੱਤ ਬਾਰੀ ਰੋਡ ਤੋਂ ਨਰਾਇਣਗੜ੍ਹ ਝੁੱਗੀਆਂ (11.52 ਲੱਖ) ਸ਼ਾਮਿਲ ਹਨ।

## ਐੱਮ ਪੀ ਕੰਗ ਨੇ ਨਿੱਘੀ ਛਿੰਝ ਮੇਲੇ 'ਚ ਕੀਤੀ ਸ਼ਿਰਕਤ

**ਬਲਾਚੌਰ (ਜਸਵਿੰਦਰ ਬੈਂਸ)**- ਪਿੰਡ ਨਿੱਘੀ ਵਿਖੇ ਆਯੋਜਿਤ ਛਿੰਝ ਮੇਲੇ ਮੌਕੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਅਤੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨਾਲ ਮਿਲ ਕੇ ਸ਼ਿਰਕਤ ਕੀਤੀ। ਮੇਲੇ ਦੌਰਾਨ ਖਿਡਾਰੀਆਂ ਦੇ ਜੋਸ਼ ਅਤੇ ਉਤਸ਼ਾਹ ਨੂੰ ਦੇਖ ਕੇ ਮਨ ਪ੍ਰਸੰਨ ਹੋਇਆ। ਇਸ



ਤਰ੍ਹਾਂ ਦੇ ਸਮਾਗਮ ਸਾਡੀ ਪੁਰਾਤਨ ਖੇਡ ਸੰਸਕ੍ਰਿਤੀ ਨੂੰ ਜਿਊਂਦਾ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਖੇਡ ਮੇਲੇ ਵਿੱਚ ਇਲਾਕੇ ਭਰ ਦੀਆਂ ਟੀਮਾਂ ਨੇ ਹਿੱਸਾ ਲਿਆ, ਜਿਸ ਨੇ ਦਰਸ਼ਕਾਂ ਵਿੱਚ ਖੇਡ ਪ੍ਰਤੀ ਭਾਰੀ ਜੋਸ਼ ਪੈਦਾ ਕੀਤਾ। ਇਸ ਸ਼ਾਨਦਾਰ ਸਮਾਗਮ ਵਿੱਚ ਸੀਨੀਅਰ ਆਮ ਆਦਮੀ ਪਾਰਟੀ ਦੇ ਆਗੂ ਅਸ਼ੋਕ ਕਟਾਰੀਆ ਨੇ ਮੈਂਬਰ ਪਾਰਲੀਮੈਂਟ ਮਾਲਵਿੰਦਰ ਕੰਗ ਨਾਲ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਸਾਡੀ ਵਿਰਾਸਤ ਦਾ ਅਹਿਮ ਹਿੱਸਾ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਲਈ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਅਸ਼ੋਕ ਕਟਾਰੀਆ ਨੇ ਇਸ ਮੌਕੇ ਸਮੂਹ ਪਿੰਡ ਵਾਸੀਆਂ ਨਾਲ ਮਿਲ ਕੇ ਛਿੰਝਾਂ ਪ੍ਰਤੀ ਆਪਣਾ ਪਿਆਰ ਜਤਾਇਆ ਅਤੇ ਮੇਲੇ ਦੇ ਸਫਲ ਆਯੋਜਨ ਲਈ ਪ੍ਰਬੰਧਕ ਕਮੇਟੀ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਅਸ਼ੋਕ ਕਟਾਰੀਆ, ਮਨਜੀਤ ਸਿੰਘ ਘੁੰਮਣ ਚੇਅਰਮੈਨ ਐਕਸ ਸਰਵਿਸਮੈਨ ਪੰਜਾਬ, ਪ੍ਰਧਾਨ ਨਗਰ ਕੌਂਸਲ ਸੁਨੀਲ ਕੌਂਸਲ (ਲਾਡੀ ਰਾਣਾ), ਸੇਠੀ ਉਧਨਵਾਲ ਚੇਅਰਮੈਨ ਮਾਰਕਿਟ ਕਮੇਟੀ ਬਲਾਚੌਰ, ਬਲਦੇਵ ਰਾਜ ਮੈਂਬਰ ਗੁੱਜਰ ਵੈਲਫੇਅਰ ਬੋਰਡ, ਅਜੇ ਰਾਣਾ (ਬਿੱਟੂ ) ਐਮਸੀ, ਰਣਵੀਰ ਸਿੰਘ ਬਲਾਕ ਪ੍ਰਧਾਨ, ਕੁਲਦੀਪ ਕੁਮਾਰ ਪ੍ਰਧਾਨ ਐੱਸ ਸੀ ਵਿੰਗ ਬਲਾਚੌਰ ਆਦਿ ਹਾਜ਼ਰ ਸਨ।

## ਕਬੱਡੀ ਨੈਸ਼ਨਲ ਸਟਾਈਲ ਦੇ ਟੂਰਨਾਮੈਂਟ ਦਾ ਆਗਾਜ਼

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਰਾਜ ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਕੁਲਜੀਤ ਸਰਹਾਲ ਨੇ 69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਨੈਸ਼ਨਲ ਸਟਾਈਲ ਕਬੱਡੀ ਉਮਰ ਵਰਗ 19 ਸਾਲ ਦੇ ਲੜਕਿਆਂ ਦੇ ਟੂਰਨਾਮੈਂਟ ਦੀ ਸ਼ੁਰੂਆਤ ਕਰਵਾਉਂਦਿਆਂ ਖੇਡਾਂ ਨਾਲ ਹੀ ਸਿਹਤਮੰਦ ਜੀਵਨ ਅਤੇ ਸਮਾਜ ਦੀ ਸਿਰਜਣਾ ਦਾ ਸੁਪਨਾ ਸਾਕਾਰ ਕੀਤਾ ਜਾ ਸਕਦਾ ਹੈ। 15 ਅਕਤੂਬਰ ਨੂੰ ਇੱਥੇ ਟੂਰਨਾਮੈਂਟ ਦੇ ਆਗਾਜ਼ ਮੌਕੇ



ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਵਾਈਸ ਚੇਅਰਮੈਨ ਕੁਲਜੀਤ ਸਰਹਾਲ ਨੇ ਕਿਹਾ ਕਿ ਖੇਡਾਂ ਦੇ ਖੇਤਰ ਅੰਦਰ ਦੁਨੀਆ ਭਰ ਵਿਚ ਪੰਜਾਬ ਦੀ ਵਿਲੱਖਣ ਪਛਾਣ ਹੈ ਅਤੇ ਪੰਜਾਬੀ ਨੌਜਵਾਨਾਂ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਵਿਚ ਤਮਗੇ ਜਿੱਤਣ ਦੀ ਪ੍ਰਤਿਭਾ ਅਤੇ ਜਨੂੰਨ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਨੂੰ ਖੇਡਾਂ ਦੇ ਉੱਤਮ ਕੇਂਦਰ ਵਜੋਂ ਸਥਾਪਿਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।

## ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਮਨਾਉਣਗੇ ਕਾਲੀ ਦੀਵਾਲੀ

**ਮੋਹਿਆਣਾ (ਜਗਤਾਰ ਸਿੰਘ ਡੂੰਗਰਨੀ)**- ਅਧਿਆਪਕਾਂ ਦੀ ਸਿਰਮੌਰ ਜੱਥੇਬੰਦੀ ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਕੋਟ ਫੱਤੂਹੀ ਦੀ ਇੱਕ ਵਿਸ਼ੇਸ਼ ਮੀਟਿੰਗ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਦੀ ਅਗਵਾਈ ਵਿੱਚ ਕੋਟ ਫੱਤੂਹੀ ਵਿਖੇ ਹੋਈ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਬੇਰੁੱਖੀ ਦੇ ਖ਼ਿਲਾਫ਼ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਇਸ ਸਾਲ ਵੀ ਕਾਲੀ ਦੀਵਾਲੀ ਮਨਾਉਣਗੇ।ਸਰਕਾਰ ਦੇ ਸਾਢੇ ਤਿੰਨ ਸਾਲ ਬੀਤ ਜਾਣ ਤੇ ਵੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ 'ਜਿਓਂ ਦੀਆਂ ਤਿਓਂ' ਹਨ।ਪੁਰਾਣੀ ਪੈਨਸ਼ਨ ਬਹਾਲ ਕਰਨ, ਮਹਿੰਗਾਈ ਭੱਤੇ ਅਤੇ ਪੇਅ-ਕਮਿਸ਼ਨ ਦੇ ਬਕਾਏ, ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮ ਪੱਕੇ ਕਰਨ, ਕੱਟੇ 37 ਭੱਤੇ ਅਤੇ ਏ.ਸੀ.ਪੀ ਬਹਾਲ ਕਰਨ, ਪੈਨਸ਼ਨਰਾਂ ਲਈ 2.59 ਗੁਣਾਂਕ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਕੇਂਦਰੀ ਪੇਅ-ਕਮਿਸ਼ਨ ਰੱਦ ਕਰਨ ਅਤੇ ਕਈ ਹੋਰ ਹੱਕੀ ਅਤੇ ਜਾਇਜ਼ ਮੰਗਾਂ ਵੱਲ ਸਰਕਾਰ ਕੋਈ ਧਿਆਨ ਨਹੀਂ ਦੇ ਰਹੀ ਅਤੇ ਮੁਲਾਜ਼ਮ-ਪੈਨਸ਼ਨਰ ਵਰਗ ਨੂੰ ਨਜ਼ਰ ਅੰਦਾਜ਼ ਕਰ ਰਹੀ ਹੈ।ਆਗੂਆਂ ਨੇ ਕਿਹਾ 2 ਨਵੰਬਰ ਤਰਨਤਾਰਨ ਵਿਖੇ ਝੰਡਾ ਮਾਰਚ, 8 ਨਵੰਬਰ ਨੂੰ ਜਲੰਧਰ ਆਮ ਇਜਲਾਸ, 16 ਨਵੰਬਰ ਸੰਗਰੂਰ ਸੂਬਾ ਪੱਧਰੀ ਰੈਲੀ ਅਤੇ 25 ਨਵੰਬਰ ਨੂੰ ਦਿੱਲੀ ਵਿਖੇ ਕੀਤੇ ਜਾ ਰਹੇ ਐਕਸ਼ਨਾਂ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਵੱਧ ਚੜ੍ਹ ਕੇ ਭਾਗ ਲੈਣਗੇ।ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਕਰਕੇ ਉਨ੍ਹਾਂ ਨਾਲ ਨਿਆਂ ਕਰੇ।ਇਸ ਮੌਕੇ ਸੰਦੀਪ ਕੁਮਾਰ, ਮਨਜਿੰਦਰ ਕੁਮਾਰ, ਗੁਰਚਰਨ ਸਿੰਘ, ਬਲਜੀਤ ਸਿੰਘ, ਸੁਰਿੰਦਰਪਾਲ ਸਿੰਘ, ਰਕੇਸ਼ ਰੌਸ਼ਨ, ਪਵਨ ਸਿੰਘ, ਅਜੇ ਕੁਮਾਰ ਆਦਿ ਹਾਜ਼ਰ ਸਨ।

## ਕੰਪਿਊਟਰ ਅਧਿਆਪਕ ਯੂਨੀਅਨ ਵੱਲੋਂ ਰੈਲੀ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ ਹੇਠ, ਸੂਬਾ ਕਮੇਟੀ ਅਤੇ ਜ਼ਿਲ੍ਹਾ ਪ੍ਰਧਾਨਾਂ ਨੇ ਜ਼ੂਮ ਮੀਟਿੰਗ ਰਾਹੀਂ ਇਹ ਫੈਸਲਾ ਲਿਆ, ਜਿਸ ਅਨੁਸਾਰ ਸਰਕਾਰ ਦੇ ਕੰਪਿਊਟਰ ਅਧਿਆਪਕਾਂ ਪ੍ਰਤੀ ਅਪਣਾਏ ਲਾਰੇ ਲੱਪੇ ਵਾਲੇ ਵਤੀਰੇ ਤੋਂ ਅੱਕੇ ਕੰਪਿਊਟਰ ਅਧਿਆਪਕ



ਜਿਲਾ ਹੁਸ਼ਿਆਰਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਅਤੇ ਅਨਿਲ ਐਰੀ ਸੂਬਾ ਕਮੇਟੀ ਮੈਂਬਰ ਆਪਣੇ ਜ਼ਿਲੇ ਦੇ ਕੰਪਿਊਟਰ ਅਧਿਆਪਕ ਦੀ ਵੱਡੀ ਗਿਣਤੀ ਨਾਲ ਗੁਰਵਿੰਦਰ ਸਿੰਘ ਤਰਨਤਾਰਨ ਸੂਬਾ ਪ੍ਰਧਾਨ ਦੀ ਅਗਵਾਈ ਹੇਠ 17 ਅਕਤੂਬਰ ਨੂੰ ਤਰਨਤਾਰਨ ਵਿਖੇ 15 ਸਤੰਬਰ 2022 ਦਾ ਕੀਤਾ ਪੰਜਾਬ ਸਰਕਾਰ ਦੇ ਐਲਾਨ ਨੂੰ ਲਾਗੂ ਕਰਵਾਉਣ ਲਈ ਸੂਬਾ ਪੱਧਰੀ ਚੇਤਾਵਨੀ ਰੈਲੀ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਆਪਣੇ ਚੋਣ ਮੈਨੀਫੈਸਟੋ ਵਿੱਚ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੁਆਰਾ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਸਰਕਾਰ ਬਣਦੇ ਸਾਰ ਹੀ ਪੂਰੇ ਕਰਨ ਸਬੰਧੀ ਵਾਅਦਾ ਕੀਤਾ ਗਿਆ ਸੀ ਅਤੇ ਨਾਲ ਹੀ ਦੀ ਨਾਲ ਹੀ 2022 ਵਿੱਚ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਦੁਆਰਾ ਕੰਪਿਊਟਰ ਅਧਿਆਪਕਾਂ ਨੂੰ ਦਿਵਾਲੀ ਦੇ ਗਿਫਟ ਦੇ ਤੌਰ ਤੇ ਛੇਵਾਂ ਪੇ ਕਮਿਸ਼ਨ ਅਤੇ ਸੀ.ਐਸ.ਆਰ ਰੂਲ ਲਾਗੂ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਸਾਢੇ ਤਿੰਨ ਸਾਲ ਤੋਂ ਜਿਆਦਾ ਦਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਕੰਪਿਊਟਰ ਅਧਿਆਪਕਾਂ ਨਾਲ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ ਅਤੇ ਕੰਪਿਊਟਰ ਅਧਿਆਪਕਾਂ ਦੇ ਹਾਲਾਤ ਅੱਜ ਵੀ ਪੁਰਾਣੀਆਂ ਸਰਕਾਰਾਂ ਦੇ ਸਮੇਂ ਵਾਲੇ ਹੀ ਹਨ।

## 39ਵੀਂ ਪੰਜਾਬ ਸਟੇਟ ਸੁਪਰ ਫੁੱਟਬਾਲ ਲੀਗ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਫੁੱਟਬਾਲ ਐਸੋਸੀਏਸ਼ਨ ਵਲੋਂ ਕਰਵਾਈ ਜਾ ਰਹੀ 39ਵੀਂ ਪੰਜਾਬ ਸਟੇਟ ਸੁਪਰ ਫੁੱਟਬਾਲ ਲੀਗ ਦਾ ਮੁਕਾਬਲਾ ਓਲੰਪੀਅਨ ਜਰਨੈਲ ਸਿੰਘ ਫੁੱਟਬਾਲ ਟੂਰਨਾਮੈਂਟ ਕਮੇਟੀ ਗੜ੍ਹਸ਼ੰਕਰ ਦੇ ਸਹਿਯੋਗ ਨਾਲ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਓਲੰਪੀਅਨ ਜਰਨੈਲ ਸਿੰਘ ਫੁੱਟਬਾਲ ਸਟੇਡੀਅਮ 'ਚ ਕਰਵਾਇਆ ਗਿਆ। ਮੁਕਾਬਲੇ 'ਚ ਓਲੰਪੀਅਨ ਜਰਨੈਲ ਸਿੰਘ ਫੁੱਟਬਾਲ ਅਕੈਡਮੀ ਗੜ੍ਹਸ਼ੰਕਰ ਦੇ ਖਿਡਾਰੀਆਂ ਨੇ ਸ਼ਾਨਦਾਰ ਫੁੱਟਬਾਲ ਖੇਡ ਦਾ ਪ੍ਰਦਰਸ਼ਨ ਕਰਦਿਆਂ ਮਾਹਿਲਪੁਰ ਦੀ ਟੀਮ ਨੂੰ 3-1 ਗੋਲਾਂ ਦੇ ਫਰਕ ਨਾਲ ਹਰਾਕੇ ਜਿੱਤ ਦਰਜ ਕੀਤੀ। ਮੁਕਾਬਲੇ ਦੌਰਾਨ ਟੂਰਨਾਮੈਂਟ ਕਮੇਟੀ ਦੇ ਸੀਨੀਅਰ ਵਾਈਸ ਪ੍ਰਧਾਨ ਸ਼ਵਿੰਦਰਜੀਤ ਸਿੰਘ ਬੈਂਸ, ਮਾਹਿਲਪੁਰ ਤੋਂ ਹਰਨੇਕ ਸਿੰਘ ਖਾਬੜਾ, ਜਨਰਲ ਸਕੱਤਰ ਬਲਵੀਰ ਸਿੰਘ ਬੈਂਸ, ਸਕੱਤਰ ਰਸ਼ਨਜੀਤ ਸਿੰਘ ਪਨਾਮ, ਅਮਨਦੀਪ ਸਿੰਘ ਬੈਂਸ ਨੇ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਦੇ ਹੋਏ ਮੈਚ ਸ਼ੁਰੂ ਕਰਵਾਇਆ। ਇਸ ਮੌਕੇ ਫੁੱਟਬਾਲ ਕੋਚ ਹਰਦੀਪ ਸਿੰਘ ਗਿੱਲ, ਜਸਵੀਰ ਸਿੰਘ ਭਾਰਟਾ, ਤਰਲੋਚਨ ਸਿੰਘ ਗੋਲੀਆਂ, ਕੇਵਲ ਸਿੰਘ ਸਿੰਘ ਗੋਲੀਆਂ ਤੇ ਹੋਰ ਮੈਂਬਰ ਹਾਜ਼ਰ ਹੋਏ।

## ਕਲੀਨ ਤੇ ਗ੍ਰੀਨ ਦੀਵਾਲੀ ਮਨਾਓ : ਕੁਲਦੀਪ ਕੁਮਾਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਵਾਤਾਵਰਨ ਸੰਭਾਲ ਸੁਸਾਇਟੀ ਵਲੋਂ ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਵਿਚ ਪਰਦੂਸ਼ਣ ਮੁਕਤ ਕਲੀਨ ਅਤੇ ਗ੍ਰੀਨ ਦੀਵਾਲੀ ਮਨਾਉਣ ਲਈ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਤੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ ਅਤੇ ਬਲਜੀਤ ਚੋਪੜਾ ਨੇ ਪਰਦੂਸ਼ਣ ਦੇ ਵਧ ਰਹੇ ਲੈਵਲ ਵਾਰੇ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਦੀਵਾਲੀ ਮੌਕੇ ਪਟਾਕੇ, ਅਨਾਰ, ਆਤਿਸ਼ਬਾਜੀ ਆਦਿ ਚਲਾਉਣ ਨਾਲ ਸਾਡੇ ਇਲਾਕੇ ਦੀ ਹਵਾ ਦੀ ਗੁਣਵੱਤਾ ਵਾਲਾ ਇੰਡੈਕਸ ਮਾੜੇ ਲੈਵਲ ਤੋਂ ਵੱਧ ਕੇ ਖਤਰਨਾਕ ਹੋ ਜਾਂਦਾ ਹੈ ਜਿਸ ਨਾਲ ਪਸ਼ੂ-ਪੰਛੀਆਂ,



ਛੋਟੇ ਬੱਚਿਆਂ ਅਤੇ ਅਸਥਮਾਂ ਦੇ ਰੋਗੀਆਂ ਦੀ ਜਿੰਦਗੀ ਨੂੰ ਬਹੁਤ ਹੀ ਜਿਆਦਾ ਖਤਰਾ ਹੋ ਜਾਂਦਾ ਹੈ। ਲਗਾਤਾਰ ਵੱਧ ਰਹੇ ਪਰਦੂਸ਼ਣ ਨੂੰ ਰੋਕਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਲੋੜ ਹੈ। ਇਸ ਮੌਕੇ ਤੇ ਪਹਿਲੀ ਕਲਾਸ ਦੇ ਵਿਦਿਆਰਥੀ ਰਿਤਿਕ ਕੁਮਾਰ ਦੇ ਜਨਮ ਦਿਨ ਤੇ ਸਕੂਲ ਦੇ ਬਗੀਚੇ ਵਿੱਚ ਵੱਖ-ਵੱਖ ਕਿਸਮ ਦੇ ਪੰਜ ਬੂਟੇ ਵੀ ਲਗਾਏ ਗਏ। ਸੁਸਾਇਟੀ ਦੇ ਕੈਸ਼ੀਅਰ ਕੁਲਦੀਪ ਕੁਮਾਰ ਨੇ ਦਿਵਾਲੀ ਦੇ ਇਤਿਹਾਸ ਵਾਰੇ ਜਾਣਕਾਰੀ ਦਿੱਤੀ ਅਤੇ ਇਸ ਤਿਉਹਾਰ ਨੂੰ ਰਵਾਇਤੀ ਤਰੀਕੇ ਨਾਲ ਮਨਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਟਾਕੇ ਬਿਲਕੁਲ ਨਹੀਂ ਵਜਾਉਣੇ ਚਾਹੀਦੇ। ਇਸ ਨਾਲ ਪੈਸੇ ਦੀ ਬਰਬਾਦੀ ਹੁੰਦੀ ਹੈ ਅਤੇ ਪਰਦੂਸ਼ਣ ਬਹੁਤ ਜ਼ਿਆਦਾ ਵਧ ਜਾਂਦਾ ਹੈ। ਘਰ ਵਿਚ ਸਰੋਂ ਦੇ ਤੇਲ ਜਾਂ ਦੇਸੀ ਘਿਉ ਦੇ ਦੀਵੇ ਬਾਲਣੇ ਚਾਹੀਦੇ ਹਨ। ਬਿਜਲੀ,ਪਾਣੀ,ਕਾਗਜ ਆਦਿ ਦੀ ਦੁਰਵਰਤੋਂ ਰੋਕਣੀ ਚਾਹੀਦੀ ਹੈ। ਇਸ ਮੌਕੇ ਤੇ ਸੁਸਾਇਟੀ ਦੇ ਪ੍ਰਧਾਨ ਜਸਵੰਤ ਸਿੰਘ ਭੱਟੀ, ਵਾਇਸ ਪ੍ਰਧਾਨ ਤਰਸੇਮ ਲਾਲ, ਕੁਲਦੀਪ ਕੁਮਾਰ, ਧਰਮਪਾਲ ਬਾਲੀ, ਬਲਜੀਤ ਚੋਪੜਾ, ਸਤਪਾਲ ਸ਼ਰਮਾਂ ਅਤੇ ਸਕੂਲ ਦੇ ਪ੍ਰਿੰਸੀਪਲ ਰਾਜਿੰਦਰ ਸਿੰਘ ਗਿੱਲ, ਵਾਈਸ ਪ੍ਰਿੰਸੀਪਲ ਇੰਦਰਜੀਤ ਕੌਰ ਸਕੂਲ ਦਾ ਸਾਰਾ ਸਟਾਫ ਤੇ ਸਾਰੇ ਵਿਦਿਆਰਥੀ ਮੌਜੂਦ ਸਨ।

## ਨਵੀਂ ਵਿਕਟੋਰੀਸ ਗੱਡੀ ਦੀ ਘੁੰਡ ਚੁਕਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਦੀ ਨੰ: 1 ਕਾਰ ਕੰਪਨੀ ਮਾਰੂਤੀ ਸੁਜ਼ੂਕੀ ਇੰਡੀਆ ਲਿਮਿਟਿਡ ਹਮੇਸ਼ਾ ਹੀ ਆਪਣੇ ਕਸਟਮਰ ਦੀ ਜਰੂਰਤ ਨੂੰ ਧਿਆਨ



ਵਿਚ ਰੱਖਦਿਆਂ ਹਮੇਸ਼ਾ ਹੀ ਨਵੇਂ ਨਵੇਂ ਆਧੁਨਿਕ ਕਾਰਾਂ ਮਾਰਕੀਟ ਵਿੱਚ ਉਤਾਰਦੀ ਰਹੀ ਹੈ। ਇਸ ਸਿਲਸਿਲੇ ਵਿੱਚ 15 ਅਕਤੂਬਰ ਨੂੰ ਰਾਇਲ ਪਲੈਟੀਨਮ ਡੀਲਰ ਹੁਸ਼ਿਆਰਪੁਰ ਆਟੋ ਮੋਬਾਈਲਜ਼ ਦੇ ਸਿੰਗੜੀਵਾਲਾ ਸਥਿਤ ਸ਼ੋਰੂਮ ਵਿੱਚ ਨਵੀਂ ਵਿਕਟੋਰੀਸ ਗੱਡੀ ਦੀ ਘੁੰਡ ਚੁਕਾਈ ਕੀਤੀ ਗਈ। ਇਸ ਮੌਕੇ ਕੰਪਨੀ ਦੇ ਐਮ ਡੀ ਗੁਰਪ੍ਰੀਤ ਸਿੰਘ ਨੇ ਇਸ ਗੱਡੀ ਦੀਆਂ ਵਿਸ਼ੇਸ਼ਤਾਵਾਂ ਦੱਸਦੇ ਹੋਏ ਕਿਹਾ ਕਿ ਨਵੀਂ ਵਿਕਟੋਰੀਸ ਪੈਟਰੋਲ, ਸੀ ਐੱਨ ਜੀ ਤੇ ਸੁਪਰ ਹਾਈਬਰੈਂਡ ਵੈਰੀਆਂਟ ਵਿੱਚ ਆਏਗੀ। ਇਸ ਮੌਕੇ ਉਹਨਾਂ ਤੋਂ ਇਲਾਵਾ ਆਰ ਐੱਮ ਸਟੇਟ ਬੈਂਕ ਕੁੰਦਨ, ਸੰਤ ਬਾਬਾ ਬਲਬੀਰ ਸਿੰਘ, ਸੰਤ ਬਾਬਾ ਹਰਮਨਜੀਤ ਸਿੰਘ, ਬੋਬੀ ਤੋਂ ਰਾਹੁਲ ਜੀ, ਸਬੀ ਬੈਂਕ ਤੋਂ ਵਰੁਣ, ਰੋਹਿਤ, ਇੰਡਸਇੰਡ ਬੈਂਕ ਤੋਂ ਪੁਸ਼ਪ, ਸ਼ਿਵ, ਸੁੰਦਰਮ ਫਾਇਨਾਂਸ ਤੋਂ ਰਵੀ ਅਤੇ ਇਲਾਕੇ ਦੀਆਂ ਉਘੀਆਂ ਸ਼ਖਸੀਅਤ ਸ਼ਾਮਲ ਸਨ।ਗੁਰਮੀਤ ਕੌਰ, ਰਵਿੰਦਰ ਕੌਰ, ਆਖਿਲੇਸ਼ ਸੂਦ,ਸੀ ਐੱਫ ਓ ਰਵੀ ਰਾਣਾ, ਜੀ ਐੱਮ ਅਜੀਤਪਾਲ ਸਿੰਘ, ਸੇਲ ਜੀ ਐੱਮ ਧਰਮਿੰਦਰ ਸਿੰਘ, ਮੁਨੀਸ਼ ਭਾਰਗਾਵ, ਅਵਤਾਰ ਸਿੰਘ ਜੌਹਲ, ਸੁੱਖਵਿੰਦਰ ਸਿੰਘ ਸਟਿਫਨ, ਬਲਵਿੰਦਰ ਸੈਣੀ ਆਦਿ ਹਾਜ਼ਰ ਸਨ।

## ਨਸ਼ਾ ਤਸਕਰੀ ਨੂੰ ਨਕੇਲ ਪਾਉਣ ਦੇ ਉਪਰਾਲੇ ਹੋਣਗੇ ਤੇਜ਼ : ਡੀ ਐੱਸ ਪੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਵਿੱਚੋ ਨਸ਼ਾ ਤਸਰਕਾਂ ਅਤੇ ਨਸ਼ੇ ਦੀ ਤਸਕਰੀ ਨੂੰ ਜੜ੍ਹ ਤੋ ਖਤਮ ਕਰਨ ਲਈ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਵੱਲੋਂ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ ਪਿੰਡਾਂ ਅਤੇ ਵਾਰਡਾਂ ਵਿਚ ਡਿਫੈਂਸ ਕਮੇਟੀਆਂ ਬਣਾ ਕੇ ਅਸਰਦਾਰ ਢੰਗ ਨਾਲ ਲਾਗੂ ਕੀਤਾ ਗਿਆ ਹੈ, ਜਿਸ ਦਾ ਅਸਰ ਸੂਬੇ ਵਿੱਚ ਹਰ ਪਾਸੇ ਨਜ਼ਰ ਆ ਰਿਹਾ ਹੈ, ਹੁਣ ਇਸ ਮੁਹਿੰਮ ਨੂੰ ਹੋਰ ਅਸਰਦਾਰ ਢੰਗ ਨਾਲ ਜ਼ਮੀਨੀ ਪੱਧਰ ਤੇ ਕਾਰਜਸ਼ੀਲ ਕਰਨ ਲਈ ਡਿਫੈਂਸ ਕਮੇਟੀਆਂ ਦਾ ਪੁਨਰ ਗਠਨ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਜਸਪ੍ਰੀਤ ਸਿੰਘ ਪੀ.ਸੀ.ਐਸ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ 15 ਅਕਤੂਬਰ ਨੂੰ ਦਫਤਰ ਦੇ ਮੀਟਿੰਗ ਹਾਲ ਵਿਚ ਯੁੱਧ ਨਸ਼ਿਆ ਵਿਰੁੱਧ ਵਿਸਥਾਰ ਸਾਝੀ ਮੀਟਿੰਗ ਦਾ ਰੀਵਿਊ ਕਰਨ ਮੌਕੇ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਕਮੇਟੀਆਂ ਪਹਿਲਾਂ ਤੋਂ ਬਣੀਆਂ ਹੋਈਆਂ ਹਨ ਪ੍ਰੰਤੂ ਹੋਰ ਅਸਰਦਾਰ ਢੰਗ ਨਾਲ ਕੰਮ ਕਰਨ ਲਈ ਇਨ੍ਹਾਂ ਦਾ ਪੁਨਰਗਠਨ ਕੀਤਾ ਗਿਆ ਹੈ। ਸਚਿਨ ਪਾਠਕ ਪੀ ਸੀ ਐਸ ਉਪ ਮੰਡਲ ਮੈਜਿਸਟ੍ਰੇਟ ਨੰਗਲ ਨੇ ਦੱਸਿਆ ਕਿ ਨਸ਼ਾ ਮੁਕਤੀ ਲਹਿਰ ਨੂੰ ਹੋਰ ਅਸਰਦਾਰ ਬਣਾਉਣ ਲਈ ਪਿੰਡਾਂ ਤੇ ਸ਼ਹਿਰਾਂ ਵਿਚ ਬਣਾਈਆ ਵਾਰਡ ਡਿਫੈਂਸ ਕਮੇਟੀਆਂ ਅਤੇ ਪੇਂਡੂ ਡਿਫੈਂਸ ਕਮੇਟੀਆਂ ਦੀ ਕਾਰਜਸ਼ੈਲੀ ਨੂੰ ਹੋਰ ਬਿਹਤਰ ਬਣਾਉਣ ਲਈ ਤੇ ਉਨ੍ਹਾਂ ਨਾਲ ਪ੍ਰਸ਼ਾਸ਼ਨ ਦਾ ਤਾਲਮੇਲ ਬਣਾ ਕੇ ਰੱਖਣਾ ਹੈ। ਇਹ ਕਮੇਟੀ ਸ਼ਹਿਰਾਂ ਅਤੇ ਪਿੰਡਾਂ ਵਿਚ ਨਿੱਜੀ ਤੌਰ ਤੇ ਜਾ ਕੇ ਸਡਿਊਲ ਅਨੁਸਾਰ ਬੀ.ਡੀ.ਸੀ ਮੈਂਬਰਾਂ ਦੀ ਚੋਣ ਕਰ ਰਹੀਆਂ ਹਨ। ਇਸ ਮੌਕੇ ਸੁਨੀਤਾ ਨਾਇਬ ਤਹਿਸੀਲਦਾਰ ਨੂਰਪੁਰ ਬੇਦੀ, ਮੋਹਿਤ ਵਾਈਸ ਜ਼ਿਲ੍ਹਾ ਕੋਆਰਡੀਨੇਟਰ, ਦੀਪਕ ਅਬਰੋਲ ਹਲਕਾ ਕੋਆਰਡੀਨੇਟਰ, ਸੰਜੀਵ ਕੁਮਾਰ ਸੰਜੂ, ਤਜਿੰਦਰ ਸਿੰਘ, ਹੈਪੀ ਭੰਗਲ,ਬਿੱਲਾ ਸਹਿਜੋਵਾਲ, ਬਲਵਿੰਦਰ ਕੈਫ, ਵਿਨੋਦ ਰਾਣਾ, ਰਾਜਬੀਰ ਸਿੰਘ, ਰਾਜਮੁਖ ਸਿੰਘ,ਕੈਪਟਨ ਦਲਜੀਤ ਸਿੰਘ, ਸੁਨੀਲ ਅਡਵਾਲ (ਸਾਰੇ ਹਲਕਾ ਕੋਆਰਡੀਨੇਟਰ), ਦਾਨਿਸ਼ਵੀਰ ਸਿੰਘ ਥਾਨਾ ਮੁਖੀ, ਅਮਰਜੀਤ ਸਿੰਘ ਬੀਡੀਪੀਓ ਨੂਰਪੁਰਬੇਦੀ ਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਵਿਗਿਆਨ ਤੇ ਅੰਗਰੇਜ਼ੀ ਵਿਸ਼ਿਆਂ ਦੇ ਚਾਰਟ, ਮਾਡਲਾਂ ਦੀ ਪ੍ਰਦਰਸ਼ਨੀ

**ਮਾਹਿਲਪੁਰ (ਸ਼ਫ਼ਰੀ)**- ਡਾਇਰੈਕਟਰ ਐਸ ਸੀ ਈ ਆਰ ਟੀ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਹਾਈ ਸਕੂਲ



ਟੂਟੋਮਜਾਰਾ ਹੁਸ਼ਿਆਰਪੁਰ ਵਿਖੇ ਮੈਥ, ਵਿਗਿਆਨ, ਅੰਗਰੇਜ਼ੀ ਅਤੇ ਸਮਾਜਿਕ ਵਿਗਿਆਨ ਵਿਸ਼ਿਆਂ ਦੇ ਮੇਲਿਆਂ ਦੌਰਾਨ ਇਹਨਾਂ ਚਾਰ ਵਿਸ਼ਿਆਂ ਦੇ ਚਾਰਟ, ਮਾਡਲਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਹਨਾਂ ਦਾ ਮੁੱਖ ਮੰਤਵ ਵਿਦਿਆਰਥੀ ਗਤੀਵਿਧੀਆਂ ਦੇ ਰਾਹੀਂ ਆਸਾਨੀ ਨਾਲ ਸਿੱਖ ਸਕਦੇ ਹਨ। ਸਮਾਜਿਕ ਵਿਗਿਆਨ ਦੇ ਇਤਿਹਾਸ ਦੇ ਟੌਪਿਕ ਨਾਲ ਸੰਬੰਧਿਤ ਰੋਲ ਪਲੇਅ ਕਰਵਾਏ ਗਏ । ਇਹਨਾਂ ਪ੍ਰਦਰਸ਼ਨੀਆਂ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ । ਅਧਿਆਪਕ ਸਾਹਿਬਾਨ ਵੱਲੋਂ ਇਹਨਾਂ ਵਿਦਿਆਰਥੀਆਂ ਨੂੰ ਤਿਆਰੀ ਕਰਵਾਈ ਗਈ। ਸਕੂਲ ਦੇ ਮੁੱਖ ਅਧਿਆਪਕ ਬਲਬੀਰ ਸਿੰਘ ਵੱਲੋਂ ਇਹਨਾਂ ਮੇਲਿਆਂ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪੂਨਮ ਬੇਦੀ, ਵਰਿੰਦਰ ਕੌਰ, ਰੇਨੂੰ ਬਾਲਾ, ਵਨੀਤਾ ਜੱਸਲ ,ਅਮਰੀਕ ਸਿੰਘ ਅਨੀਤਾ ਰਾਣੀ, ਕੁਲਵਿੰਦਰ ਕੌਰ, ਪਰਵੀਨ ਕੌਰ, ਮਨਦੀਪ ਸਿੰਘ ਹਾਜ਼ਰ ਸਨ।

## ਰੋਜ਼ਗਾਰ ਤੇ ਕਾਰੋਬਾਰ ਬਿਊਰੋ ਪਲੇਸਮੈਂਟ ਕੈਂਪ ਅੱਜ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਮਿਸ਼ਨ ਘਰ ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ ਏ ਐਸ ਨਗਰ ਵੱਲੋਂ 16 ਅਕਤੂਬਰ ਦਿਨ ਵੀਰਵਾਰ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਤੀਸਰੀ ਮੰਜ਼ਿਲ, ਕਮਰਾ ਨੰ: 461, ਸੈਕਟਰ-76, ਮੋਹਾਲੀ ਵਿਖੇ ਕੀਤਾ ਜਾ ਰਿਹਾ ਹੈ। ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਸ਼ਾਮ 1 ਵਜੇ ਤੱਕ ਹੋਵੇਗਾ। ਡੀ.ਬੀ.ਈ.ਈ. ਐਸ.ਏ.ਐਸ ਨਗਰ ਦੇ



ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਜਿਸ ਵਿੱਚ ਮਿਤੀ 16-10-2025 (ਵੀਰਵਾਰ) ਨੂੰ ਪਲੇਸਮੈਂਟ ਕੈਂਪ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਕੈਂਪ ਵਿੱਚ ਡਿਜੀਟੈਕ, ਬਲਿੰਕੀਟ ਆਈ.ਟੀ ਅਤੇ ਡੀ-ਮਾਰਟ ਜ਼ੀਰਕਪੁਰ ਬਨੂੜ ਮੋਹਾਲੀ ਵੱਲੋਂ ਕਸਟਮਰ ਰਿਲੇਸ਼ਨਸ਼ਿਪ ਅਫਸਰ, ਬਿਜ਼ਨਸ ਰਿਟੇਲ, ਕੈਸ਼ੀਅਰ, ਇੰਸ਼ੋਰੈਂਸ ਟੈਲੀਕਾਲਰਜ਼, ਇੰਸ਼ੋਰੈਂਸ ਐਗਜ਼ੀਕਿਊਟਿਵ ਅਤੇ ਪੀਕਰ, ਕੈਸ਼ੀਅਰ, ਸੇਲਜ਼ ਐਸੋਸੀਏਟ, ਗੋਡਾਊਨ ਐਸੀਸਟੈਂਟ ਦੀਆਂ ਆਸਾਮੀਆਂ ਲਈ ਭਰਤੀ ਕੀਤੀ ਜਾਵੇਗੀ। ਭਰਤੀ ਕੀਤੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਅਨੁਸਾਰ (10000/- ਤੋਂ 23000/-) ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਜ਼ਿਲ੍ਹਾ ਐਸ ਏ ਐਸ ਨਗਰ ਹੋਵੇਗਾ। ਇਨ੍ਹਾਂ ਆਸਾਮੀਆਂ ਲਈ ਪ੍ਰਾਰਥੀ ¢https://forms.gle/YJTCmECEDiKxJNEVH ਲਿੰਕ ਤੇ ਆਪਣੇ ਆਪ ਨੂੰ ਰਜਿਸਟਰ ਕਰ ਸਕਦੇ ਹਨ।

## ਖ਼ਾਲਸਾ ਦੀ ਯਾਦ 'ਚ ਕਰਵਾਏ ਗਏ ਸਾਲਾਨਾ ਸਮਾਗਮ 'ਚ ਸੰਗਤਾਂ ਨੇ ਹਾਜ਼ਰੀ ਭਰੀ

**ਮੋਹਾਲੀ (ਗੁਰਜੀਤ ਬਿੱਲਾ)**- ਗੁਰਦੁਆਰਾ ਗੁਰਸ਼ਬਦ ਪ੍ਰਕਾਸ਼ ਅਕਾਲ ਆਸ਼ਰਮ, ਸੋਹਾਣਾ ਦੇ ਸਾਲਾਨਾ ਸਮਾਗਮ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਜੁੜਦੇ ਹੋਏ ਗੁਰਬਾਣੀ ਦਾ ਸਰਵਣ ਕੀਤਾ।ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਚੈਰੀਟੇਬਲ ਹਸਪਤਾਲ ਦੇ ਸੰਸਥਾਪਕ




ਪੰਥ ਰਤਨ ਭਾਈ ਜਸਬੀਰ ਸਿੰਘ ਖ਼ਾਲਸਾ ਦੀ ਯਾਦ ਇਹ ਸਮਾਗਮ ਹਰ ਸਾਲ ਕਰਵਾਇਆ ਜਾਂਦਾ ਹੈ। ਇਸ ਦੌਰਾਨ ਪੰਥ ਦੇ ਪ੍ਰਸਿੱਧ ਰਾਗੀ ਅਤੇ ਢਾਡੀਆਂ ਤੋਂ ਇਲਾਵਾ ਕਥਾ ਵਾਚਕਾਂ ਸੰਗਤਾਂ ਨੂੰ ਪਵਿੱਤਰ ਗੁਰਬਾਣੀ ਨਾਲ ਜੋੜਿਆ।ਸਮਾਗਮ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਖ਼ਾਸ ਤੌਰ ਤੇ ਸ਼ਿਰਕਤ ਕਰਦੇ ਹੋਏ ਸੰਗਤਾਂ ਨਾਲ ਭਾਈ ਜਸਬੀਰ ਸਿੰਘ ਖ਼ਾਲਸਾ ਦੀ ਮਾਨਵਤਾ ਲਈ ਉਨ੍ਹਾਂ ਦੀ ਦੇਣ ਨੂੰ ਸਲਾਹਿਆ।ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਅਜਿਹੇ ਸੁਮੇਲ ਬਹੁਤ ਘੱਟ ਮਿਲਦਾ ਹੈ ਜਿੱਥੇ ਇਕ ਪਾਸੇ ਪੰਥ ਰਤਨ ਭਾਈ ਜਸਬੀਰ ਸਿੰਘ ਖ਼ਾਲਸਾ ਨੇ ਸਿਹਤ ਸੇਵਾਵਾਂ ਵਿਚ ਮਾਨਵਤਾ ਦੀ ਭਲਾਈ ਲਈ ਕੰਮ ਕੀਤਾ, ਉੱਥੇ ਹੀ ਦੂਜੇ ਪਾਸੇ ਲੱਖਾਂ ਸੰਗਤਾਂ ਨੂੰ ਗੁਰੂ ਨਾਲ ਵੀ ਜੋੜਿਆ। ਉਨ੍ਹਾਂ ਸੋਹਾਣਾ ਹਸਪਤਾਲ ਵੱਲੋਂ ਮਾਨਵਤਾ ਦੀ ਸੇਵਾ ਵਿਚ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹਨਾ ਕੀਤੀ। ਸੋਹਾਣਾ ਹਸਪਤਾਲ ਦੇ ਚੇਅਰਮੈਨ ਭਾਈ ਦਵਿੰਦਰ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਹੋਏ ਇਸ ਸਮਾਗਮ ਵਿਚ ਸਮੂਹ ਸੰਗਤ ਨੂੰ ਗੁਰੂ ਦੀ ਬਾਣੀ ਨਾਲ ਜੋੜਦੇ ਹੋਏ ਭਾਈ ਹਰਜਿੰਦਰ ਸਿੰਘ (ਹਜ਼ੂਰੀ ਰਾਗੀ), ਭਾਈ ਅਮਰਦੀਪ ਸਿੰਘ ਸੋਹਾਣਾ ਵਾਲੇ, ਭਾਈ ਅਰਸ਼ਦੀਪ ਸਿੰਘ ਲੁਧਿਆਣੇ ਵਾਲੇ, ਭਾਈ ਪ੍ਰਦੀਪ ਸਿੰਘ ਸੋਹਾਣਾ ਵਾਲੇ, ਭੈਣ ਰਵਿੰਦਰ ਕੌਰ ਅਤੇ ਜਥਾ ਸੋਹਾਣਾ ਵਾਲੇ , ਭਾਈ ਸਾਹਿਬ ਭਾਈ ਦਵਿੰਦਰ ਸਿੰਘ ਖ਼ਾਲਸਾ ਖੰਨੇ ਵਾਲੇ ਅਤੇ ਭਾਈ ਜਗਜੀਤ ਸਿੰਘ ਬੰਬੀਹਾ ਦਿੱਲੀ ਵਾਲੇ ਰੂਹਾਨੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

## ਖੁੱਡੀਆਂ ਨੇ 28 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ 28 ਨਵੇਂ ਭਰਤੀ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਨ੍ਹਾਂ ਵਿੱਚ 25 ਵੈਟਰਨਰੀ ਇੰਸਪੈਕਟਰ, ਤਿੰਨ ਕਲਰਕ ਸ਼ਾਮਲ ਸਨ। ਇੱਕ ਦਰਜਾ ਚਾਰ ਕਰਮਚਾਰੀ ਨੂੰ ਤਰੱਕੀ ਵੀ ਦਿੱਤੀ ਗਈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਲੈ ਕੇ ਹੁਣ ਤੱਕ ਵਿਭਾਗ ਵਿੱਚ 326 ਵੈਟਰਨਰੀ ਅਫ਼ਸਰ, 545 ਵੈਟਰਨਰੀ ਇੰਸਪੈਕਟਰ ਅਤੇ 63 ਕਲਾਸ ਸੀ ਕਰਮਚਾਰੀ, ਜਿਨ੍ਹਾਂ ਵਿੱਚ ਕਲਰਕ, ਅੰਕੜਾਕਾਰ, ਸਟੈਨੋ, ਜੂਨੀਅਰ ਸਕੇਲ ਸਟੈਨੋਗ੍ਰਾਫ਼ਰ, ਲੈਬ ਸਹਾਇਕ, ਲੈਬ ਟੈਕਨੀਸ਼ੀਅਨ, ਮਿਲਕ ਰਿਕਾਰਡਰ, ਲੀਗਲ ਕਲਰਕ, ਮਸ਼ੀਨ ਅਪਰੇਟਰ ਸ਼ਾਮਲ ਹਨ, ਭਰਤੀ ਕੀਤੇ ਗਏ ਹਨ।

## ਬਾਲ ਸਾਹਿਤ ਕੁਇੱਜ਼ ਮੁਕਾਬਲੇ ਕਰਵਾਏ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਦੇ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਬਾਰੇ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ, ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ 14 ਅਕਤੂਬਰ ਨੂੰ ਪੈਰਾਗਾਨ ਸੀਨੀਅਰ ਸੈਕੰਡਰੀ



ਸਕੂਲ, ਸੈਕਟਰ-71,ਐਸ.ਏ.ਐਸ. ਨਗਰ ਵਿਖੇ ਵਿਦਿਆਰਥੀਆਂ ਦੇ ਲਿਖਤੀ ਬਾਲ ਸਾਹਿਤ ਕੁਇਜ਼ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਜ਼ਿਲ੍ਹੇ ਨਾਲ ਸਬੰਧਤ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਲਗਭਗ 120 ਵਿਦਿਆਰਥੀਆਂ ਨੇ ਭਾਗ ਲਿਆ। ਕੁਇਜ਼ ਮੁਕਾਬਲਿਆਂ ਦੇ ਨਤੀਜਿਆਂ ਬਾਬਤ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਖੋਜ ਅਫ਼ਸਰ ਡਾ. ਦਰਸ਼ਨ ਕੌਰ ਵੱਲੋਂ ਦੱਸਿਆ ਗਿਆ ਕਿ ਵਰਗ 'ੳ' (ਛੇਵੀਂ ਤੋਂ ਅੱਠਵੀਂ) ਵਿੱਚ ਪਹਿਲਾ ਸਥਾਨ ਗੁਰਜੋਤ ਸਿੰਘ (ਸ.ਹ.ਸ ਕਾਰਕੌਰ), ਦੂਜਾ ਸਥਾਨ ਹਰਲੀਨ ਕੌਰ (ਸ਼ਿਵਾਲਿਕ ਪਬਲਿਕ ਸਕੂਲ, ਫੇਜ਼-6, ਮੋਹਾਲੀ) ਅਤੇ ਤੀਜਾ ਸਥਾਨ ਗੁਰਮਨਪ੍ਰੀਤ ਸਿੰਘ (ਗੁਰੂ ਨਾਨਕ ਫ਼ਾਊਂਡੇਸ਼ਨ ਪਬਲਿਕ ਸਕੂਲ, ਸੈਕਟਰ-92 ਮੋਹਾਲੀ) ਨੇ ਪ੍ਰਾਪਤ ਕੀਤਾ। ਇਸੇ ਪ੍ਰਕਾਰ ਵਰਗ 'ਅ' (ਨੌਵੀਂ ਤੋਂ ਬਾਰ੍ਹਵੀਂ) ਵਿੱਚ ਪਹਿਲਾ ਸਥਾਨ ਹਰਜੋਤ ਸਿੰਘ (ਸ਼ਿਸ਼ੂਨਿਕੇਤਨ ਪਬਲਿਕ ਸਕੂਲ, ਸੈਕਟਰ-66, ਮੋਹਾਲੀ), ਦੂਜਾ ਸਥਾਨ ਜਪਨਿਮਤ ਸਿੰਘ(ਸ਼ਿਸ਼ੂਨਿਕੇਤਨ ਪਬਲਿਕ ਸਕੂਲ ਸੈਕਟਰ-66, ਮੋਹਾਲੀ), ਅਤੇ ਤੀਜਾ ਸਥਾਨ ਸਿਮਰਨ ਕੌਰ (ਸਸਸਸ ਝੰਜੇੜੀ) ਨੇ ਪ੍ਰਾਪਤ ਕੀਤਾ। ਇਸੇ ਤਰ੍ਹਾਂ 'ੲ' ਵਰਗ (ਗ੍ਰੈਜੂਏਸ਼ਨ) ਵਿੱਚੋਂ ਪਹਿਲਾ ਸਥਾਨ ਮਨਪ੍ਰੀਤ ਕੌਰ (ਸਰਕਾਰੀ ਕਾਲਜ, ਡੇਰਾਬੱਸੀ), ਦੂਜਾ ਸਥਾਨ ਨਵਜੋਤ ਸਿੰਘ (ਸਰਕਾਰੀ ਕਾਲਜ, ਫੇਜ਼-6, ਮੋਹਾਲੀ) ਅਤੇ ਤੀਜਾ ਸਥਾਨ ਜੈਸਮੀਨ ਕੌਰ (ਸਰਕਾਰੀ ਕਾਲਜ, ਡੇਰਾਬੱਸੀ) ਨੇ ਪ੍ਰਾਪਤ ਕੀਤਾ।

## ਬਰਸੀ ਸਮਾਗਮ ਮੇਲੇ ਦੇ ਰੂਪ 'ਚ ਮਨਾਇਆ

**ਬੰਗਾ (ਅਵਤਾਰ ਕਲੇਰ)** ਦਰਬਾਰ ਪੀਰ ਲੱਖ ਦਾਤਾ ਜੀ ਪਿੰਡ ਪੱਲੀ ਝਿੱਕੀ ਵਿਖੇ ਪੀਰਾਂ ਦੇ ਅਸਥਾਨ ਦੇ ਪਹਿਲੇ ਗੱਦੀ ਨਸ਼ੀਨ ਸਵਰਗੀ ਮਾਤਾ ਸੱਤਿਆ ਦੇਵੀ ਦੀ ਯਾਦ ਵਿੱਚ ਸਲਾਨਾ ਬਰਸੀ



ਸਮਾਗਮ ਮੌਜੂਦਾ ਗੱਦੀਨਸ਼ੀਨ ਬੀਬੀ ਪਰਮਜੀਤ ਕੌਰ ਦੀ ਰਹਿਨੁਮਾਈ ਹੇਠ ਮੇਲੇ ਦੇ ਰੂਪ 'ਚ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ-ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਸੂਫ਼ੀ ਗਾਇਕ ਪਰਵੇਜ਼ ਆਲਮ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਨੇ ਸੰਗਤਾਂ ਨੂੰ ਧਾਰਮਕ ਅਤੇ ਸੱਭਿਆਚਾਰ ਗੀਤਾਂ ਨਾਲ ਨਿਹਾਲ ਕੀਤਾ। ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਬੀਬੀ ਪਰਮਜੀਤ ਕੌਰ, ਪਰਸ਼ੋਤਮ ਚੁੰਬਰ, ਬਾਬਾ ਚੈਂਚਰ ਰਾਮ, ਨਰਿੰਦਰ ਪਾਲ ਯੂ ਐਸ ਏ, ਸਿਮਰਨ ਯੂ ਐਸ ਏ, ਬਲਵੀਰ ਚੰਦ, ਅਨਮੋਲ ਆਰਿਅਨ, ਰਾਕੇਸ਼ ਕੁਮਾਰ, ਜੋਤੀ, ਵਿਜੇ ਕੁਮਾਰ, ਜਸਵੀਰ,ਵਿਸ਼ਾਲੀ, ਮਨਕੀਰਤ, ਕਿਰਨਦੀਪ ਆਦਿ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

## ਭਾਸ਼ਾ ਵਿਭਾਗ ਵੱਲੋਂ ਕੁਇੱਜ਼ ਮੁਕਾਬਲਿਆਂ ਦਾ ਆਯੋਜਨ

**ਫਗਵਾੜਾ (ਜਸਵਿੰਦਰ ਢੱਡਾ)**- ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਜਸਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਪੂਰਥਲਾ ਦੇ ਜ਼ਿਲ੍ਹਾ ਪੱਧਰੀ




ਮੁਕਾਬਲੇ ਸਥਾਨਕ ਲਾਇਲਪੁਰ ਖ਼ਾਲਸਾ ਕਾਲਜ ਅਰਬਨ ਅਸਟੇਟ ਕਪੂਰਥਲਾ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜ਼ਿਲ੍ਹੇ ਦੇ ਵੱਖ ਵੱਖ ਸੰਸਥਾਵਾਂ ਵਿੱਚੋਂ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਦੇ ਸੰਚਾਲਨ ਵਿੱਚ ਕਾਲਜ ਪ੍ਰਸ਼ਾਸਨ ਦੁਆਰਾ ਸੁਹਿਰਦ ਭੂਮਿਕਾ ਨਿਭਾਈ ਗਈ। ਇਨ੍ਹਾਂ ਮੁਕਾਬਲਿਆਂ ਲਈ ਤਿੰਨ ਵਰਗ ਨਿਰਧਾਰਿਤ ਕੀਤੇ ਗਏ ਹਨ। ਵਰਗ ੳ ਵਿੱਚ ਅੱਠਵੀਂ ਤੱਕ, ਵਰਗ ਅ ਵਿੱਚ ਨੌਵੀਂ ਤੋਂ ਬਾਰ੍ਹਵੀਂ ਅਤੇ ਵਰਗ ੲ ਵਿੱਚ ਗਰੇਜੁਏਸ਼ਨ ਤੱਕ ਦੇ ਵਿਦਿਆਰਥੀ ਭਾਗ ਲੈਂਦੇ ਹਨ। ਕਪੂਰਥਲਾ ਜ਼ਿਲ੍ਹੇ ਦੇ ਮੁਕਾਬਲਿਆਂ ਵਿੱਚ ੳ ਵਰਗ ਵਿੱਚ ਕ੍ਰਮਵਾਰ ਸਰਗੁਣ ਕੌਰ ਲਿਟਲ ਏਂਜਲ ਪਬਲਿਕ ਸਕੂਲ ਕਪੂਰਥਲਾ, ਜਪਨੂਰ ਸਿੰਘ, ਸੰਤ ਪ੍ਰਣਪਾਲ ਸਿੰਘ ਕਾਨਵੈਂਟ ਸਕੂਲ ਬੇਗੋਵਾਲ, ਅੰਸ਼ਿਕਾ, ਮੰਡੀ ਹਾਰਡਿੰਗ ਗੰਜ ਗਰਲਜ਼ ਹਾਈ ਸਕੂਲ ਕਪੂਰਥਲਾ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। (ਅ) ਵਰਗ ਵਿੱਚ ਕ੍ਰਮਵਾਰ ਪ੍ਰਭਨੂਰ ਸਿੰਘ, ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਅਰਬਨ ਅਸਟੇਟ ਕਪੂਰਥਲਾ, ਬਲਵਿੰਦਰ ਕੌਰ, ਗੁਰੂ ਹਰਕ੍ਰਿਸ਼ਨ ਆਦਰਸ਼ ਸਕੂਲ ਉੱਚਾ ਬੇਟ, ਸੁਖਮਨਪ੍ਰੀਤ ਕੌਰ, ਹਿੰਦੂ ਕੰਨਿਆਂ ਕਾਲਜੀਏਟ ਸਕੂਲ ਕਪੂਰਥਲਾ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। (ਈ) ਵਰਗ ਵਿੱਚ ਹਰਦੀਪ ਕੌਰ, ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ ਕਪੂਰਥਲਾ, ਕਿਰਨਜੋਤ ਕੌਰ, ਨਵਾਬ ਜੱਸਾ ਸਿੰਘ ਆਹਲੂਵਾਲੀਆ ਸਰਕਾਰੀ ਕਾਲਜ ਕਪੂਰਥਲਾ ਅਤੇ ਨਿੰਮੀ, ਬੇਬੇ ਨਾਨਕੀ ਯੂਨੀਵਰਸਿਟੀ ਕਾਲਜ ਮਿੱਠੜਾ ਨੇ ਕ੍ਰਮਵਾਰ ਪਹਿਲਾ ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ ਹੈ। ਤਿੰਨੇ ਵਰਗਾਂ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨਵੰਬਰ ਵਿੱਚ ਹੋਣ ਵਾਲੇ ਰਾਜ ਪੱਧਰੀ ਮੁਕਾਬਲੇ ਵਿੱਚ ਭਾਗ ਲੈਣਗੇ। ਜੇਤੂ ਵਿਦਿਆਰਥੀਆਂ ਨੂੰ ਭਾਸ਼ਾ ਵਿਭਾਗ ਵੱਲੋਂ ਇਨਾਮ ਵਜੋਂ ਨਕਦ ਰਾਸ਼ੀ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ।


## ਪਵਨ ਕੁਮਾਰ ਨੇ ਸੜਕ ਦੀ ਮੁਰੰਮਤ ਦਾ ਨੀਂਹ ਪੱਥਰ ਰੱਖਿਆ



**ਆਦਮਪੁਰ (ਪਰਮਜੀਤ ਸਿੰਘ)**- ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਰਹਿਨੁਮਾਈ ਹੇਠ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਦੇਖ-ਰੇਖ ਹੇਠ ਆਦਮਪੁਰ ਆਪ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਚੇਅਰਮੈਨ ਪੰਜਾਬ ਸਟੇਟ ਐਗਰੀਕਲਚਰ ਬੈਂਕ ਵਲੋਂ ਪਾਰਟੀ ਵਰਕਰਾਂ ਅਤੇ ਪਿੰਡ ਨਿਵਾਸੀਆਂ ਦੀ ਹਾਜ਼ਰੀ ਵਿਚ ਖੋਜਕੀਪੁਰ ਪਿੰਡ ਵਿਖੇ ਤਕਰੀਬਨ 0.60ਕਿਲੋਮੀਟਰ ਸੜਕ ਦੀ ਮੁਰੰਮਤ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਜੋ 9.20ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਂਗੀ ਅਤੇ ਕਿਹਾ ਆਦਮਪੁਰ ਹਲਕੇ ਦੀਆਂ ਸਾਰੀਆਂ ਸੜਕਾਂ ਦਾ ਜਲਦ ਤੋਂ ਜਲਦ ਨਵੀਨੀਕਰਨ ਕੀਤਾ ਜਾਵੇਗਾ। ਪਿੰਡ ਵਾਸੀਆਂ ਵਲੋਂ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਦੇ ਯਤਨਾਂ ਸਦਕਾ ਹਲਕੇ ਵਿੱਚ ਨਵੇਂ ਵਿਕਾਸ ਦੀ ਲਹਿਰ ਦੌੜ ਰਹੀ ਹੈ। ਇਸ ਮੌਕੇ ਸਰਪੰਚ ਮਨਪ੍ਰੀਤ ਕੌਰ ਹੀਰ,ਸੁਰਿੰਦਰ ਕੌਰ ਹੀਰ, ਸਾਬਕਾ ਸਰਪੰਚ ਗੁਰਦੇਵ ਕੌਰ ਹੀਰ,ਪੰਚ ਪਰਮਜੀਤ ਕੌਰ,ਪੰਚ ਰਛਪਾਲ ਸਿੰਘ, ਸਬਕਾ ਸਰਪੰਚ ਤੁਲਸੀ ਰਾਮ ਹੀਰ,ਪਰਮਜੀਤ ਸਿੰਘ ਪੋਲਾ ਹੀਰ,ਬਲਜੀਤ ਸਿੰਘ, ਜਗਦੀਸ਼ ਸਿੰਘ, ਸਰਵਣ ਸਿੰਘ, ਲਖਵੀਰ ਸਿੰਘ,ਮਨਜੀਤ ਸਿੰਘ, ਸੁਰਿੰਦਰ ਪਾਲ ਸਿੰਘ,ਸਰਜੀਤ ਹੀਰ, ਜਸਕਰਨ ਸਿੰਘ ਹੀਰ, ਪਰਮਜੀਤ ਸਿੰਘ ਪੰਮਾ, ਸਰਵਣ ਸਿੰਘ, ਪੀ ਡਬਯੂ ਡੀ ਤੋਂ ਰਾਹੁਲ,ਪਰਮਜੀਤ ਪੰਮਾ ਸੰਗਠਨ ਇੰਚਾਰਜ, ਮਦਨ ਸਿੰਘ ਚਮਿਆਰੀ ਸੈਕਟਰੀ, ਅਮਰਜੀਤ ਸਿੰਘ ਸਰਪੰਚ ਲੜੋਆ, ਜਸਦਿਆਲ ਸਿੰਘ ਬਲਾਕ ਪ੍ਰਧਾਨ,ਨਰੰਜਣ ਸਿੰਘ ਪਰਪੰਚ ਕਮਾਲ ਪੁਰ, ਨਰੇਸ਼ ਕੁਮਾਰ, ਮਲਕੀਤ ਸਿੰਘ ਆਦਿ ਹਾਜ਼ਰ ਸਨ।

## ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਿੰਸੀਪਲ ਡਾਕਟਰ ਜਗਰੂਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੇਹਰ ਚੰਦ ਪੋਲੀਟੈਕਨਿਕ ਦੇ ਰੈਡ ਰਿਬਨ ਕਲੱਬ ਵਲੋਂ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਇਸ ਸੈਮੀਨਾਰ ਵਿਚ ਮੇਜਰ ਪੰਕਜ ਗੁਪਤਾ ਨੇ ਵਿਦਿਆਰਥੀਆਂ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਨਸ਼ੇ ਕਰਨ ਵਾਲਾ ਇਨਸਾਨ ਆਪਣੇ ਪਰਵਾਰ ਅਤੇ ਸਾਰੇ ਸਮਾਜ ਵਾਸਤੇ ਖਤਰਾ ਹੈ। ਅਸੀਂ ਨਸ਼ਾ ਮੁਕਤ ਰਹਿ ਕੇ ਹੀ ਸਮਾਜ ਅਤੇ ਦੇਸ਼ ਦੀ ਤਰੱਕੀ ਵਿਚ ਯੋਗਦਾਨ ਪਾ ਸਕਦੇ ਹਾਂ। ਰੈਡ ਰਿਬਨ ਕਲੱਬ ਦੇ ਪ੍ਰਧਾਨ ਪ੍ਰੋਫੈਸਰ ਸੰਦੀਪ ਕੁਮਾਰ ਨੇ



ਦੱਸਿਆ ਕੇ ਨਸ਼ਾ ਕਰਨ ਵਾਲੇ ਏਡਜ਼ ਅਤੇ ਕਾਲਾ ਪੀਲੀਆ ਦੇ ਸ਼ਿਕਾਰ ਹੋ ਜਾਂਦੇ ਹਨ ਕਿਉਂਕਿ ਉਹ ਨਸ਼ਿਆਂ ਵਾਸਤੇ ਵਰਤੀਆਂ ਹੋਈਆ ਸੂਈਆਂ ਅਤੇ ਸਰਿੰਜਾ ਇਸਤੇਮਾਲ ਕਰਦੇ ਹਨ। ਇਸ ਮੌਕੇ ਤੇ ਵਿਦਿਆਰਥੀਆਂ ਨੇ ਨਸ਼ਿਆ ਵਿਰੁੱਧ ਬੈਨਰ ਚੁੱਕੇ ਹੋਏ ਸਨ। ਸੈਮੀਨਾਰ ਵਿਚ ਤਕਰੀਬਨ 100 ਵਿਦਿਆਰਥੀਆਂ ਨੇ ਹਿੱਸਾ ਲਿਆ ਹੈ। ਅਖੀਰ ਵਿਚ ਵਿਦਿਆਰਥੀਆਂ ਨੇ ਜ਼ਿੰਦਗੀ ਭਰ ਨਸ਼ਾ ਨਾ ਕਰਨ ਦਾ ਸੰਕਲਪ ਲਿਆ ਹੈ ਇਸ ਮੌਕੇ ਤੇ ਕਾਲਜ ਦੇ ਸਟਾਫ ਮੈਂਬਰ ਵੀ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਕੇਸਗੜ੍ਹ ਸਾਹਿਬ ਦੇ ਵੈੱਬ ਚੈਨਲ ਦੀ ਸ਼ੁਰੂਆਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਕਰਦਿਆਂ 14 ਅਕਤੂਬਰ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਦੇ ਵੈੱਬ ਚੈਨਲ ਦੀ ਸ਼ੁਰੂਆਤ ਕੀਤੀ ਗਈ ਹੈ। ਯੂ-ਟਿਊਬ ਅਤੇ ਹੋਰ ਡਿਜੀਟਲ ਮੰਚਾਂ ਉੱਤੇ ਚੱਲਣ ਵਾਲੇ ਇਸ ਚੈਨਲ ਤੋਂ ਰੋਜ਼ਾਨਾ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਣ ਹੋਵੇਗਾ। ਇਸ ਚੈਨਲ ਰਾਹੀਂ ਸਵੇਰੇ 5 ਵਜੇ ਤੋਂ ਰਾਤ 9 ਵਜੇ ਤੱਕ ਤਖ਼ਤ ਸਾਹਿਬ ਦੇ ਪਵਿੱਤਰ ਦਰਸ਼ਨ ਦੀਦਾਰ ਤੇ ਗੁਰਬਾਣੀ ਕੀਰਤਨ ਨਾਲ ਸੰਸਾਰ ਭਰ ਦੀ ਸੰਗਤ ਜੁੜ ਸਕੇਗੀ। ਇਸ ਤੋਂ ਇਲਾਵਾ ਸ਼ਹੀਦੀ ਸ਼ਤਾਬਦੀ ਨਾਲ ਜੁੜੇ ਸਮਾਗਮਾਂ ਅਤੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਇੱਕ ਵਿਸ਼ੇਸ਼ ਦਫ਼ਤਰ ਦੀ ਸਥਾਪਨਾ ਵੀ ਕੀਤੀ ਗਈ ਹੈ। ਇਸ ਦੌਰਾਨ ਕਾਰਸੇਵਾ ਵਾਲੇ ਬਾਬਿਆਂ ਨਾਲ ਵਿਸ਼ਾਲ ਇਕੱਤਰਤਾ ਕਰਕੇ ਲੰਗਰਾਂ ਦੇ ਪ੍ਰਬੰਧਾਂ ਬਾਰੇ ਵਿਚਾਰ ਚਰਚਾ ਕੀਤੀ ਗਈ। ਇਨ੍ਹਾਂ ਕਾਰਜਾਂ ਦੀ ਰਸਮੀ ਸ਼ੁਰੂਆਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿਚ ਕੀਤੀ ਗਈ। ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਦੀ 350 ਸਾਲਾ ਸ਼ਤਾਬਦੀ ਪੂਰੇ ਸਿੱਖ ਜਗਤ ਲਈ ਬੇਹੱਦ ਮਹੱਤਵਪੂਰਣ ਅਵਸਰ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਸ਼ਤਾਬਦੀ 'ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਖ-ਵੱਖ ਸਮਾਗਮ ਕੀਤੇ ਜਾ ਰਹੇ ਹਨ। ਇਸ ਲਈ ਸਥਾਪਿਤ ਕੀਤਾ ਗਿਆ ਦਫ਼ਤਰ ਸਾਰੇ ਸਮਾਗਮਾਂ ਦੀ ਨਿਗਰਾਨੀ, ਸੰਗਤ ਨੂੰ ਜਾਣਕਾਰੀ ਦੇਣ ਅਤੇ ਪ੍ਰਚਾਰ-ਪ੍ਰਸਾਰ ਦੀ ਜ਼ਿੰਮੇਵਾਰੀ ਨਿਭਾਏਗਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ, ਸ. ਤੇਜਿੰਦਰ ਸਿੰਘ ਮਿੱਡੂਖੇੜਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਅਜਮੇਰ ਸਿੰਘ ਖੇੜਾ, ਭਾਈ ਗੁਰਬਖ਼ਸ਼ ਸਿੰਘ ਖਾਲਸਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਗੁਰਪ੍ਰੀਤ ਸਿੰਘ ਘੰਡੂਰ ਸਾਹਿਬ, ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ, ਬਾਬਾ ਹਰਦੇਵ ਸਿੰਘ ਤਲਵੰਡੀ ਅਰਾਈਆਂ, ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ, ਬਾਬਾ ਕਸ਼ਮੀਰ ਸਿੰਘ ਟਿੱਬੀ ਸਾਹਿਬ, ਬਾਬਾ ਸ਼ੀਰਾ ਸਿੰਘ, ਬਾਬਾ ਜਗਜੀਤ ਸਿੰਘ ਸ਼ਾਸਤਰੀ, ਬਾਬਾ ਸਤਨਾਮ ਸਿੰਘ ਪਹੋਵੇ ਵਾਲੇ, ਬਾਬਾ ਜਰਨੈਲ ਸਿੰਘ, ਬਾਬਾ ਹੀਰਾ ਸਿੰਘ, ਬਾਬਾ ਕੁਲਵਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਗੁਰਦੀਪ ਸਿੰਘ ਕੰਗ, ਵਧੀਕ ਮੈਨੇਜਰ ਸ. ਹਰਦੇਵ ਸਿੰਘ ਇੰਦਰਾਜ ਸ. ਬਲਦੇਵ ਸਿੰਘ, ਸ. ਧਰਮਿੰਦਰ ਸਿੰਘ ਆਦਿ ਹਾਜ਼ਰ ਸਨ।

# 10ਵਾਂ ਸੰਤ ਸਮਾਗਮ ਅੱਜ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੰਡੋਵਾਲ)**- ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੁਸਾਇਟੀ ਪਿੰਡ ਜੇਜੋਂਵੀ ਵੱਲੋਂ ਡਾ. ਕੁਲਵਿੰਦਰ ਸਿੰਘ ਜੇਜੋਂਵੀ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਜੇਜੋਂਵੀ ਵਿਖੇ 16 ਅਕਤੂਬਰ ਨੂੰ 10ਵਾਂ ਮਹਾਨ ਸੰਤ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਸਾਹਿਲ ਜੇਜੋਂਵੀ, ਕੁਲਦੀਪ ਸਿੰਘ, ਹਰਬੰਸ ਲਾਲ, ਕੇਵਲ ਸਿੰਘ, ਰਾਮ ਜੀ ਦਾਸ ਅਤੇ ਹੋਰ ਪ੍ਰਬੰਧਕਾਂ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਸ ਮੌਕੇ ਸੰਤ ਸਤਨਾਮ ਦਾਸ ਗੁੱਜਰ ਮਹਿਦੂਦ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਪ੍ਰਭੂ ਸਰਬ ਸ਼ਕਤੀਮਾਨ ਪ੍ਰਮਾਤਮਾ ਨਾਲ ਜੋੜਨਗੇ। ਉਹਨਾਂ ਦੱਸਿਆ ਕਿ ਇਸ ਸਮਾਗਮ ਦਾ ਪੋਸਟਰ ਡੇਰਾ ਸੱਚਖੰਡ ਬੱਲਾਂ ਦੇ ਗੱਦੀ ਨਸ਼ੀਨ 108 ਸੰਤ ਨਿਰੰਜਨ ਦਾਸ ਮਹਾਰਾਜ ਨੇ ਜਾਰੀ ਕੀਤਾ। ਇਸ ਮੌਕੇ ਉਹਨਾਂ ਨਾਲ ਹੋਰ ਸੰਤ ਮਹਾਂਪੁਰਸ਼ ਵੀ ਹਾਜ਼ਰ ਸਨ।ਇਸ ਮਹਾਨ ਸੰਤ ਸਮਾਗਮ ਵਿੱਚ ਡੇਰਾ ਸੱਚਖੰਡ ਬੱਲਾਂ ਤੋਂ ਸੰਤ ਨਿਰੰਜਨ ਦਾਸ ਮਹਾਰਾਜ ਸੰਗਤਾਂ ਨੂੰ ਅਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤ ਬਾਣੀ ਦੇ ਜਾਪ ਨਾਲ ਹੋਵੇਗੀ ਤੇ ਬਾਅਦ ਵਿੱਚ ਸਮਾਗਮ ਵਿੱਚ ਪਹੁੰਚੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਨਾਲ ਜੋੜਨਗੇ। ਗੁਰੂ ਕੇ ਲੰਗਰ ਅਟੁੱਟ ਚੱਲਣਗੇ।

# ਧਾਲੀਵਾਲ ਨੇ ਮਰਹੂਮ ਵਾਈ. ਪੂਰਨ ਕੁਮਾਰ ਦੇ ਪਰਵਾਰ ਨਾਲ ਕੀਤੀ ਮੁਲਾਕਾਤ



**ਫਗਵਾੜਾ (ਡਾ. ਰਮਨ)**- ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ, ਵਿਧਾਇਕ ਫਗਵਾੜਾ ਨੇ 14 ਅਕਤੂਬਰ ਨੂੰ ਕਾਂਗਰਸ ਦੇ ਸਾਬਕਾ ਰਾਸ਼ਟਰੀ ਪ੍ਰਧਾਨ ਰਾਹੁਲ ਗਾਂਧੀ ਦੇ ਨਾਲ ਹਰਿਆਣਾ ਦੇ ਆਈ ਪੀ ਐੱਸ ਅਧਿਕਾਰੀ ਵਾਈ. ਪੂਰਨ ਕੁਮਾਰ ਦੀ ਪਤਨੀ ਅਮਨੀਤ ਪੀ. ਕੁਮਾਰ ਤੇ ਪਰਵਾਰ ਦੇ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਹਨਾਂ ਨੇ ਪਰਵਾਰ ਦੇ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ। ਧਾਲੀਵਾਲ ਨੇ ਦੱਸਿਆ ਕਿ ਖ਼ੁਦਕੁਸ਼ੀ ਲਈ ਅਧਿਕਾਰੀ ਵਾਈ. ਪੂਰਨ ਕੁਮਾਰ ਦਾ ਪਰਵਾਰ ਸਰਕਾਰ ਦੇ ਰਵੱਈਏ ਨੂੰ ਲੈ ਕੇ ਦੁਖੀ ਅਤੇ ਸਦਮੇ ਵਿੱਚ ਹੈ। ਹਰਿਆਣਾ ਸਰਕਾਰ ਦਾ ਧਿਆਨ ਪਰਵਾਰ ਨੂੰ ਇਨਸਾਫ਼ ਦਿਵਾਉਣ ਦੀ ਬਜਾਏ ਦੋਸ਼ੀ ਪੁਲਿਸ ਅਧਿਕਾਰੀਆਂ ਨੂੰ ਬਚਾਉਣ ਵੱਲ ਹੈ। ਉਨ੍ਹਾਂ ਕਿਹਾ ਕਿ ਆਈ ਪੀ ਐੱਸ ਅਤੇ ਆਈ ਏ ਐੱਸ ਅਧਿਕਾਰੀ ਕੇਂਦਰ ਸਰਕਾਰ ਦੇ ਅਧੀਨ ਹੁੰਦੇ ਹਨ, ਫਿਰ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹਮਦਰਦੀ ਦੇ ਸ਼ਬਦ ਨਹੀਂ ਕਹੇ। ਜਦਕਿ ਸੀਨੀਅਰ ਭਾਜਪਾ ਆਗੂ ਗੁੰਮਰਾਹ ਕਰਨ ਵਾਲੀ ਬਿਆਨਬਾਜ਼ੀ ਕਰਨ ਵਿੱਚ ਰੁੱਝੇ ਹੋਏ ਹਨ। ਉਨ੍ਹਾਂ ਦੱਸਿਆ ਕਿ ਰਾਹੁਲ ਗਾਂਧੀ ਨੇ ਪਰਵਾਰ ਨੂੰ ਭਰੋਸਾ ਦਿੱਤਾ ਹੈ ਕਿ ਕਾਂਗਰਸ ਪਾਰਟੀ ਇਨਸਾਫ਼ ਦੇ ਇਸ ਸੰਘਰਸ਼ ਵਿੱਚ ਪਰਵਾਰ ਦੇ ਨਾਲ ਹੈ। ਕਾਂਗਰਸ ਪਾਰਟੀ ਮਰਹੂਮ ਆਈ ਪੀ ਐੱਸ ਅਧਿਕਾਰੀ ਵਾਈ. ਪੂਰਨ ਕੁਮਾਰ ਦੇ ਪਰਿਵਾਰ ਨੂੰ ਇਨਸਾਫ਼ ਮਿਲਣ ਤੱਕ ਚੁੱਪ ਨਹੀਂ ਬੈਠੇਗੀ। ਇਸ ਮੌਕੇ ਸਾਬਕਾ ਮੁੱਖ ਮੰਤਰੀ ਭੂਪਿੰਦਰ ਸਿੰਘ ਹੁੱਡਾ, ਕੁਮਾਰੀ ਸ਼ੈਲਜਾ ਅਤੇ ਹਰਿਆਣਾ ਦੇ ਹੋਰ ਸੀਨੀਅਰ ਕਾਂਗਰਸੀ ਆਗੂ ਵੀ ਮੌਜੂਦ ਸਨ।

# ਸ਼ਿਵ ਸੈਨਾ ਆਗੂਆਂ ਨੇ ਐੱਸ ਪੀ ਮਾਧਵੀ ਸ਼ਰਮਾ ਨਾਲ ਕੀਤੀ ਮੁਲਾਕਾਤ



**ਫਗਵਾੜਾ (ਡਾ. ਰਮਨ)**- ਸ਼ਿਵ ਸੈਨਾ ਯੂ.ਬੀ.ਟੀ. ਦਾ ਇਕ ਵਫਦ ਸੂਬਾ ਪ੍ਰੈੱਸ ਸਕੱਤਰ ਕਮਲ ਸਰੋਜ ਦੀ ਅਗਵਾਈ ਹੇਠ ਨਵ-ਨਿਯੁਕਤ ਐੱਸ ਪੀ ਮਾਧਵੀ ਸ਼ਰਮਾ ਨੂੰ ਮਿਲਿਆ। ਇਸ ਦੌਰਾਨ ਸ਼ਿਵ ਸੈਨਾ ਆਗੂਆਂ ਨੇ ਫਗਵਾੜਾ ਵਿਖੇ ਉਨ੍ਹਾਂ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਗੁਲਦਸਤਾ ਭੇਟ ਕੀਤਾ। ਕਮਲ ਸਰੋਜ ਨੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਰੱਖਦਿਆਂ ਪੈਂਡਿੰਗ ਪਈਆਂ ਸ਼ਿਕਾਇਤਾਂ ਦੇ ਜਲਦੀ ਨਿਪਟਾਰੇ, ਚੋਰੀਆਂ, ਲੁੱਟਾਂ-ਖੋਹਾਂ ਅਤੇ ਸਨੈਚਿੰਗ ਦੀਆਂ ਘਟਨਾਵਾਂ ਨੂੰ ਨੱਥ ਪਾਉਣ ਲਈ ਸਮਾਜ ਵਿਰੋਧੀ ਅਨਸਰਾਂ ਖਿਲਾਫ ਸਖ਼ਤੀ ਵਰਤਣ, ਥਾਣਿਆਂ 'ਚ ਪੁਲਸ ਮੁਲਾਜ਼ਮਾਂ ਦੀ ਘਾਟ ਨੂੰ ਪੂਰਾ ਕਰਨ ਅਤੇ ਤਿਉਹਾਰੀ ਸੀਜ਼ਨ 'ਚ ਆਮ ਲੋਕਾਂ ਦੀ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਨ ਦੀ ਅਪੀਲ ਕੀਤੀ। ਨਾਲ ਹੀ ਭਰੋਸਾ ਦਿੱਤਾ ਕਿ ਪੁਲਸ ਵਲੋਂ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸ਼ਿਵ ਸੈਨਾ ਯੂ.ਬੀ.ਟੀ. ਪੂਰਾ ਸਹਿਯੋਗ ਕਰੇਗੀ। ਐੱਸ.ਪੀ. ਮਾਧਵੀ ਸ਼ਰਮਾ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਅਧੀਨ ਕਿਸੇ ਵੀ ਥਾਣਾ ਖੇਤਰ ਵਿੱਚ ਕਿਸੇ ਵੀ ਸਮਾਜ ਵਿਰੋਧੀ ਅਨਸਰ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਵਫਦ ਵਿੱਚ ਕੁਲਦੀਪ ਕੁਮਾਰ, ਮੁਨੀਸ਼ ਸ਼ਰਮਾ, ਕਮਲ ਕੌਸ਼ਲ, ਸੁਖਦੀਪ ਸਿੰਘ ਲਾਡਾ, ਰੂਬਲ ਤੇ ਲੱਕੀ ਆਦਿ ਸ਼ਾਮਲ ਸਨ।

# ਕਮਜ਼ੋਰ ਵਰਗਾਂ ਲਈ 8.76 ਕਰੋੜ ਰੁਪਏ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ 1718 ਲਾਭਪਾਤਰੀਆਂ ਲਈ 8.76 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ,ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ.ਬਲਜੀਤ ਕੌਰ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਜ਼ਿਲ੍ਹਾ ਬਰਨਾਲਾ, ਬਠਿੰਡਾ, ਫਰੀਦਕੋਟ, ਫਿਰੋਜ਼ਪੁਰ, ਫਤਿਹਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਮੋਗਾ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਰੂਪਨਗਰ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਦੇ ਕੁੱਲ 1718 ਲਾਭਪਾਤਰੀਆਂ ਦੀਆਂ ਦਰਖ਼ਾਸਤਾਂ ਪ੍ਰਾਪਤ ਹੋਈਆਂ ਸਨ। ਇਹਨਾਂ ਸਭ ਨੂੰ ਕਵਰ ਕਰਨ ਲਈ 8.76 ਕਰੋੜ ਰੁਪਏ ਜਾਰੀ ਕੀਤੇ ਗਏ ਹਨ।

# ਕੁਇਜ਼ ਮੁਕਾਬਲੇ ਕਰਵਾਏ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦਫ਼ਤਰ ਸਹਾਇਕ ਡਾਇਰੈਕਟਰ, ਪੰਜਾਬੀ ਸੈੱਲ, ਚੰਡੀਗੜ੍ਹ ਵੱਲੋਂ 14 ਅਕਤੂਬਰ ਨੂੰ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ ਸਰਕਾਰੀ ਕਾਲਜ, ਫ਼ੇਜ਼ 6, ਮੋਹਾਲੀ ਵਿਖੇ ਜ਼ਿਲ੍ਹੇ ਨਾਲ ਸਬੰਧਿਤ ਵਿਦਿਆਰਥੀਆਂ ਦੇ ਵੱਖ-ਵੱਖ ਵਰਗਾਂ ਦੇ ਲਿਖਤੀ ਬਾਲ ਸਾਹਿਤ ਕੁਇਜ਼ ਮੁਕਾਬਲੇ ਕਰਵਾਏ ਗਏ। ਸਹਾਇਕ ਡਾਇਰੈਕਟਰ ਸ੍ਰੀਮਤੀ ਸੁਰਿੰਦਰ ਕੌਰ ਦੀ ਦੇਖ-ਰੇਖ ਹੇਠ ਕਰਵਾਏ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਉਦੇਸ਼ ਸਕੂਲੀ ਵਿਦਿਆਰਥੀਆਂ ਅੰਦਰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਪ੍ਰਤੀ ਮੋਹ ਜਗਾਉਣਾ ਹੈ। ਖੋਜ ਅਫ਼ਸਰ ਜਗਰੀਤ ਕੌਰ ਅਤੇ ਖੋਜ ਅਫ਼ਸਰ ਜਗਦੀਪ ਜੋਤ ਵੱਲੋਂ ਮੁਕਾਬਲਿਆਂ ਵਿੱਚ ਸ਼ਿਰਕਤ ਕਰਨ ਲਈ ਪਹੁੰਚੇ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਅਤੇ ਪਤਵੰਤਿਆਂ ਨੂੰ ਜੀ ਆਇਆਂ ਨੂੰ ਕਿਹਾ ਗਿਆ ਅਤੇ ਵਿਭਾਗ ਦੀ ਕਾਰਜਸ਼ੈਲੀ ਬਾਰੇ ਸੰਖੇਪ ਜਾਣਕਾਰੀ ਦਿੱਤੀ। ਕੁਇਜ਼ ਮੁਕਾਬਲਿਆਂ ਦੇ ਨਿਯਮਾਂ ਅਨੁਸਾਰ ਇਹ ਮੁਕਾਬਲੇ ਲਿਖਤੀ ਕਰਵਾਏ ਗਏ ਅਤੇ ਇਨ੍ਹਾਂ ਲਈ ਇੱਕ ਘੰਟਾ ਸਮਾਂ ਨਿਰਧਾਰਿਤ ਕੀਤਾ ਗਿਆ ਸੀ। ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ, ਧਰਮ, ਸ਼ਖ਼ਸੀਅਤਾਂ, ਸੱਭਿਆਚਾਰਕ, ਇਤਿਹਾਸ ਅਤੇ ਭੂਗੋਲ ਨਾਲ ਸਬੰਧਿਤ ਕੁੱਲ 100 ਪ੍ਰਸ਼ਨ ਪੁੱਛੇ ਗਏ ਤੇ ਪ੍ਰਸ਼ਨ ਪੱਤਰ ਦੇ ਕੁੱਲ ਅੰਕ 400 ਸਨ। ਕੁਇਜ਼ ਮੁਕਾਬਲੇ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲ਼ੇ ਵਿਦਿਆਰਥੀਆਂ ਨੂੰ ਕ੍ਰਮਵਾਰ 1000/-, 750/- ਅਤੇ 500/- ਰੁਪਏ ਦੇ ਨਕਦ ਇਨਾਮ ਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।

# ਅਮਰੀਕਾ ਦੁਨੀਆਂ ਨੂੰ ਆਰਥਿਕ ਤੌਰ 'ਤੇ ਗੁਲਾਮ ਬਣਾਉਣਾ ਚਾਹੁੰਦਾ : ਸੇਖੋਂ



**ਬੰਗਾ (ਅਵਤਾਰ ਕਲੇਰ)**- ਸੀ ਪੀ ਆਈ (ਐਮ) ਦੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਬੰਗਾ ਵਿਖੇ ਕਾਮਰੇਡ ਹਰਬੰਸ ਸਿੰਘ ਮੱਧਾਣੀ ਹਾਲ ਵਿਖੇ ਜ਼ਿਲ੍ਹਾ ਪੱਧਰੀ ਸਕੂਲ ਵਿੱਚ ਬੋਲਦਿਆਂ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਅਮਰੀਕਾ ਦੁਨੀਆਂ ਨੂੰ ਆਰਥਿਕ ਤੌਰ 'ਤੇ ਗੁਲਾਮ ਬਣਾਉਣਾ ਚਾਹੁੰਦਾ ਹੈ। ਉਹਨਾਂ ਮੋਦੀ ਸਰਕਾਰ ਦੀਆਂ ਫਾਸ਼ੀਵਾਦੀ ਨੀਤੀਆਂ ਬਾਰੇ ਦੱਸਿਆ ਤੇ ਕਿਹਾ ਕਿ ਭਾਜਪਾ ਭਾਰਤ ਦੇ ਸੰਵਿਧਾਨ ਨੂੰ ਖ਼ਤਮ ਕਰਕੇ ਆਰ ਐੱਸ ਐੱਸ ਦਾ ਏਜੰਡਾ ਲਾਗੂ ਕਰਨਾ ਚਾਹੁੰਦੀ ਹੈ, ਇਸ ਲਈ ਸਾਨੂੰ ਵਿਚਾਰਧਾਰਕ ਲੜਾਈ ਨੂੰ ਤੇਜ਼ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਹਰ ਪਾਰਟੀ ਮੈਂਬਰ ਨੂੰ ਪਾਰਟੀ ਪ੍ਰੋਗਰਾਮ ਪੜ੍ਹਨਾ ਜ਼ਰੂਰੀ ਹੈ। ਇਸ ਮੌਕੇ ਤੇ ਸੂਬਾ ਕਮੇਟੀ ਮੈਂਬਰ ਰਾਮ ਸਿੰਘ ਨੂਰਪੁਰੀ ਅਤੇ ਜ਼ਿਲ੍ਹਾ ਸਕੱਤਰ ਸਾਥੀ ਚਰਨਜੀਤ ਸਿੰਘ ਦੌਲਤਪੁਰ ਹਾਜ਼ਰ ਸਨ।

# ਡੀ ਸੀ ਨੇ ਮਾਲ ਵਿਭਾਗ ਦੀ ਕਾਰਗੁਜ਼ਾਰੀ ਦੀ ਕੀਤੀ ਸਮੀਖਿਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਮਾਲ ਵਿਭਾਗ ਦੇ ਕੰਮਾਂ ਦਾ ਮੁਲਾਂਕਣ ਕਰਨ ਅਤੇ ਭੂਮੀ ਅਤੇ ਮਾਲ ਪ੍ਰਸ਼ਾਸਨ ਵਿੱਚ ਕੁਸ਼ਲਤਾ ਅਤੇ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਮੁੱਖ ਪਹਿਲਕਦਮੀਆਂ ਦੀ ਪ੍ਰਗਤੀ ਦੀ ਨਿਗਰਾਨੀ ਕਰਨ ਲਈ ਮਾਲ ਵਿਭਾਗ ਨਾਲ ਸਬੰਧਤ ਅਧਿਕਾਰੀਆਂ ਦੀ ਮਾਸਿਕ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ, ਡਿਪਟੀ ਕਮਿਸ਼ਨਰ ਨੇ ਸਵਾਮਿਤਵ ਯੋਜਨਾ ਅਧੀਨ ਪ੍ਰਗਤੀ, ਇੰਤਕਾਲ ਲੰਬਿਤ



ਸਥਿਤੀ ਅਤੇ ਮਾਲ ਅਦਾਲਤ ਪ੍ਰਬੰਧਨ ਪ੍ਰਣਾਲੀ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਸੋਧੇ ਹੋਏ ਕੁਲੈਕਟਰ ਰੇਟ 23 ਅਕਤੂਬਰ, 2025 ਤੋਂ ਐਸ ਏ ਐਸ ਨਗਰ ਜ਼ਿਲ੍ਹੇ ਵਿੱਚ ਲਾਗੂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜਾਇਦਾਦ ਦੇ ਲੈਣ-ਦੇਣ ਅਤੇ ਤਰਕਸੰਗਤ ਬਾਜ਼ਾਰ ਮੁੱਲਾਂ ਨੂੰ ਦਰਸਾਉਣ ਅਤੇ ਸੁਚਾਰੂ ਰਜਿਸਟ੍ਰੇਸ਼ਨ ਪ੍ਰਕਿਰਿਆਵਾਂ ਨੂੰ ਸੁਵਿਧਾਜਨਕ ਬਣਾਉਣ ਲਈ ਹਿੱਸੇਦਾਰਾਂ ਨਾਲ ਵਿਸਤ੍ਰਿਤ ਸਲਾਹ-ਮਸ਼ਵਰੇ ਤੋਂ ਬਾਅਦ ਨਵੀਆਂ ਦਰਾਂ ਤਿਆਰ ਕੀਤੀਆਂ ਗਈਆਂ ਹਨ।

# ਸਰਕਾਰ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਹੀਂ ਦੇ ਸਕੀ : ਜਸਵੀਰ



**ਹੁਸ਼ਿਆਰਪੁਰ (ਬਲਬੀਰ ਸਿੰਘ)**- ਸਾਢੇ ਤਿੰਨ ਸਾਲ ਬੀਤਣ ਮਗਰੋਂ ਵੀ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਹੁਣ ਤੱਕ ਨਹੀ ਦੇ ਸਕੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ (ਜੀ ਟੀ ਯੂ) ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਦੱਸਿਆ ਕਿ ਮੁਲਾਜ਼ਮਾਂ ਦੇ ਹੁਣ ਤੱਕ ਬਕਾਇਆ ਡੀ.ਏ., ਪੇਂਡੂ ਭੱਤਿਆਂ ਸਮੇਤ ਹੋਰ ਬੰਦ ਕੀਤੇ ਭੱਤਿਆਂ ਨੂੰ ਸਰਕਾਰ ਹੁਣ ਤੱਕ ਨਹੀ ਸ਼ੁਰੂ ਕਰ ਸਕੀ ਜਦੋਂਕਿ ਗੁਆਂਢੀ ਸੂਬੇ ਹਿਮਾਚਲ ਅਤੇ ਹਰਿਆਣਾ ਦੀਆ ਸਰਕਾਰਾਂ ਆਪਣੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਤੱਤਪਰ ਦਿੱਖ ਰਹੀਆਂ ਹਨ। ਪੰਜਾਬ ਦੇ ਮੁਲਾਜ਼ਮ ਕੇਂਦਰ ਦੇ ਮੁਲਾਜ਼ਮਾਂ ਨਾਲੋਂ 16% ਘੱਟ ਡੀ.ਏ. ਲੈ ਰਹੇ ਹਨ। ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਲਈ ਵੀ ਹੁਣ ਤੱਕ ਆਪਣੇ ਐਲਾਨ ਮੁਤਾਬਕ ਮੁਲਾਜ਼ਮਾਂ ਨੂੰ ਉਹਨਾਂ ਦਾ ਬਣਦਾ ਹੱਕ ਨਹੀਂ ਦੇ ਸਕੀ ਜਦੋਂ ਕਿ ਗੁਆਢੀ ਸੂਬੇ ਹਿਮਾਚਲ ਵਿਚ ਬਣੀ ਕਾਗਰਸ ਸਰਕਾਰ ਆਪਣੇ ਮੁਲਾਜ਼ਮਾ ਨੂੰ ਪੁਰਾਣੀ ਪੈਨਸ਼ਨ ਦੇ ਸਾਰੇ ਲਾਭ ਦੇ ਰਹੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਧਿਆਪਕ ਆਗੂ ਸੁਨੀਲ ਕੁਮਾਰ, ਲੈ: ਅਮਰ ਸਿੰਘ, ਲੈਕਚਰਾਰ ਉਪਿੰਦਰ ਸਿੰਘ, ਵਿਕਾਸ ਸ਼ਰਮਾ ਨਸਰਾਲਾ, ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ, ਵਰਿੰਦਰ ਵਿੱਕੀ, ਰਜਤ ਮਹਾਜਨ, ਲੈ: ਹਰਵਿੰਦਰ ਸਿੰਘ, ਸ਼ਾਮ ਸੁੰਦਰ ਕਪੂਰ, ਕਮਲਦੀਪ ਸਿੰਘ, ਅਨੁਪਮ ਰਤਨ, ਹੈੱਡ-ਮਾਸਟਰ ਸੰਦੀਪ ਬਡੇਸਰੋਂ, ਹੈੱਡ-ਮਾਸਟਰ ਨਸੀਬ ਸਿੰਘ ਸਮੇਤ ਵੱਡੀ ਗਿਣਤੀ 'ਚ ਅਧਿਆਪਕ ਹਾਜ਼ਰ ਸਨ।

# ਵਿਗਿਆਨਕ ਮੇਲਾ ਕਰਵਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੀ ਦੂਰ ਅੰਦੇਸ਼ੀ ਸੋਚ ਕਾਰਨ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਨਵੀਆਂ ਪੁਲਾਂਘਾ ਪੁੱਟ ਰਹੇ ਹਨ। ਵਿੱਦਿਆ ਦੇ ਖੇਤਰ ਵਿੱਚ ਵੀ ਜ਼ਿਕਰਯੋਗ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀ ਆਪਣੇ ਸੁਨਹਿਰੇ ਭਵਿੱਖ ਵੱਲ ਵੱਧ ਰਹੇ ਹਨ।ਜ਼ਿਲ੍ਹਾ ਸਿੱਖਿਆ ਅਫਸਰ ਪ੍ਰੇਮ ਕੁਮਾਰ ਮਿੱਤਲ ਦੀ ਅਗਵਾਈ ਅਧੀਨ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਲੋਧੀਪੁਰ ਵਿੱਚ ਵਿਦਿਆਰਥੀਆਂ ਵੱਲੋਂ ਵਿਗਿਆਨ, ਗਣਿਤ, ਅੰਗਰੇਜ਼ੀ ਅਤੇ ਸਮਾਜਿਕ ਅਧਿਐਨ ਵਿਸ਼ਿਆਂ ਅਧਾਰਤ ਮੇਲਾ ਲਗਾਇਆ ਗਿਆ। ਮੇਲੇ ਦੀ ਅਗਵਾਈ ਪ੍ਰਿੰਸੀਪਲ ਨੀਰਜ ਕੁਮਾਰ ਵਰਮਾ ਵਲੋਂ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆ ਸਕੂਲ ਇੰਚਾਰਜ ਸ. ਚਰਨਜੀਤ ਸਿੰਘ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਇਸ ਮੇਲੇ ਵਿੱਚ ਵੱਖ-ਵੱਖ ਵਿਸ਼ਿਆਂ ਨਾਲ ਸਬੰਧਿਤ ਮਾਡਲ, ਚਾਰਟ ਅਤੇ ਪ੍ਰੋਜੈਕਟ ਪ੍ਰਦਰਸ਼ਿਤ ਕੀਤੇ, ਜਿਨ੍ਹਾਂ ਰਾਹੀਂ ਉਹਨਾਂ ਨੇ ਆਪਣੀ ਵਿਗਿਆਨਕ ਸੋਚ, ਗਣਿਤਕ ਕਾਬਲੀਅਤ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ ਸਕੂਲ ਪ੍ਰਬੰਧਕਾਂ ਨੇ ਵਿਦਿਆਰਥੀਆਂ ਦੀ ਮਿਹਨਤ ਅਤੇ ਉਤਸ਼ਾਹ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਮੇਲੇ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਤੇ ਅਧਿਐਨ ਪ੍ਰਤੀ ਜੋਸ਼ ਪੈਦਾ ਕਰਦੇ ਹਨ। ਮੇਲੇ ਦੌਰਾਨ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਰਗਰਮ ਹਿੱਸਾ ਲਿਆ ਅਤੇ ਸਕੂਲ ਵਿੱਚ ਉਤਸ਼ਾਹਪੂਰਨ ਮਾਹੌਲ ਬਣਿਆ ਰਿਹਾ। ਇਸ ਮੌਕੇ ਲੈਕ.ਬਲਕਾਰ ਸਿੰਘ, ਲੈਕ ਬਲਜੀਤ ਕੌਰ, ਲੈਕ ਮੁਕੇਸ਼ ਕੁਮਾਰ, ਲੈਕ ਗੁਰਚਰਨ ਸਿੰਘ, ਲੈਕ ਸੋਹਨ ਸਿੰਘ ਚਾਹਲ, ਲੈਕ ਪਵਨ ਕੁਮਾਰ, ਲੈਕ ਰਜਨੀਸ਼ ਕੁਮਾਰ, ਦਪਿੰਦਰ ਕੌਰ, ਹਰਸਿਮਰਨ ਸਿੰਘ, ਗੁਰਪ੍ਰੀਤ ਕੌਰ, ਅਜਵਿੰਦਰ





ਕੌਰ, ਕਮਲਜੀਤ ਕੌਰ, ਰੋਮਿਲ, ਪਰੇਹਾ, ਸੁਰਿੰਦਰ ਪਾਲ ਸਿੰਘ, ਕਮਲਪ੍ਰੀਤ ਸਿੰਘ, ਪ੍ਰਦੀਪ ਕੌਰ, ਸੰਦੀਪਾ ਰਾਣੀ ,ਦੀਪ ਸ਼ਿਖਾ, ਲਖਵੀਰ ਕੌਰ ,ਚਰਨਜੀਤ ਕੌਰ, ਨਿਰਮਲ ਕੌਰ, ਨੇਹਾ ਰਾਣੀ, ਦਵਿੰਦਰ ਕੌਰ ,ਗੀਨਾ ਰਾਣੀ, ਗੁਰਪ੍ਰੀਤ ਸਿੰਘ, ਜਸਵੀਰ ਕੌਰ, ਕੁਲਜਿੰਦਰ ਕੌਰ, ਸੁਖਵਿੰਦਰ ਕੌਰ, ਰਾਜਵੀਰ ਕੌਰ, ਪਿੰਕੀ ਰਾਣੀ, ਰਣਵੀਰ ਸਿੰਘ, ਨਿਰਮਲ ਸਿੰਘ (ਕਲਰਕ), ਗੁਰਮੇਲ ਸਿੰਘ ਲਾਇਬ੍ਰੇਰੀਅਨ, ਕੰਵਲਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਅਮਰਜੀਤ ਸਿੰਘ, ਗਗਨ ਕੁਮਾਰ, ਸੁਰਜੀਤ ਸਿੰਘ, ਵਰੁਣ ਕੁਮਾਰ, ਆਦਰਸ਼ ਕੁਮਾਰ, ਹਰਜੋਤ ਸਿੰਘ, ਰਮਾ ਕੁਮਾਰੀ, ਸ਼ਰਨਜੀਤ ਕੌਰ, ਰਜਨੀ, ਸੋਨੀਆ, ਗੁਰਪ੍ਰੀਤ ਕੌਰ, ਸੀਮਾ ਦੇਵੀ, ਜਸਵਿੰਦਰ ਕੌਰ, ਮਨੀਤਾ ਰਾਣੀ ਆਦਿ ਹਾਜ਼ਰ ਸਨ।

# ਪ੍ਰਧਾਨ ਮੰਤਰੀ ਸੂਬੇ ਨੂੰ ਦੇਣਗੇ ਵਿਕਾਸ ਦੀਆਂ ਨਵੀਆਂ ਸੌਗਾਤਾਂ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 17 ਅਕਤੂਬਰ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਨ ਵਿਸ਼ਵਾਸ-ਜਨ ਵਿਕਾਸ ਸਮਾਰੋਹ ਵਿੱਚ ਪਹੁੰਚਣਗੇ। ਪ੍ਰਧਾਨ ਮੰਤਰੀ ਹਰਿਆਣਾ ਸਰਕਾਰ ਦੇ ਤੀਜੇ ਕਾਰਜਕਾਲ ਦਾ ਇੱਕ ਸਾਲ ਪੂਰਾ ਹੋਣ ਦੇ ਮੌਕੇ ਵਿੱਚ ਸੋਨੀਪਤ ਦੇ ਰਾਈ ਐਜੂਕੇਸ਼ਨ ਸਿਟੀ ਵਿੱਚ ਆਯੋਜਿਤ ਸਮਾਰੋਹ ਵਿੱਚ ਆਉਣਗੇ। ਇਸ ਦੌਰਾਨ ਪ੍ਰਧਾਨ ਮੰਤਰੀ ਮੋਦੀ ਸੂਬੇ ਨੂੰ ਵਿਕਾਸ ਦੀ ਨਵੀਂ ਸੌਗਾਤ ਦੇਣਗੇ।ਸਮਾਰੋਹ ਸਥਾਨ 'ਤੇ ਪਹੁੰਚ ਕੇ ਮੁੱਖ ਮੰਤਰੀ ਸੈਣੀ ਨੇ ਸਭ ਤੋਂ ਪਹਿਲਾਂ ਸਥਾਨ ਦਾ ਦੌਰਾ ਕੀਤਾ। ਉਨ੍ਹਾਂ ਨੇ ਮੁੱਖ ਮੰਚ ਤੇ ਹੋਰ ਵਿਵਸਥਾਵਾਂ ਨੂੰ ਲੈ ਕੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਹਰਿਆਣਾ ਵਿੱਚ ਤੀਜੀ ਵਾਰ ਭਾਜਪਾ ਦੀ ਸਰਕਾਰ ਬਣੀ ਹੈ। ਇਹ ਸਰਕਾਰ ਨੌਨ-ਸਟਾਪ ਜਨਤਾ ਦੇ ਵਿਕਾਸ ਨਾਲ ਜੁੜੇ ਕੰਮ ਕਰ ਰਹੀ ਹੈ। ਪਹਿਲਾਂ ਦੀਆਂ ਸਰਕਾਰਾਂ ਵਿੱਚ ਪਰਚੀ-ਖਰਚੀ ਨਾਲ ਸਰਕਾਰੀ ਨੌਕਰੀਆਂ ਮਿਲਦੀਆਂ ਸਨ। ਪਰ ਅੱਜ ਬਿਨਾਂ ਪਰਚੀ ਅਤੇ ਬਿਨਾਂ ਖਰਚੀ ਦੇ ਨੌਕਰੀਆਂ ਮਿਲ ਰਹੀਆਂ ਹਨ।ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਾਰੋਹ ਵਿੱਚ ਵੱਖ-ਵੱਖ ਯੋਜਨਾਵਾਂ ਦੇ ਲਾਭਕਾਰ ਪਹੁੰਚਣਗੇ।ਇਸ ਮੌਕੇ ਮੁੱਖ ਸਕੱਤਰ ਅਨੁਰਾਗ ਰਸਤੋਗੀ, ਵਿਧਾਇਕ ਨਿਖਿਲ ਮਦਾਨ, ਵਿਧਾਇਕ ਕ੍ਰਿਸ਼ਣਾ ਗਹਿਲੋਤ, ਵਿਧਾਇਕ ਪਵਨ ਖਰਖੌਦਾ, ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਬਡੌਲੀ, ਮੇਅਰ ਰਾਜੀਵ ਜੈਨ ਸਮੇਤ ਹੋਰ ਸੀਨੀਅਰ ਅਧਿਕਾਰੀ ਤੇ ਮਹਿਮਾਨ ਮੌਜੂਦ ਰਹੇ।

# ਭਗਵਾਨ ਵਾਲਮੀਕ ਦੇ ਮੰਦਰ ਲਈ ਗ੍ਰਾਂਟ ਦੀ ਮੰਗ

**ਭਲਾਣ (ਹਰਭਜਨ ਸਿੰਘ ਢਿੱਲੋ)**- ਭਗਵਾਨ ਸ੍ਰੀ ਵਾਲਮੀਕੀ ਸਭਾ ਨੰਗਲ ਵੱਲੋਂ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ ਨੂੰ ਮੰਦਰ ਲਈ ਮਾਲੀ ਸਹਾਇਤਾ ਦੀ ਮਦਦ ਕਰਨ ਲਈ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਸਭਾ ਦੇ ਪ੍ਰਧਾਨ ਵਰਿੰਦਰ ਆਦੀਆ ਅਤੇ ਮੈਂਬਰਾਂ ਨੇ ਦੱਸਿਆ ਕਿ ਸਭਾ ਵਾਲਮੀਕ ਸੈਕਟਰ 2 ਵੱਲੋਂ ਵਾਲਮੀਕ ਜੀ ਦੇ ਮੰਦਰ ਦੀ ਸੰਭਾਲ ਅਤੇ ਮੁਰੰਮਤ ਲਈ 10 ਲੱਖ ਰੁਪਏ ਦੀ ਗ੍ਰਾਂਟ ਦੀ ਮੰਗ ਕੀਤੀ ਗਈ ਹੈ। ਉਨਾਂ



ਕਿਹਾ ਕਿ ਸਾਨੂੰ ਆਸ ਹੈ ਕਿ ਐਮ.ਪੀ ਸਾਡੀ ਮੰਗ ਨੂੰ ਪ੍ਰਵਾਨ ਕਰਕੇ ਜਲਦੀ ਸਾਨੂੰ ਦਸ ਲੱਖ ਦੀ ਗ੍ਰਾਂਟ ਜਾਰੀ ਕਰਨਗੇ। ਇਸ ਮੌਕੇ ਸਭਾ ਦੇ ਮੈਂਬਰ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਬਲਾਕ ਪੱਧਰੀ ਖੇਡਾਂ ਦੌਰਾਨ ਤੇਹਿੰਗ ਸਕੂਲ ਦੀ ਰਹੀ ਝੰਡੀ



**ਫਿਲੌਰ (ਨਿਰਮਲ)**- ਦੋ ਰੋਜ਼ਾ 45ਵੀਆਂ ਬਲਾਕ ਪੱਧਰੀ ਖੇਡਾਂ ਕਲੱਸਟਰ ਪ੍ਰਤਾਬਪੁਰਾ ਵਿੱਖੇ ਕਰਵਾਈਆਂ ਗਈਆਂ ਜਿਸ ਵਿੱਚ ਬਲਾਕ ਫ਼ਿਲੌਰ ਦੇ 57 ਸਕੂਲਾਂ ਦੇ ਬੱਚਿਆਂ ਨੇ ਹਿੱਸਾ ਲਿਆ । ਇਹਨਾਂ ਖੇਡਾਂ ਦਾ ਪ੍ਰਬੰਧ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ.ਜਸਵੀਰ ਸਿੰਘ ਅਤੇ ਕਲੱਸਟਰ ਪ੍ਰਤਾਬਪੁਰਾ ਦੇ ਇੰਚਾਰਜ ਸੀ. ਐੱਚ. ਟੀ ਸੰਜੀਵ ਕੁਮਾਰ ਤੇ ਗੁਰਦੀਪ ਕੌਰ ਤੇ ਅਧਿਆਪਕ ਜਗਸੀਰ ਸਿੰਘ ਪ੍ਰਤਾਬਪੁਰਾ ਦੀ ਅਗਵਾਈ ਹੇਠ ਕਰਵਾਇਆ ਗਿਆ। ਇਹਨਾਂ ਖੇਡਾਂ ਵਿੱਚ ਗ੍ਰਾਮ ਪੰਚਾਇਤ ਪ੍ਰਤਾਬਪੁਰਾ ਦੇ ਸਰਪੰਚ ਦਿਲਪ੍ਰੀਤ ਸਿੰਘ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ । ਇਸ ਦੇ ਨਾਲ ਨਾਲ ਲੰਗਰ ਦੀਆਂ ਸੇਵਾਵਾਂ ਸ਼ੇਰ ਸਿੰਘ ਕੈਨੇਡਾ ਅਤੇ ਸ. ਜਸਪ੍ਰੀਤ ਸਿੰਘ ਪੰਚ ਪਿੰਡ ਪ੍ਰਤਾਬਪੁਰਾ ਵਲੋਂ ਕੀਤੀਆਂ ਗਈਆਂ । ਇਹਨਾਂ ਖੇਡਾਂ ਵਿੱਚ ਵਿਦਿਆਰਥੀਆਂ ਨੇ ਬਹੁਤ ਸੋਹਣਾ ਪ੍ਰਦਰਸ਼ਨ ਕੀਤਾ ਅਤੇ ਖੇਡਾਂ ਦੇ ਇਸ ਮੇਲੇ ਵਿੱਚ ਚਾਰ ਚੰਦ ਲਗਾਏ। ਇਹਨਾਂ ਖੇਡਾਂ ਦੀ ਓਵਰਆਲ ਟਰਾਫ਼ੀ ਕਲੱਸਟਰ ਤੇਹਿੰਗ ਦੇ ਵਿੱਦਿਆਰਥੀਆਂ ਵਲੋਂ ਪ੍ਰਾਪਤ ਕੀਤੀ । ਇਹਨਾਂ ਖੇਡਾਂ ਵਿੱਚ ਕਲੱਸਟਰ ਤੇਹਿੰਗ ਦੇ ਸੀ. ਐਚ. ਟੀ ਸ਼੍ਰੀ ਵਿਜੇ ਕੁਮਾਰ ,ਕਲੱਸਟਰ ਰਾਮਦਾਸਪੁਰਾ ਦੇ ਸੀ. ਐੱਚ. ਟੀ. ਸੰਜੀਵ ਕੁਮਾਰ,ਕਲੱਸਟਰ ਨਗਰ ਇੰਚਾਰਜ ਕਮਲਜੀਤ ਕੌਰ , ਕਲੱਸਟਰ ਭਾਰ ਸਿੰਘਪੁਰਾ ਇੰਚਾਰਚ ਬਲਵਿੰਦਰ ਕੁਮਾਰ ਅਤੇ ਕਲੱਸਟਰ ਫ਼ਿਲੌਰ( ਮੁੰਡੇ) ਤੋਂ ਹਰਕਮਲ ਸਿੰਘ ਤੇ ਅਧਿਆਪਕ ਅਸ਼ੋਕ ਕੁਮਾਰ, ਅਵਤਾਰ ਚੰਦ, ਸੋਨੀਆ ਕੱਕੜ, ਸਰਵਜੀਤ ਕੌਰ ਕਲਿਆਣਪੁਰ ਤੇ ਸਮੂਹ ਬਲਾਕ ਫ਼ਿਲੌਰ ਦੇ ਅਧਿਆਪਕਾਂ ਨੇ ਹਾਜ਼ਰੀ ਲਗਵਾਈ ।

# ਅੰਮ੍ਰਿਤ ਸੰਚਾਰ ਕਰਵਾਇਆ



**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਕਲਗੀਧਰ ਟਰੱਸਟ ਬੜੂ ਸਾਹਿਬ ਵਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਤਾ ਗੱਦੀ ਨੂੰ ਸਮਰਪਿਤ ਅਕਾਲ ਅਕਡੇਮੀ ਮਾਇਓ ਪੱਟੀ ਵਿਖ਼ੇ ਤੱਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪੰਜਾਂ ਪਿਆਰਿਆ ਦੀ ਰਹਿਨੁਮਾਈ ਅਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸ਼ਤਰ ਛਾਇਆ ਹੇਠ 70 ਪ੍ਰਾਣੀਆਂ ਨੂੰ ਅੰਮ੍ਰਿਤ ਦੀ ਦਾਤ ਬਖ਼ਸ਼ ਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ। ਸਮਾਗਮ ਦੌਰਾਨ ਅੰਮ੍ਰਿਤ ਅਭਿਲਾਖੀਆਂ ਨੂੰ ਭੇਟਾ ਰਹਿਤ ਕਕਾਰ ਭੇਟ ਕੀਤੇ ਗਏ,ਅਤੇ ਸਿੰਘਾਂ ਦੁਆਰਾ ਰਹਿਤ ਮਾਰਿਆਦਾ ਸਿਖਾਈ ਗਈ। ਅਕਾਲ ਅਕੈਡੇਮੀਆ ਦੇ ਵਿਦਿਆਰਥੀਆ ਅਤੇ ਇਲਾਕੇ ਦੀਆਂ ਸੰਗਤਾਂ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਕਲਗੀਧਰ ਟਰੱਸਟ ਦੇ ਪ੍ਰਧਾਨ ਬਾਬਾ ਦਵਿੰਦਰ ਸਿੰਘ ਅਤੇ ਉਪ ਪ੍ਰਧਾਨ ਬਾਬਾ ਜਗਜੀਤ ਸਿੰਘ ਜੀ ਵਲੋਂ ਸਿੰਘ ਸਜੇ ਸਿੰਘ, ਸਿੰਘਣੀਆਂ ਨੂੰ ਵਧਾਈ ਦਿਤੀ ਅਤੇ ਸਿੱਖੀ ਦੇ ਪ੍ਰਚਾਰ ਦਾ ਸੁਨੇਹਾ ਵੀ ਦਿੱਤਾ।

# ਸਰਕਾਰ ਸੂਬੇ 'ਚ 236 ਨਵੇਂ ਆਮ ਆਦਮੀ ਕਲੀਨਿਕ ਖੋਲ੍ਹਣ ਲਈ ਪੂਰੀ ਤਰ੍ਹਾਂ ਤਿਆਰ : ਡਾ. ਬਲਬੀਰ ਸਿੰਘ





**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਵਿੱਚ ਜਨਤਕ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਵਿਆਪਕ ਮਿਸ਼ਨ ਦੀ ਸ਼ੁਰੂਆਤ ਕਰਦਿਆਂ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ 236 ਨਵੇਂ ਆਮ ਆਦਮੀ ਕਲੀਨਿਕ ਖੋਲ੍ਹਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਹਨਾਂ ਨਵੇਂ ਕਲੀਨਿਕ ਨਾਲ ਕੁੱਲ ਕਲੀਨਿਕਾਂ ਦੀ ਗਿਣਤੀ 1,117 ਹੋ ਜਾਵੇਗੀ। ਇਹ ਐਲਾਨ ਇੱਥੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੀਤਾ।ਸਿਹਤ ਮੰਤਰੀ ਸਿਵਲ ਸਰਜਨਾਂ ਨਾਲ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ।ਆਮ ਆਦਮੀ ਕਲੀਨਿਕਾਂ ਦੀ ਸ਼ਾਨਦਾਰ ਸਫਲਤਾ 'ਤੇ ਚਾਨਣਾ ਪਾਉਂਦਿਆਂ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਨੇ ਮਿਆਰੀ ਮੁੱਢਲੀ ਦੇਖਭਾਲ ਤੱਕ ਆਮ ਜਨਤਾ ਦੀ ਪਹੁੰਚ ਵਿੱਚ ਕਾਫ਼ੀ ਵਾਧਾ ਕੀਤਾ ਹੈ। ਪੰਜਾਬ ਵਿਕਾਸ ਕਮਿਸ਼ਨ ਵੱਲੋਂ ਹਾਲ ਹੀ ਵਿੱਚ ਕੀਤੇ ਗਏ ਮਰੀਜ਼ ਦੇ ਫੀਡਬੈਕ ਸਰਵੇਖਣ ਦਾ ਹਵਾਲਾ ਦਿੰਦਿਆਂ, ਉਨ੍ਹਾਂ ਕਿਹਾ ਕਿ 96 ਫ਼ੀਸਦ ਮਰੀਜ਼ਾਂ ਨੇ ਕਲੀਨਿਕਾਂ ਦੀਆਂ ਸੇਵਾਵਾਂ ਪ੍ਰਤੀ ਸੰਤੁਸ਼ਟੀ ਪ੍ਰਗਟ ਕੀਤੀ ਹੈ, ਜੋ ਇਹਨਾਂ ਕਲੀਨਿਕਾਂ ਦੀ ਪ੍ਰਭਾਵਸ਼ੀਲਤਾ ਨੂੰ ਉਜਾਗਰ ਕਰਦੀ ਹੈ।

# ਭਾਸ਼ਾ ਵਿਭਾਗ ਨੇ ਕਰਵਾਏ ਜ਼ਿਲ੍ਹਾ ਪੱਧਰੀ ਕੁਇਜ ਮੁਕਾਬਲੇ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬੀ ਐੱਸ ਸੈਣੀ)**- ਪੰਜਾਬ ਸਰਕਾਰ, ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਜਸਵੰਤ ਸਿੰਘ ਜ਼ਫ਼ਰ ਦੀ ਰਹਿਨੁਮਾਈ ਅਤੇ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਦੀ ਅਗਵਾਈ ਵਿੱਚ ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲਾ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਰੇਲਵੇ ਮੰਡੀ ਲੜਕੀਆਂ ਵਿਖੇ ਸ਼ਾਨਦਾਰ ਢੰਗ ਨਾਲ ਨੇਪਰੇ ਚੜ੍ਹੇ। ਤਿੰਨ ਵਰਗਾਂ 'ੳ' ਵਰਗ ਛੇਵੀਂ ਤੋਂ ਅੱਠਵੀਂ, 'ਅ' ਵਰਗ ਨੌਵੀਂ ਤੋਂ ਬਾਰ੍ਹਵੀਂ ਅਤੇ 'ੲ' ਵਰਗ ਗ੍ਰੇਜੂਏਸ਼ਨ ਤੱਕ ਦੇ ਜ਼ਿਲ੍ਹਾ ਭਰ ਤੋਂ ਆਏ ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਸ਼ਿਰਕਤ ਕੀਤੀ। ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਕਰਵਾਏ ਜਾਂਦੇ ਅਜਿਹੇ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਵਿੱਚ ਪੰਜਾਬੀ ਸਾਹਿਤ, ਸੱਭਿਆਚਾਰ, ਭਾਸ਼ਾ, ਵਿਆਕਰਨ, ਭੂਗੋਲ ਅਤੇ ਧਾਰਮਿਕ ਵਿਰਾਸਤ ਦੀਆਂ ਡੂੰਘੀਆਂ ਜੜ੍ਹਾਂ ਲਾਉਣਾ ਹੈ। ਕੁਇਜ਼ ਮੁਕਾਬਲੇ ਦੇ 'ੳ' ਵਰਗ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਕ੍ਰਮਵਾਰ ਜਬਰਾਜ ਸਿੰਘ ਜੀ.ਐੱਮ.ਏ ਸਕੂਲ, ਕਿਸ਼ੁੰਕ ਸਾਂਡਲ ਵੁਡਲੈਂਡ



ਓਵਰਸੀਜ਼ ਸਕਲ, ਪੀਹੂ ਐੱਸ.ਡੀ.ਗਰਲਜ਼ ਸਕੂਲ, 'ਅ' ਵਰਗ ਵਿੱਚ ਸ਼ਿਵਾਨੀ ਕੌਰ ਜੀ.ਐੱਮ.ਏ ਸਕੂਲ, ਗੁਰਪ੍ਰੀਤ ਕੌਰ ਸੈਕੰਡਰੀ ਸਕੂਲ ਕੋਟਲਾ ਨੌਧ ਸਿੰਘ, ਪਾਇਲ ਸੈਕੰਡਰੀ ਸਕੂਲ ਖੜਕਾਂ, 'ੲ' ਵਰਗ ਵਿੱਚ ਮਨਦੀਪ ਕੌਰ ਸਰਕਾਰੀ ਕਾਲਜ ਤਲਵਾੜਾ, ਮੁਸਕਾਨ ਦਸ਼ਮੇਸ਼ ਗਰਲਜ਼ ਕਾਲਜ ਮੁਕੇਰੀਆਂ ਅਤੇ ਮਨਪ੍ਰੀਤ ਕੌਰ ਦਸ਼ਮੇਸ਼ ਗਰਲਜ਼ ਕਾਲਜ ਮੁਕੇਰੀਆਂ ਨੇ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਬੱਚਿਆਂ ਨੂੰ ਕ੍ਰਮਵਾਰ 1000 ਰੁਪਏ, 750 ਰੁਪਏ ਅਤੇ 500 ਰੁਪਏ ਰੁਪਏ ਦੀ ਨਕਦ ਰਾਸ਼ੀ ਦੇ ਨਾਲ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਪ੍ਰਿੰਸੀਪਲ ਰਾਜਨ ਅਰੋੜਾ, ਲੈਕ ਸੰਜੀਵ ਅਰੋੜਾ, ਵਰਿੰਦਰ ਨਿਮਾਣਾ, ਜਸਵਿੰਦਰ ਸਿੰਘ, ਸੁਰਜੀਤ ਸਿੰਘ ਅਤੇ ਡਾ. ਰਣਜੀਤ ਸਿੰਘ ਮੁਖੀ ਇਤਿਹਾਸ ਵਿਭਾਗ ਸਰਕਾਰੀ ਕਾਲਜ ਹੁਸ਼ਿਆਰਪੁਰ ਨੂੰ ਕਿਤਾਬਾਂ ਦੇ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਮਾਸਟਰ ਜਸਵਿੰਦਰ ਸਿੰਘ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਬਿਰੇਂਦਰ ਸਿੰਘ, ਲਾਲ ਸਿੰਘ, ਬਬੀਤਾ ਰਾਣੀ, ਵੀਨਾ ਕੁਮਾਰੀ, ਮੰਜੂ ਅਰੋੜਾ, ਬਬੀਤਾ ਰਾਣੀ, ਭੁਪਿੰਦਰ ਕੌਰ, ਸ਼ਿਵਾਨੀ ਸ਼ਰਮਾ, ਜਸਵੀਰ ਕੌਰ, ਪੁਸ਼ਪਾ ਰਾਣੀ ਵੱਖ ਵੱਖ ਸਕੂਲਾਂ ਤੋਂ ਆਏ ਹੋਏ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਕਾਨੂੰਨ ਦੀ ਉਲੰਘਣਾ ਕਰਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ : ਡੀ ਐੱਸ ਪੀ

**ਬਲਾਚੌਰ (ਜਸਵਿੰਦਰ ਬੈਂਸ)**- ਸਬ ਡਵੀਜ਼ਨ ਬਲਾਚੌਰ ਦਾ ਡੀ ਐੱਸ ਪੀ ਹੇਮੰਤ ਮਲਹੋਤਰਾ ਵਲੋਂ ਚਾਰਜ ਸੰਭਾਲਣ ਉਪਰੰਤ ਦਫਤਰ ਅਤੇ ਫੀਲਡ ਦਾ ਕੰਮ ਆਰੰਭ ਕਰ ਦਿੱਤਾ ਹੈ ਜਦਕਿ ਇਸ ਸਟੇਸ਼ਨ ਉਪਰ ਤਾਇਨਾਤ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾਂ ਦਾ ਹੁਸ਼ਿਆਰਪੁਰ ਵਿਖੇ ਤਬਾਦਲਾ ਹੋ ਗਿਆ ਸੀ ।



ਪ੍ਰੈਸ ਕਾਂਨਫਰੰਸ ਨੂੰ ਸੰਬੋਧਨ ਕਰਦਿਆ ਬਲਾਚੌਰ ਦੇ ਨਵਨਿਯੁੱਕਤ ਡੀਐਸਪੀ ਹਿਮੰਤ ਮਲਹੋਤਰਾ ਵਲੋਂ ਆਪਣੇ ਸਬੰਧਨ ਵਿੱਚ ਆਖਿਆ ਕਿ ਡੀ ਜੀ ਪੀ ਦੀਆਂ ਹਦਾਇਤਾ ਅਨੁਸਾਰ ਅਤੇ ਐਸ ਐਸ ਪੀ ਵਲੋਂ ਜਾਰੀ ਕੀਤੇ ਗਏ ਦਿਸ਼ਾ ਨਿਰਦੇਸ਼ਾ ਹੇਠ ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇਗਾ ਅਤੇ ਭੈੜੇ ਅਨਸਰਾ ਵਿਰੁੱਧ ਕਾਰਵਾਈ ਨਿਰੰਤਰ ਜਾਰੀ ਰਹੇਗੀ।

# 'ਆਸ਼ੂ ਦੀ ਹੱਟੀ' ਨੂੰ ਹੜ੍ਹ ਪੀੜਤਾਂ ਦੀ ਸਹਾਇਤਾ ਕੀਤਾ ਸਨਮਾਨਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਫਗਵਾੜਾ ਦੇ ਬੰਗਾ ਰੋਡ 'ਤੇ ਸਥਿਤ ਵਿਸ਼ਵ ਪ੍ਰਸਿੱਧ ਗਾਰਮੈਂਟਸ ਸ਼ੋਅਰੂਮ 'ਆਸ਼ੂ ਦੀ ਹੱਟੀ' ਦੇ ਮਾਲਕਾਂ ਗੌਰਵ ਦੁੱਗਲ ਅਤੇ ਆਸ਼ੂ ਦੁੱਗਲ ਨੂੰ ਪੰਜਾਬ ਦੇ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਵਡਮੁੱਲਾ ਸਹਿਯੋਗ ਦੇਣ ਲਈ ਸਨਮਾਨਤ ਕੀਤਾ ਗਿਆ। ਇਹ ਐਵਾਰਡ ਉਨ੍ਹਾਂ ਨੂੰ ਚੰਡੀਗੜ੍ਹ ਵਿੱਚ





ਆਯੋਜਿਤ ਇੱਕ ਮੀਡੀਆ ਸਮੂਹ ਦੇ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਵਲੋਂ ਪ੍ਰਦਾਨ ਕੀਤਾ ਗਿਆ। ਅਮਨ ਅਰੋੜਾ ਨੇ ਆਸ਼ੂ ਦੀ ਹੱਟੀ ਸ਼ੋਅਰੂਮ ਰਾਹੀਂ ਦੇਸ਼-ਵਿਦੇਸ਼ ਵਿੱਚ ਪੰਜਾਬ ਦਾ ਨਾਮ ਚਮਕਾਉਣ ਅਤੇ ਪੰਜਾਬ ਦੇ ਗਾਰਮੈਂਟਸ ਉਦਯੋਗ ਨੂੰ ਉਤਸ਼ਾਹਤ ਕਰਨ ਦੇ ਨਾਲ ਹੀ ਲੋਕ ਭਲਾਈ ਦੇ ਕੰਮਾਂ ਅਤੇ ਖਾਸ ਤੌਰ 'ਤੇ ਪਿਛਲੇ ਦਿਨੀਂ ਪੰਜਾਬ 'ਚ ਆਏ ਭਿਆਨਕ ਹੜ੍ਹਾਂ ਨਾਲ ਪ੍ਰਭਾਵਤ ਹੋਏ ਲੋਕਾਂ ਦੇ ਮੁੜ ਵਸੇਬੇ ਲਈ ਸਰਕਾਰੀ ਅਤੇ ਗੈਰ ਸਰਕਾਰੀ ਪੱਧਰ 'ਤੇ ਕੀਤੇ ਜਾ ਰਹੇ ਯਤਨਾਂ 'ਚ ਵਡਮੁੱਲਾ ਸਹਿਯੋਗ ਦੇਣ ਦੁੱਗਲ ਬ੍ਰਦਰਜ਼ ਦਾ ਧੰਨਵਾਦ ਕੀਤਾ। ਸਨਮਾਨ ਚਿੰਨ੍ਹ ਵਜੋਂ ਮੋਮੈਂਟੋ ਪ੍ਰਾਪਤ ਕਰਨ ਉਪਰੰਤ ਚੰਡੀਗੜ੍ਹ ਤੋਂ ਵਾਪਸ ਫਗਵਾੜਾ ਪਰਤੇ ਆਸ਼ੂ ਦੀ ਹੱਟੀ ਦੇ ਐਮ.ਡੀ. ਗੌਰਵ ਦੁੱਗਲ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਦੇ ਹੱਥੋਂ ਸਨਮਾਨਤ ਹੋ ਕੇ ਬਹੁਤ ਮਾਣ ਅਤੇ ਖੁਸ਼ੀ ਮਹਿਸੂਸ ਕਰ ਰਹੇ ਹਨ। ਗੌਰਵ ਦੁੱਗਲ ਦੇ ਭਰਾ ਆਸ਼ੂ ਦੁੱਗਲ ਨੇ ਕਿਹਾ ਕਿ ਉਨ੍ਹਾਂ ਦੀ ਫਰਮ ਦੀ ਤਰਜੀਹ ਜਿੱਥੇ ਆਪਣੇ ਗਾਹਕਾਂ ਨੂੰ ਸਸਤੇ ਭਾਅ 'ਤੇ ਚੰਗੀ ਗੁਣਵੱਤਾ ਵਾਲੇ ਗਾਰਮੈਂਟਸ ਪ੍ਰਦਾਨ ਕਰਨਾ ਅਤੇ ਪੰਜਾਬ ਦੀ ਆਰਥਕਤਾ ਨੂੰ ਮਜ਼ਬੂਤ ਕਰਨ 'ਚ ਸਹਿਯੋਗ ਕਰਨਾ ਹੈ, ਉੱਥੇ ਹੀ ਲੋਕ ਭਲਾਈ ਦੇ ਕੰਮਾਂ 'ਚ ਵੀ ਅੱਗੇ ਵਧ ਕੇ ਸਰਕਾਰ ਅਤੇ ਐਨ.ਜੀ.ਓਜ਼ ਦਾ ਸਹਿਯੋਗ ਕਰਨਾ ਉਹ ਆਪਣਾ ਫਰਜ਼ ਸਮਝਦੇ ਹਨ। ਉਹਨਾਂ ਭਰੋਸਾ ਦਿੱਤਾ ਕਿ ਭਵਿੱਖ 'ਚ ਵੀ ਲੋਕ ਭਲਾਈ ਦੇ ਯਤਨ ਇਸੇ ਤਰ੍ਹਾਂ ਜਾਰੀ ਰਹਿਣਗੇ। ਆਸ਼ੂ ਦੀ ਹੱਟੀ ਦੇ ਮਾਲਕਾਂ ਆਸ਼ੂ ਦੁੱਗਲ ਅਤੇ ਗੌਰਵ ਦੁੱਗਲ ਨੂੰ ਸ਼ੁੱਭ ਇੱਛਾਵਾਂ ਦਿੰਦੇ ਹੋਏ ਭਾਜਪਾ ਆਗੂ ਨਿਤਿਨ ਚੱਢਾ ਨੇ ਕਿਹਾ ਕਿ ਇਹ ਫਗਵਾੜਾ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਆਸ਼ੂ ਦੀ ਹੱਟੀ ਨੇ ਕਾਰੋਬਾਰ ਦੇ ਖੇਤਰ ਵਿੱਚ ਜਿੱਥੇ ਇਸ ਸ਼ਹਿਰ ਨੂੰ ਇੱਕ ਵਿਸ਼ੇਸ਼ ਪਛਾਣ ਦਿੱਤੀ ਉੱਥੇ ਹੀ ਸਮਾਜ ਸੇਵਾ ਦੀ ਭਾਵਨਾ ਵੀ ਉਹਨਾਂ ਦੇ ਅੰਦਰ ਡੂੰਘੀ ਭਰੀ ਹੋਈ ਹੈ।

# ਤਖ਼ਤ ਕੇਸਗੜ੍ਹ ਸਾਹਿਬ ਵਿਖੇ ਮੁੱਖ ਰਸਤੇ ਬੰਦ ਕਰਨਾ ਤੇ ਟੋਏ ਪੁੱਟਣਾ ਠੀਕ ਨਹੀਂ : ਗੜਗੱਜ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਨਵੰਬਰ ਮਹੀਨੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਸਾਕੇ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਿਆਈ ਦਿਵਸ ਦੀ 350 ਸਾਲਾ ਸ਼ਤਾਬਦੀ ਦੇ ਚੱਲਦਿਆਂ ਪੰਜਾਬ ਸਰਕਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸਾਹਿਬ ਨੂੰ ਆਉਂਦੇ ਮੁੱਖ ਰਸਤੇ ਨੂੰ ਵਿਰਾਸਤੀ ਮਾਰਗ ਵਜੋਂ



ਬਣਾਉਣ ਲਈ ਸ਼ਤਾਬਦੀ ਸਮਾਗਮਾਂ ਤੋਂ ਠੀਕ ਪਹਿਲਾਂ ਬੰਦ ਕਰਨਾ ਅਤੇ ਰਸਤੇ ਵਿੱਚ ਟੋਏ ਪੁੱਟਣ ਦੀ ਕਾਰਵਾਈ ਕਰਨਾ ਬਿਲਕੁਲ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ 13 ਮਈ 2025 ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਂਦੇ ਰਸਤੇ ਨੂੰ ਵਿਰਾਸਤੀ ਮਾਰਗ ਵਜੋਂ ਬਣਾਉਣ ਲਈ ਸ਼ਰਤਾਂ ਤੈਅ ਕਰਕੇ ਮਤਾ ਪਾਸ ਕੀਤਾ ਸੀ ਅਤੇ ਤਖ਼ਤ ਸਾਹਿਬ ਦੇ ਮੈਨੇਜਰ ਰਾਹੀਂ ਸਰਕਾਰ ਨੂੰ ਉਦੋਂ ਹੀ ਮਤਾ ਭੇਜ ਦਿੱਤਾ ਗਿਆ ਸੀ। ਲੇਕਿਨ ਸਰਕਾਰ ਨੇ ਸਮੇਂ ਸਿਰ ਕਾਰਜ ਸ਼ੁਰੂ ਕਰਨ ਦੀ ਬਜਾਏ ਸ਼ਤਾਬਦੀ ਸਮਾਗਮਾਂ ਤੋਂ ਠੀਕ ਇੱਕ ਮਹੀਨਾ ਪਹਿਲਾਂ ਕਾਰਜ ਅਰੰਭ ਕਰ ਦਿੱਤਾ ਅਤੇ ਮੁੱਖ ਮਾਰਗ ਨੂੰ ਬੰਦ ਕਰਨ ਦੇ ਨਾਲ-ਨਾਲ ਇਸ ਉੱਤੇ ਵੱਡੇ ਟੋਏ ਪੁੱਟ ਦਿੱਤੇ ਹਨ, ਜਿਸ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੁੱਜ ਰਹੀਆਂ ਸੰਗਤਾਂ ਨੂੰ ਭਾਰੀ ਪਰੇਸ਼ਾਨੀ ਝੱਲਣੀ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਇਹ ਕਾਰਜ ਕਰਨਾ ਸੀ ਤਾਂ ਸਮਾਂ ਰਹਿੰਦਿਆਂ ਕੀਤਾ ਜਾਣਾ ਚਾਹੀਦਾ ਸੀ। ਕਿਉਂਕਿ 21 ਤੋਂ 29 ਨਵੰਬਰ ਤੱਕ ਸ਼ਤਾਬਦੀ ਦੇ ਮੁੱਖ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣ ਜਾ ਰਹੇ ਹਨ ਤਾਂ ਬਹੁਤ ਥੋੜ੍ਹਾ ਸਮਾਂ ਹੋਣ ਕਰਕੇ ਸਰਕਾਰ ਵਿਰਾਸਤੀ ਮਾਰਗ ਦਾ ਕਾਰਜ ਫਿਲਹਾਲ ਤੁਰੰਤ ਪ੍ਰਭਾਵ ਨਾਲ ਬੰਦ ਕਰੇ। ਉਨ੍ਹਾਂ ਕਿਹਾ ਕਿ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਨਗਰ ਕੀਰਤਨਾਂ ਦੇ ਰੂਪ ਵਿੱਚ ਸ੍ਰੀ ਅਨੰਦਪੁਰ ਸਾਹਿਬ ਆਉਣਾ ਸ਼ੁਰੂ ਵੀ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਮਾਲਵੇ ਅਤੇ ਦੋਆਬੇ ਦੀ ਸੰਗਤ ਸ਼ਤਾਬਦੀ ਨੂੰ ਸਮਰਪਿਤ ਦੋ ਨਗਰ ਕੀਰਤਨ ਤਖ਼ਤ ਸਾਹਿਬ ਵਿਖੇ ਲੈ ਕੇ ਆਈ ਤਾਂ ਉਸ ਸਮੇਂ ਮੁੱਖ ਰਸਤੇ ਵਿੱਚ ਸਰਕਾਰ ਤਰਫ਼ੋਂ ਵਿਘਨ ਹੋਣ ਕਰਕੇ ਸੰਗਤ ਨੂੰ ਬਹੁਤ ਪਰੇਸ਼ਾਨੀ ਝੱਲਣੀ ਪਈ।

# ਗੁਰਮੇਲ ਪਹਿਲਵਾਨ ਨੇ ਆਪਣੀ ਕੈਨੇਡਾ ਫੇਰੀ ਦੌਰਾਨ ਕੀਤੀਆਂ ਮੀਟਿੰਗਾਂ

**ਆਦਮਪੁਰ (ਪਰਮਜੀਤ)**- ਕਬੱਡੀ ਦੀ ਦੁਨੀਆ ਦੀ ਨਾਮਵਰ ਸ਼ਖ਼ਸੀਅਤ ਤੇ ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਗੁਰਮੇਲ ਪਹਿਲਵਾਨ ਅੱਜ ਕੱਲ੍ਹ ਕੈਨੇਡਾ ਦੌਰੇ 'ਤੇ ਹਨ। ਉਨ੍ਹਾਂ ਆਪਣੀ ਫੇਰੀ ਦੇ ਪਹਿਲੇ ਦੌਰੇ ਦੌਰਾਨ ਟੋਰਾਂਟੋ ਵਿਚ ਆਪਣੇ ਨਜ਼ਦੀਕੀਆਂ ਨਾਲ ਮੁਲਾਕਾਤਾਂ ਕੀਤੀਆਂ। ਟੋਰਾਂਟੋ ਵਿਖੇ ਉਨ੍ਹਾਂ ਨੇ ਆਪਣੇ ਦੋਸਤਾਂ-ਮਿੱਤਰਾਂ ਤੇ ਪਾਰਟੀ ਦੇ ਸਾਥੀਆਂ ਨਾਲ ਮਿਲਣੀਆਂ ਦਾ ਦੌਰ ਚਲਾਇਆ। ਇਸ ਤੋਂ ਬਾਅਦ ਉਹ ਵੈਨਕੂਵਰ ਪੁੱਜੇ



ਅਤੇ ਸਰੀ ਵਿਚ ਆਪਣੇ ਨਜ਼ਦੀਕੀਆਂ ਨਾਲ ਮੁਲਾਕਾਤਾਂ ਕਰ ਰਹੇ ਹਨ। ਗੁਰਮੇਲ ਪਹਿਲਵਾਨ ਸਰੀ ਵਿਚ ਇਕ ਵਿਆਹ ਵਿਚ ਵੀ ਉਚੇਰੇ ਤੌਰ 'ਤੇ ਸ਼ਾਮਲ ਹੋਣ ਆਏ ਹਨ। ਇਸ ਦੌਰਾਨ ਗੁਰੂ ਨਾਨਕ ਫੂਡ ਬੈਂਕ ਵੱਲੋਂ ਸਰੀ ਵਿਖੇ ਕਰਵਾਏ ਇਕ ਸਮਾਗਮ ਵਿਚ ਵੀ ਗੁਰਮੇਲ ਪਹਿਲਵਾਨ ਉਚੇਰੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਰਣਜੀਤ ਸਿੰਘ ਖੰਨਾ ਆਦਿ ਵੀ ਮੌਜੂਦ ਸਨ।

16-OCT-PAGE-10.qxd 10/15/2025 9:01 PM Page 1



## ਐਸੋਸੀਏਸ਼ਨ ਦੀ ਪ੍ਰਸ਼ਾਸਨ ਨੂੰ ਚੇਤਾਵਨੀ, ਬਕਾਇਆ ਨਾ ਦਿੱਤਾ ਤਾਂ ਸੰਘਰਸ਼ ਹੋਵੇਗਾ ਤੇਜ਼



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਦੇ ਗ਼ੈਰ-ਅਧਿਆਪਕ ਕ੍ਰਮਚਾਰੀਆਂ ਨੇ ਕਾਲਜ ਪ੍ਰਸ਼ਾਸਨ ਵਿਰੁੱਧ ਕਾਲੇ ਬਿੱਲੇ ਬੰਨ੍ਹ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਸਟਾਫ਼ ਵੈਲਫੇਅਰ ਐਸੋਸੀਏਸ਼ਨ ਦੀ ਅਗਵਾਈ ਹੇਠ ਕੀਤੇ ਇਸ ਪ੍ਰਦਰਸ਼ਨ ਦਾ ਮੁੱਖ ਕਾਰਨ 1 ਜੁਲਾਈ 2021 ਤੋਂ ਸਤੰਬਰ 2022 ਤੱਕ ਦੇ ਰਿਵਾਈਜ਼ਡ ਪੇਅ ਦੇ ਬਕਾਏ ਅਦਾ ਨਾ ਹੋਣਾ ਹੈ। ਕ੍ਰਮਚਾਰੀਆਂ ਦਾ ਕਹਿਣਾ ਹੈ ਕਿ ਇਸ ਸਬੰਧੀ ਯੂਨੀਵਰਸਿਟੀ ਦੀ ਫ਼ਾਇਨੈਂਸ ਕਮੇਟੀ ਵੱਲੋਂ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ ਤੇ ਕਈ ਵਾਰੀ ਯਾਦ-ਪੱਤਰ ਵੀ ਭੇਜੇ ਜਾ ਚੁੱਕੇ ਹਨ, ਪਰ ਫਿਰ ਵੀ ਪ੍ਰਸ਼ਾਸਨ ਵੱਲੋਂ ਬਕਾਏ ਜਾਰੀ ਨਹੀਂ ਕੀਤੇ ਜਾ ਰਹੇ। ਐਸੋਸੀਏਸ਼ਨ ਦੇ ਪ੍ਰਧਾਨ ਜਗਮੀਤ ਸਿੰਘ ਤੇ ਪ੍ਰੈਸ ਸੈਕਟਰੀ ਇੰਜ. ਜਗਦੀਪ ਸਿੰਘ ਮਾਂਗਟ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪ੍ਰਸ਼ਾਸਨ ਜਾਣ-ਬੁੱਝ ਕੇ ਕ੍ਰਮਚਾਰੀਆਂ ਦੇ ਹੱਕਾਂ ਨਾਲ ਖਿਲਵਾੜ ਕਰ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਜਲਦ ਹੀ ਬਕਾਇਆ ਰਕਮ ਜਾਰੀ ਨਾ ਕੀਤੀ ਗਈ ਤਾਂ ਐਸੋਸੀਏਸ਼ਨ ਮਜਬੂਰ ਹੋ ਕੇ ਆਪਣੇ ਰੋਸ ਨੂੰ ਹੋਰ ਤੇਜ਼ ਕਰੇਗੀ ਤੇ ਅਗਲੀ ਸੰਘਰਸ਼ਮਈ ਰਣਨੀਤੀ ਤੈਅ ਕੀਤੀ ਜਾਵੇਗੀ। ਐਸੋਸੀਏਸ਼ਨ ਨੇ ਸਰਕਾਰ ਤੇ ਯੂਨੀਵਰਸਿਟੀ ਪ੍ਰਬੰਧਕਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਗੈਰ-ਅਧਿਆਪਕ ਸਟਾਫ਼ ਪਹਿਲਾਂ ਹੀ ਆਰਥਿਕ ਤੰਗੀ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕਰਮਚਾਰੀਆਂ ਦਾ ਪ੍ਰਬੰਧਨ 'ਤੇ ਭਰੋਸਾ ਬਣਾਈ ਰੱਖਣ ਲਈ ਤੁਰੰਤ ਬਕਾਇਆ ਰਕਮ ਜਾਰੀ ਕੀਤੀ ਜਾਵੇ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਵਿਖੇ ਪ੍ਰਾਇਮਰੀ ਸਕੂਲ ਖੇਡਾਂ ਦਾ ਆਗਾਜ਼



**ਕੋਟਕਪੂਰਾ (ਰਛਪਾਲ ਭੁੱਲਰ)**-ਸੈਂਟਰ ਹਰੀ ਨੌਂ ਦੀਆਂ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਜੋ ਕਿ ਦਸ਼ਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਚ ਸ਼ੁਰੂ ਕਰਵਾਈਆਂ ਗਈਆਂ ਇਹਨਾਂ ਖੇਡਾਂ ਵਿਚ ਖੋ-ਖੋ, ਨੈਸ਼ਨਲ ਕਬੱਡੀ, ਰੱਸਾਕਸ਼ੀ, ਬੈਡਮਿੰਟਨ ਆਦਿ ਖੇਡਾਂ ਦੇ ਮੁਕਾਬਲੇ ਸ਼ੁਰੂ ਕਰਵਾਏ ਗਏ। ਜਿਸ ਦਾ ਉਦਘਾਟਨ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਅਤੇ ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਵੱਲੋਂ ਕੀਤਾ ਗਿਆ।ਉਹਨਾਂ ਦੱਸਿਆ ਕਿ ਖੇਡਾਂ ਸਾਨੂੰ ਅਨੁਸ਼ਾਸਨ ਵਿੱਚ ਰਹਿਣਾ ਸਿਖਾਉਂਦੀਆਂ ਹਨ। ਅੰਤ ਵਿਚ ਉਹਨਾਂ ਸਾਰੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਆਏ ਹੋਏ ਸਾਰੇ ਅਧਿਆਪਕਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਸੈਂਟਰ ਹੈੱਡ ਅਧਿਆਪਕ ਦੀਪਕ ਬਾਂਸਲ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਸਕੂਲ ਦੇ ਡੀ ਪੀ ਈ ਲਵਪ੍ਰੀਤ ਸ਼ਰਮਾ ਤੇ ਸਮੂਹ ਅਧਿਆਪਕ ਹਾਜ਼ਰ ਸਨ।

## ਪੰਜਾਬੀ ਸਾਹਿਤ ਸਭਾ ਦੀ ਮਹੀਨਾਵਾਰ ਇਕੱਤਰਤਾ ਹੋਈ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਪੰਜਾਬੀ ਸਾਹਿਤ ਸਭਾ ਖੰਨਾ ਦੀ ਮਹੀਨਾਵਾਰ ਮੀਟਿੰਗ ਏ.ਐਸ.ਸੀਨੀ.ਸੈਕੰ.ਸਕੂਲ ਵਿਖੇ ਸਭਾ ਦੇ ਪ੍ਰਧਾਨ ਨਰਿੰਦਰ ਮਨਕੂ ਤੇ ਮਨਜੀਤ ਸਿੰਘ ਧੰਜਲ ਦੀ ਅਗਵਾਈ ਵਿੱਚ ਹੋਈ। ਸਭ ਤੋਂ ਪਹਿਲਾਂ ਪ੍ਰਸਿੱਧ ਲੋਕ ਗਾਇਕ ਰਾਜਵੀਰ ਜਵੰਦਾ ਦੀ ਬੇਵਕਤੀ ਮੌਤ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਸਰਧਾਂਜਲੀ ਦਿੱਤੀ ਗਈ।ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਸੁਖਵਿੰਦਰ ਬਿੱਟੂ ਨੇ ਰੱਬ ਗੀਤ, ਬਾਵਾ ਹੋਲੀਆ ਨੇ ਗੀਤ ਵੈਰ, ਨੇਤਰ ਸਿੰਘ ਮੁੱਤੋਂ ਨੇ ਕਵਿਤਾ ਬਰਦਾਸ਼ਤ, ਸੁਖਵਿੰਦਰ ਸਿੰਘ ਭਾਦਲਾ ਨੇ ਗੀਤ ਪਾਣੀ ਵਿੱਚ ਮਧਾਣੀ, ਹਰਬੰਸ ਸਿੰਘ ਸਾਨ ਨੇ ਅਸਾਧ ਕਵਿਤਾ, ਅਵਤਾਰ ਸਿੰਘ ਉਟਾਲਾਂ ਨੇ ਮਾਂਵਾਂ ਪੁੱਛਦੀਆਂ, ਮਨਜੀਤ ਸਿੰਘ ਧੰਜਲ ਨੇ ਅਣਕਹੀ ਗੱਲ, ਮਨਜੀਤ ਕੌਰ ਜੀਤ ਨੇ ਗ਼ਜ਼ਲ, ਅਮਰੀਕਾ ਤੋਂ ਪੰਜਾਬ ਵਾਪਸ ਪਰਤੇ ਪ੍ਰਿਤਪਾਲ ਸਿੰਘ ਟਿਵਾਣਾ ਨੇ ਕਵਿਤਾ ਜ਼ਿੰਮੇਵਾਰ, ਨਰਿੰਦਰ ਮਨਕੂ ਨੇ ਗੀਤ ਰਾਜਕੁਮਾਰ, ਗੁਰੀ ਤੁਰਮਰੀ ਨੇ ਜੁਦਾਈ ਵਾਲਾ ਤੀਰ ਗਾ ਕੇ ਵਾਹ ਵਾਹ ਖੱਟੀ।ਬਾਅਦ ਵਿੱਚ ਗੁਰਦੇਵ ਸਿੰਘ, ਐਨ ਆਰ ਆਈ ਪ੍ਰਿਤਪਾਲ ਸਿੰਘ ਟਿਵਾਣਾ, ਮਨਜੀਤ ਕੌਰ ਜੀਤ ਨੇ ਉਸਾਰੂ ਬਹਿਸ ਵਿੱਚ ਹਿੱਸਾ ਲਿਆ।ਸਭਾ ਦੀ ਕਾਰਵਾਈ ਗੁਰੀ ਤੁਰਮਰੀ ਨੇ ਬਾਖੂਬ ਨਿਭਾਈ।ਅੰਤ ਵਿੱਚ ਪ੍ਰਧਾਨ ਨਰਿੰਦਰ ਮਨਕੂ ਨੇ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

## ਸਰਕਾਰੀ ਪ੍ਰਾਇਮਰੀ ਸਕੂਲਾਂ 'ਚ ਨਵਾਂ ਦਾਖ਼ਲਾ 14 ਨਵੰਬਰ ਤੋਂ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਜ਼ਿਲ੍ਹਾ ਮੀਡੀਆ ਕੋਆਰਡੀਨੇਟਰ ਪ੍ਰਗਟ ਸਿੰਘ ਜੰਬਰ ਨੇ ਦੱਸਿਆ ਕਿ ਬਲਾਕ ਮੁਕਤਸਰ-1 ਤੇ ਬਲਾਕ ਮੁਕਤਸਰ-2 ਦੇ ਸੈਂਟਰ ਹੈਡ ਟੀਚਰਾਂ ਦੀ ਵਿਸ਼ੇਸ਼ ਮੀਟਿੰਗ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ ਸਿੱਖਿਆ ਸ੍ਰੀ ਯਾਦਵਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਪਿਛਲੇਂ ਸਮੇਂ ਵਿੱਚ ਕੀਤੇ ਗਏ ਕੰਮਾਂ ਦਾ ਵਿਸ਼ਲੇਸ਼ਣ ਕੀਤਾ ਗਿਆ।ਸਕੂਲਾਂ ਵਿੱਚ ਆ ਰਹੀਆਂ ਕਮੀਆਂ ਦੂਰ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ ਸਿੱਖਿਆ) ਸ੍ਰੀ ਯਾਦਵਿੰਦਰ ਸਿੰਘ ਮਾਨ ਨੇ ਅੱਗੇ ਕਿਹਾ ਕਿ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੀਆਂ ਕਾਪੀਆਂ ਹਰ ਰੋਜ਼ ਚੈੱਕ ਕਰਨੀਆਂ ਯਕੀਨੀ ਬਣਾਈਆਂ ਜਾਣ। ਸਾਰੇ ਅਧਿਆਪਕ ਹਰ ਰੋਜ਼ ਡਾਇਰੀ ਭਵਿੱਖ ਕਾਲ ਵਿੱਚ ਲਿਖਣਗੇ।14 ਨਵੰਬਰ ਤੋਂ ਨਵਾਂ ਦਾਖ਼ਲਾ ਸ਼ੁਰੂ ਕੀਤਾ ਜਾਵੇ।ਦਾਖ਼ਲਾ ਵਧਾਉਣ ਲਈ ਜਨ ਸੰਪਰਕ ਮੁਹਿੰਮ ਚਲਾਈ ਜਾਵੇ।ਸਕੂਲਾਂ ਦਾ ਸਾਰਾ ਰਿਕਾਰਡ ਸੈਂਟਰ ਹੈੱਡ ਟੀਚਰ ਨਿੱਜੀ ਧਿਆਨ ਦੇ ਮੁਕੰਮਲ ਕਰਾਉਣ।ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਗਦੀਪ ਸਿੰਘ ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮਿਸ਼ਨ ਸਮਰੱਥ ਦੇ ਕੁਆਰਡੀਨੇਟਰ ਕਮਲਪ੍ਰੀਤ ਸਿੰਘ ਅਤੇ ਰਾਜੀਵ ਪਾਹਵਾ ਨੇ ਦੱਸਿਆ ਕਿ ਮਿਸ਼ਨ ਸਮਰੱਥ ਅਪ੍ਰੈਲ ਵਿੱਚ ਦੁਬਾਰਾ ਸ਼ੁਰੂ ਹੋ ਰਿਹਾ ਹੈ। ਇਸ ਲਈ ਅਧਿਆਪਕਾ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ।ਪਹਿਲੀ ਤੇ ਦੂਜੀ ਕਲਾਸ ਜਲਦੀ ਹੀ ਟੈਸਟਿੰਗ ਕੀਤੀ ਜਾਵੇਗੀ, ਇਸ ਕਰਕੇ ਸਹਾਇਕ ਸਮੱਗਰੀ ਦੀ ਵਰਤੋਂ ਕੀਤੀ ਜਾਵੇ।ਸਕੂਲ ਮੁਖੀ ਲੋੜ ਅਨੁਸਾਰ ਹੀ ਗ੍ਰਾਂਟਾਂ ਦੀ ਮੰਗ ਕਰਨ।ਸੈਂਟਰ ਹੈਡ ਟੀਚਰ ਇਸ ਸਬੰਧੀ ਨਿੱਜੀ ਤੌਰ 'ਤੇ ਜਾ ਕੇ ਮੌਕਾ ਦੇਖਣ ਕਿ ਸਕੂਲਾਂ ਨੂੰ ਅਸਲ ਵਿੱਚ ਲੋੜ ਹੈ ਜਾਂ ਨਹੀਂ।

## ਮੰਡੀ 'ਚ ਸੋਲਰ ਪਾਵਰ ਪਲਾਂਟ ਲਾਉਣ ਦਾ ਕੀਤਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਰਾਜ ਦੀਆਂ ਵੱਖ-ਵੱਖ ਮੰਡੀਆਂ ਵਿੱਚ ਸੋਲਰ ਪਾਵਰ ਪਲਾਂਟ ਲਗਾਉਣ ਦੀ ਯੋਜਨਾ ਦੀ ਸ਼ੁਰੂਆਤ ਦਾਣਾ ਮੰਡੀ ਤੋਂ ਕੀਤੀ ਗਈ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਦਾਣਾ ਮੰਡੀ ਵਿਖੇ ਰੂਫ ਟੌਪ ਸੋਲਰ ਪਾਵਰ ਪਲਾਂਟ ਲਾਉਣ ਦਾ ਉਦਘਾਟਨ ਕੀਤਾ ਗਿਆ। ਬਰਸਟ ਨੇ ਸਮੂਹ ਹਾਜ਼ਰੀਨ ਦਾ ਮੂੰਹ ਮਿੱਠਾ ਕਰਾ ਕੇ ਵਧਾਈ ਦਿੱਤੀ ਤੇ ਕਿਹਾ ਕਿ ਇਹ ਯੋਜਨਾ ਸੂਬੇ ਦੀਆਂ ਮੰਡੀਆਂ ਵਿੱਚ ਨਵੀਨਤਮ ਤਕਨੀਕ ਲਿਆਉਣ ਦੀ ਦਿਸ਼ਾ 'ਚ ਮੀਲ ਪੱਥਰ ਸਾਬਤ ਹੋਵੇਗੀ।ਬਰਸਟ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਮੰਡੀਆਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਬਣਾਇਆ ਜਾ ਰਿਹਾ ਹੈ, ਤਾਂ ਜੁ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਤੇ ਮੰਡੀਆਂ ਵਿੱਚ ਆਉਣ ਵਾਲੇ ਹੋਰ ਲੋਕਾਂ ਨੂੰ ਸੁਚੱਜੀ ਸੇਵਾ ਮਿਲ ਸਕੇ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਮੁਸ਼ਕਲਾਂ ਪੇਸ਼ ਨਾ ਆਉਣ।ਉਨ੍ਹਾਂ ਦੱਸਿਆ ਕਿ ਦਾਣਾ ਮੰਡੀ, ਪਟਿਆਲਾ ਵਿੱਚ 74 ਕਿਲੋਵਾਟ ਸਮਰਥਾ ਵਾਲਾ ਰੂਫ ਟੌਪ ਸੋਲਰ ਪਾਵਰ ਪਲਾਂਟ ਲਾਇਆ ਜਾ ਰਿਹਾ ਹੈ, ਜਿਸ ਤਹਿਤ ਮੰਡੀ ਵਿਖੇ 40 ਕਿਲੋਵਾਟ, ਮਾਰਕਿਟ ਕਮੇਟੀ ਦਫ਼ਤਰ ਵਿਖੇ 16 ਕਿਲੋਵਾਟ ਤੇ ਜ਼ਿਲ੍ਹਾ ਮੰਡੀ ਦਫ਼ਤਰ ਦੀ ਬਿਲਡਿੰਗ ਵਿਖੇ 18 ਕਿਲੋਵਾਟ ਦੇ ਸੋਲਰ ਪੈਨਲ ਲਾਏ ਜਾਣਗੇ, ਜਿਸ ਤੇ ਲਗਭਗ 74 ਲੱਖ ਰੁਪਏ ਦਾ ਖਰਚ ਆਵੇਗਾ।ਇਸੇ ਤਰ੍ਹਾਂ ਪਟਿਆਲਾ ਸਮੇਤ ਸੂਬੇ ਦੀਆਂ ਵੱਖ-ਵੱਖ ਮੰਡੀਆਂ ਵਿੱਚ ਵੀ ਸੋਲਰ ਪਾਵਰ ਪਲਾਂਟ ਲਾਇਆ ਜਾਵੇਗਾ।ਸੋਲਰ ਪਾਵਰ ਪਲਾਂਟ ਲਗਾਉਣ ਨਾਲ ਮੰਡੀਆਂ ਦੀ ਬਿਜਲੀ ਲਾਗਤ ਘਟੇਗੀ ਅਤੇ ਲੰਬੇ ਸਮੇਂ ਦੌਰਾਨ ਸਰਕਾਰੀ ਖਰਚ ਵਿੱਚ ਵੀ ਮਹੱਤਵਪੂਰਨ ਕਮੀ ਆਵੇਗੀ।

## ਮਕਾਨ ਮਾਲਕ ਕਿਰਾਏਦਾਰਾਂ ਦੇ ਵੇਰਵੇ ਪੁਲਸ ਚੌਕੀ ਦਰਜ ਕਰਵਾਉਣ : ਜ਼ਿਲ੍ਹਾ ਮੈਜਿਸਟਰੇਟ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮੈਜਿਸਟਰੇਟ ਨਵਜੋਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਕਾਨ ਮਾਲਕਾਂ ਅਤੇ ਮਕਾਨਾਂ ਦੇ ਇੰਚਾਰਜ ਵਿਅਕਤੀਆਂ ਨੂੰ ਹੁਕਮ ਜਾਰੀ ਕੀਤੇ ਹਨ ਕਿ ਉਨ੍ਹਾਂ ਵੱਲੋਂ ਜੋ ਵੀ ਮਕਾਨ ਕਿਰਾਏ 'ਤੇ ਦਿੱਤੇ ਹੋਣ ਜਾਂ ਭਵਿੱਖ ਵਿਚ ਦਿੱਤੇ ਜਾਣੇ ਹਨ, ਉਨ੍ਹਾਂ ਵਿਚ ਰਹਿਣ ਵਾਲੇ ਕਿਰਾਏਦਾਰ ਵਿਅਕਤੀਆਂ ਦਾ ਨਾਮ ਅਤੇ ਮੁਕੰਮਲ ਵੇਰਵਾ ਆਪਣੇ ਇਲਾਕੇ ਦੇ ਥਾਣਾ ਪੁਲਸ ਚੌਕੀ ਵਿਚ ਤੁਰੰਤ ਦਰਜ ਕਰਵਾਉਣ।ਉਨ੍ਹਾਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਵੱਲੋਂ ਮਕਾਨ ਕਿਰਾਏ 'ਤੇ ਲੈ ਕੇ ਸਮਾਜ ਵਿਰੋਧੀ ਕਾਰਵਾਈਆਂ ਕਰਨ ਦਾ ਅੰਦੇਸ਼ਾ ਹੈ, ਜਿਸ ਨਾਲ ਲੋਕਾਂ ਦੀ ਜਾਨ ਮਾਲ ਨੂੰ ਖ਼ਤਰਾ ਹੋ ਸਕਦਾ ਹੈ ਅਤੇ ਸਰਕਾਰੀ, ਪ੍ਰਾਈਵੇਟ ਸੰਪਤੀ ਨੂੰ ਨੁਕਸਾਨ ਪਹੁੰਚ ਸਕਦਾ ਹੈ, ਅਮਨ ਕਾਨੂੰਨ ਦੀ ਸਥਿਤੀ ਭੰਗ ਹੋ ਸਕਦੀ ਹੈ। ਇਸ ਲਈ ਅਜਿਹੀਆਂ ਕਾਰਵਾਈਆਂ ਨੂੰ ਰੋਕਣ ਲਈ ਫੌਰੀ ਕਦਮ ਚੁੱਕੇ ਜਾਣ ਦੀ ਲੋੜ ਹੈ।ਇਹ ਹੁਕਮ 30 ਨਵੰਬਰ 2025 ਤੱਕ ਲਾਗੂ ਰਹੇਗਾ।

## ਮੋਦੀ ਸਰਕਾਰ ਦੇ ਫ਼ੈਸਲੇ ਨਾਲ ਸਿੱਖ ਭਾਈਚਾਰੇ 'ਚ ਖ਼ੁਸ਼ੀ ਦੀ ਲਹਿਰ : ਡਾ. ਕਾਂਸਲ



**ਪਟਿਆਲਾ (ਰਾਜਿੰਦਰ ਥਿੰਦ)**-ਕੇਂਦਰ ਦੀ ਮੋਦੀ ਸਰਕਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਪੱਸ਼ਟ ਕੀਤਾ ਕਿ ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਮਨਾਉਣ ਲਈ ਪਾਕਿਸਤਾਨ ਜਾਣ ਵਾਲੇ ਜੱਥਿਆਂ ਉੱਪਰ ਕਿਸੇ ਵੀ ਕਿਸਮ ਦੀ ਕੋਈ ਵੀ ਰੋਕ ਨਹੀਂ ਹੈ।ਭਾਜਪਾ ਨੇਤਾ ਡਾ. ਗੁਰਵਿੰਦਰ ਕਾਂਸਲ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਇਸ ਇਤਿਹਾਸਕ ਫੈਸਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਹਮੇਸ਼ਾ ਤੋਂ ਹੀ ਇੱਕ ਧਰਮ ਨਿਰਪੱਖ ਅਤੇ ਸਿੱਖ ਭਾਈਚਾਰੇ ਵਿੱਚ ਹਰਮਨ ਪਿਆਰੇ ਨੇਤਾ ਦੇ ਤੌਰ 'ਤੇ ਜਾਣੇ ਜਾਂਦੇ ਹਨ।ਉਨ੍ਹਾਂ ਗੁਰਪੁਰਬ ਮੌਕੇ ਸ੍ਰੀ ਨਨਕਾਣਾ ਸਾਹਿਬ ਅਤੇ ਸ੍ਰੀ ਕਰਤਾਰਪੁਰ ਸਾਹਿਬ ਜਾਣ ਵਾਲੇ ਜੱਥਿਆਂ ਨੂੰ ਮਨਜ਼ੂਰੀ ਦੇ ਕੇ ਸਮੁੱਚੇ ਸਿੱਖ ਭਾਈਚਾਰੇ ਦਾ ਦਿਲ ਜਿੱਤ ਲਿਆ ਹੈ ਤੇ ਇਸ ਫ਼ੈਸਲੇ ਨਾਲ ਪੂਰੇ ਸਿੱਖ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਹੈ, ਕਿਉਂਕਿ ਸਿੱਖ ਸੰਗਤ ਹਰ ਸਾਲ ਗੁਰਪੁਰਬ ਮਨਾਉਣ ਲਈ ਪਾਕਿਸਤਾਨ ਦੇ ਧਾਰਮਿਕ ਸਥਾਨਾਂ ਦੀ ਯਾਤਰਾ ਕਰਦੀ ਹੈ ਤੇ ਸਿੱਖ ਸ਼ਰਧਾਲੂ ਉਥੇ ਦਰਸ਼ਨ ਕਰਕੇ ਆਪਣਾ ਜੀਵਨ ਸਫ਼ਲ ਕਰਦੇ ਹਨ।

# ਚੇਅਰਮੈਨ ਘੱਟ ਗਿਣਤੀ ਕਮਿਸ਼ਨ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਗਿੱਦੜਬਾਹਾ/ਫਰੀਦਕੋਟ/ਸ੍ਰੀ ਮੁਕਤਸਰ ਸਾਹਿਬ (ਜਸਵੰਤ ਗਿੱਲ ਛੱਤਿਆਣਾ/ਐਲਿਗਜੈਂਡਰ ਡਿਸੂਜਾ/ਸ਼ਮਿੰਦਰਪਾਲ, ਪੂਜਾ)**

ਚੇਅਰਮੈਨ, ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਜਤਿੰਦਰ ਮਸੀਹ ਗੌਰਵ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਘੱਟ ਗਿਣਤੀ ਭਾਈਚਾਰੇ ਦੀਆਂ ਸਮੱਸਿਆਵਾਂ ਦੇ ਸਬੰਧ ਵਿੱਚ ਮੀਟਿੰਗ ਕੀਤੀ।ਮੀਟਿੰਗ ਦੌਰਾਨ ਉਨ੍ਹਾਂ ਈਸਾਈ ਭਾਈਚਾਰੇ ਦੇ ਲੋਕਾਂ ਨੂੰ ਮ੍ਰਿਤਕ ਸਰੀਰ ਨੂੰ ਦਫਨਾਉਣ ਲਈ ਆ ਰਹੀਆਂ ਸਮੱਸਿਆਵਾਂ ਦਾ ਹੱਲ ਕੱਢਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੂੰ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਕਬਰਸਤਾਨਾਂ ਦੀਆਂ ਜਗ੍ਹਾ 'ਤੇ ਹੋਏ ਕਬਜ਼ਿਆਂ ਨੂੰ ਵੀ ਜਲਦ ਛੁਡਵਾਇਆ ਜਾਵੇ ਅਤੇ ਜ਼ਿਲ੍ਹੇ ਵਿੱਚ ਜਿਸ ਸ਼ਹਿਰ ਜਾਂ ਪਿੰਡ ਵਿੱਚ ਕਬਰਸਤਾਨ ਨਹੀਂ ਹੈ, ਉਥੇ ਜਗ੍ਹਾ ਮੁਹਈਆ ਕਰਵਾਈ ਜਾਵੇ।ਉਨ੍ਹਾਂ ਸਬੰਧਤ ਨਗਰ ਕੌਂਸਲਾਂ ਦੇ ਕਾਰਜ ਸਾਧਕ ਅਫਸਰਾਂ ਅਤੇ ਜ਼ਿਲ੍ਹਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨੂੰ ਕਿਹਾ ਕਿ ਘੱਟ ਗਿਣਤੀ ਦੇ ਲੋਕਾਂ ਨੂੰ ਮ੍ਰਿਤਕ ਸਰੀਰ ਦਫਨਾਉਣ ਤੋਂ ਇਲਾਵਾ ਸਾਂਝੇ ਪ੍ਰੋਗਰਾਮ ਲਈ ਕਮਿਊਨਿਟੀ ਸੈਂਟਰ ਅਤੇ ਧਰਮਸ਼ਾਲਾ ਲਈ ਜਗ੍ਹਾ ਅਲਾਟ ਕਰਨ ਲਈ ਵੀ ਉਪਰਾਲੇ ਕੀਤੇ ਜਾਣ।

ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਘੱਟ ਗਿਣਤੀ ਕਮਿਸ਼ਨ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ ਕਿ ਕੋਈ ਧਰਮ ਦੇ ਨਾਮ ਤੇ ਆਪਸੀ ਭਾਈਚਾਰੇ ਨੂੰ ਭੰਗ ਕਰੇ। ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਕਿਹਾ ਕਿ ਜੇ ਕੋਈ ਵੀ ਸ਼ਰਾਰਤੀ ਅਨਸਰ ਧਰਮ ਦੇ ਨਾਮ 'ਤੇ ਘੱਟ ਗਿਣਤੀ ਭਾਈਚਾਰੇ ਨੂੰ ਤੰਗ ਪ੍ਰੇਸ਼ਾਨ ਕਰਦਾ ਹੈ ਤਾਂ ਉਸ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਗੁਰਪ੍ਰੀਤ ਸਿੰਘ ਥਿੰਦ ਵਧੀਕ ਡਿਪਟੀ ਕਮਿਸ਼ਨਰ ਨੇ ਚੇਅਰਮੈਨ ਨੂੰ ਵਿਸ਼ਵਾਸ ਦੁਆਇਆ ਕਿ ਜੋ ਵੀ ਮਸਲੇ ਇਸ ਮੀਟਿੰਗ ਵਿੱਚ ਵਿਚਾਰੇ ਗਏ ਹਨ, ਉਹਨਾ ਦਾ ਹੱਲ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਲਦ ਕੀਤਾ ਜਾਵੇਗਾ ਅਤੇ ਘੱਟ ਗਿਣਤੀ ਦੇ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਭਵਿੱਖ ਵਿੱਚ ਕੋਈ ਪ੍ਰੇਸ਼ਾਨੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ, ਐਸ.ਡੀ.ਐਮ. ਸ੍ਰੀ ਮੁਕਤਸਰ ਸਾਹਿਬ ਬਲਜੀਤ ਕੌਰ, ਐਸ.ਡੀ.ਐਮ ਮਲੋਟ ਜੁਗਰਾਜ ਸਿੰਘ ਕਾਹਲੋਂ, ਜ਼ਿਲ੍ਹਾ ਭਲਾਈ ਅਫ਼ਸਰ ਜਗਮੋਹਨ ਮਾਨ, ਡੀ ਐਸ ਪੀ ਅਮਨਦੀਪ ਸਿੰਘ, ਕਾਰਜ ਸਾਧਕ ਅਫਸਰ ਸ੍ਰੀ ਮੁਕਤਸਰ ਸਾਹਿਬ ਵਰੁਣ ਕੁਮਾਰ ਸਹੋਤਾ, ਕਾਰਜ ਸਾਧਕ ਅਫਸਰ ਗਿੱਦੜਬਾਹਾ ਸੁਨੀਲ ਦੱਤ ਵਰਮਾ ਅਤੇ ਘੱਟ ਗਿਣਤੀ ਭਾਈਚਾਰੇ ਦੇ ਨੁਮਾਇੰਦੇ ਵੀ ਮੌਜੂਦ ਸਨ।

## ਰਣਯੋਧ ਹਡਾਣਾ ਨੇ ਇਕ ਦਰਜਨ ਸੜਕਾਂ ਦੇ ਪੁਨਰ-ਨਿਰਮਾਣ ਕਾਰਜਾਂ ਦੇ ਰੱਖੇ ਨੀਂਹ ਪੱਥਰ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਰਾਜ ਵਿਚ ਚੱਲ ਰਹੀਆਂ ਵਿਕਾਸ ਪੱਧਰੀ ਕੋਸ਼ਿਸ਼ਾਂ ਦੇ ਤਹਿਤ ਸਨੌਰ ਵਿਧਾਨ ਸਭਾ ਹਲਕੇ ਵਿਚ ਇਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ। ਪਿਛਲੇ 3 ਦਹਾਕਿਆਂ ਤੋਂ ਵਿਧਾਨ ਸਭਾ ਹਲਕੇ ਸਨੌਰ ਦੀਆਂ ਟੁੱਟੀਆਂ ਸੜਕਾਂ ਦੇ ਪੁਨਰ ਨਿਰਮਾਣ ਕਾਰਜਾਂ ਅਤੇ ਹੋਰ ਸੁਧਾਰ ਕਾਰਜਾਂ ਦੀ ਹਲਕੇ ਦੇ ਇੰਚਾਰਜ ਅਤੇ ਪੀ ਆਰ ਟੀ ਸੀ ਦੇ ਚੇਅਰਮੈਨ ਰਣਯੋਧ ਸਿੰਘ ਹਡਾਣਾ ਵਲੋਂ ਸ਼ੁਰੂਆਤ ਕੀਤੀ ਗਈ।ਉਹਨਾ ਵਲੋਂ ਹਲਕੇ ਦੀਆਂ ਇਕ ਦਰਜਨ ਪਿੰਡ ਕਟਹੇਰੀ, ਜੁਲਕਾਂ, ਮਸੀਗਣ, ਅਲੀਪੁਰ, ਰੱਤਾਖੇੜਾ, ਗਗਰੋਲੀ, ਭੁਨਰਹੇੜੀ, ਸਰਕੜਾ ਫਾਰਮ, ਸਰੁੱਸਤੀ ਗੜ੍ਹ ਅਤੇ ਉਪਲੀ ਪਿੰਡਾਂ ਨੂੰ ਜਾਣ ਵਾਲੀਆਂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖਦੇ ਹੋਏ ਕਿਹਾ ਕਿ ਹੁਣ ਹਲਕੇ ਦੇ ਰੁਕੇ ਹੋਏ ਹੋਏ ਵਿਕਾਸ ਕਾਰਜਾਂ ਵਿੱਚ ਲੰਮੇ ਸਮੇਂ ਤੋਂ ਆਈ ਖੜੋਤ ਖ਼ਤਮ ਹੋ ਗਈ ਹੈ ਅਤੇ ਹਲਕੇ ਦੀਆਂ ਸਾਰੀਆਂ ਸੜਕਾਂ ਨੂੰ 31 ਮਾਰਚ 202 ਤੱਕ ਨਵੇਂ ਸਿਰੇ ਤੋਂ ਬਣਾ ਦਿੱਤਾ ਜਾਵੇਗਾ। ਉਹਨਾ ਕਿਹਾ ਕਿ ਹਲਕੇ ਦੀਆਂ ਟੁੱਟੀਆਂ ਸੜਕਾਂ ਕਾਰਨ ਆਵਾਜਾਈ ਦੇ ਸਮੇਂ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਨ੍ਹਾਂ ਕਾਰਜਾਂ ਰਾਹੀਂ ਨਿਰੀ ਸੜਕ ਦੀ ਮਰੰਮਤ ਹੀ ਨਹੀਂ, ਬਲਕਿ ਆਸ-ਪਾਸ ਦੇ ਇਲਾਕੇ ਦੀ ਸਫਾਈ, ਨਿਕਾਸੀ ਪ੍ਰਣਾਲੀ ਅਤੇ ਹੋਰ ਸੁਵਿਧਾਵਾਂ ਨੂੰ ਵੀ ਸੁਧਾਰਿਆ ਜਾਵੇਗਾ।ਹਡਾਣਾ ਨੇ ਕਿਹਾ ਕਿ ਨਵੀਆਂ ਸੜਕਾਂ ਬਣਨ ਨਾਲ ਜਿੱਥੇ ਟ੍ਰੈਫਿਕ ਤੋਂ ਰਾਹਤ ਮਿਲੇਗੀ, ਸਗੋਂ ਇਲਾਕੇ ਦੇ ਆਮ ਲੋਕਾਂ ਅਤੇ ਕਿਸਾਨਾਂ ਅਤੇ ਵਪਾਰੀਆਂ ਨੂੰ ਵੀ ਆਸਾਨੀ ਹੋਵੇਗੀ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਰਹਿਨੁਮਾਈ ਹੇਠ ਪੰਜਾਬ ਵਿਚ ਵਿਕਾਸ, ਸੁਰੱਖਿਆ ਅਤੇ ਖੁਸ਼ਹਾਲੀ ਵੱਲ ਤੇਜ਼ੀ ਨਾਲ ਅੱਗੇ ਵਧ ਰਹੀ ਹੈ।ਇਸ ਮੌਕੇ ਮੰਡੀ ਬੋਰਡ ਦੇ ਅਧਿਕਾਰੀਆਂ ਤੋਂ ਇਲਾਵਾ ਆਪ ਆਗੂ ਰਾਜਾ ਧੰਜੂ ਸਰਪੰਚ, ਭੁਪਿੰਦਰ ਸਿੰਘ ਸਰੁਸਤੀਗੜ੍ਹ, ਹਰਪ੍ਰੀਤ ਸਿੰਘ ਘੁੰਮਣ, ਗੁਰਪ੍ਰੀਤ ਸਿੰਘ ਸਰਪੰਚ ਰਿਸ਼ੀ ਕਲੋਨੀ, ਗੁਰਪ੍ਰੀਤ ਸਿੰਘ ਸਰਪੰਚ ਸੰਦੀਪ ਸਿੰਘ ਬੀ ਡੀ ਪੀ ਓ ਤੋਂ ਇਲਾਵਾ ਇਲਾਕਾ ਨਿਵਾਸੀ ਅਤੇ ਆਪ ਦੇ ਹੋਰ ਕਈ ਅਹੁਦੇਦਾਰ ਅਤੇ ਆਗੂ ਇਸ ਮੌਕੇ ਹਾਜ਼ਰ ਸਨ ਮੌਜੂਦ ਸਨ।

## ਧੂਰੀ ਹਲਕੇ 'ਚ ਬਣੇ 10 ਆਮ ਆਦਮੀ ਕਲੀਨਿਕ : ਦਲਬੀਰ ਢਿੱਲੋਂ



**ਧੂਰੀ (ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਭਗਵੰਤ ਮਾਨ ਦੇ ਧੂਰੀ ਹਲਕੇ 'ਚ ਚੱਲ ਰਹੇ 10 ਆਮ ਆਦਮੀ ਕਲੀਨਿਕਾਂ 'ਚ ਹੁਣ ਤੱਕ 4 ਲੱਖ 31 ਹਜ਼ਾਰ 780 ਮਰੀਜ਼ ਆਪਣਾ ਇਲਾਜ ਕਰਵਾ ਚੁੱਕੇ ਹਨ ਅਤੇ ਕਰੀਬ 70 ਹਜ਼ਾਰ ਮਰਜ਼ਾਂ ਦੇ ਮੁਫ਼ਤ ਟੈਸਟ ਕੀਤੇ ਜਾ ਚੁੱਕੇ ਹਨ।ਉਪਰੋਕਤ ਜਾਣਕਾਰੀ ਦਿੰਦਿਆਂ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਦਲਬੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਹਲਕੇ 'ਚ ਚੱਲ ਰਹੇ 10 ਕਲੀਨਿਕਾਂ ਤੋਂ ਇਲਾਵਾ ਪਿੰਡ ਦੀਦਾਰਗੜ੍ਹ, ਧੂਰੀ ਵਿਖੇ ਦਸ਼ਮੇਸ਼ ਨਗਰ ਅਤੇ ਕ੍ਰਾਂਤੀ ਚੌਂਕ ਨੇੜੇ ਸਥਿਤ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਤਿੰਨ ਹੋਰ ਕਲੀਨਿਕ ਖੋਲ੍ਹੇ ਜਾਣਗੇ।ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ ਖੁੱਲ੍ਹਣ ਨਾਲ ਲੋਕਾਂ ਨੂੰ ਆਪਣੇ ਘਰਾਂ ਨੇੜੇ ਹੀ ਸਿਹਤ ਸਹੂਲਤਾਂ ਮਿਲਣ ਲੱਗੀਆਂ ਹਨ। ਜਿਸ ਦਾ ਲੋਕਾਂ ਵੱਲੋਂ ਲਾਹਾ ਲਿਆ ਜਾ ਰਿਹਾ ਹੈ।

## ਸਾਰਾਗੜ੍ਹੀ ਮੈਮੋਰੀਅਲ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਨੂੰ ਆਰ ਓ ਸਿਸਟਮ ਭੇਟ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਾ. ਐੱਸਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਦੇ ਅਨੇਕਾਂ ਕਾਰਜ ਜਾਰੀ ਹਨ। ਡਾਕਟਰ ਓਬਰਾਏ ਦੀ ਰਹਿਨੁਮਾਈ ਹੇਠ ਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੀ ਯੋਗ ਅਗਵਾਈ ਵਿਚ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸਾਰਾਗੜ੍ਹੀ ਮੈਮੋਰੀਅਲ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਫਿਰੋਜ਼ਪੁਰ ਵਿਖੇ ਵਿਦਿਆਰਥੀਆਂ ਨੂੰ ਸਾਫ ਪਾਣੀ ਮੁਹੱਈਆ ਕਰਾਉਣ ਲਈ ਆਰ ਓ ਸਿਸਟਮ ਭੇਟ ਕੀਤਾ ਗਿਆ, ਜਿਸ ਦਾ ਰਸਮੀ ਉਦਘਾਟਨ ਪੰਜਾਬ ਪ੍ਰਧਾਨ ਸਾਊਥ ਵੈਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਗੁਰਬਿੰਦਰ ਸਿੰਘ ਬਰਾੜ ਤੇ ਜਸਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਮੀਤ ਪ੍ਰਧਾਨ ਰਵਿੰਦਰ ਸਿੰਘ ਛਾਬੜਾ ਵੱਲੋਂ ਦੱਸਿਆ ਗਿਆ ਡਾ. ਐੱਸਪੀ ਸਿੰਘ ਓਬਰਾਏ ਨੂੰ ਸਕੂਲ ਵੱਲੋਂ ਆਰਓ ਸਿਸਟਮ ਲਾਏ ਜਾਣ ਦੀ ਬੇਨਤੀ ਕੀਤੀ ਗਈ ਸੀ ਅਤੇ ਡਾ. ਓਬਰਾਏ ਵੱਲੋਂ ਬੱਚਿਆਂ ਦੀ ਸਿਹਤ ਦੇ ਮੱਦੇਨਜ਼ਰ ਤੁਰੰਤ ਪ੍ਰਵਾਨਗੀ ਦਿੱਤੀ ਗਈ। ਡਾ. ਸਤਿੰਦਰ ਸਿੰਘ ਡਿਪਟੀ ਸਿੱਖਿਆ ਅਫ਼ਸਰ ਤੇ ਸਕੂਲ ਪ੍ਰਿੰਸੀਪਲ, ਸੁਕ੍ਰਿਤੀ ਸ਼ਰਮਾ ਅਤੇ ਸਕੂਲ ਦੇ ਸਟਾਫ ਵੱਲੋਂ ਡਾਕਟਰ ਓਬਰਾਏ ਦਾ ਧੰਨਵਾਦ ਕੀਤਾ ਗਿਆ ਅਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਪੰਜਾਬ ਪ੍ਰਧਾਨ ਗੁਰਬਿੰਦਰ ਸਿੰਘ ਬਰਾੜ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।


## ਦੀਵਾਲੀ ਤੋਂ ਪਹਿਲਾਂ ਮਿਲੀਆਂ 5 ਨਵੀਂਆਂ ਅੱਗ ਬੁਝਾਊ ਗੱਡੀਆਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰੀ ਹਲਕੇ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਦੀਵਾਲੀ ਤੋਂ ਪਹਿਲਾਂ ਪਟਿਆਲਾ ਵਾਸੀਆਂ ਨੂੰ 5 ਨਵੀਆਂ ਅੱਗ ਬੁਝਾਊ ਗੱਡੀਆਂ ਸਮਰਪਤ ਕੀਤੀਆਂ, ਜੋ ਲੋਕਾਂ ਦੀ ਸੇਵਾ 'ਚ ਹਾਜ਼ਰ



ਰਹਿਣਗੀਆਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਨੂੰ ਇਹ ਸੌਗਾਤ ਮਿਲੀ ਹੈ।ਉਨ੍ਹਾਂ ਨਾਲ ਮੇਅਰ ਕੁੰਦਨ ਗੋਗੀਆ ਤੇ ਕਮਿਸ਼ਨਰ ਨਗਰ ਨਿਗਮ ਪਰਮਵੀਰ ਸਿੰਘ ਵੀ ਮੌਜੂਦ ਸਨ।ਵਿਧਾਇਕ ਨੇ ਕਿਹਾ ਕਿ ਇਸ ਨਵੇਂ ਉਪਰਾਲੇ ਨਾਲ ਪਟਿਆਲਾ ਵਾਸੀਆਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਪੰਜਾਬ ਸਰਕਾਰ ਵੱਲੋਂ ਦਿੱਤੀ ਇੱਕ ਵੱਡੀ ਭੇਟ ਹੈ, ਜੋ ਸ਼ਹਿਰ ਨੂੰ ਆਧੁਨਿਕ ਫਾਇਰ ਸੇਵਾਵਾਂ ਦੇਣ ਵੱਲ ਇੱਕ ਵੱਡਾ ਕਦਮ ਹੈ।ਉਨ੍ਹਾਂ ਕਿਹਾ ਕਿ ਨਗਰ ਨਿਗਮ ਵੱਲੋਂ ਇਸ ਪ੍ਰਾਜੈਕਟ ਨੂੰ ਲਾਗੂ ਕਰਨ ਲਈ ਤੇਜੀ ਨਾਲ ਕੰਮ ਕੀਤਾ ਹੈ।ਉਨ੍ਹਾਂ ਐਲਾਨ ਕੀਤਾ ਕਿ ਸ਼ਹਿਰ ਵਿਚ ਨਵੇਂ ਫਾਇਰ ਸਟੇਸ਼ਨ ਦੀ ਸਥਾਪਨਾ ਵੀ ਕੀਤੀ ਜਾ ਰਹੀ ਹੈ, ਜੋ ਜਲਦ ਸ਼ੁਰੂ ਕੀਤਾ ਜਾਵੇਗਾ। ਨਵੀਆਂ ਫਾਇਰ ਬ੍ਰਿਗੇਡ ਗੱਡੀਆਂ ਦੇ ਸੌਂਪਣ ਸਮਾਗਮ ਦੌਰਾਨ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਅੱਗ ਬੁਝਾਉਣ ਵਾਲੀਆਂ ਇਹ ਗੱਡੀਆਂ ਪਟਿਆਲਾ ਵਾਸੀਆਂ ਲਈ ਇੱਕ ਵੱਡੀ ਸਹਾਇਤਾ ਸਾਬਤ ਹੋਣਗੀਆਂ ਤੇ ਕਿਸੇ ਵੀ ਐਮਰਜੈਂਸੀ ਸਥਿਤੀ ਦੌਰਾਨ ਜਾਨ ਤੇ ਮਾਲ ਦੀ ਰੱਖਿਆ ਕਰਨ ਵਿੱਚ ਕਾਰਗਰ ਸਾਬਤ ਹੋਣਗੀਆਂ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਤੇ ਇਹ ਫੈਸਲਾ ਵੀ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਹੈ।ਮੇਅਰ ਵੱਲੋਂ ਜਾਣਕਾਰੀ ਦਿੰਦੇ ਹੋਏ ਕਿਹਾ ਗਿਆ ਕਿ ਪਹਿਲਾਂ ਪਟਿਆਲਾ ਕੋਲ ਸਿਰਫ਼ 5 ਫਾਇਰ ਬ੍ਰਿਗੇਡ ਗੱਡੀਆਂ ਹੀ ਸਨ, ਪਰ ਹੁਣ 5 ਹੋਰ ਨਵੀਆਂ ਗੱਡੀਆਂ ਦੇ ਆਉਣ ਨਾਲ ਇਹ ਗਿਣਤੀ 10 ਹੋ ਗਈ ਹੈ।

## ਪੀ ਜੀ ਆਈ ਦੀ ਡਾ. ਸ਼ੈਫਾਲੀ ਨੂੰ ਰਿਉਮੈਟੋਲੋਜੀ ਐਸੋਸੀਏਸ਼ਨ ਔਰੇਸ਼ਨ ਸਨਮਾਨ ਪ੍ਰਾਪਤ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਡਿਵਿਜ਼ਨ ਆਫ਼ ਕਲੀਨਿਕਲ ਇਮਿਊਨੋਲੋਜੀ ਤੇ ਰਿਉਮੈਟੋਲੋਜੀ, ਡਿਪਾਰਟਮੈਂਟ ਆਫ਼ ਇੰਟਰਨਲ ਮੈਡਿਸਿਨ ਦੀ ਪ੍ਰੋਫੈਸਰ ਡਾ. ਸ਼ੈਫਾਲੀ ਕੇ. ਸ਼ਰਮਾ ਨੂੰ ਰਿਉਮੈਟੋਲੋਜੀ ਐਸੋਸੀਏਸ਼ਨ ਵੱਲੋਂ ਪ੍ਰਸਿੱਧ ਵਿਆਖਿਆਨ ਦੇਣ ਦਾ ਸਨਮਾਨ ਪ੍ਰਾਪਤ ਹੋਇਆ।ਇਹ ਔਰੇਸ਼ਨ ਰਿਉਮੈਟੋਲੋਜੀ ਐਸੋਸੀਏਸ਼ਨ ਦੀ ਸਾਲਾਨਾ ਕਾਨਫਰੰਸ ਦੌਰਾਨ ਦਿੱਤੀ ਗਈ, ਜੋ ਨਵੀਂ ਦਿੱਲੀ ਦੇ ਯਸ਼ੋਭੂਮੀ ਕਨਵੇਂਸ਼ਨ ਸੈਂਟਰ ਵਿਖੇ ਆਯੋਜਤ ਕੀਤੀ ਗਈ।ਇਸ ਚਾਰ ਦਿਨਾਂ ਦੀ ਕਾਨਫਰੰਸ ਵਿੱਚ ਦੇਸ਼ ਤੇ ਵਿਦੇਸ਼ ਤੋਂ ਰਿਉਮੈਟੋਲੋਜਿਸਟ, ਖੋਜਕਰਤਾ ਤੇ ਵਿਦਿਆਰਥੀ ਸ਼ਾਮਲ ਹੋਏ।ਇਹ ਸਨਮਾਨ ਡਾ. ਸ਼ਰਮਾ ਦੇ ਸਿਸਟੈਮਿਕ ਸਕਲੇਰੋਸਿਸ ਤੇ ਰਿਉਮੈਟੋਲੋਜੀ ਦੇ ਖੇਤਰ ਵਿੱਚ ਉਨ੍ਹਾਂ ਦੇ ਵੱਡਮੁੱਲੇ ਯੋਗਦਾਨ ਵਜੋਂ ਦਿੱਤਾ ਗਿਆ ਹੈ।ਉਨ੍ਹਾਂ ਦੀ ਅਗਵਾਈ ਵਾਲੀ ਖੋਜ ਤੇ ਕਲੀਨਿਕਲ ਸੇਵਾਵਾਂ ਨੇ ਇਸ ਪੇਚੀਦਾ ਬੀਮਾਰੀ ਦੀ ਸਮਝ ਤੇ ਇਲਾਜ ਦੇ ਖੇਤਰ ਵਿੱਚ ਭਾਰਤ ਵਿੱਚ ਮਹੱਤਵਪੂਰਨ ਤਰੱਕੀ ਕੀਤੀ ਹੈ।ਡਾ. ਸ਼ਰਮਾ ਸਕਲੇਰੋਡਰਮਾ ਇੰਡੀਆ ਦੀ ਅਗਵਾਈ ਵੀ ਕਰਦੇ ਹਨ, ਜੋ ਰਾਸ਼ਟਰੀ ਪੱਧਰ 'ਤੇ ਸਕਲੇਰੋਡਰਮਾ ਬਾਰੇ ਜਾਗਰੂਕਤਾ ਵਧਾਉਣ, ਸ਼ੁਰੂਆਤੀ ਪਛਾਣ ਤੇ ਮਰੀਜ਼ ਸਹਾਇਤਾ ਲਈ ਸਮਰਪਤ ਇਕ ਪਹਲ ਹੈ।ਉਹ ਪੀਜੀਆਈ ਵਿਖੇ ਹਰ ਸਾਲ ਮਰੀਜ਼ ਜਾਗਰੂਕਤਾ ਪ੍ਰੋਗਰਾਮ ਕਰਾਉਂਦੀਆਂ ਹਨ, ਜਿਸ ਵਿੱਚ ਮਰੀਜ਼ਾਂ, ਉਨ੍ਹਾਂ ਦੇ ਪਰਵਾਰਾਂ ਅਤੇ ਸਿਹਤ ਸੇਵਾ ਪ੍ਰਦਾਤਾਵਾਂ ਨੂੰ ਇਕੱਠਾ ਕਰਕੇ ਇਸ ਬੀਮਾਰੀ ਦੀ ਸਮਝ ਅਤੇ ਸਮੂਹਿਕ ਦੇਖਭਾਲ ਨੂੰ ਉਤਸ਼ਾਹਤ ਕੀਤਾ ਜਾਂਦਾ ਹੈ।

## ਪਰੇਗਾਬਾਲਿਨ ਕੈਪਸੂਲ/ਗੋਲੀਆਂ ਦੀ ਦੁਰਵਰਤੋਂ 'ਤੇ ਲਗਾਈ ਰੋਕ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਪ੍ਰੀਤ ਸਿੰਘ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀ ਹਦੂਦ ਅੰਦਰ ਪਰੇਗਾਬਾਲਿਨ ਕੈਪਸੂਲ/ਗੋਲੀਆਂ ਨੂੰ ਬਿਨਾਂ ਲਾਇਸੰਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ, ਵੇਚਣ ਅਤੇ ਇਹ ਦਵਾਈ ਬਿਨ੍ਹਾਂ ਕਿਸੇ ਡਾਕਟਰੀ ਪਰਚੀ ਤੋਂ ਵਿਕਰੀ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।

ਇਹ ਹੁਕਮ ਤੁਰੰਤ ਲਾਗੂ ਹੋ ਗਏ ਹਨ ਅਤੇ 12 ਦਸੰਬਰ 2025 ਤੱਕ ਲਾਗੂ ਰਹਿਣਗੇ। ਇਹਨਾਂ ਹੁਕਮਾਂ ਦੀ ਉਲੰਘਣਾ ਕਰਨ 'ਤੇ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਧਾਮੀ ਸਮੇਤ ਵਫ਼ਦ ਨੇ ਰਾਜੋਆਣਾ ਨਾਲ ਕੀਤੀ ਮੁਲਾਕਾਤ

**ਪਟਿਆਲਾ (ਰਾਜਿੰਦਰ ਥਿੰਦ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰਾਂ ਦੇ ਵਫਦ ਨੇ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਨਜ਼ਰਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਨਾਲ ਮੁਲਾਕਾਤ ਕੀਤੀ।ਵਫ਼ਦ 'ਚ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਅੰਤਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ ਭਾਈ ਗੁਰਚਰਨ ਸਿੰਘ ਗਰੇਵਾਲ਼ ਤੇ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸਕੱਤਰ ਪ੍ਰਤਾਪ ਸਿੰਘ ਆਦਿ ਸ਼ਾਮਲ ਸਨ।

ਮੁਲਾਕਾਤ ਉਪਰੰਤ ਜੇਲ੍ਹ ਦੇ ਬਾਹਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹੋਰਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਾਡਾ ਇੱਕ ਵਫਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਨਾਲ ਮੁਲਾਕਾਤ ਕਰਨ ਪੁੱਜਾ ਤੇ ਸਾਡੀ ਇਹ ਰਸਮੀ ਮੁਲਾਕਾਤ ਸੀ।

ਐਡਵੋਕੇਟ ਧਾਮੀ ਨੇ ਕਿਹਾ ਕਿ ਮੁਲਾਕਾਤ ਦੌਰਾਨ ਭਾਈ ਰਾਜੋਆਣਾ ਦੇ ਨਾਲ ਫ਼ਤਿਹ ਦੀ ਸਾਂਝ ਕੀਤੀ ਗਈ ਤੇ ਉਹਨਾਂ ਦੀ ਸਿਹਤ ਦਾ ਹਾਲ ਵੀ ਜਾਣਿਆ ਹੈ।ਉਨ੍ਹਾਂ ਦੱਸਿਆ ਕਿ ਸਾਡੇ ਵਫਦ ਵਿੱਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਵਕੀਲ ਤੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਨਾਲ ਸੰਬੰਧਤ ਕੇਸ ਬਾਰੇ ਹੀ ਗੱਲਬਾਤ ਕੀਤੀ ਹੈ।

ਸਵਾਲ ਦਾ ਜਵਾਬ ਦਿੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਲੰਮੇ ਸਮੇਂ ਤੋਂ ਜੇਲਾਂ 'ਚ ਨਜ਼ਰਬੰਦ ਬੰਦੀ ਸਿੰਘ ਆਪਣੀਆਂ ਬਣਦੀਆਂ ਸਜ਼ਾਵਾਂ ਵੀ ਪੂਰੀਆਂ ਕਰ ਚੁੱਕੇ ਹਨ ਤੇ ਸਰਕਾਰਾਂ ਨੂੰ ਬੰਦੀ ਸਿੰਘ ਜਲਦ ਰਿਹਾ ਕਰ ਦੇਣੇ ਚਾਹੀਦੇ ਹਨ।ਜੇਲ੍ਹ ਦੇ ਬਾਹਰ ਗੱਲਬਾਤ ਦੌਰਾਨ ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਦੁਖਨਵਾਰਨ ਸਾਹਿਬ ਭਾਈ ਪ੍ਰਨਾਮ ਸਿੰਘ ਮੈਨੇਜਰ ਭਾਗ ਸਿੰਘ ਆਦਿ ਹਾਜ਼ਰ ਰਹੇ।

## ਦੋ ਥਾਂਵਾਂ 'ਤੇ ਕੰਮ ਕਰਦੀ ਔਰਤ 'ਤੇ ਕਾਰਵਾਈ ਮੰਗੀ

**ਦੋਰਾਹਾ (ਹਰਮਿੰਦਰ ਸੇਠ)**

ਮਨਰੇਗਾ ਤੇ ਆਸ਼ਾ ਵਰਕਰ ਦੇ ਤੌਰ 'ਤੇ ਕੰਮ ਕਰਦੀ ਪਿੰਡ ਰੌਲ ਦੀ ਇੱਕ ਔਰਤ ਨਰੇਗਾ ਵਰਕਰ ਦੇ ਤੌਰ ਤੇ ਕੰਮ ਕਰਦੀ ਹੈ, ਉਹਦੇ ਨਾਲ ਹੀ ਆਸ਼ਾ ਵਰਕਰ ਦੇ ਤੌਰ 'ਤੇ ਵੀ ਕੰਮ ਕਰ ਰਹੀ ਹੈ।

ਇਹ ਔਰਤ ਦੋ ਜਗ੍ਹਾ ਕੰਮ ਕਰਕੇ ਜਿੱਥੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੀ ਹੈ, ਉਹਦੇ ਨਾਲ ਹੀ ਪ੍ਰਸ਼ਾਸਨ ਨਾਲ ਧੋਖਾਧੜੀ ਵੀ ਕਰ ਰਹੀ ਹੈ। ਇਸ ਸਬੰਧੀ ਐਸਐਮਓ ਪਾਇਲ ਨਾਲ ਰਾਬਤਾ ਕਾਇਮ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਹੈ ਅਤੇ ਇਸ ਸਬੰਧ ਵਿੱਚ ਉਚ ਅਧਿਕਾਰੀਆਂ ਨੂੰ ਲਿਖ ਕੇ ਭੇਜ ਦਿੱਤਾ ਹੈ ਤੇ ਇਸ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਜਦੋਂ ਇਸ ਸਬੰਧੀ ਆਸ਼ਾ ਵਰਕਰ ਦੀ ਪ੍ਰਧਾਨ ਹਰਪ੍ਰੀਤ ਕੌਰ ਭੱਠਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਸ ਖਿਲਾਫ਼ ਸਖਤ ਕਾਰਵਾਈ ਕੀਤੀ ਜਾਵੇਗੀ।

## ਪੁਲਸ ਵੱਲੋਂ ਕੈਸੋ ਅਪਰੇਸ਼ਨ ਤਹਿਤ ਸੰਗਰੂਰ ਰੇਲਵੇ ਸਟੇਸ਼ਨ ਵਿਖੇ ਚੈਕਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਸੁਖਦੇਵ ਸਿੰਘ, ਪੀ.ਪੀ.ਐਸ, ਉਪ ਕਪਤਾਨ ਪੁਲਸ, ਸਬ-ਡਵੀਜ਼ਨ ਵੱਲੋਂ ਦੱਸਿਆ ਗਿਆ ਕਿ ਰੇਲਵੇ ਸਟੇਸ਼ਨ ਵਿਖੇ ਚੈਕਿੰਗ ਕੀਤੀ ਗਈ, ਉੱਥੇ ਸਬ-ਡਵੀਜ਼ਨ ਸੰਗਰੂਰ ਅਧੀਨ ਆਉਂਦੇ ਥਾਣਾ ਸਦਰ ਸੰਗਰੂਰ, ਥਾਣਾ ਸਿਟੀ ਸੰਗਰੂਰ ਅਤੇ ਥਾਣਾ ਸਿਟੀ-1 ਸੰਗਰੂਰ ਦੀ ਪੁਲਿਸ ਵੱਲੋਂ ਲੰਘੇ ਹਫਤੇ ਦੌਰਾਨ 02 ਮੁਕੱਦਮੇ, ਐਨ.ਡੀ.ਪੀ.ਐਸ. ਐਕਟ, ਦਰਜ ਕਰ ਕੇ 02 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਤੇ ਇਨ੍ਹਾਂ ਪਾਸੋਂ 25 ਗ੍ਰਾਮ ਚਿੱਟਾ/ਹੈਰੋਇਨ, ਬਰਾਮਦ ਕਰਾਉਣ ਵਿੱਚ ਸਫਲਤਾ ਹਾਸਲ ਕੀਤੀ ਗਈ।ਇਨ੍ਹਾਂ ਕੇਸਾਂ ਤੋਂ ਇਲਾਵਾ ਹੋਰ ਕੇਸਾਂ 'ਚ ਵੀ 16 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ।ਇਸੇ ਦੌਰਾਨ ਨਸ਼ੇ ਦੀ ਬਿਮਾਰੀ ਤੋਂ ਪੀੜਤ ਵਿਅਕਤੀਆਂ ਨੂੰ ਨਸ਼ੇ ਦੀ ਦਲਦਲ ਤੋਂ ਨਿਜ਼ਾਤ ਦਿਵਾਉਣ ਲਈ 08 ਪੀੜਤਾਂ ਨੂੰ ਦਵਾਈ ਦਿਵਾਉਣ ਦੇ ਨਾਲ-ਨਾਲ 01 ਵਿਅਕਤੀ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਾਇਆ ਗਿਆ। ਟ੍ਰੈਫਿਕ ਦੇ ਨਿਯਮਾਂ ਦੀ ਉਲੰਘਣਾ ਕਰਨ ਵਾਲੇ 82 ਵਾਹਨਾਂ ਦੇ ਚਲਾਨ ਕੀਤੇ ਗਏ ਤੇ ਅਮਨ ਕਾਨੂੰਨ ਨੂੰ ਬਹਾਲ ਰੱਖਣ ਲਈ 04 ਵਿਅਕਤੀਆਂ ਖਿਲਾਫ਼ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਪਬਲਿਕ ਵੱਲੋਂ ਦਿੱਤੀਆਂ 43 ਸ਼ਿਕਾਇਤਾਂ ਦਾ ਯੋਗ ਨਿਪਟਾਰਾ ਕੀਤਾ ਗਿਆ ਹੈ।ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਾਏ ਜਾ ਰਹੇ ਹਨ।ਸ਼ਹਿਰ ਸੰਗਰੂਰ ਤੇ ਇਲਾਕੇ ਅੰਦਰ ਅਮਨ ਕਾਨੂੰਨ ਬਹਾਲ ਰੱਖਣ ਸਬੰਧੀ ਪੁਲਿਸ ਵੱਲੋਂ ਠੋਸ ਕਦਮ ਚੁੱਕੇ ਜਾ ਰਹੇ ਹਨ, ਭਵਿੱਖ ਵਿੱਚ ਵੀ ਮਾੜੇ ਅਨਸਰਾਂ 'ਤੇ ਸਖਤ ਨਿਗਰਾਨੀ ਰੱਖ ਕੇ ਇਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਕਰਦੇ ਹੋਏ ਇਲਾਕੇ ਨੂੰ ਨਸ਼ਾ ਮੁਕਤ ਬਣਾਉਣ ਸਬੰਧੀ ਕੋਸ਼ਿਸ਼ ਜਾਰੀ ਰੱਖੀ ਜਾਵੇਗੀ ਅਤੇ ਇਲਾਕੇ ਵਿੱਚ ਅਮਨ ਸ਼ਾਂਤੀ ਹਰ ਹਾਲਤ ਵਿੱਚ ਬਹਾਲ ਰੱਖੀ ਜਾਵੇਗੀ।

# ਸਰਕਾਰ ਨੇ ਦੱਬਿਆ ਮੁਲਾਜ਼ਮਾਂ ਦਾ 16 ਫੀਸਦੀ ਡੀ ਏ, ਕੇਂਦਰੀ ਮੁਲਾਜ਼ਮਾਂ ਤੋਂ ਪਛੜੇ ਪੰਜਾਬ ਦੇ ਮੁਲਾਜ਼ਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**


ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਇਕਾਈ ਪਟਿਆਲਾ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਰੱਖੜਾ ਤੇ ਵਿੱਤ ਸਕੱਤਰ ਰਾਜਿੰਦਰ ਸਮਾਣਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਜੁਲਾਈ 2023 ਤੋਂ ਪੈਂਡਿੰਗ ਪੰਜ ਕਿਸ਼ਤਾਂ ਅਨੁਸਾਰ 16% ਡੀ.ਏ. ਜਾਰੀ ਨਾ ਕਰਨ ਤੇ ਹੋਰ ਵਿੱਤੀ ਮੰਗਾਂ ਨਾ ਹੱਲ ਕਰਨ ਸਬੰਧੀ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੁੱਖ ਮੰਤਰੀ ਫੀਲਡ ਅਫ਼ਸਰ ਸ੍ਰੀ ਸਤੀਸ਼ ਚੰਦਰ ਨੂੰ ਰੋਸ ਪੱਤਰ ਸੌਂਪਿਆ ਗਿਆ ਅਤੇ ਅਧਿਆਪਕਾਂ ਦੇ ਵਿਆਪਕ ਰੋਸ ਦੀ ਜਾਣਕਾਰੀ ਪੰਜਾਬ ਸਰਕਾਰ ਤੱਕ ਪੁੱਜਦੀ ਕਰਨ ਦੀ ਮੰਗ ਕੀਤੀ ਗਈ।

ਡੀ.ਟੀ.ਐੱਫ. ਸੂਬਾ ਪ੍ਰਧਾਨ ਵਿਕਰਮਦੇਵ ਅਤੇ ਡੀ.ਐਮ.ਐੱਫ. ਦੇ ਸੂਬਾ ਸਕੱਤਰ ਹਰਦੀਪ ਟੋਡਰਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਅਧਿਆਪਕਾਂ ਸਮੇਤ ਸਮੁੱਚੇ ਮੁਲਾਜ਼ਮਾਂ ਦੀਆਂ ਵਿੱਤੀ ਮੰਗਾਂ ਉੱਪਰ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਮਹਿੰਗਾਈ ਸੂਚਕ ਅੰਕ ਨਾਲ ਜੋੜ ਕੇ ਹੁੰਦੇ ਐਲਾਨਾਂ ਅਨੁਸਾਰ ਬਣਦੇ 58% ਡੀ.ਏ. (ਮਹਿੰਗਾਈ ਭੱਤਾ) ਦੀ ਥਾਂ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਵਲ 42% ਡੀ.ਏ. ਹੀ ਮਿਲ ਰਿਹਾ ਹੈ ਅਤੇ ਡੀ.ਏ. ਦੇ ਬਕਾਏ ਵੀ ਪੈਂਡਿੰਗ ਪਏ ਹਨ।ਮਹਿੰਗਾਈ ਭੱਤੇ ਵਿੱਚ ਬਣਿਆ ਇਹ ਵੱਡਾ ਪਾੜਾ ਬਣਨ ਪਿੱਛੇ ਜੁਲਾਈ 2023 ਵਿੱਚ 4%, ਜਨਵਰੀ 2024 ਵਿੱਚ 4%, ਜੁਲਾਈ 2024 ਵਿੱਚ 3%, ਜਨਵਰੀ 2025 ਵਿੱਚ 2% ਅਤੇ ਜੁਲਾਈ 2025 ਵਿੱਚ 3% ਦੀਆਂ ਕਿਸ਼ਤਾਂ ਪੰਜਾਬ ਦੇ ਮੁਲਾਜ਼ਮਾਂ ਨੂੰ ਨਾ ਮਿਲਣਾ ਹੈ, ਜਿਸ ਪ੍ਰਤੀ ਪੰਜਾਬ ਸਰਕਾਰ ਦੀ ਗਹਿਰੀ ਚੁੱਪ ਪ੍ਰਤੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ।ਇਸ ਤੋਂ ਇਲਾਵਾ ਮੁਲਾਜ਼ਮਾਂ ਦੀਆਂ ਬਾਕੀ ਵਿੱਤੀ ਮੰਗਾਂ ਵੀ ਪੈਂਡਿੰਗ ਪਈਆਂ ਹਨ, ਜਿਨ੍ਹਾਂ ਵਿੱਚ ਪੰਜਾਬ ਦੇ ਮੁਲਾਜ਼ਮਾਂ ਲਈ ਪੇਂਡੂ ਭੱਤਾ ਤੇ ਬਾਰਡਰ ਏਰੀਆ ਭੱਤਾ ਸਮੇਤ ਗੈਰ-ਵਾਜਬ ਰੂਪ ਵਿੱਚ ਕੱਟੇ ਗਏ 37 ਕਿਸਮ ਦੇ ਭੱਤੇ ਤੇ ਏ.ਸੀ.ਪੀ. ਸਕੀਮ ਬਿਨਾਂ ਕਾਰਨ ਰੋਕੇ ਹੋਏ ਹਨ।

ਇਸੇ ਤਰ੍ਹਾਂ 17-07-2020 ਜਾਂ ਇਸ ਤੋਂ ਬਾਅਦ ਭਰਤੀ ਪੰਜਾਬ ਦੇ ਮੁਲਾਜ਼ਮਾਂ ਉੱਪਰ ਕੇਂਦਰ ਦਾ ਅਧੂਰਾ ਤਨਖਾਹ ਕਮਿਸ਼ਨ ਲਾਗੂ ਕਰਕੇ ਉਨ੍ਹਾਂ ਦਾ ਸੋਸ਼ਣ ਕੀਤਾ ਜਾ ਰਿਹਾ ਹੈ।ਪੰਜਾਬ ਦੇ ਇਨ੍ਹਾਂ ਮੁਲਾਜ਼ਮਾਂ ਦੀ ਪੰਜਾਬ ਪੇਅ ਸਕੇਲ ਬਹਾਲ ਕੀਤੇ ਜਾਣ ਦੀ ਮੰਗ ਤੇ ਇਨ੍ਹਾਂ ਨੂੰ ਛੇਵੇਂ ਪੰਜਾਬ ਪੇਅ ਕਮਿਸ਼ਨ ਦੇ ਘੇਰੇ 'ਚ ਲੈ ਕੇ ਬਾਕੀ ਮੁਲਾਜ਼ਮਾਂ ਵਾਂਗ 15% ਵਾਧੇ ਸਹਿਤ ਤਨਖਾਹਾਂ ਫਿਕਸ ਕੀਤੇ ਜਾਣ ਦੀ ਮੰਗ ਜਿਉਂ ਦੀ ਤਿਉਂ ਖੜ੍ਹੀ ਹੈ।ਆਗੂਆਂ ਨੇ ਇਸ ਰੋਸ ਪੱਤਰ ਰਾਹੀਂ ਮੁੱਖ ਮੰਤਰੀ ਪੰਜਾਬ ਪਾਸੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਆਪਣੇ 18-10-2022 ਦੇ ਨੋਟੀਫਿਕੇਸ਼ਨ ਨੂੰ ਹਕੀਕੀ ਰੂਪ 'ਚ ਲਾਗੂ ਕਰਦਿਆਂ ਨੈਸ਼ਨਲ ਪੈਨਸ਼ਨ ਪ੍ਰਣਾਲੀ ਰੱਦ ਕਰਕੇ ਪੰਜਾਬ ਦੇ ਮੁਲਾਜ਼ਮਾਂ 'ਤੇ 1972 ਦੇ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਪ੍ਰਣਾਲੀ ਤੁਰੰਤ ਬਹਾਲ ਕਰੇ।

ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ 9 ਸਾਲਾਂ ਤੋਂ ਲਟਕਾਈ ਛੇਵੇਂ ਪੰਜਾਬ ਪੇਅ ਕਮਿਸ਼ਨ ਦੇ ਦੂਸਰੇ ਹਿੱਸੇ ਦੀ ਰਿਪੋਰਟ (ਸਮੇਤ ਕਾਡਰ ਵਾਇਜ਼ ਤੇ ਵਿਭਾਗ ਵਾਇਜ਼) ਮੁਕੰਮਲ ਰੂਪ ਵਿੱਚ ਜਾਰੀ ਕੀਤੀ ਜਾਵੇ ਤੇ ਪਰਖ ਕਾਲ ਸਬੰਧੀ 15-01-2015 ਅਤੇ 07-09-2016 ਦੇ ਪੱਤਰ ਰੱਦ ਕਰਕੇ ਦੋ ਸਾਲ ਦਾ ਪਰਖ ਸਮਾਂ ਸਮੇਤ ਪੂਰੀ ਤਨਖਾਹ ਤੇ ਭੱਤੇ ਲਾਗੂ ਕੀਤੇ ਜਾਣ।

## ਆਰਮੀ ਦੇ ਐਮੂਨੇਸ਼ਨ ਕੋਲ ਬਣ ਰਹੀ ਅਨਾਜ ਮੰਡੀ ਦੇ ਮਾਮਲੇ 'ਚ ਅਦਾਲਤ ਨੇ ਮੰਡੀ ਬੋਰਡ ਨੂੰ ਜਵਾਬ ਦਾਇਰ ਕਰਨ ਲਈ ਕਿਹਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਮੰਡੀ ਬੋਰਡ ਵੱਲੋਂ ਸੰਗਰੂਰ ਰੋਡ 'ਤੇ ਮਹਿਮਦਪੁਰ ਵਿਖੇ ਬਣਾਈ ਜਾ ਰਹੀ ਮਾਡਰਨ ਅਨਾਜ ਮੰਡੀ ਅਤੇ ਕੰਪਲੈਕਸ ਦੇ ਖਿਲਾਫ ਰੱਖਿਆ ਮੰਤਰਾਲਾ ਆਪਣੇ ਵਕੀਲ ਐਡਵੋਕੇਟ ਜੇ.ਡੀ ਬਾਂਸਲ ਦੇ ਜ਼ਰੀਏ ਅਦਾਲਤ ਵਿਚ ਪਹੁੰਚ ਗਿਆ ਅਤੇ ਇਸ ਅਤਿ ਸੰਵੇਦਨਸ਼ੀਲ ਥਾਂ 'ਤੇ ਅਨਾਜ ਮੰਡੀ ਵੱਲੋਂ ਕੀਤੇ ਜਾ ਨਿਰਮਾਣ ਨੂੰ ਰੋਕਣ ਲਈ ਪਟੀਸ਼ਨ ਦਾਇਰ ਕੀਤੀ।ਜਿਸ 'ਤੇ ਸੁਣਵਾਈ ਕਰਦੇ ਹੋਏ ਮਾਣਯੋਗ ਅਦਾਲਤ ਨੇ ਮੰਡੀ ਬੋਰਡ ਨੂੰ ਨੋਟਿਸ ਜਾਰੀ ਕਰਕੇ ਆਪਣਾ ਜਵਾਬ ਤਿੰਨ ਦਿਨਾਂ ਵਿਚ ਦਾਇਰ ਕਰਨ ਲਈ ਕਿਹਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰੱਖਿਆ ਮੰਤਰਾਲੇ ਦੇ ਵਕੀਲ ਐਡਵੋਕੇਟ ਜੇ.ਡੀ ਬਾਂਸਲ ਨੇ ਦੱਸਿਆ ਕਿ ਰੱਖਿਆ ਮੰਤਰਾਲੇ ਨੇ ਸਿਵਲ ਜੱਜ, ਸੀਨੀਅਰ ਡਿਵੀਜ਼ਨ, ਪਟਿਆਲਾ ਦੀ ਅਦਾਲਤ ਵਿੱਚ ਪਟਿਆਲਾ ਦੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ, ਪੰਜਾਬ ਸਰਕਾਰ ਦੇ ਸਕੱਤਰ, ਪੰਜਾਬ ਮੰਡੀ ਬੋਰਡ ਦੇ ਵਿਭਾਗ, ਐਗਜੈਕਟਿਵ ਇੰਜੀਨੀਅਰ (ਸਿਵਲ), ਪੰਜਾਬ ਮੰਡੀ ਬੋਰਡ, ਪਟਿਆਲਾ ਰਾਜ ਦੇ ਕਲੈਕਟਰ, ਪਟਿਆਲਾ ਦੇ ਤਹਿਸਿਲਦਾਰ-ਕਮ-ਅਸਿਸਟੈਂਟ ਕੁਲੈਕਟਰ ਖਿਲਾਫ ਅਦਾਲਤ ਵਿਚ ਮਹਿਮਦਪੁਰ ਵਿਖੇ ਬਣੀ ਰਹੀ ਅਨਾਜ ਮੰਡੀ ਅਤੇ ਕੰਪਲੈਕਸ 'ਤੇ ਰੋਕ ਲਗਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਮਾਣਯੋਗ ਅਦਾਲਤ ਨੂੰ ਅਪੀਲ ਕੀਤੀ ਗਈ ਕਿ ਪੰਚਾਇਤੀ ਜ਼ਮੀਨ ਉੱਤੇ ਕਿਸੇ ਵੀ ਕਿਸਮ ਦੀ ਇਮਾਰਤ ਜਾਂ ਢਾਂਚਾ ਖੜ੍ਹਾ ਕਰਨ ਤੋਂ ਰੋਕਿਆ ਜਾਵੇ।ਇਹ ਜ਼ਮੀਨ ਮਹਿਮਦਪੁਰ ਪਿੰਡ ਦੀ ਹੈ ਅਤੇ ਇਸ ਦੇ ਨਾਲ ਹੀ ਪਿੰਡ ਬਰਸਟ ਪਟਿਆਲਾ ਵਿੱਚ ਐਮੂਨੇਸ਼ਨ ਡੰਪ ਹੈ। ਜੋ ਕਿ ਇੱਕ ਸੰਵੇਦਨਸ਼ੀਲ ਅਤੇ ਹਾਈ ਸਿਕਿਉਰਿਟੀ ਜ਼ੋਨ ਹੈ। ਜਿਹੜਾ ਕਿ ਬਣ ਰਹੀ ਮੰਡੀ ਦੇ 1000 ਗਜ਼ (914.4 ਮੀਟਰ) ਦੇ ਦਾਇਰੇ ਵਿਚ ਆਉਂਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਭਾਰਤ ਸਰਕਾਰ ਦੇ ਰੱਖਿਆ ਮੰਤਰਾਲੇ ਵੱਲੋਂ 16 ਜਨਵਰੀ 2006 ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਕਿ ਉਹ ਅਸਲੇ ਦੇ ਡੰਪ ਦੇ ਆਸ ਪਾਸ ਇੱਕ ਹਜ਼ਾਰ ਮੀਟਰ ਤੱਕ ਕੋਈ ਵੀ ਇਮਾਰਤ ਨਹੀਂ ਬਣ ਸਕਦੀ ਅਤੇ ਇਹ ਉਸ ਨੋਟੀਫਿਕੇਸ਼ਨ ਦੀ ਉਲੰਘਣਾ ਹੈ। ਉਨ੍ਹਾਂ ਭਾਰਤ ਸਰਕਾਰ ਦੇ ਸਾਲ 2006 ਦੇ ਨੋਟੀਫਿਕੇਸ਼ਨ ਦੇ ਮੁਤਾਬਕ ਵਰਕ ਆਫ ਡਿਫੈਂਸ ਐਕਟ, 1903 ਦੀ ਧਾਰਾ 3 ਦੇ ਅਧਿਕਾਰਾਂ ਨੂੰ ਵਰਤਦੇ ਹੋਏ ਐਮੂਨੇਸ਼ਨ ਡੰਪ ਦੇ ਆਸ-ਪਾਸ ਦੀ ਜ਼ਮੀਨ ਦੇ ਉਪਯੋਗ ਤੇ ਪਾਬੰਦੀ ਲਾਈ ਗਈ ਹੈ।

## ਚੇਅਰਮੈਨ ਢੱਡੇ ਨੂੰ ਗਹਿਰਾ ਸਦਮਾ, ਭਤੀਜੇ ਦਾ ਦਿਹਾਂਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਨੂੰ ਅੱਜ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਭਤੀਜੇ ਜਗਰੂਪ ਸਿੰਘ ਰੂਪੀ ਦੀ ਦਿਲ ਦਾ ਦੌਰਾ ਪੈਣ ਕਰਕੇ ਮੌਤ ਹੋ ਗਈ। ਜਗਰੂਪ ਸਿੰਘ ਰੂਪੀ ਮਿਲਣਸਾਰ, ਇਮਾਨਦਾਰ ਤੇ ਨੇਕਦਿਲ ਇਨਸਾਨ ਸਨ। ਉਹ ਕਾਫੀ ਲੰਮੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀਆਂ ਸੇਵਾਵਾਂ ਨਿਭਾ ਰਹੇ ਸਨ ਅਤੇ ਇਸ ਸਮੇਂ ਤਖਤ ਸ੍ਰੀ ਦਮਦਮਾ ਸਹਿਬ ਵਿਖੇ ਆਪਣੀ ਡਿਊਟੀ ਕਰ ਰਹੇ ਸਨ।ਸੰਸਥਾ ਦੇ ਚੇਅਰਮੈਨ ਸਾਹਿਬ ਨੇ ਦੁੱਖ ਸਾਂਝਾ ਕਰਦਿਆ ਦੱਸਿਆ ਕਿ ਜਗਰੂਪ ਸਿੰਘ ਸਾਡੇ ਪਰਵਾਰ ਦਾ ਇੱਕ ਹੋਣਹਾਰ, ਸੂਝਵਾਨ ਅਤੇ ਗੁਰਸਿੱਖ ਨੌਜਵਾਨ ਸੀ। ਉਸ ਦਾ ਇਸ ਸੰਸਾਰ ਤੋਂ ਬੇਵਕਤ ਚਲੇ ਜਾਣਾ ਜਿੱਥੇ ਸਾਡੇ ਪਰਵਾਰ ਨੂੰ ਘਾਟਾ ਹੈ ਉੱਥੇ ਪੂਰਾ ਇਲਾਕਾ ਵੀ ਇਸ ਅਚਾਨਕ ਹੋਈ ਮੌਤ 'ਤੇ ਦੁੱਖ ਪ੍ਰਗਟ ਕਰ ਰਿਹਾ ਹੈ। ਸੰਸਥਾ ਦੀ ਮੈਨੇਜਮੈਂਟ ਕਮੇਟੀ, ਪ੍ਰਿੰਸੀਪਲ, ਟਰਾਂਸਪੋਰਟ ਵਿਭਾਗ, ਸਟਾਫ਼ ਅਤੇ ਵਿਦਿਆਰਥੀ ਨੇ ਇਸ ਅਚਾਨਕ ਹੋਈ ਮੌਤ 'ਤੇ ਚੇਅਰਮੈਨ ਸਾਹਿਬ ਨਾਲ ਦੁੱਖ ਸਾਂਝਾ ਕੀਤਾ।

## ਹੜ੍ਹ ਪੀੜਤ ਬੱਚਿਆਂ ਨੂੰ ਸਕੂਲ ਬੈਗ ਵੰਡੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਚੰਡੀਗੜ੍ਹ ਜੀਆਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜ਼ਿਲ੍ਹਾ ਕਾਨੂੰਨੀ ਅਥਾਰਟੀ ਵੱਲੋਂ ਪ੍ਰਾਇਮਰੀ ਸਕੂਲ (ਸਲੱਮ ਏਰੀਆ) ਵਿਖੇ ਬਾਲ ਵਿਆਹ ਵਿਰੁੱਧ ਪ੍ਰੋਗਰਾਮ ਤੇ ਹੜ੍ਹ ਪੀੜਤ ਬੱਚਿਆਂ ਲਈ ਸਕੂਲ ਬੈਗ ਵੀ ਵੰਡੇ ਗਏ।ਪ੍ਰੋਗਰਾਮ ਦੀ ਪ੍ਰਧਾਨਗੀ ਸ੍ਰੀ ਰਾਜ ਕੁਮਾਰ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਅਤੇ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਗੀਤੂ ਗਰਗ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਤੋਂ ਇਲਾਵਾ ਸ੍ਰੀ ਹਿਮਾਂਸ਼ੂ ਅਰੋੜਾ ਸੀ.ਜੇ.ਐੱਮ/ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਇਸ ਪ੍ਰੋਗਰਾਮ 'ਚ ਸ਼ਾਮਲ ਹੋ ਕੇ ਹਾਜ਼ਰ ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਬਾਲ ਵਿਆਹ ਵਿਰੁੱਧ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਲ ਵਿਆਹ ਇੱਕ ਸਮਾਜਿਕ ਬੁਰਾਈ ਹੈ ਅਤੇ ਕਾਨੂੰਨ ਦੀ ਉਲੰਘਣਾ ਹੈ, ਜੋ ਲੜਕੀ ਦੀ ਸਿੱਖਿਆ, ਸੁਰੱਖਿਆ, ਸਿਹਤ ਅਤੇ ਵਿਕਾਸ ਵਿੱਚ ਰੁਕਾਵਟ ਪਾਉਂਦਾ ਹੈ ਤੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਹੋਣ ਤੋਂ ਰੋਕਦਾ ਹੈ ਤੇ ਸਕੂਲ ਦੀਆਂ ਅਧਿਆਪਕਾਂ ਵੱਲੋਂ ਇਹ ਪ੍ਰਣ ਲਿਆ ਗਿਆ ਕਿ ਉਹ ਬਾਲ ਵਿਆਹ ਵਿਰੁੱਧ ਹਰ ਸੰਭਵ ਕੋਸ਼ਿਸ਼ ਕਰਨਗੇ।ਔਰਤਾਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਆਪਣੇ ਪਰਵਾਰ, ਆਂਢ-ਗੁਆਂਢ ਅਤੇ ਭਾਈਚਾਰੇ ਵਿੱਚ ਕਿਸੇ ਵੀ ਲੜਕੀ ਦਾ ਬਾਲ ਵਿਆਹ ਨਹੀਂ ਹੋਣ ਦੇਣਗੇ ਅਤੇ ਇਸ ਸਬੰਧੀ ਉਹ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫ਼ਤਰ ਵਿੱਚ ਸੂਚਿਤ ਕਰਨਗੇ।

# ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਵੱਲੋਂ ਡੀ ਸੀ ਦਫ਼ਤਰ ਲਾਇਆ ਤਿੰਨ ਦਿਨਾ ਧਰਨਾ ਸਮਾਪਤ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਡੀਸੀ ਦਫ਼ਤਰ ਅੰਮ੍ਰਿਤਸਰ ਵਿਖੇ ਬੀਤੇ ਤਿੰਨ ਦਿਨ ਤੋਂ ਨਰੇਗਾ ਮਜ਼ਦੂਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਧਰਨਾ ਦਿੱਤਾ ਜਾ ਰਿਹਾ ਹੈ।ਨਰੇਗਾ ਰੁਜ਼ਗਾਰ ਪ੍ਰਾਪਤ ਯੂਨੀਅਨ ਦੇ ਆਗੂ ਬਲਕਾਰ ਸਿੰਘ ਦੁਧਾਲਾ ਨੇ ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੂਨੀਅਨ ਵੱਲੋਂ ਡੀ. ਸੀ. ਦਫ਼ਤਰ ਸਾਹਮਣੇ ਦਿੱਤਾ ਜਾ ਰਿਹਾ ਧਰਨਾ ਏਡੀਸੀ ਵਿਕਾਸ ਅਤੇ ਜ਼ਿਲ੍ਹਾ ਨਰੇਗਾ ਪ੍ਰੋਗਰਾਮ ਅਫਸਰ ਦੀ ਯੂਨੀਅਨ ਨਾਲ ਹੋਈ ਮੀਟਿੰਗ ਤੋਂ ਬਾਅਦ ਸਮਾਪਤ ਕਰ ਦਿੱਤਾ ਗਿਆ ਹੈ।ਇਹ ਮੀਟਿੰਗ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਨਰੇਗਾ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਮੁੱਖ ਆਗੂਆਂ ਅਤੇ ਅਫ਼ਸਰਾਂ ਦੇ ਵਿਚਾਲੇ ਬਹੁਤ ਸੁਖਾਵੇਂ ਢੰਗ ਨਾਲ ਸੰਪਨ ਹੋਈ।ਉਨ੍ਹਾਂ ਦੱਸਿਆ ਕਿ 13 ਅਕਤੂਬਰ ਨੂੰ ਡੀ. ਸੀ. ਸਾਹਿਬ ਹਾਜ਼ਰ ਨਾ ਹੋਣ ਕਾਰਨ ਜ਼ਿਲ੍ਹਾ ਅੰਮ੍ਰਿਤਸਰ ਦੇ ਏ. ਡੀ. ਸੀ. ਮੈਡਮ ਡਾ: ਅਮਨਦੀਪ ਕੌਰ ਨਾਲ ਕਾਮਰੇਡ ਬਲਕਾਰ ਸਿੰਘ ਦੁਧਾਲਾ, ਲਖਵਿੰਦਰ ਸਿੰਘ ਗੋਪਾਲਪੁਰ, ਗੁਰਦੀਪ ਸਿੰਘ ਗੁਰੂਵਾਲੀ, ਦਿਲਰ ਸਿੰਘ ਮੁੱਗੋਸੋਹੀ ਨੇ ਮਜ਼ਦੂਰਾਂ ਦੇ ਮਸਲਿਆਂ ਨੂੰ ਸਾਂਝਾ ਕੀਤਾ।ਮੰਗ ਪੱਤਰ ਪ੍ਰਾਪਤ ਕਰਕੇ ਸਬੰਧਤ ਏਡੀਸੀ ਨੇ ਮਸਲੇ ਹੱਲ ਕਰਨ ਵਾਸਤੇ ਛੇਤੀ ਐਕਸ਼ਨ ਲੈਣ ਵਾਸਤੇ ਯਕੀਨ ਦਵਾਇਆ। 14 ਅਕਤੂਬਰ ਨੂੰ ਜ਼ਿਲ੍ਹਾ ਵਿਕਾਸ ਏਡੀਸੀ ਮੈਡਮ ਪਰਮਜੀਤ ਕੌਰ ਨਾਲ ਮੀਟਿੰਗ ਰੱਖੀ ਗਈ ਅਤੇ ਮੰਗ ਪੱਤਰ ਮੁਤਾਬਕ ਇੱਕ ਇੱਕ ਮੰਗ ਤੇ ਵਿਚਾਰ ਕੀਤੀ ਗਈ।ਅਖੀਰ ਵਿੱਚ ਏਡੀਸੀ ਸਾਹਿਬ ਨੇ ਅਗਲੇ ਦਿਨ ਸਾਰੇ ਬਲਾਕਾਂ ਦੇ ਬੀਡੀਪੀਓ ਤੇ ਜਾਂ ਏਪੀਓ ਨਾਲ ਮੀਟਿੰਗ ਕਰਵਾਉਣ ਦਾ ਕਹਿ ਕੇ ਮੀਟਿੰਗ ਸਮਾਪਤ ਕੀਤੀ ਗਈ ਜਿਸ 'ਤੇ 15 ਨੂੰ ਜ਼ਿਲ੍ਹਾ ਕੁਆਰਡੀਨੇਟਰ ਨਰੇਗਾ ਮੈਡਮ ਸਿਮਰਨ ਅਤੇ ਬਲਾਕ ਮਜੀਠਾ ਦੇ ਬੀਡੀਪੀਓ ਤੇ ਏਪੀਓ ਅਟਾਰੀ ਵਗੈਰਾ ਨਾਲ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਕੰਮ ਅਰਜ਼ੀਆਂ ਪ੍ਰਾਪਤ ਕਰਕੇ ਰਸੀਦਾਂ ਦੇਣ ਦੀ ਮੰਗ ਪਰਵਾਨ ਕੀਤੀ ਗਈ।ਕੰਮ ਨਾ ਦਿੱਤੇ ਜਾਣ ਦੀ ਸੂਰਤ ਵਿੱਚ ਭੱਤਾ ਦੇਣਾ ਵੀ ਵਾਜਿਬ ਸਮਝਿਆ ਗਿਆ।ਉਨ੍ਹਾਂ ਦੱਸਿਆ ਕਿ ਨਵੇਂ ਕੰਮ ਤੇ ਜਾਣ ਵਾਲੇ ਕਾਮਿਆਂ ਨੂੰ ਨਵੇਂ ਸਿਰਿਓਂ ਕੇਵਾਈਸੀ ਜ਼ਰੂਰ ਕਰਵਾ ਲੈਣ ਦੀ ਗੱਲ ਕਹੀ ਗਈ ਹੈ।ਉਨ੍ਹਾਂ ਦੱਸਿਆ ਕਿ ਇਹ ਮੰਗ ਵੀ ਪਰਵਾਨਗੀ ਹੈ ਕਿ ਮੇਟ ਦਾ ਮਸਟਰੋਲ ਸੈਮੀ ਸਕਿਲਡ ਨਾਲ ਹੀ ਕੱਢਿਆ ਜਾਵੇਗਾ।ਇਸ ਸਮੇਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸਾਥੀਆਂ ਪ੍ਰਕਾਸ਼ ਸਿੰਘ ਕੈਰੋਨੰਗਲ, ਸਤਪਾਲ ਸਿੰਘ, ਹਰਜਿੰਦਰ ਸਿੰਘ ਲਹਿਰਕਾ, ਬੂਟਾ ਸਿੰਘ ਵਰਪਾਲ, ਹਰਜਿੰਦਰ ਸਿੰਘ ਖਾਲਸਾ ਨਗਰ, ਕੁਲਵੰਤ ਕੌਰ, ਵੀਰ ਕੌਰ, ਚਰਨ ਕੌਰ, ਰਾਣੀ ਗੁਰੂਵਾਲੀ, ਮੋਨਿਕਾ, ਭਜਨ ਕੌਰ ਅਤੇ ਸੁਖਵਿੰਦਰ ਕੌਰ ਜੇਠੂਵਾਲ ਨੇ ਵੀ ਮੀਟਿੰਗ ਵਿੱਚ ਹਿੱਸਾ ਲਿਆ।



# ਬਿਨਾਂ ਬੋਲੀ ਜਿਣਸ ਨੂੰ ਬੋਰੀਆਂ 'ਚ ਭਰਨ 'ਤੇ ਕੀਤਾ 60000 ਰੁਪਏ ਜੁਰਮਾਨਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਜਸਵਿੰਦਰ ਸਿੰਘ ਵਿਰਕ, ਜ਼ਿਲ੍ਹਾ ਮੰਡੀ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਦੀ ਫਲਾਇੰਗ ਸਕੁਐਡ ਟੀਮ ਵੱਲੋਂ ਸਾਉਣੀ ਸੀਜ਼ਨ ਦੌਰਾਨ ਬਟਾਲਾ ਅਤੇ ਫਤਿਹਗੜ੍ਹ ਚੂੜੀਆਂ ਦੀਆਂ ਮੰਡੀਆਂ ਅਤੇ ਸ਼ੈਲਰਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਕਿਸਾਨਾਂ ਨੂੰ ਦਿੱਤੇ ਜਾ ਰਹੇ ਐੱਮਐੱਸਪੀ ਤੋਂ ਘੱਟ ਰੇਟ ਤੇ ਜਿਣਸ ਦੀ ਕੀਤੀ ਖ੍ਰੀਦ ਦੀ ਉਲੰਘਣਾ ਕਰਕੇ ਰੁਪਏ 78360 ਰੁਪਏ ਦਾ ਜੁਰਮਾਨਾ ਕੀਤਾ ਗਿਆ।ਇਸ ਇਲਾਵਾ ਬੀਤੇ ਦਿਨੀਂ ਡੇਰਾ ਬਾਬਾ ਨਾਨਕ ਵਿਖੇ ਮੁੱਖ ਦਾਣਾ ਮੰਡੀ ਵਿਚ ਵੱਖ-ਵੱਖ ਆੜ੍ਹਤੀਆਂ ਵੱਲੋਂ ਬਿਨਾਂ ਬੋਲੀ ਦੇ ਜਿਣਸ ਨੂੰ ਬਾਰਦਾਨੇ ਵਿਚ ਭਰਨ ਤੇ ਕੀਤੀ ਐਕਟ ਰੂਲਜ਼ ਦੀ ਉਲੰਘਣਾ ਕਰਕੇ ਰੁਪਏ 60000 ਜੁਰਮਾਨਾ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਝੋਨੇ ਦੀ ਫਸਲ ਦੀ ਸੁਚੱਜੀ ਪ੍ਰਕਿਰਿਆ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਕੀਤੀ ਜਾ ਰਹੀ ਹੈ ਅਤੇ ਮੰਡੀਆਂ ਵਿੱਚ ਫਸਲ ਦੀ ਨਿਰਵਿਘਨ ਖਰੀਦ, ਚੁਕਾਈ ਤੇ ਅਦਾਇਗੀ ਕੀਤੀ ਜਾ ਰਹੀ ਹੈ। ਪੰਜਾਬ ਮੰਡੀ ਬੋਰਡ ਦੀ ਫਲਾਇੰਗ ਸਕੁਐਡ ਟੀਮ ਵੱਲੋਂ ਲਗਾਤਾਰ ਫੀਲਡ ਵਿੱਚ ਜਾ ਕੇ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ ਫਸਲ ਵੇਚਣ ਦੌਰਾਨ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।



# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਜ਼ੋਨ ਪੱਧਰੀ ਕੀਰਤਨ ਮੁਕਾਬਲਿਆਂ ਦਾ ਫਾਈਨਲ

## * ਬਸੰਤ ਐਵੀਨਿਊ ਸਕੂਲ ਨੇ ਭਾਈ ਮਰਦਾਨਾ ਜੀ ਰਨਿੰਗ ਟਰਾਫੀ ਜਿੱਤੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਚੀਫ਼ ਖ਼ਾਲਸਾ ਦੀਵਾਨ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਵੱਖ-ਵੱਖ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਜ਼ੋਨਲ ਪੱਧਰ ਤੇ ਕਰਵਾਏ ਗਏ ਕੀਰਤਨ ਗਾਇਨ ਮੁਕਾਬਲਿਆਂ ਦਾ ਫਾਈਨਲ ਮੁਕਾਬਲਾ ਚੀਫ਼ ਖ਼ਾਲਸਾ ਦੀਵਾਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਕਰਵਾਇਆ ਗਿਆ।ਪ੍ਰੋਗਰਾਮ ਦਾ ਆਗਾਜ਼ ਸੰਗਤੀ ਰੂਪ ਵਿਚ ਜਪੁਜੀ ਸਾਹਿਬ ਦੇ ਪਾਠ ਨਾਲ ਕੀਤਾ ਗਿਆ।ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਤਰਲੋਚਨ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਤੇ ਅਧਾਰਿਤ ਨਿਰਧਾਰਿਤ ਰਾਗਾਂ ਵਿਚ ਕਰਵਾਏ ਗਏ ਕੀਰਤਨ ਮੁਕਾਬਲਿਆਂ ਤਹਿਤ ਦੀਵਾਨ ਸਕੂਲਾਂ ਨੂੰ ਹੁਸ਼ਿਆਰਪੁਰ, ਤਰਨਤਾਰਨ, ਅੰਮ੍ਰਿਤਸਰ ਅਤੇ ਲੁਧਿਆਣਾ ਜ਼ੋਨਾਂ ਵਿਚ ਵੰਡਿਆ ਗਿਆ ਅਤੇ ਅੰਮ੍ਰਿਤਸਰ ਜ਼ੋਨ ਵਿਚੋਂ ਤਿੰਨ ਜੇਤੂ ਟੀਮਾਂ ਅਤੇ ਬਾਕੀ ਹਰੇਕ ਜ਼ੋਨ ਵਿਚੋਂ ਦੋ ਜੇਤੂ ਟੀਮਾਂ ਸਮੇਤ ਕੁੱਲ 9 ਟੀਮਾਂ ਦਾ ਫਾਈਨਲ ਕੀਰਤਨ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ ਅਤੇ ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ ਨੇ ਵਿਦਿਆਰਥੀਆਂ ਦੇ ਅਧਿਆਪਕਾਂ ਉਤਸ਼ਾਹ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਕੀਰਤਨ ਗਾਇਨ ਦੇ ਅਭਿਆਸ ਨਾਲ ਜਿਥੇ ਬੱਚਿਆਂ ਦਾ ਗੁਰਬਾਣੀ ਪ੍ਰਤੀ ਪ੍ਰੇਮ, ਆਦਰ ਅਤੇ ਸ਼ਰਧਾ ਵੱਧਦੀ ਹੈ ਉਥੇ ਉਨ੍ਹਾਂ ਨੂੰ ਗੁਰੂ ਸਾਹਿਬ ਦੇ ਦਰਸਾਏ ਸੱਚਾਈ, ਦਇਆ ਅਤੇ ਸੇਵਾ ਦੇ ਪਥ ਤੇ ਵੀ ਤੁਰਨ ਦੀ ਪ੍ਰੇਰਨਾ ਮਿਲਦੀ ਹੈ।ਮੁਕਾਬਲਿਆਂ ਦੇ ਅੰਤ ਵਿਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਬਸੰਤ ਐਵੀਨਿਊ ਨੇ ਪਹਿਲਾ ਸਥਾਨ ਹਾਸਲ ਕਰਕੇ ਰਨਿੰਗ ਟਰਾਫੀ ਦੇ ਰੂਪ ਵਿਚ ਬਣਾਈ ਗਈ ਭਾਈ ਮਰਦਾਨਾ ਜੀ ਰਨਿੰਗ ਟਰਾਫੀ 'ਤੇ ਮੱਲ ਮਾਰੀ ਜਿਸਨੂੰ ਸਕੂਲ ਦੇ ਸੰਗੀਤ ਅਧਿਆਪਕਾਂ ਵੱਲੋਂ ਪ੍ਰਾਪਤ ਕੀਤਾ ਗਿਆ। ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨਤਾਰਨ ਨੇ ਦੂਸਰਾ ਸਥਾਨ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਜੀਟੀ ਰੋਡ ਅਤੇ ਲੁਧਿਆਣਾ ਨੇ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਮੁਕਾਬਲਿਆਂ ਵਿਚ ਜੱਜ ਸਾਹਿਬਾਨ ਦੀ ਭੂਮਿਕਾ ਬੀਬੀ ਹਰਜੀਤ ਕੌਰ (ਡਾਕਟਰੇਟ ਗੁਰਮਤਿ ਸੰਗੀਤ, ਰਿਟਾ: ਵਾਇਸ ਪ੍ਰਿੰ. ਗੌਰਮਿੰਟ ਕਾਲਜ ਰੋਪੜ), ਭਾਈ ਨਰਿੰਦਰ ਸਿੰਘ ਬਨਾਰਸ ਵਾਲੇ, (ਸਾਬਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ) ਵੱਲੋਂ ਨਿਭਾਈ ਗਈ। ਪ੍ਰੋਗਰਾਮ ਦੇ ਅੰਤ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਗੁਰਭੇਜ ਸਿੰਘ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਆਨਰੇਰੀ ਜਾਇੰਟ ਸਕੱਤਰ ਇੰਜੀ. ਜਸਪਾਲ ਸਿੰਘ, ਮੈਂਬਰ ਧਰਮ ਪ੍ਰਚਾਰ ਕਮੇਟੀ ਤਰਲੋਚਨ ਸਿੰਘ, ਗੁਰਭੇਜ ਸਿੰਘ ਅਤੇ ਅਜਾਇਬ ਸਿੰਘ ਅਭਿਆਸੀ, ਮੈਂਬਰ ਚੀਫ਼ ਖ਼ਾਲਸਾ ਦੀਵਾਨ ਪ੍ਰੋ. ਸੂਬਾ ਸਿੰਘ, ਜਸਮੀਤ ਸਿੰਘ, ਕੋਆਰਡੀਨੇਟਰ ਧਰਮ ਪ੍ਰਚਾਰ ਕਮੇਟੀ ਡਾ. ਜਸਵਿੰਦਰ ਕੌਰ ਮਾਹਲ, ਪ੍ਰਿੰ. ਕਵਲਪ੍ਰੀਤ ਕੌਰ, ਬੀਬੀ ਸੁਖਜੀਤ ਕੌਰ, ਬੀਬੀ ਪ੍ਰਭਜੋਤ ਕੌਰ, ਬੀਬੀ ਮਨਮੋਹਨ ਕੌਰ ਆਦਿ ਹਾਜ਼ਰ ਸਨ।



# ਰਾਜ ਪੱਧਰੀ ਨੈੱਟਬਾਲ ਮੁਕਾਬਲੇ 'ਚ ਤਰਨਤਾਰਨ ਜ਼ਿਲ੍ਹੇ ਨੇ ਜਿੱਤਿਆ ਗੋਲਡ ਮੈਡਲ

**ਪੱਟੀ (ਬਲਦੇਵ ਸਿੰਘ ਸੰਧੂ)**-ਸਕੂਲ ਸਿੱਖਿਆ ਵਿਭਾਗ ਪੰਜਾਬ ਅਤੇ ਡਿਪਟੀ ਡਾਇਰੈਕਟਰ ਫਿਜ਼ੀਕਲ ਐਜੂਕੇਸ਼ਨ ਸੁਨੀਲ ਕੁਮਾਰ ਦੀਆਂ ਹਦਾਇਤਾਂ ਅਤੇ ਸਤਨਾਮ ਸਿੰਘ ਬਾਠ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਤਰਨ ਤਾਰਨ ਦੀ ਰਹਿਨੁਮਾਈ ਹੇਠ 69ਵੀਆਂ ਅੰਤਰ ਜ਼ਿਲ੍ਹਾ ਸਕੂਲ ਸਟੇਟ ਖੇਡਾਂ ਮਿਤੀ 13 ਅਕਤੂਬਰ ਤੋਂ ਸੇਵਾ ਦੇਵੀ ਕਾਲਜ ਤਰਨ ਤਾਰਨ ਦੀ ਖੇਡ ਗਰਾਊਂਡ ਵਿੱਚ ਚੱਲ ਰਹੀਆਂ ਹਨ ਅਤੇ ਇਨ੍ਹਾਂ ਖੇਡਾਂ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਖਿਡਾਰੀ ਭਾਗ ਲੈ ਰਹੇ ਹਨ।ਇਸ ਮੌਕੇ ਜੁਗਰਾਜ ਸਿੰਘ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਤਰਨਤਾਰਨ ਨੇ ਕਿਹਾ ਕਿ ਨੈੱਟਬਾਲ ਅੰਡਰ 17 ਸਾਲ ਮੁੰਡਿਆਂ ਦੇ ਮੁਕਾਬਲੇ 13 ਤੋਂ 15 ਅਕਤੂਬਰ ਤੱਕ ਕਰਵਾਏ ਗਏ।ਇਨ੍ਹਾਂ ਖੇਡਾਂ ਵਿੱਚ ਤਰਨ ਤਾਰਨ ਜ਼ਿਲ੍ਹੇ ਦੀ ਟੀਮ ਨੇ ਬਹੁਤ ਵਧੀਆ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਪ੍ਰਾਪਤ ਕੀਤਾ।ਲੁਧਿਆਣਾ ਜ਼ਿਲ੍ਹੇ ਦੀ ਟੀਮ ਦੂਸਰੇ ਸਥਾਨ ਤੇ ਰਹੀ ਅਤੇ ਬਰਨਾਲਾ ਜ਼ਿਲ੍ਹੇ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਜੇਤੂ ਖਿਡਾਰੀਆਂ ਨੂੰ ਸਤਨਾਮ ਸਿੰਘ ਬਾਠ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ ) ਨੇ ਕੱਪ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਅਤੇ ਬੱਚਿਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਮੀਤ ਪ੍ਰਧਾਨ ਜਤਿੰਦਰਪਾਲ ਸਿੰਘ ਪ੍ਰਿੰਸੀਪਲ ਨੇ ਦੱਸਿਆ ਕਿ ਇਹ ਪ੍ਰਾਪਤੀ ਬੱਚਿਆਂ ਦੀ ਲਗਨ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਚੰਗਾ ਖਿਡਾਰੀ ਚੰਗੇ ਸਮਾਜ ਦਾ ਸਿਰਜਕ ਹੁੰਦਾ ਹੈ।ਇਸ ਮੌਕੇ ਅਵਤਾਰ ਸਿੰਘ ਅਬਜ਼ਰਵਰ ਸਟੇਟ ਖੇਡਾਂ, ਆਦੇਸ਼ ਸਿੰਘ ਸੀ. ਸਹਾਇਕ, ਤਰਸੇਮ ਸਿੰਘ ਜੂ. ਸਹਾਇਕ, ਸਟੇਟ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਆਫੀਸ਼ੀਅਲ ਤੋਂ ਇਲਾਵਾ ਮਨਿੰਦਰ ਸਿੰਘ, ਸੁਖਦੀਪ ਸਿੰਘ, ਨਿਰਮਲ ਕੌਰ, ਇੰਦਰਜੀਤ ਕੌਰ, ਕੰਵਲਜੀਤ ਕੌਰ, ਹਰਦੀਪ ਕੌਰ, ਹਰਪ੍ਰੀਤ ਕੌਰ ਸੈਕਰਵਾਲ, ਜੁਗਤਾਰ ਸਿੰਘ, ਪਰਦੀਪ ਸਿੰਘ, ਪ੍ਰੇਮ ਸਿੰਘ, ਗੁਲਬਾਗ ਸਿੰਘ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਹਰਪ੍ਰੀਤ ਕੌਰ, ਗੁਰਪ੍ਰੀਤ ਕੌਰ ਡੀਪੀਈ, ਸੁਖਜਿੰਦਰ ਸਿੰਘ, ਗੁਰਦੇਵ ਸਿੰਘ, ਅਮਨਦੀਪ ਸਿੰਘ, ਦਲਜੀਤ ਸਿੰਘ, ਜਸਵਿੰਦਰ ਕੌਰ ਪੀਟੀਆਈ ਤੋਂ ਇਲਾਵਾ ਤਰਨ ਤਾਰਨ ਜ਼ਿਲ੍ਹੇ ਦੇ ਸਮੂਹ ਸਰੀਰਕ ਸਿੱਖਿਆ ਅਧਿਆਪਕ ਹਾਜ਼ਰ ਸਨ।



# 'ਥਰਮਲ ਪਾਵਰ ਪਲਾਂਟਾਂ 'ਚ ਬਾਇਓਮਾਸ ਦੀ ਵਰਤੋਂ' ਬਾਰੇ ਸਿਖਲਾਈ ਤੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ

**ਪੱਟੀ (ਬਲਦੇਵ ਸਿੰਘ ਸੰਧੂ)**-ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ, ਸਮਰਥ ਮਿਸ਼ਨ ਅਧੀਨ ਰਾਸ਼ਟਰੀ ਬਿਜਲੀ ਸਿਖਲਾਈ ਸੰਸਥਾ, ਨੰਗਲ ਦੇ ਸਹਿਯੋਗ ਨਾਲ 15 ਅਕਤੂਬਰ ਨੂੰ ਪੰਜਾਬ ਦੇ ਤਰਨ ਤਾਰਨ ਦੇ ਖਹਿਰਾ ਫਾਰਮ ਵਿਖੇ 'ਥਰਮਲ ਪਾਵਰ ਪਲਾਂਟਾਂ ਵਿੱਚ ਬਾਇਓਮਾਸ ਦੀ ਵਰਤੋਂ' ਬਾਰੇ ਇੱਕ ਰੋਜ਼ਾ ਸਿਖਲਾਈ ਅਤੇ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਵਿੱਚ ਮਿਸ਼ਨ ਦੇ ਅਧਿਕਾਰੀਆਂ, 180 ਤੋਂ ਵੱਧ ਕਿਸਾਨ/ਐੱਫਪੀਓ/ਟੀਪੀਪੀ ਅਧਿਕਾਰੀ/ ਬੈਂਕਰ/ ਉਦਮੀ ਅਤੇ ਪੈਲੇਟ ਨਿਰਮਾਤਾ ਸ਼ਾਮਲ ਹੋਏ।ਸਮਰਥ ਮਿਸ਼ਨ, ਖੇਤੀਬਾੜੀ ਵਿਭਾਗ ਪੰਜਾਬ, ਐੱਸਬੀਆਈ, ਮੇਜਰ ਬਾਇਓ ਫਿਊਲ, ਰਾਣਾ ਗਰੁੱਪ ਅਤੇ ਪੀਐੱਸਪੀਸੀਐੱਲ ਦੇ ਫੈਕਲਟੀ ਨੇ ਬਾਇਓਮਾਸ ਪੈਲੇਟ ਨਿਰਮਾਣ ਤਕਨਾਲੋਜੀ, ਪੈਲੇਟ ਨਿਰਮਾਣ ਉਪਕਰਣ, ਬਾਇਓਮਾਸ ਦੀ ਟੌਰੀਫੈਕਸ਼ਨ, ਅਤੇ ਪੈਲੇਟ ਨਿਰਮਾਣ ਲਈ ਵਿੱਤੀ ਯੋਜਨਾਵਾਂ ਆਦਿ ਬਾਰੇ ਸੈਸ਼ਨਾਂ ਰਾਹੀਂ ਗਿਆਨ ਸਾਂਝਾ ਕੀਤਾ।ਡਾ. ਇੰਦੂ ਮਹੇਸ਼ਵਰੀ ਪ੍ਰਿੰਸੀਪਲ ਡਾਇਰੈਕਟਰ ਐੱਨਪੀਟੀਆਈ ਨੇ ਸਵਾਗਤੀ ਭਾਸ਼ਣ ਪੇਸ਼ ਕੀਤਾ ਅਤੇ ਮਿਸ਼ਨ ਦੇ ਉਦੇਸ਼ ਅਤੇ ਕਿਸਾਨਾਂ ਅਤੇ ਖੁਦਾਂ ਲਈ ਪੈਲੇਟ ਨਿਰਮਾਣ ਦੇ ਫਾਇਦਿਆਂ 'ਤੇ ਚਾਨਣਾ ਪਾਇਆ।ਉਨ੍ਹਾਂ ਨੇ ਦਰਸ਼ਕਾਂ ਨੂੰ ਇਹ ਵੀ ਸੰਬੋਧਨ ਕੀਤਾ ਕਿ ਉਹ ਤਬਦੀਲੀ ਨੂੰ ਸਮਰਥਨ ਦੇਣ ਅਤੇ ਗਰੀਨ ਐਨਰਜੀ ਸਰੋਤਾਂ ਨੂੰ ਉਤਸ਼ਾਹਿਤ ਕਰਨ ਲਈ ਵਧੇਰੇ ਰੁਜ਼ਗਾਰ ਅਵਸਰ ਪੈਦਾ ਕਰਨ।ਡਾ. ਤੇਜਬੀਰ ਸਿੰਘ ਭੰਗੂ ਮੁੱਖ ਖੇਤੀਬਾੜੀ ਅਧਿਕਾਰੀ, ਖੇਤੀਬਾੜੀ ਵਿਭਾਗ ਨੇ ਇਕੱਠ ਨੂੰ ਸੰਬੋਧਨ ਕੀਤਾ ਅਤੇ ਤਰਨਤਾਰਨ ਵਿੱਚ ਝੋਨੇ ਦੀ ਪਰਾਲੀ ਦੀ ਉਪਲਬਧਤਾ ਤੇ ਚਾਨਣਾ ਪਾਇਆ।ਉਨ੍ਹਾਂ ਨੇ ਕਿਸਾਨਾਂ ਨੂੰ ਥਰਮਲ ਪਾਵਰ ਪਲਾਂਟ ਵਿੱਚ ਬਾਇਓਮਾਸ ਦੀ ਵਰਤੋਂ ਲਈ ਪੈਲੇਟ ਬਣਾਉਣ ਵਿੱਚ ਬਾਇਓਮਾਸ ਦੀ ਵਰਤੋਂ ਲਈ ਵੀ ਪ੍ਰੇਰਿਤ ਕੀਤਾ।ਸਮਾਗਮ ਦੇ ਮੁੱਖ ਮਹਿਮਾਨ ਸਮਰਥ ਮਿਸ਼ਨ ਡਾਇਰੈਕਟਰ, ਅਨਿਲ ਬਾਵੇਜਾ ਨੇ ਪ੍ਰੋਗਰਾਮ ਦਾ ਉਦਘਾਟਨ ਕੀਤਾ।ਉਨ੍ਹਾਂ ਨੇ ਐੱਫ ਪੀ ਓ, ਨਵੇਂ ਉਦਮੀਆਂ ਨੂੰ ਇਸ ਖੇਤਰ ਵਿੱਚ ਉਦਮ ਕਰਨ ਲਈ ਵੀ ਉਤਸ਼ਾਹਿਤ ਕੀਤਾ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਦੁਆਰਾ ਉਦਮੀਆਂ ਨੂੰ ਵੱਖ-ਵੱਖ ਯੋਜਨਾਵਾਂ ਨਾਲ ਕਿਵੇਂ ਮਦਦ ਕਰੇਗੀ ਅਤੇ ਜ਼ਮੀਨੀ ਪੱਧਰ ਤੇ ਰਹੀ ਪਹਿਲਕਦਮੀ ਨੂੰ ਉਤਸ਼ਾਹਿਤ ਕਰਨ ਵਿੱਚ ਕਿਵੇਂ ਮਦਦ ਕਰੇਗੀ।ਉਨ੍ਹਾਂ ਕਿਹਾ ਕਿ ਇਹ ਵੀ ਊਰਜਾ ਦਾ ਸ੍ਰੋਤ ਹੈ ਕਿ ਦੇਸ਼ ਵਿੱਚ ਅਣਵਰਤੇ ਵਾਧੂ ਬਾਇਓਮਾਸ ਦੀ ਵੱਡੀ ਮਾਤਰਾ ਉਪਲਬਧ ਹੈ, ਜੋ ਕਿ ਭਵਿੱਖ ਦਾ ਭਾਰਤ ਵਿੱਚ ਸਾੜੀ ਜਾ ਰਹੀ ਹੈ।ਸ੍ਰੀਮਤੀ ਸੁਸ਼ਮ ਕੁਮਾਰ ਸਿੰਘ ਡਿਪਟੀ ਡਾਇਰੈਕਟਰ ਨੇ ਸਮਰਥ ਮਹਾਜਨ ਸਹਾਇਕ ਡਾਇਰੈਕਟਰ ਨੇ ਪਤਵੰਤਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਅਨਿਲ ਬਾਵੇਜਾ ਮਿਸ਼ਨ ਡਾਇਰੈਕਟਰ-ਸਮਰਥ, ਡਾ. ਤੇਜਬੀਰ ਸਿੰਘ ਮੁੱਖ ਖੇਤੀਬਾੜੀ ਅਧਿਕਾਰੀ, ਰਵਿੰਦਰ ਯਾਦਵ ਅਤੇ ਜ਼ੁਬਿਨ ਆਨੰਦ-ਮਿਸ਼ਨ ਮੈਂਬਰ, ਕਿਸਾਨ, ਟੀਪੀਪੀ ਅਧਿਕਾਰੀ, ਬੈਂਕਰ, ਉੱਦਮੀ ਅਤੇ ਪੈਲੇਟ ਨਿਰਮਾਤਾ, ਫੈਕਲਟੀ ਮੈਂਬਰ ਜ਼ੁਬਿਨ ਆਨੰਦ, ਮਿਸ਼ਨ ਮੈਂਬਰ, ਭੁਪਿੰਦਰ ਸਿੰਘ, ਬਲਾਕ ਖੇਤੀਬਾੜੀ ਅਧਿਕਾਰੀ, ਨਵਦੀਪ ਸਿੰਘ-ਮੇਜਰ ਬਾਇਓ ਫਿਊਲ, ਗੁਰਜਿੰਦਰ ਸਿੰਘ ਸੰਧੂ-ਰਾਣਾ ਗਰੁੱਪ, ਮਹਿਕਪਾਲ ਸਿੰਘ-ਐੱਸਬੀਆਈ ਅਤੇ ਪਵਨ ਕੁਮਾਰ ਆਦਿ ਹਾਜ਼ਰ ਸਨ।



# ਇਹ ਵੇਲਾ ਦਲਿਤਾਂ ਤੇ ਔਰਤਾਂ ਖ਼ਿਲਾਫ਼ ਵਧ ਰਹੇ ਜ਼ੁਲਮਾਂ ਵਿਰੁੱਧ ਆਵਾਜ਼ ਉਠਾਉਣ ਦਾ: ਕਾਮਰੇਡ ਸ਼ਮਸ਼ੇਰ ਸਿੰਘ

**ਬਟਾਲਾ (ਤਰਲੋਕ ਬੰਗਾ)**-ਕਮਿਊਨਿਸਟ ਕੋ-ਆਰਡੀਨੇਸ਼ਨ ਕਮੇਟੀ (ਸੀਸੀਸੀ) ਦੇ ਸੱਦੇ 'ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਤਹਿਸੀਲ ਬਟਾਲਾ ਦੇ ਪਿੰਡ ਛਿੱਤ ਵਿਖੇ ਕਾਮਰੇਡ ਜਸਵਿੰਦਰ ਸਿੰਘ ਜੱਜਾ ਦੀ ਅਗਵਾਈ ਹੇਠ ਸਮਾਜਿਕ ਨਿਆਂ ਦੀ ਪ੍ਰਾਪਤੀ ਅਤੇ ਇਸਤਰੀਆਂ ਦੇ ਸਵੈਮਾਣ ਦੀ ਰਾਖੀ ਲਈ ਤੇ ਦਲਿਤਾਂ/ਔਰਤਾਂ ਖ਼ਿਲਾਫ਼ ਜਾਤੀਵਾਦੀ ਤੇ ਲਿੰਗਕ ਜਬਰ ਤੇ ਵਿਤਕਰੇ ਨੂੰ ਸੰਸਥਾਗਤ ਰੂਪ ਦੇਣ ਵਾਲੀ ਮਨੂੰਵਾਦੀ-ਹਿੰਦੂਤਵੀ ਸੋਚ ਖ਼ਿਲਾਫ਼ ਰੋਸ ਪ੍ਰਗਟ ਕਰਦੇ ਹੋਏ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ।ਪਾਰਟੀ ਦੇ ਸੂਬਾਈ ਆਗੂ ਕਾਮਰੇਡ ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਮੋਦੀ-ਸ਼ਾਹ ਸਰਕਾਰ ਵੱਲੋਂ ਰਾਜਸੱਤਾ ਤੇ ਕਾਬਜ਼ ਹੋਣ ਤੋਂ ਬਾਅਦ ਦੇਸ਼ ਵਿੱਚ ਲਗਾਤਾਰ ਘੱਟ ਗਿਣਤੀਆਂ, ਦਲਿਤਾਂ ਅਤੇ ਔਰਤਾਂ ਵਿਰੁੱਧ ਮਨੂੰਵਾਦੀ-ਹਿੰਦੂਤਵੀ ਸੋਚ ਦਾ ਜ਼ਹਿਰੀਲਾ ਪ੍ਰਚਾਰ ਕੀਤੇ ਜਾਣ ਦਾ ਹੀ ਸਿੱਟਾ ਹੈ ਕਿ ਆਰਐੱਸਐੱਸ ਨਾਲ ਜੁੜੇ ਇਕ ਵਕੀਲ ਵੱਲੋਂ ਭਾਰਤ ਦੀ ਸਰਬਉੱਚ ਅਦਾਲਤ ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਵੱਲ ਜੁੱਤੀ ਵਗਾਹ ਕੇ ਮਾਰਨ ਤੇ ਹਰਿਆਣਾ ਵਿਖੇ ਅਖੌਤੀ ਉੱਚ ਜਾਤੀ ਨਾਲ ਸਬੰਧਤ ਅਧਿਕਾਰੀਆਂ ਦੇ ਜਾਤੀ ਸੂਚਕ ਵਿਵਹਾਰ ਤੋਂ ਤੰਗ ਆਏ ਦਲਿਤ ਆਈਪੀਐੱਸ ਅਧਿਕਾਰੀ ਪੂਰਨ ਕੁਮਾਰ ਵੱਲੋਂ ਖ਼ੁਦਕਸ਼ੀ ਕਰਨ ਨੂੰ ਸਾਧਾਰਨ ਜੁਰਮ ਸਮਝਣ ਦੀ ਭੁੱਲ ਨਹੀਂ ਕਰਨੀ ਚਾਹੀਦੀ।ਮੰਗ ਕੀਤੀ ਗਈ ਕਿ ਚੀਫ ਜਸਟਿਸ ਵੱਲ ਜੁੱਤੀ ਸੁੱਟਣ ਵਾਲੇ ਵਕੀਲ ਅਤੇ ਆਈਪੀਐੱਸ ਨੂੰ ਆਤਮ ਹੱਤਿਆ ਲਈ ਮਜਬੂਰ ਕਰਨ ਵਾਲੇ ਦੋਸ਼ੀ ਅਧਿਕਾਰੀ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ।ਮਿਹਨਤਕਸ਼ ਲੋਕ ਇਹੋ ਜਿਹੇ ਹਮਲਿਆਂ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕਰਨਗੇ।ਇਸ ਮੌਕੇ ਗੁਰਮੇਜ ਸਿੰਘ, ਜਤਿੰਦਰਪਾਲ ਸਿੰਘ, ਜਗਤਾਰ ਸਿੰਘ, ਮਨਜੀਤ ਸਿੰਘ, ਸੁਖਦੇਵ ਸਿੰਘ, ਤਾਜ ਸਿੰਘ, ਕੁਲਵਿੰਦਰ ਕੌਰ, ਦਲਬੀਰ ਕੌਰ, ਮਨਜੀਤ ਕੌਰ ਆਦਿ ਹਾਜ਼ਰ ਸਨ।



# ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਪੰਜਾਬ ਵੱਲੋਂ ਇਕੱਤਰਤਾ

**ਬਿਆਸ, (ਪਰਮਜੀਤ ਸਿੰਘ ਰੱਖੜਾ)**-ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਪੰਜਾਬ ਦੀ ਮੀਟਿੰਗ ਸੂਬਾ ਜਨਰਲ ਸਕੱਤਰ ਸੁਖਵਿੰਦਰ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸੂਬੇ ਦੇ ਕਾਰਜਕਾਰੀ ਪ੍ਰਧਾਨ ਗੁਰਭੇਜ ਸਿੰਘ ਢਿੱਲੋਂ ਦੇ ਭਰਾ ਲਖਵਿੰਦਰ ਸਿੰਘ ਢਿੱਲੋਂ ਅੰਮ੍ਰਿਤਸਰ ਅਤੇ ਸੂਬਾ ਸੀਨੀ: ਮੀਤ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ ਲੁਧਿਆਣਾ ਦੀ ਭੈਣ ਦੀ ਹੋਈ ਬੇਵਕਤੀ ਮੌਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਸੂਬੇ ਦੇ ਮੁੱਖ ਸਰਪ੍ਰਸਤ ਬੀਐੱਸ ਸੇਖੋਂ, ਸੂਬਾ ਚੀਫ ਆਰਗੇਨਾਈਜ਼ਰ ਪਰਮਜੀਤ ਸਿੰਘ ਦਸੂਹਾ, ਸੂਬਾ ਮੀਤ ਪ੍ਰਧਾਨ ਹਰਪਿੰਦਰ ਸਿੰਘ ਚਾਹਲ, ਸੂਬਾ ਵਿੱਤ ਸਕੱਤਰ ਮਨਜੀਤ ਸਿੰਘ ਪਲਾਕੀ, ਸੂਬਾ ਡਿਪਟੀ ਜਨਰਲ ਸਕੱਤਰ ਕੁਲਵੰਤ ਸਿੰਘ ਅਟਵਾਲ ਨਾਭਾ, ਸਰਕਲ ਪ੍ਰਧਾਨ ਸਕੱਤਰ ਸਿੰਘ ਮਾਹਲ, ਬੇਦੀ ਸਾਹਿਬ, ਤਰਲੋਚਨ ਸਿੰਘ ਪ੍ਰਧਾਨ ਹੁਸ਼ਿਆਰਪੁਰ ਸਰਕਲ, ਮੋਹਨ ਸਿੰਘ ਲੰਗੜੋਆ ਨਵਾਂ ਸ਼ਹਿਰ, ਗਗਨ ਸ਼ਰਮਾ ਲੁਧਿਆਣਾ, ਸੁਰਿੰਦਰ ਸਿੰਘ ਕੰਗ ਬੁਟਾਰੀ, ਮਨਜੀਤ ਸਿੰਘ ਢਿੱਲੋਂ ਸਰਕਲ ਪ੍ਰਧਾਨ ਤਰਨ ਤਾਰਨ, ਗੁਰਪਿੰਦਰ ਸਿੰਘ ਰਿੰਕੂ, ਗੁਰਦੇਵ ਸਿੰਘ ਭਿੱਖੀਵਿੰਡ, ਮੱਖਣ ਸਿੰਘ ਪੰਨੂ ਪ੍ਰਧਾਨ ਗੁਰਦਾਸਪੁਰ, ਬਲਵਿੰਦਰ ਸਿੰਘ, ਵਰਿੰਦਰ ਸਿੰਘ ਲਾਡੀ ਬਠਿੰਡਾ, ਸਰਤਾਜ ਸਿੰਘ ਲੁਧਿਆਣਾ, ਸੁਖਦੇਵ ਸਿੰਘ ਖਹਿਰਾ, ਗੁਰਬਖਸ਼ੀਸ਼ ਸਿੰਘ, ਰਜੇਸ਼ ਕੁਮਾਰ, ਗੁਰਵੰਤ ਸਿੰਘ, ਸਤਪਾਲ ਸਿੰਘ, ਲਾਲੀ ਬੁਟਾਰੀ, ਗੁਰਦੇਵ ਸਿੰਘ ਭਲਾਈਪੁਰ, ਬਲਵਿੰਦਰ ਸਿੰਘ ਅਰਜਨ ਮਾਂਗਾ ਤੋਂ ਇਲਾਵਾ ਸੂਬਾ ਵਰਕਿੰਗ ਕਮੇਟੀ ਦੇ ਮੈਂਬਰ ਹਾਜ਼ਰ ਸਨ।



# ਕੁਲਦੀਪ ਰਾਜ ਨਈਅਰ ਨੂੰ ਵੱਖ-ਵੱਖ ਧਾਰਮਿਕ ਤੇ ਸਿਆਸੀ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬੇ ਦੇ ਨਾਮਵਰ ਕਾਰੋਬਾਰੀ ਗੁਰੂ ਨਾਨਕ ਆਟੋ ਮੋਬਾਇਲ ਦੇ ਮਾਲਕ ਸੂਰਜ ਕੁਮਾਰ ਨਈਅਰ, ਦੀਪਕ ਨਈਅਰ ਦੇ ਪਿਤਾ ਅਤੇ ਬ੍ਰਹਮ ਗਿਆਨੀ ਸੰਤ ਬਾਬਾ ਗੋਪਾਲ ਦਾਸ ਮਹਾਰਾਜ ਅਤੇ ਬਾਬਾ ਲਾਡੋ ਜੀ ਦੇ ਪਰਮ ਸੇਵਕ ਕੁਲਦੀਪ ਰਾਜ ਨਈਅਰ (68) ਜੋ ਸੰਖੇਪ ਬਿਮਾਰੀ ਦੇ ਚੱਲਦਿਆਂ ਬੀਤੇ ਦਿਨੀ ਆਪਣੇ ਗ੍ਰਹਿ ਵਿਖੇ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਗਲੀ ਆਰੀਆ ਸਮਾਜ ਮੰਦਿਰ ਵਾਲੀ ਵਿਖੇ ਪਾਏ ਗਏ। ਉਪਰੰਤ ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ ।ਇਸ ਮੌਕੇ ਭਾਈ ਮਨਜਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਮਾਸਟਰ ਪਰਮਿੰਦਰ ਸਿੰਘ ਉਧਨਵਾਲ, ਨੱਥਾ ਸਿੰਘ ਅਧੂਰੀਆਂ ਸਮੇਤ ਵੱਖ-ਵੱਖ ਬੁਲਾਰਿਆਂ ਨੇ ਕੁਲਦੀਪ ਰਾਜ ਨਈਅਰ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਉਹ ਬਹੁਤ ਹੀ ਧਾਰਮਿਕ ਬਿਰਤੀ ਵਾਲੇ ਇਨਸਾਨ ਸਨ। ਕੁਲਦੀਪ ਰਾਜ ਨਈਅਰ ਸਾਡੇ ਲਈ ਇੱਕ ਰੋਲ ਮਾਡਲ ਸਨ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦਾ ਬਹੁਤਾ ਸਮਾਂ ਧਾਰਮਿਕ ਕੰਮਾਂ ਵਿੱਚ ਗੁਜ਼ਾਰਿਆ। ਉਨ੍ਹਾਂ ਦੇ ਬੱਚੇ ਸੂਰਜ ਨਈਅਰ ਤੇ ਦੀਪਕ ਨਈਅਰ ਵੀ ਆਪਣੇ ਪਿਤਾ ਦੇ ਨਕਸ਼ੇ ਕਦਮ ਤੇ ਚੱਲਦਿਆਂ ਸਮਾਜ ਦੀ ਸੇਵਾ ਕਰਦੇ ਰਹਿਣਗੇ।ਇਸ ਮੌਕੇ ਬ੍ਰਹਮ ਲੀਨ ਬਾਬਾ ਗੋਪਾਲ ਦਾਸ ਜੀ ਮਹਾਰਾਜ ਤੇ ਬ੍ਰਹਮ ਲੀਨ ਬਾਬਾ ਲਾਡੋ ਜੀ ਦੇ ਸੇਵਕਾਂ ਵੱਲੋਂ ਦਰਬਾਰ ਦੀ ਸੇਵਾ ਜੋ ਸਵ. ਕੁਲਦੀਪ ਰਾਜ ਨਈਅਰ ਵੱਲੋਂ ਕੀਤੀ ਜਾਂਦੀ ਸੀ,ਉਸ ਦੀ ਜ਼ਿੰਮੇਵਾਰੀ ਵੀ ਕੁਲਦੀਪ ਰਾਜ ਨਈਅਰ ਦੇ ਪਰਿਵਾਰ ਨੂੰ ਸੌਂਪੀ ਗਈ ।ਇਸ ਮੌਕੇ ਚੇਅਰਮੈਨ ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ, ਨਗੇਸ਼ ਕੁਮਾਰ ਫਤਿਹਗੜ੍ਹ ਚੂੜੀਆਂ, ਕਾਂਗਰਸੀ ਆਗੂ ਮੁਨੀਸ਼ ਮਹਾਜਨ, ਸਾਬਕਾ ਚੇਅਰਮੈਨ ਰਮੇਸ਼ ਬੱਬਰ, ਭਾਜਪਾ ਆਗੂ ਨਿਰਮਲ ਸਿੰਘ ਰੱਤਾ, ਭਾਜਪਾ ਆਗੂ ਰਾਜੂ ਪੰਡਿਤ, ਨਰਿੰਦਰ ਕੁਮਾਰ ਸਰਨਾ ਪਠਾਨਕੋਟ, ਮਾਸਟਰ ਸਤਨਾਮ ਸਿੰਘ ਰੰਧਾਵਾ, ਬਾਬਾ ਮੇਜਰ ਦਾਸ, ਸੁੱਚਾ ਸਿੰਘ ਸੈਕਟਰੀ, ਡਾ. ਮਨਮੋਹਨ ਸਿੰਘ ਭੱਟੀ, ਕਾਂਗਰਸੀ ਆਗੂ ਪਾਲੀ ਬੇਦੀ, ਡਾ. ਮਦਨ ਮੋਹਨ ਮਹਾਜਨ, ਕੌਂਸਲਰ ਸਤਪਾਲ ਸ਼ੌਕੀ, ਰਾਜਨ ਡੋਗਰਾ, ਸੁਧੀਰ ਬੇਦੀ, ਨਿਰਮਲ ਸਿੰਘ ਹਰੂਵਾਲ, ਵਿਜੇ ਸ਼ਰਮਾ, ਅਸ਼ੋਕ ਨਈਅ, ਐਰੀ ਸ਼ਰਮਾ, ਰਿੰਕੂ ਮਰਵਾਹਾ, ਰਤਨ ਪਾਲ ਮੈਨੇਜਰ, ਰਿਸ਼ੂ , ਤੇਜਿੰਦਰ ਸਿੰਘ ਪੂੰਨੀ, ਸੁਮਿਤ ਅਰੋੜਾ, ਪੱਪੀ ਸਰਨਾ, ਅਜੀਤ ਭਗਤ, ਨੱਥਾ ਸਿੰਘ, ਮਾਸਟਰ ਗੁਰਭੇਜ ਸਿੰਘ, ਮਾਸਟਰ ਪਰਮਿੰਦਰ ਸਿੰਘ, ਸ਼ਸ਼ਪਾਲ ਸਿੰਘ, ਸੁਰੇਖਾ ਰਾਣੀ, ਰਾਕੇਸ਼ ਕੁਮਾਰ ਨਈਅਰ, ਵਿਜੇ ਨਈਅਰ, ਲਵਲੀ ਨਈਅਰ, ਕੁਮਾਰ ਗੌਰਵ, ਬਾਬਾ ਸ਼ਿਵ ਚਰਨ ਸਿੰਘ ਬੇਦੀ, ਹੀਰਾ ਲਾਲ ਬੇਦੀ, ਵਿਜੇ ਕੁਮਾਰ ਬੇਦੀ, ਕ੍ਰਿਸ਼ਨਾ, ਰੋਹਿਤ ਬੇਦੀ, ਅਜੇ ਬਾਊ, ਗੋਰੀ, ਬਵਿਸ਼ ਬੇਦੀ, ਬਾਬਾ ਕਮਲਜੀਤ ਬੇਦੀ, ਅਰਜੁਨ ਬੇਦੀ, ਭਗਤ ਵਿਸ਼ਵਾ ਮਿੱਤਰ, ਰਿੰਪੂ ਮਰਵਾਹਾ ਤੋ ਇਲਾਵਾ ਡੇਰਾ ਬਾਬਾ ਨਾਨਕ ਇਲਾਕੇ ਦੇ ਪੰਚ, ਸਰਪੰਚ ਤੇ ਬਾਬਾ ਲਾਡੋ ਜੀ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਮਗਰਮੂਦੀਆ ਸਕੂਲ ਵਿਖੇ ਬਲਾਕ ਪੱਧਰੀ ਟੂਰਨਾਮੈਂਟ ਕਰਵਾਇਆ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਯੂਥ ਕਲੱਬ ਗੰਜਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਗਰਮੂਦੀਆ ਵਿਖੇ ਬਲਾਕ ਪੱਧਰੀ ਟੂਰਨਾਮੈਂਟ ਕਰਵਾਇਆ ਗਿਆ।ਇਹ ਟੂਰਨਾਮੈਂਟ ਕਲੱਬ ਦੇ ਪ੍ਰਬੰਧਕ ਭਾਈ ਗੁਰਨਾਮ ਸਿੰਘ ਦੀ ਅਗਵਾਈ ਵਿੱਚ ਕਰਵਾਇਆ ਗਿਆ ਜਿਸ ਵਿਚ ਵਾਲੀਬਾਲ, ਰੱਸਾਕੱਸੀ, ਦੌੜਾਂ, ਗੋਲਾ ਅਤੇ ਲੌਂਗ ਜੰਪ ਦੇ ਕੁੜੀਆਂ ਮੁੰਡਿਆਂ ਦੇ ਮੁਕਾਬਲੇ ਕਰਵਾਏ ਗਏ।ਇਸ ਟੂਰਨਾਮੈਂਟ ਵਿੱਚ ਖਿਡਾਰੀਆਂ ਨੂੰ ਇਨਾਮ ਤਕਸੀਮ ਕਰਨ ਲਈ ਮੁੱਖ ਮਹਿਮਾਨ ਵਜੋਂ ਪ੍ਰਧਾਨ ਲੋਕ ਸੇਵਾ ਸੰਮਤੀ ਅਤੇ ਪ੍ਰਧਾਨ ਬ੍ਰਾਹਮਣ ਸਮਾਜ ਪੰਜਾਬ ਡਾਕਟਰ ਸੋਨੂ ਸ਼ਰਮਾ ਵਿਸ਼ੇਸ਼ ਪਹੁੰਚੇ ਅਤੇ ਉਨ੍ਹਾਂ ਵਲੋਂ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਦਿੱਤੇ ਗਏ।ਇਸ ਮੌਕੇ ਗੱਲਬਾਤ ਕਰਦਿਆਂ ਡਾਕਟਰ ਸੋਨੂ ਸ਼ਰਮਾ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਆਖਿਆ ਕਿ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਦੇ ਰਹਿਣਾ ਚਾਹੀਦਾ ਹੈ ਜਿਸ ਕਾਰਨ ਬੱਚੇ ਅਤੇ ਨੌਜਵਾਨ ਬੁਰੀ ਸੰਗਤ ਤੋਂ ਬਚ ਸਕਣ।



# ਮੋਟਰਸਾਈਕਲ ਚਾਲਕ ਨੂੰ ਟੱਕਰ ਮਾਰ ਕੇ ਜ਼ਖਮੀ ਕਰਨ ਵਾਲੇ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਦੋਰਾਂਗਲਾ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸਟੀਫਮ ਮਸੀਹ ਪੁੱਤਰ ਮਨੋਹਰ ਮਸੀਹ ਵਾਸੀ ਸੁਲਤਾਨੀ ਨੇ ਦੱਸਿਆ ਕਿ 19 ਜੁਲਾਈ ਨੂੰ ਮੈਂ ਆਪਣੇ ਲੜਕੇ ਸਮਾਉਨ ਗਿੱਲ ਨਾਲ ਪਿੰਡ ਸੁਲਤਾਨੀ ਦਵਾਈ ਲੈਣ ਲਈ ਗਿਆ ਸੀ ਅਤੇ ਮੇਰਾ ਲੜਕਾ ਸੜਕ ਕਿਨਾਰੇ ਮੋਟਰਸਾਈਕਲ ਉਪਰ ਬੈਠਾ ਸੀ ਕਿ ਇਕ ਕਾਰ ਜਿਸ ਨੂੰ ਕਰਨਦੀਪ ਸਿੰਘ ਉਰਫ ਵਿੱਕੀ ਪੁੱਤਰ ਜਤਿੰਦਰ ਸਿੰਘ ਵਾਸੀ ਸਾਹਪੁਰ ਅਫਗਾਨਾ ਚਲਾ ਰਿਹਾ ਸੀ, ਨੇ ਤੇਜ਼ ਰਫਤਾਰ ਨਾਲ ਕਾਰ ਲਿਆ ਕੇ ਸੜਕ ਦੇ ਦੂਸਰੇ ਪਾਸੇ ਮੇਰੇ ਲੜਕੇ ਦੇ ਮੋਟਰਸਾਈਕਲ ਵਿਚ ਲਿਆ ਮਾਰੀ ਜਿਸ ਨਾਲ ਮੇਰਾ ਲੜਕਾ ਜ਼ਖਮੀ ਹੋ ਗਿਆ ਜਿਸ ਨੂੰ ਸਵਾਰੀ ਦਾ ਪ੍ਰਬੰਧ ਕਰਕੇ ਦਿਉਲ ਹਤਸਪਤਾਲ ਗੁਰਦਾਸਪੁਰ ਦਾਖਲ ਕਰਵਾਇਆ ਜੋ ਬਾਅਦ ਇਲਾਜ ਹੁਣ ਆਪਣੇ ਘਰ ਹੈ। ਮੋਹਤਬਰ ਵਿਅਕਤੀ ਹੁਣ ਤੱਕ ਸਾਡਾ ਰਾਜ਼ੀਨਾਵਾ ਕਰਵਾਉਂਦੇ ਰਹੇ ਹਨ ਜੋ ਸਿਰੇ ਨਹੀਂ ਲੱਗ ਸਕਿਆ। ਦੋਰਾਂਗਲਾ ਪੁਲਸ ਨੇ ਕਾਰ ਚਾਲਕ ਕਿਰਨਦੀਪ ਖ਼ਿਲਾਫ਼ ਜ਼ੇਰੇ ਧਾਰਾ 324 (4), 281, 125 (ਏ), 125 (ਬੀ) ਬੀਐੱਨਐੱਸ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਆਰ ਐੱਮ ਪੀ ਆਈ ਨੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ

ਛੇਹਰਟਾ (ਮਨੋਜ ਕੁਮਾਰ)-ਸਮੁੱਚੇ ਦੇਸ਼ ਵਿਚ ਵੱਧ ਰਹੇ ਫਿਰਕੂ ਫਾਸ਼ੀਵਾਦ ਖ਼ਿਲਾਫ਼ ਬੁੱਧਵਾਰ ਨੂੰ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੱਦੇ 'ਤੇ ਮੋਦੀ ਸਰਕਾਰ ਦੇ ਪੁਤਲੇ ਸਾੜ ਕੇ ਰੋਸ ਮੁਜ਼ਹਰਾ ਕੀਤਾ ਗਿਆ। ਆਰਐੱਮਪੀਆਈ ਦੇ ਵਰਕਰ ਪਹਿਲਾਂ ਨਹਿਰੀ ਦਫ਼ਤਰ ਇਕੱਠੇ ਹੋਏ ਤੇ ਉਥੋਂ ਨਾਅਰੇ ਮਾਰ ਕੇ ਦੂਰ ਤੱਕ ਮਾਰਚ ਕਰਨ ਉਪਰੰਤ ਮੋਦੀ ਦੇ ਫਿਰਕੂ ਰਾਜ ਦਾ ਪੁਤਲਾ ਫੂਕਿਆ ਗਿਆ। ਰੋਸ ਮੁਜ਼ਾਹਰੇ ਦੀ ਅਗਵਾਈ ਰਤਨ ਸਿੰਘ ਰੰਧਾਵਾ, ਕਾਮਰੇਡ ਕਿਰਪਾਲ ਸਿੰਘ, ਕਾਮਰੇਡ ਜਗਤਾਰ ਸਿੰਘ, ਕਾਮਰੇਡ ਬਲਵਿੰਦਰ ਛੇਹਰਟਾ, ਮੰਗਲ ਸਿੰਘ ਟਾਂਡਾ ਆਦਿ ਨੇ ਕੀਤੀ। ਇਸ ਮੌਕੇ ਸਮੂਹਕ ਕਾਮਰੇਡ ਆਗੂਆਂ ਨੇ ਕਿਹਾ ਕਿ ਜਦੋਂ ਦਾ ਮੋਦੀ ਦਾ ਰਾਜ ਆਇਆ ਹੈ, ਉਸ ਵਕਤ ਤੋਂ ਫਿਰਕੂ ਤਨਾਅ ਦੇਸ਼ ਵਿਚ ਮੋਦੀ ਸਰਕਾਰ ਜਾਣੇ ਤੌਰ 'ਤੇ ਤੇਜ਼ ਕਰ ਰਹੀ ਹੈ। ਇਸ ਦਾ ਸਿੱਧਾ ਸਬੂਤ ਫਿਰਕੂ ਤਨਾਅ ਕਾਰਨ ਹੋਈ ਪੂਰਨ ਕੁਮਾਰ ਦੀ ਮੌਤ ਹੈ। ਇਸੇ ਤਰ੍ਹਾਂ ਜਸਟਿਸ ਗਵਈ ਨੂੰ ਇੱਕ ਸਨਾਤਨੀ ਕਾਰਕੁਨ ਵੱਲੋਂ ਛਿੱਤਰ ਮਾਰ ਕੇ ਆਪਣੇ ਰੋਸ ਦਾ ਪ੍ਰਗਟਾਵਾ ਕਰਨਾ ਇਹ ਸਮੁੱਚੀਆਂ ਘਟਨਾਵਾਂ ਦੇਸ਼ ਨੂੰ ਫਿਰਕੂ ਫਾਸ਼ੀਵਾਦ ਤੇ ਫਿਰ ਤਨਾਅ ਦੀ ਭੱਠੀ ਵਿਚ ਝੋਕਣਗੀਆਂ। ਰੋਸ ਮੁਜ਼ਾਹਰੇ ਵਿਚ ਹੋਰਨਾਂ ਤੋਂ ਇਲਾਵਾ ਕਾਲੀਆ, ਸਵਿੰਦਰ ਕੌਰ, ਕਾਮਰੇਡ ਹੈਰੀ, ਪ੍ਰੇਮ, ਅਵਤਾਰ ਸਿੰਘ ਰੰਧਾਵਾ, ਕਾਮਰੇਡ ਯੂਪੀ ਛੇਹਰਟਾ, ਸਵਿੰਦਰ ਸਿੰਘ ਭੱਟੀ, ਕਰਮਜੀਤ ਸਿੰਘ ਕੇ. ਪੀ., ਲਾਲੀ ਬੁਲਾਰਾ, ਗੁਰਪ੍ਰੀਤ ਸਿੰਘ ਸੋਨੂੰ ਅਤੇ ਹੋਰ ਆਗੂ ਹਾਜ਼ਰ ਸਨ।



# ਹਰਟੈਕ ਸਮੂਹ ਦੇ ਸੀ ਈ ਓ ਤੇ ਈ ਡੀ ਸਿਮਰਪ੍ਰੀਤ ਸਿੰਘ ਹੁਰੂਨ ਇੰਡੀਆ ਅੰਡਰ-35 ਸੂਚੀ-2025 'ਚ ਹੋਏ ਸ਼ਾਮਲ

ਚੰਡੀਗੜ੍ਹ :ਹਰਟੈਕ ਸਮੂਹ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸੀਈਓ, ਸਿਮਰਪ੍ਰੀਤ ਸਿੰਘ ਨੂੰ ਹੁਰੂਨ ਇੰਡੀਆ ਅੰਡਰ 35 ਸੂਚੀ 2025 ਵਿੱਚ ਸ਼ਾਮਲ ਕੀਤਾ ਗਿਆ ਹੈ।ਇਹ ਸੂਚੀ ਉਨ੍ਹਾਂ ਦੂਰਦਰਸ਼ੀ ਨੌਜਵਾਨ ਆਗੂਆਂ ਨੂੰ ਸਨਮਾਨ ਦਿੰਦੀ ਹੈ ਜੋ ਭਾਰਤ ਦੀ ਆਰਥਿਕਤਾ ਅਤੇ ਸਥਾਈ ਵਿਕਾਸ ਨੂੰ ਅੱਗੇ ਵਧਾ ਰਹੇ ਹਨ।ਇਸ ਸਾਲ ਦੀ ਸੂਚੀ ਵਿੱਚ ਪ੍ਰੌਟੈਕਨਾਲੋਜੀ, ਫਾਇਨੈਂਸ, ਸਿਹਤ ਸੇਵਾ, ਊਰਜਾ, ਆਧਾਰਭੂਤ ਢਾਂਚਾ, ਮੀਡੀਆ ਅਤੇ ਉਪਭੋਗਤਾ ਵਸਤਾਂ ਦੇ ਖੇਤਰਾਂ ਦੇ ਵਿਅਕਤੀਆਂ ਨੂੰ ਸ਼ਾਮਲ ਕੀਤਾ ਗਿਆ ਹੈ।ਹੁਰੂਨ ਇੰਡੀਆ ਅੰਡਰ-35 ਸੂਚੀ ਰਾਸ਼ਟਰੀ ਪੱਧਰ 'ਤੇ ਨੌਜਵਾਨ ਆਗੂਆਂ ਨੂੰ ਉਜਾਗਰ ਕਰਨ ਲਈ ਜਾਣੀ ਜਾਂਦੀ ਹੈ ਜੋ ਆਪਣੀ ਦੂਰਦਰਸ਼ਤਾ, ਨਵੀਨਤਾ ਅਤੇ ਪ੍ਰਭਾਵ ਦੇ ਜ਼ਰੀਏ ਭਾਰਤ ਦੇ ਭਵਿੱਖ ਨੂੰ ਸ਼ੇਪ ਦੇ ਰਹੇ ਹਨ।ਹਾਰਵਰਡ ਦੇ ਪੂਰਵ ਵਿਦਿਆਰਥੀ ਅਤੇ ਫੋਰਬਸ 30 ਅੰਡਰ 30 ਏਸ਼ੀਆ ਨਾਲ ਸਨਮਾਨਿਤ ਸਿਮਰਪ੍ਰੀਤ ਸਿੰਘ ਨੇ ਹਰਟੈਕ ਸਮੂਹ ਨੂੰ ਭਾਰਤ ਦੇ ਊਰਜਾ ਅਤੇ ਨਵੀਨ ਊਰਜਾ ਖੇਤਰ ਵਿੱਚ ਇੱਕ ਅਗਰਗਾਮੀ ਇੰਜੀਨੀਅਰਿੰਗ, ਪ੍ਰੋਕਿਊਰਮੈਂਟ ਅਤੇ ਨਿਰਮਾਣ (ਈਪੀਸੀ) ਕੰਪਨੀ ਵਜੋਂ ਵਿਕਸਤ ਕਰਨ ਵਿੱਚ ਪ੍ਰਣਾਲੀਬੱਧ ਭੂਮਿਕਾ ਨਿਭਾਈ ਹੈ ।

# ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 136736 ਮੀਟਰਕ ਟਨ ਝੋਨੇ ਦੀ ਖਰੀਦ ਤੇ 270 ਕਰੋੜ ਦੀ ਅਦਾਇਗੀ ਹੋਈ: ਡੀ ਸੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਜ਼ਿਲ੍ਹੇ ਦੀਆਂ 48 ਮੰਡੀਆਂ ਵਿਚ ਝੋਨੇ ਦੀ ਖਰੀਦ ਲਗਾਤਾਰ ਜਾਰੀ ਹੈ ਅਤੇ ਕਿਸਾਨਾਂ ਨੂੰ ਮੰਡੀਆਂ ਵਿਚ ਕਿਸੇ ਕਿਸਮ ਦੀ ਕੋਈ ਮੁਸ਼ਕਲ ਦਾ ਸ਼ਾਮਣਾ ਨਾ ਕਰਨਾ ਪਵੇ ਇਸ ਲਈ ਅਧਿਕਾਰੀ ਖੁਦ ਮੰਡੀਆਂ ਦੀ ਨਿਗਰਾਨੀ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿੱਚ 137087 ਮੀਟਰਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ,ਜਿਸ ਵਿਚੋਂ ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 136736 ਮੀਟਰਕ ਟਨ ਝੋਨੇ ਦੀ ਖਰੀਦ ਕਰਕੇ ਕਿਸਾਨਾਂ ਨੂੰ 270 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਸਰਕਾਰ ਵੱਲੋਂ ਝੋਨੇ ਦਾ ਸਰਕਾਰੀ ਰੇਟ 2389 ਰੁਪਏ ਪ੍ਰਤੀ ਕੁਇੰਟਲ ਮਿਥਿਆ ਗਿਆ ਹੈ ਅਤੇ ਇਸ ਲਈ ਝੋਨੇ ਵਿਚ ਨਮੀ ਦੀ ਮਾਤਰਾ 17 ਫ਼ੀਸਦੀ ਤੋਂ ਵੱਧ ਨਹੀਂ ਹੋਣੀ ਚਾਹੀਦੀ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਕੇਵਲ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਮੰਡੀ ਵਿੱਚ ਖਰੀਦ ਲਈ ਇੰਤਜ਼ਾਰ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨ ਵੱਲੋਂ ਪੈਦਾ ਕੀਤਾ ਗਿਆ ਇੱਕ ਇੱਕ ਦਾਣਾ ਖਰੀਦੇਗੀ ਇਸ ਲਈ ਕੋਈ ਕਾਹਲੀ ਦੀ ਲੋੜ ਨਹੀਂ, ਬਲਕਿ ਫਸਲ ਨੂੰ ਸੁਕਾ ਕੇ ਕੱਟੋ ਤਾਂ ਜੋ ਸਰਕਾਰੀ ਖਰੀਦ ਏਜੰਸੀਆਂ ਬਿਨਾਂ ਕਿਸੇ ਰੁਕਾਵਟ ਦੇ ਖਰੀਦ ਜਾਰੀ ਰੱਖ ਸਕਣ।ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਬਿਨਾਂ ਜ਼ਿੰਮੇਵਾਰੀ ਨਾਲ ਆਪਣੀ ਫਸਲ ਦੀ ਰਹਿੰਦ-ਖੂੰਹਦ ਦਾ ਪ੍ਰਬੰਧਨ ਕਰਨ ਦੀ ਅਪੀਲ ਵੀ ਕੀਤੀ।ਉਨ੍ਹਾਂ ਕਿਹਾ ਕਿ ਪੂਰਾ ਪ੍ਰਸ਼ਾਸਨ ਕਿਸਾਨਾਂ ਦੇ ਨਾਲ ਹੈ ਅਤੇ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਜ਼ਿਲਾ ਖੁਰਾਕ ਤੇ ਸਪਲਾਈ ਅਧਿਕਾਰੀ ਸ: ਅਮਨਜੀਤ ਸਿੰਘ ਨੇ ਦੱਸਿਆ ਕਿ ਹੁਣ ਤੱਕ ਪਨਗਰੇਨ ਏਜੰਸੀ ਵੱਲੋਂ 56517 ਮੀਟਰਕ ਟਨ, ਮਾਰਕਫੈੱਡ ਵੱਲੋਂ 38535 ਮੀਟਰਕ ਟਨ, ਪਨਸਪ ਵੱਲੋਂ 20870 ਮੀਟਰਕ ਟਨ, ਪੰਜਾਬ ਸਟੇਟ ਵੇਅਰਹਾਊਸ ਵੱਲੋਂ 18803 ਮੀਟਰਕ ਟਨ ਅਤੇ ਪ੍ਰਾਈਵੇਟ ਏਜੰਸੀਆਂ ਵੱਲੋਂ 2011 ਮੀਟਰਕ ਟਨ ਝੋਨੇ ਦੀ ਖਰੀਦ ਕਰ ਲਈ ਗਈ ਹੈ।

ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਕਿਸਾਨਾਂ ਨੂੰ ਮਿਥੇ ਸਮੇਂ ਦੇ ਅੰਦਰ-ਅੰਦਰ ਝੋਨੇ ਦੀ ਅਦਾਇਗੀ ਨੂੰ ਯਕੀਨੀ ਬਣਾਇਆ ਗਿਆ ਹੈ।ਉਨ੍ਹਾਂ ਅਪੀਲ ਕੀਤੀ ਕਿ ਕਿਸਾਨ ਮੰਡੀਆਂ ਅੰਦਰ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਦੀ ਫਸਲ ਦੀ ਨਾਲੋਂ ਨਾਲ ਖਰੀਦ ਕੀਤੀ ਜਾ ਸਕੇ।



# ਤਰਨ ਤਾਰਨ ਜ਼ਿਮਨੀ ਚੋਣ ਤੋਂ ਪਹਿਲਾਂ ਸੈਂਕੜੇ ਭਾਜਪਾ ਆਗੂ 'ਆਪ' ਵਿੱਚ ਸ਼ਾਮਲ

**ਤਰਨ ਤਾਰਨ, (ਪ੍ਰਿਤਪਾਲ ਸਿੰਘ)**—ਆਮ ਆਦਮੀ ਪਾਰਟੀ ਨੂੰ ਤਰਨ ਤਾਰਨ ਵਿੱਚ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਕਈ ਅਹੁਦੇਦਾਰ ਅਤੇ ਆਗੂ ਆਪ ਵਿੱਚ ਸ਼ਾਮਲ ਹੋ ਗਏ। 'ਆਪ' ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਸੂਬਾ ਜਨਰਲ ਸੱਕਤਰ ਡਾ. ਐੱਸ. ਐੱਸ. ਆਹਲੂਵਾਲੀਆ ਦੀ ਮੌਜੂਦਗੀ ਵਿੱਚ ਸਾਰੇ ਆਗੂਆਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਾਇਆ।ਤਰਨ ਤਾਰਨ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ਼ੈਰੀ ਕਲਸੀ ਨੇ ਦੱਸਿਆ ਕਿ ਸਰਪੰਚ ਟਹਿਲ ਵੀਰ ਸਿੰਘ ਦੀ ਅਗਵਾਈ ਹੇਠ ਭਾਜਪਾ ਦੇ ਸੀਨੀਅਰ ਆਗੂ ਕਸ਼ਮੀਰ ਸਿੰਘ (ਉਰਫ਼ ਬਾਊ ਜੀ), ਪਿੰਡ ਪਲਾਸੋਰ ਦੇ ਰਣਧੀਰ ਸਿੰਘ, ਤਰਸੇਮ ਸਿੰਘ ਲੰਬੜਦਾਰ, ਭੁਪਿੰਦਰ ਸਿੰਘ ਅਤੇ ਛਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਗੂਆਂ ਅਤੇ ਵਰਕਰਾਂ ਨੇ ਭਾਜਪਾ ਦੀਆਂ ਨੀਤੀਆਂ ਨੂੰ ਨਕਾਰ ਕੇ ਆਪ ਦਾ ਪੱਲਾ ਫੜਿਆ ਹੈ।ਉਨ੍ਹਾਂ ਕਿਹਾ ਕਿ ਇਹ ਆਗੂ ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ।ਸ਼ੈਰੀ ਕਲਸੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਹੀ ਇੱਕੋ-ਇੱਕ ਪਾਰਟੀ ਹੈ ਜੋ ਕੰਮ ਦੇ ਆਧਾਰ 'ਤੇ ਰਾਜਨੀਤੀ ਕਰਦੀ ਹੈ।ਉਨ੍ਹਾਂ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਆਪ' ਉਮੀਦਵਾਰ ਹਰਮੀਤ ਸੰਧੂ ਦੇ ਹੱਕ ਵਿੱਚ 17 ਅਕਤੂਬਰ ਨੂੰ ਤਰਨ ਤਾਰਨ ਦੇ ਬੋੜੀਵਾਲਾ ਵਿਖੇ ਸਵੇਰੇ 10 ਵਜੇ ਇੱਕ ਵਿਸ਼ਾਲ ਰੋਡ ਸ਼ੋਅ ਕੀਤਾ ਜਾਵੇਗਾ, ਜਿਸ ਦੀ ਅਗਵਾਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਕਰਨਗੇ।ਇਸ ਰੋਡ ਸ਼ੋਅ ਵਿੱਚ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ, ਹਲਕੇ ਦੇ ਸਰਪੰਚ, ਮੈਂਬਰ ਅਤੇ ਵਰਕਰ ਪਹੁੰਚਣਗੇ।ਉਨ੍ਹਾਂ ਇਹ ਵੀ ਦੱਸਿਆ ਕਿ ਇਸੇ ਦਿਨ ਉਮੀਦਵਾਰ ਹਰਮੀਤ ਸੰਧੂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਵੀ ਦਾਖਲ ਕੀਤੇ ਜਾਣਗੇ।ਆਪ ਆਗੂ ਨੇ ਦਾਅਵਾ ਕੀਤਾ ਕਿ ਤਰਨ ਤਾਰਨ ਦੇ ਲੋਕ 'ਆਪ' ਸਰਕਾਰ ਦੇ ਕੰਮਾਂ ਤੋਂ ਪੂਰੀ ਤਰ੍ਹਾਂ ਖੁਸ਼ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਵੱਡੀਆਂ ਜੁਆਇਨਿੰਗਾਂ ਹੋਣਗੀਆਂ।



# ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ 'ਚ ਕਰਵਾਏ ਬੱਚਿਆਂ ਦੇ ਇੰਟਰ ਸਕੂਲ ਮੁਕਾਬਲੇ

ਝਬਾਲ (ਹਰਜਿੰਦਰ ਸਿੰਘ ਸੋਨੀ)-ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਜੋ ਕਿ ਸੀਬੀਐੱਸਈ ਵੱਲੋਂ 'ਹੱਬਸ ਆਫ ਲਰਨਿੰਗ' ਦਾ ਲੀਡ ਕੋਲੈਬੋਰੇਟਰ ਸਕੂਲ ਹੈ, ਵਿਖੇ ਫੈਂਸੀ ਡਰੈੱਸ, ਕਵਿਤਾ ਉਚਾਰਨ , ਕਲਰਿੰਗ ਐਂਡ ਸਕੈਚਿੰਗ, ਸੈਲਡ ਮੇਕਿੰਗ ਆਦਿ ਵੱਖ-ਵੱਖ ਵਿਸ਼ਿਆਂ 'ਤੇ ਇੰਟਰ ਸਕੂਲ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲ ਜਿਵੇਂ ਗੁਰੂ ਨਾਨਕ ਦੇਵ ਅਕੈਡਮੀ, ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ, ਕੇ. ਡੀ. ਇੰਟਰਨੈਸ਼ਨਲ ਸਕੂਲ, ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸੁਰ ਸਿੰਘ, ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ, ਮਮਤਾ ਨਿਕੇਤਨ ਕਾਨਵੈਂਟ ਸਕੂਲ ਵੱਲੋਂ ਭਾਗ ਲਿਆ ਗਿਆ।

ਮੁਕਾਬਲਿਆਂ ਵਿੱਚੋਂ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਦੀ ਸਕੂਲ ਦੀ ਮੈਨੇਜਮੈਂਟ ਵੱਲੋਂ ਟਰਾਫੀਆਂ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਬੱਚਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮੇਂ-ਸਮੇਂ ਤੇ ਚਲਦੇ ਰਹਿਣੇ ਚਾਹੀਦੇ ਹਨ ਜਿਸ ਨਾਲ ਵਿਦਿਆਰਥੀਆਂ ਵਿੱਚ ਸਵੈ-ਵਿਸ਼ਵਾਸ ਦੀ ਭਾਵਨਾ ਵਧਦੀ ਹੈ ਤੇ ਉਨ੍ਹਾਂ ਨੂੰ ਅੱਗੇ ਆ ਕੇ ਆਪਣੀ ਕਲਾ ਦਿਖਾਉਣ ਦਾ ਮੌਕਾ ਮਿਲਦਾ ਹੈ।



# ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਤਿੰਨ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਕਾਗਜ਼ ਦਾਖਲ

ਝਬਾਲ (ਹਰਜਿੰਦਰ ਸਿੰਘ ਸੋਨੀ)-ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਹੋ ਰਹੀ ਉਪ ਚੋਣ ਲਈ ਤਿੰਨ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ। ਰਿਟਰਨਿੰਗ ਅਫਸਰ-ਕਮ-ਐੱਸਡੀਐੱਮ ਤਰਨ ਤਾਰਨ ਕੋਲ ਅੱਜ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ।ਇਸੇ ਤਰ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਖਵਿੰਦਰ ਕੌਰ ਵੱਲੋਂ ਵੀ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ।ਕੰਚਨਪ੍ਰੀਤ ਕੌਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਕਵਰਿੰਗ ਉਮੀਦਵਾਰ ਵਜੋਂ ਕਾਗਜ ਭਰੇ ਗਏ।ਰਿਟਰਨਿੰਗ ਅਫਸਰ ਗੁਰਮੀਤ ਸਿੰਘ ਨੇ ਦੱਸਿਆ ਕਿ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਤੀਸਰਾ ਦਿਨ ਸੀ ਅਤੇ ਹੁਣ ਤੱਕ ਕੁੱਲ 3 ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਜ਼ਿਮਨੀ ਚੋਣ ਲਈ 21 ਅਕਤੂਬਰ ਤੱਕ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਸਕਣਗੇ।ਉਨ੍ਹਾਂ ਦੱਸਿਆ ਕਿ 18 ਅਕਤੂਬਰ (ਸ਼ਨੀਵਾਰ) ਨੈਗੋਸ਼ੀਏਬਲ ਇੰਸਟਰੂਮੈਂਟ ਐਕਟ, 1881 ਦੇ ਤਹਿਤ ਛੁੱਟੀ ਨਹੀਂ ਹੈ ਅਤੇ ਉਸ ਦਿਨ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਸਕਦੇ ਹਨ। ਹਾਲਾਂਕਿ 19 ਅਕਤੂਬਰ (ਐਤਵਾਰ) ਅਤੇ 20 ਅਕਤੂਬਰ (ਸੋਮਵਾਰ, ਦੀਵਾਲੀ) ਇਸ ਐਕਟ ਦੇ ਤਹਿਤ ਛੁੱਟੀਆਂ ਹਨ ਅਤੇ ਇਨ੍ਹਾਂ ਤਾਰੀਖਾਂ ਤੇ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤੇ ਜਾ ਸਕਦੇ।22 ਅਕਤੂਬਰ ਨੂੰ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ ਜਦਕਿ 24 ਅਕਤੂਬਰ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਅੰਤਿਮ ਮਿਤੀ ਹੈ।ਉਨ੍ਹਾਂ ਦੱਸਿਆ ਕਿ ਵੋਟਾਂ 11 ਨਵੰਬਰ ਨੂੰ ਪੈਣਗੀਆਂ ਤੇ ਵੋਟਾਂ ਦੀ ਗਿਣਤੀ 14 ਨਵੰਬਰ ਨੂੰ ਹੋਵੇਗੀ।ਇਸ ਦੇ ਨਾਲ ਹੀ ਸਮੁੱਚੀ ਚੋਣ ਪ੍ਰਕਿਰਿਆ 16 ਨਵੰਬਰ ਤੱਕ ਮੁਕੰਮਲ ਕਰ ਲਈ ਜਾਵੇਗੀ।



# ਸੇਂਟ ਵਾਰੀਅਰਜ਼ ਸਕੂਲ 'ਚ ਪ੍ਰਸਿੱਧ ਨਰਤਕੀ ਨੈਨਿਕਾ ਗਾਂਗਨੀ ਨੇ ਬਿਖੇਰਿਆ ਕਥਕ ਦਾ ਜਾਦੂ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਨੌਜਵਾਨਾਂ ਵਿੱਚ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਲਈ, ਇੰਡੀਅਨ ਇੰਟਰਨੈਸ਼ਨਲ ਰੂਰਲ ਕਲਚਰਲ ਸੈਂਟਰ, ਨਵੀਂ ਦਿੱਲੀ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਜ਼ਿਲ੍ਹਾ ਮੈਜਿਸਟ੍ਰੇਟ ਦਲਵਿੰਦਰਜੀਤ ਸਿੰਘ ਆਈ ਏਐੱਸ ਨੂੰ ਇੱਕ ਪੱਤਰ ਲਿਖ ਕੇ ਸੰਸਥਾ ਨੂੰ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹੇ ਦੇ 10 ਵੱਖ-ਵੱਖ ਵਿਦਿਅਕ ਸੰਸਥਾਵਾਂ ਵਿੱਚ ਕਥਕ ਨਾਚ ਪੇਸ਼ ਕਰਨ ਦੀ ਬੇਨਤੀ ਕੀਤੀ ਗਈ ਸੀ, ਜਿਸ ਕਾਰਨ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੈਕੰਡਰੀ ਪਰਮਜੀਤ ਕੌਰ ਅਤੇ ਜ਼ਿਲ੍ਹਾ ਹੈਰੀਟੇਜ ਸੋਸਾਇਟੀ ਦੇ ਸਕੱਤਰ ਰਾਜਕੁਮਾਰ ਨੂੰ ਇਸ ਸਬੰਧੀ ਪ੍ਰਬੰਧ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ ਸਨ।ਇਸੇ ਲੜੀ ਤਹਿਤ ਜ਼ਿਲਾ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਕੰਮ ਪ੍ਰੋਗਰਾਮ ਅਫਸਰ ਨੂੰ ਅਗਲੇ ਪੰਜ ਦਿਨਾਂ ਲਈ ਜ਼ਿਲ੍ਹੇ ਦੇ 10 ਚੁਣੀਆਂ ਹੋਈਆਂ ਵਿੱਦਿਅਕ ਸੰਸਥਾਵਾਂ ਵਿੱਚ ਪ੍ਰਸਿੱਧ ਕਥਕ ਡਾਂਸਰ ਗਾਂਗਨੀ ਦੇ ਨਾਚ ਪੇਸ਼ ਕਰਨ ਅਤੇ ਨੌਜਵਾਨਾਂ ਨੂੰ ਭਾਰਤ ਦੇ ਵਿਸ਼ਾਲ ਸੱਭਿਆਚਾਰ ਬਾਰੇ ਜਾਣਨ ਲਈ ਉਤਸ਼ਾਹਿਤ ਕਰਨ ਦੇ ਨਿਰਦੇਸ਼ ਦਿੱਤੇ ਹਨ।ਬੁੱਧਵਾਰ ਨੂੰ ਸੇਂਟ ਵਰੀਅਰ ਸਕੂਲ, ਬਸਰਾਏ ਵਿੱਚ ਸਕੂਲ ਦੇ ਡਾਇਰੈਕਟਰ ਸਰਵਣ ਸਿੰਘ ਧੰਦਲ ਅਤੇ ਚੇਅਰਮੈਨ ਸੱਜਣ ਸਿੰਘ ਧੰਦਲ ਦੇ ਸਹਿਯੋਗ ਨਾਲ ਕਥਕ ਨਾਚ ਪੇਸ਼ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਦੇਸ਼ ਦੇ ਵੱਖ-ਵੱਖ ਹਿੱਸਿਆਂ ਦੇ ਸੱਭਿਆਚਾਰ ਦੀ ਝਲਕ ਦਿਖਾ ਕੇ ਅਮੀਰ ਵਿਰਾਸਤ ਬਾਰੇ ਜਾਣੂ ਕਰਵਾਇਆ ਗਿਆ।ਇਸ ਮੌਕੇ ਬੋਲਦਿਆਂ ਜ਼ਿਲ੍ਹਾ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਨੇ ਕਿਹਾ ਕਿ ਸਹਾਇਕ ਜ਼ਿਲ੍ਹਾ ਮੈਜਿਸਟ੍ਰੇਟ ਵਿਕਾਸ ਦੇ ਨਿਰਦੇਸ਼ਾਂ ਹੇਠ ਇਹ ਕੱਥਕ ਡਾਂਸਰ ਗਾਂਗਨੀ ਦਾ ਨਾਚ ਅਗਲੇ ਪੰਜ ਦਿਨਾਂ ਲਈ ਜ਼ਿਲ੍ਹੇ ਦੇ ਵੱਖ-ਵੱਖ ਵਿਦਿਅਕ ਅਦਾਰਿਆਂ ਵਿੱਚ ਪੇਸ਼ ਕੀਤਾ ਜਾਵੇਗਾ ਜਿਨ੍ਹਾਂ ਵਿੱਚ ਆਰ. ਆਰ. ਬਾਵਾ ਕਾਲਜ ਬਟਾਲਾ, ਸੈਂਟਰਲ ਪਬਲਿਕ ਸਕੂਲ ਘੁੰਮਣ, ਸੁਖਜਿੰਦਰ ਗਰੁੱਪ ਕਾਲਜ ਗੁਰਦਾਸਪੁਰ ਅਤੇ ਐੱਸ. ਐੱਸ. ਐੱਮ ਕਾਲਜ ਦੀਨਾਨਗਰ ਸ਼ਾਮਲ ਹਨ ਤਾਂ ਜੋ ਦੇਸ਼ ਦੀ ਅਮੀਰ ਵਿਰਾਸਤ ਅਤੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਵਾਲੇ ਇੰਡੀਅਨ ਇੰਟਰਨੈਸ਼ਨਲ ਰੂਰਲ ਕਲਚਰਲ ਸੈਂਟਰ, ਨਵੀਂ ਦਿੱਲੀ ਦੇ ਉਦੇਸ਼ਾਂ ਨੂੰ ਪੂਰਾ ਕੀਤਾ ਜਾ ਸਕੇ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਵਨ ਸਿੰਘ ਧੰਦਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੱਭਿਆਚਾਰਕ ਦੇ ਅਮੀਰ ਵਿਰਸੇ ਨਾਲ ਵਿਦਿਆਰਥੀਆਂ ਨੂੰ ਜਾਣੂ ਕਰਵਾਉਣਾ ਇੱਕ ਸ਼ਲਾਘਾਯੋਗ ਉਪਰਾਲਾ ਹੈ ਅਤੇ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਲਈ ਸਕੂਲ ਮੈਨੇਜਮੈਂਟ ਹਮੇਸ਼ਾ ਤਿਆਰ ਹੈ।

ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਆਈ ਹੋਈ ਟੀਮ ਨੂੰ ਸਨਮਾਨਿਤ ਕੀਤਾ ਗਿਆ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਹਾਇਕ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਕੁਮਾਰ, ਹਰੀਸ਼ ਗੰਗਾਨੀ, ਦਿਨੇਸ਼ ਪ੍ਰਸਾਦ ਅਤੇ ਪ੍ਰਿੰਸੀਪਲ ਪਰਮਵੀਰ ਸਿੰਘ ਵੀ ਉਨ੍ਹਾਂ ਨਾਲ ਮੌਜੂਦ ਸਨ।



# ਆਰ ਐੱਮ ਪੀ ਆਈ ਨੇ ਮੋਦੀ ਸਰਕਾਰ ਦਾ ਫੂਕਿਆ ਪੁਤਲਾ

**ਜਲੰਧਰ (ਰਾਜੇਸ਼ ਥਾਪਾ)-** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੱਲੋਂ ਜਾਤੀਵਾਦੀ ਤੇ ਲਿੰਗਕ ਜਬਰ ਤੇ ਵਿਤਕਰੇ ਨੂੰ ਸੰਸਥਾਗਤ ਰੂਪ ਦੇਣ ਵਾਲੀ ਮਨੂੰਵਾਦੀ-ਹਿੰਦੂਤਵੀ ਸੋਚ ਖ਼ਿਲਾਫ਼ ਰੋਸ ਪ੍ਰਗਟਾਉਣ ਲਈ 15 ਅਕਤੂਬਰ ਨੂੰ ਗੜ੍ਹਾ (ਜਲੰਧਰ) ਵਿੱਚ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਨਾਲ ਜੁੜੇ ਇਕ ਸ਼ਖ਼ਸ ਵੱਲੋਂ ਭਾਰਤ ਦੀ ਸਰਵ ਉੱਚ ਅਦਾਲਤ ਦੇ ਮੁੱਖ ਜੱਜ ਵੱਲ ਜੁੱਤੀ ਵਗਾਹ ਕੇ ਮਾਰਨ ਤੇ ਹਰਿਆਣਾ ਵਿਖੇ ਅਖੌਤੀ ਉੱਚ ਜਾਤੀ ਨਾਲ ਸਬੰਧਤ ਅਧਿਕਾਰੀਆਂ ਦੇ ਜਾਤੀ ਸੂਚਕ ਵਿਵਹਾਰ ਤੋਂ ਤੰਗ ਆਏ ਦਲਿਤ ਆਈ ਪੀ ਐਸ. ਅਧਿਕਾਰ ਵੱਲੋਂ ਖੁਦਕਸ਼ੀ ਕਰਨ ਨੂੰ ਸਾਧਾਰਨ ਜੁਰਮ ਸਮਝਣ ਦੀ ਭੁੱਲ ਨਹੀਂ ਕਰਨੀ ਚਾਹੀਦੀ। ਇਵੇਂ ਹੀ ਤਾਲਿਬਾਨ ਨੁਮਾਇੰਦਿਆਂ ਦੀ ਪੱਤਰਕਾਰ ਵਾਰਤਾ 'ਚ ਮਹਿਲਾ ਨਾਮਾਨਿਗਾਰ ਨੂੰ ਦਾਖ਼ਲ ਨਾ ਹੋਣ ਦੇਣ ਤੇ ਭਾਰਤ ਦੀ ਮੋਦੀ ਸਰਕਾਰ ਵਲੋਂ ਇਸ ਵਤੀਰੇ ਦਾ ਬਣਦਾ ਪ੍ਰਤੀਕਾਰ ਨਾ ਕਰਨਾ ਵੀ ਕੋਈ ਮਾਮੂਲੀ ਘਟਨਾ ਨਹੀਂ ਹੈ। ਸਾਥੀ ਨੂਰਪੁਰੀ ਨੇ ਉਕਤ




ਪਾਰਟੀ ਦੇ ਤਹਿਸੀਲ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਦੱਸਿਆ ਕਿ ਉਕਤ ਰੋਸ ਪ੍ਰਦਰਸ਼ਨ ਦੌਰਾਨ ਸਮਾਜਿਕ ਨਿਆਂ ਦੀ ਪ੍ਰਾਪਤੀ ਅਤੇ ਇਸਤਰੀਆਂ ਦੇ ਸਵੈਮਾਨ ਦੀ ਰਾਖੀ ਲਈ ਤੇ ਦਲਿਤਾਂ-ਔਰਤਾਂ ਅਤੇ ਦੇਸ਼ ਭਰ 'ਚ ਵੱਧ ਰਹੇ ਜ਼ੁਲਮਾਂ ਤੇ ਵਿਤਕਰਿਆਂ ਖਿਲਾਫ਼ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ। ਉਨ੍ਹਾਂ ਕਿਹਾ ਕਿ ਆਰ ਐਸ ਐਸ ਸ਼ਾਵਨਵਾਦੀ ਵਿਚਾਰਾਂ ਖ਼ਿਲਾਫ ਡੱਟਵਾਂ ਪ੍ਰਤੀਰੋਧ ਉਸਾਰਨ ਤੇ ਮਜ਼ਬੂਤ ਲਾਮਬੰਦੀ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤਹਿਸੀਲ ਵਿੱਤ ਸਕੱਤਰ ਰਾਮ ਕਿਸ਼ਨ, ਸੁਨੀਤਾ ਨੂਰਪੁਰੀ, ਤਰਸੇਮ ਕਾਦੀਆਂ, ਅਸ਼ੋਕ ਕੁਮਾਰ ਭਾਰਗੋ ਕੈਂਪ, ਜਸਵਿੰਦਰ ਮੁਹੱਦੀਪੁਰ ਅਰਾਈਆਂ, ਸੀਮਾ, ਨਿਰਮਲਾ ਆਦਿ ਹਾਜ਼ਰ ਸਨ।

# ਨਿਰਮਲਾ ਸੰਪਰਦਾਇ ਪੁਰਾਤਨ ਵਿਰਸੇ ਦੇ ਨਾਲ-ਨਾਲ ਡਿਜੀਟਲ ਹੋਣ ਵੱਲ ਵਧੇ : ਸੀਚੇਵਾਲ

**ਸ਼ਾਹਕੋਟ (ਗਿਆਨ ਸੈਦਪੁਰੀ)** ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਨਿਰਮਲਾ ਸੰਪਰਦਾਇ ਨੂੰ ਸੱਦਾ ਦਿੱਤਾ ਹੈ ਕਿ ਉਹ ਪੁਰਾਤਨ ਵਿਰਸੇ ਦੇ ਨਾਲ ਨਾਲ ਡਿਜੀਟਲ ਹੋਣ ਵੱਲ ਵਧੇ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿੱਚ ਨਿਰਮਲਾ ਸੰਤ ਮੰਡਲ ਵੱਲੋਂ ਕਰਵਾਏ ਜਾ ਰਹੇ ਦੋ ਦਿਨਾਂ ਅੰਤਰਰਾਸ਼ਟਰੀ ਸੈਮੀਨਾਰ ਦੇ ਪਹਿਲੇ ਦਿਨ ਦੇ ਆਖਰੀ

**● ਦੋ ਦਿਨਾ ਅੰਤਰ-ਰਾਸ਼ਟਰੀ ਸੈਮੀਨਾਰ ਦਾ ਆਗਾਜ਼**

ਸ਼ੈਸ਼ਨ ਦੌਰਾਨ ਪ੍ਰਧਾਨਗੀ ਭਾਸ਼ਣ ਦਿੰਦਿਆ ਸੰਤ ਸੀਚੇਵਾਲ ਨੇ ਕਿਹਾ ਕਿ ਨਿਰਮਲਾ ਸੰਪਰਦਾਇ ਦੀ ਸਿੱਖ ਪੰਥ ਨੂੰ ਵੱਡੀ ਦੇਣ ਹੈ। ਨਿਰਮਲੇ ਸੰਤਾਂ ਮਹਾਂਪੁਰਸ਼ਾਂ ਵੱਲੋਂ ਲਿਖੇ ਗ੍ਰੰਥਾਂ ਨੂੰ ਜਿੱਥੇ ਡਿਜੀਟਲ ਰੂਪ ਦੇ ਕੇ ਸੰਭਾਲਣਾ ਚਾਹੀਦਾ ਹੈ ਉੱਥੇ ਨਵੀਆਂ ਛਾਪੀਆਂ ਜਾਣ ਵਾਲੀਆਂ ਕਿਤਾਬਾਂ ਨੂੰ ਵੀ ਡਿਜ਼ੀਟਲ ਰੂਪ ਦਿੱਤਾ ਜਾਵੇ। ਸੰਤ ਬਲਬੀਰ ਸਿੰਘ ਸੀਚੇਵਾਲ ਨਿਰਮਲਾ ਸੰਤ ਮੰਡਲ ਦੇ ਸਰਪ੍ਰਸਤ-ਕਮ-ਚੇਅਰਮੈਨ ਹਨ। ਸੰਤ ਸੀਚੇਵਾਲ ਨੇ ਨਿਰਮਲਾ ਸੰਪਰਦਾਇ ਵੱਲੋਂ ਨਿਭਾਈ ਗਈ ਭੂਮਿਕਾ ਦਾ ਜ਼ਿਕਰ ਕਰਦਿਆ ਕਿਹਾ ਕਿ ਗੁਰਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਕਰਨ ਦਾ ਜ਼ੁੰਮਾ ਇਸ ਸੰਪਰਦਾ ਵੱਲੋਂ ਬੜੀ ਤਨਦੇਹੀ ਨਾਲ ਨਿਭਾਇਆ ਗਿਆ। ਇਸਦੇ ਨਾਲ ਹੀ ਵੈਦਿਕ ਪੱਖ ਨੂੰ ਵੀ ਨਿਰਮਲਾ ਸੰਪਰਦਾ ਨੇ ਆਪਣੀ ਜ਼ੁੰਮੇਵਾਰੀ ਸਮਝਦਿਆ ਇਸ ਦਾ ਪ੍ਰਸਾਰਾ ਪਿੰਡ ਪਿੰਡ ਤੱਕ ਕੀਤਾ ਹੈ। ਉਹਨਾਂ ਕਿਹਾ ਕਿ ਬਦਲ ਰਹੇ ਜ਼ਮਾਨੇ ਦੇ ਨਾਲ ਨਿਰਮਲਾ



ਸੰਪਰਦਾ ਨੂੰ ਵੀ ਅੱਗੇ ਵੱਧਣ ਦੀ ਲੋੜ ਹੈ। ਉਹਨਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਏ.ਆਈ (ਆਰਟੀਫੀਸ਼ਅਲ ਇੰਟਲੀਜੈਂਸ) ਇੱਕ ਚੁਣੌਤੀ ਹੈ। ਆਧੁਨਿਕ ਤਕਨੀਕ ਦੇ ਗਿਆਨ ਨੂੰ ਸਮਾਜ ਦੇ ਪੱਖ ਵਿੱਚ ਵਰਤਣ ਦੀ ਲੋੜ ਹੈ। ਸੰਤ ਸੀਚੇਵਾਲ ਨੇ ਦੱਸਿਆ ਕਿ ਸ਼ੋਸ਼ਲ ਮੀਡੀਆ ਦੇ ਬਹੁਤ ਸਾਰੇ ਪਲੈਟਫਾਰਮ ਹਨ ਇਹਨਾਂ ਸਾਰੇ ਮੰਚਾਂ ਨੂੰ ਨਿਰਮਲ ਸੰਪਰਦਾ ਆਪਣੀ ਸੂਝ ਬੂਝ ਨਾਲ ਵਰਤਣ ਲਈ ਅੱਗੇ ਆਵੇ। ਇਸ ਸਮਾਗਮ ਨੂੰ ਨਿਰਮਲਾ ਪੰਚਾਇਤੀ ਅਖਾੜਾ ਦੇ ਸ਼੍ਰੀਮਹੰਤ ਗਿਆਨੀ ਗਿਆਨ ਦੇਵ ਸਿੰਘ ਨੇ ਵੀ ਸੰਬੋਧਨ ਕੀਤਾ ਅਤੇ ਉਹਨਾਂ ਨੇ ਨਿਰਮਲਾ ਸੰਪਰਦਾਇ ਦੀ ਸਿੱਖ ਪੰਥ ਨੂੰ ਦੇਣ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਇਸ ਸਮਾਗਮ ਵਿੱਚ ਡਾ. ਪਰਮਜੀਤ ਸਿੰਘ ਸਰਨਾ, ਪ੍ਰੋਫੈਸਰ ਸੁਲਖਣ ਸਿੰਘ ਮਾਨ, ਸੰਤ ਜੀਤ ਰੱੜ੍ਹਾ, ਡਾ. ਆਸਾ ਸਿੰਘ ਘੁੰਮਣ, ਸੁਖਵੰਤ ਸਿੰਘ ਨਾਹਲ, ਡਾ. ਜਸਵੀਰ ਸਿੰਘ ਮਾਨ, ਮੁਖਤਿਆਰ ਚੰਦੀ, ਸੰਤ ਭਗਵਾਨ ਸਿੰਘ ਹਰਖੋਵਵਾਲ, ਸੰਤ ਬਲਰਾਜ ਸਿੰਘ ਜਿਆਣ, ਡਾ. ਜਸਵੰਤ ਸਿੰਘ ਬੁੱਗਰਾਂ, ਸੰਤ ਅਵਤਾਰ ਸਿੰਘ ਭੀਖੋਵਾਲ ਸਮੇਤ ਹੋਰ ਵੀ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ।

# ਸ਼ਾਮ ਚੌਰਾਸੀ 'ਚ ਸ਼ੁਰੂ ਹੋਇਆ ਪ੍ਰਾਇਮਰੀ ਬਲਾਕ ਪੱਧਰੀ ਖੇਡ ਮੇਲਾ

**ਪਹਿਲੇ ਦਿਨ 98 ਸਕੂਲਾਂ ਦੇ 1100 ਵਿਦਿਆਰਥੀਆਂ ਨੇ ਦਿਖਾਇਆ ਉਤਸ਼ਾਹ**

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)-** ਬਲਾਕ ਸ਼ਾਮ ਚੌਰਾਸੀ ਦੇ ਪ੍ਰਾਇਮਰੀ ਬਲਾਕ ਪੱਧਰੀ ਖੇਡਾਂ ਦਾ ਪਹਿਲਾ ਦਿਨ 15 ਅਕਤੂਬਰ ਨੂੰ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ। ਇਹ ਸਮਾਗਮ ਸੈਂਟਰ ਹੈਡ ਟੀਚਰ ਓਂਕਾਰ ਸਿੰਘ ਸੂਸ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਧਿਕਾਰੀ ਬਲਾਕ 1ਏ ਰਾਜਕੁਮਾਰ ਦੀ



ਅਗਵਾਈ ਹੇਠ ਸ਼ਾਮ ਚੌਰਾਸੀ ਦੇ ਖੇਡ ਸਟੇਡੀਅਮ 'ਚ ਸ਼ੁਰੂ ਹੋਇਆ। ਖੇਡਾਂ ਦਾ ਉਦਘਾਟਨ ਉਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਸਿੱਖਿਆ) ਅਮਨਦੀਪ ਸ਼ਰਮਾ ਨੇ ਝੰਡਾ ਲਹਿਰਾ ਕੇ ਅਤੇ ਖਿਡਾਰੀਆਂ ਨਾਲ ਜਾਣ-ਪਛਾਣ ਕਰਦੇ ਹੋਏ ਕੀਤਾ। ਪਹਿਲੇ ਦਿਨ ਹੋਈਆਂ ਖੇਡਾਂ 'ਚ ਸਰਕਾਰੀ ਤੇ ਪ੍ਰਾਈਵੇਟ 98 ਸਕੂਲਾਂ ਦੇ ਲਗਭਗ 1100 ਵਿਦਿਆਰਥੀਆਂ ਨੇ ਭਾਗ ਲਿਆ। ਕਬੱਡੀ, ਖੋ-ਖੋ, ਰੱਸਾਕਸ਼ੀ, ਗੋਲਾ ਸੁੱਟ, ਕਰਾਟੇ ਅਤੇ ਹਾਕੀ ਵਰਗੀਆਂ ਖੇਡਾਂ ਨੇ ਮੈਦਾਨ ਦਾ ਮਾਹੌਲ ਰੌਣਕਾਂ ਨਾਲ ਭਰ ਦਿੱਤਾ। ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਬਲਾਕ ਸਪੋਰਟਸ ਅਫਸਰ ਰਾਮ ਸਿੰਘ, ਹਰਦੇਵ ਰਾਏ ਅਬਰੋਲ, ਸੰਤੋਸ਼ ਕੁਮਾਰੀ, ਮੋਨਿਕਾ ਜੈਨ, ਮਨੋਹਰ ਸਿੰਘ ਬੈਂਸ, ਸੁਖਵਿੰਦਰ ਸਿੰਘ ਸਹੋਤਾ, ਸੁਖਵਿੰਦਰ ਸਿੰਘ ਸੂਸ, ਜਸਪ੍ਰੀਤ ਸਿੰਘ, ਸੁਖਰਾਜ ਸਿੰਘ ਧਾਮੀ ਸਮੇਤ ਕਈ ਅਧਿਆਪਕ ਹਾਜ਼ਰ ਸਨ। ਮੁੱਖ ਮਹਿਮਾਨ ਅਮਨਦੀਪ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਜੀਵਨ ਦਾ ਅਟੁੱਟ ਹਿੱਸਾ ਹਨ। ਪਹਿਲੇ ਦਿਨ ਦੇ ਸਮਾਪਨ 'ਤੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਅਗਲੇ ਦਿਨ ਦੇ ਮੁਕਾਬਲਿਆਂ ਲਈ ਖਿਡਾਰੀਆਂ 'ਚ ਖਾਸ ਉਤਸ਼ਾਹ ਬਣਿਆ ਰਿਹਾ।

# ਡਾ. ਸੁੱਖੀ ਨੇ ਪੰਚਾਇਤ ਨੂੰ 16.75 ਲੱਖ ਦੇ ਚੈੱਕ ਵੰਡੇ



**ਬੰਗਾ (ਅਵਤਾਰ ਕਲੇਰ)-** ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਬੰਗਾ ਹਲਕੇ ਦੀਆ ਵੱਖ-ਵੱਖ ਪੰਚਾਇਤ ਨੂੰ 16.75 ਲੱਖ ਦੇ ਚੈੱਕ ਵੰਡੇ। ਇਹ ਰਕਮ ਪਿੰਡ ਪੱਧਰ 'ਤੇ ਹੋ ਰਹੇ ਵਿਕਾਸ ਕਾਰਜਾਂ ਲਈ ਦਿੱਤੀ ਗਈ ਹੈ, ਜਿਸ ਵਿੱਚ ਗਲੀਆਂ-ਨਾਲੀਆਂ ਦੀ ਮੁਰੰਮਤ, ਪੀਣ ਵਾਲੇ ਪਾਣੀ ਦੀ ਸੁਵਿਧਾ, ਸਟ੍ਰੀਟ ਲਾਈਟਾਂ, ਸਫਾਈ ਅਤੇ ਹੋਰ ਜ਼ਰੂਰੀ ਲੋੜਾਂ ਸ਼ਾਮਲ ਹਨ।ਡਾ. ਸੁੱਖੀ ਨੇ ਕਿਹਾ ਕਿ ਸਾਡਾ ਮਕਸਦ ਹਰ ਪਿੰਡ ਤੱਕ ਵਿਕਾਸ ਪਹੁੰਚਾਉਣਾ ਹੈ। ਪੰਚਾਇਤਾਂ ਨੂੰ ਅਧਿਕਾਰ ਦਿੱਤੇ ਜਾ ਰਹੇ ਹਨ ਤਾਂ ਜੋ ਉਹ ਆਪਣੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜ ਕਰ ਸਕਣ। ਇਸ ਰਕਮ ਦੀ ਵਰਤੋਂ ਪੂਰੇ ਪਾਰਦਰਸ਼ੀ ਢੰਗ ਨਾਲ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਫੰਡ ਜਾਰੀ ਕੀਤੇ ਜਾਣਗੇ, ਅਤੇ ਸਰਕਾਰ ਪਿੰਡ ਪੱਧਰ 'ਤੇ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰੇਗੀ। ਇਸ ਮੌਕੇ ਸੋਹਣ ਲਾਲ ਢੰਡਾ (ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ), ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ, ਪਵਨਜੀਤ ਸਿੰਘ ਸਿੱਧੂ (ਹਲਕਾ ਸੰਗਠਨ ਇੰਚਾਰਜ ਬੰਗਾ) ਸਰਪੰਚ ਸਤਪਾਲ ਲੌਂਗੀਆ ਗੋਬਿੰਦਪੁਰ, ਸਰਪੰਚ ਪਿਆਰਾ ਰਾਮ ਹੀਓਂ, ਅਮਰਜੀਤ ਸਿੰਘ ਨੰਬਰਦਾਰ ਗੋਬਿੰਦਪੁਰ, ਹਰਪ੍ਰੀਤ ਸਿੰਘ ਸਰਪੰਚ ਸੱਲ੍ਹ ਕਲਾਂ, ਦਾਰਾ ਸਿੰਘ ਸਰਪੰਚ ਕਲੇਰਾਂ, ਤਰਸੇਮ ਲਾਲ ਝੱਲੀ ਸਾਬਕਾ ਸਰਪੰਚ, ਅਮਰਜੀਤ ਖਟਕੜ, ਸਰਬਜੀਤ ਸਿੰਘ ਆਦਿ ਹਾਜ਼ਰ ਸਨ ।

# ਮਨੂੰਵਾਦੀ ਤਾਕਤਾਂ ਵੱਲੋਂ ਦਲਿਤਾਂ ਖਿਲਾਫ ਨਫਰਤ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰੋ : ਜਮਹੂਰੀ ਅਧਿਕਾਰ ਸਭਾ

**ਜਲੰਧਰ (ਕੇਸਰ)-** ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਮੰਨੂਵਾਦੀ ਜਾਤੀ ਵਿਤਕਰੇ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਹੈ।ਸਭਾ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਨ ਸਿੰਘ, ਸੂਬਾ ਸਕੱਤਰ ਪ੍ਰਿਤਪਾਲ ਸਿੰਘ ਅਤੇ ਸੂਬਾ ਪ੍ਰੈਸ ਸਕੱਤਰ ਸ਼ਾਸਤਰੀ ਨੇ ਇਕ ਪ੍ਰੈਸ ਬਿਆਨ ਰਾਹੀਂ ਆਖਿਆ ਹੈ ਕਿ ਭਾਰਤ ਦੇ ਚੀਫ ਜਸਟਿਸ ਉਪਰ ਭਰੀ ਅਦਾਲਤ 'ਚ ਪਿੱਛਲੇ ਦਿਨੀਂ ਸਨਾਤਨੀ ਸੋਚ ਨਾਲ ਘੜੁੱਚ ਜੁੱਤੀ ਸੁੱਟਣ ਦੀ ਵਾਰਦਾਤ ਭਾਰਤੀ ਸਮਾਜ ਅੰਦਰ ਦਲਿਤਾਂ ਖਿਲਾਫ ਜਾਤੀ ਨਫਰਤ ਦਾ ਖੁੱਲ੍ਹਾ ਪ੍ਰਗਟਾਵਾ ਹੈ ਅਤੇ ਮਨੁੱਖੀ ਤੇ ਜਮਹੂਰੀ ਕਦਰਾਂ ਕੀਮਤਾਂ ਦੀ ਘੋਰ ਉਲੰਘਣਾ ਹੈ। ਇਸ ਵਾਰਦਾਤ ਉਪਰ ਕਾਨੂੰਨ ਮਹਿਕਮੇ ਦੀ ਚੁੱਪੀ ਇਕ ਦਲਿਤ ਜੱਜ ਉੱਪਰ ਹਮਲੇ ਵੀ ਉਸੇ ਸਨਾਤਨੀ ਏਜੰਡੇ ਨੂੰ ਹੱਲਾਸ਼ੇਰੀ ਵਜੋਂ ਨੋਟ ਕਰਦੀ ਹੈ ਜਿਸ ਨੂੰ ਸੰਘ ਪਰਿਵਾਰ ਅੱਗੇ ਵਧਾ ਰਿਹਾ ਹੈ। ਇਸੇ ਹੀ ਨਫਰਤ ਤੇ ਵਿਤਕਰੇ ਦਾ ਸ਼ਿਕਾਰ ਇਹਨੀ ਦਿਨੀਂ ਹਰਿਆਨਾ ਦੇ ਉੱਚ ਪੁਲਸ ਅਧਿਕਾਰੀ ਨੇ ਆਪਣੀ ਜਾਨ ਤਿਆਗ ਦਿੱਤੀ। ਆਗੂਆਂ ਨੇ ਮੋਦੀ ਸਰਕਾਰ ਦੀ ਪੂਰੀ ਤਰ੍ਹਾਂ ਨਾਕਾਮੀ ਦੀ ਨਿੰਦਾ ਕੀਤੀ, ਜੋ ਭਾਰਤੀ ਨਿਆਂਪਾਲਿਕਾ ਦੇ ਸਰਵਉੱਚ ਅਹੁਦੇ ਤੇ ਇੰਨੇ ਗੰਭੀਰ ਹਮਲੇ ਲਈ ਇੱਕ ਵੀ ਐਫਆਈਆਰ ਦਰਜ ਕਰਨ ਵਿੱਚ ਅਸਫਲ ਰਹੀ ਹੈ।

# ਮੂੰਹ-ਖੁਰ ਬਿਮਾਰੀ ਦੀ ਰੋਕਥਾਮ ਲਈ ਮੁਫ਼ਤ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-** ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੰਜਾਬ ਭਰ ਵਿੱਚ 15 ਅਕਤੂਬਰ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਅ ਲਈ ਗੌਰੀ ਸ਼ੰਕਰ ਸੇਵਾ ਦਲ, ਇੰਡਸਟ੍ਰੀਅਲ ਏਰੀਆਂ ਫੇਜ਼-1, ਮੋਹਾਲੀ ਵਿਖੇ ਸਥਿਤ ਗਊਸ਼ਾਲਾ ਵਿਖੇ ਮੁਫ਼ਤ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਵਿੱਚ ਲਗਭਗ 59 ਲੱਖ ਗਾਵਾਂ



ਅਤੇ ਮੱਝਾਂ ਨੂੰ ਮੂੰਹ-ਖੁਰ ਦੀ ਬਿਮਾਰੀ ਤੋਂ ਬਚਾਅ ਲਈ ਸਰਕਾਰ ਵੱਲੋਂ ਐਫ ਐਮ ਡੀ ਦੇ ਸੱਤਵੇਂ ਗੇੜ ਦੇ ਰਾਹੀਂ ਮੁਫਤ ਟੀਕਾਕਰਨ ਕੀਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਛੇ ਗੇੜ ਸਫਲਤਾ ਪੂਰਵਕ ਪਾਰ ਕੀਤੇ ਜਾ ਚੁੱਕੇ ਹਨ, ਜਿਸ ਕਾਰਨ ਪੰਜਾਬ ਵਿੱਚ ਗਾਵਾਂ ਮੱਝਾਂ ਨੂੰ ਇਸ ਬਿਮਾਰੀ ਤੋਂ ਬਚਾਇਆ ਜਾ ਸਕਿਆ। ਇਸ ਮੌਕੇ ਪਸ਼ੂ ਪਾਲਣ ਮੰਤਰੀ ਵੱਲੋਂ ਗਊਸ਼ਾਲਾ ਨੂੰ 50,000 ਦਾ ਚੈੱਕ ਵੀ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਰਾਹੀਂ ਸਰਕਾਰ ਦਾ ਮੁੱਖ ਉਦੇਸ਼ ਪੰਜਾਬ ਵਿੱਚੋਂ ਮੂੰਹ-ਖੁਰ ਦੀ ਬਿਮਾਰੀ ਨੂੰ ਜੜ੍ਹੋਂ ਖਤਮ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਹ ਟੀਕਾਕਰਨ ਪਸ਼ੂ ਪਾਲਣ ਵਿਭਾਗ ਦੇ ਸਟਾਫ਼ ਵੱਲੋਂ ਪੂਰੇ ਪੰਜਾਬ ਅੰਦਰ ਘਰ-ਘਰ ਜਾ ਕੇ ਬਿਲਕੁਲ ਮੁਫ਼ਤ ਕੀਤਾ ਜਾ ਰਿਹਐੌਂਆ ਹੈ। ਪੰਜਾਬ ਪੱਧਰੀ ਇਸ ਟੀਕਾਕਰਨ ਮੁਹਿੰਮ ਦਾ ਮਕਸਦ ਪਸ਼ੂਆਂ ਨੂੰ ਮੂੰਹ-ਖੁਰ ਜਿਹੇ ਮਾਰੂ ਰੋਗ ਤੋਂ ਮੁਕਤ ਰੱਖਣਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਪਸ਼ੂ ਪਾਲਕ ਆਪਣੇ ਪਸ਼ੂਆਂ ਨੂੰ ਪਹਿਲ ਦੇ ਆਧਾਰ 'ਤੇ ਇਹ ਟੀਕੇ ਲਗਵਾਉਣ। ਪਸ਼ੂਧੰਨ ਵਿੱਚ ਮੂੰਹ-ਖੋਰ ਦੀ ਬਿਮਾਰੀ ਬਹੁਤ ਹੀ ਖਤਰਨਾਕ ਬਿਮਾਰੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ 45 ਦਿਨਾਂ ਦੇ ਵਿੱਚ-ਵਿੱਚ ਮੁਕੰਮਲ ਕੀਤਾ ਜਾਣਾ ਹੈ ਅਤੇ ਜਲਦ ਹੀ ਪੰਜਾਬ ਰਾਜ ਨੂੰ ਮੂੰਹ-ਖੋਰ ਬਿਮਾਰੀ ਤੋਂ ਮੁਕਤ ਕੀਤਾ ਜਾਵੇਗਾ। ਇਸ ਬਿਮਾਰੀ ਤੋਂ ਬਚਾਅ ਲਈ ਪਸ਼ੂ ਪਾਲਣ ਵਿਭਾਗ ਵੱਲੋਂ ਤਿੰਨ ਸਾਲ ਤੋਂ ਲਗਾਤਾਰ ਟੀਕਾਕਾਰਨ ਕੀਤਾ ਜਾ ਰਿਹਾ ਹੈ।ਇਸ ਮੌਕੇ ਡਾ. ਸ਼ਾਮ ਸਿੰਘ, ਜੁਆਇੰਟ ਡਾਇਰੈਕਟਰ, ਪਸ਼ੂ ਪਾਲਣ, ਡਾ. ਭੁਪਿੰਦਰਪਾਲ ਸਿੰਘ, ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਡਾ. ਆਲਮਦੀਪ ਕੌਰ, ਸਹਾਇਕ ਡਾਇਰੈਕਟਰ, ਪਸ਼ੂ ਪਾਲਣ, ਡਾ. ਲੋਕੇਸ਼ ਕਾਜਲ, ਸਹਾਇਕ ਡਾਇਰੈਕਟਰ, ਪਸ਼ੂ ਪਾਲਣ, ਅਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਦਲਿਤਾਂ 'ਤੇ ਹੋ ਰਹੇ ਅੱਤਿਆਚਾਰਾਂ ਦੇ ਖ਼ਿਲਾਫ਼ ਪ੍ਰਧਾਨ ਮੰਤਰੀ ਦਾ ਪੁਤਲਾ ਫੂਕਿਆ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)-** ਜ਼ਿਲ੍ਹਾ ਕਪੂਰਥਲਾ ਦੀ ਤਹਿਸੀਲ ਸੁਲਤਾਨਪੁਰ ਲੋਧੀ ਦੇ ਪਿੰਡ ਰਾਮਪੁਰ ਜਗੀਰ ਚੌਂਕ ਵਿਖੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਮੋਦੀ ਸਰਕਾਰ ਦਾ



ਪੁਤਲਾ ਫੂਕਿਆ ਗਿਆ, ਜਿਸ ਵਿੱਚ ਇਲਾਕੇ ਦੇ ਵੱਖ ਵੱਖ ਪਿੰਡਾਂ ਤੋਂ ਆਏ ਬਹੁਤ ਸਾਰੇ ਮਰਦ ਅਤੇ ਔਰਤਾਂ ਨੇ ਸ਼ਮੂਲੀਅਤ ਕੀਤੀ। ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਹਰਬੰਸ ਮੱਟੂ ਨੇ ਕਿਹਾ ਪਿਛਲੇ ਦਿਨੀਂ ਹਰਿਆਣੇ ਦੇ ਏਡੀਜੀਪੀ, ਵਾਈ ਪੂਰਨ ਕੁਮਾਰ ਆਈ ਏ ਐੱਸ ਜੋ ਕਿ ਪਿਛਲੇ ਦਿਨੀਂ ਹਰਿਆਣੇ ਦੇ ਡੀ ਜੀ ਪੀ ਹੋਰ ਅਧਿਕਾਰੀ ਅਤੇ ਸਰਕਾਰ ਦੀਆਂ ਵਧੀਕੀਆਂ ਤੋਂ ਤੰਗ ਆ ਕੇ ਆਤਮ ਹੱਤਿਆ ਕਰ ਲਈ ਸੀ ਅਤੇ ਦੂਸਰੀ ਘਟਨਾ ਦੇਸ਼ ਦੀ ਸਭ ਵੱਡੀ ਕੋਰਟ ਸੁਪਰੀਮ ਕੋਰਟ ਦੇ ਜੱਜ ਤੇ ਜੁੱਤੀ ਸੁੱਟਣ ਬਾਰੇ ਚਰਚਾ ਕੀਤੀ ਗਈ। ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਈ ਆਗੂ ਕਾ. ਹਰਬੰਸ ਮੱਟੂ ਨੇ ਕਿਹਾ ਕਿ ਕੇਂਦਰ ਸਰਕਾਰ ਦਲਿਤਾਂ 'ਤੇ ਗ਼ਰੀਬ ਲੋਕਾਂ ਤੇ ਅੰਨੇਵਾਹ ਤਸ਼ੱਦਦ ਕਰ ਰਹੀ ਹੈ। ਇਸ ਲਈ ਸਾਰੇ ਪੰਜਾਬ ਅੰਦਰ ਰੋਸ ਵਜੋਂ ਮੋਦੀ ਸਰਕਾਰ ਦੇ ਪੁਤਲੇ ਫੂਕੇ ਜਾ ਰਹੇ ਹਨ। ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰਦ ਅਤੇ ਔਰਤਾਂ ਵੀ ਸ਼ਾਮਲ ਹੋਈਆਂ। ਇਸ ਮੌਕੇ ਬੀਬੀ ਮਿੰਦੋ, ਜਸਵਿੰਦਰ ਕੌਰ, ਪਿੰਦਰ ਕੌਰ, ਸਿਮਰੋ, ਮਹਿੰਦਰ ਕੌਰ, ਮਨਜੀਤ ਕੌਰ, ਹੈਪੀ ਹੈਦਰਾਬਾਦ ਦੋਨਾਂ, ਮਨਦੀਪ ਸਿੰਘ ਸੋਨੀ, ਰਣਜੀਤ ਸਿੰਘ ਰਾਣਾ, ਸਤਨਾਮ ਸਿੰਘ ਨੇ ਧੰਨਵਾਦ ਕੀਤਾ।

# ਵਾਇਰਲ ਹੋ ਰਹੀ ਵੀਡੀਓ ਨੂੰ ਲੈ ਕੇ ਸਾਬਕਾ ਥਾਣਾ ਮੁਖੀ 'ਤੇ ਕੇਸ ਦਰਜ

**ਫਿਲੌਰ (ਨਿਰਮਲ)-** 15 ਅਕਤੂਬਰ ਨੂੰ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡੀ ਐੱਸ ਪੀ ਫਿਲੌਰ ਸਰਵਣ ਸਿੰਘ ਬੱਲ ਨੇ ਦੱਸਿਆ ਕਿ ਐਸ.ਐਸ.ਪੀ. ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੋਸ਼ਲ ਮੀਡੀਆ 'ਤੇ ਸਾਬਕਾ ਥਾਣਾ ਮੁੱਖੀ ਫਿਲੌਰ ਸਬ ਇੰਸਪੈਕਟਰ ਭੂਸ਼ਣ ਕੁਮਾਰ ਦੇ ਵਿਰੁੱਧ ਥਾਣਾ ਫਿਲੌਰ ਵਿਖੇ ਕੇਸ ਦਰਜ ਕੀਤਾ ਗਿਆ ਹੈ। ਡੀ ਐਸ ਪੀ ਬੱਲ ਨੇ ਦੱਸਿਆ ਕਿ ਭੂਸ਼ਣ ਕੁਮਾਰ 'ਤੇ ਦੋਸ਼ ਸੀ ਕਿ ਉਸ ਨੇ ਸਰਕਾਰੀ ਮੋਬਾਈਲ ਫ਼ੋਨ ਨੰਬਰ 95179-87501 ਤੋਂ ਕਿਸੇ ਅਣਪਛਾਤੇ ਨੰਬਰ 'ਤੇ ਕਾਲ ਕੀਤੀ ਸੀ ਜਿਸ ਵਿਚ ਉਹ ਇਕ ਔਰਤ ਨਾਲ ਗੱਲਬਾਤ ਕਰ ਰਿਹਾ ਹੈ ਅਤੇ ਉਸ ਔਰਤ ਨੂੰ ਕਹਿ ਰਿਹਾ ਹੈ ਕਿ ਉਹ ਜਲਦੀ ਤੋਂ ਜਲਦੀ ਇੱਕਲੀ ਹੀ ਉਸ ਨੂੰ ਮਿਲਣ ਲਈ ਆ ਜਾਵੇ। ਉਨ੍ਹਾਂ ਦੱਸਿਆ ਕਿ ਉਹ ਕਥਿਤ ਤੌਰ 'ਤੇ ਉਸ ਔਰਤ ਨਾਲ ਅਸ਼ਲੀਲ ਗੱਲਾਂ ਕਰ ਰਿਹਾ ਹੈ।ਡੀ.ਐਸ.ਪੀ. ਫਿਲੌਰ ਨੇ ਦੱਸਿਆ ਕਿ ਬਾਅਦ ਵਿਚ ਇਕ ਹੋਰ ਵੀ ਡੀ ਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਮਿਲੀ ਜਿਸ ਵਿਚ ਭਸ਼ਣ ਕੁਮਾਰ ਇਕ ਹੋਰ ਔਰਤ ਨੂੰ ਵੀ.ਡੀ.ਓ. ਕਾਲ 'ਤੇ ਉਸ ਨਾਲ ਕਥਿਤ ਤੌਰ 'ਤੇ ਅਸ਼ਲੀਲ ਗੱਲਾਂ ਕਰ ਰਿਹਾ ਹੈ ਅਤੇ ਕਥਿਤ ਤੌਰ 'ਤੇ ਮਾੜੀ ਨੀਅਤ ਨਾਲ ਇੱਕਲੇ ਮਿਲਣ ਲਈ ਕਹਿ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਵੀ.ਡੀ.ਓ. ਵੀ 6 ਅਕਤੂਬਰ 2025 ਤੋਂ ਪਹਿਲਾਂ ਦੀ ਹੈ। ਜ਼ਿਕਰਯੋਗ ਹੈ ਕਿ 6 ਅਕਤੂਬਰ ਤੱਕ ਭੂਸ਼ਣ ਕੁਮਾਰ ਬਤੌਰ ਐਸ ਐਚ ਓ ਫਿਲੌਰ ਤਾਇਨਾਤ ਸੀ। ਉਨ੍ਹਾਂ ਕਿਹਾ ਕਿ ਭੂਸ਼ਣ ਕੁਮਾਰ 'ਤੇ ਦੋਸ਼ ਸੀ ਕਿ ਉਸ ਨੇ ਇਕ ਅਹਿਮ ਅਹੁਦੇ 'ਤੇ ਤਾਇਨਾਤ ਹੋਣ ਅਤੇ ਜ਼ਿੰਮੇਵਾਰ ਪੁਲਿਸ ਅਫ਼ਸਰ ਹੋਣ ਦੇ ਬਾਵਜੂਦ ਆਪਣੇ ਅਹੁਦੇ ਦੀ ਨਾਜਾਇਜ਼ ਵਰਤੋਂ ਕੀਤੀ ਤੇ ਸਰਕਾਰੀ ਡਿਊਟੀ ਦੌਰਾਨ ਮਾੜੀ ਨੀਅਤ ਨਾਲ ਔਰਤਾਂ ਨੂੰ ਕਥਿਤ ਤੌਰ 'ਤੇ ਮੋਬਾਇਲ ਫ਼ੋਨ 'ਤੇ ਅਸ਼ਲੀਲ ਗੱਲਾਂ ਕਰਨ ਅਤੇ ਤੰਗ ਪ੍ਰੇਸ਼ਾਨ ਕੀਤਾ। ਅਜਿਹਾ ਹੋਣ ਕਰਕੇ ਪੁਲਸ ਦਾ ਅਕਸ ਖ਼ਰਾਬ ਹੋਇਆ। ਕਾਰਵਾਈ ਕਰਦੇ ਹੋਏ ਐਸ.ਐਚ.ਓ. ਫਿਲੌਰ ਇੰਸਪੈਕਟਰ ਅਮਨ ਸੈਣੀ ਵੱਲੋਂ ਸਾਬਕਾ ਐਸ ਐਚ ਓ ਭੂਸ਼ਣ ਕੁਮਾਰ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ 14 ਅਕਤੂਬਰ ਨੂੰ ਐਫ ਆਈ ਆਰ ਅਧੀਨ ਥਾਣਾ ਫਿਲੌਰ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ। ਜ਼ਿਕਰਯੋਗ ਹੈ ਕਿ ਉਕਤ ਮਾਮਲਾ ਲੋਕ ਇਨਸਾਫ਼ ਮੰਚ ਫਿਲੌਰ ਵੱਲੋਂ ਉਭਾਰਿਆ ਗਿਆ ਸੀ ਜਿਸ ਕਰਕੇ ਐਸ ਐਸ ਪੀ ਨੇ ਸਾਬਕਾ ਐਸ ਐਚ ਓ ਸਬ ਇੰਸਪੈਕਟਰ ਭੂਸ਼ਣ ਕੁਮਾਰ ਨੂੰ ਤੁਰੰਤ ਲਾਇਨ ਹਾਜ਼ਰ ਕਰ ਦਿੱਤਾ ਸੀ ਅਤੇ ਮਹਿਲਾ ਕਮਿਸ਼ਨ ਨੇ ਉਸ 'ਤੇ ਸੂ-ਓ ਮੋਂ-ਟੋ ਐਕਸ਼ਨ ਲੈ ਲਿਆ ਸੀ।

# ਸੁਖਵਿੰਦਰ ਕੌਰ ਨੇ ਅਥਲੈਟਿਕਸ ਚੈਂਪੀਅਨਸ਼ਿਪ 'ਚ ਦੋ ਹੋਰ ਸੋਨ ਤਗਮੇ ਜਿੱਤੇ




**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਸੁਖਵਿੰਦਰ ਕੌਰ ਨੇ ਬਠਿੰਡਾ ਸ਼ਹਿਰ ਦੇ ਡੀ ਏ ਵੀ ਕਾਲਜ ਦੇ ਮੈਦਾਨ ਵਿੱਚ ਮਿਤੀ 11 ਤੇ 12 ਅਕਤੂਬਰ ਨੂੰ ਹੋਈ ਦੂਜੀ ਮਿਲਖਾ ਸਿੰਘ ਮਾਸਟਰ ਅਥਲੀਟ ਚੈਂਪੀਅਨਸ਼ਿਪ ਵਿੱਚ ਦੋ ਹੋਰ ਗੋਲਡ ਮੈਡਲ ਜਿੱਤੇ । ਇਸ ਚੈਂਪੀਅਨਸ਼ਿਪ ਵਿੱਚ ਅਲੱਗ ਅਲੱਗ ਜਿਲਿਆ ਤੋਂ ਆਏ 30 ਸਾਲ ਤੋਂ ਲੈਕੇ 100 ਸਾਲ ਤੱਕ ਦੇ 550 ਅਥਲੀਟਾ ਨੇ ਭਾਗ ਲਿਆ। ਇਸ ਵਿੱਚ ਸੁਖਵਿੰਦਰ ਕੌਰ ਨੇ 100 ਮੀਟਰ, ਹਰਡਲ ਰੇਸ ਤੇ ਲੌਂਗ ਜੰਪ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਦੋ ਗੋਲਡ ਮੈਡਲ ਹਾਸਿਲ ਕਰਕੇ ਆਪਣੇ ਇਲਾਕੇ ਤੇ ਜ਼ਿਲ੍ਹਾ ਜਲੰਧਰ ਦਾ ਨਾਮ ਰੌਸ਼ਨ ਕੀਤਾ। ਇਨਾਮ ਵੰਡ ਸਮਾਰੋਹ ਦੀ ਰਸਮ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁਡੀਆਂ ਤੇ ਸਥਾਨਕ ਸ਼ਹਿਰੀ ਵਿਧਾਇਕ ਸ੍ਰ ਜਗਰੂਪ ਸਿੰਘ ਵੱਲੋਂ ਕੀਤੀ ਗਈ।ਇਹ ਚੈਂਪੀਅਨਸ਼ਿਪ ਬਹੁਤ ਹੀ ਵਧੀਆ ਤਰੀਕੇ ਨਾਲ ਤੇ ਅਨੁਸ਼ਾਸਨ ਵਿੱਚ ਇਸ ਮਿਲਖਾ ਸਿੰਘ ਮਾਸਟਰ ਅਥਲੈਟਿਕਸ ਕਲੱਬ ਬਠਿੰਡਾ ਵਲੋਂ ਕਰਵਾਈ ਗਈ।

# ਨਗਰ ਕੀਰਤਨ 'ਚ ਵੱਡਮੁੱਲਾ ਸਹਿਯੋਗ ਦੇਣ ਲਈ ਸਭ ਦਾ ਧੰਨਵਾਦ : ਬਾਬਾ ਗੁਰਮੀਤ ਸਿੰਘ, ਬਾਬਾ ਕਰਨੈਲ ਸਿੰਘ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)-** ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ ਸ਼ਹੀਦੀ ਸਬੰਧੀ 350 ਸਾਲਾ ਨੂੰ ਸਮਰਪਿਤ ਜੋ ਸ਼ਤਾਬਦੀ ਸਮਾਗਮ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਹਨ, ਸਬੰਧੀ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਨਡਾਲੋ ਤੋਂ ਸ੍ਰੀ ਆਨੰਦਪੁਰ ਸਾਹਿਬ ਤੱਕ ਸਜਾਏ ਨਗਰ ਕੀਰਤਨ ਦੀ ਸੁਚੱਜੇ ਢੰਗ ਨਾਲ ਹੋਈ ਸੰਪੂਰਨਤਾ ਸਬੰਧੀ ਜਥੇਦਾਰ ਬਾਬਾ ਗੁਰਮੀਤ ਸਿੰਘ ਜੀ ਤੇ ਜਥੇਦਾਰ ਬਾਬਾ ਕਰਨੈਲ ਸਿੰਘ ਜੀ ਮੋਗਾ ਨੇ ਜਿੱਥੇ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਜੀ ਦਾ ਸ਼ੁਕਰਾਨਾ ਕੀਤਾ ਉੱਥੇ ਉਨ੍ਹਾਂ ਦੁਆਬੇ ਦੇ ਸਮੂਹ ਸੰਤ ਮਹਾਂਪੁਰਸ਼, ਸਿੱਖ ਜਥੇਬੰਦੀਆਂ, ਧਾਰਮਿਕ ਜਥੇਬੰਦੀਆਂ, ਨਿਹੰਗ ਸਿੰਘ ਜਥੇਬੰਦੀਆਂ ਤੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਿਹੜੇ ਵੱਡੇ ਕਾਰਜ ਹਨ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਤੇ ਸੰਗਤਾਂ ਦੇ ਸਹਿਯੋਗ ਤੋਂ ਬਿਨਾਂ ਨੇਪਰੇ ਨਹੀਂ ਚੜ੍ਹ ਸਕਦੇ। ਇਸ ਮੌਕੇ ਜਥੇਦਾਰ ਇਕਬਾਲ ਸਿੰਘ ਖੇੜਾ, ਜਸਵੀਰ ਸਿੰਘ ਭੱਟੀ ਨਡਾਲੋਂ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਲਖਵੀਰ ਸਿੰਘ ਰਾਣਾ ਡਾਨਸੀਵਾਲ, ਭਾਈ ਰਣਜੋਧ ਸਿੰਘ ਨਡਾਲੋਂ, ਲਖਵਿੰਦਰ ਸਿੰਘ ਨਡਾਲੋਂ, ਧਰਮਿੰਦਰ ਸਿੰਘ ਸੋਨੂੰ ਨਡਾਲੋਂ, ਬਾਬਾ ਜਰਨੈਲ ਸਿੰਘ ਨਡਾਲੋਂ, ਕਿਰਪਾਲ ਸਿੰਘ ਅਜਨੋਹਾ, ਬਲਜਿੰਦਰ ਸਿੰਘ ਖਾਲਸਾ ਪੰਜੌੜ, ਸੁਖਵਿੰਦਰ ਸਿੰਘ ਲੱਡੂ ਟੋਡਰਪੁਰ, ਤਰਲੋਚਨ ਸਿੰਘ ਲਾਡੀ ਟੋਡਰਪੁਰ, ਤਰਲੋਚਨ ਸਿੰਘ ਸਕਰੂਲੀ, ਨਰਿੰਦਰ ਸਿੰਘ ਬੂਟਾ ਕੋਟ ਫਤੂਹੀ, ਪਰਮਜੀਤ ਸਿੰਘ ਮੇਘੋਵਾਲ ਆਦਿ ਹਾਜ਼ਰ ਸਨ।



# ਕੇਂਦਰ ਸਰਕਾਰ ਦੀ ਅਰਥੀ ਫੂਕੀ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-** ਆਰ ਐਮ ਪੀ ਆਈ ਅਤੇ ਜੇ ਪੀ ਐਮ ਓ ਅਨੰਦਪੁਰ ਸਾਹਿਬ ਵਲੋਂ ਕਰਮਚੰਦ ਗਨਾਰੂ ਦੀ ਅਗਵਾਈ ਹੇਠ ਕੇਦਰ ਦੀ ਬੀ ਜੇ ਪੀ ਸਰਕਾਰ ਅਤੇ ਬੀ ਜੇ ਪੀ ਸ਼ਾਸਤ ਸੂਬਾ ਸਰਕਾਰਾਂ ਵਿਚ ਦਲਿਤਾ, ਔਰਤਾਂ, ਬੱਚਿਆ ਪ੍ਰਤੀ ਵਧੇ ਅਤਿਆਚਾਰਾਂ ਕਾਰਨ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਅਤੇ ਮੰਗ ਕੀਤੀ ਕਿ ਅਤਿਆਚਾਰੀਆ ਖਿਲਾਫ ਸਖਤ ਕਨੂੰਨੀ ਕਾਰਵਾਈ ਕੀਤੀ ਜਾਵੇ। ਇਸ ਸਮੇ ਬੁਲਾਰਿਆ ਨੇ ਕਿਹਾ ਕਿ ਬੀ ਜੇ ਪੀ ਸਾਸਤ ਪ੍ਰਦੇਸ਼ ਉਤਰ ਪ੍ਰਦੇਸ਼ ਹੋਵੇ ਭਾਵੇਂ ਮਹਾਰਾਸ਼ਟਰ, ਦਲਿਤਾਂ, ਔਰਤਾਂ, ਬਚੀਆ ਪ੍ਰਤੀ ਅਤਿਆਚਾਰਾ ਵਿਚ ਭਾਰਤ ਭਰ ਵਿਚ ਪਹਿਲੇ ਤੇ ਦੂਜੇ ਨੰਬਰ ਤੇ ਹਨ। ਉਹਨਾਂ ਕਿਹਾ ਕਿ ਹੁਣ ਤਾਂ ਹਰਿਆਣੇ ਵਿਚ ਇੱਕ ਸਿਖਰਲਾ ਅਧਿਕਾਰੀ ਹੀ ਜਾਤੀ ਵਿਤਕਰੇ ਦਾ ਸ਼ਿਕਾਰ ਹੋਣ ਕਾਰਨ ਖੁਦਕੁਸ਼ੀ ਕਰ ਗਿਆ ਜਿਸ ਦੇ ਦੋਸ਼ੀਆਂ ਖਿਲਾਫ ਬੀਜੇਪੀ ਦੀ ਸਰਕਾਰ ਕਾਰਵਾਈ ਕਰਨ ਤੋ ਹਿਚਕਚਾ ਰਹੀ ਹੈ ਜਿਸਤੋ ਜਾਪਦਾ ਹੈ ਕਿ ਸਰਕਾਰ ਜਾਤੀ ਵਿਤਕਰੇਵਾਜੀ ਨੂੰ ਹਵਾ ਦੇ ਰਹੀ ਹੈ। ਕੇਦਰ ਸਰਕਾਰ ਵੱਲੋਂ ਲਦਾਖ ਲਈ ਪੂਰਨ ਰਾਜ ਦੀ ਮੰਗ ਕਰਦੇ ਉਘੇ ਵਿਗਿਆਨੀ ਸੋਨਮ ਵਾਗਚੁਕ ਨੂੰ ਵੀ ਐਨ ਐਸ ਏ ਲਾਕੇ ਜੈਲ ਵਿਚ ਬੰਦ ਕਰ ਦਿਤਾ ਹੈ। ਬਹੁਤ ਸਾਰੇ ਸਿੱਖ ਬੰਦੀ ਜੋ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਬਹੁਤ ਸਾਰੇ ਲੋਕਾਂ ਤੇ ਐਨ ਐਸ ਏ ਲਾ ਕੇ ਬਿਨਾਂ ਕੋਈ ਮੁਕਦਮਾ ਜੇਲ ਅੰਦਰ ਬੰਦ ਕੀਤਾ ਹੋਇਆ।

# ਭਗਤੀ ਤੇ ਅਨੰਦ ਨਾਲ ਸਜੀ 'ਦੀਪ ਉਤਸਵ 2025' ਦੀ ਸ਼ਾਮ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ ਦੀਵਾਲੀ ਦੇ ਤਿਉਹਾਰ ਸਬੰਧੀ ਬਿਰਧ ਆਸ਼ਰਮ, ਰਾਮ ਕਲੋਨੀ ਕੈਂਪ ਵਿਖੇ ਵਿਸ਼ਾਲ ਭਜਨ ਸੰਧਿਆ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਹ ਪ੍ਰੋਗਰਾਮ ਜ਼ਿਲ੍ਹਾ ਪ੍ਰਸ਼ਾਸਨ, ਰੈੱਡ ਕਰਾਸ ਸੁਸਾਇਟੀ ਅਤੇ ਸੰਸਕਾਰੀ ਵਿਦਿਆਰਥੀ ਵੈਲਫੇਅਰ ਸੁਸਾਇਟੀ, ਹੁਸ਼ਿਆਰਪੁਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ, ਜਿਸ ਵਿਚ ਸਮਾਜ ਸੇਵਕਾ ਸਤੀਸ਼ ਸਿੱਲੀ ਉੱਪਲ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ। ਉਨ੍ਹਾਂ ਭਗਤੀ ਸੰਗੀਤ ਅਤੇ ਸੁਰੀਲੇ ਭਜਨਾਂ ਨਾਲ ਪੂਰੇ ਮਾਹੌਲ ਨੂੰ ਅਧਿਆਤਮਿਕਤਾ ਦੇ ਰੰਗ ਵਿਚ ਰੰਗ ਦਿੱਤਾ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾਉਣ ਅਤੇ ਸਵਾਗਤੀ ਸਮਾਰੋਹ ਨਾਲ ਹੋਈ, ਉਪਰੰਤ ਗਣੇਸ਼ ਵੰਦਨਾ ਅਤੇ ਰਾਮ ਭਜਨ ਦਾ ਗਾਇਨ ਕੀਤਾ ਗਿਆ। ਇਸ ਤੋਂ ਬਾਅਦ ਮਾਂ ਲਕਸ਼ਮੀ ਦੀ ਆਰਤੀ ਕੀਤੀ ਗਈ, ਜਿਸ ਵਿਚ ਸਾਰੇ ਮੌਜੂਦ ਲੋਕਾਂ ਨੇ ਸ਼ਰਧਾ ਨਾਲ ਸ਼ਿਰਕਤ ਕੀਤੀ। ਨਾਲ ਹੀ ਰੰਗੋਲੀ ਮੁਕਾਬਲੇ ਨੇ ਸਮਾਗਮ ਦੀ ਰੰਗਤ ਨੂੰ ਹੋਰ ਵਧਾ ਦਿੱਤਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਸ ਮੌਕੇ ਕਿਹਾ ਕਿ ਅਜਿਹੇ ਪ੍ਰੋਗਰਾਮ ਸਮਾਜ ਵਿਚ ਆਪਸੀ ਪਿਆਰ, ਸਦਭਾਵਨਾ ਅਤੇ ਸ਼ਰਧਾ ਨੂੰ ਉਤਸ਼ਾਹਿਤ ਕਰਦੇ ਹਨ। ਉਨ੍ਹਾਂ ਨੇ ਬਿਰਧ ਆਸ਼ਰਮ ਦੇ ਨਿਵਾਸੀਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਪ੍ਰਸ਼ਾਸਨ ਉਨ੍ਹਾਂ ਦੀ ਭਲਾਈ ਲਈ ਹਮੇਸ਼ਾ ਤਿਆਰ ਰਹੇਗਾ। ਭਜਨ ਸੰਧਿਆ ਨੇ ਸਾਰੇ ਮੌਜੂਦ ਲੋਕਾਂ ਨੂੰ ਇਕ ਘੰਟੇ ਲਈ ਸ਼ਾਂਤੀ, ਭਗਤੀ ਅਤੇ ਅਨੰਦ ਦੀ ਭਾਵਨਾ ਨਾਲ ਭਰ ਦਿੱਤਾ। ਇਸ ਮੌਕੇ ਰੈੱਡ ਕਰਾਸ ਸੋਸਾਇਟੀ ਦੇ ਸਕੱਤਰ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿੱਤਿਆ ਰਾਣਾ, ਰਾਜੀਵ ਬਜਾਜ, ਪ੍ਰੀਤੀ ਗੁਪਤਾ, ਤੁਸ਼ਾਰ, ਪਰਿਤੋਸ਼, ਮਨੀ ਗੋਗੀਆ ਅਤੇ ਹੋਰ ਪਤਵੰਤੇ ਮੌਜੂਦ ਸਨ।

# ਹੜ੍ਹਾਂ ਦੌਰਾਨ ਡਿੱਗੇ ਦੋ ਘਰਾਂ ਦੀ ਮੁੜ ਕਰਵਾਈ ਉਸਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)-** 35 ਸਾਲਾਂ ਤੋਂ ਪੰਜਾਬੀ ਰੰਗਮੰਚ ਦੇ ਖੇਤਰ ਵਿਚ ਕਾਰਜਸ਼ੀਲ ਸਰਘੀ ਕਲਾ ਕੇਂਦਰ ਮੁਹਾਲੀ ਅਤੇ ਪੈਗ਼ਾਮ-ਏ-ਨਾਮਾ ਸਾਹਿਤ, ਭਾਸ਼ਾ, ਰੰਗਮੰਚ, ਲੋਕ-ਸਭਿਆਚਾਰ ਅਤੇ ਸਮਾਜ ਭਲਾਈ ਸੰਸਥਾ ਵੱਲੋਂ ਸਾਂਝੇ ਤੌਰ 'ਤੇ ਨਾਟਕਰਮੀ ਸੰਜੀਵਨ ਸਿੰਘ ਅਤੇ ਨਗਰ ਨਿਗਮ ਮੋਹਾਲੀ ਦੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਲਾਲੜੂ ਨੇੜਲੇ ਪਿੰਡ ਖੰਜੂਰ ਮੰਡੀ (ਜ਼ਿਲ੍ਹਾ ਮੁਹਾਲੀ) ਵਿਖੇ ਹੜ੍ਹਾਂ ਦੌਰਾਨ ਨਿਮਨ ਵਰਗ ਨਾਲ ਸਬੰਧਿਤ ਦੋ ਪਰਵਾਰਾਂ ਦੇ ਡਿਗੇ ਦੋ ਘਰਾਂ ਦੀ ਮੁੜ ਉਸਾਰੀ ਦੀ ਕੰਮ ਸ਼ੁਰੂ ਧਾਰਮਿਕ ਰਸਮਾਂ ਉਪਰੰਤ ਕਰਵਾਇਆ। ਇਨ੍ਹਾਂ ਉਸਾਰੀਆਂ ਪੈਗ਼ਾਮ-ਏ-ਨਾਮਾ ਅਤੇ ਦੀ ਕਰਤਾ-ਧਰਤਾ, ਸਮਾਜਿਕ ਕਾਰਕੁਨ ਅਤੇ ਪੰਜਾਬੀ ਸ਼ਾਇਰਾ ਕੁਲਵਿੰਦਰ ਕੌਰ ਕੋਮਲ (ਦੁਬਈ) ਦੇ ਸਰਗਰਮ ਵਿੱਤੀ ਸਹਿਯੋਗ ਨਾਲ ਹੋ ਰਿਹਾ ਹੈ। ਸੰਜੀਵਨ ਨੇ ਕਿਹਾ ਕਿ ਹੜ੍ਹਾਂ ਵਰਗੀ ਕੁਦਰਤੀ ਅਤੇ ਗ਼ੈਰ ਕੁਦਰਤੀ ਆਫ਼ਤ 'ਚ ਰ ਪੰਜਾਬ ਦਾ ਪੰਜਾਬੀਆਂ ਨਾਲ ਢਾਲ ਬਣ ਕੇ ਖੜਨੀ ਫ਼ਿਤਰਤ ਮੁੱਢ ਤੋਂ ਹੀ ਹੈ।ਹੜ੍ਹ-ਪੀੜਤ ਖੇਤ-ਮਜ਼ਦੂਰਾਂ ਤੇ ਹੋਰ ਨਿਮਨ ਵਰਗਾਂ ਦੀ ਪਹਿਲ ਦੇ ਅਧਾਰ 'ਤੇ ਕੀਤੀ ਮਦਦ ਜਾਵੇਗੀ।ਸ੍ਰੀ ਬੇਦੀ ਨੇ ਸਰਘੀ ਕਲਾ ਕੇਂਦਰ ਅਤੇ ਪੈਗ਼ਾਮ-ਏ-ਨਾਮਾ ਦੇ ਇਕ ਕਾਰਜ ਦੀ ਪ੍ਰਸ਼ੰਸਾ ਕਰਦਿਆ ਕਿਹਾ ਕਿ ਸਾਨੂੰ ਸਭ ਨੂੰ ਬਿਪਤਾ ਦੀ ਘੜੀ ਇਕ-ਦੂਜੇ ਦਾ ਸਹਾਰਾ ਬਣਨਾ ਚਾਹੀਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹੜ੍ਹਾਂ ਨਾਲ ਡਿਗੇ ਦੋਵੇਂ ਘਰਾਂ ਦੇ ਪੀੜ੍ਹਤ ਮਾਲਕ ਸਕੇ ਭਰਾਂ ਲਖਵਿੰਦਰ ਸਿੰਘ ਅਤੇ ਜਸਵੀਰ ਦੇ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰ, ਪਿੰਡ ਦੇ ਸਾਬਕਾ ਸਰਪੰਚ ਮਲਕੀਤ ਸਿੰਘ ਮਸ਼ਹੂਰ ਪੰਜਾਬੀ ਲੇਖਕ ਲੈਕਚਰਾਰ ਜੈ ਪਾਲ, ਸਰਬਜੀਤ ਕੌਰ, ਸਹਿਜਪ੍ਰੀਤ, ਬਲਿਹਾਰ ਸਿੰਘ, ਅਜੈਬ ਸਿੰਘ ਬਾਕਰਪੁਰ ਅਤੇ ਸਰਘੀ ਪ੍ਰੀਵਾਰ ਦੇ ਰੰਗਕਰਮੀ ਗੁਰਵਿੰਦਰ ਸਿੰਘ ਬੈਦਵਾਣ, ਸਰਬਪ੍ਰੀਤ ਸਿੰਘ ਸ਼ਾਮਿਲ ਸਨ।ਸਰਘੀ ਕਲਾ ਕੇਂਦਰ ਦੇ ਸਲਾਹਕਾਰ ਅਤੇ ਸਮਾਜ ਸੇਵੀ ਕ੍ਰਿਸ਼ਨ ਲਾਲ ਸੈਣੀ ਨੇ ਸਭ ਦਾ ਧੰਨਵਾਦ ਕੀਤਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ, ਖੰਜੂਰ ਮੰਡੀ ਵਿਖੇ ਬੂਟੇ ਲਗਾਏ। ਜ਼ਿਕਰਯੋਗ ਹੈ ਕਿ ਹੈ ਕਿ ਸਰਘੀ ਕਲਾ ਕੇਂਦਰ ਅਤੇ ਪੈ.ਗ਼ਾਮ-ਏ-ਨਾਮਾ ਪ੍ਰੀਵਾਰ ਵੱਲੋਂ ਉਕਤ ਹੜ੍ਹਾਂ ਨਾਲ ਪ੍ਰਭਾਵਿਤ ਸਕੂਲ ਨੂੰ ਅਲਮਾਰੀ, ਪੱਖੇ ਅਤੇ ਸਾਫ਼ ਪਾਣੀ ਲਈ ਆਰ. ਓ. ਸਿਸਟਮ ਵੀ ਭੇਟ ਕੀਤੇ ਗਏ ਸਨ।



# 'ਵਰਲਡ ਮੈਂਟਲ ਹੈਲਥ ਡੇਅ' ਮੌਕੇ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)-** ਇੰਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਭਗਤੀ ਰਾਹੀਂ ਮਾਨਸਿਕ ਸਿਹਤ: ਪੀੜਾ ਤੋਂ ਸ਼ਾਂਤੀ ਵੱਲ ਵਿਸ਼ੇ 'ਤੇ ਇੱਕ ਪ੍ਰੇਰਣਾਦਾਇਕ ਸੈਮੀਨਾਰ ਦਾ ਆਯੋਜਨ



ਕੀਤਾ ਗਿਆ। ਇਸ ਸੈਮੀਨਾਰ ਦਾ ਉਦੇਸ਼ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਵਧਾਉਣਾ ਅਤੇ ਆਧਿਆਤਮਿਕਤਾ ਵੱਲ ਰੁਝਾਨ ਰਾਹੀਂ ਜੀਵਨ ਨੂੰ ਪੀੜਾ, ਤਣਾਅ ਅਤੇ ਨਕਾਰਾਤਮਕ ਭਾਵਨਾਵਾਂ ਤੋਂ ਮੁਕਤ ਕਰਨਾ ਸੀ।ਸੈਸ਼ਨ ਦੀ ਸ਼ੁਰੂਆਤ ਡਾ. ਮੰਗਲਾ ਸਾਹਨੀ (ਕੋ-ਫਾਊਂਡਰ, ਰਾਮਸਾ ਡਿਜੀਟਲ ਕੰਪਨੀ) ਦੇ ਗ੍ਰੀਨ ਵੈਲਕਮ ਨਾਲ ਹੋਈ। ਉਨ੍ਹਾਂ ਨੇ ਭਗਤੀ ਨੂੰ ਮਾਨਸਿਕ ਸ਼ਾਂਤੀ ਅਤੇ ਆਤਮਿਕ ਸੰਤੁਲਨ ਦਾ ਸ਼ਕਤੀਸ਼ਾਲੀ ਸਾਧਨ ਦੱਸਿਆ। ਉਨ੍ਹਾਂ ਨੇ ਵਿਚਾਰ ਪ੍ਰਗਟ ਕੀਤੇ ਕਿ 'ਕਿਸ ਤਰ੍ਹਾਂ ਸ਼ਰਧਾ ਅਤੇ ਸਾਧਨਾ ਵਿਅਕਤੀ ਨੂੰ ਪੀੜਾ ਤੋਂ ਉਭਾਰ ਕੇ ਜੀਵਨ ਵਿੱਚ ਸਕਾਰਾਤਮਕ ਉਦੇਸ਼ਾਂ ਵੱਲ ਅੱਗੇ ਵਧਣ ਦੀ ਸ਼ਕਤੀ ਦਿੰਦੀ ਹੈ।' ਗਿਆਨਵਰਧਕ ਸੈਸ਼ਨ ਤੋਂ ਬਾਅਦ, ਪ੍ਰੋਗਰਾਮ ਵਿੱਚ ਰਾਹੁਲ ਜੈਨ (ਡਾਇਰੈਕਟਰ ਓਪਰੇਸ਼ਨਜ਼), ਡਾ. ਗਗਨਦੀਪ ਕੌਰ ਧੰਜੂ (ਡਾਇਰੈਕਟਰ ਅਕੈਡਮਿਕਸ) ਅਤੇ ਸ਼ਰਮਿਲਾ ਨਾਕਰਾ (ਡਿਪਟੀ ਡਾਇਰੈਕਟਰ ਕਲਚਰਲ ਅਫੇਅਰਜ਼) ਨੇ ਆਪਣੀ ਹਾਜ਼ਰੀ ਨਾਲ ਪ੍ਰੋਗਰਾਮ ਦੀ ਸ਼ੋਭਾ ਵਧਾਈ। ਉਨ੍ਹਾਂ ਨੇ ਮੈਂਟਲ ਵੈਲ ਬੀਇੰਗ ਕਲੱਬ ਦੀ ਇਸ ਸਰਾਹਣਯੋਗ ਪਹਿਲ ਦੀ ਪ੍ਰਸ਼ੰਸਾ ਕੀਤੀ, ਜਿਸ ਨੇ ਭਗਤੀ ਅਤੇ ਆਧਿਆਤਮਿਕਤਾ ਰਾਹੀਂ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣ ਦਾ ਸ਼ਾਨਦਾਰ ਯਤਨ ਕੀਤਾ।

# ਇੱਕ ਰੋਜ਼ਾ ਟਰੇਨਿੰਗ ਵਰਕਸ਼ਾਪ ਲਗਾਈ

**ਕਾਲਾ ਸੰਘਿਆਂ (ਮਨਜੀਤ ਮਾਨ)-** ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਸਰਕਾਰੀ ਸਕੂਲਾਂ ਦੀਆਂ ਨਵਗਠਿਤ ਸਕੂਲ ਮੈਨੇਜਮੈਂਟ ਕਮੇਟੀਆਂ ਦੇ ਮੈਂਬਰਾਂ ਨੂੰ ਟ੍ਰੇਨਿੰਗ ਦੇਣ ਤਹਿਤ ਗਦਰੀ ਬਾਬਾ ਹਰਨਾਮ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾ ਸੰਘਿਆਂ (ਲੜਕੇ), ਕਪੂਰਥਲਾ ਵਿਖੇ ਇੱਕ ਰੋਜ਼ਾ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ । ਇਸ 'ਚ ਕਲੱਸਟਰ



ਕਾਲਾ ਸੰਘਿਆਂ ਦੇ ਵੱਖ-ਵੱਖ ਐਸ.ਐਮ.ਸੀ. ਚੇਅਰਮੈਨ, ਮੈਂਬਰ ਤੇ ਸਿੱਖਿਆ ਸ਼ਾਸਤਰੀਆਂ ਵੱਲੋਂ ਭਾਗ ਲਿਆ ਗਿਆ । ਸਕੂਲ ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਅਤੇ ਸੈਂਟਰ ਮੁੱਖ ਅਧਿਆਪਕ ਰਜਨੀਸ਼ ਕੁਮਾਰ ਦੀ ਦੇਖ-ਰੇਖ ਵਿੱਚ ਹੋਈ ਇਸ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਕੁਲਵਿੰਦਰ ਸਿੰਘ ਚਾਹਲ ਐਜੂਕੇਸ਼ਨ ਵਲੰਟੀਅਰ ਟ੍ਰੇਨਰ ਨੇ ਕਿਹਾ ਕਿ ਸਕੂਲਾਂ ਦੀ ਕਾਇਆ ਕਲਪ ਕਰਨ ਵਿੱਚ ਅਧਿਆਪਕਾਂ ਦੇ ਨਾਲ-ਨਾਲ ਸਕੂਲ ਮੈਨੇਜਮੈਂਟ ਕਮੇਟੀ ਦਾ ਵੀ ਵਡਮੁੱਲਾ ਯੋਗਦਾਨ ਹੈ। ਉਹਨਾਂ ਐਸ ਐਮ ਸੀ ਮੈਂਬਰਾਂ ਨੂੰ ਅਪੀਲ ਕੀਤੀ ਕਿ 'ਸਕੂਲ ਦੀ ਤਰੱਕੀ ਸਭ ਦੀ ਜ਼ਿੰਮੇਵਾਰੀ' ਤਹਿਤ ਸਕੂਲ ਦੇ ਵਿਕਾਸ ਲਈ ਸਮੂਹ ਐਸ ਐਮ ਸੀ ਮੈਂਬਰ ਅਧਿਆਪਕਾਂ ਨੂੰ ਸਹਿਯੋਗ ਦੇਣ, ਸਕੂਲਾਂ ਅੰਦਰ ਵਿਦਿਆਰਥੀ ਦੀ ਵੱਧ ਤੋਂ ਵੱਧ ਹਾਜ਼ਰੀ ਯਕੀਨੀ ਬਣਾਉਣ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਮੁਫਤ ਕਿਤਾਬਾਂ, ਮੁਫਤ ਵਰਦੀਆਂ, ਦੁਪਹਿਰ ਦਾ ਖਾਣਾ ਆਦਿ ਦਾ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲ ਸਕੇ । ਡਾਕਟਰ ਪਰਮਜੀਤ ਕੌਰ ਬਲਾਕ ਕੋਆਰਡੀਨੇਟਰ 'ਤੇ ਟ੍ਰੇਨਰ ਬੀ.ਆਰ.ਸੀ. ਮੈਡਮ ਰਚਨਾ ਪੁਰੀ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਪ੍ਰੋਜੈਕਟਰ ਦੀ ਵਰਤੋਂ ਕਰਦਿਆਂ ਟ੍ਰੇਨਿੰਗ ਸੈਕਸ਼ਨ ਨੂੰ ਬਹੁਤ ਹੀ ਰੋਚਕ ਬਣਾਈ ਰੱਖਿਆ। ਇਸ ਮੌਕੇ ਸੀਨੀਅਰ ਸਕੈਂਡਰੀ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਗੁਰਚਰਨ ਸਿੰਘ ਚਾਹਲ, ਲੈਕਚਰਾਰ ਸੰਜੀਵ ਕੁਮਾਰ, ਰਾਜਨਜੋਤ ਸਿੰਘ, ਮੈਡਮ ਕਵਿਤਾ ਪਰਮਜੀਤ ਕੌਰ, ਸੀਐਚਟੀ ਸ਼੍ਰੀ ਰਜਨੀਸ਼ ਕੁਮਾਰ ਅਧਿਆਪਕ ਸਰਬਜੀਤ ਸਿੰਘ, ਮਹਾਵੀਰ, ਹਰਜੀਤ ਸਿੰਘ ਅਤੇ ਸਮੂਹ ਸਕੂਲਾਂ ਦੇ ਐਸ ਐਮ ਐਸੀ ਮੈਂਬਰ ਹਾਜ਼ਰ ਸਨ ।

# ਅਕਾਲੀ ਦਲ ਦੇ ਵਫ਼ਦ ਨੇ ਮਰਹੂਮ ਏ ਡੀ ਜੀ ਪੀ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਫਗਵਾੜਾ (ਡਾ, ਰਮਨ)-** ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਤੇ ਮੁੱਖ ਬੁਲਾਰੇ ਅਤੇ ਜੈ ਭੀਮ ਯੂਨਾਈਟਡ ਵੁਆਇਸ ਆਫ ਪੰਜਾਬ ਦੇ ਮੁੱਖੀ ਡਾਕਟਰ ਹਰਜਿੰਦਰ ਸਿੰਘ ਜੱਖੂ, ਜਥੇਬੰਦੀ ਦੇ ਸਰਪ੍ਰਸਤ ਪ੍ਰਿੰਸੀਪਲ ਕੇਵਲ ਸਿੰਘ, ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਬੀਬੀ ਜਸਪਾਲ ਕੌਰ, ਜ਼ਿਲ੍ਹਾ ਜਲੰਧਰ ਦੇ ਮੀਤ ਪ੍ਰਧਾਨ ਨਿਰਮਲ ਸਿੰਘ ਚਾਚੋਵਾਲ ਅਤੇ ਮਨੁੱਖੀ ਅਧਿਕਾਰਾਂ ਦੇ ਵੱਡੇ ਵਕੀਲ ਸਿਮਰਨਜੀਤ ਸਿੰਘ ਨੇ ਹਰਿਆਣਾ ਦੇ ਆਈ.ਪੀ.ਐਸ. ਅਧਿਕਾਰੀ ਮਰਹੂਮ ਏ ਡੀ ਜੀ ਪੀ ਵਾਈ ਪੂਰਨ ਕੁਮਾਰ ਦੇ ਪਰਿਵਾਰ ਨਾਲ ਉਨ੍ਹਾ ਦੇ ਚੰਡੀਗੜ੍ਹ 'ਚ ਸਥਿਤ ਗ੍ਰਹਿ ਨਿਵਾਸ ਵਿਖੇ ਜਾ ਕੇ ਦੁੱਖ ਸਾਂਝਾ ਕੀਤਾ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ.ਸਿਮਰਜੀਤ ਸਿੰਘ ਮਾਨ ਦਾ ਅਫ਼ਸੋਸ ਪੱਤਰ ਪਰਿਵਾਰ ਨੂੰ ਦਿੱਤਾ ਅਤੇ ਭਰੋਸਾ ਦਿੱਤਾ ਕਿ ਇਸ ਦੁੱਖ ਦੀ ਘੜੀ ਵਿੱਚ ਅਤੇ ਇਨਸਾਫ ਦੀ ਲੜਾਈ 'ਚ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਪਰਿਵਾਰ ਨਾਲ ਖੜ੍ਹੀ ਹੈ। ਇਸ ਮੌਕੇ ਡਾ.ਹਰਜਿੰਦਰ ਸਿੰਘ ਜੱਖੂ ਤੇ ਐਡਵੋਕੇਟ ਸਿਮਰਨਜੀਤ ਸਿੰਘ ਨੇ ਕਿਹਾ ਕਿ ਇਸ ਦੇਸ਼ ਦੇ ਵਿੱਚ ਦਲਿਤ ਭਾਵੇਂ ਜਿੰਨੇ ਮਰਜ਼ੀ ਉੱਚੇ ਅਹੁਦੇ ਤੇ ਹੋਵੇਂ ਮਨੂੰਵਾਦੀ ਵਿਵਸਥਾ ਉਸ ਨੂੰ ਜਲੀਲ ਕਰਨ ਵਿੱਚ ਮਾਣ ਮਹਿਸੂਸ ਕਰਦੀ ਹੈ। ਉਕਤ ਆਗੂਆਂ ਨੇ ਦੋਸ਼ ਲਗਾਇਆ ਕਿ ਦੇਸ਼ ਵਿੱਚ ਭਾਰਤੀ ਜਨਤਾ ਪਾਰਟੀ ਦੇ ਰਾਜ ਨੇ ਦਲਿਤਾਂ ਦਾ ਜਿਊਣਾ ਦੁੱਬਰ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਚੀਫ਼ ਜਸਟਿਸ ਆਫ਼ ਇੰਡੀਆ ਬੀਆਰ ਗਵੱਈ 'ਤੇ ਜੁੱਤੀ ਸੁੱਟਣ ਦੀ ਕੋਸ਼ਿਸ਼ ਕਰਨਾ ਅਤੇ ਜਾਤੀ ਅਪਮਾਨ ਦੇ ਨਾਲ ਜਲੀਲ ਕਰਕੇ ਏਡੀਜੀਪੀ ਵਾਈ ਪੂਰਨ ਕੁਮਾਰ ਨੂੰ ਆਤਮ ਹੱਤਿਆ ਕਰਨ ਲਈ ਮਜ਼ਬੂਰ ਕਰ ਦੇਣਾ ਮਨੂੰਵਾਦੀ ਸਮਾਜਿਕ ਵਿਵਸਥਾ ਦੇ ਮੱਥੇ 'ਤੇ ਕਲੰਕ ਹੈ। ਇਸ ਮਨੂੰਵਾਦੀ, ਨਸਲਵਾਦੀ, ਗੈਰ ਮਾਨਵਤਾਵਾਦੀ ਵਰਤਾਰੇ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਪੁਰਜ਼ੋਰ ਨਿੰਦਾ ਕੀਤੀ ਹੈ।ਡਾ.ਜੱਖੂ ਤੇ ਐਡਵੋਕੇਟ ਸਿਮਰਨਜੀਤ ਸਿੰਘ ਨੇ ਕਿਹਾ ਉਕਤ ਘਟਨਾਵਾਂ ਲਈ ਜ਼ਿੰਮੇਵਾਰ ਵਿਅਕਤੀਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।



# ਨੌਜਵਾਨਾਂ ਨੂੰ ਰੁਜ਼ਗਾਰ ਦੇਣਾ ਸਰਕਾਰ ਦੀ ਪ੍ਰਾਥਮਿਕਤਾ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਕੁਮਾਰ ਗਰਗ)-** ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਅਜਿਹੇ ਸੁਧਾਰਾਂ 'ਤੇ ਜ਼ੋਰ ਦੇ ਰਹੀ ਹੈ, ਜਿਨ੍ਹਾਂ ਨਾਲ ਨੌਜੁਆਨਾਂ ਨੂੰ ਗੁਣਵੱਤਾਪੂਰਣ ਸਿਖਿਆ ਦੇ ਨਾਲ-ਨਾਲ ਰੁਜ਼ਗਾਰ ਦੇ ਮੌਕੇ ਵੀ ਮਿਲਣ ਅਤੇ ਉਹ ਸਮਾਜ ਅਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭੁਕਿਮਾ ਨਿਭਾ ਸਕਣ। ਸੂਬਾ ਸਰਕਾਰ ਨੇ ਬਿਨ੍ਹਾ ਪਰਚੀ-ਖਰਚੀ ਦੇ ਹੁਣ ਤੱਕ 1.80 ਲੱਖ ਨੌਜੁਆਨਾਂ ਨੂੰ ਯੋਗਤਾ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਤੀਜੇ ਕਾਰਜਕਾਲ ਵਿੱਚ 2 ਲੱਖ ਨੌਕਰੀਆਂ ਦਾ ਟੀਚਾ ਰੱਖਿਆ ਗਿਆ ਹੈ। ਮੁੱਖ ਮੰਤਰੀ ਨੇ ਨੌਜੁਆਨਾਂ ਨੂੰ ਅਪੀਲ ਕੀਤੀ ਕਿ ਉਹ ਮੁਕਾਬਲੇ ਪ੍ਰੀਖਿਆ ਲਈ ਸਖਤ ਮਿਹਨਤ ਕਰਦੇ ਰਹਿਣ, ਉਨ੍ਹਾਂ ਦੀ ਮਿਹਨਤ ਜ਼ਰੂਰ ਰੰਗ ਲਿਆਏਗੀ। ਮੁੱਖ ਮੰਤਰੀ ਬੁੱਧਵਾਰ ਨੂੰ ਰੋਹਤਕ ਵਿੱਚ ਬਾਬਾ ਮਸਤਨਾਥ ਯੂਨੀਵਰਸਿਟੀ, ਅਸਥਲ ਬੋਹਰ ਦੇ ਚੌਥੇ ਕੰਨਵੋਕੇਸ਼ਨ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਵਿਕਾਸ ਅਤੇ ਪੰਚਾਇਤ ਮੰਤਰੀ ਕ੍ਰਿਸ਼ਣ ਲਾਲ ਪੰਵਾਰ, ਸਿੱਖਿਆ ਮੰਤਰੀ ਮਹੀਪਾਲ ਢਾਂਡਾ ਅਤੇ ਯੂਨੀਵਰਸਿਟੀ ਦੇ ਚਾਂਸਲਰ ਮਹੰਤ ਬਾਲਕ ਨਾਥ ਯੋਗੀ ਵੀ ਮੌਜੂਦ ਰਹੇ । ਮੁੱਖ ਮੰਤਰੀ ਨੇ ਵਿਦਿਆਰਥੀਆਂ ਨੂੰ ਮੈਡਲ ਅਤੇ ਉਪਾਧੀਆਂ ਪ੍ਰਦਾਨ ਕੀਤੀਆਂ।

**ਜਨਮ ਦਿਨ ਮੁਬਾਰਕ**



ਬਰਕਤ ਕੌਰ ਧੀਮਾਨ

**ਵਰ੍ਹੇਗੰਢ ਮੁਬਾਰਕ**



ਹਰਿੰਦਰ ਸਿੰਘ ਅਤੇ ਪਰਮਜੀਤ ਕੌਰ ਵਾਸੀ ਨਵਾਂਸ਼ਹਿਰ ਨੂੰ ਵਿਆਹ ਦੀ 26ਵੀਂ ਵਰ੍ਹੇਗੰਢ ਮੁਬਾਰਕ।